10-JAN-PAGE-1.qxd 1/9/2024 10:38 PM Page 1

ਬੁੱਧਵਾਰ, 10 ਜਨਵਰੀ, 2024
26 ਪੋਹ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 221

# ਨਵਾਂ ਜ਼ਮਾਨਾ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

DAILY NAWAN ZAMANA • WEDNESDAY, 10 JANUARY, 2024 ਜਲੰਧਰ

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 14

## ਨੀਟ-ਪੀ ਜੀ ਪ੍ਰੀਖਿਆ ਦੀ ਤਰੀਕ ਬਦਲੀ

**ਨਵੀਂ ਦਿੱਲੀ** : ਕੌਮੀ ਯੋਗਤਾ-ਕਮ-ਪ੍ਰਵੇਸ਼ ਪ੍ਰੀਖਿਆ-ਪੋਸਟ ਗ੍ਰੈਜੂਏਟ (ਐੱਨ ਈ ਈ ਟੀ-ਪੀ ਜੀ) ਦੀ ਤਰੀਕ ਮੁੜ ਤੈਅ ਕੀਤੀ ਗਈ ਹੈ ਅਤੇ ਹੁਣ ਇਹ ਇਸ ਸਾਲ 7 ਜੁਲਾਈ ਨੂੰ ਹੋਵੇਗੀ। ਨੈਸ਼ਨਲ ਬੋਰਡ ਫਾਰ ਮੈਡੀਕਲ ਸਾਇੰਸਿਜ਼ ਐਗਜ਼ਾਮੀਨੇਸ਼ਨ ਨੇ ਮੰਗਲਵਾਰ ਇਹ ਜਾਣਕਾਰੀ ਦਿੱਤੀ। ਇਸ ਸਾਲ ਪ੍ਰੀਖਿਆ ਲਈ ਯੋਗਤਾ ਲਈ 'ਕਟ-ਆਫ' 15 ਅਗਸਤ ਹੈ। ਪਹਿਲਾਂ ਇਹ ਪ੍ਰੀਖਿਆ 3 ਮਾਰਚ ਨੂੰ ਹੋਣੀ ਸੀ।

## ਕੋਰੋਨਾ ਨਾਲ ਛੇ ਮੌਤਾਂ

**ਨਵੀਂ ਦਿੱਲੀ** : ਭਾਰਤ ਵਿਚ 24 ਘੰਟਿਆਂ ਦੌਰਾਨ ਕੋਰੋਨਾ ਦੇ 475 ਨਵੇਂ ਮਾਮਲੇ ਸਾਹਮਣੇ ਆਏ ਹਨ, ਜਿਸ ਨਾਲ ਇਲਾਜ ਅਧੀਨ ਮਰੀਜ਼ਾਂ ਦੀ ਗਿਣਤੀ 3,919 ਹੋ ਗਈ ਹੈ। ਮੰਗਲਵਾਰ ਸਵੇਰੇ 8 ਵਜੇ ਸਿਹਤ ਮੰਤਰਾਲੇ ਵੱਲੋਂ ਜਾਰੀ ਅੰਕੜਿਆਂ ਅਨੁਸਾਰ ਇਸ ਦੌਰਾਨ 6 ਮਰੀਜ਼ਾਂ ਦੀ ਮੌਤ ਹੋ ਗਈ, ਜਿਨ੍ਹਾਂ 'ਚ ਕਰਨਾਟਕ ਦੇ ਤਿੰਨ, ਛੱਤੀਸਗੜ੍ਹ ਦੇ ਦੋ ਅਤੇ ਅਸਾਮ ਦਾ ਇੱਕ ਮਰੀਜ਼ ਸ਼ਾਮਲ ਹਨ।

## ਪਾਕਿਸਤਾਨ ਦੀ ਸਫਾਈ

**ਕਰਾਚੀ** : ਪਾਕਿਸਤਾਨ ਦੀ ਜਲ ਸੈਨਾ ਨੇ ਕਿਹਾ ਹੈ ਕਿ ਅਰਬ ਸਾਗਰ ਵਿਚ ਜੰਗੀ ਬੇੜੇ ਨੂੰ ਤਾਇਨਾਤ ਕਰਨ ਦਾ ਪਾਕਿਸਤਾਨ ਦਾ ਫੈਸਲਾ ਕੌਮਾਂਤਰੀ ਪਾਣੀਆਂ ਵਿਚ ਆਪਣੀ ਸਮੁੰਦਰੀ ਸੁਰੱਖਿਆ ਨੂੰ ਬਰਕਰਾਰ ਰੱਖਣ ਲਈ ਹੈ ਅਤੇ ਯਮਨ ਦੇ ਹੂਤੀ ਬਾਗੀਆਂ ਵਿਰੁੱਧ ਕਿਸੇ ਵਿਸ਼ੇਸ਼ ਦੇਸ਼ ਦੀ ਮਦਦ ਨਹੀਂ ਕਰਨਾ ਹੈ। ਪਾਕਿਸਤਾਨੀ ਜਲ ਸੈਨਾ ਦੇ ਬੁਲਾਰੇ ਨੇ ਸਪੱਸ਼ਟ ਕੀਤਾ ਕਿ ਜਹਾਜ਼ਾਂ ਦੀ ਤਾਇਨਾਤੀ ਦਾ ਮਕਸਦ ਯਮਨ ਦੇ ਹੂਤੀ ਬਾਗੀਆਂ ਵਿਰੁੱਧ ਕਿਸੇ ਵੀ ਦੇਸ਼ ਦੀ ਮਦਦ ਕਰਨਾ ਨਹੀਂ ਹੈ। ਯਮਨ ਦੇ ਹੂਤੀ ਬਾਗੀਆਂ ਨੇ ਗਾਜ਼ਾ 'ਚ ਫਲਸਤੀਨੀਆਂ ਨਾਲ ਏਕਤਾ ਦੇ ਪ੍ਰਦਰਸ਼ਨ 'ਚ ਅਦਨ ਦੀ ਖਾੜੀ ਅਤੇ ਅਰਬ ਸਾਗਰ 'ਚ ਵਪਾਰਕ ਜਹਾਜ਼ਾਂ ਨੂੰ ਅਗਵਾ ਕਰਨ ਅਤੇ ਅਜਿਹੀਆਂ ਕੋਸ਼ਿਸ਼ਾਂ ਕਰਨ ਦੀ ਜ਼ਿੰਮੇਵਾਰੀ ਲਈ ਹੈ। ਬੁਲਾਰੇ ਨੇ ਕਿਹਾ ਕਿ ਪਾਕਿਸਤਾਨੀ ਜਲ ਸੈਨਾ ਦਾ ਰੁਖ ਗਾਜ਼ਾ 'ਚ ਫਲਸਤੀਨੀਆਂ ਦੀ ਹਮਾਇਤ 'ਚ ਸਰਕਾਰ ਵਾਂਗ ਹੀ ਹੈ।

## ਬੰਗਲਾਦੇਸ਼ ਦੀਆਂ ਚੋਣਾਂ ਨਿਰਪੱਖ ਨਹੀਂ ਹੋਈਆਂ : ਅਮਰੀਕਾ

**ਵਾਸ਼ਿੰਗਟਨ** : ਅਮਰੀਕਾ ਅਤੇ ਸੰਯੁਕਤ ਰਾਸ਼ਟਰ ਨੇ ਬੰਗਲਾਦੇਸ਼ ਦੀ ਪ੍ਰਧਾਨ ਮੰਤਰੀ ਸ਼ੇਖ ਹਸੀਨਾ ਦੀ ਪਾਰਟੀ ਦੇ ਚੋਣਾਂ ਜਿੱਤਣ ਤੋਂ ਬਾਅਦ ਚੋਣਾਂ ਵਾਲੇ ਦਿਨ ਹਿੰਸਾ ਅਤੇ ਬੇਨਿਯਮੀਆਂ ਦੀਆਂ ਰਿਪੋਰਟਾਂ 'ਤੇ ਚਿੰਤਾ ਜ਼ਾਹਰ ਕੀਤੀ ਹੈ। ਇਸ ਦੇ ਨਾਲ ਹੀ ਅਮਰੀਕਾ ਨੇ ਕਿਹਾ ਕਿ ਚੋਣਾਂ ਆਜ਼ਾਦ ਜਾਂ ਨਿਰਪੱਖ ਨਹੀਂ ਸਨ ਅਤੇ ਵੋਟਿੰਗ ਵਿਚ ਸਾਰੀਆਂ ਪਾਰਟੀਆਂ ਦੇ ਸ਼ਾਮਲ ਨਾ ਹੋਣ 'ਤੇ ਅਫਸੋਸ ਵੀ ਪ੍ਰਗਟਾਇਆ। ਸੰਯੁਕਤ ਰਾਸ਼ਟਰ ਦੇ ਮਨੁੱਖੀ ਅਧਿਕਾਰਾਂ ਦੇ ਮੁਖੀ ਵੋਲਕਰ ਟਰਕ ਨੇ ਬੰਗਲਾਦੇਸ਼ ਦੀ ਨਵੀਂ ਚੁਣੀ ਸਰਕਾਰ ਨੂੰ ਲੋਕਤੰਤਰ ਅਤੇ ਮਨੁੱਖੀ ਅਧਿਕਾਰਾਂ ਪ੍ਰਤੀ ਦੇਸ਼ ਦੀ ਵਚਨਬੱਧਤਾ ਨੂੰ ਮਜ਼ਬੂਤ ਕਰਨ ਲਈ ਕਦਮ ਚੁੱਕਣ ਲਈ ਕਿਹਾ। ਇਸ ਦੇ ਨਾਲ ਹੀ ਉਨ੍ਹਾ ਇਸ ਗੱਲ 'ਤੇ ਦੁੱਖ ਪ੍ਰਗਟ ਕੀਤਾ ਕਿ ਐਤਵਾਰ ਨੂੰ ਵੋਟਿੰਗ ਪ੍ਰਕਿਰਿਆ ਦੌਰਾਨ ਵਿਰੋਧੀ ਉਮੀਦਵਾਰਾਂ ਅਤੇ ਸਮਰਥਕਾਂ ਵੱਲੋਂ ਕੀਤੀ ਹਿੰਸਾ ਕਾਰਨ ਮਾਹੌਲ ਖਰਾਬ ਹੋ ਗਿਆ।

## ਉਸਤਾਦ ਰਾਸ਼ਿਦ ਖਾਨ ਦਾ ਦੇਹਾਂਤ



**ਕੋਲਕਾਤਾ** : ਗਦੂਦਾਂ ਦੇ ਕੈਂਸਰ ਤੋਂ ਪੀੜਤ ਸ਼ਾਸਤਰੀ ਗਾਇਕ ਉਸਤਾਦ ਰਾਸ਼ਿਦ ਖਾਨ ਦਾ ਮੰਗਲਵਾਰ ਬਾਅਦ ਦੁਪਹਿਰ ਸ਼ਹਿਰ ਦੇ ਹਸਪਤਾਲ 'ਚ ਦੇਹਾਂਤ ਹੋ ਗਿਆ। 55 ਸਾਲਾ ਖਾਨ ਵੈਂਟੀਲੇਟਰ 'ਤੇ ਸਨ। ਮੁੱਖ ਮੰਤਰੀ ਮਮਤਾ ਬੈਨਰਜੀ ਨੇ ਕਿਹਾ ਕਿ ਰਾਸ਼ਿਦ ਖਾਨ ਦੇ ਚਲੇ ਜਾਣ ਨਾਲ ਦੇਸ਼ ਤੇ ਸਮੁੱਚੇ ਸੰਗੀਤ ਭਾਈਚਾਰੇ ਨੂੰ ਵੱਡਾ ਘਾਟਾ ਪਿਆ ਹੈ। ਯੂ ਪੀ ਵਿਚ ਪੈਦਾ ਹੋਏ ਰਾਸ਼ਿਦ ਖਾਨ ਉਸਤਾਦ ਗੁਲਾਮ ਮੁਸਤਫਾ ਖਾਨ ਦੇ ਭਤੀਜੇ ਸਨ ਤੇ ਉਨ੍ਹਾ ਮੁਢਲੀ ਟਰੇਨਿੰਗ ਉਸਤਾਦ ਨਿਸਾਰ ਹੁਸੈਨ ਖਾਨ ਤੋਂ ਲਈ ਸੀ।

## ਰਾਬੜੀ ਤੇ ਦੋ ਧੀਆਂ ਖਿਲਾਫ ਚਾਰਜਸ਼ੀਟ ਦਾਇਰ

**ਨਵੀਂ ਦਿੱਲੀ** : ਐਨਫੋਰਸਮੈਂਟ ਡਾਇਰੈਕਟੋਰੇਟ ਨੇ ਨੌਕਰੀ ਬਦਲੇ ਜ਼ਮੀਨ ਲੈਣ ਨਾਲ ਸੰਬੰਧਤ ਮਨੀ ਲਾਂਡਰਿੰਗ ਮਾਮਲੇ 'ਚ ਬਿਹਾਰ ਦੀ ਸਾਬਕਾ ਮੁੱਖ ਮੰਤਰੀ ਰਾਬੜੀ ਦੇਵੀ, ਉਸ ਦੀ ਸੰਸਦ ਮੈਂਬਰ ਧੀ ਮੀਸਾ ਭਾਰਤੀ, ਹੇਮਾ ਯਾਦਵ, ਹਿਰਦਿਆਨੰਦ ਚੌਧਰੀ ਤੇ ਅਮਿਤ ਕਟਿਆਲ ਵਿਰੁੱਧ 4751 ਪੰਨਿਆਂ ਦੀ ਚਾਰਜਸ਼ੀਟ ਦਾਇਰ ਕੀਤੀ ਹੈ। ਦੋ ਫਰਮਾਂ ਏ ਬੀ ਐਕਸਪੋਰਟ ਅਤੇ ਏ ਕੇ ਇੰਫੋਸਿਸਟਮ ਨੂੰ ਵੀ ਮੁਲਜ਼ਮ ਬਣਾਇਆ ਗਿਆ ਹੈ। ਸੀ ਬੀ ਆਈ ਦੇ ਵਿਸ਼ੇਸ਼ ਜੱਜ ਵਿਸ਼ਾਲ ਗੋਗਨੇ ਨੇ ਮੰਗਲਵਾਰ ਈ ਡੀ ਨੂੰ ਚਾਰਜਸ਼ੀਟ ਅਤੇ ਦਸਤਾਵੇਜ਼ਾਂ ਦੀ ਈ-ਕਾਪੀ ਦਾਇਰ ਕਰਨ ਦਾ ਨਿਰਦੇਸ਼ ਦਿੱਤਾ। ਮਾਮਲੇ ਦੀ ਅਗਲੀ ਸੁਣਵਾਈ 16 ਜਨਵਰੀ ਨੂੰ ਹੋਵੇਗੀ। ਈ ਡੀ ਦੇ ਵਿਸ਼ੇਸ਼ ਸਰਕਾਰੀ ਵਕੀਲ ਮਨੀਸ਼ ਜੈਨ ਅਤੇ ਐਡਵੋਕੇਟ ਈਸ਼ਾਨ ਬੈਸਲਾ ਨੇ ਅਦਾਲਤ ਨੂੰ ਦੱਸਿਆ ਕਿ ਯਾਦਵ ਪਰਵਾਰ ਦੇ ਮੈਂਬਰ ਅਪਰਾਧ ਦੀ ਕਮਾਈ ਦੇ ਲਾਭਪਾਤਰੀ ਹਨ। ਕਟਿਆਲ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ ਅਤੇ ਹਿਰਾਸਤ ਵਿਚ ਹੈ। ਬਾਕੀ ਮੁਲਜ਼ਮਾਂ 'ਤੇ ਬਿਨਾਂ ਗ੍ਰਿਫਤਾਰੀ ਦੇ ਦੋਸ਼ ਲਾਏ ਗਏ ਹਨ।

# ਰਾਮ ਮੰਦਰ ਦਾ ਤਕੜਾ ਖਲਾਰਾ ਪੈ ਗਿਆ

### ਇਕ ਰਾਜ ਨੇਤਾ ਮੰਦਰ ਦਾ ਉਦਘਾਟਨ ਕਰੇ ਤੇ ਸਾਧੂ-ਸੰਤ ਕੋਲ ਖੜ੍ਹੇ ਤਾੜੀਆਂ ਮਾਰਨ, ਇਹ ਮਨਜ਼ੂਰ ਨਹੀਂ : ਸ਼ੰਕਰਾਚਾਰੀਆ ਸਵਾਮੀ ਨਿਸ਼ਚਲਾਨੰਦ

**ਨਵੀਂ ਦਿੱਲੀ** : ਰਾਮ ਮੰਦਰ 'ਤੇ ਭਾਜਪਾ ਲਗਾਤਾਰ ਘਿਰਦੀ ਜਾ ਰਹੀ ਹੈ। ਚਾਰ ਸ਼ੰਕਰਾਚਾਰੀਆਂ ਦੇ 22 ਜਨਵਰੀ ਨੂੰ ਰਾਮ ਲੱਲਾ ਦੀ ਪ੍ਰਾਣ ਪ੍ਰਤਿਸ਼ਠਾ ਦੇ ਸਮਾਗਮ ਵਿਚ ਆਉਣ ਤੋਂ ਨਾਂਹ ਕਰਨ ਤੋਂ ਬਾਅਦ ਸੋਸ਼ਲ ਮੀਡੀਆ 'ਤੇ ਚਰਚਾ ਛਿੜ ਗਈ ਹੈ ਕਿ ਸ਼ੰਕਰਾਚਾਰੀਆਂ ਦੇ ਬਿਨਾਂ ਹਿੰਦੂਆਂ ਦੇ ਕਿਸੇ ਵੱਡੇ ਆਯੋਜਨ ਦਾ ਕੀ ਮਤਲਬ ? ਅੱਗ 'ਤੇ ਘਿਓ ਪਾਉਣ ਦਾ ਕੰਮ ਚੰਪਤ ਰਾਇ ਦੇ ਬਿਆਨ ਨੇ ਕਰ ਦਿੱਤਾ ਹੈ, ਜੋ ਇਸ ਪੂਰੇ ਆਯੋਜਨ ਦੇ ਕੇਂਦਰ ਵਿਚ ਹੈ। ਉਸ ਨੇ ਕਿਹਾ ਕਿ ਇਸ ਪ੍ਰੋਗਰਾਮ ਵਿਚ ਰਾਮਾਨੰਦੀਆਂ ਦੇ ਇਲਾਵਾ ਸ਼ੈਵ, ਸ਼ਾਕਤ ਤੇ ਸੰਨਿਆਸੀਆਂ ਦਾ ਕੀ ਕੰਮ ? ਪੁਰੀ ਦੇ ਸ਼ੰਕਰਾਚਾਰੀਆ ਸਵਾਮੀ ਨਿਸ਼ਚਲਾਨੰਦ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਨਿਸ਼ਾਨੇ 'ਤੇ ਲੈਂਦਿਆਂ ਕਿਹਾ ਹੈ ਕਿ ਸਾਰਾ ਆਯੋਜਨ ਸਿਆਸੀ ਹੈ, ਜਿਸ ਵਿਚ ਇਕ ਰਾਜ ਨੇਤਾ ਮੰਦਰ ਦਾ ਉਦਘਾਟਨ ਕਰੇਗਾ ਅਤੇ ਸਾਧੂ-ਸੰਤ ਸਾਹਮਣੇ ਖੜ੍ਹੇ ਹੋ ਕੇ ਤਾੜੀਆਂ ਮਾਰਨਗੇ। ਉਹ ਤਾੜੀ ਮਾਰਨ ਲਈ ਅਯੁੱਧਿਆ ਨਹੀਂ ਜਾਣਗੇ। ਇਹ ਨਾ ਸਿਰਫ ਸੰਤ ਸਮਾਜ ਦਾ ਅਪਮਾਨ ਹੈ, ਸਗੋਂ ਧਰਮ ਦੀ ਵੀ ਹਾਨੀ ਹੈ। ਜਗਤ ਗੁਰੂ ਸ਼ੰਕਰਾਚਾਰੀਆ ਸਵਾਮੀ ਅਵਿਮੁਕਤੇਸ਼ਵਰਾਨੰਦ ਨੇ ਕਿਹਾ ਹੈ ਕਿ ਜੇ ਇਹ ਮੰਦਰ ਰਾਮਾਨੰਦ ਭਾਈਚਾਰੇ ਦਾ ਹੈ ਤਾਂ ਫਿਰ ਚੰਪਤ ਰਾਇ ਉਥੇ ਕੀ ਕਰ ਰਹੇ ਹਨ ? ਫਿਰ ਇਹ ਲੋਕ ਹਟਣ ਤੇ ਮੰਦਰ ਨੂੰ ਰਾਮਾਨੰਦ ਭਾਈਚਾਰੇ ਦੇ ਲੋਕਾਂ ਨੂੰ ਸੌਂਪ ਦੇਣ। ਇਹ ਕੰਮ ਉਨ੍ਹਾਂ ਨੂੰ ਪ੍ਰਾਣ ਪ੍ਰਤਿਸ਼ਠਾ ਤੋਂ ਪਹਿਲਾਂ ਕਰ ਦੇਣਾ ਚਾਹੀਦਾ ਸੀ। ਰਾਮਾਨੰਦ ਭਾਈਚਾਰੇ ਦੇ ਲੋਕ ਹੀ ਪ੍ਰਾਣ ਪ੍ਰਤਿਸ਼ਠਾ ਕਰਨ, ਇਹ ਉਨ੍ਹਾਂ ਨੂੰ ਮਨਜ਼ੂਰ ਹੈ। ਉਨ੍ਹਾ ਕਿਹਾ ਕਿ ਉਹ ਵਿਰੋਧੀ ਨਹੀਂ ਹਨ, ਪਰ ਉਹ ਧਰਮ ਸ਼ਾਸਤਰ ਦੇ ਵਿਰੋਧੀ ਵੀ ਨਹੀਂ ਹੋਣਾ ਚਾਹੁੰਦੇ। ਉਨ੍ਹਾ ਕਿਹਾ ਕਿ ਚਾਰੇ ਸ਼ੰਕਰਾਚਾਰੀਆ ਉੱਥੇ ਨਹੀਂ ਜਾ ਰਹੇ। ਕੋਈ ਈਰਖਾ ਕਰਕੇ ਨਹੀਂ, ਸਗੋਂ ਸ਼ੰਕਰਾਚਾਰੀਆਂ ਦੀ ਜ਼ਿੰਮੇਵਾਰੀ ਹੁੰਦੀ ਹੈ ਕਿ ਉਹ ਸ਼ਾਸਤਰ ਵਿਧੀ ਦੀ ਪਾਲਣਾ ਕਰਨ ਤੇ ਦੂਜਿਆਂ ਤੋਂ ਕਰਵਾਉਣ। ਉੱਥੇ ਸ਼ਾਸਤਰ ਵਿਧੀ ਨੂੰ ਅਣਗੌਲਿਆ ਜਾ ਰਿਹਾ ਹੈ। ਸਭ ਤੋਂ ਪਹਿਲੀ ਅਣਡਿਠਤਾ ਇਹ ਹੈ ਕਿ ਮੰਦਰ ਅਜੇ ਪੂਰਾ ਬਣਿਆ ਨਹੀਂ ਤੇ ਪ੍ਰਤਿਸ਼ਠਾ ਕੀਤੀ ਜਾ ਰਹੀ ਹੈ। ਕੋਈ ਅਜਿਹੇ ਹਾਲਾਤ ਨਹੀਂ ਹਨ ਕਿ ਪ੍ਰਤਿਸ਼ਠਾ ਦੀ ਕਾਹਲੀ ਪਾਈ ਜਾਵੇ। 22 ਦਸੰਬਰ ਦੀ ਰਾਤ ਨੂੰ ਉੱਥੇ ਮੂਰਤੀਆਂ ਰੱਖ ਦਿੱਤੀਆਂ ਗਈਆਂ। ਰਾਤ ਨੂੰ 12 ਵਜੇ ਜਾ ਕੇ ਕੁਝ ਕਰਕੇ ਦਿਖਾ ਦਿੱਤਾ। 1992 ਵਿਚ ਜਦੋਂ ਢਾਂਚਾ ਢਾਹਿਆ ਗਿਆ ਤਾਂ ਕੋਈ ਮਹੂਰਤ ਥੋੜ੍ਹੀ ਦੇਖਿਆ ਸੀ। ਹੁਣ 22 ਜਨਵਰੀ ਨੂੰ ਅਧੂਰੇ ਮੰਦਰ ਵਿਚ ਪ੍ਰਾਣ ਪ੍ਰਤਿਸ਼ਠਾ ਕੀਤੀ ਜਾ ਰਹੀ ਹੈ। ਸ਼ੰਕਰਾਚਾਰੀਆਂ ਨੂੰ ਮੋਦੀ ਵਿਰੋਧੀ ਕਿਹਾ ਜਾ ਰਿਹਾ ਹੈ। ਇਸ ਵਿਚ ਮੋਦੀ ਵਿਰੋਧ ਦੀ ਕਿਹੜੀ ਗੱਲ ਹੈ। ਉਹ ਮੋਦੀ ਵਿਰੋਧੀ ਨਹੀਂ, ਪਰ ਉਹ ਧਰਮ ਸ਼ਾਸਤਰ ਦੇ ਵਿਰੋਧੀ ਵੀ ਨਹੀਂ ਹੋਣਾ ਚਾਹੁੰਦੇ। ਉਨ੍ਹਾ ਕਿਹਾ ਕਿ ਜਦੋਂ ਚੰਦਾ ਇਕੱਠਾ ਕੀਤਾ ਜਾ ਰਿਹਾ ਸੀ ਤਾਂ ਕਿਉਂ ਨਹੀਂ ਕਿਹਾ ਗਿਆ ਕਿ ਰਾਮਾਨੰਦ ਭਾਈਚਾਰੇ ਦਾ ਮੰਦਰ ਹੈ, ਰਾਮਾਨੰਦ ਭਾਈਚਾਰੇ ਦੇ ਲੋਕ ਚੰਦਾ ਦਿੰਦੇ। ਉਸ ਵੇਲੇ ਤਾਂ ਸਾਰੇ ਦੇਸ਼ ਦੇ ਸਨਾਤਨ ਧਰਮੀਆਂ ਤੋਂ ਚੰਦਾ ਲੈ ਲਿਆ। ਉਨ੍ਹਾਂ ਵੀ ਚੰਦਾ ਦਿੱਤਾ। ਜਦ ਸ਼ੰਕਰਾਚਾਰੀਆਂ ਦਾ ਮੰਦਰ ਨਹੀਂ ਹੈ ਤਾਂ ਉਨ੍ਹਾਂ ਦਾ ਚੰਦਾ ਕਿਉਂ ਸਵੀਕਾਰ ਕੀਤਾ ? ਉਸ ਚੰਦੇ ਦੇ ਉੱਪਰ ਚੰਪਤ ਰਾਇ ਵਰਗੇ ਟਰੱਸਟੀ ਬਣ ਕੇ ਬੈਠ ਗਏ, ਜਿਹੜੇ ਕਹਿ ਰਹੇ ਹਨ ਕਿ ਮੰਦਰ ਰਾਮਾਨੰਦ ਭਾਈਚਾਰੇ ਦਾ ਹੈ, ਇਹ ਗੈਰ-ਇਖਲਾਕੀ ਹੈ। ਚੰਪਤ ਰਾਇ ਵਿਚ ਥੋੜ੍ਹਾ ਜਿਹਾ ਵੀ ਇਖਲਾਕ ਬਚਿਆ ਹੈ ਤਾਂ ਅਸਤੀਫਾ ਦੇਵੇ ਤੇ ਟਰੱਸਟ ਨੂੰ ਰਾਮਾਨੰਦ ਭਾਈਚਾਰੇ ਦੇ ਸਾਧੂਆਂ ਹਵਾਲੇ ਕਰੇ। ਇਕ ਪਾਸੇ ਕਿਹਾ ਜਾ ਰਿਹਾ ਹੈ ਕਿ ਇਹ ਰਾਸ਼ਟਰ ਦਾ ਮੰਦਰ ਹੈ, ਦੂਜੇ ਪਾਸੇ ਕਿਹਾ ਜਾ ਰਿਹਾ ਹੈ ਕਿ ਸਿਰਫ ਰਾਮਾਨੰਦ ਭਾਈਚਾਰੇ ਦਾ ਮੰਦਰ ਹੈ। ਕਿੱਥੇ ਗਈ ਫਰਾਖਦਿਲੀ ? ਹੁਣ ਸਨਾਤਨ ਧਰਮ ਦੇ ਅੰਦਰ ਤੇ ਹਿੰਦੂ ਧਰਮ ਦੇ ਅੰਦਰ ਭੇਦਭਾਵ ਪੈਦਾ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਇਹ ਗਲਤ ਹੈ। ਮੰਦਰ ਸਾਰੇ ਸਨਾਤਨ ਧਰਮੀਆਂ ਦਾ ਹੈ। ਇਸ ਤੋਂ ਪਹਿਲਾਂ ਰਾਮ ਮੰਦਰ ਅੰਦੋਲਨ ਵਿਚ ਅੱਗੇ ਹੋ ਕੇ ਹਿੱਸਾ ਲੈਣ ਵਾਲੇ ਸਾਬਕਾ ਸਾਂਸਦ ਤੇ ਬਜਰੰਗ ਦਲ ਦੇ ਆਗੂ ਰਹੇ ਵਿਨੈ ਕਟਿਆਰ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਨਿਸ਼ਾਨੇ 'ਤੇ ਲੈਂਦਿਆਂ ਕਿਹਾ ਸੀ ਕਿ ਰਾਮ ਮੰਦਰ ਦਾ ਸਿਹਰਾ ਅਡਵਾਨੀ ਸਣੇ ਸਾਰੇ ਸੋਇਮ ਸੇਵਕਾਂ ਨੂੰ ਜਾਂਦਾ ਹੈ। ਇਸ ਦਾ ਸਿਹਰਾ ਕਿਸੇ ਇਕ ਵਿਅਕਤੀ ਨੂੰ ਨਹੀਂ ਦਿੱਤਾ ਜਾ ਸਕਦਾ। ਉਨ੍ਹਾ ਅਯੁੱਧਿਆ ਵਿਚ ਹੋਣ ਵਾਲੇ ਆਯੋਜਨ ਦੀ ਸਾਰੀ ਪ੍ਰਕਿਰਿਆ 'ਤੇ ਹੀ ਸੁਆਲ ਖੜ੍ਹਾ ਕਰ ਦਿੱਤਾ ਸੀ।





# ਰਾਮ ਭਗਤੀ 'ਤੇ ਭਾਜਪਾ ਦਾ ਕਾਪੀਰਾਈਟ ਨਹੀਂ : ਉਮਾ ਭਾਰਤੀ

**ਨਵੀਂ ਦਿੱਲੀ** : ਸਾਬਕਾ ਕੇਂਦਰੀ ਮੰਤਰੀ, ਮੱਧ ਪ੍ਰਦੇਸ਼ ਦੀ ਸਾਬਕਾ ਮੁੱਖ ਮੰਤਰੀ ਅਤੇ ਰਾਮ ਜਨਮ ਭੂਮੀ ਅੰਦੋਲਨ ਵਿਚ ਵਧ-ਚੜ੍ਹ ਕੇ ਹਿੱਸਾ ਲੈਣ ਵਾਲੀ ਉਮਾ ਭਾਰਤੀ ਨੇ ਅਯੁੱਧਿਆ 'ਚ 22 ਜਨਵਰੀ ਨੂੰ ਹੋਣ ਵਾਲੀ ਰਾਮਲਲਾ ਦੀ ਪ੍ਰਾਣ ਪ੍ਰਤਿਸ਼ਠਾ ਵਿਚ ਆਪੋਜ਼ੀਸ਼ਨ ਆਗੂਆਂ, ਸਨਅਤਕਾਰਾਂ ਤੇ ਮਸ਼ਹੂਰ ਹਸਤੀਆਂ ਦੇ ਸ਼ਾਮਲ ਹੋਣ ਦੇ ਮੁੱਦੇ 'ਤੇ ਕਿਹਾ ਹੈ ਕਿ ਰਾਮ ਭਗਤੀ ਉੱਤੇ ਭਾਜਪਾ ਦੀ ਇਜਾਰੇਦਾਰੀ ਨਹੀਂ ਹੈ, ਸਗੋਂ ਭਗਵਾਨ ਰਾਮ ਸਭ ਦੇ ਹਨ। ਉਨ੍ਹਾ ਆਪੋਜ਼ੀਸ਼ਨ ਆਗੂਆਂ ਨੂੰ ਵੀ ਵੋਟ ਬੈਂਕ ਦੀ ਸਿਆਸਤ ਤੇ ਲੋਕ ਆਧਾਰ ਖਿਸਕਣ ਦੀ ਮਾਨਸਿਕਤਾ ਅਤੇ ਤੌਖਲਿਆਂ ਤੋਂ ਬਾਹਰ ਨਿਕਲਣ ਦਾ ਸੱਦਾ ਦਿੱਤਾ ਹੈ। ਸਰਕਰਦਾ ਅੰਗਰੇਜ਼ੀ ਅਖਬਾਰ 'ਦੀ ਇੰਡੀਅਨ ਐਕਸਪ੍ਰੈਸ' ਨੂੰ ਦਿੱਤੀ ਇੰਟਰਵਿਊ ਵਿਚ ਭਾਰਤੀ ਨੇ ਕਿਹਾ-ਪ੍ਰਾਣ ਪ੍ਰਤਿਸ਼ਠਾ ਵਿਚ ਸ਼ਾਮਲ ਹੋਣ ਦਾ ਸੱਦਾ ਦੇਣ ਦਾ ਫੈਸਲਾ ਰਾਮ ਮੰਦਰ ਤੀਰਥ ਸ਼ੇਤਰ ਨਿਆਸ ਦਾ ਹੈ। ਇਹ ਕੋਈ ਸਿਆਸੀ ਸੱਦਾ ਨਹੀਂ ਹੈ। ਰਾਮ ਭਗਤੀ 'ਤੇ ਸਾਡਾ ਕੋਈ ਕਾਪੀਰਾਈਟ ਨਹੀਂ ਹੈ। ਭਗਵਾਨ ਰਾਮ ਤੇ ਹਨੂੰਮਾਨ ਜੀ ਭਾਜਪਾ ਦੇ ਆਗੂ ਨਹੀਂ ਹਨ, ਸਗੋਂ ਉਹ ਸਾਡੇ ਰਾਸ਼ਟਰੀ ਗੌਰਵ ਹਨ। ਉਨ੍ਹਾਂ ਦੇ ਮੰਦਰ ਦੀ ਪ੍ਰਾਣ ਪ੍ਰਤਿਸ਼ਠਾ ਵਿਚ ਕੋਈ ਵੀ ਸ਼ਾਮਲ ਹੋ ਸਕਦਾ ਹੈ ਤੇ ਕਿਸੇ ਨੂੰ ਵੀ ਇਸ ਲਈ ਸੱਦਿਆ ਜਾ ਸਕਦਾ ਹੈ।

ਉਮਾ ਭਾਰਤੀ ਨੇ ਕਿਹਾ-ਮੈਂ ਸਾਰੇ ਸਿਆਸਤਦਾਨਾਂ ਨੂੰ ਵੀ ਕਹਾਂਗੀ ਕਿ ਇਸ ਨੂੰ ਸਿਆਸੀ ਨਜ਼ਰੀਏ ਨਾਲ ਨਾ ਦੇਖਣ। ਤੁਹਾਡੇ ਘਰਾਂ ਵਿਚ ਵੀ ਰਾਮ ਦੀਆਂ ਤਸਵੀਰਾਂ ਹਨ, ਤੁਹਾਡੇ ਨਾਂਅ ਨਾਲ ਵੀ ਰਾਮ ਹੋ ਸਕਦਾ ਹੈ। ਇਸ ਲਈ ਇਸ ਵਿਚ ਸਾਰੇ ਹਿੱਸਾ ਲੈਣ। ਇਸ ਕਰਕੇ ਤੁਸੀਂ ਨਾ ਡਰੋ ਕਿ ਤੁਹਾਨੂੰ ਵੋਟਾਂ ਨਹੀਂ ਮਿਲਣਗੀਆਂ। ਮੈਂ ਭਾਜਪਾ ਵਾਲਿਆਂ ਨੂੰ ਵੀ ਕਹਾਂਗੀ ਕਿ ਤੁਸੀਂ ਇਸ ਹੰਕਾਰ ਤੋਂ ਬਾਹਰ ਨਿਕਲੋ ਕਿ ਸਿਰਫ ਤੁਸੀਂ ਹੀ ਰਾਮ ਦੀ ਭਗਤੀ ਕਰ ਸਕਦੇ ਹੋ। ਲੱਗੇ ਹੱਥ ਮੈਂ ਆਪੋਜ਼ੀਸ਼ਨ ਨੂੰ ਵੀ ਕਹਾਂਗੀ ਕਿ ਆਪਣੇ ਆਪ ਨੂੰ ਇਸ ਡਰ ਤੋਂ ਮੁਕਤ ਕਰ ਲਓ ਕਿ ਤੁਹਾਡਾ ਉੱਥੇ ਜਾਣਾ ਠੀਕ ਨਹੀਂ ਰਹੇਗਾ। ਹੰਕਾਰ ਜਾਂ ਭੈਅ ਤੋਂ ਮੁਕਤ ਹੋ ਕੇ ਸਾਨੂੰ ਸਭ ਨੂੰ ਖੁਸ਼ੀ-ਖੁਸ਼ੀ ਰਾਮਲਲਾ ਦੀ ਪ੍ਰਾਣ ਪ੍ਰਤਿਸ਼ਠਾ ਵਿਚ ਹਿੱਸਾ ਲੈਣਾ ਚਾਹੀਦਾ ਹੈ। ਚੇਤੇ ਰਹੇ ਉਮਾ ਭਾਰਤੀ ਨੇ 12 ਸਾਲ ਦੀ ਉਮਰ ਵਿਚ ਮੰਦਰ ਅੰਦੋਲਨ ਵਿਚ ਸ਼ਿਰਕਤ ਕੀਤੀ ਸੀ। 6 ਦਸੰਬਰ 1992 ਨੂੰ ਜਦੋਂ ਬਾਬਰੀ ਮਸਜਿਦ ਦਾ ਢਾਂਚਾ ਮਿਸਮਾਰ ਕੀਤਾ ਜਾ ਰਿਹਾ ਸੀ, ਉਦੋਂ ਉਮਾ ਭਾਰਤੀ ਉਥੇ ਮੌਜੂਦ ਸੀ। ਉਹ ਉਨ੍ਹਾਂ 32 ਲੋਕਾਂ ਵਿਚ ਸ਼ਾਮਲ ਸੀ, ਜਿਨ੍ਹਾਂ ਨੂੰ ਬਾਬਰੀ ਮਸਜਿਦ ਦਾ ਢਾਂਚਾ ਢਾਹੁਣ ਦਾ ਮੁਲਜ਼ਮ ਬਣਾਇਆ ਗਿਆ ਸੀ। ਹਾਲਾਂਕਿ ਇਨ੍ਹਾਂ ਸਭ ਨੂੰ 2020 ਵਿਚ ਸੀ ਬੀ ਆਈ ਦੀ ਸਪੈਸ਼ਲ ਕੋਰਟ ਨੇ ਬਰੀ ਕਰ ਦਿੱਤਾ ਸੀ। ਬਾਅਦ ਵਿਚ ਇਲਾਹਾਬਾਦ ਹਾਈ ਕੋਰਟ ਨੇ ਇਨ੍ਹਾਂ ਨੂੰ ਬਰੀ ਕਰਨ ਖਿਲਾਫ ਅਪੀਲ ਰੱਦ ਕਰ ਦਿੱਤੀ ਸੀ। ਉਮਾ ਭਾਰਤੀ ਨੇ ਕਿਹਾ ਕਿ ਉਹ 18 ਜਨਵਰੀ ਤੋਂ ਅਯੁੱਧਿਆ ਵਿਚ ਰਹੇਗੀ।



## ਕਿਸਾਨ ਬੀਬੀਆਂ ਨੂੰ ਸਾਲਾਨਾ 12 ਹਜ਼ਾਰ ਦੇਣ ਦੀ ਤਿਆਰੀ

**ਨਵੀਂ ਦਿੱਲੀ** : ਮੋਦੀ ਸਰਕਾਰ ਮਹਿਲਾਵਾਂ ਦੀਆਂ ਵੋਟਾਂ ਖਿੱਚਣ ਲਈ ਆਮ ਚੋਣਾਂ ਤੋਂ ਪਹਿਲਾਂ ਜ਼ਮੀਨ ਮਾਲਕ ਮਹਿਲਾਵਾਂ ਨੂੰ ਸਾਲਾਨਾ 12 ਹਜ਼ਾਰ ਰੁਪਏ ਦੇਣ ਦਾ ਐਲਾਨ ਕਰਨ ਵਾਲੀ ਹੈ। ਇਸ ਦਾ ਐਲਾਨ ਪਹਿਲੀ ਫਰਵਰੀ ਨੂੰ ਪੇਸ਼ ਹੋਣ ਵਾਲੇ ਆਮ ਬਜਟ ਵਿਚ ਕੀਤਾ ਜਾ ਸਕਦਾ ਹੈ। ਇਸ ਨਾਲ ਖਜ਼ਾਨੇ ਵਿੱਚੋਂ 12 ਅਰਬ ਰੁਪਏ ਜਾਣਗੇ। ਇਸ ਵੇਲੇ ਸਰਕਾਰ 'ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ' ਤਹਿਤ ਮਰਦ ਤੇ ਮਹਿਲਾ ਕਿਸਾਨਾਂ ਨੂੰ ਛੇ-ਛੇ ਹਜ਼ਾਰ ਰੁਪਏ ਸਾਲਾਨਾ ਦਿੰਦੀ ਹੈ। ਦੇਸ਼ ਦੀ ਆਬਾਦੀ ਇਕ ਅਰਬ ਚਾਲੀ ਕਰੋੜ ਹੈ ਤੇ ਇਨ੍ਹਾਂ ਵਿਚ 26 ਕਰੋੜ ਕਿਸਾਨ ਪਰਵਾਰ ਹਨ। ਸਰਕਾਰੀ ਅੰਕੜਿਆਂ ਮੁਤਾਬਕ ਕੁਲ ਕਿਸਾਨਾਂ ਵਿਚ 60 ਫੀਸਦੀ ਮਹਿਲਾ ਕਿਸਾਨ ਹਨ, ਪਰ ਜ਼ਮੀਨ ਦੀਆਂ ਮਾਲਕ 13 ਫੀਸਦੀ ਤੋਂ ਵੀ ਘੱਟ ਹਨ।

## ਅਮਿਤ ਚੱਕਰਵਰਤੀ ਬਣਿਆ ਸਰਕਾਰੀ ਗਵਾਹ

**ਨਵੀਂ ਦਿੱਲੀ** : ਵਿਸ਼ੇਸ਼ ਜੱਜ ਹਰਦੀਪ ਕੌਰ ਨੇ ਨਿਊਜ਼ ਪੋਰਟਲ 'ਨਿਊਜ਼ਕਲਿਕ' ਦੇ ਮਨੁੱਖੀ ਸਰੋਤ ਵਿਭਾਗ ਦੇ ਮੁਖੀ ਅਮਿਤ ਚੱਕਰਵਰਤੀ ਨੂੰ ਸਰਕਾਰੀ ਗਵਾਹ ਬਣਨ ਦੀ ਇਜਾਜ਼ਤ ਦੇ ਦਿੱਤੀ ਹੈ। ਅਦਾਲਤੀ ਸੂਤਰਾਂ ਨੇ ਮੰਗਲਵਾਰ ਦੱਸਿਆ ਕਿ ਚੱਕਰਵਰਤੀ ਨੂੰ ਚੀਨ ਪੱਖੀ ਪ੍ਰਚਾਰ ਲਈ ਫੰਡ ਪ੍ਰਾਪਤ ਕਰਨ ਦੇ ਦੋਸ਼ਾਂ ਤਹਿਤ ਦਹਿਸ਼ਤਗਰਦੀ ਵਿਰੋਧੀ ਕਾਨੂੰਨ ਯੂ ਏ ਪੀ ਏ ਤਹਿਤ ਨਿਊਜ਼ ਪੋਰਟਲ ਵਿਰੁੱਧ ਦਰਜ ਕੀਤੇ ਗਏ ਕੇਸ 'ਚ ਸਰਕਾਰੀ ਗਵਾਹ ਬਣਨ ਦੀ ਇਜਾਜ਼ਤ ਦਿੱਤੀ ਗਈ ਹੈ। ਇਹ ਇੱਕ ਅਜਿਹਾ ਕਦਮ ਹੈ, ਜੋ ਨਿਊਜ਼ਕਲਿਕ ਦੇ ਮੁੱਖ ਸੰਪਾਦਕ ਅਤੇ ਬਾਨੀ ਪ੍ਰਬੀਰ ਪੁਰਕਾਇਸਥ ਲਈ ਮੁਸੀਬਤ ਪੈਦਾ ਕਰ ਸਕਦਾ ਹੈ।

## ਭਾਜਪਾ ਡਰਾਮਾ ਕਰ ਰਹੀ : ਮਮਤਾ

**ਜੋਏਨਗਰ** : ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਨੇ ਮੰਗਲਵਾਰ ਦੋਸ਼ ਲਗਾਇਆ ਕਿ ਲੋਕ ਸਭਾ ਚੋਣਾਂ ਤੋਂ ਪਹਿਲਾਂ ਅਯੁੱਧਿਆ 'ਚ ਰਾਮ ਮੰਦਰ ਦੇ ਉਦਘਾਟਨ ਦੇ ਜ਼ਰੀਏ ਭਾਜਪਾ ਡਰਾਮੇਬਾਜ਼ੀ ਕਰ ਰਹੀ ਹੈ।

# ਸਟਾਰਟ-ਅੱਪ ਕੰਪਨੀ ਦੀ ਮੁਖੀ ਨੇ ਚਾਰ ਸਾਲਾ ਬੇਟਾ ਮਾਰ'ਤਾ



**ਪਣਜੀ** : ਸਟਾਰਟ-ਅੱਪ ਕੰਪਨੀ ਦੀ 39 ਸਾਲਾ ਮੁੱਖ ਕਾਰਜਕਾਰੀ ਅਧਿਕਾਰੀ ਨੇ ਗੋਆ 'ਚ ਆਪਣੇ ਚਾਰ ਸਾਲ ਦੇ ਬੇਟੇ ਦੀ ਕਥਿਤ ਤੌਰ 'ਤੇ ਹੱਤਿਆ ਕਰ ਦਿੱਤੀ ਅਤੇ ਫਿਰ ਲਾਸ਼ ਨੂੰ ਲੈ ਕੇ ਕਰਨਾਟਕ ਫਰਾਰ ਹੋ ਗਈ। ਗੋਆ ਪੁਲਸ ਨੇ ਕਰਨਾਟਕ ਦੇ ਚਿਤਰਦੁਰਗਾ ਤੋਂ ਸੂਚਨਾ ਸੇਠ ਨੂੰ ਗ੍ਰਿਫਤਾਰ ਕਰ ਲਿਆ ਹੈ। ਹੱਤਿਆ ਦੇ ਪਿੱਛੇ ਦੇ ਮਕਸਦ ਦਾ ਪਤਾ ਨਹੀਂ ਲੱਗਿਆ। ਸੇਠ ਦੇ ਲਿੰਕਡਇਨ ਪੇਜ ਅਨੁਸਾਰ ਉਹ ਸਟਾਰਟ-ਅੱਪ ਮਾਈਂਡਫੁੱਲ ਏ ਆਈ ਲੈਬ ਦੀ ਮੁੱਖ ਕਾਰਜਕਾਰੀ ਅਧਿਕਾਰੀ (ਸੀ ਈ ਓ) ਹੈ ਅਤੇ 2021 ਲਈ ਏ ਆਈ ਐਥਿਕਸ 'ਚ ਸਿਖਰਲੀਆਂ 100 ਔਰਤਾਂ ਵਿੱਚੋਂ ਇੱਕ ਸੀ। ਉਸ ਨੇ ਆਪਣੇ ਬੇਟੇ ਦੇ ਨਾਲ 6 ਜਨਵਰੀ ਨੂੰ ਉੱਤਰੀ ਗੋਆ ਦੇ ਕੈਂਡੋਲੀਮ 'ਚ ਹੋਟਲ ਦਾ ਕਮਰਾ ਲਿਆ। ਦੋ ਦਿਨ ਉੱਥੇ ਰਹਿਣ ਤੋਂ ਬਾਅਦ ਉਸ ਨੇ ਅਪਾਰਟਮੈਂਟ ਸਟਾਫ ਨੂੰ ਸੂਚਿਤ ਕੀਤਾ ਕਿ ਉਹ ਕਿਸੇ ਕੰਮ ਲਈ ਬੇਂਗਲੁਰੂ ਜਾਣਾ ਚਾਹੁੰਦੀ ਹੈ ਅਤੇ ਉਨ੍ਹਾਂ ਨੂੰ ਟੈਕਸੀ ਦਾ ਪ੍ਰਬੰਧ ਕਰਨ ਲਈ ਕਿਹਾ। ਸਟਾਫ ਨੇ ਸੁਝਾਅ ਦਿੱਤਾ ਕਿ ਉਹ ਜਹਾਜ਼ 'ਤੇ ਜਾ ਸਕਦੀ ਹੈ, ਜੋ ਟੈਕਸੀ ਕਿਰਾਏ ਤੋਂ ਸਸਤਾ ਪਵੇਗਾ। ਮੁਲਜ਼ਮ ਨੇ ਟੈਕਸੀ ਰਾਹੀਂ ਸਫਰ ਕਰਨ 'ਤੇ ਜ਼ੋਰ ਦਿੱਤਾ। 8 ਜਨਵਰੀ ਨੂੰ ਵਾਹਨ ਦਾ ਇੰਤਜ਼ਾਮ ਕੀਤਾ ਗਿਆ, ਜਿਸ ਵਿਚ ਉਹ ਸਵੇਰੇ ਹੀ ਰਵਾਨਾ ਹੋ ਗਈ। ਬਾਅਦ 'ਚ ਜਦੋਂ ਅਪਾਰਟਮੈਂਟ ਦਾ ਸਟਾਫ ਉਸ ਦੇ ਕਮਰੇ ਨੂੰ ਸਾਫ ਕਰਨ ਗਿਆ ਤਾਂ ਉਨ੍ਹਾਂ ਨੂੰ ਤੌਲੀਏ 'ਤੇ ਖੂਨ ਦੇ ਧੱਬੇ ਮਿਲੇ। ਅਪਾਰਟਮੈਂਟ ਦੇ ਪ੍ਰਬੰਧਨ ਨੇ ਤੁਰੰਤ ਪੁਲਸ ਨੂੰ ਸੂਚਿਤ ਕੀਤਾ। ਸਟਾਫ ਨੇ ਇਹ ਵੀ ਦੱਸਿਆ ਕਿ ਔਰਤ ਦਾ ਚਾਰ ਸਾਲ ਦਾ ਬੇਟਾ ਉਸ ਦੇ ਨਾਲ ਨਹੀਂ ਸੀ। ਉਸ ਨੇ ਭਾਰੀ ਬੈਗ ਵੀ ਚੁੱਕਿਆ ਹੋਇਆ ਸੀ। ਪੁਲਸ ਨੇ ਫਿਰ ਮੁਲਜ਼ਮ ਨੂੰ ਫੋਨ ਕੀਤਾ ਤੇ ਉਸ ਤੋਂ ਖੂਨ ਦੇ ਧੱਬੇ ਅਤੇ ਉਸ ਦੇ ਪੁੱਤਰ ਬਾਰੇ ਪੁੱਛ-ਪੜਤਾਲ ਕੀਤੀ। ਉਸ ਨੇ ਬਹਾਨੇ ਮਾਰ ਦਿੱਤੇ। ਇਸ ਤੋਂ ਬਾਅਦ ਜਾਂਚ ਦੌਰਾਨ ਸਾਰੀ ਸੱਚਾਈ ਸਾਹਮਣੇ ਆ ਗਈ। ਔਰਤ ਨੂੰ ਗ੍ਰਿਫਤਾਰ ਕਰ ਲਿਆ ਗਿਆ ਤੇ ਬੱਚੇ ਦੀ ਲਾਸ਼ ਬਰਾਮਦ ਕਰ ਲਈ ਗਈ। ਘਟਨਾ ਦੀ ਸੂਚਨਾ ਔਰਤ ਦੇ ਪਤੀ ਵੈਂਕਟ ਰਮਨ ਨੂੰ ਦੇ ਦਿੱਤੀ ਹੈ, ਜੋ ਇਸ ਸਮੇਂ ਜਕਾਰਤਾ 'ਚ ਹੈ।

39 ਸਾਲਾ ਸੂਚਨਾ ਸੇਠ ਬੰਗਾਲ ਦੀ ਹੈ ਤੇ ਕੇਰਲਾ ਦੇ ਬੰਦੇ ਨਾਲ ਵਿਆਹੀ ਹੋਈ ਹੈ। ਪੁਲਸ ਨੂੰ ਸ਼ੱਕ ਹੈ ਕਿ ਉਹ ਪਤੀ ਤੋਂ ਨਾਰਾਜ਼ ਹੈ। ਸੇਠ ਨੇ ਦੱਸਿਆ ਕਿ ਉਸ ਦੀ ਤਲਾਕ ਦੀ ਪ੍ਰਕਿਰਿਆ ਪੂਰੀ ਹੋ ਚੁੱਕੀ ਹੈ ਤੇ ਉਹ ਕੋਰਟ ਦੇ ਫੈਸਲੇ ਤੋਂ ਨਾਖੁਸ਼ ਹੈ।

# 520 ਕਲਰਕਾਂ ਨੂੰ ਸੌਂਪੇ ਨਿਯੁਕਤੀ ਪੱਤਰ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੰਗਲਵਾਰ ਸੂਬੇ ਦੇ ਨੌਜਵਾਨਾਂ ਨੂੰ ਨਵੇਂ ਵਰ੍ਹੇ ਦਾ ਤੋਹਫਾ ਦਿੰਦਿਆਂ ਪੰਜਾਬ ਰਾਜ ਸਹਿਕਾਰੀ ਬੈਂਕ ਵਿੱਚ ਨਵੇਂ ਭਰਤੀ ਹੋਏ 520 ਕਲਰਕ-ਕਮ-ਡਾਟਾ ਐਂਟਰੀ ਅਪਰੇਟਰਾਂ ਨੂੰ ਨਿਯੁਕਤੀ ਪੱਤਰ ਸੌਂਪੇ।


ਟੈਗੋਰ ਥੀਏਟਰ ਵਿਖੇ ਨਿਯੁਕਤੀ ਪੱਤਰ ਸੌਂਪਣ ਤੋਂ ਬਾਅਦ ਨੌਜਵਾਨਾਂ ਨੂੰ ਮੁਖਾਤਿਬ ਹੁੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਨਿਯੁਕਤੀ ਪੱਤਰ ਵੰਡ ਸਮਾਰੋਹ ਉਨ੍ਹਾ ਦੀ ਸਰਕਾਰ ਦਾ ਪਲੇਠਾ ਸਮਾਗਮ ਨਹੀਂ, ਕਿਉਂਕਿ ਸੂਬਾ ਸਰਕਾਰ ਹੁਣ ਤੱਕ ਅਜਿਹੇ ਕਈ ਸਮਾਗਮ ਕਰਕੇ 40,000 ਤੋਂ ਵੱਧ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਲਈ ਨਿਯੁਕਤੀ ਪੱਤਰ ਵੰਡ ਚੁੱਕੀ ਹੈ।

ਉਹਨਾ ਕਿਹਾ ਕਿ ਪੰਜਾਬ ਦੇ ਮੁਖੀ ਹੋਣ ਦੇ ਨਾਤੇ ਉਨ੍ਹਾ ਦਾ ਹਰ ਕਦਮ ਸੂਬੇ ਦੀ ਤਰੱਕੀ ਅਤੇ ਲੋਕਾਂ ਦੀ ਖੁਸ਼ਹਾਲੀ ਨੂੰ ਯਕੀਨੀ ਬਣਾਉਣ ਨੂੰ ਸਮਰਪਿਤ ਹੁੰਦਾ ਹੈ। ਉਨ੍ਹਾ ਕਿਹਾ ਕਿ ਬਦਕਿਸਮਤੀ ਨਾਲ ਉਨ੍ਹਾ ਤੋਂ ਪਹਿਲੇ ਮੁੱਖ ਮੰਤਰੀਆਂ ਨੂੰ ਕਦੇ ਵੀ ਸੂਬੇ ਦੀ ਚਿੰਤਾ ਨਹੀਂ ਹੁੰਦੀ ਸੀ, ਸਗੋਂ ਉਨ੍ਹਾਂ ਨੂੰ ਆਪਣੇ ਨਿੱਜੀ ਹਿੱਤਾਂ ਦਾ ਫਿਕਰ ਵੱਧ ਹੁੰਦਾ ਸੀ। ਮਾਨ ਨੇ ਕਿਹਾ ਕਿ ਹਰੇਕ ਮੁੱਦੇ ਨੂੰ ਲੈ ਕੇ ਸੂਬੇ ਦੇ ਨਕਾਰੇ ਹੋਏ ਸਿਆਸੀ ਆਗੂ ਉਨ੍ਹਾ ਦੀ ਨਿੱਤ ਨਿਖੇਧੀ ਕਰ ਰਹੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਜਿੱਥੇ ਪਿਛਲੇ 75 ਸਾਲਾਂ ਵਿੱਚ ਨੌਜਵਾਨ ਸਰਕਾਰੀ ਨੌਕਰੀ ਲਈ ਇਕ ਮੌਕੇ ਨੂੰ ਤਰਸਦੇ ਹੁੰਦੇ ਸਨ, ਹੁਣ ਉਨ੍ਹਾਂ ਨੂੰ ਇੱਕ ਸਾਲ ਵਿੱਚ ਤਿੰਨ-ਤਿੰਨ ਨੌਕਰੀਆਂ ਮਿਲ ਰਹੀਆਂ ਹਨ। ਉਹਨਾ ਕਿਹਾ ਕਿ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਾ ਸਫਰ ਜਾਰੀ ਰਹੇਗਾ ਅਤੇ 18 ਜਨਵਰੀ ਨੂੰ 590 ਹੋਰ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪੇ ਜਾਣਗੇ।



# ਦਿੱਲੀ ਦੇ ਦੋ ਪੁਲਸ ਇੰਸਪੈਕਟਰਾਂ ਦੀ ਹਾਦਸੇ 'ਚ ਮੌਤ



**ਨਵੀਂ ਦਿੱਲੀ** : ਹਰਿਆਣਾ ਦੇ ਸੋਨੀਪਤ ਜ਼ਿਲ੍ਹੇ ਵਿਚ ਕੁੰਡਲੀ ਸਰਹੱਦ ਨੇੜੇ ਸੜਕ ਹਾਦਸੇ 'ਚ ਦਿੱਲੀ ਪੁਲਸ ਦੇ ਦੋ ਅਧਿਕਾਰੀਆਂ ਦੀ ਮੌਤ ਹੋ ਗਈ। ਉਹ ਨਿੱਜੀ ਕਾਰ 'ਚ ਜਾ ਰਹੇ ਸਨ, ਜੋ ਧੁੰਦ ਕਾਰਨ ਟਰੱਕ ਨਾਲ ਟਕਰਾਅ ਗਈ। ਇਹ ਹਾਦਸਾ ਸੋਮਵਾਰ ਦੇਰ ਰਾਤ ਕਰੀਬ 11.30 ਵਜੇ ਹੋਇਆ। ਮ੍ਰਿਤਕਾਂ ਦੀ ਪਛਾਣ ਉੱਤਰ ਪੱਛਮੀ ਜ਼ਿਲ੍ਹੇ ਦੇ ਸਪੈਸ਼ਲ ਸਟਾਫ 'ਚ ਤਾਇਨਾਤ ਇੰਸਪੈਕਟਰ ਦਿਨੇਸ਼ ਬੈਨੀਵਾਲ ਅਤੇ ਆਦਰਸ਼ ਨਗਰ ਥਾਣੇ 'ਚ ਤਾਇਨਾਤ ਏ ਟੀ ਓ ਇੰਸਪੈਕਟਰ ਰਣਵੀਰ ਵਜੋਂ ਹੋਈ ਹੈ। ਦੋਵੇਂ ਸੋਨੀਪਤ 'ਚ ਆਪਣੇ-ਆਪਣੇ ਘਰ ਜਾ ਰਹੇ ਸਨ।

# ਅਹੁਦਾ ਨਾ ਰਹੇ ਤਾਂ ਹੋਰਡਿੰਗਾਂ ਤੋਂ ਤਸਵੀਰਾਂ ਖੋਤੇ ਦੇ ਸਿੰਙ ਵਾਂਗ ਗਾਇਬ ਹੋ ਜਾਂਦੀਆਂ : ਚੌਹਾਨ



**ਭੋਪਾਲ** : ਮੱਧ ਪ੍ਰਦੇਸ਼ ਦੇ ਸਾਬਕਾ ਮੁੱਖ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਮੰਗਲਵਾਰ ਕਿਹਾ ਕਿ ਜਦੋਂ ਕੋਈ ਬੰਦਾ ਟਾਪ ਪੋਸਟ 'ਤੇ ਨਹੀਂ ਰਹਿੰਦਾ ਤਾਂ ਹੋਰਡਿੰਗਾਂ ਤੋਂ ਉਸ ਦੀਆਂ ਤਸਵੀਰਾਂ ਖੋਤੇ ਦੇ ਸਿੰਙ ਵਾਂਗ ਉਡ ਜਾਂਦੀਆਂ ਹਨ।

ਇੱਥੇ ਬ੍ਰਹਮ ਕੁਮਾਰੀਆਂ ਦੇ ਸਮਾਗਮ ਨੂੰ ਸੰਬੋਧਨ ਕਰਦਿਆਂ ਚੌਹਾਨ ਨੇ ਕਿਹਾ—ਜ਼ਿੰਦਗੀ ਵਿਚ ਬੜਾ ਆਨੰਦ ਆਉਂਦਾ ਹੈ, ਜਦੋਂ ਅਸੀਂ ਹੋਰਨਾਂ ਲਈ ਕੰਮ ਕਰਨ ਦੇ ਟੀਚੇ ਮਿੱਥਦੇ ਹਾਂ। ਮੇਰੇ ਕੋਲ ਅਜੇ ਵੀ ਸਮਾਂ ਨਹੀਂ ਬਚਦਾ। ਮੈਂ ਨਿਰੰਤਰ ਮਸਰੂਫ ਰਹਿੰਦਾ ਹਾਂ। ਇਹ ਵਧੀਆ ਹੈ ਕਿ ਸਿਆਸਤ ਤੋਂ ਪਾਸੇ ਜਾ ਕੇ ਕੰਮ ਕਰਨ ਦਾ ਮੌਕਾ ਮਿਲ ਰਿਹਾ ਹੈ।

ਚੌਹਾਨ ਨੇ ਅੱਗੇ ਕਿਹਾ—ਮੋਦੀ ਜੀ ਵਰਗੇ ਆਗੂ ਹਨ, ਜਿਹੜੇ ਦੇਸ਼ ਲਈ ਜਿਊਂਦੇ ਹਨ, ਪਰ ਬਹੁਤ ਸਾਰੇ ਅਜਿਹੇ ਵੀ ਹਨ, ਜਿਹੜੇ ਰੰਗ ਦੇਖਦੇ ਹਨ। ਜੇ ਤੁਸੀਂ ਮੁੱਖ ਮੰਤਰੀ ਹੋ ਤਾਂ ਅਜਿਹੇ ਲੋਕ ਕਹਿੰਦੇ ਹਨ ਕਿ ਤੁਹਾਡੇ ਪੈਰ ਤੇ ਹੱਥ ਕਮਲ ਵਰਗੇ ਹਨ, ਪਰ ਜਦੋਂ ਕੋਈ ਮੁੱਖ ਮੰਤਰੀ ਦੇ ਅਹੁਦੇ 'ਤੇ ਨਹੀਂ ਰਹਿੰਦਾ ਤਾਂ ਹੋਰਡਿੰਗਾਂ ਤੋਂ ਉਸ ਦੀਆਂ ਤਸਵੀਰਾਂ ਇੰਜ ਗਾਇਬ ਹੋ ਜਾਂਦੀਆਂ ਹਨ, ਜਿਵੇਂ ਖੋਤੇ ਦੇ ਸਿਰ ਤੋਂ ਸਿੰਙ ਗਾਇਬ ਹੋ ਜਾਂਦੇ ਹਨ। 64 ਸਾਲਾ ਚੌਹਾਨ ਨੂੰ ਪਿਛਲੇ ਮਹੀਨੇ ਮੋਹਨ ਯਾਦਵ ਲਈ ਮੁੱਖ ਮੰਤਰੀ ਦੀ ਕੁਰਸੀ ਛੱਡਣੀ ਪਈ ਸੀ। ਇਹ ਤਬਦੀਲੀ ਭਾਜਪਾ ਵੱਲੋਂ 163 ਸੀਟਾਂ ਜਿੱਤਣ ਦੀ ਵੱਡੀ ਪ੍ਰਾਪਤੀ ਤੋਂ ਬਾਅਦ ਹੋਈ ਸੀ। ਕਾਂਗਰਸ ਨੂੰ ਸਿਰਫ 66 ਸੀਟਾਂ ਮਿਲੀਆਂ ਸਨ। ਚਾਰ ਵਾਰ ਮੁੱਖ ਮੰਤਰੀ ਰਹੇ ਚੌਹਾਨ ਨੇ ਮੁੱਖ ਮੰਤਰੀ ਦਾ ਅਹੁਦਾ ਗੁਆਉਣ ਤੋਂ ਬਾਅਦ ਪਹਿਲੀ ਵਾਰ ਅਜਿਹੀਆਂ ਟਿੱਪਣੀਆਂ ਨਹੀਂ ਕੀਤੀਆਂ, ਪਿਛਲੇ ਦਿਨੀਂ ਵੀ ਉਨ੍ਹਾ ਕਿਹਾ ਸੀ ਕਿ ਕਈ ਵਾਰ ਰਾਜਤਿਲਕ ਹੋਣ ਤੋਂ ਬਾਅਦ ਬਨਵਾਸ ਹੋ ਜਾਂਦਾ ਹੈ।

## ਅੱਜ-ਨਾਮਾ

ਪੁਆੜਾ ਵਧਿਆ ਹੈ ਜਾਪਦਾ ਕਾਂਗਰਸ ਦਾ,
ਹਰ ਕੋਈ ਕਹੇ ਪਿਆ ਵੱਖਰੀ ਗੱਲ ਬੇਲੀ।
ਕਰੀ ਕੁਝ ਸਿੱਧੂ ਦਾ ਲੀਡਰ ਵਿਰੋਧ ਜਾਂਦੇ,
ਬਾਕੀ ਕੁਝ ਖੜ੍ਹੇ ਆ ਸਿੱਧੂ ਦੇ ਵੱਲ ਬੇਲੀ।
ਖਿਝੇ ਕੁਝ ਆਗੂ ਤਾਂ ਸਾਫ ਨੇ ਮੰਗ ਕਰਦੇ,
ਕੱਢ ਕੇ ਬਾਹਰ ਤੇ ਪੱਕਾ ਕਰੋ ਹੱਲ ਬੇਲੀ।
ਭਾਰੀ ਮੁਸ਼ਕਲ ਤਾਂ ਇੱਕੋ ਆ ਪਾਰਟੀ ਦੀ,
ਬੰਨ੍ਹੇ ਕੌਣ ਜਾ ਕੇ ਬਿੱਲੀ ਗਲ਼ ਟੱਲ ਬੇਲੀ।
ਬਰੇਕਾਂ ਬਗੈਰ ਪਿਆ ਦੌੜੇ ਨਵਜੋਤ ਸਿੱਧੂ,
ਲਾਹੁੰਦਾ ਰਹਿੰਦਾ ਹੈ ਵਾਲ਼ ਦੀ ਖੱਲ ਬੇਲੀ।
ਇੱਕੋ ਲੀਡਰ ਨਹੀਂ ਜਿਨ੍ਹਾਂ ਤੋਂ ਸਾਂਭ ਹੁੰਦਾ,
ਕਿਹੜੀ ਮਾਰਨਗੇ ਭਲਾ ਫਿਰ ਮੱਲ ਬੇਲੀ।

-ਤੀਸ ਮਾਰ ਖਾਂ

# ਮੌਲਾਨਾ ਅਬੁਲ ਕਲਾਮ ਆਜ਼ਾਦ ਟਰਾਫੀ ਜੀ ਐੱਨ ਡੀ ਯੂ ਨੇ ਜਿੱਤੀ



**ਨਵੀਂ ਦਿੱਲੀ** : ਭਾਰਤ ਦੇ ਸਰਬੋਤਮ ਪ੍ਰਦਰਸ਼ਨ ਕਰਨ ਵਾਲੇ ਖਿਡਾਰੀਆਂ ਨੂੰ ਮੰਗਲਵਾਰ ਰਾਸ਼ਟਰਪਤੀ ਦਰੋਪਦੀ ਮੁਰਮੂ ਨੇ ਸ਼ਾਨਦਾਰ ਸਮਾਰੋਹ 'ਚ ਕੌਮੀ ਖੇਡ ਪੁਰਸਕਾਰਾਂ ਨਾਲ ਸਨਮਾਨਤ ਕੀਤਾ। ਸਮਾਗਮ ਦੌਰਾਨ ਜਿੱਥੇ ਅਰਜੁਨ ਪੁਰਸਕਾਰ ਲੈਣ ਵਾਲੇ ਕ੍ਰਿਕਟਰ ਮੁਹੰਮਦ ਸ਼ਮੀ ਰਾਸ਼ਟਰਪਤੀ ਭਵਨ 'ਚ ਤਾੜੀਆਂ ਦੀ ਗੂੰਜ 'ਚ ਪਹੁੰਚੇ, ਉਥੇ ਬੈਡਮਿੰਟਨ ਖਿਡਾਰੀ ਚਿਰਾਗ ਸ਼ੈਟੀ ਅਤੇ ਸਾਤਵਿਕਸਾਈਰਾਜ ਰੈਂਕੀਰੈੱਡੀ ਨੂੰ 2023 'ਚ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਵੱਕਾਰੀ ਮੇਜਰ ਧਿਆਨ ਚੰਦ ਖੇਲ ਰਤਨ ਪੁਰਸਕਾਰ ਦਿੱਤਾ ਗਿਆ। ਹਾਕੀ ਦੇ ਮਹਾਨ ਖਿਡਾਰੀ ਮੇਜਰ ਧਿਆਨ ਚੰਦ ਦੀ ਜਯੰਤੀ 'ਤੇ ਆਮ ਤੌਰ 'ਤੇ 29 ਅਗਸਤ ਨੂੰ ਹੋਣ ਵਾਲੇ ਖੇਡ ਪੁਰਸਕਾਰ ਸਮਾਰੋਹ ਨੂੰ ਪਿਛਲੇ ਸਾਲ 23 ਸਤੰਬਰ ਤੋਂ 8 ਅਕਤੂਬਰ ਤੱਕ ਹੋਈਆਂ ਹਾਂਗਜ਼ੂ ਏਸ਼ੀਆਈ ਖੇਡਾਂ ਕਾਰਨ ਮੁਲਤਵੀ ਕਰ ਦਿੱਤਾ ਗਿਆ ਸੀ।

ਰਾਸ਼ਟਰਪਤੀ ਭਵਨ 'ਚ 26 ਖਿਡਾਰੀਆਂ ਅਤੇ ਪੈਰਾ-ਐਥਲੀਟਾਂ ਨੂੰ ਅਰਜੁਨ ਪੁਰਸਕਾਰ ਨਾਲ ਸਨਮਾਨਤ ਕੀਤਾ ਗਿਆ। ਅਰਜੁਨ ਐਵਾਰਡ : ਓਜਸ ਪ੍ਰਵੀਨ ਦਿਓਤਲੇ (ਤੀਰਅੰਦਾਜ਼ੀ), ਅਦਿਤੀ ਗੋਪੀਚੰਦ ਸਵਾਮੀ (ਤੀਰਅੰਦਾਜ਼ੀ), ਮੁਰਲੀ ਸ੍ਰੀਸ਼ੰਕਰ (ਐਥਲੈਟਿਕਸ), ਪਾਰੁਲ ਚੌਧਰੀ (ਐਥਲੈਟਿਕਸ), ਮੁਹੰਮਦ ਹੁਸਾਮੁਦੀਨ (ਬਾਕਸਿੰਗ), ਆਰ ਵੈਸ਼ਾਲੀ (ਸ਼ਤਰੰਜ), ਮੁਹੰਮਦ ਸ਼ਮੀ (ਕ੍ਰਿਕਟ), ਅਨੁਸ਼ ਅਗਰਵਾਲ ( ਘੋੜਸਵਾਰੀ), ਦਿਵਯਕ੍ਰਿਤੀ ਸਿੰਘ (ਘੋੜ-ਸਵਾਰੀ), ਦੀਕਸ਼ਾ ਡਾਗਰ (ਗੋਲਫ), ਕ੍ਰਿਸ਼ਨਾ ਬਹਾਦਰ ਪਾਠਕ (ਹਾਕੀ), ਸੁਸ਼ੀਲਾ ਚਾਨੂ (ਹਾਕੀ), ਪਵਨ ਕੁਮਾਰ (ਕਬੱਡੀ), ਰਿਤੂ ਨੇਗੀ (ਕਬੱਡੀ), ਨਸਰੀਨ (ਖੋ-ਖੋ), ਪਿੰਕੀ (ਲਾਅਨ ਬਾਲ), ਐਸ਼ਵਰਿਆ ਪ੍ਰਤਾਪ ਸਿੰਘ ਤੋਮਰ (ਸ਼ੂਟਿੰਗ), ਈਸ਼ਾ ਸਿੰਘ (ਸ਼ੂਟਿੰਗ), ਹਰਿੰਦਰਪਾਲ ਸਿੰਘ ਸੰਧੂ (ਸਕੁਐਸ਼), ਅਯਹਿਕਾ ਮੁਖਰਜੀ (ਟੇਬਲ ਟੈਨਿਸ), ਸੁਨੀਲ ਕੁਮਾਰ (ਕੁਸ਼ਤੀ), ਅੰਤਿਮ ਪੰਘਾਲ (ਕੁਸ਼ਤੀ), ਨੌਰੇਮ ਰੋਸੀਬੀਨਾ ਦੇਵੀ (ਵੁਸ਼ੂ), ਸੀਤਲ ਦੇਵੀ (ਪੈਰਾ ਤੀਰਅੰਦਾਜ਼ੀ), ਇਲੂਰੀ ਅਜੇ ਕੁਮਾਰ ਰੈੱਡੀ (ਨੇਤਰਹੀਣ ਕ੍ਰਿਕਟ), ਪ੍ਰਾਚੀ ਯਾਦਵ (ਪੈਰਾ ਕੈਨੋਇੰਗ)। ਕੋਚਾਂ ਲਈ ਦਰੋਣਾਚਾਰੀਆ ਪੁਰਸਕਾਰ : ਲਲਿਤ ਕੁਮਾਰ (ਕੁਸ਼ਤੀ), ਆਰ ਬੀ ਰਮੇਸ਼ (ਸ਼ਤਰੰਜ), ਮਹਾਵੀਰ ਪ੍ਰਸਾਦ ਸੈਣੀ (ਪੈਰਾ ਐਥਲੈਟਿਕਸ), ਸ਼ਿਵੇਂਦਰ ਸਿੰਘ (ਹਾਕੀ), ਗਣੇਸ਼ ਪ੍ਰਭਾਕਰ ਦੇਵਰੁਖਕਰ (ਮੱਲਖੰਬ)। ਦਰੋਣਾਚਾਰੀਆ ਐਵਾਰਡ (ਜੀਵਨ ਭਰ ਪ੍ਰਾਪਤੀਆਂ) : ਜਸਕੀਰਤ ਸਿੰਘ ਗਰੇਵਾਲ (ਗੋਲਫ), ਭਾਸਕਰਨ ਈ (ਕਬੱਡੀ), ਜਯੰਤ ਕੁਮਾਰ ਪੁਸੀਲਾਲ (ਟੇਬਲ ਟੈਨਿਸ)। ਜੀਵਨ ਭਰ ਪ੍ਰਾਪਤੀਆਂ ਲਈ ਧਿਆਨ ਚੰਦ ਪੁਰਸਕਾਰ : ਮੰਜੂਸ਼ਾ ਕੰਵਰ (ਬੈਡਮਿੰਟਨ), ਵਿਨੀਤ ਕੁਮਾਰ ਸ਼ਰਮਾ (ਹਾਕੀ), ਕਵਿਤਾ ਸੇਲਵਰਾਜ (ਕਬੱਡੀ)। ਮੌਲਾਨਾ ਅਬੁਲ ਕਲਾਮ ਆਜ਼ਾਦ (ਮਾਕਾ) ਟਰਾਫੀ 2023: ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਪੰਜਾਬ (ਪਹਿਲੀ ਰਨਰਜ਼ ਅੱਪ) ਤੇ ਕੁਰੂਕਸ਼ੇਤਰ ਯੂਨੀਵਰਸਿਟੀ, ਕੁਰੂਕਸ਼ੇਤਰ (ਦੂਜੀ ਰਨਰਜ਼ ਅੱਪ)।

ੴ ਸਤਿਗੁਰ ਪ੍ਰਸਾਦਿ ॥
ਰਾਣਾ ਰਾਉ ਨ ਕੋ ਰਹੈ ਰੰਗੁ ਨ ਤੁੰਗੁ ਫਕੀਰੁ ॥ ਵਾਰੀ ਆਪੋ ਆਪਣੀ ਕੋਈ ਨ ਬੰਧੈ ਧੀਰ ॥

ਪਾਠ ਦੇ ਭੋਗ ਤੇ ਅੰਤਿਮ ਅਰਦਾਸ

ਆਪ ਜੀ ਨੂੰ ਬੜੇ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਬੇਟਾ

ਅਮਨਪਾਲ ਸਿੰਘ (ਗੋਪੀ)

ਸਪੁੱਤਰ ਬਾਬਾ ਨਿਸ਼ਾਨ ਸਿੰਘ ਜੀ ਮਸ਼ਰਾਲਾ ਆਪਣੀ ਸੰਸਾਰਕ ਯਾਤਰਾ ਪੂਰੀ ਕਰਦੇ ਹੋਏ ਪਿਛਲੇ ਦਿਨੀਂ ਕੈਨੇਡਾ ਵਿਖੇ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਨ। ਉਨ੍ਹਾ ਦੀ ਅੰਤਿਮ ਅਰਦਾਸ ਮਿਤੀ 12/01/2024 ਸਮਾਂ 11 ਤੋਂ 1 ਵਜੇ ਗੁਰਦੁਆਰਾ ਤਪ ਅਸਥਾਨ ਬ੍ਰਹਮ ਗਿਆਨੀ ਬਾਬਾ ਗਰੀਬ ਦਾਸ ਜੀ (ਮਸ਼ਰਾਲਾ) ਵਿਖੇ ਹੋਵੇਗੀ। ਸਮੂਹ ਸਾਧ ਸੰਗਤ ਜੀ ਦਰਸ਼ਨ ਦੇਣ ਦੀ ਕ੍ਰਿਪਾਲਤਾ ਕਰਨੀ ਜੀ।



ਵਾਹਿਗੁਰੂ ਜੀ ਦੇ ਭਾਣੇ ਵਿੱਚ

ਬਾਬਾ ਗੁਰਸੇਵਕ ਸਿੰਘ ਜੀ ਗੱਦੀ ਨਸ਼ੀਨ ਤਪ ਅਸਥਾਨ
ਧੰਨ ਧੰਨ ਬ੍ਰਹਮ ਗਿਆਨੀ ਬਾਬਾ ਗਰੀਬ ਦਾਸ ਜੀ ਪਿੰਡ ਮਸ਼ਰਾਲਾ
ਮੋਬਾਇਲ : 88721-50104, 75892-80104

ਨੋਟ : ਵੱਖਰੇ ਕਾਰਡ ਨਹੀਂ ਭੇਜੇ ਜਾ ਰਹੇ

CMYK

10-JAN-PAGE-1.qxd 1/9/2024 10:39 PM Page 2



## ਡਾਇਰੈਕਟਰ ਸਿਹਤ ਵਿਭਾਗ ਵੱਲੋਂ ਜ਼ਿਲ੍ਹਾ ਹਸਪਤਾਲ ਦਾ ਅਚਨਚੇਤ ਦੌਰਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਪਰਮਜੀਤ ਸਿੰਘ)**-ਡਾਇਰੈਕਟਰ ਸਿਹਤ ਵਿਭਾਗ ਪੰਜਾਬ ਡਾ. ਆਦਰਸ਼ਪਾਲ ਕੌਰ ਨੇ ਜ਼ਿਲ੍ਹਾ ਹਸਪਤਾਲ ਦਾ ਅਚਨਚੇਤ ਦੌਰਾ ਕੀਤਾ, ਜਿਸ ਦੌਰਾਨ ਉਨ੍ਹਾਂ ਵੱਲੋਂ ਜ਼ਿਲ੍ਹਾ ਹਸਪਤਾਲ ਵੱਲੋਂ ਦਿੱਤੀਆਂ ਜਾ ਰਹੀਆਂ ਸਿਹਤ ਸੇਵਾਵਾਂ ਤੇ ਸਹੂਲਤਾਂ ਦਾ ਜਾਇਜ਼ਾ ਲਿਆ। ਉਨ੍ਹਾਂ ਵੱਲੋਂ ਐਮਰਜੈਂਸੀ ਵਿਭਾਗ ਅਤੇ ਵੱਖ-ਵੱਖ ਵਾਰਡਾਂ ਦਾ ਜਾਇਜ਼ਾ ਲਿਆ ਗਿਆ ਤੇ ਹਸਪਤਾਲ ਵਿਚ ਦਾਖਲ ਮਰੀਜ਼ਾਂ ਦਾ ਹਾਲ ਚਾਲ ਜਾਣਿਆ। ਉਨ੍ਹਾਂ ਸਿਵਲ ਹਸਪਤਾਲ ਵੱਲੋਂ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਸਿਹਤ ਸੇਵਾਵਾਂ 'ਤੇ ਤਸੱਲੀ ਪ੍ਰਗਟ ਕੀਤੀ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਹਸਪਤਾਲ ਵਿੱਚ ਮਾਹਿਰ ਡਾਕਟਰਾਂ ਤੇ ਸਟਾਫ਼ ਦੀ ਘਾਟ ਹੋਣ ਦੇ ਬਾਵਜੂਦ ਲੋਕਾਂ ਨੂੰ ਵਧੀਆ ਸਿਹਤ ਸਹੂਲਤਾਂ ਉਪਲਬਧ ਕਰਾਈਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਹਸਪਤਾਲ ਵਿਚ ਆਯੁਸ਼ਮਾਨ ਭਾਰਤ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਅਧੀਨ ਹਰ ਤਰ੍ਹਾਂ ਦਾ ਮੁਫ਼ਤ ਇਲਾਜ ਕੀਤਾ ਜਾ ਰਿਹਾ ਹੈ। ਉਨ੍ਹਾਂ ਲੋਕਾਂ ਨੂੰ ਪੰਜਾਬ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਮੁਫ਼ਤ ਸਿਹਤ ਸੇਵਾਵਾਂ ਦੇ ਵੱਧ ਤੋਂ ਵੱਧ ਲਾਭ ਲੈਣ ਲਈ ਅਪੀਲ ਕੀਤੀ। ਉਨ੍ਹਾਂ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜ਼ਿਲ੍ਹਾ ਹਸਪਤਾਲ ਵਿੱਚ ਆਉਣ ਵਾਲੇ ਲੋਕਾਂ ਨੂੰ ਹੋਰ ਬਿਹਤਰ ਸਿਹਤ ਸਹੂਲਤਾਂ ਦੇਣ ਲਈ ਯੋਗ ਉਪਰਾਲੇ ਕੀਤੇ ਜਾਣ।

## ਕਿਸਾਨਾਂ ਨਾਲ ਧੱਕੇਸ਼ਾਹੀ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ : ਗੁਰਚਰਨ ਭੀਖੀ

### ਕਿਸਾਨਾਂ ਦਾ ਪੱਕਾ ਮੋਰਚਾ 15ਵੇਂ ਦਿਨ ਵੀ ਜਾਰੀ ਰਿਹਾ



**ਭੀਖੀ (ਧਰਮਵੀਰ ਸ਼ਰਮਾ)**-ਪੀ ਐੱਸ ਪੀ ਸੀ ਐੱਲ ਵੱਲੋਂ ਕਾਰਪੋਰੇਟ ਘਰਾਣਿਆਂ ਨੂੰ ਫਾਇਦਾ ਪਹੁੰਚਾਉਣ ਲਈ ਕੱਢੀ ਜਾ ਰਹੀ ਨਵੀਂ ਲਾਇਨ ਦੇ ਵਿਰੋਧ ਵਿੱਚ ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਵੱਲੋਂ ਲਾਇਆ ਗਿਆ ਦਿਨ-ਰਾਤ ਦਾ ਪੱਕਾ ਮੋਰਚਾ 15ਵੇਂ ਦਿਨ ਵੀ ਜਾਰੀ ਰਿਹਾ। ਇਸ ਮੌਕੇ ਲੱਗੇ ਧਰਨੇ ਨੂੰ ਸੰਬੋਧਨ ਕਰਦਿਆਂ ਯੂਨੀਅਨ ਦੇ ਸੂਬਾ ਆਗੂ ਗੁਰਚਰਨ ਸਿੰਘ ਭੀਖੀ ਨੇ ਕਿਹਾ ਕਿ ਪੀ ਐੱਸ ਪੀ ਸੀ ਐੱਲ ਵਿਭਾਗ ਕਾਰਪੋਰੇਟ ਘਰਾਣਿਆਂ ਨੂੰ ਫਾਇਦਾ ਪਹੁੰਚਾਉਣ ਲਈ ਇਹ ਨਵੀਂ ਲਾਇਨ ਕੱਢ ਰਿਹਾ ਹੈ, ਜਦੋਂਕਿ ਇਸ ਲਾਇਨ ਦੀ ਫਿਲਹਾਲ ਕੋਈ ਲੋੜ ਨਹੀਂ। ਉਨ੍ਹਾ ਦੱਸਿਆ ਕਿ ਵਿਭਾਗ ਵੱਲੋਂ ਕਿਸਾਨਾਂ ਨੂੰ ਬਿਨਾਂ ਦੱਸੇ ਉਸ ਦੀ ਬੀਜੀ ਕਣਕ ਦੀ ਫਸਲ ਨੂੰ ਖਰਾਬ ਕਰਕੇ ਆਪਣੀ ਲਾਇਨ ਕੱਢਣ ਨੂੰ ਤਰਜੀਹ ਦੇ ਰਿਹਾ ਹੈ। ਉਨ੍ਹਾ ਕਿਹਾ ਕਿ ਵਿਭਾਗ ਦੀ ਕਿਸਾਨਾਂ ਪ੍ਰਤੀ ਧੱਕੇਸ਼ਾਹੀ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾ ਦੱਸਿਆ ਕਿ ਇਸ ਸਬੰਧੀ ਮਾਣਯੋਗ ਅਦਾਲਤ ਵਿੱਚ ਕੇਸ ਚੱਲ ਰਿਹਾ ਹੈ ਤੇ ਵਿਭਾਗ ਨੇ ਉਸ ਦੀ ਵੀ ਪ੍ਰਵਾਹ ਨਹੀਂ ਕੀਤੀ। ਉਨ੍ਹਾਂ ਕਿਹਾ ਕਿ ਵਿਭਾਗ ਦੀ ਇਸ ਧੱਕੇਸ਼ਾਹੀ ਖਿਲਾਫ ਸੰਘਰਸ਼ ਜਾਰੀ ਰਹੇਗਾ। ਇਸ ਮੌਕੇ ਉਨ੍ਹਾਂ ਪੰਜਾਬ ਸਰਕਾਰ ਵਿਰੁੱਧ ਨਾਅਰੇਬਾਜ਼ੀ ਵੀ ਕੀਤੀ। ਇਸ ਮੌਕੇ ਜੁਗਰਾਜ ਸਿੰਘ ਹੀਰੋਂ ਕਲਾਂ, ਨਾਇਬ ਸਿੰਘ ਪ੍ਰਧਾਨ, ਜਗਦੇਵ ਸਿੰਘ ਭੈਣੀਬਾਘਾ, ਜਗਜੀਤ ਸਿੰਘ ਢੈਪਈ, ਗੁਰਤੇਜ ਸਿੰਘ ਭੂਸ਼ਣ, ਹਰਿੰਦਰ ਸਿੰਘ ਟੌਨੀ ਤੇ ਸੁਖਦੇਵ ਸਿੰਘ ਕੋਟਲੀ ਹਾਜ਼ਰ ਸਨ।

## ਠੰਢ ਦੇ ਮੌਸਮ 'ਚ ਬਿਮਾਰੀਆਂ ਤੋਂ ਬਚਾਅ ਲਈ ਪ੍ਰਹੇਜ਼ ਦੀ ਲੋੜ : ਡਾ. ਝੰਮਟ



**ਮੋਗਾ (ਅਮਰਜੀਤ ਬੱਬਰੀ)**-ਕੜਾਕੇ ਦੀ ਪੈ ਰਹੀ ਠੰਢ ਨੂੰ ਮੁੱਖ ਰੱਖਦੇ ਹੋਏ ਇਸ ਮੌਸਮ 'ਚ ਬਿਮਾਰੀਆਂ ਤੋਂ ਬਚਾਅ ਲਈ ਸਿਵਲ ਸਰਜਨ ਡਾ. ਰਾਜੇਸ਼ ਅੱਤਰੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸੀਨੀਅਰ ਮੈਡੀਕਲ ਅਫਸਰ ਡਾ. ਸੁਰਿੰਦਰ ਸਿੰਘ ਝੰਮਟ ਇੰਚਾਰਜ ਸੀ ਐੱਚ ਸੀ ਢੁੱਡੀਕੇ ਨੇ ਪੈ ਰਹੀ ਕੜਾਕੇ ਦੀ ਠੰਢ ਅਤੇ ਸੀਤ ਲਹਿਰ 'ਚ ਆਪਣਾ ਬਚਾਅ ਰੱਖਣ ਲਈ ਸੁਝਾਅ ਦਿੰਦੇ ਹੋਏ ਕਿਹਾ ਕਿ ਇਸ ਸਮੇਂ ਸਰਦੀ ਦੇ ਨਾਲ-ਨਾਲ ਸੀਤ ਲਹਿਰ ਵੀ ਜ਼ੋਰਾਂ 'ਤੇ ਚੱਲ ਰਹੀ ਹੈ। ਇਸ ਵਿਚ ਜ਼ਿਆਦਾਤਰ ਬਜ਼ੁਰਗ ਅਤੇ ਛੋਟੇ ਬੱਚੇ ਜ਼ਿਆਦਾ ਪ੍ਰਭਾਵਿਤ ਹੁੰਦੇ ਹਨ।ਉਨ੍ਹਾਂ ਨੂੰ ਸਰਦੀ ਲੱਗਣ ਨਾਲ ਕਈ ਤਰ੍ਹਾਂ ਦੀਆਂ ਬਿਮਾਰੀਆਂ ਹੋ ਸਕਦੀਆਂ ਹਨ। ਇਸ ਲਈ ਬਜ਼ੁਰਗ ਅਤੇ ਦਿਲ ਦੇ ਰੋਗਾਂ ਦੇ ਮਰੀਜ਼ ਸਵੇਰ ਅਤੇ ਸ਼ਾਮ ਦੇ ਸਮੇਂ ਜ਼ਿਅਦਾ ਠੰਢ ਅਤੇ ਧੁੰਦ ਹੋਣ 'ਤੇ ਸੈਰ ਕਰਨ ਜਾਂ ਘਰੋਂ ਬਾਹਰ ਜਾਣ ਤੋਂ ਗੁਰੇਜ਼ ਕਰਨ। ਛੋਟੇ ਬੱਚਿਆਂ ਨੂੰ ਇਸ ਮੌਸਮ ਵਿਚ ਨਮੋਨੀਆ ਹੋਣ ਦਾ ਖ਼ਤਰਾ ਜ਼ਿਆਦਾ ਰਹਿੰਦਾ ਹੈ ਅਤੇ ਠੰਢ ਲੱਗਣ ਨਾਲ ਬੱਚਿਆਂ ਨੂੰ ਉਲਟੀ, ਦਸਤ ਵੀ ਲੱਗ ਸਕਦੇ ਹਨ।ਇਸ ਲਈ ਬੱਚਿਆਂ ਦੀ ਸੰਭਾਲ ਵੱਲ ਖਾਸ ਧਿਆਨ ਦਿੰਦੇ ਹੋਏ ਸਰਦੀ ਤੋਂ ਬਚਾਅ ਲਈ ਬੱਚਿਆਂ ਨੂੰ ਪੂਰੀ ਤਰ੍ਹਾਂ ਸਰੀਰ ਢਕਣ ਵਾਲੇ ਗਰਮ ਕੱਪੜੇ ਪਾਉਣ ਦੇ ਨਾਲ ਸਿਰ 'ਤੇ ਟੋਪੀ ਅਤੇ ਪੈਰਾਂ 'ਚ ਜੁਰਾਬਾਂ ਜ਼ਰੂਰ ਪਾਈਆਂ ਜਾਣ। ਇਸ ਮੌਕੇ ਹੈਲਥ ਸੁਪਰਵਾਈਜ਼ਰ ਕੁਲਬੀਰ ਸਿੰਘ ਢਿੱਲੋਂ ਨੇ ਕਿਹਾ ਕਿ ਸਰਦੀ 'ਚ ਘਰਾਂ 'ਚ ਅੰਗੀਠੀ ਬਾਲ ਕੇ ਕਦੇ ਵੀ ਅੱਗ ਨਹੀਂ ਸੇਕਣੀ ਚਾਹੀਦੀ ਕਿਉਂਕਿ ਅੱਗ ਬਾਲਣ ਨਾਲ ਕਾਰਬਨ ਮੋਨੋਆਕਸਾਈਡ ਗੈਸ ਬਣਦੀ ਹੈ ਅਤੇ ਕਮਰੇ ਵਿਚ ਆਕਸੀਜਨ ਦੀ ਕਮੀ ਹੋ ਜਾਂਦੀ ਹੈ, ਜੋ ਕਿ ਸਾਡੇ ਲਈ ਜਾਨਲੇਵਾ ਵੀ ਸਾਬਤ ਹੋ ਸਕਦੀ ਹੈ।

## ਖਾਲੀ ਪਏ ਪਲਾਟ ਸ਼ਹਿਰ ਵਾਸੀਆਂ ਲਈ ਬਣੇ ਸਿਰਦਰਦੀ



**ਮਲੋਟ (ਗੁਰਮੀਤ ਸਿੰਘ ਮੱਕੜ)**

ਸ਼ਹਿਰ ਦੇ ਰਿਹਾਇਸ਼ੀ ਇਲਾਕਿਆਂ ਵਿੱਚ ਬੇਅਬਾਦ ਖਾਲੀ ਪਏ ਪਲਾਂਟ ਜਿੱਥੇ ਸ਼ਹਿਰ ਵਾਸੀਆਂ ਲਈ ਅਸੁੱਰਖਿਅਤ ਬਣੇ ਹੋਏ ਹਨ, ਉਥੇ ਲੋਕਾਂ ਵੱਲੋਂ ਕੂੜਾ ਕਰਕਟ ਸੁੱਟੇ ਜਾਣ 'ਤੇ ਕਈ ਬਿਮਾਰੀਆਂ ਨੂੰ ਜਨਮ ਦੇ ਰਹੇ ਹਨ, ਜਿਸ ਦੀ ਮਿਸਾਲ ਬਿਰਲਾ ਰੋਡ ਤੇ ਮੱਕੜ ਕਲੋਨੀ ਵਿਚਕਾਰ ਪਏ ਬੇਅਬਾਦ ਖਾਲੀ ਪਲਾਂਟ ਦੀ ਚਾਰਦੀਵਾਰੀ ਲਈ ਸਥਾਨਕ ਕਲੋਨੀ ਵਾਸੀਆਂ ਨੇ ਥਾਣਾ ਸਿਟੀ ਦੇ ਮੁਖੀ ਅਤੇ ਨਗਰ ਕੌਂਸਲ ਦੇ ਕਾਰਜਸਾਧਕ ਅਫ਼ਸਰ ਕੋਲ ਗੁਹਾਰ ਲਾਈ ਹੈ ਕਿ ਇਸ ਪਲਾਂਟ ਦੇ ਮਾਲਕ ਨੂੰ ਚਾਰਦੀਵਾਰੀ ਲਈ ਵਾਰ-ਵਾਰ ਕਹਿਣ 'ਤੇ ਵੀ ਪਲਾਟ ਮਾਲਕ ਨੇ ਇਸ ਨੂੰ ਅਣਗੌਲਿਆ ਕੀਤਾ ਗਿਆ ਹੈ। ਇਹ ਪਲਾਂਟ ਗੈਰ ਸਮਾਜਿਕ ਤੱਤਾਂ ਦਾ ਅੱਡਾ ਬਣ ਚੁੱਕਿਆ ਹੈ ਤੇ ਰਿਹਾਇਸ਼ੀ ਇਲਾਕਿਆਂ ਲਈ ਅਸੁੱਰਖਿਅਤ ਹੈ। ਨਗਰ ਕੌਂਸਲ ਦੇ ਕਾਰਜਸਾਧਕ ਅਫ਼ਸਰ ਜਗਸੀਰ ਸਿੰਘ ਧਾਲੀਵਾਲ ਦੇ ਧਿਆਨ ਵਿੱਚ ਇਹ ਮਾਮਲਾ ਲਿਆਂਦਾ ਤਾਂ ਉਨ੍ਹਾਂ ਕਿਹਾ ਕਿ ਸ਼ਹਿਰ ਵਿਚ ਪਏ ਬੇਆਬਾਦ ਖਾਲੀ ਪਲਾਂਟ ਸ਼ਹਿਰ ਵਾਸੀਆਂ ਲਈ ਸਿਰਦਰਦੀ ਬਣੇ ਹੋਏ ਹਨ। ਇਸ ਸਬੰਧੀ ਜਲਦੀ ਹੀ ਨਗਰ ਕੌਂਸਲ ਵਿਚ ਮਤਾ ਲਿਆ ਕੇ ਕਾਰਵਾਈ ਨੂੰ ਅੰਜਾਮ ਦਿੱਤਾ ਜਾਵੇਗਾ। ਭਾਰੀ ਜ਼ੁਰਮਾਨੇ ਕਰਨ ਦੇ ਬਾਵਜੂਦ ਵੀ ਜੇਕਰ ਪਲਾਂਟ ਮਾਲਕ ਇਸ ਦੀ ਸਾਂਭ-ਸੰਭਾਲ ਨਹੀਂ ਕਰਦੇ ਤਾਂ ਇਸ ਨੂੰ ਕਮੇਟੀ ਆਪਣੇ ਕਬਜ਼ੇ ਵਿਚ ਲੈ ਸਕਦੀ ਹੈ। ਕਲੋਨੀ ਵਾਸੀਆਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਸਥਾਨਕ ਸਰਕਾਰਾਂ ਮੰਤਰੀ ਬਲਕਾਰ ਸਿੰਘ ਤੋਂ ਮੰਗ ਕੀਤੀ ਕਿ ਉਹ ਨਗਰ ਕੌਂਸਲ ਨੂੰ ਇਨ੍ਹਾਂ ਪਲਾਟਾਂ 'ਤੇ ਕਾਰਵਾਈ ਕਰਨ ਦੇ ਤੁਰੰਤ ਆਦੇਸ਼ ਦੇਣ ਤਾਂ ਜੁ ਸ਼ਹਿਰ ਵਾਸੀਆਂ ਨੂੰ ਇਸ ਸਮੱਸਿਆ ਤੋਂ ਨਿਜ਼ਾਤ ਮਿਲ ਸਕੇ।

## ਭਾਰਤ ਵਿਕਾਸ ਪ੍ਰੀਸ਼ਦ ਨੇ ਠੰਢ ਤੋਂ ਬਚਾਅ ਲਈ ਸਮਗਰੀ ਵੰਡੀ



**ਬੁਢਲਾਡਾ (ਅਸ਼ੋਕ ਲਾਕੜਾ)**-ਠੰਡੇ ਦੇ ਕਹਿਰ ਨੂੰ ਮੱਦੇਨਜ਼ਰ ਰੱਖਦਿਆਂ ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਲੋੜਵੰਦ ਲੋਕਾਂ ਨੂੰ ਖਾਸ ਤੌਰ 'ਤੇ ਬੱਸ ਸਟੈਂਡ, ਰੇਲਵੇ ਸਟੇਸ਼ਨ ਨਜਦੀਕ ਜਨਤਕ ਥਾਵਾਂ 'ਤੇ ਘੁੰਮ ਰਹੇ ਲੋਕਾਂ ਨੂੰ ਕੰਬਲ, ਟੋਪੀਆਂ, ਜੁਰਾਬਾਂ ਤੇ ਸ਼ਾਲਾ ਵੰਡੀਆਂ ਗਈਆਂ। ਪ੍ਰੀਸ਼ਦ ਦੇ ਪ੍ਰਧਾਨ ਅਮਿਤ ਕੁਮਾਰ ਜਿੰਦਲ ਨੇ ਦੱਸਿਆ ਕਿ ਪ੍ਰੀਸ਼ਦ ਵੱਲੋਂ ਹਰ ਸਾਲ ਠੰਡ ਦੀ ਮਾਰ ਤੋਂ ਲੋਕਾਂ ਨੂੰ ਬਚਾਉਣ ਲਈ ਉਪਰਾਲੇ ਕਰਦੀ ਆ ਰਹੀ ਹੈ, ਜੋ ਦਾਨੀ ਸੱਜਣਾਂ ਅਤੇ ਸੰਸਥਾਂ ਦੇ ਸਹਿਯੋਗ ਨਾਲ ਪੂਰਾ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਪ੍ਰੀਸ਼ਦ ਮਾਨਵਤਾ ਦੀ ਸੇਵਾ ਲਈ ਹਮੇਸ਼ਾ ਤਤਪਰ ਰਹਿੰਦੀ ਹੈ।ਉਨ੍ਹਾਂ ਕਿਹਾ ਕਿ ਜੇਕਰ ਕਿਸੇ ਲੋੜਵੰਦ ਵਿਅਕਤੀ ਨੂੰ ਜ਼ਰੂਰਤ ਹੋਵੇ ਤਾਂ ਉਹ ਪ੍ਰੀਸ਼ਦ ਦੇ ਕਿਸੇ ਵੀ ਮੈਂਬਰ ਨਾਲ ਸੰਪਰਕ ਕਰ ਸਕਦਾ ਹੈ।ਪ੍ਰੀਸ਼ਦ ਵੱਲੋਂ ਹੁਣ ਤੱਕ 300 ਲੋੜਵੰਦ ਲੋਕਾਂ ਤੇ ਬੱਚਿਆਂ ਨੂੰ ਠੰਡ ਤੋਂ ਬਚਾਓ ਲਈ ਸਮੱਗਰੀ ਵੰਡੀ ਗਈ।ਇਸ ਮੌਕੇ ਸੀਨੀਅਰ ਮੈਂਬਰ ਸੀ.ਏ. ਰਾਜ ਮਿੱਤਲ, ਸ਼ਿਵ ਕਾਂਸਲ, ਰਾਜ ਕੁਮਾਰ ਰਾਜੂ, ਸਕੈਟਰੀ ਐਡਵੋਕੇਟ ਸੁਨੀਲ ਗਰਗ, ਕੈਸ਼ੀਅਰ ਸਤੀਸ਼ ਸਿੰਗਲਾ, ਪ੍ਰੋਜੈਕਟਰ ਚੇਅਰਮੈਨ ਚੰਦਨ ਖਟਕ, ਮਾ. ਈਸ਼ਵਰ ਕੁਮਾਰ, ਮੁਨੀਸ਼ ਕੁਮਾਰ, ਅਰੁਣ ਕੁਮਾਰ, ਅਜੈ ਕੁਮਾਰ ਤੋਂ ਇਲਾਵਾ ਵੱਡੀ ਗਿਣਤੀ 'ਚ ਪ੍ਰੀਸ਼ਦ ਦੇ ਮੈਂਬਰ ਅਤੇ ਔਰਤਾਂ ਵੀ ਮੌਜੂਦ ਸਨ।

## ਪੰਜਾਬ ਪੁਲਸ ਨੂੰ ਬਿਹਤਰ ਸੁਵਿਧਾਵਾਂ ਦਿੱਤੀਆਂ ਜਾਣ : ਜਯਾ ਸ਼ਰਮਾ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਇੱਕ ਵਿਸ਼ੇਸ਼ ਭੇਟ ਵਾਰਤਾ ਵਿੱਚ ਸਮਾਜ ਸੇਵੀ ਜਯਾ ਸ਼ਰਮਾ ਨੇ ਦੱਸਿਆ ਕਿ ਆਧੁਨਿਕ ਯੁੱਗ ਦੇ ਮੁਤਾਬਕ ਪੰਜਾਬ ਪੁਲਿਸ ਦੇ ਸਮੂਹ ਸਟਾਫ ਨੂੰ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਬਿਹਤਰ ਸੁਵਿਧਾ ਦੇਣ ਦਾ ਪ੍ਰਣ ਕਰੇ।ਦੇਖਣ ਨੂੰ ਆਇਆ ਬੜੇ ਹੀ ਚੰਗੇ ਤੇ ਉੱਚ ਅਧਿਕਾਰੀ ਪੰਜਾਬ ਪੁਲਿਸ ਵਿੱਚ ਹਨ, ਪਰ ਉਹ ਪੁਲਸ ਦੀਆਂ ਜ਼ਰੂਰਤਾਂ ਨੂੰ ਸਰਕਾਰ ਅੱਗੇ ਨਹੀਂ ਰੱਖਦੇ।ਅਕਸਰ ਦੇਖਣ ਨੂੰ ਆਉਂਦਾ ਹੈ ਕਿ ਪੁਲਸ ਦੂਜੇ ਮਹਿਕਮਿਆਂ ਦੇ ਨਾਲੋਂ ਜ਼ਿਆਦਾ ਸਮਾਂ ਡਿਊਟੀ ਕਰਦੀ ਹੈ, ਫਿਰ ਵੀ ਬਦਨਾਮੀ ਦਾ ਟਿੱਕਾ ਲਗਾਉਣ ਤੋਂ ਲੋਕ ਨਹੀਂ ਕਤਰਾਉਂਦੇ।24-24 ਘੰਟੇ ਡਿਊਟੀ ਕਰਨ ਵੇਲੇ ਸਾਡੇ ਵੀਰ ਆਪਣੇ ਪਰਵਾਰਾਂ ਤੋਂ ਦੂਰ ਰਹਿੰਦੇ ਹਨ ਤੇ ਉਨ੍ਹਾਂ ਨਾਲ ਕੋਈ ਦੁੱਖ ਸਾਂਝਾ ਨਹੀਂ ਕਰ ਪਾਉਂਦੇ। ਮੇਰੀ ਸਰਕਾਰ ਅੱਗੇ ਬੇਨਤੀ ਹੈ ਕਿ ਪੰਜਾਬ ਪੁਲਸ ਨੂੰ ਮੁਹੱਈਆ ਕਰਾਈਆਂ ਜਾਣ, ਜਿਵੇਂ ਪੰਜਾਬ ਸਰਕਾਰ ਪੁਲਿਸ ਦੀ ਨਫਰੀ ਨੂੰ ਆਬਾਦੀ ਦੇ ਹਿਸਾਬ ਨਾਲ ਵਧਾਏ ਤਾਂ ਜੁ ਹਰ ਇੱਕ ਪੁਲਸ ਮੁਲਾਜ਼ਮ ਆਰਾਮ ਦੇ ਨਾਲ ਆਪਣੇ ਪਰਵਾਰ ਨਾਲ ਜੁੜਿਆ ਰਹੇ।ਪੰਜਾਬ ਪੁਲਸ ਵਿੱਚ ਆਰਮੀ ਦੀ ਤਰ੍ਹਾਂ ਕੰਟੀਨ ਹੋਣੀ ਚਾਹੀਦੀ ਹੈ, ਜਿੱਥੇ ਕੰਟਰੋਲ ਰੇਟਾ ਤੇ ਰਾਸ਼ਨ ਆਦਿ ਮਿਲਦਾ ਹੋਵੇ।

## ਮਾਨ ਤੋਂ ਬਿਨਾਂ ਕਿਸੇ ਆਗੂ ਨੇ ਨਹੀਂ ਉਠਾਈ ਬੀਬੀ ਬਾਨੋ ਦੇ ਹੱਕ 'ਚ ਆਵਾਜ਼ : ਪ੍ਰੋ. ਮਹਿੰਦਰਪਾਲ ਸਿੰਘ/ਭਸੌੜ



**ਸੰਗਰੂਰ (ਪ੍ਰਵੀਨ ਸਿੰਘ)**-ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਜਨਰਲ ਸਕੱਤਰ ਪ੍ਰੋ. ਮਹਿੰਦਰਪਾਲ ਸਿੰਘ, ਪੀਏਸੀ ਮੈਂਬਰ ਬਹਾਦਰ ਸਿੰਘ ਭਸੌੜ ਤੇ ਸੀਨੀਅਰ ਆਗੂ ਬਲਵਿੰਦਰ ਸਿੰਘ ਚੀਮਾ ਨੇ ਸੁਪਰੀਮ ਕੋਰਟ ਵੱਲੋਂ ਬੀਬੀ ਬਿਲਕਿਸ ਬਾਨੋ ਮਾਮਲੇ ਵਿੱਚ ਦੋਸ਼ੀਆਂ ਦੀ ਰਿਹਾਈ ਰੱਦ ਕਰਨ ਦੇ ਫ਼ੈਸਲੇ ਦਾ ਸਵਾਗਤ ਕਰਦਿਆਂ ਨਵੇਂ ਆਦੇਸ਼ਾਂ ਨੂੰ ਇਨਸਾਫ਼ ਦੀ ਜਿੱਤ ਕਰਾਰ ਦਿੱਤਾ ਹੈ।ਆਗੂਆਂ ਨੇ ਕਿਹਾ ਕਿ ਬੀਬੀ ਬਿਲਕਿਸ ਬਾਨੋ ਮਾਮਲੇ ਦੇ ਦੋਸ਼ੀਆਂ ਨੂੰ ਗੁਜਰਾਤ ਸਰਕਾਰ ਵੱਲੋਂ ਅਜ਼ਾਦੀ ਦੇ ਅੰਮ੍ਰਿਤ ਮਹਾਂਉਤਸਵ ਤਹਿਤ ਰਿਹਾਅ ਕਰਨ ਦਾ ਫ਼ੈਸਲਾ ਸੁਣਾ ਕੇ ਭਾਜਪਾ ਦੇ ਇਸ਼ਾਰੇ 'ਤੇ ਜਬਰ ਜਨਾਹ ਤੇ ਹੱਤਿਆ ਕਰਨ ਵਾਲਿਆਂ ਦਾ ਪੱਖ ਪੂਰਿਆ ਗਿਆ ਸੀ, ਜਦੋਂਕਿ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਪ੍ਰਧਾਨ ਤੇ ਲੋਕ ਸਭਾ ਹਲਕਾ ਸੰਗਰੂਰ ਤੋਂ ਮੈਂਬਰ ਪਾਰਲੀਮੈਂਟ ਸਿਮਰਨਜੀਤ ਸਿੰਘ ਮਾਨ ਨੇ ਹਮੇਸ਼ਾ ਗੁਜਰਾਤ ਸਰਕਾਰ ਦੇ ਉਪਰੋਕਤ ਫ਼ੈਸਲੇ ਦਾ ਵਿਰੋਧ ਪ੍ਰਗਟਾਇਆ ਹੈ।ਸਿਰਫ਼ ਐਮ.ਪੀ. ਮਾਨ ਹੀ ਅਜਿਹੇ ਆਗੂ ਹਨ, ਜਿਨ੍ਹਾਂ ਨੇ ਭਾਜਪਾ ਦੇ ਇਸ਼ਾਰੇ 'ਤੇ ਗੁਜਰਾਤ ਸਰਕਾਰ ਵੱਲੋਂ ਬੀਬੀ ਬਾਨੋ ਮਾਮਲੇ ਦੇ ਦੋਸ਼ੀਆਂ ਨੂੰ ਰਿਹਾਅ ਕਰਨ ਦੇ ਫੈਸਲੇ ਨੂੰ ਪਾਰਲੀਮੈਂਟ ਤੇ ਪਾਰਲੀਮੈਂਟ ਤੋਂ ਬਾਹਰ ਮੀਡੀਆ ਅੱਗੇ ਪ੍ਰਮੁੱਖਤਾ ਨਾਲ ਚੁੱਕਿਆ।ਇਸ ਮਾਮਲੇ ਵਿੱਚ ਸੁਪਰੀਮ ਕੋਰਟ ਨੇ ਗੁਜਰਾਤ ਸਰਕਾਰ ਦੇ ਫੈਸਲੇ ਨੂੰ ਰੱਦ ਕਰਕੇ ਲੋਕਾਂ ਵਿੱਚ ਅਦਾਲਤਾਂ ਵਿੱਚ ਨਿਆਂ ਮਿਲਣ ਦੇ ਭਰੋਸੇ ਨੂੰ ਹੋਰ ਪੱਕਾ ਕੀਤਾ ਹੈ।ਵਰਨਣਯੋਗ ਹੈ ਕਿ 2002 ਵਿੱਚ ਗੁਜਰਾਤ ਦੇ ਦੰਗਿਆਂ ਦੌਰਾਨ ਬੀਬੀ ਬਿਲਕਿਸ ਬਾਨੋ ਨਾਲ ਸਮੂਹਿਕ ਜਬਰ ਜਿਨਾਹ ਹੋਇਆ ਸੀ।ਉਸ ਵੇਲੇ ਬੀਬੀ ਬਾਨੋ 5 ਮਹੀਨਿਆਂ ਦੀ ਗਰਭਵਤੀ ਸੀ।ਇਸ ਘਟਨਾ ਵਿੱਚ ਉਸਦੀ ਤਿੰਨ ਸਾਲ ਦੀ ਬੇਟੀ ਸਮੇਤ ਪਰਵਾਰ ਦੇ 7 ਲੋਕਾਂ ਦੀ ਹੱਤਿਆ ਕਰ ਦਿੱਤੀ ਗਈ ਸੀ ਤੇ ਗੁਜਰਾਤ ਸਰਕਾਰ ਨੇ ਇਸ ਮਾਮਲੇ ਅਜ਼ਾਦੀ ਦਿਹਾੜੇ ਮੌਕੇ ਸਾਰੇ 11 ਦੋਸ਼ੀਆਂ ਨੂੰ ਰਿਹਾਅ ਕਰ ਦਿੱਤਾ ਸੀ, ਜਿਸ ਤੋਂ ਬਾਅਦ ਬੀਬੀ ਬਾਨੋ ਨੇ ਸੁਪਰੀਮ ਕੋਰਟ ਦਾ ਰੁਖ ਕੀਤਾ ਸੀ। ਹੁਣ ਸੁਪਰੀਮ ਕੋਰਟ ਨੇ ਸਾਰੇ 11 ਦੋਸ਼ੀਆਂ ਦੀ ਰਿਹਾਈ ਰੱਦ ਕਰਕੇ ਦੋ ਹਫ਼ਤਿਆਂ ਵਿੱਚ ਆਤਮ ਸਮਰਪਣ ਦੇ ਆਦੇਸ਼ ਜਾਰੀ ਕੀਤੇ ਹਨ।

## ਮੁੱਖ ਮੰਤਰੀ ਨੂੰ ਅਧਿਕਾਰੀਆਂ ਦੀ ਹਾਜ਼ਰੀ ਯਕੀਨੀ ਬਣਾਉਣ ਦੀ ਗੁਹਾਰ

**ਕੋਟਕਪੂਰਾ (ਰਛਪਾਲ ਭੁੱਲਰ)**-ਸਾਡੇ ਪੱਤਰਕਾਰ ਵੱਲੋਂ ਮੁੱਖ ਮੰਤਰੀ ਪੰਜਾਬ ਨੂੰ ਮੇਲ ਪਾ ਕੇ ਗਹਾਰ ਲਗਾਈ ਹੈ ਕਿ ਲੋਕਾਂ ਨੇ ਬੜੀ ਵੱਡੀ ਆਸ ਨਾਲ ਉਨ੍ਹਾਂ ਨੂੰ ਪੰਜਾਬ ਦੀ ਵਾਗਡੋਰ ਫੜਾਈ ਹੈ । ਪਰ ਪੰਜਾਬ 'ਚ ਅੱਜ ਵੀ ਲੋਕ ਤ੍ਰਾਹ ਤ੍ਰਾਹ ਕਰ ਰਹੇ ਹਨ । ਅਫਸਰ ਦਫ਼ਤਰਾਂ ਵਿੱਚ ਨਹੀਂ ਮਿਲਦੇ, ਜੇ ਫੋਨ ਕਰੋ ਤਾਂ ਫੋਨ ਚੁੱਕਦੇ ਨਹੀਂ । ਵਟਸਐਪ ਮੈਸੇਜ ਕਰੋ, ਕੋਈ ਉੱਤਰ ਨਹੀਂ । ਅਖਬਾਰ ਦੀਆਂ ਖ਼ਬਰਾਂ ਦਾ ਵੀ ਕੋਈ ਅਸਰ ਨਹੀਂ । ਲੋਕਾਂ ਨੂੰ ਜ਼ਮੀਨੀ ਪੱਧਰ ਤੇ ਪੁੱਛ ਕੇ ਦੇਖੋ ਕੋਈ ਬਦਲਾਅ ਨਜ਼ਰ ਨਹੀਂ ਆ ਰਿਹਾ ।ਇਸ ਦੀ ਜਿਉਂਦੀ ਜਾਗਦੀ ਮਿਸਾਲ ਨਗਰ ਪੰਚਾਇਤ ਭਗਤਾ ਭਾਈਕਾ ਜ਼ਿਲ੍ਹਾ ਬਠਿੰਡਾ ਹੈ।ਤੁਰੰਤ ਪੜਤਾਲ ਕਰਵਾ ਕੇ ਚੈੱਕ ਕਰ ਸਕਦੇ ਹੋ। ਆਸ ਹੈ ਅਫ਼ਸਰਾਂ ਤੇ ਮੁਲਾਜ਼ਮਾਂ ਦੀ ਹਾਜ਼ਰੀ ਯਕੀਨੀ ਬਣਾਉਣ ਦੀ ਕਿਰਪਾਲਤਾ ਕਰੋਗੇ।ਇੱਕ ਵਾਰ ਵਿਜੀਲੈਂਸ ਭੇਜ ਦਿਓ ਸ਼ਾਇਦ ਢੀਠ ਅਧਿਕਾਰੀਆਂ 'ਤੇ ਕੋਈ ਅਸਰ ਹੋ ਜਾਵੇ ।ਮੁੱਖ ਮੰਤਰੀ ਦਫ਼ਤਰ ਵੱਲੋਂ ਫੌਰੀ ਐਕਸ਼ਨ ਲੈਂਦੇ ਹੋਏ ਪ੍ਰਮੁੱਖ ਸਕੱਤਰ ਸਥਾਨਕ ਸਰਕਾਰਾਂ ਨੂੰ ਕਾਰਵਾਈ ਲਈ ਅੱਗੇ ਮੇਲ ਭੇਜ ਦਿੱਤੀ ਹੈ । ਹੁਣ ਦੇਖੋ ਅਧਿਕਾਰੀ ਕੀ ਕਾਰਵਾਈ ਕਰਦੇ ਹਨ।

## 'ਇਨਸਾਫ਼ ਦੀ ਆਵਾਜ਼ ਜਥੇਬੰਦੀ' ਨੇ ਕੀਤੀ ਮੀਟਿੰਗ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪਰਲਜ਼ ਕੰਪਨੀ ਤੋਂ ਪੀੜਤਾਂ ਨੂੰ ਇਨਸਾਫ਼ ਦਿਵਾਉਣ ਲਈ ਲੜਾਈ ਲੜ ਰਹੀ "ਇੰਨਸਾਫ਼ ਦੀ ਅਵਾਜ ਜਥੇਬੰਦੀ" ਨੇ ਜ਼ਿਲ੍ਹਾ ਫਿਰੋਜ਼ਪੁਰ ਛਾਉਣੀ ਦੇ ਗਾਂਧੀ ਗਾਰਡਨ ਵਿੱਚ ਜ਼ਿਲ੍ਹਾ ਪ੍ਰਧਾਨ ਸੁਖਜੀਤ ਸਿੰਘ ਭੁੱਲਰ ਦੀ ਅਗਵਾਈ 'ਚ ਮੀਟਿੰਗ ਕੀਤੀ ਗਈ, ਜਿਸ ਵਿੱਚ ਜ਼ਿਲ੍ਹਾ ਜਥੇਬੰਦੀ ਦੇ ਅਹੁਦੇਦਾਰਾਂ ਨੇ ਭਾਗ ਲਿਆ।ਮੀਟਿੰਗ ਵਿੱਚ ਪਿੰਡ ਪਿੰਡ ਇਕਾਈਆਂ ਬਣਾਉਣ ਦਾ ਫੈਸਲਾ ਕੀਤਾ ਗਿਆ ਹੈ।ਸੁਰਿੰਦਰ ਸਿੰਘ ਬੇਟੂ ਕਦੀਮ ਨੇ ਕਿਹਾ ਕਿ ਪਰਲ ਕੰਪਨੀ ਤੋਂ ਪੀੜਤ ਹਰ ਪਿੰਡ ਵਿੱਚ ਵੱਡੀ ਗਿਣਤੀ ਵਿੱਚ ਹਨ ਤੇ ਉਨ੍ਹਾਂ ਪੀੜਤਾਂ ਦੀਆਂ ਇਕਾਈਆਂ ਬਣਾ ਕੇ ਇੱਕ ਵੱਡੇ ਸੰਘਰਸ਼ ਲਈ ਲਾਮਬੰਦ ਕੀਤਾ ਜਾਵੇਗਾ, ਪੰਜਾਬ ਸਰਕਾਰ ਪਰਲਜ਼ ਕੰਪਨੀ ਦੇ ਨਿਵੇਸ਼ਕਾ ਨੂੰ ਪੈਸੇ ਵਾਪਸ ਕਰਨ ਦਾ ਚੋਣਾਂ ਦੌਰਾਨ ਕੀਤਾ ਆਪਣਾ ਵਾਅਦਾ ਪੂਰਾ ਕਰੇ, ਪੰਜਾਬ ਸਰਕਾਰ ਪਰਲ ਕੰਪਨੀ ਦੀਆਂ ਪ੍ਰਾਪਰਟੀਆਂ ਵੇਚ ਕੇ ਗਰੀਬ ਨਿਵੇਸ਼ਕਾਂ ਨੂੰ ਜਲਦੀ ਤੋਂ ਜਲਦੀ ਇਨਸਾਫ਼ ਦੁਆਏ, ਨਹੀ ਤਾਂ ਆਉਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ ਸਰਕਾਰ ਨੂੰ ਕੰਪਨੀਆਂ ਤੋਂ ਪੀੜਤ ਲੋਕਾਂ ਦੇ ਵਿਰੋਧ ਦਾ ਸਾਹਮਣਾ ਕਰਨਾ ਪਵੇਗਾ।ਇਸ ਮੀਟਿੰਗ ਵਿੱਚ ਮਨੋਜ ਕੁਮਾਰ, ਰਸ਼ਪਾਲ ਸਿੰਘ ਗੋਰਾ, ਜੱਜ ਸਿੰਘ ਭੁੱਲਰ, ਗੁਰਮੀਤ ਸਿੰਘ ਖੰਨਾ, ਜਗਦੇਵ ਸਿੰਘ, ਸਕਿੰਦਰ ਸਿੰਘ ਬਰਾੜ, ਵਿਜੇ ਕੁਮਾਰ, ਅਮਰਜੀਤ ਸਿੰਘ ਤੂਤ, ਪਿਆਰਾ ਸਿੰਘ ਬਾਰੇ ਕੇ, ਮਹਿੰਦਰ ਸਿੰਘ ਸੱਗੂ, ਸਰਦਾਰਾ ਸਿੰਘ, ਹੰਸਾ ਸਿੰਘ, ਜਗਦੀਸ਼ ਲਾਲ ਬੇਟੂ ਕਦੀਮ ਆਦਿ ਹਾਜ਼ਰ ਸਨ।

## ਡੀ ਟੀ ਐੱਫ ਤੇ ਡਾਇਰੈਕਟ ਹੈੱਡਮਾਸਟਰ ਐਸੋਸੀਏਸ਼ਨ ਵੱਲੋਂ ਡੀ ਈ ਓ (ਸੈਕੰਡਰੀ) ਵਿਰੁੱਧ ਮੁਜ਼ਾਹਰਾ 18 ਨੂੰ



**ਮੋਗਾ (ਅਮਰਜੀਤ ਬੱਬਰੀ)**-ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਜ਼ਿਲ੍ਹਾ ਇਕਾਈ ਮੋਗਾ ਅਤੇ ਡਾਇਰੈਕਟ ਹੈਡਮਾਸਟਰ ਐਸੋਸੀਏਸ਼ਨ ਵੱਲੋਂ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਮਮਤਾ ਬਜਾਜ ਵੱਲੋਂ ਸਿੱਧੀ ਭਰਤੀ ਰਾਹੀਂ ਨਿਯੁਕਤ ਹੋਏ ਹੈਡਮਾਸਟਰਾਂ ਦੇ ਸਾਲਾਨਾ ਇੰਕਰੀਮੈਂਟ ਅਤੇ ਹਾਇਰ ਜ਼ਿੰਮੇਵਾਰੀ ਭੱਤੇ ਜ਼ਬਰਦਸਤੀ ਰੋਕੇ ਜਾਣ ਅਤੇ ਅੜੀਅਲ ਰਵੱਈਆ ਅਪਣਾਏ ਜਾਣ ਦੇ ਵਿਰੋਧ 'ਚ ਭਰਾਤਰੀ ਜਥੇਬੰਦੀਆ ਦਾ ਸਹਿਯੋਗ ਲੈ ਕੇ ਮੁਜ਼ਾਹਰਾ ਕਰਨ ਦਾ ਫ਼ੈਸਲਾ ਕੀਤਾ ਗਿਆ । ਡੀ ਟੀ ਐਫ ਦੇ ਜ਼ਿਲ੍ਹਾ ਪ੍ਰਧਾਨ ਸੁਖਪਾਲਜੀਤ ਸਿੰਘ ਅਤੇ ਡਾਇਰੈਕਟ ਹੈਡਮਾਸਟਰ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਕ੍ਰਿਪਾਲ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਕਮੇਟੀ ਵੱਲੋਂ ਜ਼ਿਲ੍ਹਾ ਸਿੱਖਿਆ ਅਫ਼ਸਰ ਨੂੰ ਸਾਲਾਨਾ ਵਾਧਾ ਅਤੇ ਜ਼ਿੰਮੇਵਾਰੀ ਭੱਤਾ ਨਾ ਲਗਾਏ ਜਾਣ ਸੰਬੰਧੀ ਅੱਜ ਦੋਵੇਂ ਜਥੇਬੰਦੀਆਂ ਦਾ ਸਾਂਝਾ ਵਫਦ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ ਸਿ ) ਨੂੰ ਮਿਲਿਆ ਤਾਂ ਉਨ੍ਹਾਂ ਇਹ ਭੱਤੇ ਲਗਾਉਣ ਤੋਂ ਸਾਫ ਇਨਕਾਰ ਕਰ ਦਿੱਤਾ । ਆਗੂਆਂ ਕਿਹਾ ਕਿ ਜਥੇਬੰਦੀਆਂ ਵੱਲੋਂ ਉਨ੍ਹਾਂ ਨੂੰ ਸਿੱਖਿਆ ਮੰਤਰੀ ਹਰਜੋਤ ਬੈਂਸ ਦਾ ਇਹ ਭੱਤੇ ਲਗਾਏ ਜਾਣ ਸੰਬੰਧੀ ਪੱਤਰ ਵੀ ਦਿਖਾਇਆ ਪਰ ਉਨ੍ਹਾਂ ਕੋਈ ਵੀ ਹਾਂ ਪੱਖੀ ਹੁੰਗਾਰਾ ਨਾ ਭਰਿਆ । ਡੀ ਟੀ ਐਫ ਦੇ ਜ਼ਿਲ੍ਹਾ ਸਕੱਤਰ ਜਗਵੀਰਨ ਕੌਰ ਅਤੇ ਜ਼ਿਲ੍ਹਾ ਵਿੱਤ ਸਕੱਤਰ ਗੁਰਸ਼ਰਨ ਸਿੰਘ ਅਤੇ ਡਾਇਰੈਕਟ ਹੈਡਮਾਸਟਰ ਐਸੋਸੀਏਸ਼ਨ ਤੋਂ ਨੈਬ ਸਿੰਘ ਅਤੇ ਰਮਨ ਸ਼ਾਰਦਾ ਨੇ ਕਿਹਾ ਕਿ ਬਹੁਤ ਸਾਰੇ ਜ਼ਿਲ੍ਹਿਆਂ 'ਚ ਓਥੋਂ ਦੇ ਜ਼ਿਲ੍ਹਾ ਸਿੱਖਿਆ ਅਫਸਰਾਂ ਨੇ ਹੈਡਮਾਸਟਰਾਂ ਦੇ ਇਹ ਭੱਤੇ ਲਗਾ ਦਿੱਤੇ ਹਨ ਪਰ ਮੋਗਾ ਜ਼ਿਲ੍ਹਾ ਸਿੱਖਿਆ ਦਫ਼ਤਰ ਵਲੋਂ ਜਾਣਬੁੱਝ ਕੇ ਇਹ ਭੱਤੇ ਰੋਕੇ ਜਾ ਰਹੇ ਹਨ ।ਆਗੂਆਂ ਨੇ ਕਿਹਾ ਕਿ ਦੋਵੇਂ ਜਥੇਬੰਦੀਆਂ ਦਾ ਵਫਦ ਪਹਿਲਾਂ ਵੀ ਕਈ ਵਾਰ ਡੀ ਈ ਓ ਨੂੰ ਇਸ ਮਸਲੇ 'ਤੇ ਮਿਲ ਚੁੱਕਿਆ ਹੈ ਪਰ ਹਰ ਵਾਰ ਡੀ ਈ ਓ ਵੱਲੋਂ ਉਨ੍ਹਾਂ ਨੂੰ ਕੋਈ ਨਾ ਕੋਈ ਬਹਾਨਾ ਬਣਾ ਕੇ ਮੋੜ ਦਿੱਤਾ ਜਾਂਦਾ ਸੀ । ਜਿਸ ਦੇ ਰੋਸ ਵਜੋਂ ਜਥੇਬੰਦੀਆਂ ਵੱਲੋਂ 18 ਜਨਵਰੀ ਨੂੰ ਜ਼ਿਲ੍ਹਾ ਸਿੱਖਿਆ ਅਫ਼ਸਰ ਦੇ ਹੈਂਕੜ ਭਰੇ ਵਤੀਰੇ ਦੇ ਵਿਰੋਧ 'ਚ ਸਿੱਖਿਆ ਦਫ਼ਤਰ ਵਿਰੁੱਧ ਜ਼ਿਲ੍ਹਾ ਪੱਧਰੀ ਰੋਸ ਮੁਜ਼ਾਹਰਾ ਕਰਨ ਦਾ ਫ਼ੈਸਲਾ ਕੀਤਾ ਗਿਆ ਹੈ ।ਆਗੂਆਂ ਕਿਹਾ ਕਿ ਦਫ਼ਤਰ ਦਾ ਵਤੀਰਾ ਮੁਲਾਜ਼ਮਾਂ ਪ੍ਰਤੀ ਪਹਿਲਾ ਵੀ ਕਾਫ਼ੀ ਮਾੜਾ ਰਿਹਾ ਹੈ । ਇਨ੍ਹਾਂ ਸਿੱਧੀ ਭਰਤੀ ਰਾਹੀਂ ਭਰਤੀ ਹੋਏ ਹੈਡਮਾਸਟਰਾਂ ਨੂੰ ਆਪਣਾ ਪ੍ਰੋਬੇਸ਼ਨ ਪੀਰੀਅਡ ਕਲੀਅਰ ਕਰਨ ਲਈ ਵੀ ਬਹੁਤ ਖੱਜਲ ਖੁਆਰ ਹੋਣਾ ਪਿਆ ਸੀ, ਵਿਦਿਆਰਥੀਆਂ ਦੇ ਟੂਰਾਂ ਦੀ ਪ੍ਰਵਾਨਗੀ ਦੇਣ ਮੌਕੇ ਵੀ ਡੀ ਈ ਓ ਦਾ ਰਵੱਈਆ ਬਹੁਤ ਮਾੜਾ ਸੀ ਅਤੇ ਅਧਿਆਪਕਾਂ ਨੂੰ ਆਪਣਾ ਜੀ ਪੀ ਐਫ ਕਢਵਾਉਣ ਲਈ ਵੀ ਦਫਤਰ ਦੇ ਵਾਰ ਵਾਰ ਗੇੜੇ ਮਾਰਨੇ ਪੈਂਦੇ ਹਨ, ਜਿਸ ਦੇ ਰੋਸ ਵਜੋਂ ਦੋਵੇਂ ਜਥੇਬੰਦੀਆਂ ਵੱਲੋਂ ਹੋਰ ਭਰਾਤਰੀ ਜਥੇਬੰਦੀਆਂ ਨੂੰ ਨਾਲ ਲੈ ਕੇ ਜ਼ਿਲ੍ਹਾ ਸਿੱਖਿਆ ਦਫਤਰ ਵਿਰੁੱਧ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ । ਆਗੂਆਂ ਕਿਹਾ ਕਿ ਹੈਡਮਾਸਟਰਾਂ ਦਾ ਸਾਲਾਨਾ ਵਾਧਾ ਅਪ੍ਰੈਲ 2023 ਤੋਂ ਪੈਂਡਿੰਗ ਹੈ।ਇਸ ਮੌਕੇ ਡੀ ਟੀ ਐਫ ਦੇ ਸੂਬਾ ਪ੍ਰਧਾਨ ਦਿਗਵਿਜੈਪਾਲ ਸ਼ਰਮਾ, ਮਧੂ ਬਾਲਾ, ਰਿਸ਼ੀ ਮਨਚੰਦਾ, ਰਾਜ ਕੁਮਾਰ, ਰਮਨ ਕਪਿਲ, ਬਲਕਰਨ ਸਿੰਘ, ਰਮਿੰਦਰ ਸਿੰਘ, ਪ੍ਰਵੀਨ ਕੁਮਾਰ, ਅਜੈ ਕੁਮਾਰ, ਚਰਨਜੀਤ ਸਿੰਘ, ਅਮਨਦੀਪ ਕੌਰ, ਗਗਨਦੀਪ ਕੌਰ, ਸਿਮਰਨਜੀਤ ਕੌਰ, ਆਦਿ ਹੈਡਮਾਸਟਰ ਅਤੇ ਆਗੂ ਹਾਜ਼ਰ ਸਨ ।

## ਡੀ ਸੀ ਵੱਲੋਂ ਪੀ ਐੱਸ ਐੱਮ ਐੱਸ ਯੂ ਦਾ ਕੈਲੰਡਰ ਰਿਲੀਜ਼



**ਸੰਗਰੂਰ (ਪ੍ਰਵੀਨ ਸਿੰਘ)**-ਪੰਜਾਬ ਸਟੇਟ ਮਨਿਸਟਰੀਅਲ ਸਰਵਿਸਜ਼ ਯੂਨੀਅਨ ਸੰਗਰੂਰ ਦੇ ਜ਼ਿਲ੍ਹਾ ਪ੍ਰਧਾਨ ਰਾਕੇਸ਼ ਸ਼ਰਮਾ, ਜ਼ਿਲ੍ਹਾ ਜਨਰਲ ਸਕੱਤਰ ਰਾਜਵੀਰ ਬਡਰੁੱਖਾਂ ਤੇ ਸੂਬਾ ਵਿੱਤ ਸਕੱਤਰ ਅਨੁਜ ਦੀ ਅਗਵਾਈ ਵਿੱਚ ਅੱਜ ਜਥੇਬੰਦੀ ਦਾ ਸਾਲਾਨਾ ਕੈਲੰਡਰ ਰਿਲੀਜ਼ ਕਰਨ ਸਬੰਧੀ ਇਕੱਤਰਤਾ ਕੀਤੀ ਗਈ।ਇਸ ਮੌਕੇ ਜਥੇਬੰਦੀ ਦਾ ਕੈਲੰਡਰ ਮਾਨਯੋਗ ਡਿਪਟੀ ਕਮਿਸ਼ਨਰ ਸ਼੍ਰੀ ਜਤਿੰਦਰ ਜੋਰਵਾਲ ਆਈ ਏ ਐੱਸ ਸੰਗਰੂਰ ਵੱਲੋਂ ਰਿਲੀਜ਼ ਕੀਤਾ ਗਿਆ।ਇਸ ਮੌਕੇ ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਨੂੰ ਜਥੇਬੰਦੀ ਦੇ ਆਗੂਆਂ ਵੱਲੋਂ ਨਵੇਂ ਸਾਲ ਦੀਆਂ ਸ਼ੁੱਭ-ਕਾਮਨਾਵਾਂ ਦਿੱਤੀਆਂ ਗਈਆਂ।ਡੀ ਸੀ ਜਤਿੰਦਰ ਜੋਰਵਾਲ ਨੇ ਸਮੂਹ ਵਫ਼ਦ ਦਾ ਨਿੱਘਾ ਸਵਾਗਤ ਕੀਤਾ ਤੇ ਕਿਹਾ ਕਿ ਸਾਰੇ ਮੁਲਾਜ਼ਮ ਰਲ ਮਿਲ ਕੇ ਪੰਜਾਬ ਨੂੰ ਸਵਰਗ ਬਣਾਈਏ ਤੇ ਦਫਤਰਾਂ ਵਿੱਚ ਆਪਣੇ ਕੰਮਾਂ ਲਈ ਪਹੁੰਚਦੇ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਪੇਸ਼ ਨਾ ਆਉਣ ਦੇਈਏ।ਇਸ ਮੌਕੇ ਨਵੀਨ ਪਰਾਸ਼ਰ ਵਿੱਤ ਸਕੱਤਰ, ਜੋਗਿੰਦਰਪਾਲ ਸਿੰਘ ਪ੍ਰਧਾਨ ਡੀ ਸੀ ਦਫਤਰ, ਸੰਜੀਵ ਕੁਮਾਰ ਡੀ ਸੀ ਦਫਤਰ, ਲਛਮਣ ਸਿੰਘ ਖਜ਼ਾਨਾ ਵਿਭਾਗ, ਹਰਵਿੰਦਰ ਸਿੰਘ ਘਰਾਚੋਂ, ਮਨਪ੍ਰੀਤ ਕੌਰ ਹੈਲਥ, ਸਰਬਜੀਤ ਕੌਰ, ਅੰਮ੍ਰਿਤਪਾਲ ਕੌਰ ਸਿੱਖਿਆ ਵਿਭਾਗ, ਹਰਜਿੰਦਰ ਸਿੰਘ ਭਲਵਾਨ ਖੇਤੀਬਾੜੀ ਵਿਭਾਗ, ਸ਼ੇਰ ਸਿੰਘ ਲੱਡਾ ਮੰਡੀ ਬੋਰਡ, ਮਨਜੀਤ ਘਰਾਚੋਂ ਪ੍ਰਧਾਨ ਫੂਡ ਸਪਲਾਈ, ਹਰਪ੍ਰੀਤ ਸਿੰਘ ਲੱਡਾ, ਸ਼ਗਨਦੀਪ ਸਿੰਘ ਆਯੂਰਵੈਦਿਕ, ਹਰਜੀਤ ਸਿੰਘ, ਕੁਲਵਿੰਦਰ ਸਿੰਘ ਆਦਿ ਆਗੂ ਹਾਜ਼ਰ ਸਨ।

## ਕੰਨਿਆ ਸੀਨੀਅਰ ਸੈਕੰਡਰੀ ਸਕੂਲ 'ਚ ਵਿਗਿਆਨ ਪ੍ਰਦਰਸ਼ਨੀ



**ਲਹਿਰਾਗਾਗਾ (ਪਵਨ)**

ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਲਹਿਰਾਗਾਗਾ 'ਚ ਸੰਜੀਵ ਸ਼ਰਮਾ ਜ਼ਿਲ੍ਹਾ ਸਿੱਖਿਆ ਅਫ਼ਸਰ (ਸ) ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਬੀ .ਐਨ. ਓ ਦਿਲਦੀਪ ਅਤੇ ਸਕੂਲ ਇੰਚਾਰਜ ਰੀਟਾ ਰਾਣੀ ਦੀ ਯੋਗ ਅਗਵਾਈ ਹੇਠ ਬਲਾਕ ਪੱਧਰੀ ਵਿਗਿਆਨ ਪ੍ਰਦਰਸ਼ਨੀ ਦਾ ਆਯੋਜਨ ਕੀਤਾ ਗਿਆ। ਇਸ ਪ੍ਰਦਰਸ਼ਨੀ 'ਚ ਬਲਾਕ ਦੇ ਤਕਰੀਬਨ 25 ਸਕੂਲਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ। ਵਿਗਿਆਨ ਪ੍ਰਦਰਸ਼ਨੀ 'ਚ ਵਿਦਿਆਰਥੀ ਸਬ ਥੀਮ ਸਿਹਤ, ਖੇਤੀਬਾੜੀ, ਲਾਈਫ ( ਲਾਈਫ ਸਟਾਇਲ ਫਾਰ ਵਾਤਾਵਰਨ) ਕਮਿਊਨੀਕੇਸ਼ਨ ਐਂਡ ਟਰਾਂਸਪੋਰਟ ਅਤੇ ਕੰਪੂਟੇਸ਼ਨਲ ਥਿਕਿੰਗ ਨਾਲ ਸੰਬੰਧਤ ਆਪੋ ਆਪਣੇ ਮਾਡਲ ਤਿਆਰ ਕਰ ਕੇ ਲੈ ਕੇ ਆਏ ਸਨ। ਇਨ੍ਹਾਂ ਵਿੱਚ ਜੂਨੀਅਰ ਅਤੇ ਸੀਨੀਅਰ ਵਰਗ ਦੇ ਮੁਕਾਬਲੇ ਕਰਵਾਏ ਗਏ। ਜੂਨੀਅਰ ਵਰਗ ਦੇ ਮੁਕਾਬਲਿਆਂ ਦੀ ਜੱਜਮੈਂਟ ਦੀ ਭੂਮਿਕਾ ਗਗਨ ਬਾਂਸਲ, ਦੀਪਿਕਾ ਗੁਪਤਾ ਅਤੇ ਅਰੁਣ ਵਿਜੇ ਨੇ ਅਤੇ ਸੀਨੀਅਰ ਵਰਗ ਦੇ ਮੁਕਾਬਲਿਆਂ 'ਚ ਰਾਜਨ ਗੁਪਤਾ, ਮਨਜੀਤ ਸਿੰਘ ਅਤੇ ਰਿੰਕੂ ਸਿੰਘ ਨੇ ਭੂਮਿਕਾ ਨਿਭਾਈ।ਇਨ੍ਹਾਂ ਮੁਕਾਬਲਿਆਂ ਦੇ ਜੂਨੀਅਰ ਵਰਗ ਵਿੱਚੋਂ ਸ.ਕੰ.ਸ.ਸ. ਸਕੂਲ ਲਹਿਰਾਗਾਗਾ ਦੀ ਵਿਦਿਆਰਥਣ ਪ੍ਰਾਚੀ ਨੇ ਕੰਪੂਟੇਸ਼ਨਲ ਥਿਕਿੰਗ ਥੀਮ ਵਿੱਚੋਂ ਪਹਿਲਾ ਸਥਾਨ ਜਦੋਂ ਕਿ ਇਸੇ ਹੀ ਸਕੂਲ ਦੀ ਸੰਦੀਪ ਕੌਰ ਨੇ ਸੀਨੀਅਰ ਵਰਗ ਦੇ ਥੀਮ ਟਰਾਂਸਪੋਰਟ ਐਂਡ ਕਮਿਊਨੀਕੇਸ਼ਨ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ। ਕੋਮਲ ਮਿੱਤਲ ਖੇਤੀਬਾੜੀ ਥੀਮ 'ਚੋਂ ਦੂਜੇ ਸਥਾਨ 'ਤੇ ਰਹੀ। ਵਿਗਿਆਨ ਪ੍ਰਦਰਸ਼ਨੀ ਨੂੰ ਸਫ਼ਲਤਾ ਪੂਰਵਕ ਨੇਪਰੇ ਚੜ੍ਹਾਉਣ 'ਚ ਮੈਡਮ ਅਰਪਨਾ ਰਾਣੀ, ਰਾਣੀ ਗਰਗ ਅਤੇ ਰਿਤੂ ਗੁਪਤਾ ਨੇ ਆਪਣਾ ਯੋਗਦਾਨ ਪਾਇਆ।ਇਸ ਪ੍ਰੋਗਰਾਮ ਦੇ ਆਖੀਰ ਵਿੱਚ ਦਿਲਦੀਪ ਬੀ.ਐਨ.ਓ ਅਤੇ ਮੁਨੀਸ਼ ਕੁਮਾਰ ਅਧਿਆਪਕ ਨੇ ਪਹਿਲੀਆਂ ਦੋ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਸਨਮਾਨਤ ਕੀਤਾ।

## ਜ਼ਿਲ੍ਹਾ ਪ੍ਰਬੰਧੀ ਕੰਪਲੈਕਸ ਵਿਖੇ ਸੁਖਮਨੀ ਸਾਹਿਬ ਦੇ ਪਾਏ ਭੋਗ



**ਮੋਗਾ (ਅਮਰਜੀਤ ਬੱਬਰੀ)**-ਨਵਾਂ ਸਾਲ-2024 ਦੀ ਸ਼ੁੱਭ ਆਰੰਭਤਾ 'ਤੇ ਵਾਹਿਗੁਰੂ ਦਾ ਸ਼ੁਕਰਾਨਾ ਕਰਨ ਲਈ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਮੋਗਾ ਵਿਖੇ ਸਮੂਹ ਵਿਭਾਗਾਂ ਦੇ ਅਧਿਕਾਰੀਆਂ, ਕ੍ਰਮਚਾਰੀਆਂ ਤੇ ਪੰਜਾਬ ਸਟੇਟ ਮਨਿਸਟਰੀਅਲ ਯੂਨੀਅਨ ਮੋਗਾ ਦੇ ਸਹਿਯੋਗ ਨਾਲ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠਾਂ ਦੇ ਭੋਗ ਪਾਏ ਗਏ।ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰ. ਕੁਲਵੰਤ ਸਿੰਘ, ਡੀ ਆਈ ਜੀ ਸ੍ਰ. ਇੰਦਰਬੀਰ ਸਿੰਘ, ਸੀਨੀਅਰ ਕਪਤਾਨ ਪੁਲਸ ਮੋਗਾ ਸ੍ਰੀ ਵਿਵੇਕਸ਼ੀਲ ਸੋਨੀ, ਐੱਸ ਡੀ ਐੱਮ ਸਾਰੰਗਪ੍ਰੀਤ ਸਿੰਘ ਔਜਲਾ ਤੇ ਸ੍ਰੀਮਤੀ ਚਾਰੂ ਮਿਤਾ, ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਮੋਗਾ ਸ੍ਰ. ਪ੍ਰਭਦੀਪ ਸਿੰਘ ਸਮੇਤ ਹੋਰ ਸੀਨੀਅਰ ਅਧਿਕਾਰੀਆਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਹਾਜ਼ਰੀਆਂ ਭਰ, ਸਰਬੱਤ ਦੇ ਭਲੇ ਦੀ ਅਰਦਾਸ ਕੀਤੀ।ਇਸ ਮੌਕੇ ਸਮੂਹ ਵਿਭਾਗਾਂ ਦੇ ਮੁਲਾਜ਼ਮ ਵੀ ਹਾਜ਼ਰ ਸਨ।ਡਿਪਟੀ ਕਮਿਸ਼ਨਰ ਸ੍ਰ. ਕੁਲਵੰਤ ਸਿੰਘ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈਂਦਿਆਂ ਨਵੇਂ ਸਾਲ ਵਿੱਚ ਸ੍ਰੀ ਸੁਖਮਨੀ ਸਾਹਿਬ ਦੇ ਪਾਠਾਂ ਦੇ ਭੋਗ ਪਾਉਣ ਦੇ ਅਧਿਕਾਰੀਆਂ/ਕ੍ਰਮਚਾਰੀਆਂ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਤੇ ਨਵੇਂ ਸਾਲ ਦੀ ਵਧਾਈ ਦਿੱਤੀ।ਉਨ੍ਹਾ ਕਿਹਾ ਕਿ ਆਓ ਅਸੀਂ ਸਾਰੇ ਅੱਜ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਹਜ਼ੂਰੀ ਵਿੱਚ ਪ੍ਰਾਮਤਮਾ ਅੱਗੇ ਅਰਦਾਸ ਕਰੀਏ ਕਿ ਸਾਡਾ ਸਾਰਿਆਂ ਦਾ ਨਵਾਂ ਵਰ੍ਹਾ-2024 ਕੁਦਰਤੀ ਆਫ਼ਤਾਂ ਤੋਂ ਬਗੈਰ ਸੁਖੀ ਸਾਂਦੀ ਬਤੀਤ ਹੋਵੇ।ਅਖੀਰ ਵਿੱਚ ਚਾਹ, ਪ੍ਰਸ਼ਾਦਿਆਂ ਦਾ ਲੰਗਰ ਅਤੁੱਟ ਵਰਤਾਇਆ ਗਿਆ।

## ਅਨੇਕ ਘਾਟਾਂ 'ਚ ਘਿਰਿਆ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ

### ਨੈਸ਼ਨਲ ਕੰਜ਼ਿਊਮਰ ਅਵੇਅਰਨੈਸ ਗਰੁੱਪ ਨੇ ਕੀਤੀ ਘਾਟਾਂ ਦੂਰ ਕਰਨ ਦੀ ਮੰਗ




**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਪਰਿਜਤ ਸਿੰਘ)**-ਮੁਕਤਸਰ ਪ੍ਰਬੰਧਕੀ ਕੰਪਲੈਕਸ ਦੀ ਇਮਾਰਤ ਦੀ ਉਸਾਰੀ 7 ਨਵੰਬਰ 1995 ਨੂੰ ਜ਼ਿਲ੍ਹਾ ਬਣਨ ਤੋਂ ਬਾਅਦ ਅੱਧ ਵਿਚਕਾਰ ਹੀ ਛੱਡ ਦਿੱਤੀ ਗਈ। ਪ੍ਰੰਤੂ ਇਮਾਰਤਾਂ ਦੀ ਘਾਟ ਕਾਰਨ ਬਹੁਤ ਸਾਰੇ ਸਰਕਾਰੀ ਦਫ਼ਤਰ ਸ਼ਹਿਰ 'ਚ ਕਿਰਾਏ ਦੇ ਮਕਾਨਾਂ 'ਚ ਹੀ ਚੱਲ ਰਹੇ ਹਨ। ਜ਼ਿਲ੍ਹਾ ਬਣਨ ਤੋਂ ਬਾਅਦ ਨਾ ਤਾਂ ਆਫ਼ੀਸਰ ਕਲੋਨੀ ਬਣਾਈ ਗਈ ਅਤੇ ਨਾ ਹੀ ਜੱਜਾਂ ਵਾਸਤੇ ਰਿਹਾਇਸ਼ੀ ਕੋਠੀਆਂ। ਬਠਿੰਡਾ ਰੋਡ 'ਤੇ ਕਰੋੜਾਂ ਰੁਪਏ ਖਰਚ ਕੇ ਪੁਲਸ ਲਾਈਨ 'ਚ ਪੁਲਸ ਕਰਮਚਾਰੀਆਂ ਅਤੇ ਅਧਿਕਾਰੀਆਂ ਲਈ ਰਿਹਾਇਸ਼ੀ ਕੁਆਰਟਰ ਬਣਾਏ ਗਏ। ਪਰ ਉਨ੍ਹਾਂ ਦੀ ਹਾਲਤ ਖਸਤਾ ਹੋਣ ਕਰਕੇ ਪੁਲਸ ਕਰਮਚਾਰੀਆਂ ਨੇ ਲੈਣ ਤੋਂ ਇਨਕਾਰ ਕਰ ਦਿੱਤਾ। ਇਨ੍ਹਾਂ ਸਟਾਫ਼ ਕੁਆਰਟਰਾਂ ਦੀ ਸਪੈਸ਼ਲ ਮੁਰੰਮਤ ਕਰਨ ਦੀ ਲੋੜ ਹੈ। ਐਸ.ਐਸ.ਪੀ. ਦਫਤਰ ਦੀ ਇਮਾਰਤ ਵੀ ਮਿੰਨੀ ਸਕੱਤਰੇਤ 'ਚ ਨਹੀਂ ਬਣਾਈ ਗਈ। ਐਸ.ਐਸ. ਪੀ ਦਾ ਦਫ਼ਤਰ ਪੁਲਸ ਲਾਈਨ 'ਚ ਆਰਜ਼ੀ ਤੌਰ 'ਤੇ ਚੱਲ ਰਿਹਾ ਹੈ। ਨਹਿਰੀ ਕਲੋਨੀ ਦੀ ਹਾਲਤ ਖਸਤਾ ਹੈ। ਸ਼ਹਿਰ 'ਚ ਪੰਜਾਬ ਸਰਕਾਰ ਦਾ ਕੋਈ ਰੈਸਟ ਹਾਊਸ ਨਹੀਂ ਹੈ। ਸ਼ਹਿਰ ਦਾ ਵਾਟਰ ਵਰਕਸ ਪੂਰਾ ਸਵੱਛ ਪਾਣੀ ਸਪਲਾਈ ਕਰਨ ਵਿਚ ਅਸਮਰੱਥ ਹੈ। ਸੀਵਰੇਜ ਸਿਸਟਮ ਵੀ ਪੂਰੀ ਸਮਰੱਥਾ ਨਾਲ ਨਹੀਂ ਚੱਲ ਰਿਹਾ। ਕਈ ਥਾਵਾਂ 'ਤੇ ਆਰਜ਼ੀ ਮੋਟਰਾਂ ਲਗਾ ਕੇ ਸੀਵਰੇਜ ਦਾ ਗੰਦਾ ਪਾਣੀ ਲਿਫ਼ਟ ਕੀਤਾ ਜਾਂਦਾ ਹੈ। ਸੀਵਰੇਜ ਟਰੀਟਮੈਂਟ ਪਲਾਂਟ ਵੀ ਬੰਦ ਹਨ। ਦੁਸਹਿਰਾ ਗਰਾਊਂਡ ਤੋਂ ਬਲਮਗੜ੍ਹ ਡਿਸਪੋਜ਼ਲ ਤੱਕ ਸੀਵਰੇਜ ਦਾ ਪ੍ਰੈਸ਼ਰ ਪਾਈਪ ਪਾਉਣ ਲਈ 5.97 ਕਰੋੜ ਰੁਪਏ ਮਨਜ਼ੂਰ ਹੋਏ ਸਨ ਪਰ ਇਹ ਕੰਮ ਕਿਸੇ ਕਾਰਨ ਕਰਕੇ ਸ਼ੁਰੂ ਨਹੀਂ ਹੋ ਸਕਿਆ। ਸ਼ਹਿਰ ਦੀਆਂ ਸੜਕਾਂ ਦੀ ਹਾਲਤ ਵੀ ਤਰਸਯੋਗ ਹੈ। ਕੁਝ ਸੜਕਾਂ ਭਵਨ ਅਤੇ ਮਾਰਗ ਸ਼ਾਖਾ, ਕੁਝ ਪੰਜਾਬ ਮੰਡੀ ਬੋਰਡ, ਕੁਝ ਨਗਰ ਕੌਂਸਲ ਤੋਂ ਇਲਾਵਾ ਨੈਸ਼ਨਲ ਹਾਈਵੇ ਦੇ ਅਧੀਨ ਹਨ। ਨਗਰ ਕੌਂਸਲ ਦਾ ਆਪਣਾ ਵਿਸ਼ਾਲ ਦਫ਼ਤਰ ਹੈ ਜਦਕਿ ਸ਼ਹਿਰ ਵਿਚ ਸਫ਼ਾਈ ਦੀ ਸਮੱਸਿਆ ਰਹਿੰਦੀ ਹੈ ਅਤੇ ਕੂੜੇ ਦੇ ਢੇਰ ਜਗ੍ਹਾ ਜਗ੍ਹਾ ਲੱਗੇ ਹਨ। ਖਾਸ ਕਰਕੇ ਨਗਰ ਕੌਂਸਲ ਦਫ਼ਤਰ ਦੇ ਸਾਹਮਣੇ ਹੀ ਕੂੜਾ ਸੁੱਟਿਆ ਜਾਂਦਾ ਹੈ । ਹਸਪਤਾਲ 'ਚ ਡਾਕਟਰਾਂ ਦੀ ਘਾਟ ਹਮੇਸ਼ਾ ਬਣੀ ਰਹਿੰਦੀ ਹੈ ਅਤੇ ਸਬਜ਼ੀ ਮੰਡੀ ਸਿਰਫ਼ ਨਾਂਅ ਦੀ ਹੈ ਅਤੇ ਅਨਾਜ ਮੰਡੀ ਹਰ ਪੱਖ ਤੋਂ ਸੁਧਾਰ ਮੰਗਦੀ ਹੈ। ਖੁਦ ਮਾਰਕਿਟ ਕਮੇਟੀ ਦਾ ਕੋਈ ਦਫ਼ਤਰ ਨਹੀਂ ਅਤੇ ਕਿਸਾਨਾਂ ਦੇ ਅਰਾਮ ਘਰ 'ਚ ਦਫ਼ਤਰ ਸ਼ਿਫ਼ਟ ਕਰਕੇ ਕਿਸਾਨਾਂ ਨੂੰ ਸਹੂਲਤ ਤੋਂ ਵਾਂਝਾ ਕੀਤਾ ਹੋਇਆ ਹੈ। ਗੁਰੂਹਰਸਹਾਏ ਰੋਡ 'ਤੇ ਬਣਿਆ ਫੋਕਲ ਪੁਆਇੰਟ ਫੇਲ੍ਹ ਹੋਣ ਕਾਰਨ ਪਸ਼ੂ ਮੰਡੀ 'ਚ ਸ਼ਿਫ਼ਟ ਕਰ ਦਿੱਤਾ ਗਿਆ। ਕਿਉਂਕਿ ਪਸ਼ੂ ਧਨ ਦੀ ਮੰਡੀ ਲਈ ਲੋੜੀਂਦੀ ਜਗ੍ਹਾ ਨਹੀਂ ਹੈ। ਇਥੇ ਹੀ ਘੋੜਾ ਮੰਡੀ ਉਤਰੀ ਭਾਰਤ ਦੀ ਪ੍ਰਸਿੱਧ ਮੰਡੀ ਹੈ। ਜਿਸ ਨੂੰ ਹਰ ਪ੍ਰਕਾਰ ਨਾਲ ਵਿਕਸਤ ਕਰਕੇ ਸਹੂਲਤਾਂ ਦੇਣ ਦੀ ਲੋੜ ਹੈ। ਨਵੇਂ ਪੁਲ ਦੇ ਹੇਠਾਂ ਕੱਚੀ ਥਾਂ 'ਤੇ ਲਾਕ ਟਾਇਲ ਲਗਾਉਣ ਅਤੇ ਸਰਵਿਸ ਰੋਡ ਨੂੰ ਪੂਰਾ ਕਰਨ ਦੀ ਲੋੜ ਹੈ। ਸ਼ਹਿਰ 'ਚ ਕਰੀਬ 6 ਸਰਕਾਰੀ ਸਕੂਲਾਂ 'ਚੋਂ ਕਿਸੇ ਕੋਲ ਵੀ ਖੇਡ ਗਰਾਊਂਡ ਨਹੀਂ। ਨਗਰ ਕੌਂਸਲ ਕੋਲ ਮੇਲੇ ਲਈ ਕੋਈ ਜਗ੍ਹਾ ਨਹੀਂ ਨਾ ਹੀ ਖੇਡ ਮੈਦਾਨ ਹੈ। ਪੁਰਾਣੀ ਜੇਲ੍ਹ ਦੀ ਜਗ੍ਹਾ ਨੌਜਵਾਨਾਂ ਨੂੰ ਖੇਡ ਮੈਦਾਨ ਵਜੋਂ ਦੇਣੀ ਚਾਹੀਦੀ ਹੈ। ਡਾਕਘਰ ਦੀ ਆਪਣੀ ਕੋਈ ਇਮਾਰਤ ਨਹੀਂ । ਜਨਤਕ ਲਾਇਬ੍ਰੇਰੀ ਦੀ ਲੋੜ ਹੈ। ਬੂੜਾ ਗੁੱਜਰ ਰੋਡ 'ਤੇ ਰੇਲਵੇ ਵਿਭਾਗ ਵੱਲੋਂ ਅੰਡਰ ਬ੍ਰਿਜ ਦੀ ਉਸਾਰੀ ਲਈ ਮਨਜ਼ੂਰੀ ਦਿੱਤੀ ਜਾ ਚੁੱਕੀ ਹੈ। ਪਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਰੇਲਵੇ ਨੂੰ ਅੰਡਰ ਬ੍ਰਿਜ ਦੀ ਪਰਪੋਜ਼ਲ ਨਹੀਂ ਭੇਜੀ ਗਈ ਨਾ ਹੀ ਨਿਸ਼ਾਨਦੇਹੀ ਕੀਤੀ ਗਈ ਹੈ। ਡੀ ਏ ਵੀ ਸਕੂਲ ਕੋਲ ਲੱਗਿਆ ਆਰਜ਼ੀ ਸੀਵਰੇਜ ਪੰਪ ਵੀ ਸ਼ਿਫਟ ਨਹੀਂ ਕੀਤਾ ਗਿਆ। ਫਾਟਕ ਤੋਂ ਪਾਰ ਪਾਰਕ, ਹਸਪਤਾਲ ਅਤੇ ਬਿਜਲੀ ਦੇ ਉਪਮੰਡਲ ਦਫ਼ਤਰ, ਪੁਲਸ ਚੌਂਕੀ, ਡਾਕਘਰ ਦੀ ਬ੍ਰਾਂਚ ਦੀ ਲੋੜ ਹੈ। ਸ਼ਹਿਰੀਆਂ ਲਈ ਲੋਕਲ ਬੱਸਾਂ ਦੀ ਵੀ ਜ਼ਰੂਰਤ ਹੈ। ਭਾਰਤ ਸਰਕਾਰ ਵੱਲੋਂ ਸ਼ਹਿਰ ਵਿਚ ਕਮਿਊਨਿਟੀ ਹਾਲ ਬਣਾਉਣ ਲਈ ਗ੍ਰਾਂਟ ਜਾਰੀ ਕੀਤੀ ਸੀ। ਪਰ ਕੌਂਸਲ ਦੀ ਅਣਗਹਿਲੀ ਕਰਕੇ ਇਹ ਗ੍ਰਾਂਟ ਖੁਰਦ ਬੁਰਦ ਕਰ ਦਿੱਤੀ ਗਈ। ਕਮਿਊਨਿਟੀ ਹਾਲ ਦੀ ਉਸਾਰੀ ਨਹੀਂ ਕੀਤੀ ਗਈ। ਰੈਡ ਕਰਾਸ ਵੱਲੋਂ ਇਲਾਕਾ ਵਾਸੀਆਂ ਦੇ ਰਹਿਣ ਲਈ ਧਰਮਸ਼ਾਲਾ ਅਤੇ ਨੌਜਾਵਾਨਾਂ ਨੂੰ ਖੇਡਾਂ ਦੇ ਸਮੇਂ ਸਰਕਾਰੀ ਕੰਮ 'ਤੇ ਆਉਣ ਸਮੇਂ ਯੂਥ ਹੋਸਟਲ ਉਸਾਰਨ ਦੀ ਲੋੜ ਹੈ। ਸ਼ਹਿਰ 'ਚ ਕਈ ਗਊਸ਼ਾਲਾ ਹੋਣ ਦੇ ਬਾਵਜੂਦ ਅਵਾਰਾ ਪਸ਼ੂਆਂ ਦੀ ਭਰਮਾਰ ਹੈ। ਜਦਕਿ ਸ਼ਹਿਰ ਦੀ ਹਾਲਤ ਸੁਧਾਰ ਕੇ ਇਸ ਨੂੰ ਟੂਰਿਜ਼ਮ ਸ਼ਹਿਰ ਦਾ ਦਰਜਾ ਦਿੱਤਾ ਜਾਣਾ ਚਾਹੀਦਾ ਹੈ। ਨੈਸ਼ਨਲ ਕੰਜ਼ਿਊਮਰ ਅਵੇਅਰਨੈਸ ਗਰੁੱਪ ਦੇ ਜ਼ਿਲ੍ਹਾ ਪ੍ਰਧਾਨ ਸ਼ਾਮ ਲਾਲ ਗੋਇਲ, ਜਨਰਲ ਸਕੱਤਰ ਗੋਬਿੰਦ ਸਿੰਘ ਦਾਬੜਾ ਨੇ ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਸ਼ਹਿਰ ਦੇ ਅਧੂਰੇ ਪਏ ਕੰਮਾਂ ਨੂੰ ਪੂਰਾ ਕੀਤਾ ਜਾਵੇ।

## ਤਰਸੇਮ ਗੋਇਲ ਨੇ ਸਾਧੂਆਂ ਨੂੰ ਵੰਡੇ ਕੰਬਲ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਪਰਮਜੀਤ ਸਿੰਘ)**-ਸ਼ਹਿਰ ਦੀ ਨਾਮਵਰ ਸੰਸਥਾ ਕਲੀਨ ਐਂਡ ਗਰੀਨ ਸੇਵਾ ਸੁਸਾਇਟੀ ਲਗਾਤਾਰ ਲੋੜਵੰਦ ਲੋਕਾਂ ਦੀ ਮੱਦਦ ਕਰਦੀ ਆ ਰਹੀ ਹੈ ਤੇ ਇਸੇ ਲੜੀ ਤਹਿਤ ਸੁਸਾਇਟੀ ਦੇ ਪ੍ਰਧਾਨ ਤਰਸੇਮ ਗੋਇਲ ਵੱਲੋਂ ਸ੍ਰੀ ਮੁਕਤਸਰ ਸਾਹਿਬ ਵਿਖੇ ਦੂਰ ਦੁਰਾਡਿਓਂ ਪਹੁੰਚੇ ਸਾਧੂਆਂ ਨੂੰ ਸਰਦੀ ਤੋਂ ਬਚਾਅ ਲਈ ਗਰਮ ਕੰਬਲ ਵੰਡੇ ਗਏ।ਇਸ ਮੌਕੇ ਸਾਧੂਆਂ ਨੇ ਸੁਸਾਇਟੀ ਪ੍ਰਧਾਨ ਤਰਸੇਮ ਗੋਇਲ ਨੂੰ ਆਸ਼ੀਰਵਾਦ ਦਿੱਤਾ ਤੇ ਧੰਨਵਾਦ ਕੀਤਾ।ਇਸ ਮੌਕੇ ਤਰਸੇਮ ਗੋਇਲ ਨੇ ਦੱਸਿਆ ਕਿ ਜਨਵਰੀ ਮਹੀਨੇ ਦੀ ਅੱਤ ਦੀ ਸਰਦੀ 'ਚ ਹਰ ਇੱਕ ਵਿਅਕਤੀ ਠੰਢ ਨਾਲ ਕੰਬ ਰਿਹਾ ਤੇ ਲੋਕ ਘਰਾਂ ਵਿੱਚੋਂ ਬਾਹਰ ਨਿਕਲਣ ਤੋਂ ਵੀ ਗੁਰੇਜ਼ ਕਰ ਰਹੇ ਹਨ, ਪਰ ਸ਼ਹਿਰ ਵਿੱਚ ਬਹੁਤ ਸਾਰੇ ਅਜਿਹੇ ਲੋਕ ਹਨ, ਜੋ ਇਸ ਸਰਦੀ 'ਚ ਕਿਸੇ ਮਜਬੂਰੀ ਵੱਸ ਖੁੱਲ੍ਹੇ ਆਸਮਾਨਾਂ ਹੇਠ ਸਰਦ ਰੁੱਤ ਕੱਟਣ ਲਈ ਮਜਬੂਰ ਹਨ, ਜਿਨ੍ਹਾਂ ਦੀ ਸੇਵਾ ਕਰਨਾ ਸਾਡਾ ਮੁੱਢਲਾ ਧਰਮ ਹੈ।ਇਸ ਧਰਮ ਨੂੰ ਸਮਝਦੇ ਹੋਏ ਸਾਡੀ ਸੁਸਾਇਟੀ ਲਗਾਤਾਰ ਅਜਿਹੇ ਲੋੜਵੰਦ ਲੋਕਾਂ ਦੀ ਮੱਦਦ ਲਈ ਅੱਗੇ ਆ ਰਹੀ ਹੈ।ਉਨ੍ਹਾ ਦੱਸਿਆ ਕਿ ਇਹ ਨੇਕ ਕਾਰਜ ਭਵਿੱਖ ਵਿੱਚ ਇਸੇ ਤਰ੍ਹਾਂ ਜਾਰੀ ਰਹੇਗਾ।

**Capital Small Finance Bank**

HO:- MIDAS Corporate Park, 3rd Floor, 37, G.T. Road, Jalandhar-144001, Punjab, India.

**ਜਾਇਦਾਦ ਵਿਕਰੀ ਨੋਟਿਸ**

ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮ: ਦੇ ਅਧਿਕਾਰਤ ਅਫਸਰ ਵਜੋਂ ਹੇਠਾਂ ਦਰਸਾਈਆਂ ਜਾਇਦਾਦਾਂ ਦਾ ਸਰਫੇਸੀ ਐਕਟ ਦੇ ਸੈਕਸ਼ਨ 13 (4) ਤਹਿਤ ਕਬਜ਼ਾ ਹਾਸਲ ਕਰ ਲਿਆ ਹੈ। ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਹੇਠਾਂ ਦਰਸਾਏ ਮਾਮਲੇ 'ਚ ਐੱਨ ਪੀ ਏ ਦੇ ਖਾਤਿਆਂ ਵਿਰੁੱਧ ਖੜ੍ਹੀ ਬਕਾਇਆ ਰਕਮ ਜਮ੍ਹਾਂ ਭਵਿੱਖੀ ਵਿਆਜ ਅਤੇ ਹੋਰ ਚਾਰਜਿਜ ਦੀ ਵਸੂਲੀ ਲਈ ਬੈਂਕ ਵੱਲੋਂ 29.01.2024 ਨੂੰ ਵਿਕਰੀ ਕੀਤੀ ਜਾਵੇਗੀ।

ਖਾਤੇ ਦਾ ਨਾਂਅ : 1. ਮੈਸਰਜ਼ ਵੀ ਐੱਸ ਬੀ ਇੰਪੋਰਟ ਐਕਸਪੋਰਟ ਹਾਊਸ ਰਾਹੀਂ ਇਸ ਦੇ ਮਾਲਕ ਗੁਰਸੱਜਣ ਸਿੰਘ ਬੇਦੀ ਪੁੱਤਰ ਸ੍ਰੀ ਇਕਬਾਲ ਸਿੰਘ ਬੇਦੀ ਰਜਿਸਟਰਡ ਦਫ਼ਤਰ ਦੁਕਾਨ ਨੰ: 05, ਪਹਿਲੀ ਮੰਜ਼ਿਲ, ਸਾਹਮਣੇ ਰੇਲਵੇ ਵਰਕਸ਼ਾਪ ਪੁਤਲੀਘਰ, ਅੰਮ੍ਰਿਤਸਰ। 2. ਮੈਸਰਜ਼ ਬੇਦੀ ਐਕਸਪੋਰਟ ਰਾਹੀਂ ਇਸ ਦੇ ਮਾਲਕ ਸ੍ਰੀਮਤੀ ਬਲਬੀਰ ਕੌਰ ਪਤਨੀ ਸ੍ਰੀ ਇਕਬਾਲ ਸਿੰਘ ਬੇਦੀ ਵਾਸੀ ਦੁਕਾਨ ਨੰ: 5, ਪਹਿਲੀ ਮੰਜ਼ਲ ਸਾਹਮਣੇ ਰੇਲਵੇ ਵਰਕਸ਼ਾਪ, ਜੀ. ਟੀ. ਰੋਡ ਪੁਤਲੀਘਰ, ਅੰਮ੍ਰਿਤਸਰ।

ਬਕਾਇਆ ਰਾਸ਼ੀ : 1. ਰੁਪਏ 12,23,26,111.41 2. ਰੁਪਏ 7,39,58,817.75 (ਅਤੇ 1.01.2024 ਤੋਂ ਭਵਿੱਖੀ ਵਿਆਜ)

ਜਾਇਦਾਦ ਦਾ ਵੇਰਵਾ : 1. ਸ੍ਰੀਮਤੀ ਬਲਬੀਰ ਕੌਰ ਪਤਨੀ ਇਕਬਾਲ ਸਿੰਘ ਦੇ ਨਾਂਅ ਅਚੱਲ ਜਾਇਦਾਦ ਰਕਬਾ 250 ਵਰਗ ਗਜ਼, ਮਕਾਨ ਨੰ: 179, ਇੰਪੀਰੀਅਲ ਸਿਟੀ ਨੇੜੇ ਗੁਰਦੁਆਰਾ ਸਾਹਿਬ ਮੀਰਾਂਕੋਟ ਚੌਕ ਅੰਮ੍ਰਿਤਸਰ [illegible]

[illegible]

ਸਥਾਨ : ਜਲੰਧਰ ਮਿਤੀ : 08.01.2024 ਅਧਿਕਾਰਤ ਅਫਸਰ

**Capital Small Finance Bank**

HO:- MIDAS Corporate Park, 3rd Floor, 37, G.T. Road, Jalandhar-144001, Punjab, India.

**ਜਾਇਦਾਦ ਵਿਕਰੀ ਨੋਟਿਸ**

[illegible]

ਬਕਾਇਆ ਖੜ੍ਹੀ ਰਕਮ : 08-01-2024 ਨੂੰ:- CC Limit/025300000048: Rs. 8,74,54,206/- ODT Limit/025400000262: Rs. 70,81,962.91 WCTL ECLGS/025612000054: Rs. 1,79,35,690/- WCTL/025612000154: Rs. 3,54,57,127.94 [illegible]

[illegible]

ਸਥਾਨ : ਜਲੰਧਰ ਮਿਤੀ : 8.01.2024 ਅਧਿਕਾਰਤ ਅਫਸਰ

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Fatehpuri

ਸੰਪਾਦਕ : ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਵਲੋਂ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

ਪੰਜਾਬ ਸਰਕਾਰ · सत्यमेव जयते · GOVT. OF PUNJAB

Punjab Land of Unlimited Opportunities

# ਬਿਜਲੀ ਦੇ ਖੇਤਰ 'ਚ
# ਵਧਦੇ ਕਦਮ



**ਭਗਵੰਤ ਸਿੰਘ ਮਾਨ**
ਮੁੱਖ ਮੰਤਰੀ, ਪੰਜਾਬ

- **90 ਫ਼ੀਸਦੀ ਤੋਂ ਵੱਧ ਲੋਕਾਂ** ਦਾ ਆਇਆ **ਜ਼ੀਰੋ ਬਿਜਲੀ ਬਿੱਲ**
- ਪੰਜਾਬ ਵਿੱਚ **100 ਫ਼ੀਸਦੀ ਟਿਊਬਵੈੱਲਾਂ** ਲਈ **ਮੁਫ਼ਤ ਬਿਜਲੀ**
- **ਕਿਸਾਨਾਂ ਨੂੰ ਸਿੰਚਾਈ ਲਈ ਨਿਰਵਿਘਨ ਬਿਜਲੀ ਸਪਲਾਈ**
- **ਨਿੱਜੀ ਥਰਮਲ ਪਾਵਰ ਪਲਾਂਟ ਖ਼ਰੀਦ** ਕੇ **ਸਿਰਜਿਆ ਇਤਿਹਾਸ, ₹350 ਕਰੋੜ** ਦੀ ਹੋਵੇਗੀ **ਸਾਲਾਨਾ ਬੱਚਤ**
- **ਉਦਯੋਗਾਂ** ਦੀਆਂ **ਬਿਜਲੀ ਸਮੱਸਿਆਵਾਂ** ਦਾ ਪਹਿਲ ਦੇ ਆਧਾਰ 'ਤੇ **ਨਿਪਟਾਰਾ**
  **ਹੈਲਪਲਾਈਨ ਵੱਟਸਐਪ ਨੰਬਰ 9646119141** ਅਤੇ **ਈਮੇਲ industrial-cell@pspcl.in**
- **ਪੀ.ਐੱਸ.ਪੀ.ਸੀ.ਐੱਲ.** ਨੂੰ 1 ਅਪ੍ਰੈਲ 2023 ਤੋਂ 30 ਸਤੰਬਰ 2023 ਤੱਕ **₹564.75 ਕਰੋੜ ਦਾ ਮੁਨਾਫ਼ਾ**







## ਨੇਕ ਨੀਅਤ
## ਇਮਾਨਦਾਰ ਸਰਕਾਰ

**ਬਿਜਲੀ ਵਿਭਾਗ, ਪੰਜਾਬ**

10-jan-PAGE-4.qxd 1/9/2024 11:02 PM Page 1

ਨਵਾਂ ਜ਼ਮਾਨਾ
ਬੁੱਧਵਾਰ, 10 ਜਨਵਰੀ 2024

# ਮੋਦੀ ਨੂੰ ਹਰਾਉਣਾ ਮੁਮਕਿਨ

*ਸਵਾ ਕੁ ਮਹੀਨਾ ਪਹਿਲਾਂ ਹੋਈਆਂ ਵਿਧਾਨ ਸਭਾ ਚੋਣਾਂ ਵਿੱਚ ਭਾਜਪਾ ਨੇ ਹਿੰਦੀ ਪੱਟੀ ਦੇ ਤਿੰਨ ਰਾਜਾਂ ਰਾਜਸਥਾਨ, ਮੱਧ ਪ੍ਰਦੇਸ਼ ਤੇ ਛੱਤੀਸਗੜ੍ਹ ਵਿੱਚ ਕਾਂਗਰਸ ਨੂੰ ਕਰਾਰੀ ਹਾਰ ਦਿੱਤੀ ਸੀ। ਉਦੋਂ ਤੋਂ ਹੀ ਗੋਦੀ ਮੀਡੀਆ ਇਸ ਜਿੱਤ ਨੂੰ 2024 ਦੀਆਂ ਲੋਕ ਸਭਾ ਚੋਣਾਂ ਲਈ ਸੈਮੀਫਾਈਨਲ ਕਹਿ ਕੇ ਭਾਜਪਾ ਦੇ ਹੱਕ ਵਿੱਚ ਮੁਹਿੰਮ ਖੜ੍ਹੀ ਕਰ ਰਿਹਾ ਸੀ। ਉਹ ਇਹ ਵੀ ਭੁੱਲ ਗਿਆ ਸੀ ਕਿ 2023 ਦੇ ਵਰ੍ਹੇ ਦੌਰਾਨ ਕਾਂਗਰਸ ਨੇ ਭਾਜਪਾ ਕੋਲੋਂ ਦੋ ਰਾਜ ਕਰਨਾਟਕ ਤੇ ਹਿਮਾਚਲ ਪ੍ਰਦੇਸ਼ ਖੋਹੇ ਸਨ ਤੇ ਤੀਜੇ ਰਾਜ ਤੇਲੰਗਾਨਾ ਵਿੱਚ ਭਾਜਪਾ ਦੀ ਬੀ ਟੀਮ ਕਹੀ ਜਾਣ ਵਾਲੀ ਭਾਰਤ ਰਾਸ਼ਟਰੀ ਸਮਿਤੀ ਨੂੰ ਕਰਾਰੀ ਹਾਰ ਦਿੱਤੀ ਸੀ। ਗੋਦੀ ਮੀਡੀਆ ਨੇ ਇਸ ਗੱਲ ਨੂੰ ਵੀ ਨਜ਼ਰਅੰਦਾਜ਼ ਕਰ ਦਿੱਤਾ ਕਿ 2018 ਵਿੱਚ ਹੋਈਆਂ ਇਨ੍ਹਾਂ ਤਿੰਨ ਰਾਜਾਂ ਦੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਨੇ ਭਾਜਪਾ ਨੂੰ ਹਰਾ ਦਿੱਤਾ ਸੀ, ਪਰ 6 ਮਹੀਨੇ ਬਾਅਦ ਹੋਈਆਂ ਲੋਕ ਸਭਾ ਚੋਣਾਂ ਵਿੱਚ ਭਾਜਪਾ ਨੇ ਕਾਂਗਰਸ ਦਾ ਸਫ਼ਾਇਆ ਕਰ ਦਿੱਤਾ ਸੀ।*

*ਹੁਣ ਜਦੋਂ ਰਾਜਸਥਾਨ ਦੀ ਸ੍ਰੀ ਕਰਨਪੁਰ ਸੀਟ ਦਾ ਰਿਜ਼ਲਟ ਆਇਆ ਹੈ ਤਾਂ ਗੋਦੀ ਮੀਡੀਆ ਨੂੰ ਸੱਪ ਸੁੰਘ ਗਿਆ ਹੈ। ਸ੍ਰੀ ਕਰਨਪੁਰ ਦੇ ਨਤੀਜੇ ਨੇ ਸੰਕੇਤ ਦਿੱਤਾ ਹੈ ਕਿ ਰਾਜ ਦੇ ਲੋਕ ਪਿਛਲੀ ਵਾਰ ਦਾ ਇਤਿਹਾਸ ਦੁਹਰਾਉਣ ਦੇ ਮੂਡ ਵਿੱਚ ਹਨ। ਇਸ ਸੀਟ ’ਤੇ ਕਾਂਗਰਸ ਉਮੀਦਵਾਰ ਗੁਰਮੀਤ ਸਿੰਘ ਦੀ ਮੌਤ ਹੋਣ ਕਾਰਨ ਚੋਣ ਮੁਲਤਵੀ ਹੋ ਗਈ ਸੀ। ਭਾਜਪਾ ਨੇ 199 ਸੀਟਾਂ ਵਿੱਚੋਂ 115 ਜਿੱਤ ਕੇ ਸਰਕਾਰ ਬਣਾ ਲਈ ਸੀ। ਕਾਂਗਰਸ ਦੇ ਪੱਲੇ 69 ਸੀਟਾਂ ਪਈਆਂ ਸਨ।*

*ਕਿਹਾ ਜਾਂਦਾ ਹੈ ਕਿ ਜ਼ਿਮਨੀ ਚੋਣ ਵਿੱਚ ਆਮ ਤੌਰ ਉਤੇ ਸੱਤਾਧਾਰੀ ਪਾਰਟੀ ਦੀ ਜਿੱਤ ਹੁੰਦੀ ਹੈ। ਭਾਜਪਾ ਨੇ ਤਾਂ ਇਹ ਸੀਟ ਜਿੱਤਣ ਲਈ ਸਭ ਲੋਕਤੰਤਰੀ ਅਸੂਲਾਂ ਨੂੰ ਬਲੀ ਚੜ੍ਹਾਉਦਿਆਂ ਆਪਣੇ ਉਮੀਦਵਾਰ ਸੁਰਿੰਦਰ ਪਾਲ ਸਿੰਘ ਟੀਟੀ ਨੂੰ ਜਿੱਤਣ ਤੋਂ ਪਹਿਲਾਂ ਹੀ ਮੰਤਰੀ ਦੇ ਅਹੁਦੇ ਦੀ ਸਹੁੰ ਚੁਕਾ ਦਿੱਤੀ ਸੀ। ਚੋਣ ਕਮਿਸ਼ਨ ਨੇ ਵੀ ਸ਼ਿਕਾਇਤ ਦੇ ਬਾਵਜੂਦ ਇਸ ਦੀ ਅਣਦੇਖੀ ਕਰਕੇ ਸੱਤਾਧਾਰੀ ਧਿਰ ਦੀ ਕੁਠਪੁਤਲੀ ਹੋਣ ਦੇ ਦੋਸ਼ਾਂ ਉੱਤੇ ਮੋਹਰ ਲਾ ਦਿੱਤੀ। ਇਸ ਦੇ ਬਾਵਜੂਦ ਜਨਤਾ ਨੇ ਸੱਤਾਧਾਰੀਆਂ ਤੇ ਉਸ ਦੇ ਦਲਾਲਾਂ ਦੇ ਮੂੰਹ ਉੱਤੇ ਕਰਾਰੀ ਚਪੇੜ ਮਾਰਦਿਆਂ ਕਾਂਗਰਸੀ ਉਮੀਦਵਾਰ ਨੂੰ ਵੱਡੇ ਫ਼ਰਕ ਨਾਲ ਜਿਤਾ ਦਿੱਤਾ। ਕਾਂਗਰਸੀ ਉਮੀਦਵਾਰ ਰੁਪਿੰਦਰ ਸਿੰਘ ਕੂਨਰ ਨੇ ਭਾਜਪਾਈ ਸੁਰਿੰਦਰ ਪਾਲ ਸਿੰਘ ਨੂੰ 11261 ਵੋਟਾਂ ਨਾਲ ਹਰਾਇਆ। ਇਸ ਸੀਟ ਤੋਂ ‘ਇੰਡੀਆ’ ਗੱਠਜੋੜ ਵਿੱਚ ਭਾਈਵਾਲ ਆਮ ਆਦਮੀ ਪਾਰਟੀ ਦੇ ਉਮੀਦਵਾਰ ਨੇ ਵੀ 11912 ਵੋਟ ਹਾਸਲ ਕੀਤੇ ਹਨ। ਇਸ ਤਰ੍ਹਾਂ ‘ਇੰਡੀਆ’ ਗੱਠਜੋੜ ਨੂੰ ਭਾਜਪਾ ਉਮੀਦਵਾਰ ਨਾਲੋਂ 23 ਹਜ਼ਾਰ 173 ਵੋਟ ਵੱਧ ਮਿਲੇ ਹਨ। 2019 ਦੀਆਂ ਲੋਕ ਸਭਾ ਚੋਣਾਂ ਵਿੱਚ ਸ੍ਰੀਗੰਗਾਨਗਰ ਲੋਕ ਸਭਾ ਸੀਟ, ਜਿਸ ਵਿੱਚ ਸ੍ਰੀਕਰਨਪੁਰ ਵਿਧਾਨ ਸਭਾ ਸੀਟ ਪੈਂਦੀ ਹੈ, ਤੋਂ ਭਾਜਪਾ ਦੇ ਨਿਹਾਲਚੰਦ ਮੇਘਵਾਲ 61.8 ਫੀਸਦੀ ਵੋਟਾਂ ਲੈ ਕੇ ਜਿੱਤੇ ਸਨ। ਹੁਣ ਸ੍ਰੀਕਰਨਪੁਰ ਵਿਧਾਨ ਸਭਾ ਦੀ ਚੋਣ ਵਿੱਚ ਪਈਆਂ ਵੋਟਾਂ ਨੂੰ ਦੇਖੀਏ ਤਾਂ ਕਾਂਗਰਸ ਨੂੰ 48.56 ਫ਼ੀਸਦੀ, ਆਪ ਨੂੰ 6.10 ਫ਼ੀਸਦੀ, ਭਾਵ ਇੰਡੀਆ ਗੱਠਜੋੜ ਨੂੰ 54.66 ਫ਼ੀਸਦੀ ਤੇ ਭਾਜਪਾ ਨੂੰ 42.73 ਫ਼ੀਸਦੀ ਵੋਟਾਂ ਪਈਆਂ ਹਨ।*

*ਇੱਕ ਗੱਲ ਸਪੱਸ਼ਟ ਸਮਝ ਲੈਣੀ ਚਾਹੀਦੀ ਹੈ ਕਿ ਕਿਸੇ ਵੀ ਰਾਜ ਦੇ ਲੋਕ ਇਹ ਨਹੀਂ ਚਾਹੁੰਦੇ ਕਿ ਉਨ੍ਹਾਂ ਦੇ ਰਾਜ ਦਾ ਮੁਖੀ ਦਿੱਲੀ ਵਾਲੇ ਨਾਮਜ਼ਦ ਕਰਨ। ਭਾਜਪਾ ਦੀ ਕੇਂਦਰੀ ਲੀਡਰਸ਼ਿਪ ਨੇ ਤਿੰਨਾਂ ਰਾਜਾਂ ਦੇ ਮੁੱਖ ਮੰਤਰੀਆਂ ਦੀ ਚੋਣ ਜਿਸ ਤਰ੍ਹਾਂ ਰਾਜ ਦੇ ਸਥਾਪਤ ਆਗੂਆਂ ਨੂੰ ਨਜ਼ਰਅੰਦਾਜ਼ ਕਰਕੇ ਕੀਤੀ ਹੈ, ਉਸ ਨੂੰ ਰਾਜ ਦੇ ਲੋਕਾਂ ਨੇ ਪਸੰਦ ਨਹੀਂ ਕੀਤਾ। ਅਸਲ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਸ਼ੁਰੂ ਤੋਂ ਹੀ ਇਹ ਸੋਚ ਰਹੀ ਹੈ ਕਿ ਉਨ੍ਹਾਂ ਦੇ ਹੁਕਮ ਤੋਂ ਬਿਨਾਂ ਕਿਸੇ ਰਾਜ ਵਿੱਚ ਵੀ ਪੱਤਾ ਨਹੀਂ ਹਿੱਲਣਾ ਚਾਹੀਦਾ। ਤਿੰਨਾਂ ਰਾਜਾਂ ਦੇ ਮੁੱਖ ਮੰਤਰੀ ਇਸੇ ਸੋਚ ਨੂੰ ਸਾਹਮਣੇ ਰੱਖ ਕੇ ਬਣਾਏ ਗਏ ਹਨ। ਹੁਣ ਤਿੰਨਾਂ ਰਾਜਾਂ ਦੇ ਮੁੱਖ ਸਕੱਤਰ ਤੇ ਪੁਲਸ ਮੁਖੀਆਂ ਦਾ ਫ਼ੈਸਲਾ ਵੀ ਪੀ ਐੱਮ ਓ ਤੋਂ ਹੋਵੇਗਾ। ਇਸ ਤਰ੍ਹਾਂ ਅਸਲ ਵਿੱਚ ਰਾਜ ਦੇ ਮੁਖੀ ਇਹ ਅਫ਼ਸਰ ਹੋਣਗੇ ਤੇ ਵਾਗਡੋਰ ਕੇਂਦਰ ਵਿੱਚ ਬੈਠੇ ਦੋਵੇਂ ਸ਼ਹਿਨਸ਼ਾਹਾਂ ਹੱਥ ਹੋਵੇਗੀ। ਇਸ ਤੋਂ ਪਹਿਲਾਂ ਹਰਿਆਣਾ, ਉੱਤਰਾਖੰਡ ਤੇ ਗੁਜਰਾਤ ਵਿੱਚ ਇਹੋ ਸਿਲਸਲਾ ਚਲਦਾ ਰਿਹਾ। ਸਿਆਸੀ ਲੀਡਰਸ਼ਿਪ ਤਾਂ ਸਿਰਫ਼ ਨਾਂਅ ਦੀ ਲੀਡਰਸ਼ਿਪ ਹੋਵੇਗੀ, ਅਸਲ ਰਾਜ ਪ੍ਰਬੰਧ ਅਫ਼ਸਰਸ਼ਾਹੀ ਦੇ ਹੱਥ ਹੋਵੇਗਾ।*

*ਇਨ੍ਹਾਂ ਤਿੰਨਾਂ ਰਾਜਾਂ ਦੇ ਸਥਾਪਤ ਆਗੂ, ਭਾਵੇਂ ਉਹ ਵਸੁੰਧਰਾ ਰਾਜੇ ਸਿੰਧੀਆ ਹੋਵੇ ਜਾਂ ਮੱਧ ਪ੍ਰਦੇਸ਼ ਦਾ ਸਾਬਕਾ ਮੁੱਖ ਮੰਤਰੀ ਸ਼ਿਵਰਾਜ ਚੌਹਾਨ ਤੇ ਛੱਤੀਸਗੜ੍ਹ ਦਾ ਰਮਨ ਸਿੰਘ, ਖ਼ੂਨ ਦੇ ਘੁੱਟ ਪੀ ਕੇ ਰਹਿ ਗਏ ਹਨ। ਇਨ੍ਹਾਂ ਦਾ ਦਰਦ ਰਹਿ-ਰਹਿ ਕੇ ਸਾਹਮਣੇ ਆ ਰਿਹਾ ਹੈ। ਇਨ੍ਹਾਂ ਆਗੂਆਂ ਨੂੰ ਸਮਝ ਆਵੇ ਜਾਂ ਨਾ, ਫਾਸ਼ੀ ਸੋਚ ਦੇ ਆਗੂ ਸਭ ਤੋਂ ਪਹਿਲਾਂ ਆਪਣੀ ਪਾਰਟੀ ਅੰਦਰਲੇ ਵਿਰੋਧੀਆਂ ਦਾ ਸਫ਼ਾਇਆ ਕਰਦੇ ਹੁੰਦੇ ਹਨ। ਲਾਲ ਕ੍ਰਿਸ਼ਨ ਅਡਵਾਨੀ ਤੇ ਮੁਰਲੀ ਮਨੋਹਰ ਜੋਸ਼ੀ ਇਸ ਦੀਆਂ ਪ੍ਰਤੱਖ ਮਿਸਾਲਾਂ ਹਨ। ਇਨ੍ਹਾਂ ਆਗੂਆਂ ਨੂੰ ਤਾਂ ਪਾਰਟੀ ਅਨੁਸ਼ਾਸਨ ਦੇ ਡੰਡੇ ਦਾ ਡਰ ਹੋਵੇਗਾ, ਪਰ ਜਨਤਾ ਜਨਾਰਧਨ ਤਾਂ ਅਜ਼ਾਦ ਹੈ। ਉਹ ਕਦੇ ਨਹੀਂ ਚਾਹੇਗੀ ਕਿ ਉਨ੍ਹਾਂ ਦੀ ਕਮਾਨ ਦਿੱਲੀ ਦੇ ਹਾਕਮਾਂ ਹੱਥ ਹੋਵੇ। ਕਾਂਗਰਸ ਨੇ ਸ੍ਰੀਕਰਨਪੁਰ ਦੀ ਚੋਣ ਦੇ ਪ੍ਰਚਾਰ ਦੌਰਾਨ ਲੋਕਾਂ ਨੂੰ ਇਹੋ ਅਪੀਲ ਕੀਤੀ ਸੀ ਕਿ ਦਿੱਲੀ ਤੋਂ ਆਉਣ ਵਾਲੀ ਪਰਚੀ ਨੂੰ ਨਕਾਰ ਦਿਓ ਤੇ ਲੋਕਾਂ ਨਕਾਰ ਦਿੱਤਾ। ‘ਇੰਡੀਆ’ ਗੱਠਜੋੜ ਦੀਆਂ ਪਾਰਟੀਆਂ ਨੂੰ ਇਸ ਤੋਂ ਸਬਕ ਸਿੱਖਦਿਆਂ ਆਪਣੇ ਮਤਭੇਦ ਭੁਲਾ ਕੇ ਅੱਗੇ ਵਧਣਾ ਚਾਹੀਦਾ ਹੈ, ਮੋਦੀ ਅਜਿੱਤ ਨਹੀਂ ਹੈ।*

**-ਚੰਦ ਫਤਿਹਪੁਰੀ**

# ਆਉਂਦੇ ਦਿਨਾਂ ’ਚ ਬਦਲਵੇਂ ਬਿਰਤਾਂਤ ਦੀ ਲੋੜ



ਡਾ. ਅਰੁਣ ਮਿੱਤਰਾ

ਜਦੋਂ ਵੀ ਦੇਸ਼ ਦੀ ਸੁਰੱਖਿਆ ਦੀ ਗੱਲ ਹੁੰਦੀ ਹੈ ਤਾਂ ਉਸ ਦਾ ਭਾਵ ਆਮ ਤੌਰ ’ਤੇ ਕੇਵਲ ਭੂਗੋਲਿਕ ਸੁਰੱਖਿਆ ਤੋਂ ਲਿਆ ਜਾਂਦਾ ਹੈ, ਮਤਲਬ ਹੱਦਾਂ ਦੀ ਰਾਖੀ ਅਤੇ ਵਿਦੇਸ਼ੀ ਹਮਲਾਵਰਾਂ ਤੋਂ ਸੁਰੱਖਿਆ। ਅਸਲ ਵਿੱਚ ਸੁਰੱਖਿਆ ਦਾ ਭਾਵ ਕੇਵਲ ਭੂਗੋਲਿਕ ਸੁਰੱਖਿਆ ਹੀ ਨਹੀਂ, ਬਲਕਿ ਦੇਸ਼ ਦੀਆਂ ਕਦਰਾਂ-ਕੀਮਤਾਂ ਦੀ ਸੁਰੱਖਿਆ, ਲੋਕਤੰਤਰ, ਧਰਮ ਨਿਰਪੱਖਤਾ, ਆਪਸੀ ਭਾਈਚਾਰਾ ਜੋ ਸਾਡਾ ਵਿਰਸਾ ਹੈ, ਦੀ ਰਾਖੀ, ਲੋਕਾਂ ਨਾਲ ਜੁੜੇ ਅਸਲੀ ਮਸਲੇ ਜਿਵੇਂ ਰੁਜ਼ਗਾਰ, ਸਿਹਤ, ਸਿੱਖਿਆ ਆਦਿ ਸੁਰੱਖਿਆ ਦੇ ਮਹੱਤਵਪੂਰਨ ਵਿਸ਼ੇ ਹਨ। ਜਿਨ੍ਹਾਂ ਮੁਲਕਾਂ ਨੇ ਇਹਨਾਂ ਵਿਸ਼ਿਆਂ ਨੂੰ ਲੈ ਕੇ ਸੰਮਲਿਤ ਵਿਕਾਸ ਕੀਤਾ, ਉਹ ਦੇਸ਼ ਤੇ ਸਮਾਜ ਨੂੰ ਕਿਤੇ ਅੱਗੇ ਲੈ ਗਏ। ਇਹਨਾਂ ਵਿੱਚੋਂ ਵੀਅਤਨਾਮ ਦੀ ਮਿਸਾਲ ਦੇਣੀ ਬਹੁਤ ਜ਼ਰੂਰੀ ਹੈ। ਆਮ ਤੌਰ ’ਤੇ ਸੱਤਾਧਾਰੀ ਪੱਖ ਭੂਗੋਲਿਕ ਸੁਰੱਖਿਆ ਦੀਆਂ ਗੱਲਾਂ ਕਰਕੇ ਲੋਕਾਂ ਵਿੱਚ ਅੰਨ੍ਹਾ ਰਾਸ਼ਟਰਵਾਦ ਪੈਦਾ ਕਰਦੀਆਂ ਹਨ ਅਤੇ ਇਸ ਦਾ ਰਾਜਨੀਤਿਕ ਲਾਹਾ ਲੈਣ ਦੀ ਕੋਸ਼ਿਸ਼ ਕਰਦੀਆਂ ਹਨ। ਇਸ ਅੰਨ੍ਹੇ ਰਾਸ਼ਟਰਵਾਦ ਨੂੰ ਇਕ ਸੌੜੀ ਸੋਚ ਅਤੇ ਧਰਮ ਦੇ ਨਾਲ ਜੋੜ ਕੇ ਦੂਸਰੇ ਧਰਮਾਂ ਦੇ ਖਿਲਾਫ ਨਫਰਤ ਫੈਲਾਉਣ ਦੀਆਂ ਵੀ ਗੱਲਾਂ ਕੀਤੀਆਂ ਜਾਂਦੀਆਂ ਹਨ, ਜਿਸ ਨੂੰ ਵਰਤ ਕੇ ਇਹ ਇੱਕ ਵਿਸ਼ੇਸ਼ ਧਰਮ ਦੇ ਲੋਕਾਂ ਨੂੰ ਆਪਣੇ ਨਾਲ ਜੋੜਦੇ ਹਨ।

ਅੱਜ ਦੇਸ਼ ਦੀ ਸਥਿਤੀ ਇਹੋ ਜਿਹੀ ਹੀ ਹੈ। ਕੇਂਦਰ ਵਿੱਚ ਸੱਤਾ ਵਿੱਚ ਬੈਠੀ ਆਰ.ਐੱਸ.ਐੱਸ ਦੀ ਥਾਪੜੀ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਇਹਨਾਂ ਲੀਹਾਂ ’ਤੇ ਹੀ ਚੱਲ ਰਹੀ ਹੈ। ਉਂਝ ਤਾਂ ਇਹਨਾਂ ਦੀ ਵਿਚਾਰਧਾਰਕ ਸੋਚ ਸ਼ੁਰੂ ਤੋਂ ਹੀ ਇਹੀ ਰਹੀ ਹੈ ਤੇ ਇਸ ਨੂੰ ਲਾਗੂ ਕਰਨ ਲਈ ਇਹਨਾਂ ਅਨੇਕਾਂ ਹਰਬੇ-ਜਰਬੇ ਵਰਤੇ ਹਨ। ਪਰ 2014 ਵਿੱਚ ਜਦੋਂ ਇਹ ਸੱਤਾ ਵਿੱਚ ਆਏ, ਉਸ ਤੋਂ ਬਾਅਦ ਸੱਤਾ ਦੀ ਪੂਰੀ ਦੁਰਵਰਤੋਂ ਕਰਕੇ, ਸੰਵਿਧਾਨਕ ਸੰਸਥਾਵਾਂ ਨੂੰ ਕਮਜ਼ੋਰ ਕਰਕੇ ਅਤੇ ਸੌੜੇ ਅੰਨ੍ਹੇ ਰਾਸ਼ਟਰਵਾਦ ਦੀ ਸੋਚ ਨੂੰ ਕਾਰਪੋਰੇਟ ਦੁਆਰਾ ਪੂਰੀ ਤਰ੍ਹਾਂ ਨਿਯੰਤਰਿਤ ਮੀਡੀਆ ’ਤੇ ਕਬਜਾ ਕਰਨ ਉਪਰੰਤ ਫੈਲਾ ਕੇ ਅਤੇ ਧਾਰਮਿਕ ਕੱਟੜਪੰਥੀ ਸੋਚ ਨੂੰ ਫੈਲਾ ਕੇ ਸਮਾਜ ਵਿੱਚ ਵੰਡੀਆਂ ਪਾ ਰਹੇ ਹਨ। ਇਸ ਦੇ ਕਾਰਨ ਭਾਰਤ ਦੀ ਅਸਲ ਪਰਿਭਾਸ਼ਾ ਖਤਰੇ ਵਿੱਚ ਪੈ ਗਈ ਹੈ।

ਮਹਾਤਮਾ ਗਾਂਧੀ, ਜਵਾਹਰ ਲਾਲ ਨਹਿਰੂ, ਸੁਭਾਸ਼ ਚੰਦਰ ਬੋਸ, ਮੌਲਾਨਾ ਆਜ਼ਾਦ, ਸ਼ਹੀਦ ਭਗਤ ਸਿੰਘ ਤੇ ਉਹਨਾਂ ਦੇ ਸਾਥੀ, ਕਮਿਊਨਿਸਟ ਪਾਰਟੀ ਜਾਂ ਹੋਰ ਅਨੇਕਾਂ ਲਹਿਰਾਂ, ਜਿਨ੍ਹਾਂ ਆਜ਼ਾਦੀ ਲਈ ਸੰਘਰਸ਼ ਵਿੱਚ ਹਿੱਸਾ ਪਾਇਆ, ਵਿਚਕਾਰ ਆਪਸ ਵਿੱਚ ਕਈ ਗੱਲਾਂ ’ਤੇ ਮਤਭੇਦ ਰਹੇ, ਪਰ ਇਨ੍ਹਾਂ ਸਭ ਸੁਤੰਤਰਤਾ ਦੀਆਂ ਲਹਿਰਾਂ ਦੇ ਵਿੱਚ ਇੱਕ ਸਮਾਨਤਾ ਹਮੇਸ਼ਾ ਰਹੀ ਕਿ ਆਜ਼ਾਦੀ ਉਪਰੰਤ ਦਾ ਭਾਰਤ ਲੋਕਤੰਤਰ ਅਤੇ ਧਰਮ ਨਿਰਪੱਖਤਾ ’ਤੇ ਆਧਾਰਤ ਹੋਏਗਾ। ਇਸ ਵਿੱਚ ਸਭ ਨੂੰ ਬਰਾਬਰ ਦੇ ਅਧਿਕਾਰ ਹੋਣਗੇ, ਭਾਵੇਂ ਉਹ ਕਿਸੇ ਵੀ ਧਰਮ, ਫਿਰਕੇ ਜਾਂ ਜਾਤ ਨਾਲ ਸੰਬੰਧਤ ਹੋਏ, ਇਸਤਰੀ ਹੋਏ ਜਾਂ ਪੁਰਸ਼। ਇਹ ਇਸ ਲਈ ਹੋਇਆ ਕਿ ਆਜ਼ਾਦੀ ਦੀ ਲਹਿਰ ਵਿੱਚ ਹਰ ਇੱਕ ਵਰਗ ਦੇ ਲੋਕਾਂ ਨੇ ਹਿੱਸਾ ਪਾਇਆ; ਮਜ਼ਦੂਰ, ਕਿਸਾਨ, ਦੁਕਾਨਦਾਰ, ਮਧਮ ਵਰਗ, ਬੁੱਧੀਜੀਵੀ, ਉਦਯੋਗਪਤੀ, ਵਿਦਿਆਰਥੀ, ਨੌਜਵਾਨ, ਇਸਤਰੀਆਂ, ਹਿੰਦੂ, ਮੁਸਲਮਾਨ, ਸਿੱਖ, ਈਸਾਈ, ਜੈਨ, ਬੋਧ ਇਥੋਂ ਤੱਕ ਕਿ ਬੱਚਿਆਂ ਨੇ ਵੀ।

ਕੱਟੜਪੰਥੀ ਲੋਕਾਂ ਨੇ ਭਾਵੇਂ ਉਹ ਕਿਸੇ ਵੀ ਫਿਰਕੇ ਤੋਂ ਹੋਣ, ਜਿਵੇਂ ਕਿ ਹਿੰਦੂਆਂ ਵਿੱਚ ਆਰ ਐੱਸ ਐੱਸ ਤੇ ਹਿੰਦੂ ਮਹਾਂਸਭਾ ਅਤੇ ਮੁਸਲਮਾਨਾਂ ਵਿੱਚੋਂ ਮੁਸਲਿਮ ਲੀਗ ਨੇ ਬਰਤਾਨਵੀ ਬਸਤੀਵਾਦੀਆਂ ਦਾ ਸਾਥ ਦਿੱਤਾ। ਆਰ ਐੱਸ ਐੱਸ ਨੇ ਸ਼ਹੀਦ ਭਗਤ ਸਿੰਘ, ਰਾਜਗੁਰੂ, ਸੁਖਦੇਵ ਦੀ ਸ਼ਹਾਦਤ ’ਤੇ ਪੂਰੀ ਤਰ੍ਹਾਂ ਚੁੱਪੀ ਸਾਧ ਲਈ, ਨੌਜਵਾਨਾਂ ਨੂੰ ਸੁਭਾਸ਼ ਚੰਦਰ ਬੋਸ ਦੀ ਆਜ਼ਾਦ ਹਿੰਦ ਫੌਜ ਵਿੱਚ ਸ਼ਾਮਲ ਹੋਣ ਤੋਂ ਰੋਕਿਆ, ਭਾਰਤ ਛੋੜੋ ਅੰਦੋਲਨ ਤੋਂ ਆਪਣੇ ਆਪ ਨੂੰ ਬਾਹਰ ਰੱਖਿਆ। ਇਹਨਾਂ ਦੇ ਇੱਕ ਹੋਰ ਵੱਡੇ ਆਗੂ ਵਿਨਾਇਕ ਦਾਮੋਦਰ ਸਾਵਰਕਰ ਨੇ ਮਾਫੀ ਮੰਗ ਕੇ ਅੰਡੇਮਾਨ ਜੇਲ੍ਹ ਤੋਂ ਬਾਹਰ ਆਉਣ ਤੋਂ ਬਾਅਦ ਸਿਧਾਂਤ ਦਿੱਤਾ ਕਿ ‘ਹਿੰਦੂ ਤੇ ਮੁਸਲਮਾਨ ਦੋ ਵੱਖਰੀਆਂ ਕੌਮਾਂ ਹਨ, ਇਹ ਇਕੱਠੇ ਨਹੀਂ ਰਹਿ ਸਕਦੇ।’ ਅਸਲ ਵਿੱਚ ਇਸ ਗੱਲ ਨੇ ਮੁਸਲਿਮ ਲੀਗੀਆਂ ਨੂੰ ਬਲ ਦਿੱਤਾ ਤੇ ਅੰਗਰੇਜ਼ਾਂ ਨੇ ਚਲਾਕੀ ਨਾਲ ਇਸ ਨੂੰ ਵਰਤ ਕੇ ਪਾਕਿਸਤਾਨ ਦੀ ਨੀਂਹ ਰੱਖੀ। ਆਰ ਐੱਸ ਐੱਸ ਨੇ ਹਿੰਦੂ ਰਾਸਟਰ ਦੀ ਗੱਲ ਕੀਤੀ ਤਾਂ ਮੁਸਲਮਾਨ ਕੱਟੜਪੰਥੀਆਂ ਨੇ ਪਾਕਿਸਤਾਨ ਦਾ ਨਾਅਰਾ ਦਿੱਤਾ। ਇਸ ਗੱਲ ਨੇ ਇਹ ਸਾਫ ਕਰ ਦਿੱਤਾ ਹੈ ਕਿ ਕੱਟੜਪੰਥੀ ਅੰਤ ਦੇ ਮੌਕਾ ਪ੍ਰਸਤ ਹੁੰਦੇ ਹਨ ਤੇ ਇਕ ਦੂਸਰੇ ਦੇ ਪੂਰਕ ਹੁੰਦੇ ਹਨ।

ਹਿੰਦੂ ਮਹਾਂਸਭਾ ਅਤੇ ਮੁਸਲਿਮ ਲੀਗ, ਬੰਗਾਲ ਅਤੇ ਸਿੰਧ ਤੋਂ ਇਲਾਵਾ, ਭਾਰਤ ਛੱਡੋ ਅੰਦੋਲਨ ਦੌਰਾਨ ਵੀ ਗੱਠਜੋੜ ਸਰਕਾਰ ਚਲਾਉਂਦੇ ਸਨ। ਬੰਗਾਲ ਵਿੱਚ ਹਿੰਦੂ ਮਹਾਂਸਭਾ ਨੇ ਅਤੇ ਮੁਸਲਿਮ ਲੀਗ ਨੇ ਸਾਂਝੇ ਤੌਰ ’ਤੇ ਸਰਕਾਰ ਬਣਾਈ ਅਤੇ ਸ਼ਿਆਮਾ ਪ੍ਰਸਾਦ ਮੁਖਰਜੀ ਉਸ ਸਰਕਾਰ ਵਿੱਚ ਮੰਤਰੀ ਬਣੇ, ਜਦੋਂ ਕਿ ਕਾਂਗਰਸ ਤੇ ਹੋਰ ਪਾਰਟੀਆਂ ਇਸ ਸਰਕਾਰ ਤੋਂ ਬਾਹਰ ਰਹੀਆਂ।

ਸ਼ਿਆਮਾ ਪ੍ਰਸਾਦ ਮੁਖਰਜੀ ਨੇ ਭਾਰਤ ਛੱਡੋ ਅੰਦੋਲਨ ਨੂੰ ਕੁਚਲਣ ਦੀ ਜ਼ਿੰਮੇਵਾਰੀ ਲਈ ਅੰਗਰੇਜ਼ਾਂ ਨਾਲ ਸਹਿਯੋਗ ਕਰਨ ਲਈ ਹਿੰਦੂ ਮਹਾਂਸਭਾ ਦੇ ਨਿਰਦੇਸਾਂ ਤੋਂ ਬਾਅਦ ਹਿੰਦੂਤਵ ਦੇ ਪ੍ਰਤੀਕ ਡਾ: ਮੁਖਰਜੀ ਨੇ 26 ਜੁਲਾਈ, 1942 ਨੂੰ ਇੱਕ ਪੱਤਰ ਵਿੱਚ ਬ੍ਰਿਟਿਸ਼ ਸ਼ਾਸ਼ਕਾਂ ਨੂੰ ਭਰੋਸਾ ਦਿਵਾਇਆ, ‘ਹੁਣ ਮੈਂ ਉਸ ਸਥਿਤੀ ਦਾ ਹਵਾਲਾ ਦਿੰਦਾ ਹਾਂ, ਜੋ ਕਾਂਗਰਸ ਦੁਆਰਾ ਸ਼ੁਰੂ ਕੀਤੇ ਗਏ ਕਿਸੇ ਵੀ ਵਿਆਪਕ ਅੰਦੋਲਨ ਦੇ ਨਤੀਜੇ ਵਜੋਂ ਸੂਬੇ ਵਿੱਚ ਪੈਦਾ ਹੋ ਸਕਦੀ ਹੈ। ਕੋਈ ਵੀ, ਜੋ ਯੁੱਧ ਦੌਰਾਨ ਜਨਤਕ ਭਾਵਨਾਵਾਂ ਨੂੰ ਭੜਕਾਉਣ ਦੀ ਯੋਜਨਾ ਬਣਾਉਂਦਾ ਹੈ, ਨਤੀਜੇ ਵਜੋਂ ਅੰਦਰੂਨੀ ਗੜਬੜ ਜਾਂ ਅਸੁਰੱਖਿਆ, ਕਿਸੇ ਵੀ ਸਰਕਾਰ ਦੁਆਰਾ ਵਿਰੋਧ ਕੀਤਾ ਜਾਣਾ ਚਾਹੀਦਾ ਹੈ, ਜੋ ਉਸ ਸਮੇਂ ਲਈ ਕੰਮ ਕਰ ਸਕਦੀ ਹੈ, ਇਸ ਲਈ ਹੁਣ ਜਦੋਂ ਇਹ ਲੋਕ ਸੱਤਾ ’ਤੇ ਕਾਬਜ਼ ਹਨ, ਦੇਸ਼ ਵਿੱਚ ਚੁਣੌਤੀਆਂ ਬਦਲ ਗਈਆਂ ਹਨ। ਅੱਜ ਲੜਾਈ ਦੇਸ਼ ਦੀ ਸੁਰੱਖਿਆ ਨੂੰ ਬਰਕਰਾਰ ਰੱਖਣ ਦੀ ਹੈ, ਜਿਸ ਵਿੱਚ ਸਮਾਜਿਕ, ਆਰਥਿਕ, ਰਾਜਨੀਤਕ ਕਦਰਾਂ-ਕੀਮਤਾਂ ਪ੍ਰਮੁੱਖ ਹਨ ਤੇ ਇਹ ਲੋਕਾਂ ਨਾਲ ਸਿੱਧੇ ਤੌਰ ’ਤੇ ਜੁੜੇ ਹੋਏ ਮਸਲਿਆਂ ਨਾਲ ਜੁੜੀ ਹੋਈ ਗੱਲ ਹੈ।

ਆਜ਼ਾਦ ਭਾਰਤ ਵਿੱਚ ਇਹਨਾਂ ਸ਼ਕਤੀਆਂ ਨੂੰ ਲੋਕਾਂ ਨੇ ਕੋਈ ਮੂੰਹ ਨਹੀਂ ਲਾਇਆ, ਹਾਲਾਂਕਿ ਇਹਨਾਂ ਫਿਰਕੂ ਵੰਡੀਆਂ ਪਾਈਆਂ, ਅਨੇਕ ਥਾਵਾਂ ’ਤੇ ਦੰਗੇ ਭੜਕਾਏ, ਜਿਹਨਾਂ ਦੇ ਇਤਿਹਾਸ ਵਿੱਚ ਤੱਥ ਮੌਜੂਦ ਹਨ। ਅਡਵਾਨੀ ਵੱਲੋਂ 1992 ਵਿੱਚ ਚਲਾਈ ਗਈ ਰੱਥ ਯਾਤਰਾ ਨੇ ਸਮਾਜ ਵਿੱਚ ਵੰਡੀਆਂ ਪਾਈਆਂ ਤੇ ਉਪਰੰਤ ਬਾਬਰੀ ਮਸਜਿਦ ਦੇ ਤੋੜਨ ਤੋਂ ਬਾਅਦ ਇਹਨਾਂ ਸ਼ਕਤੀਆਂ ਨੂੰ ਬਲ ਮਿਲਿਆ। ਇਹਨਾਂ ਘਟਨਾਵਾਂ ਨੇ ਹੌਲੀ-ਹੌਲੀ ਇਹਨਾਂ ਨੂੰ ਤਾਕਤ ਬਖਸ਼ੀ ਤੇ 2014 ਵਿੱਚ ਇਹ ਸੱਤਾ ’ਤੇ ਕਾਬਜ਼ ਹੋ ਗਏ।

ਪਿਛਲੇ ਸਮੇਂ ਵਿੱਚ ਇਹਨਾਂ ਨੇ ਜਿਸ ਕਿਸਮ ਨਾਲ ਤਾਕਤ ਫੜੀ ਹੈ, ਉਹ ਦੇਸ਼ ਦੇ ਸਾਹਮਣੇ ਇਕ ਬਹੁਤ ਵੱਡੀ ਚੁਣੌਤੀ ਹੈ, ਕਿਉਂਕਿ ਅਗਰ ਇਹ ਸੱਤਾ ਵਿੱਚ ਮੁੜ ਕਾਬਜ਼ ਹੋ ਗਏ ਤਾਂ ਦੇਸ਼ ਦੀ ਹਾਲਤ ਹੋਰ ਵੀ ਮੰਦੀ ਹੋ ਜਾਏਗੀ, ਮਿਹਨਤਕਸ਼ ਲੋਕਾਂ ਦਾ ਅਤੇ ਘੱਟ ਗਿਣਤੀ ਫਿਰਕਿਆਂ ਦਾ ਜੀਵਨ ਕਠਿਨ ਹੋ ਜਾਏਗਾ। ਇਸ ਲਈ ਇਹਨਾਂ ਚੋਣਾਂ ਵਿੱਚ ਇਹਨਾਂ ਨੂੰ ਹਰਾਉਣਾ ਅਤਿ ਜ਼ਰੂਰੀ ਹੋ ਗਿਆ ਹੈ।

ਹੁਣ ਦੇਸ਼ ਦੇ ਵਿਕਾਸ ਲਈ ਇਕ ਵੱਖਰੀ ਬਦਲਵੀਂ ਸੋਚ ਨੂੰ ਬੜੇ ਹੀ ਢੰਗ ਦੇ ਨਾਲ ਲੋਕਾਂ ਵਿੱਚ ਇਕਮੁੱਠ ਹੋ ਕੇ ਲਿਜਾਣ ਦੀ ਲੋੜ ਹੈ, ਤਾਂ ਕਿ ਲੋਕਾਂ ਨੂੰ ਬਦਲਵੀਂ ਸੋਚ ਅਤੇ ਵਿਕਲਪਕ ਬਿਰਤਾਂਤ ਤੇ ਵਿਸ਼ਵਾਸ ਬਣੇ। ਇਹ ਕੰਮ ਸੌਖਾ ਨਹੀਂ, ਕਿਉਂਕਿ ਕਾਰਪੋਰੇਟ ਘਰਾਨਿਆਂ ਦੇ ਕਬਜ਼ੇ ਵਿੱਚ ਗੋਦੀ ਮੀਡੀਆ ਜੋ ਕਿ ਅੱਜਕੱਲ੍ਹ ਬਹੁਤ ਤਾਕਤਵਰ ਹੈ, ਪੂਰੀ ਤਰਾਂ ਸੱਤਾਧਾਰੀ ਪੱਖ ਦੇ ਨਾਲ ਖੜਾ ਹੈ, ਪਰ ਸੋਸ਼ਲ ਮੀਡੀਆ ਕਾਫੀ ਸਹਾਈ ਹੋ ਸਕਦਾ ਹੈ। ਇਸ ਤੋਂ ਵੀ ਵੱਡੀ ਗੱਲ ਹੈ ਕਿ ਲੋਕਾਂ ਦੇ ਵਿੱਚ ਸਿੱਧੇ ਤੌਰ ’ਤੇ ਪਹੁੰਚ ਕਰਕੇ ਲੋਕਾਂ ਨਾਲ ਸੰਵਾਦ ਕਰਨਾ। ਜਦੋਂ ਸਭ ਇੱਕਮੁੱਠ ਹੋ ਕੇ ਲੋਕਾਂ ਵਿੱਚ ਜਾਣਗੇ ਤਾਂ ਉਸ ਦਾ ਹਾਂ-ਪੱਖੀ ਪ੍ਰਭਾਵ ਪਵੇਗਾ । ਇਸ ਲਈ ਹੁਣ ਸਮਾਂ ਹੈ ਕਿ ਇਕਮੁੱਠ ਹੋ ਕੇ ਇਹਨਾਂ ਨੂੰ ਸੱਤਾ ਤੋਂ ਹਟਾਇਆ ਜਾਏ। ਇੰਡੀਆ ਗਰੁੱਪ ਵੱਲੋਂ ਇੱਕ ਘੱਟੋ-ਘੱਟ ਸਾਂਝਾ ਪ੍ਰੋਗਰਾਮ ਲੈ ਕੇ ਸਾਰੀਆਂ ਧਿਰਾਂ ਨੂੰ ਲੋਕਾਂ ਵਿੱਚ ਆਪਣੀ ਆਪਣੀ ਸਮਰੱਥਾ ਮੁਤਾਬਕ ਪ੍ਰਚਾਰ ਕਰਨ ਅਤੇ ਚੋਣਾ ਵਿੱਚ ਇੱਕਮੁੱਠ ਹੋ ਕੇ ਇਹਨਾਂ ਨੂੰ ਹਰਾਉਣ ਦੇ ਲਈ ਜ਼ੋਰ ਲਾਉਣ।

ਸੰਯੁਕਤ ਕਿਸਾਨ ਮੋਰਚਾ ਉਪਰੰਤ ਸੰਯੁਕਤ ਕਿਸਾਨ ਮੋਰਚਾ ਅਤੇ ਕੇਂਦਰੀ ਟਰੇਡ ਯੂਨੀਅਨਾਂ ਦਾ ਸਾਂਝਾ ਮੰਚ ਬਣਨਾ ਸਾਡੇ ਸਾਹਮਣੇ ਇੱਕ ਵੱਡੀ ਮਿਸਾਲ ਹੈ। ਇਸ ਸਾਂਝੇ ਮੰਚ ਵਿੱਚ ਖੱਬੀ ਧਿਰ ਨੇ ਬਹੁਤ ਵਧੀਆ ਤੇ ਸ਼ਲਾਘਾਯੋਗ ਭੂਮਿਕਾ ਨਿਭਾਈ ਹੈ। ਸਾਰੇ ਗਰੁੱਪਾਂ ਨੂੰ ਨਾਲ ਰੱਖਣ ਵਿੱਚ ਬੜੇ ਸਹੀ ਢੰਗ ਦੇ ਨਾਲ ਕੰਮ ਕੀਤਾ ਹੈ।

ਇਸ ਲਈ ਖੱਬੀ ਧਿਰ ਨੂੰ ਆਪਣੇ ਹਿਸਾਬ ਨਾਲ ਘੱਟੋ-ਘੱਟ ਪ੍ਰੋਗਰਾਮ ਬਣਾ ਕੇ ਇੰਡੀਆ ਗਰੁੱਪ ਨੂੰ ਦੇਣਾ ਚਾਹੀਦਾ ਹੈ। ਇਸ ਵਿੱਚ ਆਰਥਿਕ, ਸਮਾਜਿਕ, ਰਾਜਨੀਤਕ, ਕੌਮੀ ਤੇ ਕੌਮਾਂਤਰੀ ਸਬੰਧ ਆਦਿ ਸਾਰਿਆਂ ਬਾਰੇ ਵਿਸਤ੍ਰਿਤ ਜਾਣਕਾਰੀ ਦੇਣੀ ਪਏਗੀ।

### ਵਿਕਾਸ ਦਾ ਮਾਡਲ

ਅੱਜ ਦੁਨੀਆ ਵਿੱਚ ਵਿਕਾਸ ਦੇ ਦੋ ਮਾਡਲ ਚੱਲ ਰਹੇ ਹਨ; ਇਕ ਮਾਡਲ ਤਾਂ ਹੈ ਕਿ ਕਾਰਪੋਰੇਟ ਖੇਤਰ ਦੀ ਤਰੱਕੀ ਹੋਏ, ਕਾਰਪੋਰੇਟ ਖੇਤਰ ਦੇ ਵਿੱਚ ਉਹਨਾਂ ਦਾ ਵਿਕਾਸ ਹੋਏ, ਜਿਸ ਕਾਰਨ ਜੀ ਡੀ ਪੀ ਦਾ ਵਿਕਾਸ ਹੋਏ ਅਤੇ ਉਹਨਾਂ ਦੇ ਵਿਕਾਸ ਵਿੱਚੋਂ ਇੱਕ ਛੋਟਾ ਜਿਹਾ ਹਿੱਸਾ ਹੇਠਲੇ ਤਬਕੇ ਨੂੰ ਵੀ ਮਿਲੇ। ਮੌਜੂਦਾ ਸਰਕਾਰ ਦੇ ਸੱਤਾ ਵਿੱਚ ਆਉਣ ਤੋਂ ਬਾਅਦ ਇਸ ਕਿਸਮ ਦੇ ਮਾਡਲ ਨੂੰ ਬਹੁਤ ਤਰਜੀਹ ਦਿੱਤੀ ਗਈ ਹੈ, ਪਰ ਸਾਨੂੰ ਇੱਕ ਬਦਲਵਾਂ ਬਿਰਤਾਂਤ ਦੇਣਾ ਪਏਗਾ ਕਿ ਵਿਕਾਸ ਦਾ ਮਾਡਲ ਸੰਮਲਿਤ ਵਿਕਾਸ ਦਾ ਹੋਣਾ ਚਾਹੀਦਾ ਹੈ, ਨਾ ਕਿ ਚੰਦ ਲੋਕਾਂ ਦਾ। ਸਾਡੇ ਦੇਸ਼ ਅੰਦਰ 94 ਪ੍ਰਤੀਸ਼ਤ ਆਬਾਦੀ ਗੈਰ-ਸੰਗਠਿਤ ਖੇਤਰ ਵਿੱਚ ਹੈ। ਇਸ ਲਈ ਆਰਥਿਕ ਨੀਤੀਆਂ ਗੈਰ-ਸੰਗਠਿਤ ਖੇਤਰ ਨੂੰ ਮੁੱਖ ਰੱਖ ਕੇ ਘੜਨੀਆਂ ਚਾਹੀਦੀਆਂ ਹਨ, ਜਿਸ ਦੇ ਵਿੱਚ ਉਹਨਾਂ ਨੂੰ ਸਵੈ-ਰੋਜ਼ਗਾਰ ਦੇ ਸਾਧਨ ਮੁਹੱਈਆ ਕਰਾਏ ਜਾਣ ਅਤੇ ਨੌਕਰੀਆਂ ਵੀ ਪੈਦਾ ਹੋਣ। ਇਹ ਗੱਲ ਹੁਣ ਦੁਨੀਆ ਭਰ ਵਿੱਚ ਸਾਫ ਹੋ ਚੁੱਕੀ ਹੈ ਕਿ ਕਾਰਪੋਰੇਟ ਮਾਡਲ ਦੇ ਵਿੱਚ ਕਦੇ ਵੀ ਓਨੀਆਂ ਨੌਕਰੀਆਂ ਜਾਂ ਰੁਜ਼ਗਾਰ ਦੇ ਸਾਧਨ ਨਹੀਂ ਮਿਲਦੇ, ਜਿੰਨੇ ਕਿ ਸੰਮਲਿਤ ਵਿਕਾਸ ਦੇ ਆਰਥਿਕ ਮਾਡਲ ਦੇ ਵਿੱਚ ਬਣਦੇ ਹਨ। ਇਸ ਲਈ ਸਾਨੂੰ ਸਮਾਜ ਦੇ ਵੱਖ ਵੱਖ ਵਰਗਾਂ ਤੇ ਖੇਤਰਾਂ ਦੇ ਮਸਲੇ ਜਿਵੇਂ ਕਿਸਾਨਾਂ ਦੇ ਮਸਲੇ, ਕਾਮਿਆਂ ਦੇ ਮਸਲੇ, ਸਿੱਖਿਆ ਤੇ ਸਿਹਤ ਦੇ ਵਿਸੇ, ਬੇਰੁਜਗਾਰੀ ਤੇ ਮਹਿੰਗਾਈ ਦੇ ਮਸਲੇ ਅਤੇ ਇਸਤਰੀਆਂ ਦੇ ਹੱਕਾਂ ਨਾਲ ਜੁੜੀਆਂ ਗੱਲਾਂ ਨੂੰ ਉਜਾਗਰ ਕਰਨਾ ਪਏਗਾ।

### ਸਮਾਜਿਕ ਖੇਤਰ

ਕੋਈ ਵੀ ਸਮਾਜ, ਜਦੋਂ ਸਦਭਾਵਨਾ ਰਹਿੰਦੀ ਹੈ ਤਾਂ ਤਰੱਕੀ ਕਰਦਾ ਹੈ। ਸਾਡੇ ਦੇਸ਼ ਦੀਆਂ ਵਿਭਿੰਨਤਾਵਾਂ ਏਨੀਆਂ ਜ਼ਿਆਦਾ ਹਨ ਕਿ ਹਰ ਕਿਸਮ ਦੇ ਫਿਰਕੇ ਜਾਂ ਵਰਗ ਦੇ ਵਿਕਾਸ ਨੂੰ ਯਕੀਨੀ ਬਣਾ ਕੇ ਸਭ ਨੂੰ ਨਾਲ ਲੈ ਕੇ ਅਤੇ ਬਣਦੀ ਥਾਂ ਦੇ ਕੇ ਅੱਗੇ ਵਧਣਾ ਪਏਗਾ। ਪਿਛਲੇ ਸਾਲਾਂ ਵਿੱਚ ਸਮਾਜ ਵਿੱਚ ਵੰਡੀਆਂ ਪਾ ਕੇ ਅਤੇ ਹਿੰਸਕ ਰੁਚੀ ਪੈਦਾ ਕਰਕੇ ਮਾਹੌਲ ਨੂੰ ਲਗਾਤਾਰ ਖਰਾਬ ਕੀਤਾ ਗਿਆ ਹੈ। ਇਸ ਬਾਰੇ ਵਿਚਾਰਧਾਰਕ ਲੜਾਈ ਤਿੱਖੀ ਕਰਨੀ ਪਏਗੀ। ਇਸ ਲਈ ਸਾਡੇ ਲੋਕਤੰਤਰ, ਧਰਮ ਨਿਰਪੱਖਤਾ ’ਤੇ ਅਧਾਰਤ ਸੰਵਿਧਾਨ ਦੀ ਰਾਖੀ ਕਰਨ ਲਈ ਅੱਗੇ ਵਧਣਾ ਪਏਗਾ।

### ਰਾਜਨੀਤਕ ਖੇਤਰ

ਸਾਡਾ ਦੇਸ਼ ਰਾਜਾਂ ਦਾ ਇਕ ਸੰਘ ਹੈ। ਇਸ ਲਈ ਸੰਵਿਧਾਨ ਵਿੱਚ ਕੇਂਦਰ ਤੇ ਰਾਜਾਂ ਦੇ ਅਧਿਕਾਰ ਖੇਤਰ ਬਾਖੂਬੀ ਦਰਜ ਹਨ। ਮੌਜੂਦਾ ਸਰਕਾਰ ਵੱਲੋਂ ਅੰਨ੍ਹਾ ਕੇਂਦਰੀਕਰਨ ਕਰਕੇ ਰਾਜਾਂ ਦੇ ਅਧਿਕਾਰਾਂ ਨੂੰ ਕਮਜ਼ੋਰ ਕੀਤਾ ਜਾ ਰਿਹਾ ਹੈ। ਇਸ ਲਈ ਫੈਡਰਲ ਢਾਂਚੇ ਨੂੰ ਮਜ਼ਬੂਤ ਕਰਨਾ ਸਾਡਾ ਫਰਜ਼ ਹੋਏਗਾ।

ਕਾਰਪੋਰੇਟ ਪੱਖੀ ਆਰਥਿਕ ਨੀਤੀਆਂ ਦੇ ਤਹਿਤ ਹਰ ਵਰਗ ਦਾ ਨੁਕਸਾਨ ਹੋਇਆ ਹੈ, ਜਿਸ ਤਰੀਕੇ ਨਾਲ ਮਜ਼ਦੂਰਾਂ ਦਾ ਘਾਣ ਕੀਤਾ ਗਿਆ, ਉਨ੍ਹਾਂ ਦੇ ਲਈ ਚਾਰ ਕੋਡ ਬਿਲ ਬਣਾਏ ਗਏ, ਕਿਸਾਨਾਂ ਨਾਲ ਕੀਤੇ ਵਾਅਦਿਆਂ ਤੋਂ ਸਰਕਾਰ ਪੂਰੀ ਤਰਾਂ ਮੁੱਕਰ ਗਈ ; ਇਸਤਰੀਆਂ ਨਾਲ ਲਗਾਤਾਰ ਜ਼ਿਆਦਤੀਆਂ ਹੋ ਰਹੀਆਂ ਹਨ । ਜਿੱਥੇ ਵਿਦਿਆਰਥੀਆਂ ਲਈ ਗੁਣਵੱਤਕ ਸਿੱਖਿਆ ਪ੍ਰਾਪਤ ਕਰਨ ਦਾ ਮਸਲਾ ਹੈ, ਉਥੇ ਨੌਜਵਾਨਾਂ ਲਈ ਬੇਰੁਜ਼ਗਾਰੀ ਦੀ ਸਮੱਸਿਆ ਇੱਕ ਦੈਂਤ ਵਾਂਗ ਸਾਹਮਣੇ ਖੜੀ ਹੈ। ਦੇਸ਼ ਦਾ ਸਮੁੱਚਾ ਪੈਸਾ ਕੁਝ ਕੁ ਘਰਾਨਿਆਂ ਨੂੰ ਦੇ ਦਿੱਤਾ ਗਿਆ ਹੈ ਅਤੇ ਉਹਨਾਂ ਦੇ 25 ਲੱਖ ਕਰੋੜ ਰੁਪਏ ਦੇ ਕਰਜ਼ੇ ਮਾਫ ਕਰ ਦਿੱਤੇ ਗਏ ਹਨ।

ਅਮਰੀਕਾ ਦੇ 32ਵੇਂ ਰਾਸਟਰਪਤੀ ਫਰੈਂਕਲਿਨ ਡੀ ਰੂਜ਼ਵੈਲਟ ਦੇ ਮੁਤਾਬਿਕ, ‘ਲੋਕਤੰਤਰ ਦੀ ਆਜ਼ਾਦੀ ਸੁਰੱਖਿਅਤ ਨਹੀਂ ਹੈ, ਜੇਕਰ ਲੋਕ ਨਿੱਜੀ ਸ਼ਕਤੀ ਦੇ ਵਾਧੇ ਨੂੰ ਉਸ ਬਿੰਦੂ ਤੱਕ ਬਰਦਾਸ਼ਤ ਕਰਦੇ ਹਨ, ਜਿੱਥੇ ਨਿੱਜੀ ਸ਼ਕਤੀ ਜਮਹੂਰੀ ਰਾਜ ਨਾਲੋਂ ਵੀ ਮਜਬੂਤ ਹੋ ਜਾਏ। ਇੱਕ ਵਿਅਕਤੀ ਜਾਂ ਇੱਕ ਸਮੂਹ ਦੇ ਹੱਥ ਵਿੱਚ ਸਰਕਾਰ ਦੀ ਮਾਲਕੀ, ਇਸ ਦੇ ਤੱਤ ਵਿੱਚ ਫਾਸ਼ੀਵਾਦ ਹੈ।’

ਇਹਨਾਂ ਸਭ ਬਾਰੇ ਇਕ ਵਿਕਲਪਕ ਬਿਰਤਾਂਤ ਸਾਹਮਣੇ ਲਿਆਉਣ ਦੀ ਲੋੜ ਹੈ। ਕਾਰਪੋਰੇਟ ਵਿਕਾਸ ਨੂੰ ਰੋਕ ਕੇ ਲੋਕ-ਪੱਖੀ ਸੰਮਲਿਤ ਵਿਕਾਸ ਦਾ ਮਾਡਲ ਪੇਸ਼ ਕਰਨ ਦੀ ਲੋੜ ਹੈ। ਇਸ ਲਈ ਪਾਰਟੀ ਨੂੰ ਆਉਣ ਵਾਲੇ ਦਿਨਾਂ ਵਿੱਚ ਜ਼ੋਰ ਨਾਲ ਚੁੱਕਣ ਲਈ ਹੇਠ ਲਿਖੇ ਸੁਝਾਅ ਦੇਣੇ ਚਾਹੀਦੇ ਹਨ:

ਸੰਵਿਧਾਨਕ ਸੰਸਥਾਵਾਂ ਦੀ ਬਣਦੀ ਜਗ੍ਹਾ ਉਹਨਾਂ ਨੂੰ ਦੇਣੀ, ਸੰਵਿਧਾਨਕ ਸੰਸਥਾਵਾਂ ’ਤੇ ਬੇਲੋੜਾ ਰਾਜਨੀਤਕ ਦਬਾਓ ਸਮਾਪਤ ਕਰਨਾ, ਸਰਬ ਧਰਮ ਸਨਮਾਨ ਦੇ ਨਾਅਰੇ ਦੇ ਮੁਤਾਬਕ ਧਰਮ ਨਿਰਪੱਖਤਾ ਮਜ਼ਬੂਤ ਕਰਨੀ, ਔਰਤਾਂ ਦੇ ਪ੍ਰਤੀ ਸੋਚ ਨੂੰ ਬਦਲਣਾ, ਮਨੂੰਵਾਦੀ ਸੋਚ ਵਿਰੁੱਧ ਵਿਚਾਰਧਾਰਕ ਤੌਰ ’ਤੇ ਲੜਨਾ, ਕਿਸੇ ਵੀ ਧਰਮ ਜਾਂ ਫਿਰਕੇ ਦੇ ਕੱਟੜਵਾਦ ਨੂੰ ਗਲਤ ਕਹਿਣਾ, ਖੇਤ ਮਜ਼ਦੂਰਾਂ ਦੇ ਹੱਕ ਬਹਾਲ ਕਰਨੇ, ਦਲਿਤ ਸਮਾਜ ਨੂੰ ਇਕਮੁੱਠ ਕਰਕੇ ਸਰਬ ਪੱਖੀ ਵਿਕਾਸ ਕਰਨਾ, ਸਭ ਵਿਦਿਆਰਥੀਆਂ ਲਈ ਗੁਣਵੱਤਕ ਸਿੱਖਿਆ ਯਕੀਨੀ ਬਣਾਉਣੀ । ਸਿੱਖਿਆ ਦੇ ਵਿੱਚ ਏਨਾ ਜ਼ਿਆਦਾ ਵਖਰੇਵਾਂ ਹੈ ਕਿ ਉਸ ਨੂੰ ਸਮਾਪਤ ਕਰਨਾ, ਸਿੱਖਿਆ ਤੇ ਸਿਹਤ ਸੁਵਿਧਾਵਾਂ ਨੂੰ ਆਰਥਿਕ ਤੌਰ ’ਤੇ ਕਮਜੋਰ ਲੋਕਾਂ ਦੀ ਪਹੁੰਚ ਵਿੱਚ ਲਿਆਉਣਾ ਕਾਮਨ ਸਕੂਲ ਸਿਸਟਮ ਲਾਗੂ ਕਰਨਾ ਤੇ ਨੌਜਵਾਨਾਂ ਲਈ ਰੁਜ਼ਗਾਰ ਦੇ ਸਾਧਨ ਪੈਦਾ ਕਰਨੇ।

ਸਾਫ ਐਲਾਨ ਕਰਨ ਦੀ ਲੋੜ ਹੈ ਕਿ ਕਾਰਪੋਰੇਟਾਂ ਨੂੰ ਮਾਫ ਕੀਤੇ ਗਏ ਕਰਜ਼ੇ ਉਹਨਾਂ ਤੋਂ ਵਾਪਸ ਲਏ ਜਾਣਗੇ; ਕਾਮਿਆਂ ਨੂੰ ਘੱਟੋ-ਘੱਟ ਉਜਰਤ 26 ਹਜ਼ਾਰ ਰੁਪਏ ਮਹੀਨਾ ਦਿੱਤੀ ਜਾਏਗੀ; ਕਿਸਾਨਾਂ ਦੇ ਬਣਦੇ ਹੱਕ ਉਹਨਾਂ ਨੂੰ ਫੌਰੀ ਤੌਰ ’ਤੇ ਦਿੱਤੇ ਜਾਣਗੇ; ਸਕੂਲਾਂ ਵਿੱਚ ਵਖਰੇਵਾਂ ਸਮਾਪਤ ਕੀਤਾ ਜਾਏਗਾ; ਉੱਚ ਸਿੱਖਿਆ ਨੂੰ ਲੋਕਾਂ ਦੀ ਪਹੁੰਚ ਦੇ ਵਿੱਚ ਲਿਆਂਦਾ ਜਾਏਗਾ; ਬੇਰੋਜ਼ਗਾਰ ਨੌਜਵਾਨਾਂ ਨੂੰ ਸਸਤੀਆਂ ਦਰਾਂ ’ਤੇ ਕਰਜ਼ੇ ਦਿੱਤੇ ਜਾਣਗੇ; ਛੋਟੇ ਤੇ ਮੱਧਮ ਉਦਯੋਗਾਂ ਨੂੰ ਸਸਤੀ ਦਰ ’ਤੇ ਕਰਜ਼ੇ ਦੇ ਕੇ ਤਰੱਕੀ ਕਰਨ ਦੇ ਅਵਸਰ ਦਿੱਤੇ ਜਾਣਗੇ; ਸਭ ਸੰਵਿਧਾਨਕ ਸੰਸਥਾਵਾਂ ਦੇ ਬਣਦੇ ਅਖਤਿਆਰ ਬਹਾਲ ਕੀਤੇ ਜਾਣਗੇ; ਕਿਸੇ ਵੀ ਫਿਰਕੇ ਜਾਂ ਜਾਤ ਦੇ ਨਾਲ ਭੇਦ-ਭਾਵ ਸਮਾਪਤ ਕਰਨ ਲਈ ਉਪਰਾਲੇ ਉਚੇਚੇ ਤੌਰ ’ਤੇ ਕੀਤੇ ਜਾਣਗੇ। ਇਹਨਾਂ ਗੱਲਾਂ ਨੂੰ ਲੋਕਾਂ ਤੱਕ ਬੜੇ ਹੀ ਸੁਚੱਜੇ ਢੰਗ ਨਾਲ ਸਿੱਧਾ ਸੰਵਾਦ ਕਰਕੇ ਲਿਜਾਣਾ ਪਏਗਾ।

### ਕੌਮਾਂਤਰੀ ਸੰਬੰਧਾਂ ਬਾਰੇ

ਕੌਮਾਂਤਰੀ ਪਿੜ ਵਿੱਚ ਸਾਡੇ ਦੇਸ਼ ਨੇ ਵਿਕਾਸਸੀਲ ਦੇਸ਼ਾਂ ਨਾਲ ਏਕਾ ਕਮਜ਼ੋਰ ਕਰਕੇ ਧਨੀ ਦੇਸ਼ਾਂ ਨਾਲ ਸਬੰਧ ਵਧੇਰੇ ਬਣਾਉਣ ਦੀ ਕੋਸ਼ਿਸ਼ ਕੀਤੀ ਹੈ। ਜੀ-20 ਵਰਗੇ ਸਮੂਹਾਂ ਵਿੱਚ ਵਧ-ਚੜ ਕੇ ਹਿੱਸਾ ਲੈ ਕੇ ਆਪਣੇ ਆਪ ਨੂੰ ਉਸ ਸ਼੍ਰੇਣੀ ਵਿੱਚ ਲਿਆ ਕੇ ਖੜਾ ਕਰ ਦਿੱਤਾ ਹੈ। ਇਕ ਸਮੇਂ ਗੁਟ ਨਿਰਲੇਪ ਲਹਿਰ ਦਾ ਮੋਢੀ ਰਿਹਾ ਸਾਡਾ ਦੇਸ਼ ਅੱਜ ਵਿਕਾਸਸ਼ੀਲ ਦੇਸਾਂ ਨਾਲੋਂ ਕਾਫੀ ਹੱਦ ਤੱਕ ਨਿਖੜ ਗਿਆ ਹੈ। ਇਸ ਕਰਕੇ ਦੁਨੀਆ ਵਿੱਚ ਸਾਡੀ ਸਾਖ ਡਿੱਗੀ ਹੈ। ਇਸ ਦਾ ਨਤੀਜਾ ਹੈ ਕਿ ਅਸੀਂ ਇਜ਼ਰਾਇਲ ਦੇ ਨਾਲ ਜਾ ਕੇ ਖੜੇ ਹੋ ਗਏ, ਭਾਵੇਂ ਬਾਅਦ ਵਿੱਚ ਕੌਮੀ ਤੇ ਕੌਮਾਂਤਰੀ ਦਬਾਅ ਹੇਠ ਅਸੀਂ ਫਲਸਤੀਨ ਦੇ ਹੱਕ ਵਿੱਚ ਕੁਝ ਬਿਆਨ ਦਿੱਤੇ। ਸਾਨੂੰ ਵਿਕਾਸਸ਼ੀਲ ਦੇਸ਼ਾਂ ਨੂੰ ਇਕੱਠੇ ਕਰਨਾ ਚਾਹੀਦਾ ਹੈ ਅਤੇ ਗੁਟ ਨਿਰਲੇਪ ਲਹਿਰ ਵਰਗੇ ਅੰਦੋਲਨ ਨੂੰ ਮਜ਼ਬੂਤ ਕਰਕੇ ਦੁਨੀਆ ਵਿੱਚ ਜੰਗਬਾਜ਼ ਸ਼ਕਤੀਆਂ ਦਾ ਵਿਰੋਧ ਕਰਨਾ ਪਏਗਾ।

ਇਸ ਲਈ ਇਹ ਹੁਣ ਅਤੀ ਜ਼ਰੂਰੀ ਹੋ ਗਿਆ ਹੈ ਕਿ ਵਿਗਿਆਨਕ ਸੋਚ ਨੂੰ ਫੈਲਾਇਆ ਜਾਏ, ਰੂੜ੍ਹੀਵਾਦ ਦੇ ਖਿਲਾਫ ਡਟ ਕੇ ਆਵਾਜ਼ ਚੁੱਕੀ ਜਾਏ, ਕੋਰੋਨਾ ਭਜਾਉਣ ਲਈ ਤਾਲੀਆਂ ਵਜਾਓ ਤੇ ਥਾਲੀਆਂ ਖੜਕਾਓ ਵਰਗੀਆਂ ਬੇਹੂਦਾ ਗੱਲਾਂ ਨੂੰ ਲੋਕਾਂ ਦੇ ਸਾਹਮਣੇ ਲਿਆਂਦਾ ਜਾਏ। ਚੇਤੇ ਕਰੋ ਫੂਲੇ ਦੰਪਤੀ ਨੇ ਉਸ ਵੇਲੇ ਆਵਾਜ਼ ਉਠਾਈ, ਜਦੋਂ ਕਿ ਸਮਾਜ ਅੱਤ ਦੇ ਰੂੜ੍ਹੀਵਾਦ ਵਿੱਚ ਫਸਿਆ ਹੋਇਆ ਸੀ। ਇਸ ਲਈ ਰੂੜ੍ਹੀਵਾਦੀ ਵਿਚਾਰਾਂ ਦਾ ਮੁਕਾਬਲਾ ਤਰਕਸ਼ੀਲ ਵਿਗਿਆਨਕ ਸੋਚ ਨਾਲ ਹੀ ਕੀਤਾ ਜਾ ਸਕਦਾ ਹੈ।

**# ਸੰਪਰਕ : 94170-00360**

# ਮਿਸਾਲਾਂ ਹਨ ਚਾਰ, ਸੁਣਿਉਂ ‘ਭਰਦਾਨ’ ਬਰਖੁਰਦਾਰ !



ਤਰਲੋਚਨ ਸਿੰਘ ‘ਦੁਪਾਲਪੁਰ’

ਸ਼ੁਰੂ ਵਿੱਚ ਥੋੜ੍ਹਾ ਜਿਹਾ ਨਿੱਜੀ ਵੇਰਵਾ ਇਸ ਕਰਕੇ ਦੇ ਰਿਹਾਂ ਕਿਉਂਕਿ ਅਜੋਕੇ ‘ਬਾਦਲ ਦਲ’ ਨੂੰ ਜੇ ਮੁੜ ਸ਼੍ਰੋਮਣੀ ਅਕਾਲੀ ਦਲ ਬਣਾਉਣ ਵਾਸਤੇ ਕੋਈ ਸਿਧਾਂਤਕ ਸਲਾਹ ਦੇਵੇ ਤਾਂ ਬਾਦਲ ਦਲੀਏ ਉਹਦੇ ’ਤੇ ਕਾਂਗਰਸੀ ਹੋਣ ਦਾ ‘ਲੇਬਲ’ ਝੱਟਪੱਟ ਚੇਪ ਦਿੰਦੇ ਹਨ।

ਮੈਂ ਉਸ ਕੱਟੜ ਅਕਾਲੀ ਬਾਪ ਦਾ ਪੁੱਤ ਹਾਂ, ਜੋ ਮਾਸਟਰ ਤਾਰਾ ਸਿੰਘ ਹੁਣਾਂ ਦੇ ਸਮੇਂ ਅਕਾਲੀ ਦਲ ਦਾ ਨਵਾਂ ਸ਼ਹਿਰ ਤਹਿਸੀਲ ਤੋਂ ‘ਡੈਲੀਗੇਟ’ ਹੋਣ ਨਾਤੇ ਸ੍ਰੀ ਅੰਮ੍ਰਿਤਸਰ ਸਾਹਿਬ ਨੂੰ ਸਾਈਕਲ ’ਤੇ ਜਾਂਦਾ ਹੁੰਦਾ ਸੀ ਦਲ ਦੇ ਪ੍ਰਧਾਨ ਦੀ ਚੋਣ ਮੌਕੇ। ਜਮ੍ਹਾਂਦਰੂ ਅਕਾਲੀ ਹੋਣ ਨਾਤੇ ਮੈਂ ਸ਼੍ਰੋਮਣੀ ਕਮੇਟੀ ਦਾ ਮੈਂਬਰ ਵੀ ਰਿਹਾ ਹਾਂ! ਕਹਿਣ ਦਾ ਮਤਲਬ ਕਿ ਅਕਾਲੀ ਦਲ ਦਾ ਸ਼ੁੱਭਚਿੰਤਕ ਹਾਂ, ਵਿਰੋਧੀ ਨਹੀਂ।

**ਮਿਸਾਲ ਪਹਿਲੀ**-ਮੇਰੇ ਬਾਪ ਵਰਗੇ ਹੀ ਅਕਾਲੀ ਇੱਕ ਬਜ਼ੁਰਗ ਦਾ ਬੇਟਾ ਮੇਰਾ ਦੋਸਤ ਹੈ। ਮੇਰੇ ਵਾਂਗ ਹੀ ਉਹ ਪੰਜਾਬ ਵਿਧਾਨ ਸਭਾ ਦੀ ਹੋਈ ਚੋਣ ਮੌਕੇ ‘ਆਪ’ ਦਾ ਹਮਾਇਤੀ ਸੀ। ਫੇਸ-ਬੁੱਕ ’ਤੇ ਪਾਈ ਇੱਕ ਪੋਸਟ ਵਿੱਚ ਉਸ ਨੇ ਲਿਖਿਆ ਕਿ ਜੇ ਸਵਰਗਾਂ ’ਚ ਗਏ ਮੇਰੇ ਬਾਪ ਨੂੰ ਪਤਾ ਲੱਗ ਜਾਵੇ ਕਿ ਮੈਂ ਅਕਾਲੀ ਦਲ ਦੇ ਖਿਲਾਫ ਹਾਂ, ਤਾਂ ਉਹ ਗੁੱਸੇ ’ਚ ਡਾਂਗ ਲੈ ਕੇ ਮੇਰੇ ਦੁਆਲੇ ਹੋ ਜਾਵੇ, ਪਰ ਜਦ ਉਹ ਦੇਖੇ ਕਿ ਹੁਣ ਅਕਾਲੀ ਦਲ ‘ਕੀ ਤੋਂ ਕੀ’ ਬਣਿਆ ਹੋਇਆ ਹੈ ਤਾਂ ਉਹ ਮੈਨੂੰ ਛੱਡ ਕੇ ਉਹੀ ਡਾਂਗ ਲੈ ਕੇ ਬਾਦਲ ਟੱਬਰ ਮਗਰ ਸਿੱਧਾ ਹੋ ਜਾਵੇ ।

**ਮਿਸਾਲ ਦੂਜੀ**- ਜਦੋਂ ਮਨਪ੍ਰੀਤ ਸਿੰਘ ਬਾਦਲ ਨਵੀਂ ਪਾਰਟੀ ‘ਪੀ.ਪੀ.ਪੀ’ ਬਣਾ ਕੇ ਪ੍ਰਵਾਸੀਆਂ ਦਾ ਸਹਿਯੋਗ ਲੈਣ ਹਿਤ ਅਮਰੀਕਾ ਗਿਆ ਤਾਂ ਉੱਥੇ ਨਿਊਯਾਰਕ ਵਿਖੇ ਇੱਕ ਪ੍ਰਭਾਵਸ਼ਾਲੀ ਇਕੱਠ ਵਿੱਚ ਉਸ ਨੇ ਆਪਣੀ ਪਾਰਟੀ ਦੇ ਏਜੰਡੇ ਬਾਰੇ ਸ਼ਾਨਦਾਰ ਲੈਕਚਰ ਦਿੱਤਾ। ਬਾਅਦ ਵਿੱਚ ਇੱਕ ਪੰਜਾਬੀ ਮੁੰਡਾ ਸਟੇਜ ’ਤੇ ਜਾ ਕੇ ਕਹਿੰਦਾ-‘ਮਨਪ੍ਰੀਤ ਜੀ ਪੰਜਾਬ ਲਈ ਤੁਹਾਡਾ ਦਰਦ ਅਤੇ ਤੁਹਾਡੀਆਂ ਭਵਿੱਖੀ ਯੋਜਨਾਵਾਂ ਸੁਣ ਕੇ ਅਸੀਂ ਬੇਹੱਦ ਪ੍ਰਭਾਵਤ ਹੋਏ ਹਾਂ। ਤੁਹਾਡਾ ਏਜੰਡਾ ਸੁਣ ਕੇ ਤਾਂ ਅਸੀਂ ਬਾਗੋ-ਬਾਗ ਹੋ ਗਏ ਹਾਂ, ਪਰ ਜਦ ਤੁਹਾਡੇ ਨਾਂਅ ਪਿੱਛੇ ਲੱਗੇ ‘ਬਾਦਲ’ ਸ਼ਬਦ ਵੱਲ ਨਜ਼ਰ ਜਾਂਦੀ ਹੈ ਤਾਂ ਉਦੇ ਈ ਸਾਡੇ ਦਿਲ ਨੂੰ ਡੋਬੂ ਪੈਣ ਲਗਦੇ ਹਨ। ਇਹ ਉਪ-ਨਾਂਅ ਸੁਣਕੇ ਸਾਨੂੰ ਝੁਣਝੁਣੀ ਛਿੜਦੀ ਐ !!

**ਮਿਸਾਲ ਤੀਜੀ**-ਇੱਕ ਸਮੇਂ ਸਵਰਗੀ ਜਥੇਦਾਰ ਜਗਦੇਵ ਸਿੰਘ ਤਲਵੰਡੀ ਅਕਾਲੀ ਦਲ ਦੀ ਪ੍ਰਧਾਨਗੀ ਦਾ ਅਹੁਦਾ ਨਹੀਂ ਸਨ ਛੱਡ ਰਹੇ। ਵੱਡੇ ਬਾਦਲ ਸੰਤ ਲੌਂਗੋਵਾਲ ਨੂੰ ਪ੍ਰਧਾਨ ਬਣਾਉਣਾ ਚਾਹੁੰਦੇ ਸਨ, ਪਰ ਤਲਵੰਡੀ ਜੀ ਅਹੁਦੇ ਨਾਲ ਸੁਖਬੀਰ ਬਾਦਲ ਵਾਂਗ ਚਿੰਬੜੇ ਬੈਠੇ ਸਨ। ਉਦੋਂ ਬਜ਼ੁਰਗ ਬਾਦਲ ਨੇ ਤਲਵੰਡੀ ਹੁਣਾਂ ਨੂੰ ਟਿੱਚਰ ਕੀਤੀ ਸੀ ਅਖੇ ਤਲਵੰਡੀ ਸਾਬ੍ਹ ਜੇ ਤੁਹਾਥੋਂ ਪ੍ਰਧਾਨਗੀ ਛੱਡ ਨਹੀਂ ਹੁੰਦੀ ਤੁਹਾਨੂੰ ਇਹ ਏਨੀ ਹੀ ਪਿਆਰੀ ਲਗਦੀ ਐ ਤਾਂ ਤੁਹਾਡਾ ਨਾਂਅ ਹੀ ‘ਭਰਦਾਨ ਸਿੰਘ’ ਰੱਖ ਦੇਨੇ ਆਂ !

**ਮਿਸਾਲ ਚੌਥੀ**-ਗੁਰਬਾਣੀ ਵਿੱਚ ਵੀ ਇੱਕ ਅਜਿਹਾ ਸਲੋਕ ਆਉਂਦਾ ਹੈ (ਅਜਾ ਭੋਗੰਤ ਕੰਦ ਮੂਲੰ ਬਸੰਤੇ ਸਮੀਪਿ ਕੇਹਰਹ) ਭਾਵ ਕਿ ਕਸਾਈ ਦੇ ਵਿਹੜੇ ਵਿਚਲੇ ਖੁੰਡੇ ਨਾਲ ਬੰਨ੍ਹੀਂ ਹੋਈ ਬੱਕਰੀ ਨੂੰ ਭਾਵੇਂ ਕੰਦ ਮੂਲ ਖਿਲਾਈ ਜਾਵੋ, ਉਹਨੂੰ ਖਾਧੀ ਹੋਈ ਕੋਈ ਖੁਰਾਕ ਬਿਲਕੁਲ ਵੀ ਨਹੀਂ ਲਗਦੀ ਹੁੰਦੀ, ਸਗੋਂ ਉਹ ਦਿਨ-ਬ-ਦਿਨ ਸੁੱਕੀ ਹੀ ਜਾਂਦੀ ਐ ! ਸੋ ਜੇ ਉਹਦਾ ਦੁੱਧ ਪੀਣਾ ਹੋਵੇ ਤਾਂ ਸਭ ਤੋਂ ਪਹਿਲਾਂ ਉਹਨੂੰ ਕਸਾਈ ਦੇ ਖੁੰਡੇ ਨਾਲੋਂ ਖੋਲ੍ਹਣਾ ਚਾਹੀਦਾ, ਤਦੇ ਹੀ ਉਹ ‘ਰਾਜ਼ੀ ਬਾਜ਼ੀ’ ਤਕੜੀ ਹੋ ਕੇ ਦੁੱਧ ਦੇ ਸਕਦੀ ਹੈ।

**# ਸੰਪਰਕ : 78146-92724**
tsdupalpuri@yahoo.com

# ਅਯੁੱਧਿਆ-ਕੀ ਸਿਰਫ 6 ਦਸੰਬਰ ਹੀ ਸੱਚ ਹੈ ?

ਪੇਸ਼ਕਸ਼-ਐੱਮ.ਐੱਸ. ਭਾਟੀਆ

ਕਿਹਾ ਜਾਂਦਾ ਹੈ ਕਿ ਰਾਮ ਦਾ ਜਨਮ ਅਯੁੱਧਿਆ ਵਿੱਚ ਹੋਇਆ, ਉੱਥੇ ਖੇਡਿਆ, ਵੱਡਾ ਹੋਇਆ, ਬਨਵਾਸ ਵਿੱਚ ਭੇਜਿਆ ਗਿਆ ਅਤੇ ਜਦੋਂ ਉਹ ਵਾਪਸ ਆਇਆ ਤਾਂ ਉਸ ਨੇ ਉੱਥੇ ਰਾਜ ਕੀਤਾ । ਉਸ ਦੇ ਜੀਵਨ ਦੇ ਹਰ ਪਲ ਨੂੰ ਯਾਦ ਕਰਨ ਲਈ ਇੱਕ ਮੰਦਰ ਬਣਾਇਆ ਗਿਆ ਸੀ । ਜਿੱਥੇ ਖੇਡੇ ਉੱਥੇ ਗੁਲੇਲਾ ਮੰਦਰ ਹੈ ।ਜਿੱਥੇ ਪੜ੍ਹੇ ਉੱਥੇ ਵਸ਼ਿਸ਼ਟ ਮੰਦਰ ਹੈ । ਜਿੱਥੇ ਬੈਠ ਕੇ ਰਾਜ ਕਰਦਾ ਸੀ, ਉੱਥੇ ਮੰਦਰ ਹੈ ।ਜਿੱਥੇ ਭੋਜਨ ਖਾਧਾ, ਉੱਥੇ ਸੀਤਾ ਰਸੋਈ, ਜਿੱਥੇ ਵੀ ਭਾਰਤ ਰਹਿੰਦਾ ਸੀ, ਉੱਥੇ ਮੰਦਰ ਸੀ । ਹਨੂੰਮਾਨ ਮੰਦਰ, ਕੋਪ ਭਵਨ ਹੈ । ਸੁਮਿੱਤਰਾ ਮੰਦਰ ਹੈ, ਦਸ਼ਰਥ ਭਵਨ ਹੈ । ਅਜਿਹੇ ਵੀਹ ਮੰਦਰ ਹਨ, ਅਤੇ ਉਨ੍ਹਾਂ ਸਾਰਿਆਂ ਦੀ ਉਮਰ 400-500 ਸਾਲ ਹੈ । ਯਾਨੀ ਇਹ ਮੰਦਰ ਉਸ ਸਮੇਂ ਬਣਾਏ ਗਏ ਸਨ, ਜਦੋਂ ਭਾਰਤ ਤੇ ਮੁਗਲਾਂ ਜਾਂ ਮੁਸਲਮਾਨਾਂ ਦਾ ਰਾਜ ਸੀ ।

ਕੀ ਇਹ ਅਜੀਬ ਨਹੀਂ ਹੈ ! ਮੁਸਲਮਾਨ ਇਹਨਾਂ ਮੰਦਰਾਂ ਨੂੰ ਬਣਾਉਣ ਦੀ ਇਜਾਜ਼ਤ ਕਿਵੇਂ ਦੇ ਸਕਦੇ ਸਨ ? ਉਨ੍ਹਾ ਨੂੰ ਮੰਦਰ ਢਾਹੁਣ ਲਈ ਯਾਦ ਕੀਤਾ ਜਾਂਦਾ ਹੈ । ਆਪਣੇ ਕਾਰਜਕਾਲ ਦੌਰਾਨ ਪੂਰੇ ਸ਼ਹਿਰ ਨੂੰ ਮੰਦਰਾਂ ਵਿੱਚ ਤਬਦੀਲ ਕਰ ਦਿੱਤਾ ਗਿਆ ਅਤੇ ਉਹਨਾਂ ਨੇ ਕੁਝ ਨਹੀਂ ਕੀਤਾ, ਮੰਦਰਾਂ ਲਈ ਜ਼ਮੀਨ ਦੇਣ ਵਾਲੇ ਕਿੰਨੇ ਲਾਲਚੀ ਸਨ। ਸ਼ਾਇਦ ਉਹ ਲੋਕ ਝੂਠੇ ਹੋਣਗੇ, ਜੋ ਕਹਿੰਦੇ ਹਨ ਕਿ ਜਿੱਥੇ ਗੁਲੇਲਾ ਮੰਦਰ ਬਣਨਾ ਸੀ, ਉਹ ਜ਼ਮੀਨ ਮੁਸਲਮਾਨ ਸ਼ਾਸਕਾਂ ਨੇ ਦਿੱਤੀ ਸੀ। ਦਿਗੰਬਰ ਅਖਾੜੇ ਵਿੱਚ ਰੱਖਿਆ ਉਹ ਦਸਤਾਵੇਜ਼ ਵੀ ਗਲਤ ਹੋਵੇਗਾ, ਜਿਸ ਵਿੱਚ ਲਿਖਿਆ ਹੈ ਕਿ ਮੁਸਲਮਾਨ ਰਾਜਿਆਂ ਨੇ ਮੰਦਰਾਂ ਦੀ ਉਸਾਰੀ ਲਈ 500 ਵਿੱਘੇ ਜ਼ਮੀਨ ਦਿੱਤੀ ਸੀ। ਨਵਾਬ ਸਿਰਾਜ-ਉਦ-ਦੌਲਾ ਵੱਲੋਂ ਨਿਰਮੋਹੀ ਅਖਾੜੇ ਲਈ ਜ਼ਮੀਨ ਦੇਣ ਦੀ ਗੱਲ ਵੀ ਸੱਚ ਨਹੀਂ ਹੋਵੇਗੀ। ਸੱਚ ਤਾਂ ਸਿਰਫ ਬਾਬਰ ਅਤੇ ਉਸ ਦੁਆਰਾ ਬਣਾਈ ਗਈ ਬਾਬਰੀ ਮਸਜਿਦ ਹੈ।

ਹੁਣ ਤਾਂ 1528 ਦੇ ਆਸ-ਪਾਸ ਪੈਦਾ ਹੋਏ ਤੁਲਸੀ ਵੀ ਗਲਤ ਲੱਗਣ ਲੱਗੇ ਹਨ। ਲੋਕਾਂ ਦਾ ਕਹਿਣਾ ਹੈ ਕਿ 1528 ਵਿੱਚ ਹੀ ਬਾਬਰ ਨੇ ਰਾਮ ਮੰਦਰ ਨੂੰ ਢਾਹ ਕੇ ਬਾਬਰੀ ਮਸਜਿਦ ਬਣਵਾਈ ਸੀ। ਤੁਲਸੀ ਨੇ ਉਹ ਗੱਲ ਜ਼ਰੂਰ ਦੇਖੀ ਜਾਂ ਸੁਣੀ ਹੋਵੇਗੀ। ਬਾਬਰ ਰਾਮ ਦੇ ਜਨਮ ਸਥਾਨ ਨੂੰ ਤਬਾਹ ਕਰ ਰਿਹਾ ਸੀ ਅਤੇ ਤੁਲਸੀ ਲਿਖ ਰਿਹਾ ਸੀ-ਮਾਂਗ ਕੇ ਖੈਈਬੋ ਮਸੀਤ ਮੈਂ ਸੋਈਬੋ । ਅਤੇ ਫਿਰ ਉਸ ਨੇ ਰਾਮ ਚਰਿਤ ਮਾਨਸ ਲਿਖਿਆ । ਕੀ ਤੁਲਸੀ ਨੂੰ ਰਾਮ ਮੰਦਰ ਢਾਹੁਣ ਅਤੇ ਬਾਬਰੀ ਮਸਜਿਦ ਦੀ ਉਸਾਰੀ ਦਾ ਕੋਈ ਪਛਤਾਵਾ ਨਹੀਂ ਹੋਇਆ ਹੋਵੇਗਾ ? ਕਿਤੇ ਵੀ ਕਿਉਂ ਨਹੀਂ ਲਿਖਿਆ ?

ਅਯੁੱਧਿਆ ਵਿੱਚ ਸੱਚ ਅਤੇ ਝੂਠ ਆਪਣੇ ਅਰਥ ਗੁਆ ਚੁੱਕੇ ਹਨ । ਮੁਸਲਮਾਨ ਪੰਜ ਪੀੜ੍ਹੀਆਂ ਤੋਂ ਉੱਥੇ ਫੁੱਲਾਂ ਦੀ ਖੇਤੀ ਕਰਦੇ ਆ ਰਹੇ ਹਨ । ਉਨ੍ਹਾਂ ਦੇ ਫੁੱਲ ਸਾਰੇ ਮੰਦਰਾਂ ’ਤੇ, ਉਨ੍ਹਾਂ ਵਿਚ ਰਹਿੰਦੇ ਦੇਵੀ-ਦੇਵਤਿਆਂ ’ਤੇ ਅਤੇ ਰਾਮ ’ਤੇ ਚੜ੍ਹਦੇ ਰਹੇ। ਮੁਸਲਮਾਨ ਲੰਬੇ ਸਮੇਂ ਤੋਂ ਉੱਥੇ ਖੜਾਵਾਂ ਬਣਾਉਣ ਦੇ ਪੇਸ਼ੇ ਵਿੱਚ ਹਨ। ਸੰਨਿਆਸੀ, ਰਿਸ਼ੀ, ਰਾਮ ਭਗਤ, ਮੁਸਲਮਾਨਾਂ ਦੇ ਬਣਾਏ ਖੜਾਵਾਂ ਪਹਿਨਦੇ ਰਹੇ। ਸੁੰਦਰ ਭਵਨ ਮੰਦਰ ਦਾ ਸਾਰਾ ਪ੍ਰਬੰਧ ਚਾਰ ਦਹਾਕਿਆਂ ਤੱਕ ਇੱਕ ਮੁਸਲਮਾਨ ਦੇ ਹੱਥਾਂ ਵਿੱਚ ਰਿਹਾ। 1949 ਵਿੱਚ ਇਸ ਦੀ ਕਮਾਨ ਸੰਭਾਲਣ ਵਾਲੇ ਮੁੰਨੂ ਮੀਆਂ 23 ਦਸੰਬਰ 1992 ਤੱਕ ਇਸ ਦੇ ਮੈਨੇਜਰ ਰਹੇ। ਜਦੋਂ ਵੀ ਲੋਕ ਘੱਟ ਹੁੰਦੇ ਤੇ ਮੁੰਨੂ ਮੀਆਂ ਖੁਦ ਆਰਤੀ ਵੇਲੇ ਖੜਤਾਲ ਵਜਾਉਣ ਲਈ ਖੜ੍ਹਾ ਹੁੰਦਾ ਤਾਂ ਕੀ ਉਹ ਸੋਚਦਾ ਸੀ ਕਿ ਅਯੁੱਧਿਆ ਦਾ ਸੱਚ ਕੀ ਹੈ ਤੇ ਝੂਠ ਕੀ ਹੈ ?

ਅਗਰਵਾਲਾਂ ਦੁਆਰਾ ਬਣਾਏ ਮੰਦਰ ਦੀ ਹਰ ਇੱਟ ’ਤੇ 786 ਲਿਖਿਆ ਹੋਇਆ ਹੈ। ਰਾਜਾ ਹੁਸੈਨ ਅਲੀ ਖਾਨ ਨੇ ਇਸ ਲਈ ਸਾਰੀਆਂ ਇੱਟਾਂ ਦੇ ਦਿੱਤੀਆਂ । ਕਿਸ ਨੂੰ ਸੱਚ ਮੰਨਣਾ ਹੈ ? ਕੀ ਉਹ ਅਗਰਵਾਲ ਸੀ, ਜਿਸ ਨੇ ਮੰਦਰ ਬਣਾਇਆ ਸੀ ? ਕੀ ਇਹ ਹੁਸੈਨ ਅਲੀ ਖਾਨ ਦੀਵਾਨ ਸੀ, ਜੋ ਮੰਦਰ ਲਈ ਇੱਟਾਂ ਦੇ ਰਿਹਾ ਸੀ ? ਇਸ ਮੰਦਰ ਵਿੱਚ ਪ੍ਰਾਰਥਨਾ ਲਈ ਉਠਾਏ ਗਏ ਹੱਥਾਂ ਨੂੰ ਕੋਈ ਫਰਕ ਨਹੀਂ ਪੈਂਦਾ ਕਿ ਉਹ ਹਿੰਦੂ ਹਨ ਜਾਂ ਮੁਸਲਮਾਨ, ਹਰ ਕੋਈ ਆਉਂਦਾ ਹੈ । ਇੱਕ ਨੰਬਰ 786 ਨੇ ਇਸ ਮੰਦਰ ਨੂੰ ਹਰ ਕਿਸੇ ਦਾ ਬਣਾਇਆ ਹੈ । ਕੀ ਸਿਰਫ 6 ਦਸੰਬਰ 1992 ਸੱਚ ਹੈ ?

6 ਦਸੰਬਰ 1992 ਤੋਂ ਬਾਅਦ ਸਰਕਾਰ ਨੇ ਅਯੁੱਧਿਆ ਦੇ ਜ਼ਿਆਦਾਤਰ ਮੰਦਰਾਂ ’ਤੇ ਕਬਜ਼ਾ ਕਰ ਲਿਆ । ਉਥੇ ਤਾਲੇ ਲੱਗ ਗਏ। ਆਰਤੀ ਰੁਕ ਗਈ। ਲੋਕਾਂ ਦੀ ਆਵਾਜਾਈ ਬੰਦ ਹੋ ਗਈ। ਕੀ ਬੰਦ ਦਰਵਾਜ਼ਿਆਂ ਪਿੱਛੇ ਬੈਠੇ ਦੇਵੀ-ਦੇਵਤੇ ਕਦੇ ਉਨ੍ਹਾਂ ਨੂੰ ਸਰਾਪ ਦੇਣਗੇ, ਜੋ ਗੁੰਬਦ ’ਤੇ ਚੜ੍ਹ ਕੇ ਰਾਮ ਨੂੰ ਛੂਹਣ ਦੀ ਕੋਸ਼ਿਸ਼ ਕਰ ਰਹੇ ਸਨ ? ਕੀ ਰਾਮ ਦੇ ਨਾਂਅ ’ਤੇ ਅਯੁੱਧਿਆ ਅਤੇ ਭਾਰਤ ਵਿਚ ਵਹਾਏ ਗਏ ਲਹੂ ਦੀ ਸੁਗੰਧੀ ਹਨੂੰਮਾਨ ਮੰਦਰ ਜਾਂ ਸੀਤਾ ਰਸੋਈ ਤੋਂ ਨਹੀਂ ਆਉਂਦੀ ?

ਅਯੁੱਧਿਆ ਇੱਕ ਮੁੱਦੇ ਵਿੱਚ ਬਦਲਦੇ ਸ਼ਹਿਰ ਦੀ ਕਹਾਣੀ ਹੈ।
ਅਯੁੱਧਿਆ ਇੱਕ ਸੱਭਿਆਚਾਰ ਦੀ ਮੌਤ ਦੀ ਕਹਾਣੀ ਹੈ।

***(ਨੋਟ - ਉਪਰੋਕਤ ਲੇਖ ਸਰੋਜ ਮਿਸ਼ਰਾ ਦਾ ਹੈ। ਇਹ ਲੇਖ ਬਹੁਤ ਸਾਰੇ ਦੋਸਤਾਂ ਨੇ ਸਾਂਝਾ ਕੀਤਾ ਹੈ। ਇਸ ਨੂੰ ਪੜ੍ਹ ਕੇ ਮੇਰਾ ਦਿਲ ਭਰ ਆਇਆ। ਇਸੇ ਲਈ ਮੈਂ ਵੀ ਇਸ ਨੂੰ ਪੰਜਾਬੀ ਵਿੱਚ ਅਨੁਵਾਦ ਕਰਕੇ ਸਾਂਝਾ ਕਰਨਾ ਚਾਹੁੰਦਾ ਸੀ। ਆਪਣੇ ਆਪ ਨੂੰ ਰੋਕ ਨਹੀਂ ਸਕਦਾ।)***

# ਨਰੇਗਾ ਕਾਮਿਆਂ ਵੱਲੋਂ ਮੰਗਾਂ ਨੂੰ ਲੈ ਕੇ ਬੀ ਡੀ ਪੀ ਓ ਦਫਤਰ ਅੱਗੇ ਧਰਨਾ

## ਰਿਸ਼ਵਤਖੋਰ ਮੁਲਾਜ਼ਮਾਂ ਖਿਲਾਫ ਤੁਰੰਤ ਕਾਰਵਾਈ ਨਾ ਕਰਨ 'ਤੇ ਸੰਘਰਸ਼ ਹੋਰ ਤਿੱਖਾ ਕਰਾਂਗੇ : ਗੋਲਡਨ, ਢੰਡੀਆਂ



**ਜਲਾਲਾਬਾਦ (ਰਣਬੀਰ ਕੌਰ ਢਾਬਾਂ, ਜੀਤ ਕੁਮਾਰ)**-ਪਿਛਲੇ ਦਿਨੀਂ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਰਜਿਸਟਰ ਪੰਜਾਬ ਵੱਲੋਂ ਐਲਾਨ ਕੀਤਾ ਗਿਆ ਸੀ ਕਿ ਭ੍ਰਿਸ਼ਟਾਚਾਰੀ ਮੁਲਾਜ਼ਮਾਂ 'ਤੇ ਜੇ ਕਾਰਵਾਈ ਨਾ ਕੀਤੀ ਗਈ, ਨਰੇਗਾ ਮਜ਼ਦੂਰਾਂ ਨੂੰ ਕੰਮ ਨਾ ਦਿੱਤਾ ਗਿਆ ਤਾਂ ਬੀ ਡੀ ਪੀ ਓ ਜਲਾਲਾਬਾਦ ਵਿਖੇ ਪੁਤਲਾ ਸਾੜ ਕੇ ਧਰਨਾ ਦਿੱਤਾ ਜਾਵੇਗਾ, ਜੋ ਹੁਣ ਤੱਕ ਕੋਈ ਵੀ ਕਾਰਵਾਈ ਅਮਲ ਵਿੱਚ ਨਹੀਂ ਕੀਤੀ ਗਈ, ਜਿਸ ਕਾਰਨ ਯੂਨੀਅਨ ਨੂੰ ਮਜਬੂਰ ਹੋ ਕੇ ਬੀ ਡੀ ਪੀ ਓ ਜਲਾਲਾਬਾਦ ਵਿਖੇ ਕਾਮਰੇਡ ਨਰਿੰਦਰ ਢਾਬਾਂ, ਭਜਨ ਛੱਪੜੀ ਵਾਲਾ, ਕਰਨੈਲ ਬੱਗੇ, ਜਰਨੈਲ ਢਾਬਾਂ, ਬਲਵਿੰਦਰ ਮਾਹਲਮ, ਸਤੀਸ਼ ਛਪੜੀ ਵਾਲਾ, ਕ੍ਰਿਸ਼ਨ ਧਰਮੂਵਾਲਾ, ਸੰਦੀਪ ਜੋਧਾਂ ਦੀ ਅਗਵਾਈ ਵਿੱਚ ਧਰਨਾ ਦਿੱਤਾ ਗਿਆ। ਇਸ ਮੌਕੇ ਸੈਂਕੜਿਆਂ ਦੀ ਗਿਣਤੀ ਵਿੱਚ ਪਹੁੰਚੇ ਹੋਏ ਨਰੇਗਾ ਵਰਕਰਾਂ ਨੂੰ ਵਿਸ਼ੇਸ਼ ਤੌਰ 'ਤੇ ਸੰਬੋਧਨ ਕਰਦੇ ਹੋਏ ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਸਕੱਤਰ ਕਾਮਰੇਡ ਹੰਸ ਰਾਜ ਗੋਲਡਨ ਤੇ ਕੁੱਲ ਹਿੰਦ ਕਿਸਾਨ ਸਭਾ ਪੰਜਾਬ ਆਗੂ ਕਾਮਰੇਡ ਸੁਰਿੰਦਰ ਢੰਡੀਆਂ ਨੇ ਦੱਸਿਆ ਕਿ ਨਰੇਗਾ ਜਥੇਬੰਦੀ ਨੇ ਮੀਟਿੰਗ ਕਰਕੇ ਐਲਾਨ ਕੀਤਾ ਸੀ ਕਿ ਸੈਕਟਰੀ 200 ਦੇ ਕਰੀਬ ਘਰ ਬੈਠੇ ਹੋਇਆਂ ਦੀਆਂ ਹਾਜ਼ਰੀਆਂ ਪਾ ਕੇ ਉਨ੍ਹਾਂ ਤੋਂ ਅੱਧ ਹਿੱਸਾ ਲੈ ਕੇ ਬੀ ਡੀ ਪੀ ਓ ਜਲਾਲਾਬਾਦ ਅੰਦਰ ਭ੍ਰਿਸ਼ਟਾਚਾਰ ਕੀਤਾ ਜਾ ਰਿਹਾ ਹੈ। ਜਿੱਥੇ ਸਰਪੰਚਾਂ ਦੀ ਥਾਂ 'ਤੇ ਪ੍ਰਬੰਧਕ ਲੱਗ ਜਾਂਦਾ, ਉਥੋਂ ਦੇ ਸਾਰੇ ਪਿੰਡ ਦੇ ਪੈਸੇ ਖੁਰਦ ਬੁਰਦ ਹੋ ਜਾਂਦੇ ਹਨ, ਜਿਸ ਖਿਲਾਫ ਕਾਰਵਾਈ ਕਰਾਉਣ ਲਈ ਡੀ ਸੀ ਸਾਹਿਬ ਨੂੰ ਵੀ ਕਈ ਵਾਰ ਮਿਲ ਕੇ ਦੱਸ ਚੁੱਕੇ ਹਾਂ, ਪਰ ਉਨ੍ਹਾਂ ਵੱਲੋਂ ਵੀ ਕੋਈ ਕਾਰਵਾਈ ਨਹੀਂ ਕੀਤੀ ਜਾਂਦੀ।ਇਸੇ ਤਰ੍ਹਾਂ ਹੀ ਨਰੇਗਾ ਵਿੱਚ ਪੂਰੀ ਦਿਹਾੜੀ ਪਾਉਣ ਦੇ ਲਈ ਨਰੇਗਾ ਦੇ ਜੇ ਈ ਪੈਸਿਆਂ ਦੀ ਮੰਗ ਕਰਦੇ ਹਨ, ਨਾ ਮਿਲਣ ਦੀ ਸੂਰਤ ਵਿੱਚ ਦਿਹਾੜੀ ਘੱਟ ਪਾ ਦਿੱਤੀ ਜਾਂਦੀ ਹੈ। ਦੂਜੇ ਪਾਸੇ ਨਰੇਗਾ ਮਜ਼ਦੂਰਾਂ ਵੱਲੋਂ ਕੰਮ ਦੀਆਂ ਅਰਜ਼ੀਆਂ ਭਰ ਕੇ ਦਿੱਤੀਆਂ ਨੂੰ ਦੋ-ਦੋ, ਤਿੰਨ-ਤਿੰਨ ਮਹੀਨੇ ਬੀਤ ਜਾਂਦੇ ਹਨ, ਪਰ 100 ਜਾਂ 200 ਰੁਪਏ ਪ੍ਰਤੀ ਅਰਜ਼ੀ ਮਗਰ ਗਰਾਮ ਸੇਵਕਾਂ ਨੂੰ ਨਾ ਦਿੱਤੇ ਜਾਣ ਤਾਂ ਉਨ੍ਹਾਂ ਦਾ ਕੰਮ ਹੀ ਨਹੀਂ ਕੱਢਿਆ ਜਾਂਦਾ, ਅੱਗੋਂ ਇਹ ਕਿਹਾ ਜਾਂਦਾ ਹੈ ਕਿ ਡੀ ਸੀ ਨੇ ਬੱਜਟ ਰੋਕਿਆ ਹੋਇਆ ਹੈ। ਜਥੇਬੰਦੀ ਸਮੇਂ ਸਮੇਂ 'ਤੇ ਆਪਣੀ ਗੱਲ ਉੱਚ ਪ੍ਰਸ਼ਾਸਨਕ ਅਧਿਕਾਰੀਆਂ ਨੂੰ ਦੱਸ ਚੁੱਕੀ ਹੈ, ਪਰ ਕੋਈ ਵੀ ਕਾਰਵਾਈ ਨਹੀਂ ਕੀਤੀ ਜਾਂਦੀ।ਇਸ ਲਈ ਯੂਨੀਅਨ ਧਰਨਾ ਦੇਣ ਲਈ ਮਜਬੂਰ ਹੈ।ਇਸ ਮੌਕੇ ਬੀ ਡੀ ਪੀ ਓ ਪਿਆਰਾ ਸਿੰਘ ਜਲਾਲਾਬਾਦ ਨੇ ਆ ਕੇ ਸਾਰੀਆਂ ਮੰਗਾਂ ਮੌਕੇ 'ਤੇ ਮੰਨ ਕੇ ਧਰਨਾ ਚੁਕਾ ਦਿੱਤਾ।ਇਸ ਮੌਕੇ ਧਰਨਾਕਾਰੀਆਂ ਨੇ ਕਿਹਾ ਕਿ ਜੇਕਰ ਭ੍ਰਿਸ਼ਟਾਚਾਰੀਆਂ ਨੂੰ ਇੱਕ ਹਫਤੇ ਅੰਦਰ ਸਸਪੈਂਡ ਨਾ ਕੀਤਾ ਤਾਂ ਧਰਨਾ ਫਿਰ ਦੁਬਾਰਾ ਦਿੱਤਾ ਜਾਵੇਗਾ।ਹਰਚਰਨ ਪਾਲੀਵਾਲਾ, ਰੇਸ਼ਮ ਪਾਲੀਵਾਲਾ, ਜਗਜੀਤ ਢਾਬਾਂ, ਸੋਨੂ ਬੱਗੇ ਕੇ, ਬਿੰਦਰ ਸੁਰਘੂਰੀ, ਕੁਲਵੰਤ ਭੜੋਲੀ ਵਾਲਾ, ਸੂਬਾ ਸਿੰਘ ਜੈਮਲ ਵਾਲਾ ਵੀ ਹਾਜ਼ਰ ਸਨ।

## ਸਬ-ਇੰਸਪੈਕਟਰ ਅਮਨਦੀਪ ਕੰਬੋਜ ਕੂੰਮ ਕਲਾਂ ਦੇ ਥਾਣਾ ਮੁਖੀ ਨਿਯੁਕਤ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਪੁਲਸ ਕਮਿਸ਼ਨਰ ਲੁਧਿਆਣਾ ਵੱਲੋਂ ਜਾਰੀ ਹਦਾਇਤਾਂ



ਅਨੁਸਾਰ ਸਬ-ਇੰਸਪੈਕਟਰ ਅਮਨਦੀਪ ਸਿੰਘ ਕੰਬੋਜ ਨੂੰ ਕੂੰਮਕਲਾਂ ਦਾ ਨਵਾਂ ਥਾਣਾ ਮੁਖੀ ਨਿਯੁਕਤ ਕੀਤਾ ਗਿਆ ਹੈ। ਇੱਥੇ ਤਾਇਨਾਤ ਸਬ-ਇੰਸਪੈਕਟਰ ਗਗਨਦੀਪ ਸਿੰਘ ਦਾ ਤਬਾਦਲਾ ਕਰ ਦਿੱਤਾ ਗਿਆ ਹੈ। ਨਵੇਂ ਥਾਣਾ ਮੁਖੀ ਸਬ-ਇੰਸਪੈਕਟਰ ਅਮਨਦੀਪ ਸਿੰਘ ਕੰਬੋਜ ਨੇ ਆਪਣਾ ਅਹੁਦਾ ਸੰਭਾਲ ਲਿਆ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਨਸ਼ੇ ਦੀ ਤਸਕਰੀ ਤੇ ਨਾਜਾਇਜ਼ ਮਾਈਨਿੰਗ ਨੂੰ ਨੱਥ ਪਾਉਣਾ ਮੁੱਖ ਉਦੇਸ਼ ਹੋਵੇਗਾ, ਜਿਸ ਵਿਚ ਲੋਕ ਪੁਲਸ ਦਾ ਸਹਿਯੋਗ ਦੇਣ। ਥਾਣਾ ਮੁਖੀ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਇਲਾਕੇ ਵਿੱਚ ਕੋਈ ਵੀ ਨਜਾਇਜ਼ ਕੰਮ ਕਰਦਾ ਹੈ, ਉਸ ਦੀ ਸੂਚਨਾ ਪੁਲਸ ਨੂੰ ਦਿੱਤੀ ਜਾਵੇ।

## ਸੰਧਵਾਂ ਨੇ ਸਕੂਲ ਦੇ ਕਮਰੇ ਦਾ ਰੱਖਿਆ ਨੀਂਹ ਪੱਥਰ



**ਕੋਟਕਪੂਰਾ (ਰਛਪਾਲ ਭੁੱਲਰ)**-ਮਾਣਯੋਗ ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਤੇ ਮਾਣਯੋਗ ਸਪੀਕਰ ਸ੍ਰ. ਕੁਲਤਾਰ ਸਿੰਘ ਸੰਧਵਾਂ ਦੀ ਯੋਗ ਰਹਿਨੁਮਾਈ ਹੇਠ ਸਰਕਾਰੀ ਪ੍ਰਾਇਮਰੀ ਸਕੂਲ ਬ੍ਰਾਂਚ ਹੀਰਾ ਸਿੰਘ ਨਗਰ ਕੋਟਕਪੂਰਾ ਵਿਖੇ 7,50,000 ਦੀ ਲਾਗਤ ਨਾਲ ਬਣਨ ਜਾ ਰਹੇ ਕਮਰੇ ਦਾ ਨੀਂਹ ਪੱਥਰ ਰੱਖਿਆ।ਜਲਦ ਹੀ ਇਸ ਨੂੰ ਮੁਕੰਮਲ ਕਰਕੇ ਅਧਿਆਪਕਾਂ ਤੇ ਬੱਚਿਆਂ ਨੂੰ ਸਪੁਰਦ ਕੀਤਾ ਜਾਵੇਗਾ।ਇਸ ਮੌਕੇ ਸ਼ਹਿਰੀ ਬਲਾਕ ਪ੍ਰਧਾਨ ਮੇਹਰ ਸਿੰਘ ਚਾਨੀ, ਮਾਸਟਰ ਹਰਦੀਪ ਸਿੰਘ, ਦੀਪਕ ਮੌਂਗਾ, ਮਾਸਟਰ ਪਰਮਿੰਦਰ ਸਿੰਘ ਸਕੂਲ ਮੁਖੀ ਤੇ ਹੋਰ ਅਧਿਆਪਕ ਸਾਹਿਬਾਨ ਹਾਜ਼ਰ ਰਹੇ।

# ਸੀ ਪੀ ਆਈ ਵੱਲੋਂ ਕਿਸਾਨਾਂ, ਮਜ਼ਦੂਰਾਂ ਤੇ ਮੁਲਾਜ਼ਮਾਂ ਦੇ 26 ਵਾਲੇ ਐਕਸ਼ਨ ਦਾ ਸਮਰਥਨ




**ਲੁਧਿਆਣਾ (ਐੱਮ ਐੱਸ ਭਾਟੀਆ)**-ਭਾਰਤੀ ਕਮਿਊਨਿਸਟ ਪਾਰਟੀ ਦੀ ਜ਼ਿਲ੍ਹਾ ਕੌਂਸਲ ਦੀ ਮੀਟਿੰਗ ਮੰਗਲਵਾਰ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਵਿਖੇ ਹੋਈ।ਪਾਰਟੀ ਸਾਥੀਆਂ ਨੇ ਸਰਬਸੰਮਤੀ ਨਾਲ ਸੰਯੁਕਤ ਕਿਸਾਨ ਮੋਰਚਾ ਤੇ ਕੇਂਦਰੀ ਟਰੇਡ ਯੂਨੀਅਨਾਂ ਅਤੇ ਸੈਕਟੋਰਲ ਫੈਡਰੇਸ਼ਨਾਂ ਦੇ ਸਾਂਝੇ ਮੰਚ ਵੱਲੋਂ 26 ਜਨਵਰੀ 2024 ਨੂੰ ਸਾਰੇ ਦੇਸ਼ ਵਿੱਚ ਐਕਸ਼ਨ ਕਰਨ ਦਾ ਜੋ ਪ੍ਰੋਗਰਾਮ ਉਲੀਕਿਆ ਗਿਆ ਹੈ, ਉਸ ਦਾ ਪੁਰਜ਼ੋਰ ਸਮਰਥਨ ਕੀਤਾ।ਪਾਰਟੀ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਡੀ ਪੀ ਮੌੜ ਨੇ ਇਸ ਬਾਰੇ ਸਾਥੀਆਂ ਨੂੰ ਪੂਰੀ ਜਾਣਕਾਰੀ ਦਿੱਤੀ ਤੇ ਜ਼ਿਲ੍ਹਾ ਭਰ ਦੇ ਮਜ਼ਦੂਰਾਂ, ਮੁਲਾਜ਼ਮਾਂ ਤੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਚੜ੍ਹ ਕੇ ਇਸ ਪ੍ਰੋਗਰਾਮ ਵਿੱਚ ਸ਼ਾਮਲ ਹੋਣ।ਕਾਮਰੇਡ ਮੌੜ ਨੇ ਕਿਹਾ ਕਿ 26 ਜਨਵਰੀ ਨੂੰ ਸੰਯੁਕਤ ਕਿਸਾਨ ਮੋਰਚਾ ਤੇ ਟ੍ਰੇਡ ਯੂਨੀਅਨਾਂ ਨੇ ਜੋ ਲੁਧਿਆਣਾ ਵਿੱਚ ਟਰੈਕਟਰ ਮਾਰਚ ਦਾ ਫੈਸਲਾ ਕੀਤਾ ਹੈ ਅਤੇ ਉਸ ਦਿਨ ਕਾਰਾਂ ਤੇ ਮੋਟਰਸਾਈਕਲਾਂ ਨਾਲ ਨਗਰ ਦੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਸ ਦਾ ਸਮਰਥਨ ਕਰਨ ਤੇ ਮੋਦੀ ਸਰਕਾਰ ਦੀ ਕਿਸਾਨ, ਮਜ਼ਦੂਰ, ਮੁਲਾਜ਼ਮ, ਵਿਦਿਆਰਥੀ, ਇਸਤਰੀ, ਛੋਟੇ ਦੁਕਾਨਦਾਰ ਤੇ ਛੋਟੇ ਉਦਯੋਗਪਤੀਆਂ ਵਿਰੋਧੀ ਨੀਤੀਆਂ ਦੇ ਵਿਰੁੱਧ ਜ਼ੋਰਦਾਰ ਆਵਾਜ਼ ਬੁਲੰਦ ਕਰਨ। ਕਾਮਰੇਡ ਮੌੜ ਨੇ ਕਿਹਾ ਕਿ ਇਹ ਅਤੀ ਜ਼ਰੂਰੀ ਹੈ ਕਿ ਆਉਂਦੀਆਂ ਚੋਣਾਂ ਵਿੱਚ ਮੋਦੀ ਨੂੰ ਚਲਦਾ ਕੀਤਾ ਜਾਏ ਤਾਂ ਜੋ ਦੇਸ਼ ਤੇ ਸੰਵਿਧਾਨ ਦੀ ਰੱਖਿਆ ਕੀਤੀ ਜਾ ਸਕੇ।ਇਸ ਤੋਂ ਇਲਾਵਾ ਪਾਰਟੀ ਨੇ ਕੌਂਸਲ ਮੀਟਿੰਗ ਵਿੱਚ ਮਤੇ ਪਾਸ ਕਰਕੇ ਬਿਲਕਿਸ ਬਾਨੋ ਦੇ ਕੇਸ ਬਾਰੇ ਸੁਪਰੀਮ ਕੋਰਟ ਦੇ ਫੈਸਲੇ ਦਾ ਸਵਾਗਤ ਕੀਤਾ ਅਤੇ ਔਰਤਾਂ ਵਿਰੁੱਧ ਕੀਤੇ ਜਾ ਰਹੇ ਜਬਰ ਜ਼ਨਾਹ ਦੇ ਕੇਸਾਂ ਬਾਰੇ ਪ੍ਰਧਾਨ ਮੰਤਰੀ ਦੀ ਚੁੱਪੀ ਦੀ ਜ਼ੋਰਦਾਰ ਨਿਖੇਧੀ ਕੀਤੀ। ਇੱਕ ਹੋਰ ਮਤੇ ਰਾਹੀਂ ਲੁਧਿਆਣਾ ਦੇ ਸਮਾਰਟ ਸਿਟੀ ਬਣਨ ਦੇ ਦਾਅਵਿਆਂ ਨੂੰ ਖੋਖਲਾ ਦੱਸਿਆ ਕਿ ਜੇਕਰ ਇਨ੍ਹਾਂ ਹਾਲਾਤਾਂ ਵਿੱਚ ਲੁਧਿਆਣਾ ਦੇਸ਼ ਵਿੱਚ ਸਮਾਰਟ ਸਿਟੀ ਦੇ ਚੋਟੀ ਦੇ ਸ਼ਹਿਰਾਂ ਵਿੱਚੋਂ ਹੈ ਤਾਂ ਬਾਕੀ ਸ਼ਹਿਰਾਂ ਨੂੰ ਕਿਸ ਹਾਲਤ ਵਿੱਚ ਸਮਾਰਟ ਸਿਟੀ ਮੰਨਿਆ ਜਾ ਰਿਹਾ ਹੈ, ਇੱਕ ਬਹੁਤ ਵੱਡਾ ਹਾਸੋਹੀਣਾ ਪ੍ਰਸ਼ਨ ਹੈ।ਇਕ ਹੋਰ ਮਤੇ ਰਾਹੀਂ ਲਾਡੋਵਾਲ ਟੋਲ ਪਲਾਜ਼ਾ ਨੂੰ ਬੰਦ ਕਰਨ ਦੀ ਮੰਗ ਕੀਤੀ ਗਈ, ਕਿਉਂਕਿ ਇਹ ਟੋਲ ਪਲਾਜਾ ਆਪਣਾ ਸਮਾਂ ਪੂਰਾ ਕਰ ਚੁੱਕਿਆ ਹੈ ਤੇ ਇਸ ਤੋਂ ਫਾਲਤੂ ਦਾ ਪੈਸਾ ਬਟੋਰਿਆ ਜਾ ਰਿਹਾ ਹੈ।ਬਾਕੀ ਦੇ ਟੋਲ ਪਲਾਜੇ ਵੀ ਬੰਦ ਕਰਨ ਦੀ ਮੰਗ ਕੀਤੀ ਗਈ।ਮੀਟਿੰਗ ਵਿੱਚ ਕਾਮਰੇਡ ਮੌੜ ਨੇ ਪਿਛਲੇ ਕੰਮਾਂ ਦੀ ਰਿਪੋਰਟ ਵੀ ਪੇਸ਼ ਕੀਤੀ ਤੇ ਆਉਣ ਵਾਲੇ ਕੰਮਾਂ ਬਾਰੇ ਜਾਣਕਾਰੀ ਦਿੱਤੀ।

ਉਪਰੋਕਤ ਮਤੇ ਸ਼ਹਿਰੀ ਸਕੱਤਰ ਕਾਮਰੇਡ ਐੱਮ ਐੱਸ ਭਾਟੀਆ ਵੱਲੋਂ ਪੇਸ਼ ਕੀਤੇ ਗਏ।ਉਨ੍ਹਾਂ ਤੋਂ ਇਲਾਵਾ ਜ਼ਿਲ੍ਹਾ ਸਹਾਇਕ ਸਕੱਤਰ ਕਾਮਰੇਡ ਚਮਕੌਰ ਸਿੰਘ, ਡਾਕਟਰ ਅਰੁਣ ਮਿੱਤਰਾ, ਸ਼ਹਿਰੀ ਸਹਾਇਕ ਸਕੱਤਰ ਕੁਲਵੰਤ ਕੌਰ ਤੇ ਵਿਨੋਦ ਕੁਮਾਰ ਨੇ ਵੀ ਮੀਟਿੰਗ ਵਿੱਚ ਆਪਣੇ ਵਿਚਾਰ ਰੱਖੇ।ਮੀਟਿੰਗ ਨੇ ਪਿਛਲੇ ਸਮੇਂ ਵਿੱਚ ਵਿੱਛੜੇ ਸਾਥੀਆਂ ਪਾਰਟੀ ਦੇ ਲੰਮਾ ਸਮਾਂ ਰਹੇ ਜ਼ਿਲ੍ਹਾ ਸਕੱਤਰ ਕਾਮਰੇਡ ਪੂਰਨ ਸਿੰਘ ਨਾਰੰਗਵਾਲ, ਕਾਮਰੇਡ ਅਜਮੇਰ ਸਿੰਘ, ਪੂਨਮ ਰਾਨੀ, ਮਹਿੰਗਾ ਸਿੰਘ ਤੇ ਜਗੀਰ ਸਿੰਘ ਨੂੰ ਯਾਦ ਕਰਦਿਆਂ ਸੋਗ ਮਤਾ ਪਾਸ ਕੀਤਾ। ਮੀਟਿੰਗ ਕਾਮਰੇਡ ਰਮੇਸ਼ ਰਤਨ ਦੀ ਪ੍ਰਧਾਨਗੀ ਹੇਠ ਹੋਈ।

## ਕਾਤਰਾਂ

### ਠੰਢ ਨਾਲ ਅਣਪਛਾਤੇ ਦੀ ਮੌਤ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਪੰਜਾਬ ਭਰ ਵਿੱਚ ਪਿਛਲੇ ਕੁਝ ਦਿਨਾਂ ਤੋਂ ਪੈ ਰਹੀ ਠੰਢ ਕਾਰਨ ਜਿੱਥੇ ਆਮ ਜਨ-ਜੀਵਨ ਪ੍ਰਭਾਵਿਤ ਹੋਇਆ ਹੈ, ਉੱਥੇ ਅੱਜ ਇਲਾਕੇ ਵਿੱਚ ਠੰਢ ਕਾਰਨ ਅਣਪਛਾਤੇ ਵਿਅਕਤੀ ਦੀ ਮੌਤ ਹੋ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮਾਛੀਵਾੜਾ ਦੇ ਐੱਸ.ਐੱਚ.ਓ. ਇੰਦਰ ਸਿੰਘ ਖੰਗੂੜਾ ਨੇ ਦੱਸਿਆ ਕਿ ਉਨ੍ਹਾਂ ਨੂੰ ਸੂਚਨਾ ਮਿਲੀ ਕਿ ਸਹਿਜੋ ਮਾਜਰਾ ਤੋਂ ਪਵਾਤ ਪੁਲ ਨੂੰ ਜਾਂਦੀ ਸੜਕ 'ਤੇ ਇੱਕ ਵਿਅਕਤੀ ਮ੍ਰਿਤਕ ਹਾਲਤ ਵਿੱਚ ਪਿਆ ਹੈ, ਜਿਸ 'ਤੇ ਪੁਲਸ ਨੇ ਮੌਕੇ 'ਤੇ ਜਾ ਕੇ ਜਾਂਚ ਕੀਤੀ। ਇਸ ਵਿਅਕਤੀ ਦੇ ਪਹਿਨੇ ਕੱਪੜਿਆਂ 'ਚੋਂ ਅਜਿਹਾ ਕੋਈ ਦਸਤਾਵੇਜ਼ ਨਾ ਮਿਲਿਆ, ਜਿਸ ਤੋਂ ਉਸ ਦੀ ਕੋਈ ਪਹਿਚਾਣ ਹੋ ਸਕੇ। ਥਾਣਾ ਮੁਖੀ ਨੇ ਦੱਸਿਆ ਕਿ ਇਹ ਮ੍ਰਿਤਕ ਵਿਅਕਤੀ ਭਿਖਾਰੀ ਲੱਗਦਾ ਸੀ, ਜਿਸ ਦੀ ਜੇਬ 'ਚੋਂ ਕਾਫ਼ੀ ਮਾਤਰਾ ਵਿੱਚ ਸਿੱਕੇ ਮਿਲੇ ਹਨ ਤੇ ਇਸ ਨੇ ਆਪਣੇ ਸਰੀਰ 'ਤੇ ਕਾਫ਼ੀ ਪੁਰਾਣੇ ਕੱਪੜੇ ਪਹਿਨੇ ਸਨ। ਮੁੱਢਲੀ ਜਾਂਚ ਦੌਰਾਨ ਇਹ ਲੱਗ ਰਿਹਾ ਹੈ ਕਿ ਇਸ ਦੀ ਮੌਤ ਠੰਢ ਕਾਰਨ ਹੋਈ ਹੈ। ਉਨ੍ਹਾਂ ਦੱਸਿਆ ਕਿ ਫਿਲਹਾਲ ਪੁਲਸ ਵੱਲੋਂ ਮ੍ਰਿਤਕ ਵਿਅਕਤੀ ਦੀ ਲਾਸ਼ ਪਹਿਚਾਣ ਲਈ ਮੋਰਚਰੀ ਵਿੱਚ ਰਖਵਾ ਦਿੱਤੀ ਹੈ ਤੇ ਪੋਸਟ ਮਾਰਟਮ ਕਰਵਾਉਣ ਉਪਰੰਤ ਮੌਤ ਦੇ ਅਸਲ ਕਾਰਨਾਂ ਦਾ ਪਤਾ ਲੱਗੇਗਾ।

### 170 ਨਸ਼ੀਲੀਆਂ ਗੋਲੀਆਂ ਸਮੇਤ ਇਕ ਗ੍ਰਿਫ਼ਤਾਰ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਮਮਦੋਟ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਇੱਕ ਵਿਅਕਤੀ ਨੂੰ 170 ਨਸ਼ੀਲੀਆਂ ਗੋਲੀਆਂ ਸਮੇਤ ਗ੍ਰਿਫ਼ਤਾਰ ਕਰਕੇ ਉਸ ਖਿਲਾਫ਼ ਐੱਨਡੀਪੀਐੱਸ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਸਹਾਇਕ ਥਾਣੇਦਾਰ ਜਸਪਾਲ ਚੰਦ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਬੀਤੇ ਦਿਨ ਗਸ਼ਤ ਵਾ ਚੈਕਿੰਗ ਦੇ ਸਬੰਧ ਵਿਚ ਬਿਜਲੀ ਘਰ ਮਮਦੋਟ ਪਾਸ ਪੁੱਜੇ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਦੋਸ਼ੀ ਪਰਮਜੀਤ ਸਿੰਘ ਉਰਫ ਸੰਦੀਪ ਪੁੱਤਰ ਮਹਿੰਦਰ ਸਿੰਘ ਵਾਸੀ ਪਿੰਡ ਛਾਂਗਾ ਖੁਰਦ ਨਸ਼ੀਲੀਆਂ ਗੋਲੀਆਂ ਵੇਚਣ ਦਾ ਆਦੀ ਹੈ, ਜੋ ਹੁਣ ਵੀ ਆਪਣੇ ਪਿੰਡ ਛਾਂਗਾ ਖੁਰਦ ਤੋਂ ਮਮਦੋਟ ਵੱਲ ਆ ਰਿਹਾ ਹੈ। ਜੇਕਰ ਹੁਣੇ ਛਾਪੇਮਾਰੀ ਕੀਤੀ ਜਾਵੇ ਤਾਂ ਕਾਬੂ ਆ ਸਕਦਾ ਹੈ। ਪੁਲਸ ਪਾਰਟੀ ਵੱਲੋਂ ਦੋਸ਼ੀ 'ਤੇ ਛਾਪੇਮਾਰੀ ਕੀਤੀ ਗਈ ਤੇ ਤਲਾਸ਼ੀ ਦੌਰਾਨ 170 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀ ਖਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ।

### ਪ੍ਰੋ. ਉੱਪਲ ਨੂੰ ਇੰਟਰਨੈਸ਼ਨਲ ਫੈਕਲਟੀ ਡਿਵੈਲਪਮੈਂਟ ਪ੍ਰੋਗਰਾਮ 'ਚ ਮੁੱਖ ਭਾਸ਼ਣ ਦੇਣ ਲਈ ਸੱਦਾ

ਮਲੋਟ (ਗੁਰਮੀਤ ਸਿੰਘ ਮੱਕੜ)-ਨਵੀਂ ਸਿੱਖਿਆ ਨੀਤੀ ਵੱਖ-ਵੱਖ ਅਕਾਦਮਿਕ ਸੰਸਥਾਵਾਂ 'ਚ ਉੱਚ-ਹੁਨਰਮੰਦ ਫੈਕਲਟੀਜ਼ 'ਤੇ ਜ਼ੋਰ ਦਿੰਦੀ ਹੈ। ਨਵੀਂ ਸਿੱਖਿਆ ਨੀਤੀ-2020 ਦੇ ਇਸ ਉਦੇਸ਼ ਨੂੰ ਧਿਆਨ 'ਚ ਰੱਖਦੇ ਹੋਏ ਸਰਦਾਰ ਪਟੇਲ ਯੂਨੀਵਰਸਿਟੀ, ਪੂਰਨਿਮਾ ਯੂਨੀਵਰਸਿਟੀ, ਸੀ ਟੀ ਯੂਨੀਵਰਸਿਟੀ ਅਤੇ ਐੱਮ.ਟੀ.ਟੀ.ਐਚ ਵਲੋਂ ਸਾਂਝੇ ਤੌਰ 'ਤੇ 17 ਜਨਵਰੀ ਨੂੰ 'ਐਡਵਾਂਸਡ ਰਿਸਰਚ ਮੈਥੋਡੋਲੋਜੀ ਫਾਰ ਸੋਸ਼ਲ ਸਾਇੰਸਿਜ਼ ਐਂਡ ਹਿਊਮੈਨਟੀਜ਼' ਵਿਸ਼ੇ 'ਤੇ ਅੰਤਰਰਾਸ਼ਟਰੀ ਫੈਕਲਟੀ ਵਿਕਾਸ ਪ੍ਰੋਗਰਾਮ ਦਾ ਆਯੋਜਨ ਕੀਤਾ ਜਾ ਰਿਹਾ ਹੈ, ਜਿਸ ਵਿਚ ਵੱਖ-ਵੱਖ ਅੰਤਰਰਾਸ਼ਟਰੀ ਬੁਲਾਰੇ ਪਹੁੰਚ ਰਹੇ ਹਨ ਅਤੇ ਆਰਟੀਫੀਸ਼ੀਅਲ ਇੰਟੈਲੀਜੈਂਸ ਯੁੱਗ 'ਚ ਖੋਜ ਵਿਚ ਵੱਖ-ਵੱਖ ਉੱਨਤ ਖੋਜ ਤਕਨੀਕਾਂ ਅਤੇ ਉੱਭਰ ਰਹੀਆਂ ਕਾਢਾਂ ਬਾਰੇ ਗੱਲ ਕਰਨ ਦੀ ਉਮੀਦ ਹੈ। ਮਲੋਟ ਨਿਵਾਸੀ ਅਤੇ ਬਾਬਾ ਫਰੀਦ ਕਾਲਜ ਦੇ ਪ੍ਰਿੰਸੀਪਲ ਪ੍ਰੋ. ਆਰ.ਕੇ. ਉੱਪਲ ਐਮਰੀਟਸ ਪ੍ਰੋਫੈਸਰ ਨੂੰ ਅੰਤਰਰਾਸ਼ਟਰੀ ਫੈਕਲਟੀ ਵਿਕਾਸ ਪ੍ਰੋਗਰਾਮ 'ਚ ਉਦਘਾਟਨੀ ਤੇ ਮੁੱਖ ਭਾਸ਼ਣ ਦੇਣ ਲਈ ਸੱਦਾ ਦਿੱਤਾ ਗਿਆ।

# ਕਾਂਗਰਸ ਤੇ ਆਪ ਤੋਂ ਲੋਕਾਂ ਦਾ ਹੋਇਆ ਮੋਹ ਭੰਗ : ਹਨੀ ਫੱਤਣਵਾਲਾ

## ਮਾਘੀ ਕਾਨਫਰੰਸ ਨੂੰ ਲੈ ਕੇ ਕੀਤਾ ਪਿੰਡਾਂ ਦਾ ਦੌਰਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੁਜਾ, ਪਰਮਜੀਤ ਸਿੰਘ)**-ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਲੀ ਮੁਕਤਿਆਂ ਦੀ ਯਾਦ 'ਚ ਲੱਗਣ ਵਾਲੇ ਮੇਲਾ ਮਾਘੀ ਮੌਕੇ ਹੋਣ ਜਾ ਰਹੀ ਅਕਾਲੀ ਦਲ ਦੀ ਕਾਨਫਰੰਸ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਜਨਰਲ ਸਕੱਤਰ ਜਗਜੀਤ ਸਿੰਘ ਬਰਾੜ ਹਨੀ ਫੱਤਣਵਾਲਾ ਨੇ ਵੱਖ-ਵੱਖ ਪਿੰਡਾਂ ਦਾ ਦੌਰਾ ਕੀਤਾ।ਇਸ ਮੌਕੇ ਹਨੀ ਫੱਤਣਵਾਲਾ ਨੇ ਪਿੰਡ ਕੋਟਲੀ ਦੇਵਨ, ਲੰਬੀ ਢਾਬ, ਗੁਲਾਬੇਵਾਲਾ, ਖਪਿਆਂਵਾਲੀ, ਝੁੱਗੇ ਰਣਜੀਤਗੜ੍ਹ, ਰਣਜੀਤਗੜ੍ਹ, ਮਾਂਗਟਕੇਰ, ਨੂਰਪੁਰ ਕ੍ਰਿਪਾਲਕੇ, ਢਾਣੀ ਗੋਪਾਲ ਸਿੰਘ, ਸ਼ਿਵਪੁਰ ਕੁੱਕਰੀਆਂ, ਸਦਰਵਾਲਾ-ਕਬਰਵਾਲਾ ਦਾ ਦੌਰਾ ਕੀਤਾ। ਇਸ ਮੌਕੇ ਲੋਕਾਂ ਨੂੰ ਸੰਬੋਧਨ ਕਰਦਿਆਂ ਹਨੀ ਫੱਤਣਵਾਲਾ ਨੇ ਕਿਹਾ ਕਿ ਕਾਂਗਰਸ ਤੇ ਆਮ ਆਦਮੀ ਪਾਰਟੀ ਤੋਂ ਲੋਕਾਂ ਦਾ ਮੋਹ ਭੰਗ ਹੋ ਚੁੱਕਾ ਹੈ।ਲੋਕਾਂ ਨੂੰ ਹੁਣ ਅਕਾਲੀ ਦਲ ਵੇਲੇ ਸਰਕਾਰ ਵੱਲੋਂ ਕਰਵਾਏ ਗਏ ਕੰਮਾਂ ਦੀ ਯਾਦ ਆ ਰਹੀ ਹੈ।ਲੋਕ ਹੁਣ ਇਨ੍ਹਾਂ ਪਾਰਟੀਆਂ ਦੀਆਂ ਚਾਲਾਂ ਤੋਂ ਭਲੀ-ਭਾਂਤ ਜਾਣੂੰ ਹੋ ਚੁੱਕੇ ਨੇ ਤੇ ਆਉਂਦੀਆਂ ਚੋਣਾਂ 'ਚ ਇਸ ਦਾ ਖਾਮਿਆਜ਼ਾ ਇਸ ਸਰਕਾਰ ਨੂੰ ਚੁਕਾਉਣਾ ਪਵੇਗਾ।ਹਨੀ ਫੱਤਣਵਾਲਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਵੱਲੋਂ ਮੇਲਾ ਮਾਘੀ ਤੇ ਇਸ ਵਾਰ ਦੋ ਕਾਨਫਰੰਸਾਂ ਕੀਤੀਆਂ ਜਾ ਰਹੀਆਂ ਹਨ।12 ਜਨਵਰੀ ਨੂੰ ਇਸਤਰੀ ਅਕਾਲੀ ਦਲ ਵੱਲੋਂ ਤੇ 14 ਜਨਵਰੀ ਨੂੰ ਸ਼੍ਰੋਮਣੀ ਅਕਾਲੀ ਦਲ ਵੱਲੋਂ ਕਾਨਫਰੰਸ ਕੀਤੀ ਜਾ ਰਹੀ ਹੈ।ਮੇਲਾ ਮਾਘੀ ਮੌਕੇ ਹੋਣ ਵਾਲੀ ਅਕਾਲੀ ਦਲ ਦੀਆਂ ਦੋਵੇਂ ਕਾਨਫਰਸਾਂ ਨੂੰ ਲੈ ਕੇ ਲੋਕਾਂ 'ਚ ਭਾਰੀ ਉਤਸ਼ਾਹ ਹੈ।14 ਜਨਵਰੀ ਦੀ ਕਾਨਫਰੰਸ ਦੀ ਪ੍ਰਧਾਨਗੀ ਸ. ਸੁਖਬੀਰ ਸਿੰਘ ਬਾਦਲ ਕਰਨਗੇ, ਜਦਕਿ ਸਾਬਕਾ ਕੇਂਦਰੀ ਮੰਤਰੀ ਹਰਸਿਮਰਤ ਕੌਰ ਬਾਦਲ ਸਮੇਤ ਹੋਰ ਲੀਡਰਸ਼ਿਪ ਵੀ ਕਾਨਫਰੰਸ 'ਚ ਮੌਜੂਦ ਰਹੇਗੀ।ਇਸ ਮੌਕੇ ਸਾਬਕਾ ਵਿਧਾਇਕ ਕੰਵਰਜੀਤ ਸਿੰਘ ਰੋਜ਼ੀ ਬਰਕੰਦੀ ਨੇ ਵੀ ਵਰਕਰਾਂ 'ਚ ਅਕਾਲੀ ਕਾਨਫਰੰਸ ਨੂੰ ਲੈ ਕੇ ਜੋਸ਼ ਭਰਿਆ।ਉਨ੍ਹਾਂ ਕਿਹਾ ਕਿ ਅਕਾਲੀ ਦਲ ਦੀਆਂ ਦੋਵੇਂ ਕਾਨਫਰੰਸਾਂ 'ਚ ਵੱਡੀ ਗਿਣਤੀ 'ਚ ਇਕੱਠ ਹੋਵੇਗਾ। ਉਨ੍ਹਾਂ ਕਿਹਾ ਕਿ ਕਾਨਫਰੰਸਾਂ ਦੀਆਂ ਤਿਆਰੀਆਂ ਜ਼ੋਰਾਂ ਨਾਲ ਚੱਲ ਰਹੀਆਂ ਹਨ। ਇਸ ਮੌਕੇ ਹੀਰਾ ਸਿੰਘ ਚੜ੍ਹੇਵਾਨ, ਜਗਵੰਤ ਸਿੰਘ ਲੰਬੀ ਢਾਬ, ਰੇਸ਼ਮ ਸਿੰਘ ਕੋਟਲੀ, ਜਗਜੀਤ ਸਿੰਘ ਰਣਜੀਤਗੜ੍ਹ, ਚਰਨਜੀਤ ਸਿੰਘ ਮਾਂਗਟਕੇਰ, ਬਲਰਾਜ ਸਿੰਘ ਗੁਲਾਬੇਵਾਲਾ, ਜਗਸੀਰ ਸਿੰਘ, ਗੁਲਾਬ ਸਿੰਘ ਕ੍ਰਿਪਾਲਕੇ, ਪੂਰਨ ਲੰਡੇਰੋਡੇ, ਬਿੰਦਰ ਗੋਨਿਆਣਾ, ਦਿਲਬਾਗ ਗਿੱਲ ਸਮੇਤ ਵੱਡੀ ਗਿਣਤੀ 'ਚ ਵਰਕਰ ਮੌਜੂਦ ਸਨ।

## ਰਮਾਨੁਜਨ ਟੈਸਟ 'ਚ ਰੱਤੋਕੇ ਸਕੂਲ ਦੇ 25 ਬੱਚਿਆਂ ਨੇ ਮਾਰੀ ਬਾਜ਼ੀ

**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ, ਕੁਲਦੀਪ ਅੱਤਰੀ)**-ਸਰਕਾਰੀ ਐਲੀਮੈਂਟਰੀ ਸਕੂਲ ਰੱਤੋਕੇ ਪੜ੍ਹਾਈ ਅਤੇ ਖੇਡਾਂ 'ਚ ਹਮੇਸ਼ਾ ਮੋਹਰੀ ਰਹਿੰਦਾ ਹੈ। ਇੱਥੋਂ ਦੇ ਵਿਦਿਆਰਥੀ ਪੜ੍ਹਾਈ ਦੇ ਨਾਲ ਨਾਲ ਸਹਿ-ਵਿੱਦਿਅਕ ਮੁਕਾਬਲਿਆਂ ਅਤੇ ਖੇਡਾਂ 'ਚ ਵੀ ਮੱਲਾਂ ਮਾਰਦੇ ਹਨ। ਜ਼ਿਲ੍ਹਾ ਸੰਗਰੂਰ 'ਚ ਰਾਮਾਨੁਜਨ ਗਣਿਤ ਪ੍ਰੀਖਿਆ ਪੰਜਵੀਂ, ਅੱਠਵੀਂ ਅਤੇ ਦਸਵੀਂ ਦੇ ਵਿਦਿਆਰਥੀਆਂ ਦੀ ਲਈ ਜਾਂਦੀ ਹੈ। ਇਸ ਸਾਲ ਰੱਤੋਕੇ ਦੇ ਮਿਡਲ ਵਰਗ ਦੇ 17 ਵਿਦਿਆਰਥੀਆਂ ਨੇ ਅਤੇ ਪ੍ਰਾਇਮਰੀ ਵਰਗ ਦੇ 8 ਵਿਦਿਆਰਥੀਆਂ ਨੇ ਇਸ ਪ੍ਰੀਖਿਆ 'ਚ ਮੋਹਰੀ ਸਥਾਨ ਹਾਸਲ ਕੀਤੇ। ਅਰਮਾਨਦੀਪ ਸਿੰਘ ਨੇ ਜ਼ਿਲ੍ਹੇ 'ਚੋਂ ਪਹਿਲਾ, ਵਲਦੀਪ ਸਿੰਘ ਨੇ ਦੂਜਾ, ਕ੍ਰਾਂਤੀਪਾਲ, ਖੁਸ਼ਕਿਰਨਪਾਲ ਅਤੇ ਅਰਮਾਨ ਜੋਤ ਨੇ ਤੀਸਰਾ ਸਥਾਨ ਹਾਸਲ ਕੀਤਾ। ਪ੍ਰਾਇਮਰੀ ਵਰਗ 'ਚ ਉਦੇ ਸਿੰਘ ਮਨੋਸ਼ ਨੇ ਛੇਵਾਂ ਸਥਾਨ ਹਾਸਲ ਕੀਤਾ। ਇਨ੍ਹਾਂ 25 ਵਿਦਿਆਰਥੀਆਂ ਨੂੰ ਸਕੂਲ 'ਚ ਮੈਡਲ ਪਾ ਕੇ ਸਨਮਾਨਤ ਕੀਤਾ ਗਿਆ। ਅਧਿਆਪਕ ਸੁਖਪਾਲ ਸਿੰਘ ਨੇ ਦੱਸਿਆ ਕਿ ਇਨ੍ਹਾਂ ਸਾਰੇ 25 ਵਿਦਿਆਰਥੀਆਂ ਨੂੰ ਜ਼ਿਲ੍ਹਾ ਪੱਧਰੀ ਸਮਾਗਮ 'ਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੇਨੜਾ ਵਿਖੇ ਸਨਮਾਨਤ ਕੀਤਾ ਜਾਵੇਗਾ। ਇਸ ਸਮੇਂ ਹੈੱਡ ਟੀਚਰ ਗੁਰਮੀਤ ਸਿੰਘ ਭੁੱਲਰ ਅਤੇ ਸਰਪੰਚ ਗੁਰਮੀਤ ਕੌਰ ਨੇ ਕਿਹਾ ਕਿ ਇਨ੍ਹਾਂ ਵਿਦਿਆਰਥੀਆਂ ਨੇ ਸਕੂਲ, ਪਿੰਡ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਹੈ। ਸਕੂਲ ਮੈਨੇਜਮੈਂਟ ਕਮੇਟੀ ਪ੍ਰਧਾਨ ਬਲਜੀਤ ਬੱਲੋ ਨੇ ਵਿਦਿਆਰਥੀਆਂ, ਅਧਿਆਪਕਾਂ ਅਤੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਵਧਾਈ ਦਿੱਤੀ। ਇਸ ਮੌਕੇ ਜਸਪਾਲ ਸਿੰਘ ਸਾਹੋਕੇ, ਕੁਲਦੀਪ ਸਿੰਘ ਸਰਾਂ, ਗੁਰਚਰਨ ਸਿੰਘ ਸਰਪੰਚ, ਗੁਰਮੀਤ ਸਿੰਘ ਭੁੱਲਰ, ਮਨਜੀਤ ਸਿੰਘ ਫੌਜੀ, ਲਖਵਿੰਦਰ ਸਿੰਘ, ਨੇਨੂ ਸਿੰਗਲਾ, ਪਰਵਿੰਦ ਕੌਰ, ਕਰਮਜੀਤ ਕੌਰ, ਚਰਨਜੀਤ ਕੌਰ, ਸਤਪਾਲ ਕੌਰ ਅਤੇ ਪ੍ਰਦੀਪ ਸਿੰਘ ਹਾਜ਼ਰ ਸਨ। ਪ੍ਰੈਸ ਨਾਲ ਜਾਣਕਾਰੀ ਮੈਡਮ ਰਣਜੀਤ ਕੌਰ ਨੇ ਸਾਂਝੀ ਕੀਤੀ।



# ਢੈਪਈ ਟੋਲ ਪਲਾਜ਼ੇ ਨੂੰ ਹਟਾਉਣ ਲਈ ਵੱਡਾ ਇਕੱਠ 26 ਨੂੰ, ਪੱਕਾ ਮੋਰਚਾ ਜਾਰੀ



ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਮਹਿੰਦਰ ਸਿੰਘ ਭੈਣੀ ਬਾਘਾ।

**ਭੀਖੀ (ਧਰਮਵੀਰ ਸ਼ਰਮਾ)**-ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਜ਼ਿਲ੍ਹਾ ਮਾਨਸਾ ਵੱਲੋਂ ਭੀਖੀ ਨੇੜਲੇ ਪਿੰਡ ਹਮੀਰਗੜ੍ਹ ਢੈਪਈ ਵਿਖੇ ਲੱਗੇ ਬੇਲਾਭਦ ਟੋਲ ਪਲਾਜ਼ਾ ਨੂੰ ਹਟਾਉਣ ਲਈ ਭਾਵੇਂ ਪੱਕਾ ਮੋਰਚਾ ਪਿਛਲੇ ਦੀਵ ਦਿਨਾਂ ਤੋਂ ਜਾਰੀ ਹੈ, ਪ੍ਰੰਤੂ ਯੂਨੀਅਨ ਵੱਲੋਂ ਪਿਛਲੀ 2 ਜਨਵਰੀ ਨੂੰ ਉਕਤ ਟੋਲ ਪਲਾਜ਼ੇ ਨੂੰ ਹਟਾਉਣ ਲਈ ਵੀ ਵੱਡਾ ਇਕੱਠ ਕੀਤਾ ਗਿਆ ਸੀ, ਪ੍ਰੰਤੂ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵੱਡੀ ਪੁਲਸ ਫੋਰਸ ਲਾਏ ਜਾਣ ਅਤੇ ਐੱਸ ਡੀ ਐੱਮ ਮਾਨਸਾ ਵੱਲੋਂ 26 ਜਨਵਰੀ ਤੱਕ ਇਸ ਟੋਲ ਪਲਾਜ਼ੇ ਨੂੰ ਹਟਾਉਣ ਦਾ ਭਰੋਸਾ ਦੇਣ ਤੋਂ ਬਾਅਦ ਉਕਤ ਪ੍ਰੋਗਰਾਮ ਭਾਵੇਂ ਵਾਪਸ ਲੈ ਲਿਆ ਗਿਆ ਸੀ, ਪਰ ਕਿਸਾਨ ਯੂਨੀਅਨ ਵੱਲੋਂ ਲਾਇਆ ਪੱਕਾ ਮੋਰਚਾ ਕੜਾਕੇ ਦੀ ਠੰਢ ਦੇ ਬਾਵਜੂਦ ਜਾਰੀ ਹੈ। ਬੀਤੇ ਦਿਨੀਂ ਯੂਨੀਅਨ ਦੀ ਹੋਈ ਮੀਟਿੰਗ ਦੌਰਾਨ ਯੂਨੀਅਨ ਦੇ ਜ਼ਿਲ੍ਹਾ ਜਰਨਲ ਸਕੱਤਰ ਮਹਿੰਦਰ ਸਿੰਘ ਭੈਣੀਬਾਘਾ ਨੇ ਕਿਹਾ ਕਿ ਪ੍ਰਸ਼ਾਸਨ ਵੱਲੋਂ ਦਿੱਤੇ ਭਰੋਸੇ ਤੋਂ ਬਾਅਦ ਭਾਵੇਂ ਪ੍ਰੋਗਰਾਮ ਮੁਲਤਵੀ ਕਰ ਦਿੱਤਾ ਹੈ, ਪਰ ਜੇਕਰ ਜ਼ਿਲ੍ਹਾ ਪ੍ਰਸ਼ਾਸਨ ਆਪਣੇ ਦਿੱਤੇ ਪ੍ਰੋਗਰਾਮ ਅਨੁਸਾਰ ਇਸ ਟੋਲ ਪਲਾਜ਼ੇ ਨੂੰ ਨਹੀਂ ਹਟਾਉਂਦਾ ਤਾਂ ਉਹ 26 ਜਨਵਰੀ ਨੂੰ ਟੋਲ ਪਲਾਜ਼ੇ 'ਤੇ ਵੱਡਾ ਇਕੱਠ ਕਰਕੇ ਇਸ ਨੂੰ ਹਟਾਉਣਗੇ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਲੰਮੇ ਸਮੇਂ ਤੋਂ ਕਿਸਾਨਾਂ ਦਾ ਸਬਰ ਪਰਖ ਰਿਹਾ ਹੈ, ਪਰ ਹੁਣ ਪਾਣੀ ਸਿਰ ਤੋਂ ਉੱਪਰ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਕਿਸਾਨ ਹੁਣ ਪਿੱਛੇ ਨਹੀਂ ਹਟਣਗੇ, ਉਨ੍ਹਾਂ ਨੂੰ ਭਾਵੇਂ ਕਿਉਂ ਨਾ ਕੋਈ ਵੀ ਕਈ ਕੁਰਬਾਨੀ ਨਾ ਕਰਨੀ ਪਵੇ। ਉਨ੍ਹਾਂ ਕਿਹਾ ਕਿ ਆਉਣ ਵਾਲੀ 26 ਜਨਵਰੀ ਨੂੰ ਟੋਲ ਪਲਾਜੇ 'ਤੇ ਭਾਰੀ ਇਕੱਠ ਕੀਤਾ ਜਾਵੇਗਾ ਤੇ ਇਸ ਦਿਨ ਟੋਲ ਪਲਾਜੇ ਦਾ ਭੋਗ ਪਾ ਕੇ ਹੀ ਜਥੇਬੰਦੀ ਵੱਲੋਂ ਰਸਤਾ ਸਾਫ਼ ਕੀਤਾ ਜਾਵੇਗਾ। ਇਸ ਮੌਕੇ ਦਰਸ਼ਨ ਸਿੰਘ ਗੁਰਨੇ, ਰਾਜਪਾਲ ਸਿੰਘ ਅਲੀਸ਼ੇਰ, ਸਿੰਘ ਉੱਲਕ, ਲਛਮਣ ਸਿੰਘ ਚੱਕ ਅਲੀਸ਼ੇਰ, ਧਮਨਜੀਤ ਸਿੰਘ ਢੈਪਈ ਹਾਜ਼ਰ ਸਨ।

# ਪੈਨਸ਼ਨ ਸਕੀਮ ਦੀ ਬਹਾਲੀ ਲਈ ਰੇਲਵੇ ਮੁਲਾਜ਼ਮਾਂ ਵੱਲੋਂ ਧਰਨਾ




**ਧੂਰੀ (ਸੁਖਦੇਵ ਧੂਰੀ)**-ਨਾਰਦਨ ਰੇਲਵੇ ਮੈਨਜ਼ ਯੂਨੀਅਨ ਦੀ ਧੂਰੀ ਬ੍ਰਾਂਚ ਵੱਲੋਂ ਰੇਲਵੇ ਵਿਭਾਗ ਵੱਲੋਂ ਨਵੀਂ ਲਿਆਂਦੀ ਜਾ ਰਹੀ ਪੈਨਸ਼ਨ ਸਕੀਮ ਦੇ ਵਿਰੋਧ ਵਿੱਚ ਧਰਨਾ ਦਿੱਤਾ ਗਿਆ।ਕਾਮਰੇਡ ਹਰਭਜਨ ਲੂਨਾ ਤੇ ਬਰਾਂਚ ਸੈਕਟਰੀ ਰਾਜੀਵ ਸ਼ਰਮਾ ਨੇ ਰੇਲਵੇ ਕਾਮਿਆਂ ਨੂੰ ਸੰਬੋਧਨ ਕਰਦਿਆਂ ਨਵੀਂ ਪੈਨਸ਼ਨ ਸਕੀਮ ਦਾ ਵਿਰੋਧ ਕਰਦਿਆਂ ਕਿਹਾ ਕਿ ਇੱਕ ਮੁਲਾਜ਼ਮ ਲਗਨ, ਮਿਹਨਤ ਨਾਲ ਸਾਰੀ ਉਮਰ ਵਿਭਾਗ ਦੀ ਸੇਵਾ ਕਰਦਾ ਹੈ ਅਤੇ ਆਪਣੀ ਜ਼ਿੰਦਗੀ ਦੇ ਅੰਤਿਮ ਪੜਾਅ ਵਿੱਚ, ਜੋ ਉਸ ਦੇ ਅਰਾਮ ਕਰਨ ਦੀ ਉਮਰ ਹੁੰਦੀ ਹੈ, ਉਸ ਵਿੱਚ ਪੈਨਸ਼ਨ ਲੈਣਾ ਉਸ ਦਾ ਸੰਵਿਧਾਨਕ ਹੱਕ ਹੈ, ਪਰ ਹੁਣ ਵਿਭਾਗ ਵੱਲੋਂ ਮਹਿਜ਼ 2000 ਰੁਪੈ ਪੈਨਸ਼ਨ ਦੇ ਕੇ ਰੇਲਵੇ ਮੁਲਾਜ਼ਮਾਂ ਨੂੰ ਬੁਢਾਪੇ ਵਿੱਚ ਭੁੱਖੇ ਮਾਰਨ ਦੀ ਵਿਉਂਤਬੰਦੀ ਤਿਆਰ ਕੀਤੀ ਜਾ ਰਹੀ ਹੈ, ਜਿਸ ਨੂੰ ਮੁਲਾਜ਼ਮ ਕਦੇ ਵੀ ਬਰਦਾਸ਼ਤ ਨਹੀਂ ਕਰਨਗੇ।ਇਸ ਮੌਕੇ ਵਰਿੰਦਰ ਕੁਮਾਰ, ਮੇਹੁਲ ਰਾਣਾ, ਸੰਦੀਪ ਕੁਮਾਰ, ਜੈਦੀਪ, ਅੰਮ੍ਰਿਤ ਸਿੰਘ, ਕਰਮਪਾਲ ਸਿੰਘ, ਮਨਪ੍ਰੀਤ ਕੌਰ, ਜੋਨੀ, ਅਮਨਪ੍ਰੀਤ ਕੌਰ ਵੀ ਹਾਜ਼ਰ ਸਨ।

# 2 ਲੱਖ ਦੀ ਲੁੱਟ ਕਰਨ ਵਾਲੇ 3 ਦੋਸ਼ੀ ਕਾਬੂ



**ਨਾਭਾ (ਵਰਿੰਦਰ ਵਰਮਾ)**-ਐਸ.ਐਸ.ਪੀ ਸਾਹਿਬ ਪਟਿਆਲਾ ਸ੍ਰੀ ਵਰੁਣ ਸ਼ਰਮਾ ਆਈ.ਪੀ.ਐਸ ਦੇ ਦਿਸ਼ਾ ਨਿਰਦੇਸ਼ ਤਹਿਤ ਅਤੇ ਸ੍ਰੀ ਹਰਬੀਰ ਸਿੰਘ ਅਟਵਾਲ ਕਪਤਾਨ ਪੁਲਿਸ ਇਨਵੈਸਟੀਗੇਸ਼ਨ ਪਟਿਆਲਾ, ਸ੍ਰੀ ਜਸਵੀਰ ਸਿੰਘ ਕਪਤਾਨ ਪੁਲਿਸ ਪੀ.ਬੀ.ਆਈ ਤੇ ਟ੍ਰੈਫ਼ਿਕ ਪਟਿਆਲਾ ਅਤੇ ਸ੍ਰੀ ਦਵਿੰਦਰ ਕੁਮਾਰ ਅੱਤਰੀ ਡੀ.ਐਸ.ਪੀ ਦੀ ਯੋਗ ਅਗਵਾਈ ਹੇਠ ਸਬ- ਇੰਸਪੈਕਟਰ ਗੁਰਪ੍ਰੀਤ ਸਿੰਘ ਸਮਰਾਓ ਮੁੱਖ ਅਫ਼ਸਰ ਥਾਣਾ ਕੋਤਵਾਲੀ ਨਾਭਾ ਵੱਲੋਂ ਭੈੜੇ ਤੇ ਮਾੜੇ ਅਨਸਰਾਂ ਖਿਲਾਫ ਕਾਰਵਾਈ ਕਰਦੇ ਹੋਏ ਜੋ 04.01.2024 ਨੂੰ ਅੱਛਰੂ ਰਾਮ ਪੁੱਤਰ ਬੀਰਬਲ ਕੁਮਾਰ ਵਾਸੀ ਨਵੀਂ ਬਸਤੀ ਨਾਭਾ ਜ਼ਿਲ੍ਹਾ ਪਟਿਆਲਾ ਨੇ ਸ:ਥ: ਬਲਵਿੰਦਰ ਸਿੰਘ ਪਾਸ ਤਹਿਰੀਰ ਕਰਾਇਆ ਕਿ ਉਹ ਆਪਣੇ ਭਰਾ ਨਾਲ ਘੁਲਾੜ ਮੰਡੀ ਨਾਭਾ ਵਿਖੇ ਹੋਲਸੇਲ ਕਰਿਆਨੇ ਦੀ ਦੁਕਾਨ ਕਰਦਾ ਹੈ ਤੇ 3.1.2024 ਨੂੰ ਵਕਤ ਕਰੀਬ 10 ਵਜੇ ਰਾਤ ਨੂੰ ਮੁੱਦਈ ਅਤੇ ਉਸਦੀ ਮਾਤਾ ਸਕੂਟਰੀ 'ਤੇ ਆਪਣੇ ਘਰ ਨੂੰ ਆ ਰਿਹਾ ਸੀ, ਜਦੋਂ ਬਸੰਤਪੁਰਾ ਮੁਹੱਲਾ ਵਿਚੋਂ ਲੰਘ ਰਿਹਾ ਸੀ ਤਾਂ ਅੱਗੇ ਤੋਂ ਇੱਕ ਮੋਟਰਸਾਇਕਲ ਬਿਨਾਂ ਨੰਬਰੀ, ਜਿਸ ਉਪਰ ਤਿੰਨ ਨਾ-ਮਾਲੂਮ ਮੋਨੇ ਵਿਅਕਤੀ ਸਵਾਰ ਸਨ, ਜਿਨ੍ਹਾਂ ਨੇ ਆਪਣੇ ਮੂੰਹ ਕੱਪੜੇ ਨਾਲ ਕਵਰ ਕੀਤੇ ਹੋਏ ਸੀ ਅਤੇ ਆਪਣੇ ਮੋਟਰਸਾਇਕਲ ਦੀ ਟੱਕਰ ਸਕੂਟਰੀ ਵਿੱਚ ਮਾਰੀ, ਜੋ ਮੁਦਈ ਅਤੇ ਉਸਦੀ ਮਾਤਾ ਜ਼ਮੀਨ ਪਰ ਡਿੱਗ ਗਏ ਤਾਂ ਉਸ ਸਮੇਂ ਉਨ੍ਹਾਂ ਵਿੱਚੋਂ ਇੱਕ ਵਿਅਕਤੀ ਮੁੱਦਈ ਦੀ ਸਕੂਟਰੀ ਭਜਾ ਕੇ ਲਿਜਾ ਰਿਹਾ ਸੀ ਤਾਂ ਮੁਦਈ ਨੇ ਉਸਦਾ ਪਿੱਛਾ ਕੀਤਾ ਤਾਂ ਦੂਜੇ ਵਿਅਕਤੀ ਨੇ ਮੋਟਰਸਾਇਕਲ ਦੇ ਟੁੱਟੇ ਹੋਏ ਪਾਰਟ ਨਾਲ ਮੁੱਦਈ ਦੇ ਸਿਰ ਉਪਰ ਵਾਰ ਕੀਤਾ ਅਤੇ ਸਕੂਟਰੀ ਲੈ ਕੈ ਫਰਾਰ ਹੋ ਗਏ, ਜੋ ਸਕੂਟਰੀ ਦੀ ਡਿੱਗੀ ਵਿੱਚ 1,80,000/- ਰੁਪਏ ਸੀ, ਜੋ ਮੁੱਦਈ ਨੂੰ ਉਸਦੇ ਭਰਾ ਨੇ ਮੌਕੇ 'ਤੇ ਪਹੁੰਚ ਕੇ ਇਲਾਜ ਲਈ ਸਿਵਲ ਹਸਪਤਾਲ ਨਾਭਾ ਦਾਖਲ ਕਰਾਇਆ, ਜਿਸ 'ਤੇ ਮੁੱਦਈ ਦੇ ਬਿਆਨ 'ਤੇ ਮੁਕੱਦਮਾ ਨੰਬਰ 02 ਧਾਰਾ 323,341,379 ਬੀ, 34 ਆਈ.ਪੀ.ਸੀ ਥਾਣਾ ਕੋਤਵਾਲੀ ਨਾਭਾ ਜ਼ਿਲ੍ਹਾ ਪਟਿਆਲਾ ਬਰਖਿਲਾਫ਼ 3 ਨਾ-ਮਾਲੂਮ ਵਿਅਕਤੀਆਂ ਦੇ ਦਰਜ ਕੀਤਾ ਗਿਆ।ਸਬ-ਇੰਸਪੈਕਟਰ ਗੁਰਪ੍ਰੀਤ ਸਿੰਘ ਸਮਰਾਓ ਮੁੱਖ ਅਫਸਰ ਥਾਣਾ ਕੋਤਵਾਲੀ ਵੱਲੋਂ ਕਰਮਚਾਰੀਆਂ ਦੀਆਂ ਵੱਖ-ਵੱਖ ਟੀਮਾਂ ਬਣਾ ਕੇ ਸੀ.ਸੀ.ਟੀ.ਵੀ ਕੈਮਰਿਆਂ ਦੀ ਫੁਟੇਜ ਅਤੇ ਤਕਨੀਕੀ ਸਹਾਇਤਾ ਰਾਹੀਂ ਦੋਸ਼ੀ ਦੀਪਕ ਕਮਾਰ ਉਰਫ਼ ਮੰਗਲ ਪੁੱਤਰ ਚੌਥੀ ਰਾਮ ਵਾਸੀ ਦੁਲੱਦੀ ਗੇਟ ਨਾਭਾ ਨੂੰ ਟਰੇਸ ਕਰਕੇ ਦੋਸ਼ੀ ਨਾਮਜਦ ਕਰਕੇ ਹਸਬ ਜ਼ਾਬਤਾ ਗ੍ਰਿਫ਼ਤਾਰ ਕੀਤਾ ਗਿਆ। ਦੋਸ਼ੀ ਦੀਪਕ ਕੁਮਾਰ ਦੀ ਪੁੱਛਗਿੱਛ ਦੌਰਾਨ ਮੰਨਿਆ ਕਿ ਉਸਨੇ ਇਹ ਵਾਰਦਾਤ ਆਪਣੇ ਸਾਥੀਆਂ ਜਸ਼ਨਦੀਪ ਸਿੰਘ ਉਰਫ਼ ਯਸ਼ ਉਰਫ ਘੋਗੀ, ਦਵਿੰਦਰ ਸਿੰਘ ਗੱਗੂ ਵਾਸੀ ਸਰਕਾਰੀ ਹਸਪਤਾਲ ਸਰਕਾਰੀ ਕੁਆਰਟਰ ਨਾਭਾ, ਰਾਜਾ ਭਾਉ ਘੁਲਾੜ ਮੰਡੀ ਨਾਭਾ, ਕਮਲ ਵਾਸੀ ਘੁਲਾੜ ਮੰਡੀ ਨਾਭਾ, ਅਰੁਣ ਵਾਸੀ ਰਾਮ ਨਗਰ ਬਸਤੀ ਮੈਹਸ ਗੇਟ ਨਾਭਾ ਨਾਲ ਮਿਲ ਕੇ ਮੋਟਰਸਾਇਕਲਾਂ 'ਤੇ ਸਵਾਰ ਹੋ ਕੇ ਕੀਤੀ ਹੈ।

# 'ਆਪੇ ਗੁਰ ਚੇਲਾ' ਨਗਰ ਕੀਰਤਨ ਭਲਕੇ ਪੁੱਜੇਗਾ ਮਾਛੀਵਾੜਾ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਆਨੰਦਪੁਰ ਸਾਹਿਬ ਤੋਂ ਸਜਾਇਆ ਜਾ ਰਿਹਾ 'ਆਪੇ ਗੁਰ ਚੇਲਾ' ਨਗਰ ਕੀਰਤਨ 11 ਜਨਵਰੀ ਨੂੰ ਮਾਛੀਵਾੜਾ ਸਾਹਿਬ ਪੁੱਜੇਗਾ। ਇਸ ਸਬੰਧੀ ਪ੍ਰੈੱਸ ਕਾਨਫਰੰਸ ਦੌਰਾਨ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਰਣਜੀਤ ਸਿੰਘ ਮੰਗਲੀ ਤੇ ਬੀਬੀ ਹਰਜਿੰਦਰ ਕੌਰ ਪਵਾਤ, ਗੁਰੂ ਘਰ ਦੇ ਮੈਨੇਜਰ ਗੁਰਬਖ਼ਸ ਸਿੰਘ, ਅਕਾਲੀ ਆਗੂ ਹਰਜਤਿੰਦਰ ਸਿੰਘ ਬਾਜਵਾ, ਜਥੇਦਾਰ ਹਰਦੀਪ ਸਿੰਘ ਬਹਿਲੋਲਪੁਰ, ਚਿੱਤਰਕਾਰ ਜਗਦੀਸ਼ ਸਿੰਘ ਬਰਾੜ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰੂ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਨਗਰ ਕੀਰਤਨ 10 ਜਨਵਰੀ ਨੂੰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਆਨੰਦਪੁਰ ਤੋਂ ਪੰਜ ਪਿਆਰਿਆਂ ਦੀ ਅਗਵਾਈ ਹੇਠ ਆਰੰਭ ਹੋਵੇਗਾ, ਜੋ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਾਰਗ ਦੇ ਵੱਖ-ਵੱਖ ਪੜਾਵਾਂ ਅਤੇ ਗੁਰਦੁਆਰਾ ਸਾਹਿਬਾਨਾਂ ਦੇ ਦਰਸ਼ਨ ਕਰਦਾ ਹੋਇਆ 11 ਜਨਵਰੀ ਨੂੰ ਪਵਾਤ ਪੁਲ 'ਤੇ ਪੁੱਜੇਗਾ, ਜਿੱਥੋਂ ਸੰਗਤਾਂ ਸਵਾਗਤ ਕਰਨਗੀਆਂ ਉਪਰੰਤ ਨਗਰ ਕੀਰਤਨ ਨੂੰ ਮਾਛੀਵਾੜਾ ਦੇ ਇਤਿਹਾਸਕ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਲਿਆਂਦਾ ਜਾਵੇਗਾ।

ਉਨ੍ਹਾਂ ਦੱਸਿਆ ਕਿ ਮਾਛੀਵਾੜਾ ਸਾਹਿਬ ਵਿਖੇ 11 ਜਨਵਰੀ ਨੂੰ ਪੁੱਜਣ ਵਾਲੇ ਨਗਰ ਕੀਰਤਨ ਦੇ ਸਵਾਗਤ ਸੰਬੰਧੀ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਇਸ ਨਗਰ ਕੀਰਤਨ ਦੀ ਸੰਪੂਰਨਤਾ 16 ਜਨਵਰੀ ਨੂੰ ਤਖ਼ਤ ਸ੍ਰੀ ਦਮਦਮਾ ਸਾਹਿਬ, ਤਲਵੰਡੀ ਸਾਬੋ ਵਿਖੇ ਹੋਵੇਗੀ, ਜਿੱਥੇ 17 ਜਨਵਰੀ ਨੂੰ ਗੁਰੂ ਸਾਹਿਬ ਜੀ ਦਾ ਪ੍ਰਕਾਸ਼ ਦਿਹਾੜਾ ਵੱਡੇ ਪੱਧਰ 'ਤੇ ਮਨਾਇਆ ਜਾਵੇਗਾ। ਇਸ ਮੌਕੇ ਅਕਾਊਂਟੈਂਟ ਸੁਖਦੇਵ ਸਿੰਘ, ਖਜ਼ਾਨਚੀ ਜਸਪਿੰਦਰ ਸਿੰਘ, ਰਿਕਾਰਡ ਕੀਪਰ ਭੁਪਿੰਦਰ ਸਿੰਘ, ਸਟੋਰ ਕੀਪਰ ਗੁਲਜ਼ਾਰ ਸਿੰਘ, ਹੈੱਡ ਗ੍ਰੰਥੀ ਹਰਪਾਲ ਸਿੰਘ ਗੁਰਮੁਖ, ਕੁਲਦੀਪ ਸਿੰਘ, ਸਤਨਾਮ ਸਿੰਘ, ਮਨਦੀਪ ਸਿੰਘ ਮੌਜੂਦ ਸਨ।

# ਪੰਜਾਬ ਏਡਜ਼ ਕੰਟਰੋਲ ਇੰਪਲਾਈਜ਼ ਵੈੱਲਫੇਅਰ ਐਸੋਸੀਏਸ਼ਨ ਵੱਲੋਂ 26 ਨੂੰ ਲੁਧਿਆਣਾ 'ਚ ਮੁੱਖ ਮੰਤਰੀ ਦੇ ਘਿਰਾਓ ਦਾ ਐਲਾਨ



**ਫਿਰੋਜ਼ਪੁਰ (ਗੁਰਬਚਨ ਸਿੰਘ ਸੋਨੂੰ)**-ਪੰਜਾਬ ਵਿੱਚ ਠੇਕਾ ਅਧਾਰਤ ਸੇਵਾਵਾਂ ਨਿਭਾਉਣ ਵਾਲੀ ਸਿਰਮੌਰ ਮੁਲਾਜ਼ਮ ਜਥੇਬੰਦੀ ਪੰਜਾਬ ਏਡਜ਼ ਕੰਟਰੋਲ ਇੰਪਲਾਈਜ਼ ਵੈਲਫੇਅਰ ਐਸੋਸੀਏਸ਼ਨ (ਸਿਹਤ ਵਿਭਾਗ) ਵੱਲੋਂ 26 ਜਨਵਰੀ ਨੂੰ ਮੁੱਖ ਮੰਤਰੀ ਭਗਵੰਤ ਮਾਨ ਦੇ ਝੰਡਾ ਲਹਿਰਾਉਣ ਦੌਰਾਨ ਪ੍ਰਦਰਸ਼ਨ ਕਰਨ ਦਾ ਫੈਸਲਾ ਕੀਤਾ ਹੈ। ਜਥੇਬੰਦੀ ਦੇ ਸੂਬਾ ਪੰਜਾਬ ਜਸਮੇਲ ਸਿੰਘ ਦਿਓਲ ਅਤੇ ਜ਼ਿਲ੍ਹਾ ਫਿਰੋਜ਼ਪੁਰ ਦੇ ਪ੍ਰਧਾਨ ਮੋਨਿਕਾ ਬੇਦੀ ਨੇ ਦੱਸਿਆ ਕਿ ਅੱਜ ਦੋ ਸਾਲ ਬੀਤ ਜਾਣ ਉਪਰੰਤ ਵੀ ਆਪ ਸਰਕਾਰ ਮੁਲਾਜ਼ਮਾਂ ਨਾਲ ਚੋਣਾਂ ਤੋਂ ਪਹਿਲਾਂ ਕੀਤੇ ਵਾਅਦੇ ਨਿਭਾਉਣ 'ਚ ਨਾਕਾਮ ਰਹੀ ਹੈ ਜਦਕਿ ਹਰੇਕ ਚੋਣਾਂ ਤੋਂ ਪਹਿਲਾਂ ਇਹ ਵਾਅਦੇ ਜਲਦ ਪੂਰੇ ਕਰਨ ਦੇ ਭਰੋਸੇ ਦਿੱਤੇ ਗਏ ਜਿਸ ਵਿੱਚ ਰੈਗੂਲਰ ਕਰਨ ਅਤੇ ਦਿੱਲੀ ਦੇ ਅਧਾਰ 'ਤੇ ਇਨ੍ਹਾਂ ਮੁਲਾਜ਼ਮਾਂ ਨੂੰ 20% ਵਾਧਾ ਪੰਜਾਬ ਸਰਕਾਰ ਵੱਲੋਂ ਤੁਰੰਤ ਅਧਾਰ 'ਤੇ ਦਿੱਤੇ ਜਾਣ ਤੋਂ ਇਲਾਵਾ ਹੋਰ ਸਰਕਾਰੀ ਮੁਲਾਜ਼ਮਾਂ ਵਾਲੀਆਂ ਸਹੂਲਤਾਂ ਬਿਨਾਂ ਸ਼ਰਤ ਦਿੱਤੇ ਜਾਣ ਦਾ ਭਰੋਸਾ ਦਿੱਤਾ ਸੀ। ਇਸ ਤੋਂ ਇਲਾਵਾ ਕਈ ਵਾਰ ਲਿਖਤ ਰੂਪ 'ਚ ਜਥੇਬੰਦੀ ਨੂੰ ਮੁੱਖ ਮੰਤਰੀ ਨਾਲ ਮੀਟਿੰਗ ਦਾ ਸਮਾਂ ਦੇ ਕੇ ਮੀਟਿੰਗ ਨਹੀਂ ਕਰਵਾਈ ਗਈ। ਜਨਰਲ ਸਕੱਤਰ ਗੁਰਜੰਟ ਸਿੰਘ ਨੇ ਦੱਸਿਆ ਕਿ ਪਿਛਲੇ ਦਿਨੀਂ 200 ਤੋਂ ਜ਼ਿਆਦਾ ਮੁਲਾਜ਼ਮਾਂ ਵੱਲੋਂ ਵਿਭਾਗ ਦੇ ਮੁਲਾਜ਼ਮ ਵਿਰੋਧੀ ਫੈਸਲਿਆਂ ਅਤੇ ਇੱਕ ਤਾਨਾਸ਼ਾਹੀ ਅਫਸਰ ਖਿਲਾਫ਼ ਦਿੱਤੀ ਲਿਖਤ ਸ਼ਿਕਾਇਤ ਬਾਅਦ ਵੀ ਬਚਾਉਣ ਦੀਆਂ ਕੋਸ਼ੀਆਂ ਚਾਲਾਂ ਚੱਲੀਆਂ ਜਾ ਰਹੀਆਂ ਹਨ ਜਦਕਿ ਇਸ ਤੋਂ ਪਹਿਲਾਂ ਵੀ ਮੌਖਿਕ ਰੂਪ 'ਚ ਕਈ ਵਾਰ ਸ਼ਿਕਾਇਤਾਂ ਕੀਤੀਆਂ ਗਈਆਂ ਸਨ। ਇਸ ਤੋਂ ਇਲਾਵਾ ਕੰਮ ਕਰਨ ਦੇ ਬਾਵਜੂਦ ਇੱਕ ਦਿਨ ਦੀ ਕੱਟੀ ਗਈ ਤਨਖਾਹ ਅਤੇ ਅੱਧੀ ਛੁੱਟੀ ਬੰਦ ਕਰਕੇ ਮੁਲਾਜ਼ਮਾਂ ਨਾਲ ਧੱਕੇਸ਼ਾਹੀ ਕੀਤੀ ਜਾ ਰਹੀ ਹੈ।

ਪ੍ਰਮੁੱਖ ਆਗੂ ਮਹਿੰਦਰ ਪਾਲ ਸਿੰਘ ਅਤੇ ਸਮੂਹ ਸਟੇਟ ਜਥੇਬੰਦੀ ਆਗੂਆਂ ਨੇ ਸਾਂਝਾ ਬਿਆਨ ਜਾਰੀ ਕਰਦਿਆਂ ਕਿਹਾ ਕਿ ਕੀਤੇ ਵਾਅਦੇ ਅਤੇ ਮੰਗਾਂ ਪੂਰੀਆਂ ਨਾ ਕਰਨ ਦੇ ਰੋਸ ਵਜੋਂ ਸਮੂਹ ਕਰਮਚਾਰੀਆਂ ਵੱਲੋਂ 4 ਜਨਵਰੀ ਨੂੰ ਵੀ ਪੂਰੇ ਪੰਜਾਬ 'ਚ ਕੰਮ ਠੱਪ ਕਰਕੇ ਚੰਡੀਗੜ੍ਹ ਧਰਨਾ ਦਿੱਤਾ ਗਿਆ ਸੀ ਅਤੇ ਹੁਣ 26 ਜਨਵਰੀ ਨੂੰ ਲੁਧਿਆਣਾ ਵਿਖੇ ਮੁੱਖ ਮੰਤਰੀ ਦੇ ਝੰਡਾ ਲਹਿਰਾਉਣ ਦੌਰਾਨ ਵਿਰੋਧ ਪ੍ਰਦਰਸ਼ਨ ਕੀਤਾ ਜਾਵੇਗਾ ਅਤੇ ਕਾਲੀਆਂ ਝੰਡੀਆਂ ਦਿਖਾਈਆਂ ਜਾਣਗੀਆਂ। ਇਸ ਸੰਬੰਧੀ ਜਲਦ ਲੁਧਿਆਣਾ ਵਿਖੇ ਹੰਗਾਮੀ ਮੀਟਿੰਗ ਸੱਦੀ ਜਾ ਰਹੀ ਹੈ।

# 120 ਗ੍ਰਾਮ ਹੈਰੋਇਨ ਸਮੇਤ 7 ਗ੍ਰਿਫ਼ਤਾਰ, 8 ਖਿਲਾਫ਼ ਮਾਮਲਾ ਦਰਜ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਜ਼ਿਲ੍ਹਾ ਫ਼ਿਰੋਜ਼ਪੁਰ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਵੱਖ-ਵੱਖ ਥਾਂਵਾਂ ਤੋਂ 120 ਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕਰਕੇ 8 ਖਿਲਾਫ ਵੱਖ-ਵੱਖ ਥਾਣਿਆਂ ਵਿਚ ਐੱਨਡੀਪੀਐੱਸ ਐਕਟ ਤਹਿਤ ਮਾਮਲੇ ਦਰਜ ਕੀਤੇ ਹਨ। ਥਾਣਾ ਸਿਟੀ ਫ਼ਿਰੋਜ਼ਪੁਰ ਪੁਲਸ ਦੇ ਸਬ ਇੰਸਪੈਕਟਰ ਪਰਮਜੀਤ ਕੌਰ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਿਸ ਪਾਰਟੀ ਬੀਤੇ ਦਿਨ ਗਸ਼ਤ ਵਾ ਚੈਕਿੰਗ ਦੇ ਸਬੰਧ ਵਿਚ ਪੁਰਾਣੀ ਸਬਜ਼ੀ ਮੰਡੀ ਨੇੜੇ ਬਗਦਾਦੀ ਗੇਟ ਪਾਸ ਪੁੱਜੇ ਤਾਂ ਇਕ ਨੌਜਵਾਨ ਮਨਪ੍ਰੀਤ ਸਿੰਘ ਉਰਫ ਮਨੀ ਪੁੱਤਰ ਮੁੱਖਾ ਵਾਸੀ ਸ਼ਾਹਦੀਨ ਵਾਲਾ ਖੜਾ ਵਿਖਾਈ ਦਿੱਤਾ, ਜੋ ਪੁਲਸ ਪਾਰਟੀ ਨੂੰ ਵੇਖ ਕੇ ਘਬਰਾ ਗਿਆ ਤੇ ਇਕਦਮ ਮੌਕੇ ਤੋਂ ਭੱਜਣ ਲੱਗਾ, ਜਿਸ ਨੂੰ ਪੁਲਸ ਪਾਰਟੀ ਵੱਲੋਂ ਸ਼ੱਕ ਦੀ ਬਿਨਾਹ 'ਤੇ ਕਾਬੂ ਕਰਕੇ ਤਲਾਸ਼ੀ ਲਈ ਤਾਂ ਇਸ ਕੋਲੋਂ 10 ਗ੍ਰਾਮ ਹੈਰੋਇਨ ਬਰਾਮਦ ਹੋਈ। ਥਾਣਾ ਸਦਰ ਫਿਰੋਜ਼ਪੁਰ ਦੇ ਸਹਾਇਕ ਥਾਣੇਦਾਰ ਵਿਨੋਦ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਿਸ ਪਾਰਟੀ ਬੀਤੇ ਦਿਨ ਗਸ਼ਤ ਵਾ ਚੈਕਿੰਗ ਦੇ ਸਬੰਧ ਵਿੱਚ ਇਲਾਕੇ ਵਿਚ ਮੌਜੂਦ ਸੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਦੋਸ਼ੀ ਅਭੈ ਪੁੱਤਰ ਦਰਸ਼ਨ ਉਰਫ ਡੀਸੀ ਵਾਸੀਅਨ ਪਿੰਡ ਕੁੰਡੇ ਹੈਰੋਇਨ ਪੀਣ ਤੇ ਵੇਚਣ ਦਾ ਆਦੀ ਹੈ, ਜੋ ਹੈਰੋਇਨ ਦੋਸ਼ੀ ਸਾਗਰ ਪੁੱਤਰ ਜੀਤਾ ਤੋਂ ਲੈਂਦਾ ਹੈ, ਜੋ ਅੱਜ ਵੀ ਦੋਵੇਂ ਕੁੰਡੇ ਕੱਚੇ ਬੰਨ ਹਬੀਬ ਕੇ ਜਾਂਦੇ ਰਸਤੇ 'ਤੇ ਬੈਠ ਕੇ ਗ੍ਰਾਕਾਂ ਦਾ ਇੰਤਜ਼ਾਰ ਕਰ ਰਹੇ ਹਨ, ਜੇਕਰ ਹੁਣੇ ਛਾਪੇਮਾਰੀ ਕੀਤੀ ਜਾਵੇ ਤਾਂ ਕਾਬੂ ਆ ਸਕਦੇ ਹਨ। ਪੁਲਸ ਪਾਰਟੀ ਵੱਲੋਂ ਦੋਸ਼ੀਅਨ 'ਤੇ ਛਾਪੇਮਾਰੀ ਕਰਕੇ ਦੋਸ਼ੀ ਅਭੈ ਨੂੰ ਕਾਬੂ ਕੀਤਾ ਗਿਆ ਤੇ ਤਲਾਸ਼ੀ ਦੌਰਾਨ 20 ਗ੍ਰਾਮ ਹੈਰੋਇਨ ਬਰਾਮਦ ਹੋਈ। ਥਾਣਾ ਤਲਵੰਡੀ ਭਾਈ ਪੁਲਿਸ ਦੇ ਸਬ ਇੰਸਪੈਕਟਰ ਅਮਰਜੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਿਸ ਪਾਰਟੀ ਬੀਤੇ ਦਿਨ ਗਸ਼ਤ ਵਾ ਚੈਕਿੰਗ ਦੇ ਸਬੰਧ ਵਿਚ ਦਾਣਾ ਮੰਡੀ ਤਲਵੰਡੀ ਭਾਈ ਵਿਖੇ ਮੌਜੂਦ ਸੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਦੋਸ਼ੀ ਜਸਪ੍ਰੀਤ ਸਿੰਘ ਪੁੱਤਰ ਸੁਖਮੰਦਰ ਸਿੰਘ ਵਾਸੀ ਵਾਰਡ ਨੰਬਰ 6 ਤਲਵੰਡੀ ਭਾਈ ਹੈਰੋਇਨ ਵੇਚਣ ਦਾ ਆਦੀ ਹੈ, ਜੋ ਹੁਣ ਵੀ ਲੈ ਬਾਈ ਟਰੱਕ ਐੱਨਐੱਚ 54 ਤਲਵੰਡੀ ਭਾਈ ਪਾਸ ਖੜਾ ਗਾਹਕਾਂ ਦੀ ਉਡੀਕ ਕਰ ਰਿਹਾ ਹੈ। ਜੇਕਰ ਹੁਣੇ ਛਾਪੇਮਾਰੀ ਕੀਤੀ ਜਾਵੇ ਤਾਂ ਕਾਬੂ ਆ ਸਕਦਾ ਹੈ। ਪੁਲਸ ਪਾਰਟੀ ਵੱਲੋਂ ਦੋਸ਼ੀ 'ਤੇ ਛਾਪੇਮਾਰੀ ਕਰਕੇ ਕਾਬੂ ਕੀਤਾ ਗਿਆ ਤੇ ਤਲਾਸ਼ੀ ਦੌਰਾਨ 7 ਗ੍ਰਾਮ ਹੈਰੋਇਨ ਬਰਾਮਦ ਹੋਈ। ਥਾਣਾ ਮੱਲਾਂਵਾਲਾ ਪੁਲਿਸ ਦੇ ਸਹਾਇਕ ਥਾਣੇਦਾਰ ਸਤਪਾਲ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਬੀਤੇ ਦਿਨ ਗਸ਼ਤ ਵਾ ਚੈਕਿੰਗ ਦੇ ਸਬੰਧ ਵਿਚ ਦਾਣਾ ਮੰਡੀ ਮੱਲਾਂਵਾਲਾ ਪਾਸ ਪੁੱਜੇ ਤਾਂ ਇਕ ਨੌਜਵਾਨ ਸੋਨੂੰ ਪੁੱਤਰ ਰਮੇਸ਼ ਕੁਮਾਰ ਵਾਸੀ ਵਾਰਡ ਨੰਬਰ 6 ਮੱਲਾਂਵਾਲਾ ਖੜ੍ਹਾ ਵਿਖਾਈ ਦਿੱਤਾ, ਜੋ ਪੁਲਿਸ ਪਾਰਟੀ ਨੂੰ ਵੇਖ ਕੇ ਘਬਰਾ ਗਿਆ ਤੇ ਇਕ ਦਮ ਮੌਕੇ ਤੋਂ ਭੱਜਣ ਲੱਗਾ, ਜਿਸ ਨੂੰ ਪੁਲਿਸ ਪਾਰਟੀ ਵੱਲੋਂ ਸ਼ੱਕ ਦੀ ਬਿਨਾਹ 'ਤੇ ਕਾਬੂ ਕਰਕੇ ਤਲਾਸ਼ੀ ਲਈ ਤਾਂ ਇਸ ਕੋਲੋਂ 20 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਚੌਂਕੀ ਮੁੱਦਕੀ ਦੇ ਸਬ ਇੰਸਪੈਕਟਰ ਸਰਵਨ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਬੀਤੇ ਦਿਨ ਗਸ਼ਤ ਵਾ ਚੈਕਿੰਗ ਦੇ ਸਬੰਧ ਵਿਚ ਇਲਾਕੇ ਵਿਚ ਮੌਜੂਦ ਸੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਦੋਸ਼ੀ ਸਾਰਜ ਸਿੰਘ ਪੁੱਤਰ ਬਲਕਾਰ ਸਿੰਘ ਵਾਸੀ ਪਿੰਡ ਸੋਢੀ ਨਗਰ ਹੈਰੋਇਨ ਵੇਚਣ ਦਾ ਆਦੀ ਹੈ, ਜੋ ਹੁਣ ਵੀ ਕਬਰਿਸਤਾਨ ਸੋਢੀ ਨਗਰ ਪਾਸ ਖੜਾ ਗਾਹਕਾਂ ਦੀ ਉਡੀਕ ਕਰ ਰਿਹਾ ਹੈ, ਜੇਕਰ ਹੁਣੇ ਛਾਪੇਮਾਰੀ ਕੀਤੀ ਜਾਵੇ ਤਾਂ ਕਾਬੂ ਆ ਸਕਦਾ ਹੈ। ਪੁਲਸ ਪਾਰਟੀ ਵੱਲੋਂ ਦੋਸ਼ੀ 'ਤੇ ਛਾਪੇਮਾਰੀ ਕਰਕੇ ਕਾਬੂ ਕੀਤਾ ਗਿਆ ਤੇ ਤਲਾਸ਼ੀ ਦੌਰਾਨ 33 ਗ੍ਰਾਮ ਹੈਰੋਇਨ ਬਰਾਮਦ ਹੋਈ। ਥਾਣਾ ਸਦਰ ਜ਼ੀਰਾ ਪੁਲਿਸ ਦੇ ਸਹਾਇਕ ਥਾਣੇਦਾਰ ਸ਼ਮਸ਼ੇਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਬੀਤੇ ਦਿਨ ਗਸ਼ਤ ਵਾ ਚੈਕਿੰਗ ਦੇ ਸਬੰਧ ਵਿਚ ਬੱਸ ਅੱਡਾ ਤਲਵੰਡੀ ਮੰਗੇ ਖਾਂ ਪਾਸ ਪੁੱਜੇ ਤਾਂ ਇਕ ਨੌਜਵਾਨ ਵਿਲਸਨ ਪੁੱਤਰ ਮੇਜਰ ਸਿੰਘ ਵਾਸੀ ਨਹਿਰ ਵਾਲਾ ਮੁਹੱਲਾ ਬਸਤੀ ਮਲਸੀਆਂ ਖੜਾ ਵਿਖਾਈ ਦਿੱਤਾ, ਜੋ ਪੁਲਸ ਪਾਰਟੀ ਨੂੰ ਵੇਖ ਕੇ ਘਬਰਾ ਗਿਆ ਤੇ ਇਕਦਮ ਮੌਕੇ ਤੋਂ ਭੱਜਣ ਲੱਗਾ, ਜਿਸ ਨੂੰ ਪੁਲਸ ਪਾਰਟੀ ਵੱਲੋਂ ਸ਼ੱਕ ਦੀ ਬਿਨਾਅ 'ਤੇ ਕਾਬੂ ਕਰਕੇ ਤਲਾਸ਼ੀ ਲਈ ਤਾਂ ਇਸ ਕੋਲੋਂ 30 ਗ੍ਰਾਮ ਹੈਰੋਇਨ ਬਰਾਮਦ ਹੋਈ।

ਥਾਣਾ ਮੱਖੂ ਪੁਲਸ ਦੇ ਸਹਾਇਕ ਥਾਣੇਦਾਰ ਲਖਵਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਬੀਤੇ ਦਿਨ ਗਸ਼ਤ ਵਾ ਚੈਕਿੰਗ ਦੇ ਸਬੰਧ ਵਿਚ ਨੇੜੇ ਸ਼ਮਸ਼ਾਨਘਾਟ ਪਿੰਡ ਕੁਤਬਪੁਰਾ ਪਾਸ ਪੁੱਜੇ ਤਾਂ ਇਕ ਨੌਜਵਾਨ ਬੂਟਾ ਸਿੰਘ ਪੁੱਤਰ ਸਰਵਨ ਸਿੰਘ ਵਾਸੀ ਮੋਹਕਮ ਵਾਲਾ ਉਰਫ ਅਰਾਈਆਂ ਵਾਲਾ ਖੜਾ ਵਿਖਾਈ ਦਿੱਤਾ, ਜੋ ਪੁਲਿਸ ਪਾਰਟੀ ਵੇਖ ਕੇ ਘਬਰਾ ਗਿਆ ਤੇ ਇਕਦਮ ਮੌਕੇ ਤੋਂ ਭੱਜਣ ਲੱਗਾ, ਜਿਸ ਨੂੰ ਪੁਲਿਸ ਪਾਰਟੀ ਵੱਲੋਂ ਸ਼ੱਕ ਦੀ ਬਿਨਾਹ 'ਤੇ ਕਾਬੂ ਕਰਕੇ ਤਲਾਸ਼ੀ ਲਈ ਤਾਂ ਇਸ ਕੋਲੋਂ 40 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਿਸ ਨੇ ਦੱਸਿਆ ਕਿ ਉਕਤ ਦੋਸ਼ੀਅਨ ਖਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ।

**Capital Small Finance Bank Ltd.**
MIDAS Corporate Park, 3rd Floor, 37, G.T. Road, Jalandhar-144001, Punjab, India

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ**

ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ, 2002 ਦੇ ਸੈਕਸ਼ਨ 13 (2) ਅਧੀਨ ਮਿਤੀ 27.12.2023 ਨੂੰ ਨੋਟਿਸ ਭੇਜਿਆ ਗਿਆ ਸੀ, ਜੋ ਡਾਕ ਵਿਭਾਗ ਵੱਲੋਂ ਵਾਪਸ ਕਰ ਦਿੱਤਾ ਗਿਆ ਸੀ ਅਤੇ ਅਧਿਕਾਰਤ ਅਫਸਰ ਨੂੰ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ/ਗਰੰਟਰ ਨੋਟਿਸ ਦੀ ਤਾਮੀਲ ਤੋਂ ਕੰਨੀ ਕਤਰਾ ਰਹੇ ਹਨ। ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾ ਰਹੀ ਹੈ।

1. (ਐੱਲ ਏ ਪੀ 'ਚ ਕਰਜ਼ਦਾਰ) : ਸ੍ਰੀ ਰਣਜੀਤ ਸਿੰਘ ਪੁੱਤਰ ਸ੍ਰੀ ਪ੍ਰਤਾਪ ਸਿੰਘ ਵਾਸੀ ਮਕਾਨ ਨੰ. 540, ਵਾਰਡ ਨੰ. 2, ਮੁਹੱਲਾ ਕਰਤਾਰ ਨਗਰ, ਸ਼ਾਹਕੋਟ, ਜਲੰਧਰ, ਪੰਜਾਬ-144702
2. (ਐੱਲ ਏ ਪੀ 'ਚ ਕਰਜ਼ਦਾਰ) : ਸ੍ਰੀਮਤੀ ਨੇਹਾ ਚੌਹਾਨ ਪਤਨੀ ਸ੍ਰੀ ਰਣਜੀਤ ਸਿੰਘ ਵਾਸੀ ਮਕਾਨ ਨੰ. 540, ਵਾਰਡ ਨੰ. 2, ਮੁਹੱਲਾ ਨਿਊ ਕਰਤਾਰ ਨਗਰ, ਸ਼ਾਹਕੋਟ, ਜਲੰਧਰ, ਪੰਜਾਬ-144702
3. (ਐੱਲ ਏ ਪੀ 'ਚ ਗਰੰਟਰ) : ਸ੍ਰੀ ਕੁਲਦੀਪ ਕੁਮਾਰ ਖੁਤਨ ਪੁੱਤਰ ਸ੍ਰੀ ਸਵਰਨਾ ਰਾਮ ਖੁਤਨ ਵਾਸੀ ਬਿੱਲੀ ਚਹਾਰਮੀ, ਜਲੰਧਰ, ਪੰਜਾਬ-144040
4. (ਐੱਲ ਏ ਪੀ 'ਚ ਗਰੰਟਰ : ਸ੍ਰੀ ਮਨੀਸ਼ ਕੁਮਾਰ ਪੁੱਤਰ ਸ੍ਰੀ ਫੂਲਚੰਦ ਵਾਸੀ ਮਕਾਨ ਨੰ. 31/1, ਵਾਰਡ ਨੰ. 1, ਮੁਹੱਲਾ ਅਜ਼ਾਦ ਨਗਰ, ਸ਼ਾਹਕੋਟ, ਜਲੰਧਰ, ਪੰਜਾਬ-144702

| ਮਨਜ਼ੂਰ ਸਹੂਲਤ ਦੀ ਕਿਸਮ/ਕਰਜ਼ਾ ਨੰਬਰ | ਰਕਮ ਮਨਜ਼ੂਰ | ਡਿਮਾਂਡ ਨੋਟਿਸ ਦੀ ਮਿਤੀ ਨੂੰ ਕੁੱਲ ਬਕਾਇਆ ਰਕਮ (1.12.2023 ਤੋਂ ਬਿਨਾਂ ਵਿਆਜ) |
|---|---|---|
| LAP/18602000211 | Rs. 35,00,000/- | Rs. 33,00,617.67 |

ਪ੍ਰਾਇਮਰੀ ਸਕਿਉਰਿਟੀ : ਜਾਇਦਾਦ ਦਾ ਉਚਿਤ ਗਿਰਵੀਨਾਮਾ : ਬੈਨਾਮਾ ਨੰ. 2021-22/177/1/699 ਮਿਤੀ 12-08-2021 ਅਨੁਸਾਰ ਸ੍ਰੀਮਤੀ ਨੇਹਾ ਚੌਹਾਨ ਪਤਨੀ ਸ੍ਰੀ ਰਣਜੀਤ ਸਿੰਘ ਦੀ ਮਲਕੀਅਤ ਜਾਇਦਾਦ ਰਕਬਾ 27 ਮਰਲੇ 5 ਸਰਸਾਈ, ਸੈਦਪੁਰ ਝਿੜੀ, ਤਹਿਸੀਲ ਸ਼ਾਹਕੋਟ ਨਾਲ ਸੰਬੰਧਤ ਸਭ ਕੁਝ।

ਸਕਿਉਰਟਾਈਜੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਦੇ ਸੈਕਸ਼ਨ 13 ਤਹਿਤ ਬੈਂਕ ਇਸ ਜਨਤਕ ਨੋਟਿਸ ਰਾਹੀਂ ਤੁਹਾਨੂੰ ਬੈਂਕ ਦੇ ਵਹੀ ਖਾਤਿਆਂ 'ਚ ਤੁਹਾਡੇ ਵਿਰੁੱਧ ਸਾਰੀਆਂ ਬਕਾਇਆ ਰਕਮਾਂ ਇਸ ਦੀ ਬਰਾਂਚ ਸ਼ਾਹਕੋਟ 'ਚ, ਸਮੇਤ ਇਸ ਉਪਰ ਭਵਿੱਖੀ ਵਿਆਜ, ਸਮੇਂ-ਸਮੇਂ 'ਤੇ ਬੈਂਕ ਵੱਲੋਂ ਕੀਤੇ ਗਏ ਹੋਰ ਖਰਚਿਆਂ ਅਤੇ ਲਾਗਤਾਂ ਨਾਲ ਸਾਰੀਆਂ ਮੁਕੰਮਲ ਦੇਣਦਾਰੀਆਂ, ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਦਾ ਸੱਦਾ ਦਿੰਦਾ ਹੈ, ਅਸਫਲ ਰਹਿਣ 'ਤੇ ਤੁਹਾਡੇ ਜੋਖਮ ਅਤੇ ਲਾਗਤਾਂ 'ਤੇ ਬੈਂਕ ਐਕਟ (ਸੁਪਰਾ) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਸਾਰੇ ਜਾਂ ਕਿਸੇ ਇੱਕ ਢੰਗ ਨਾਲ ਸਕਿਉਰਡ ਕਰਜ਼ਾ ਵਸੂਲਣ ਲਈ ਕਾਰਵਾਈ ਕਰੇਗਾ: -(ਏ) ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ (ਬੀ) ਸਕਿਉਰਡ ਐੱਸਟਸ ਦੇ ਪ੍ਰਬੰਧ ਨੂੰ ਆਪਣੇ ਹੱਥਾਂ ਵਿੱਚ ਲੈਣ ਸਮੇਤ ਸਕਿਉਰਡ ਐੱਸਟਸ ਦਾ ਕਬਜ਼ਾ ਲੈ ਕੇ ਤਬਦੀਲ ਕਰਨ ਦਾ ਅਧਿਕਾਰ ਸਮੇਤ ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ ਰਾਹੀਂ ਤਬਦੀਲ ਕਰਨ ਦਾ ਅਧਿਕਾਰ (ਸੀ) ਸਕਿਉਰਡ ਐੱਸਟਸ ਦੇ ਪ੍ਰਬੰਧ ਲਈ ਕਿਸੇ ਵਿਅਕਤੀ ਦੀ ਨਿਯੁਕਤੀ (ਡੀ) ਕਿਸੇ ਸਮੇਂ ਵੀ ਲਿਖਤੀ ਨੋਟਿਸ ਰਾਹੀਂ, ਕਿਸੇ ਵਿਅਕਤੀ ਜਿਸ ਨੇ ਤੁਹਾਡੇ ਕੋਲੋਂ ਕੋਈ ਵੀ ਸਕਿਉਰਡ ਐੱਸਟਸ ਪ੍ਰਾਪਤ ਕੀਤਾ ਹੋਵੇ, ਬੈਂਕ ਨੂੰ ਅਦਾਇਗੀ ਲਈ ਸੱਦਣਾ।

ਅੱਗੇ ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਜੇਕਰ ਕਰਜ਼ਦਾਰ/ਗਰੰਟਰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਸਾਰੀਆਂ ਮੁਕੰਮਲ ਦੇਣਦਾਰੀਆਂ ਅਦਾ ਕਰਨ 'ਚ ਅਸਫਲ ਰਹਿੰਦੇ ਹਨ ਅਤੇ ਬੈਂਕ (ਸੁਪਰਾ) ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 4 ਅਧੀਨ ਕੋਈ ਕਾਰਵਾਈ ਕਰਦਾ ਹੈ ਤਾਂ ਕਰਜ਼ਦਾਰ/ਗਰੰਟਰਾਂ ਨੂੰ ਬੈਂਕ ਵੱਲੋਂ ਸਹਿਣ ਕੀਤੀਆਂ ਜਾਣ ਵਾਲੀਆਂ ਸਾਰੀਆਂ ਲਾਗਤਾਂ, ਚਾਰਜਿਜ਼, ਖਰਚੇ ਅਦਾ ਕਰਨੇ ਪੈਣਗੇ। ਜੇਕਰ ਸਕਿਉਰਡ ਐੱਸਟਸ ਦੀ ਵਿਕਰੀ ਦੀ ਕਾਰਵਾਈ ਨਾਲ ਬੈਂਕ ਦੇ ਸਾਰੇ ਬਕਾਏ ਮੁਕੰਮਲ ਤੌਰ 'ਤੇ ਵਸੂਲ ਨਹੀਂ ਹੁੰਦੇ ਤਾਂ ਬੈਂਕ ਬਕਾਇਆ ਰਕਮ ਤੁਹਾਡੇ ਅਤੇ ਗਰੰਟਰਾਂ ਅਤੇ ਹੋਰ ਜ਼ਿੰਮੇਵਾਰ ਵਿਅਕਤੀਆਂ ਕੋਲੋਂ ਨਿੱਜੀ ਤੌਰ 'ਤੇ ਵਸੂਲੀ ਕਰਨ ਲਈ ਕਾਰਵਾਈ ਕਰੇਗਾ। ਇਹ ਨੋਟਿਸ ਬੈਂਕ ਨੂੰ ਪ੍ਰਾਪਤ ਅਧਿਕਾਰਾਂ, ਉਪਲਬਧ ਹੱਲ ਅਤੇ ਕਾਨੂੰਨੀ ਰੀਕੋਰਸ ਅਨੁਸਾਰ ਬਿਨਾਂ ਕਿਸੇ ਪੱਖਪਾਤ ਦੇ ਹੈ।

ਮਿਤੀ : 08.01.2024 | ਸਥਾਨ : ਜਲੰਧਰ | (ਅਧਿਕਾਰਤ ਅਫਸਰ)

page-6-10-Jan.-2024.qxd 1/9/2024 10:55 PM Page 1



## ਵਾਹਨਾਂ 'ਤੇ ਰਿਫਲੈਕਟਰ ਲਗਾਏ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)-ਲਾਇਨਜ ਕਲੱਬ ਹੁਸ਼ਿਆਰਪੁਰ ਐਕਸ਼ਨ ਨੇ ਧੁੰਦਾਂ ਦੇ ਚੱਲਦੇ ਦਸੂਹਾ ਰੋਡ, ਹੁਸ਼ਿਆਰਪੁਰ ਵਿਖੇ ਕਈ ਵਾਹਨਾਂ 'ਤੇ ਰਿਫਲੈਕਟਰ ਲਗਾਏ। ਕਲੱਬ ਮੈਬਰਾਂ ਵਲੋਂ ਸਭ ਨੂੰ ਧੁੰਦ ਵਿੱਚ ਹੋਲੀ ਚੱਲਣ ਦੀ ਅਪੀਲ ਕੀਤੀ ਗਈ। ਇਸ ਦੇ ਨਾਲ ਇਹ ਵੀ ਕਿਹਾ ਗਿਆ ਕਿ ਜਿਥੋਂ ਤੱਕ ਹੋਵੇ ਧੁੰਦ ਵਿੱਚ ਆਪਣੇ ਸਫਰ ਨੂੰ ਟਾਲਣ ਦੀ ਕੋਸ਼ਿਸ਼ ਕਰੋ , ਜਰੂਰੀ ਹੋਵੇ ਤਾਂ ਹੀ ਸਫਰ ਕਰੋ। ਕਿਉਂਕਿ ਬਚਾਅ ਵਿੱਚ ਹੀ ਬਚਾਅ ਹੈ। ਇਸ ਮੌਕੇ ਕਲੱਬ ਡਾਇਰੈਕਟਰ ਲਾਇਨ ਦਲਜਿੰਦਰ ਸਿੰਘ, ਡਾਇਰੈਕਟਰ ਭੁਪਿੰਦਰ ਗੱਗੀ, ਡਾਇਰੈਕਟਰ ਗੁਰਵਿੰਦਰਜੀਤ ਅਤੇ ਪ੍ਰਦੀਪ ਸਿੰਘ ਮੌਜੂਦ ਸਨ।

### Public Notice

I, Roby S/o Rajinder Masih R/o VPO Harchowal, Tehsil Batala, Distt. Gurdaspur 143527, Punjab, Declare that my Given name as Roby and my Surname as Bhatti. (Dogra)

I, Renu Aggarwal W/o Pardeep Aggarwal R/o H.No. (2-R), Adda Khurla Kingra, Nr. Silver Residency Appartments, Tower Colony, Jalandhar declare that my Daughter Ridhi Aggarwal is out of my control. So I disinherit her from all my moveable and immoveable properties. The person transacting with her himself will be responsible. All concerned please note.

It is for general information that I, Ravi Kant S/O Gian Chand R/O#3417, Near Guru Ravidass Chownk, Model House, Jalandhar, Punjab -144003, India declare that name of my father has been wrongly written as Gian Cand in my passport, Number(J3243587) but actual name of my father is Gian Chand. Which may be amended accordingly.

### COURT NOTICE

(U/o 5 Rule 20 CPC)
In The Court of Ms. Supreet Kaur-1 Civil Judge (Junior Division) Ludhiana
CNR No. PBLD02-006361-2022
Next Date : 20.02.2024
Swarn Singh
Vs.
Gurmeet Kaur
Publication Issued to :
1. Gurmeet Kaur W/o Surinder Pal, R/o H. No. 176, Sector 23-A,Gobindgarh, Distt. Fatehgarh Sahib.

In above titled case, the defendant (s)/respondent (s) could not be served. It is ordered that defendant (s)/respondant (s) should appear in person or through counsel on 20.02.2024 at 10:00 A.M.

For details logon to https://highcourtchd.gov.in/?trs= district notice&district= Ludhiana

Civil Judge (Junior Division) Ludhiana
Dated this day of 06-01-2024

### ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸਹਾਇਕ ਕੁਲੈਕਟਰ, ਦਰਜਾ ਦੋਇਮ-ਕਮ-ਤਹਿਸੀਲਦਾਰ, ਬੁਢਲਾਡਾ

ਨੋਟਿਸ ਬਨਾਮ ਆਮ ਜਨਤਾ

ਇਸ ਨੋਟਿਸ ਰਾਹੀਂ ਹਰ ਆਮ ਅਤੇ ਖਾਸ ਵਿਅਕਤੀ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸ੍ਰੀ ਭੋਲਾ ਸਿੰਘ ਪੁੱਤਰ ਸਰਵਨ ਸਿੰਘ ਪੁੱਤਰ ਦਸੌਂਧਾ ਸਿੰਘ, ਵਾਸੀ ਕੁਲੈਹਿਰੀ, ਤਹਿਸੀਲ ਬੁਢਲਾਡਾ, ਜ਼ਿਲ੍ਹਾ ਮਾਨਸਾ ਨੇ ਇਕ ਦਰਖਾਸਤ ਪੇਸ਼ ਕਰਕੇ ਬੇਨਤੀ ਕੀਤੀ ਹੈ ਕਿ ਉਸ ਨੂੰ ਪਿੰਡ ਵਿਚ ਦੋ ਨਾਵਾਂ ਭੋਲਾ ਸਿੰਘ ਅਤੇ ਹਰਨੇਕ ਸਿੰਘ ਨਾਲ ਜਾਣਿਆ ਜਾਂਦਾ ਹੈ। ਉਸ ਦੇ ਆਧਾਰ ਕਾਰਡ, ਵੋਟਰ ਕਾਰਡ ਆਦਿ ਵਿਚ ਉਸ ਦਾ ਨਾਂਅ ਭੋਲਾ ਸਿੰਘ ਦਰਜ ਹੈ ਅਤੇ ਮਾਲ ਰਿਕਾਰਡ ਅਤੇ ਰਾਸ਼ਨ ਕਾਰਡ ਵਿਚ ਉਸ ਦਾ ਨਾਂਅ ਹਰਨੇਕ ਸਿੰਘ ਦਰਜ ਹੈ। ਦਰਅਸਲ ਭੋਲਾ ਸਿੰਘ ਅਤੇ ਹਰਨੇਕ ਸਿੰਘ ਦੋਵੇਂ ਨਾਂਅ ਹੀ ਉਸ ਦੇ ਹਨ। ਇਸ ਲਈ ਉਸ ਵੱਲੋਂ ਮਾਲ ਰਿਕਾਰਡ ਵਿਚ ਆਪਣਾ ਨਾਂਅ ਭੋਲਾ ਸਿੰਘ ਉਰਫ ਹਰਨੇਕ ਸਿੰਘ ਪੁੱਤਰ ਸਰਵਨ ਸਿੰਘ ਪੁੱਤਰ ਦਸੌਂਧਾ ਕੀਤੇ ਜਾਣ ਦੀ ਬੇਨਤੀ ਕੀਤੀ ਗਈ ਹੈ।

ਜੇਕਰ ਕਿਸੇ ਵੀ ਵਿਅਕਤੀ ਨੂੰ ਦਰਖਾਸਤ ਕਰਤਾ ਦੇ ਨਾਂਅ ਮਾਲ ਰਿਕਾਰਡ ਪਿੰਡ ਕੁਲੈਹਿਰੀ ਵਿਖੇ ਤਬਦੀਲੀ ਸਬੰਧੀ ਕੋਈ ਇਤਰਾਜ਼ ਹੈ ਤਾਂ ਉਹ ਇਸ ਇਸ਼ਤਿਹਾਰ ਦੇ ਪ੍ਰਕਾਸ਼ਿਤ ਹੋਣ ਤੋਂ ਇਕ ਮਹੀਨੇ ਦੇ ਅੰਦਰ-ਅੰਦਰ ਨਿਮਨ ਹਸਤਾਖਰ ਪਾਸ ਅਸਾਲਤਨ ਜਾਂ ਵਕਾਲਤਨ ਪੇਸ਼ ਹੋਕਰ ਆਪਣਾ ਇਤਰਾਜ਼ ਪੇਸ਼ ਕਰ ਸਕਦਾ ਹੈ। ਬਾਅਦ ਗੁਜ਼ਰਨੇ ਮਿਆਦ ਕਿਸੇ ਵੀ ਕਿਸਮ ਦੇ ਇਤਰਾਜ਼ ਪਰ ਕੋਈ ਗੌਰ ਨਹੀਂ ਕੀਤੀ ਜਾਵੇਗੀ ਅਤੇ ਦਰਖਾਸਤ ਕਰਤਾ ਦਾ ਨਾਂਅ ਮਾਲ ਰਿਕਾਰਡ ਪਿੰਡ ਕੁਲੈਹਿਰੀ ਵਿਚ ਭੋਲਾ ਸਿੰਘ ਉਰਫ ਹਰਨੇਕ ਸਿੰਘ ਪੁੱਤਰ ਸਰਵਨ ਸਿੰਘ ਪੁੱਤਰ ਦਸੌਂਧਾ ਕਰ ਦਿੱਤਾ ਜਾਵੇਗਾ।

ਇਹ ਇਸ਼ਤਿਹਾਰ ਅੱਜ ਮਿਤੀ 3.1.2024 ਨੂੰ ਮੇਰੇ ਹਸਤਾਖਰ ਅਤੇ ਮੋਹਰ ਅਦਾਲਤ ਰਾਹੀਂ ਜਾਰੀ ਕੀਤਾ ਗਿਆ।

ਨੰਬਰ 6 /ਰੀ-1
ਮਿਤੀ 3/1/2024
ਸਹੀ/-ਸਹਾਇਕ ਕੁਲੈਕਟਰ, ਦਰਜਾ ਦੋਇਮ-ਕਮ-ਤਹਿਸੀਲਦਾਰ, ਬੁਢਲਾਡਾ।



ਜ਼ਿਲ੍ਹਾ ਮੈਰਿਜ ਅਫਸਰ, ਤਰਨ ਤਾਰਨ
V/S ਆਮ ਜਨਤਾ
ਵਿਸ਼ਾ: ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਬਾਰੇ।
ਬਿਨੇਕਾਰ ਦਾ ਨਾਮ:ਗੱਜਣ ਸਿੰਘ
ਪਿਤਾ/ਪਤੀ ਦਾ ਨਾਮ: ਜੋਗਿੰਦਰ ਸਿੰਘ, ਪਤਾ: VILLAGE NAGOKE, Village - Nagoke/ Tehsil - Khadur Sahib/District Tarn Taran, Punjab
ਉਪਰੋਕਤ ਪ੍ਰਾਰਥੀ ਨੇ ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਲਈ ਸੇਵਾ ਕੇਂਦਰ ਵਿੱਚ ਆਪਣੇ ਪੁੱਤਰ ਦੇ ਲਈ ਬਿਨੈ ਪੱਤਰ ਦਿੱਤਾ ਹੈ।ਜਿਸ ਦੇ ਵੇਰਵੇ ਹੇਠ ਲਿਖੇ ਦਿੱਤ ਗਏ ਹਨ:
ਨਾਮ: ਅਜਾਦਵਿੰਦਰ ਸਿੰਘ, ਪੱਕਾ ਪਤਾ: VILLAGE NAGOKE, Nagoke Khadur Sahib, Tarn Taran, Punjab ਵਿਦੇਸ਼ੀ ਪਤਾ: ZUR FROEHLICHKEIT 4 97237 ALTERTHEIM /ਜ਼ੁਰ ਫਰੋਹਿਲਿਚਕੀਟ 4 97237 ਅਲਟਰਥਾਈਮ,
ਉਮਰ/ਜਨਮ ਮਿਤੀ: 34-(14/05/1989)
ਬਿਨੇਕਾਰ ਨੇ ਕਿਹਾ ਹੈ ਕਿ ਉਸ ਦੇ ਪੁੱਤਰ ਦਾ ਭਾਰਤ ਵਿਚ ਕੋਈ ਵਿਆਹੁਤਾ ਸੰਬੰਧ ਨਹੀਂ ਹੈ। ਆਮ ਲੋਕਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਜੇ ਉਪਰੋਕਤ ਸਰਟੀਫਿਕੇਟ ਜਾਰੀ ਕਰਨ ਬਾਰੇ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੈ ਤਾਂ ਉਹ ਵਿਅਕਤੀ ਜਾਂ ਉਸਦੇ ਨੁਮਾਇੰਦੇ ਇਸ ਨੋਟਿਸ ਦੇ ਜਾਰੀ ਹੋਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਆਪਣੀ ਇਤਰਾਜ਼ (ਸ਼ਿਕਾਇਤ) ਪੇਸ਼ ਕਰ ਸਕਦੇ ਹਨ। ਉਸ ਤੋਂ ਬਾਅਦ ਕੋਈ ਇਤਰਾਜ਼ ਨਹੀਂ ਮੰਨਿਆ ਜਾਵੇਗਾ। ਇਹ ਇਸ਼ਤਿਹਾਰ ਮੇਰੇ ਦਸਤਖਤਾਂ ਹੇਠ ਅਦਾਲਤੀ ਮੋਹਰ ਨਾਲ ਮਿਤੀ 8/01/24 ਨੂੰ ਜਾਰੀ ਹੋਇਆ।
ਨੰਬਰ:M.A/MC1/199-201, ਮਿਤੀ: 08/01/2024
ਸਹੀ/- ਜ਼ਿਲ੍ਹਾ ਮੈਰਿਜ ਅਫਸਰ, ਤਰਨ ਤਾਰਨ।

### COURT NOTICE

(U/o5 Rule 20 CPC)
In The Court of Paramjit Kaur Additional Principal Judge Family Court Amritsar
CNR No. PBAS01-012510-2021
Next Date : 01.02.2024
Gurpreet Kaur
Vs.
Karamjit Singh
Publication Issued to :
Karamjit Singh
Father :- Mohan Singh, Village Narla, Tehsil Patti, Tarn Taran

In above titled case, the defendant (s)/respondent (s) could not be served. It is ordered that defendant (s) respondant (s) should appear in person or through counsel on 01.02.2024 at 10:00 A.M.

For details logon to https://highcourtchd.gov.in/?trs= district notice&district=Amritsar

Additional Principal Judge Family, Court, Amritsar
Dated this day of 09-01-2024

### COURT NOTICE

(U/o5 Rule 20 CPC)
In The Court of Mrs. Sudipa Kaur
Civil Judge (Junior Division) Kharar
CNR No. PBSAA0-001570-2023
Next Date : 20.02.2024
Balram
Vs.
Des Raj
Publication Issued to :
Des Raj
Son :- Norata Ram, Ward No 10, Near Taravati Chakhandi, Kurali, Tehsil Kharar, Distt. Mohali.

in above titled case, the defendant (s)/respondent (s) could not be served. It is ordered that defendant (s) respondant (s) should appear in person or through counsel on 20.02.2024 at 10:00 A.M.

For details logon to https://highcourtchd.gov.in/?trs=district notice&district=SAS Nagar

Civil Judge (Junior Division) Kharar
Date this day of 06-01-2024

### COURT NOTICE

(U/o 5 Rule 20 CPC)
In the Court of Ms. Nirmala Devi Civil Judge (Junior Division), Ludhiana
CNR No. PBLD02-014984-2023
Next Date :-30-01-2024
Gurbax Kaur Randhawa
Vs
General Public

Suit for declaration to the Effects that the whereabouts of Sikander Singh S/o Sadhu Singh R/o Village Bilga. Tehsil and Distt. Ludhiana is not know since the year 1998 and as such. He is Presumed as dead and more than 24 year have been elapsed from the year 1998 and as such. He is requried to be declared as dead.

Publication issued to.
General Public

In above titled case, the defendant (s)/respondent (s) could not be served. It is ordered that defendent (s) respondant (s) should appear in person or through counsel on 30.01.2024 at 10:00 A.M.


For details logon to https://highcourtchd.gov.in/?trs=district notice&district=Ludhiana

Civil Judge (Junior Division) Ludhiana
Date this day of 23-11-2023

## ਪਬਲਿਕ ਨੋਟਿਸ

ਇਸ ਪਬਲਿਕ ਨੋਟਿਸ ਰਾਹੀਂ ਹਰ ਆਮ ਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਨਗਰ ਕੌਂਸਲ ਨਵਾਂ ਗਾਉਂ ਨੂੰ ਨਵਾਂ ਗਾਉਂ ਸ਼ਹਿਰ ਵਿੱਚੋਂ ਡੋਰ-ਟੂ-ਡੋਰ ਕੁਲੈਕਸ਼ਨ ਕਰਕੇ ਕੂੜਾ ਇਕੱਠਾ ਕਰਨ ਲਈ ਲੱਗਭੱਗ 02 ਏਕੜ ਜ਼ਮੀਨ ਦੀ ਜ਼ਰੂਰਤ ਹੈ, ਤਾਂ ਜੋ ਕੂੜੇ ਨੂੰ ਪ੍ਰੋਸੈਸਿੰਗ ਪਲਾਂਟ ਵਿਖੇ ਭੇਜਿਆ ਜਾ ਸਕੇ। ਇਸ ਲਈ ਕੋਈ ਵੀ ਚਾਹਵਾਨ ਵਿਅਕਤੀ ਮਿਤੀ 11.01.2024 ਤੱਕ ਜ਼ਮੀਨ ਸੰਬੰਧੀ ਦਸਤਾਵੇਜ਼ ਦਫਤਰ ਨਗਰ ਕੌਂਸਲ ਨਵਾਂ ਗਾਉਂ ਵਿਖੇ ਜਮ੍ਹਾਂ ਕਰਵਾਉਣ ਦੀ ਕ੍ਰਿਪਾਲਤਾ ਕਰਨ।

ਸਹੀ/-
ਕਾਰਜ ਸਾਧਕ ਅਫਸਰ,
ਨਗਰ ਕੌਂਸਲ, ਨਵਾਂ ਗਾਉਂ
ਨੰ. 2232



ਕੋਰਟ ਨੋਟਿਸ, ਜ਼ਿਲ੍ਹਾ ਮੈਰਿਜ ਅਫਸਰ, ਜਲੰਧਰ
V/S ਆਮ ਜਨਤਾ
ਵਿਸ਼ਾ : ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਬਾਰੇ।
ਬਿਨੈਕਾਰ ਦਾ ਨਾਮ : ਗੁਰਮੀਤ ਕੌਰ ਪਿਤਾ/ਪਤੀ ਦਾ ਨਾਮ : ਸੰਤੋਖ ਸਿੰਘ
ਪਤਾ: Patti Sahla Nagar VPO Malsian Teh Shahkot Jalandhar, Tehsil - Shahkot/ District- Jalandhar, Punjab
ਉਪਰੋਕਤ ਪ੍ਰਾਰਥੀ ਨੇ ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਲਈ ਸੇਵਾ ਕੇਂਦਰ ਵਿੱਚ ਆਪਣੀ ਪੁੱਤਰੀ ਦੇ ਲਈ ਬਿਨੈ ਪੱਤਰ ਦਿੱਤਾ ਹੈ। ਜਿਸ ਦੇ ਵੇਰਵੇ ਹੇਠ ਲਿਖੇ ਦਿੱਤੇ ਗਏ ਹਨ।
ਨਾਮ : ਰਾਜਵਿੰਦਰ ਕੌਰ ਪੱਕਾ ਪਤਾ: Patti Sahla Nagar VPO Malsian Teh Shahkot Jalandhar, Shahkot, Jalandhar, Punjab
ਉਮਰ/ਜਨਮ ਮਿਤੀ: 37-(01/05/1986)
ਬਿਨੈਕਾਰ ਨੇ ਕਿਹਾ ਹੈ ਕਿ ਉਸਦਾ ਭਾਰਤ ਵਿੱਚ ਕੋਈ ਵਿਆਹੁਤਾ ਸੰਬੰਧ ਨਹੀਂ ਹੈ।
ਆਮ ਲੋਕਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਜੇ ਉਪਰੋਕਤ ਸਰਟੀਫਿਕੇਟ ਜਾਰੀ ਕਰਨ ਬਾਰੇ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੈ ਤਾਂ ਉਹ ਵਿਅਕਤੀ ਜਾਂ ਉਸਦੇ ਨੁਮਾਇੰਦੇ ਇਸ ਨੋਟਿਸ ਦੇ ਜਾਰੀ ਹੋਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਆਪਣੀ ਇਤਰਾਜ਼ (ਸ਼ਿਕਾਇਤ)ਪੇਸ਼ ਕਰ ਸਕਦੇ ਹਨ। ਉਸ ਤੋਂ ਬਾਅਦ ਕੋਈ ਇਤਰਾਜ਼ ਨਹੀਂ ਮੰਨਿਆ ਜਾਵੇਗਾ।
ਇਹ ਇਸ਼ਤਿਹਾਰ ਮੇਰੇ ਦਸਤਖ਼ਤਾਂ ਹੇਠ ਅਦਾਲਤੀ ਮੋਹਰ ਨਾਲ ਮਿਤੀ 27.12.2023 ਨੂੰ ਜਾਰੀ ਹੋਇਆ।
ਨੰਬਰ 103/ਰੀਡਰ ਮਿਤੀ 27-12-2023 ਜ਼ਿਲਾ ਮੈਰਿਜ ਅਫ਼ਸਰ,ਜਲੰਧਰ,ਪੰਜਾਬ,ਭਾਰਤ

## ਕਲਾਸੀਫਾਈਡ ਇਸ਼ਤਿਹਾਰ

### ਬੇਦਖਲੀ ਨੋਟਿਸ

ਮੈਂ, ਜੀਤ ਸਿੰਘ ਪੁੱਤਰ ਚਤਿੰਨ ਸਿੰਘ, ਵਾਸੀ ਸੰਗਤ ਨਗਰ ਧੂਰੀ (ਸੰਗਰੂਰ) ਆਪਣੇ ਲੜਕੇ ਮਨਜੋਤ ਸਿੰਘ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣਦੇਣ ਕਰਨ ਅਤੇ ਸੰਬੰਧ ਰੱਖਣ ਵਾਲੇ ਖੁਦ ਜ਼ਿੰਮੇਵਾਰ ਹੋਣਗੇ।

ਮੈਂ, ਮਨਜੀਤ ਕੌਰ ਪਤਨੀ ਹਰਜਿੰਦਰ ਸਿੰਘ ਵਾਸੀ ਮਕਾਨ ਨੰਬਰ 94, ਗਲੀ ਨੰਬਰ 3, ਸ਼ੇਰ ਸ਼ਾਹ ਸੂਰੀ ਰੋਡ, ਹਰਗੋਬਿੰਦ ਐਵੀਨਿਊ, ਛੇਹਰਟਾ ਅੰਮ੍ਰਿਤਸਰ ਆਪਣੇ ਲੜਕੇ ਜਸਵਿੰਦਰ ਸਿੰਘ ਅਤੇ ਉਸਦੀ ਪਤਨੀ ਸੰਦੀਪ ਕੌਰ ਜੋ ਮੇਰੇ ਕਹਿਣੇ ਵਿੱਚ ਨਹੀ ਹਨ , ਮੇਰੀ ਕੋਈ ਗੱਲ ਨਹੀਂ ਮੰਨਦੇ, ਆਪਣੀ ਮਰਜੀ ਕਰਦੇ ਹਨ ਨੂੰ ਆਪਣੀ ਚੱਲ ਅਚੱਲ, ਝੁੱਕਵੀ ਅਣਝੁਕਵੀ ਜਾਇਦਾਦ ਤੋ ਬੇਦਖਲ ਕਰਦੀ ਹਾਂ। ਉਨ੍ਹਾਂ ਦੇ ਕਿਸੇ ਵੀ ਮਾੜੇ ਚੰਗੇ ਕੰਮ ਨਫ਼ੇ ਨੁਕਸਾਨ, ਲੈਣ ਦੇਣ, ਲੜਾਈ ਝਗੜੇ ਦੇ ਲਈ ਮੈਂ ਅਤੇ ਮੇਰਾ ਪਰਿਵਾਰ ਜਿੰਮੇਵਾਰ ਨਹੀ ਹੋਵੇਗਾ। ਮੇਰਾ ਜਸਵਿੰਦਰ ਸਿੰਘ ਅਤੇ ਉਸਦੇ ਪਰਿਵਾਰ ਨਾਲ ਕੋਈ ਸੰਬਧ ਨਹੀ ਹੈ।

ਮੈਂ, ਗੁਰਦਿਆਲ ਸਿੰਘ ਪੁੱਤਰ ਮਸਤਾਨ ਸਿੰਘ ਵਾਸੀ ਪਿੰਡ ਭਕਨਾ ਖੁਰਦ, ਅੰਮ੍ਰਿਤਸਰ ਆਪਣੇ ਲੜਕੇ ਜਗਪ੍ਰੀਤ ਸਿੰਘ ਅਤੇ ਉਸਦੀ ਪਤਨੀ ਕਿਰਨਪ੍ਰੀਤ ਕੌਰ ਜੋ ਮੇਰੇ ਕਹਿਣੇ ਵਿੱਚ ਨਹੀ ਹਨ, ਮੇਰੀ ਕੋਈ ਗੱਲ ਨਹੀਂ ਮੰਨਦੇ, ਆਪਣੀ ਮਰਜੀ ਕਰਦੇ ਹਨ ਨੂੰ ਆਪਣੀ ਚੱਲ ਅਚੱਲ, ਝੁੱਕਵੀ ਅਣਝੁਕਵੀ ਜਾਇਦਾਦ ਤੋ ਪਰਿਵਾਰ ਸਮੇਤ ਬੇਦਖਲ ਕਰਦਾ ਹਾਂ। ਉਨ੍ਹਾਂ ਦੇ ਕਿਸੇ ਵੀ ਮਾੜੇ ਚੰਗੇ ਕੰਮ, ਨਫ਼ੇ ਨੁਕਸਾਨ, ਲੈਣ ਦੇਣ, ਲੜਾਈ ਝਗੜੇ ਦੇ ਲਈ ਮੈਂ ਅਤੇ ਮੇਰਾ ਪਰਿਵਾਰ ਜਿੰਮੇਵਾਰ ਨਹੀ ਹੋਵੇਗਾ। ਮੇਰਾ ਜਗਪ੍ਰੀਤ ਸਿੰਘ ਅਤੇ ਉਸਦੇ ਪਰਿਵਾਰ ਦੇ ਨਾਲ ਕੋਈ ਸੰਬਧ ਨਹੀ ਹੈ।

ਮੈਂ ਬਲਵਿੰਦਰ ਕੌਰ ਪਤਨੀ ਮੋਹਨ ਸਿੰਘ ਵਾਸੀ ਪਿੰਡ ਭੰਗਾਲੀ ਕਲਾਂ ਤਹਿਸੀਲ ਮਜੀਠਾ ਜਿਲ੍ਹਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਵਿਕਰਮਜੀਤ ਸਿੰਘ ਜੋ ਕਿ ਸ਼ੁਰੂ ਤੋਂ ਹੀ ਮੇਰੇ ਕਹਿਣੇ ਸੁਣਨੇ ਤੋਂ ਬਾਹਰ ਹੈ ਅਤੇ ਮੈਨੂੰ ਉਸ ਉਪਰ ਕੋਈ ਭਰੋਸਾ ਨਹੀ ਹੈ। ਮੈਂ ਉਸਨੂੰ ਆਪਣੀ ਤਮਾਮ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਸ ਦੇ ਕਿਸੇ ਵੀ ਤਰ੍ਹਾਂ ਦੇ ਲੈਣ ਦੇਣ ਅਤੇ ਚੰਗੇ ਮਾੜੇ ਕੰਮਾਂ ਦੇ ਮੈਂ ਤੇ ਮੇਰਾ ਪਰਿਵਾਰ ਜਿੰਮੇਵਾਰ ਨਹੀਂ ਹੋਵਾਂਗੇ ਉਹ ਖੁਦ ਜਿੰਮੇਵਾਰ ਹੋਵੇਗਾ। ਮੇਰਾ ਅਤੇ ਮੇਰੇ ਪਰਿਵਾਰ ਦਾ ਉਸ ਨਾਲ ਕੋਈ ਤਲਕਵਾਸਤਾ ਨਹੀਂ। (Kamal)

ਮੈਂ ਮਹਿੰਦਰ ਸਿੰਘ ਪੁੱਤਰ ਉਜਾਗਰ ਸਿੰਘ ਵਾਸੀ ਪਿੰਡ ਛਾਂਗਾ ਰਾਏ ਉਤਾੜ ਤਹਿਸੀਲ ਗੁਰੂਹਰਸਹਾਏ ਜ਼ਿਲ੍ਹਾ ਫਿਰੋਜ਼ਪੁਰ ਦਾ ਹਾਂ, ਮੇਰਾ ਲੜਕਾ ਗੁਰਦੇਵ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ -ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਇਸ ਵਿਚ ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ। (Jaswinder)

ਮੈਂ ਸੁਰੇਸ਼ ਕੁਮਾਰ ਬਾਂਸਲ ਪੁੱਤਰ ਮਦਨ ਲਾਲ ਵਾਸੀ ਵਾਰਡ ਨੰ: 31 (ਨਵਾਂ ਵਾਰਡ ਨੰ: 32), ਗਲੀ ਨੰ: 2 ਏ, ਗਰੀਨ ਫੀਲਡ ਕਾਲੋਨੀ, ਮੋਗਾ ਤਹਿਸੀਲ ਵਾ ਜ਼ਿਲ੍ਹਾ ਮੋਗਾ-142001 ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਚੇਤਨ ਦੇਵ ਬਾਂਸਲ ਅਤੇ ਨੂੰਹ ਮਨੀਸ਼ਾ ਸ਼ਰਮਾ ਮੇਰੇ ਕਹਿਣੇਕਾਰ ਤੋਂ ਬਾਹਰ ਹਨ। ਮੈਂ ਉਨ੍ਹਾਂ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। (ਪ੍ਰਿਤਪਾਲ)

ਮੈਂ ਪੰਮਾ ਸਿੰਘ ਪੁੱਤਰ ਜਗਰਾਜ ਸਿੰਘ ਵਾਸੀ ਬਗੇਆਣਾ ਬਸਤੀ ਮੋਗਾ, ਤਹਿ: ਤੇ ਜ਼ਿਲ੍ਹਾ ਮੋਗਾ ਸੂਚਿਤ ਕਰਦਾ ਹਾਂ ਕਿ ਮੇਰੀ ਨੂੰਹ ਅਮਨਪ੍ਰੀਤ ਕੌਰ ਪਤਨੀ ਸਵ: ਬਲਵਿੰਦਰ ਸਿੰਘ ਮੇਰੇ ਕਹਿਣੇਕਾਰ ਤੋਂ ਬਾਹਰ ਹੈ। ਮੈਂ ਉਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ ਉਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਜਸਵੰਤ ਸਿੰਘ ਪੁੱਤਰ ਦਿਆਲ ਸਿੰਘ, ਪਿੰਡ ਧਿਆਨਪੁਰ, ਤਹਿਸੀਲ ਬਾਬਾ ਬਕਾਲਾ (ਅੰਮ੍ਰਿਤਸਰ) ਆਪਣੇ ਲੜਕੇ ਲਖਬੀਰ ਸਿੰਘ, ਨੂੰਹ ਗੁਰਪ੍ਰੀਤ ਕੌਰ ਨੂੰ ਕਹਿਣੇ ਤੋਂ ਬਾਹਰੀ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ, ਉਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਸੁਰਜੀਤ ਸਿੰਘ ਪੁੱਤਰ ਮਹਿਲ ਸਿੰਘ ਵਾਸੀ ਪਿੰਡ ਦੋਨਾ ਮੱਤੜ , ਤਹਿਸੀਲ ਗੁਰੂਹਰਸਹਾਏ ਜਿਲਾ ਫਿਰੋਜ਼ਪੁਰ ਨੇ ਆਪਣੇ ਲੜਕੇ ਗੁਰਵਿੰਦਰ ਸਿੰਘ ਜੋ ਕਿ ਕਹਿਣੇ ਤੋ ਬਾਹਰ ਹੈ ਅਤੇ ਬੁਰੀ ਸੰਗਤ ਦਾ ਸ਼ਿਕਾਰ ਹੈ ਨੂੰ ਆਪਣੀ ਤਮਾਮ ਚੱਲ ਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦਾਂ ਹਾਂ । ਉਸਦੇ ਕਿਸੇ ਵੀ ਚੰਗੇ ਮਾੜੇ ਕੰਮ ਜਾਂ ਕਿਸੇ ਵੀ ਤਰਾਂ ਦੇ ਲੈਣ ਦੇਣ ਦੇ ਅਸੀਂ ਜੁਮੇਵਾਰ ਨਹੀਂ ਹੋਵਾਂਗੇ।

ਮੈਂ, ਕੁਸ਼ਵੰਤ ਸਿੰਘ ਪੁੱਤਰ ਸਵਰਗਵਾਸੀ ਅਰਜਨ ਸਿੰਘ ਪੁੱਤਰ ਸਵਰਗਵਾਸੀ ਦੀਵਾਨ ਸਿੰਘ ਵਾਸੀ ਪਿੰਡ ਤਲਵੰਡੀ ਝੁੰਗਲਾਂ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸੰਦੀਪ ਸਿੰਘ, ਮੇਰੀ ਪਤਨੀ ਜਗਦੀਸ਼ ਕੌਰ, ਮੇਰੀ ਨੂੰਹ ਹਰਜੀਤ ਕੌਰ ਪਤਨੀ ਸੰਦੀਪ ਸਿੰਘ ਵਾ ਮੇਰੀ ਦੂਸਰੀ ਨੂੰਹ ਰਾਜਬੀਰ ਕੌਰ ਪਤਨੀ ਅੰਮ੍ਰਿਤਪਾਲ ਸਿੰਘ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਲਖਵੀਰ ਕੌਰ ਪਤਨੀ ਅਮਰੀਕ ਸਿੰਘ ਵਾਸੀ ਪਿੰਡ ਭੰਡਾਲ ਦੋਨਾ, ਡਾਕ: ਸਿੱਧਵਾਂ ਦੋਨਾ, ਤਹਿ: ਵਾ ਜ਼ਿਲ੍ਹਾ ਕਪੂਰਥਲਾ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਗੁਰਵਿੰਦਰ ਸਿੰਘ ਗੋਪਾ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਦੇ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਗੁਰਦੇਵ ਸਿੰਘ ਪੁੱਤਰ ਅਮਰ ਸਿੰਘ ਵਾਸੀ ਡੀ-6/495 ਗੁਰੂ ਨਾਨਕਪੁਰਾ ਰੋਡ ਨਵੀਂ ਆਬਾਦੀ ਕੋਟ ਖਾਲਸਾ, ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਆਕਾਸ਼ਦੀਪ ਸਿੰਘ ਮੇਰੇ ਕਹਿਣੇਕਾਰ ਤੋਂ ਬਾਹਰ ਹੈ। ਇਸ ਲਈ ਮੈਂ ਉਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ -ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਨੀਨਾ ਅਰੋੜਾ ਪਤਨੀ ਲੇਟ ਅਸ਼ੋਕ ਕੁਮਾਰ ਅਰੋੜਾ ਵਾਸੀ 283/3, ਗਲੀ ਮਾਖਨੀਆਂ ਵਾਲੀ, ਮੋਤੀ ਬਾਜ਼ਾਰ, ਕਟੜਾ ਭਾਈ ਮਿੱਤ ਸਿੰਘ, ਅੰਮ੍ਰਿਤਸਰ ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਤਰੁਣ ਅਰੋੜਾ ਮੇਰੇ ਕਹਿਣੇਕਾਰ ਤੋਂ ਬਾਹਰ ਹੈ। ਇਸ ਲਈ ਮੈਂ ਉਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੇ ਬਾਕੀ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਸੁਖਦੇਵ ਸਿੰਘ ਪੁੱਤਰ ਸ: ਸਿਮਰਜੀਤ ਸਿੰਘ, ਵਾਸੀ ਐੱਫ- 20/361, ਨਹਿਰੂ ਕਾਲੋਨੀ, ਨੇੜੇ ਬਾਬਾ ਮੀਰ ਸ਼ਾਹ, ਮਜੀਠਾ ਰੋਡ, ਜ਼ਿਲ੍ਹਾ ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ ਮੇਰੀ ਲੜਕੀ ਹਰਜਸਪ੍ਰੀਤ ਕੌਰ ਮੇਰੇ ਕਹਿਣੇਕਾਰ ਤੋਂ ਬਾਹਰ ਹੈ। ਇਸ ਲਈ ਮੈਂ ਉਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

### Lost and Found

It is notified for the information that my original Registry deed No. 1996 dated 18.08.2004 Actually lost at Jail Road, Gurdaspur, G.D. No. -037, G.D. date 05-01-2024, Name of Candidate Kamlesh Kumari. W/o Jaswinder Pal R/o Vill. Babowal, Tehsil/Distt. Gurdaspur, Punjab.

### ਆਮ ਸੂਚਨਾ

ਮੈਂ ਜਗੀਰ ਸਿੰਘ ਪੁੱਤਰ ਜਰਨੈਲ ਸਿੰਘ ਪੁੱਤਰ ਸੁੰਦਰ ਸਿੰਘ, ਵਾਸੀ ਬਾਣੀਆਂ, ਤਹਿਸੀਲ ਬਾਬਾ ਬਕਾਲਾ (ਅੰਮ੍ਰਿਤਸਰ) ਸੂਚਿਤ ਕਰਦਾ ਹਾਂ ਕਿ ਮੇਰੇ ਸਕੂਲ ਸਰਟੀਫਿਕੇਟ ਅਤੇ ਹੋਰ ਕਾਗਜ਼ਾਤ ਵਿੱਚ ਮੇਰੇ ਪਿਤਾ ਦਾ ਨਾਂ ਜਰਨੈਲ ਸਿੰਘ ਹੈ, ਪਰ ਮਾਲ ਰਿਕਾਰਡ ਜਮ੍ਹਾਂਬੰਦੀ ਸਾਲ 1964-65 ਤੋਂ ਲੈਕੇ ਹੁਣ ਤੱਕ ਮੇਰੇ ਪਿਤਾ ਦਾ ਨਾਮ ਜੈਲ ਸਿੰਘ ਪੁੱਤਰ ਸੁੰਦਰ ਸਿੰਘ ਇੰਦਰਾਜ ਹੈ, ਸੋ ਜਮਾਂਬੰਦੀ ਸਾਲ 2019-20 ਦੇ ਖਾਤਾ ਨੰ: 18 ਵਿੱਚ ਮੇਰੇ ਪਿਤਾ ਦਾ ਨਾਮ ਜੈਲ ਸਿੰਘ ਪੁੱਤਰ ਸੁੰਦਰ ਸਿੰਘ ਤੋਂ ਜਰਨੈਲ ਸਿੰਘ ਪੁੱਤਰ ਸੁੰਦਰ ਸਿੰਘ ਪੜ੍ਹਿਆ ਜਾਵੇ ।

ਇਹ ਕਿ ਬਜਰੀਆ ਰਜਿਸਟਰੀ ਨੰਬਰ: 3596 ਮਿਤੀ : 17.09.2012 ਤਸਦੀਕਸ਼ੁਦਾ ਦਫ਼ਤਰ ਸਬ-ਰਜਿਸਟਰਾਰ ਬਟਾਲਾ, ਮੁਤੱਲਕਾ ਜਾਇਦਾਦ ਜਗ੍ਹਾ 266.66 ਵਰਗ ਗਜ਼ ਪਲਾਟ ਨੰ: 16 ਵਾਕਿਆ ਬਟਾਲਾ ਸ਼ਰਕੀ ਹੱਦਬਸਤ ਨੰ: 211, ਤਹਿਸੀਲ ਬਟਾਲਾ ਜ਼ਿਲ੍ਹਾ ਗੁਰਦਾਸਪੁਰ ਹੈ, ਜੋ ਕਿ ਕਮਲਜੀਤ ਕੌਰ ਪਤਨੀ ਸ੍ਰੀ ਪ੍ਰਿਤਪਾਲ ਸਿੰਘ ਵਾਸੀ ਬਟਾਲਾ ਦੇ ਨਾਂਅ 'ਤੇ ਬੋਲਦੀ ਹੈ। ਮੈਂ ਗੁਰਤਾਜ ਸਿੰਘ ਪੁੱਤਰ ਸ: ਰਘਬੀਰ ਸਿੰਘ ਵਾਸੀ ਗਰੇਟਰ ਕੈਲਾਸ਼ ਬਟਾਲਾ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਘੋਸ਼ਣਾ ਕਰਦਾ ਹਾਂ ਕਿ ਅਸਲ ਰਜਿਸਟਰੀ ਮਿਤੀ 01.05.2023 ਨੂੰ ਸਿੰਬਲ ਚੌਕ ਬਟਾਲਾ ਵਿਖੇ ਮੇਰੇ ਕੋਲੋਂ ਗਵਾਚ ਗਈ ਹੈ, ਜਿਸ ਬਾਬਤ ਬਜਰੀਆ ਰੋਜ਼ਨਾਮਚਾ ਨੰ: 024 ਮਿਤੀ 20.12.2023 ਥਾਣਾ ਸਿਵਲ ਲਾਈਨ ਬਟਾਲਾ ਵਿਖੇ ਦਰਜ ਹੈ। ਜੇਕਰ ਕਿਸੇ ਨੂੰ ਇਹ ਲੱਭ ਪਵੇਗੀ ਤਾਂ ਮਾਲਕ ਨੂੰ ਕਿਰਪਾ ਕਰਕੇ ਵਾਪਸ ਕਰ ਦੇਵੇ ਅਤੇ ਕਿਸੇ ਹੋਰ ਕੰਮ ਲਈ ਨਾ ਵਰਤੇ, ਵਰਨਾ ਉਸ ਦੇ ਖਿਲਾਫ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। (R)

ਮੈਂ, ਹਰੀ ਸਿੰਘ ਪੁੱਤਰ ਹਰਨੇਕ ਸਿੰਘ, ਪਿੰਡ ਲੱਡਾ (ਸੰਗਰੂਰ) ਆਪਣੀ ਲੜਕੀ ਬਲਦੀਪ ਕੌਰ ਦੀ ਮਿਤੀ 18 ਜੂਨ 2017 ਦੇ ਰੋਜਾਨਾ ਯੁੱਗ ਮਾਰਗ ਅਤੇ ਨਵਾਂ ਜ਼ਮਾਨਾ ਅਖ਼ਬਾਰ ਰਾਹੀਂ ਕੀਤੀ ਹੋਈ ਬੇਦਖ਼ਲੀ ਵਾਪਸ ਲੈਂਦਾ ਹਾਂ, ਜੋ ਰੱਦ ਸਮਝੀ ਜਾਵੇ। ਮੈਂ ਆਪਣੀ ਲੜਕੀ ਨੂੰ ਬੇਦਖਲੀ ਤੋਂ ਫ਼ਾਰਗਤੀ ਦਿੰਦਾ ਹਾਂ।

ਉਪ ਮੰਡਲ ਅਫਸਰ ਉਚਾ ਨੇ ਸੂਚਿਤ ਕੀਤਾ ਹੈ ਕਿ ਇਸ ਦਫਤਰ ਵਿੱਚ ਦਵਿੰਦਰ ਸਿੰਘ ਪੁੱਤਰ ਮਹਿਲ ਸਿੰਘ ਵਾਸੀ ਪਿੰਡ ਮੁੰਡੀ, ਤਹਿਸੀਲ ਵਾ ਜ਼ਿਲ੍ਹਾ ਕਪੂਰਥਲਾ ਨੇ ਮੋਟਰ 5 ਹਾਰਸ ਪਾਵਰ ਖਾਤਾ ਨੰਬਰ 5/M-92 ਵਾਕਿਆ ਪਿੰਡ ਮੁੰਡੀ, ਤਹਿ: ਵਾ ਜ਼ਿਲ੍ਹਾ ਕਪੂਰਥਲਾ ਜੋ ਕਿ ਪਹਿਲਾਂ ਵਿਰਸਾ ਰਾਮ ਪੁੱਤਰ ਇੰਦਰ ਦਾਸ ਦੇ ਨਾਮ ਤੇ ਚੱਲਦਾ ਹੈ ਉਸ ਨੂੰ ਦਵਿੰਦਰ ਸਿੰਘ ਪੁੱਤਰ ਮਹਿਲ ਸਿੰਘ ਪੁੱਤਰ ਬੰਤਾ ਸਿੰਘ ਉਕਤ ਦੇ ਨਾਮ ਬਦਲੀ ਵਾਸਤੇ ਅਪਲਾਈ ਕੀਤਾ ਹੈ। ਜੇਕਰ ਕਿਸੇ ਨੂੰ ਕੋਈ ਇਤਰਾਜ ਹੈ ਤਾਂ ਉਹ ਇਹ ਨੋਟਿਸ ਛੱਪਣ ਦੇ 15 ਦਿਨ ਦੇ ਅੰਦਰ ਲਿਖਤੀ ਸ਼ਕਾਇਤ ਇਸ ਦਫਤਰ ਵਿਚ ਦੇਣ। ਸਮਾ ਬੀਤਣ ਤੋਂ ਬਾਅਦ ਕਿਸੇ ਇਤਰਾਜ਼ ਤੇ ਗੌਰ ਨਹੀਂ ਕੀਤਾ ਜਾਵੇਗਾ।

ਉਪ ਮੰਡਲ ਅਫਸਰ ਉਚਾ ਨੇ ਸੂਚਿਤ ਕੀਤਾ ਹੈ ਕਿ ਇਸ ਦਫਤਰ ਵਿੱਚ ਇਕਬਾਲ ਸਿੰਘ ਪੁੱਤਰ ਗੁਰਬਚਨ ਸਿੰਘ ਪੁੱਤਰ ਸੁਰੈਣ ਸਿੰਘ ਵਾਸੀ ਪਿੰਡ ਮੁੰਡੀ, ਤਹਿਸੀਲ ਵਾ ਜ਼ਿਲ੍ਹਾ ਕਪੂਰਥਲਾ ਨੇ ਮੋਟਰ 5 ਹਾਰਸ ਪਾਵਰ ਖਾਤਾ ਨੰਬਰ 5/M-177 ਵਾਕਿਆ ਪਿੰਡ ਮੁੰਡੀ, ਤਹਿ: ਵਾ ਜ਼ਿਲ੍ਹਾ ਕਪੂਰਥਲਾ ਜੋ ਕਿ ਪਹਿਲਾਂ ਹਰਬੰਸ ਕੌਰ ਪੁੱਤਰੀ ਗੁਰਦੀਪ ਸਿੰਘ ਹਾਲ ਪਤਨੀ ਗੁਰਬਚਨ ਸਿੰਘ ਦੇ ਨਾਮ ਤੇ ਚੱਲਦਾ ਹੈ ਉਸ ਨੂੰ ਇਕਬਾਲ ਸਿੰਘ ਪੁੱਤਰ ਗੁਰਬਚਨ ਸਿੰਘ ਪੁੱਤਰ ਸੁਰੈਣ ਸਿੰਘ ਉਕਤ ਦੇ ਨਾਮ ਬਦਲੀ ਵਾਸਤੇ ਅਪਲਾਈ ਕੀਤਾ ਹੈ। ਜੇਕਰ ਕਿਸੇ ਨੂੰ ਕੋਈ ਇਤਰਾਜ ਹੈ ਤਾਂ ਉਹ ਇਹ ਨੋਟਿਸ ਛੱਪਣ ਦੇ 15 ਦਿਨ ਦੇ ਅੰਦਰ ਲਿਖਤੀ ਸ਼ਕਾਇਤ ਇਸ ਦਫਤਰ ਵਿੱਚ ਦੇਣ। ਸਮਾ ਬੀਤਣ ਤੋਂ ਬਾਅਦ ਕਿਸੇ ਇਤਰਾਜ਼ ਤੇ ਗੌਰ ਨਹੀਂ ਕੀਤਾ ਜਾਵੇਗਾ।

### ਨਾਂਅ ਦੀ ਬਦਲੀ

ਮੇਰਾ ਹਰਲੀਨ ਕੌਰ ਭਾਟੀਆ ਪਿਤਾ ਦਾ ਨਾਮ ਜਤਿੰਦਰ ਸਿੰਘ 2/292 ਗੁਰਨਾਮ ਨਗਰ ਸੁਲਤਾਨਵਿੰਡ ਰੋਡ, ਅੰਮ੍ਰਿਤਸਰ ਹੁਣ ਮੈਂ ਆਪਣਾ ਨਾਮ ਹਰਲੀਨ ਕੌਰ ਭਾਟੀਆ ਤੋਂ ਬਦਲ ਕੇ ਹਰਲੀਨ ਕੌਰ ਰੱਖ ਲਿਆ ਹੈ।

ਮੈਂ, ਰਜਿੰਦਰ ਕੁਮਾਰ ਪੁੱਤਰ ਸੋਹਨ ਲਾਲ, ਵਾਸੀ ਨੰਬਰ ਡਬਲਯੂ.ਡੀ. 256 ਅਲੀ ਮੁਹੱਲਾ, ਜਲੰਧਰ-144001, ਪੰਜਾਬ ਨੇ ਮੇਰਾ ਨਾਮ ਰਜਿੰਦਰ ਕੁਮਾਰ ਤੋਂ ਬਦਲ ਕੇ ਰਾਮ ਲਾਲ ਕਰ ਲਿਆ ਹੈ ਸਾਰੇ ਸੰਬੰਧਤ ਨੋਟ ਕਰਨ।

ਮੈਂ, ਪ੍ਰਿੰਕਾ ਰਾਣੀ ਪਤਨੀ ਸ੍ਰੀ ਰਾਕੇਸ਼ ਕੁਮਾਰ ਵਾਸੀ ਪਿੰਡ ਜਮਸ਼ੇਰ ਚਠਿਆਲ, ਡਾਕਖਾਨਾ ਗੜ੍ਹਦੀਵਾਲਾ, ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰੇ ਮੈਟ੍ਰਿਕ ਸਰਟੀਫਿਕੇਟ ਵਿੱਚ ਮੇਰਾ ਨਾਮ ਪ੍ਰਿੰਕਾ ਰਾਣੀ ਉਰਫ ਪ੍ਰਿੰਕਾ ਹੈ, ਮੈਂ ਆਪਣਾ ਨਾਮ ਬਦਲ ਲਿਆ ਹੈ। ਰਾਣੀ ਮੇਰਾ ਉਪਨਮ (Surname) ਹੈ ਅਤੇ ਪ੍ਰਿੰਕਾ ਮੇਰਾ ਨਾਮ (Given Name) ਹੈ।

ਮੈਂ, ਜਸਮੀਤ ਪੁੱਤਰ ਗੁਰਦਿਆਲ ਵਾਸੀ ਗੋਪਾਲਪੁਰ ਉਰਫ ਬਿਧੀਪੁਰ, ਜਲੰਧਰ, ਪੰਜਾਬ ਨੇ ਆਪਣਾ ਨਾਮ ਜਸਮੀਤ ਤੋਂ ਬਦਲ ਕੇ ਜਸਮੀਤ ਕੁਮਾਰ ਰੱਖ ਲਿਆ ਹੈ। (ਸਰਨੇਮ ਕੁਮਾਰ) ਸੰਬੰਧਿਤ ਨੋਟ ਕਰਨ।

ਮੈਂ, ਸਤੀਸ਼ ਕੁਮਾਰ ਪੁੱਤਰ ਜਗਦੀਸ਼ ਚੰਦਰ ਵਾਸੀ ਮਕਾਨ ਨੰ: ਬੀ ਐੱਕਸ 1538, ਲੰਮਾ ਪਿੰਡ, ਜਲੰਧਰ-144009, ਪੰਜਾਬ ਨੇ ਆਪਣੇ ਲੜਕੇ ਦਾ ਨਾਂਅ ਯੁਵਰਾਜ ਤੋਂ ਬਦਲ ਕੇ ਯੁਵਰਾਜ ਸ਼ਰਮਾ ਰੱਖ ਲਿਆ ਹੈ। ਸੰਬੰਧਤ ਨੋਟ ਕਰਨ।

### Change of Name

I, K M Manju D/o Narayan Singh R/o Tehri Garhwal Uttrakhand have changed my name from K M Manju to Manju Devi.

I, Balwinder Singh Multani S/o Charan Singh, R/o Village Ibrahimpur, P.O. Nathupur, Teh. Dasuya (Hoshiarpur) Punjab have changed my name to Balwinder Singh. All concerned please note.

I Preeti D/O Jarnail Singh R/O 1060 , Guru Nanak Nagar, Basti Mithu, Jalandhar ,Punjab Have Change My Name From Preeti To Preeti Kaur. All Concerned Please Note. (Sodhi)

I, Parveen Kumari W/o Pardeep Kumar R/o H.No.W.T.117 Mohalla Kot, Basti Sheikh, Jalandhar, have changed my name from Parveen Kumari to Parveen. All concerned please note. (Sodhi)

I, Teena Rani D/o Ram Nath W/o Sanjeev Grover R/o H.No. 202, Kala Singha Road, Ishwar Nagar, Jalandhar-144002, Punjab have changed my name from Teena Rani to Pooja Grover. All Please Note.

I, Bahadar Singh S/O Harnam Singh, Resident Of Vpo Khanowal Kapurthala 144601 Punjab India, Have Changed My Name Bahadar Singh To Bahadur Singh.

I, Bandna Kumari W/O Palwinder Kumar Daddar R/O VPO. Jamsher Khas, Patti Gilla Di, Jalandhar-144020, Punjab have changed my name from Bandna Kumari to Bandna Kumari Daddar. All note.

### Change of Name

I, Manjit W/o Ashok Kumar R/o Vill Unchi Bassi P.o. Lamin, Teshil Dasuya, Distt. Hoshiarpur (Pb)-144205 have Changed my name from Manjit to Manjit Kaur.

I, Hira Singh S/o Harbhajan Singh R/o 36/M,Fateh Garh Churian Road,Fairland Colony, Amritsar, Punjab have changed my name from Hira Singh to Heera Singh.Concerned note.

I, Darshan Kumar S/o Devi Chand R/o 486-A/619,Ward No.11,Basant Nagar,Majitha Road,Amritsar,Punjab have changed my name from Darshan Kumar to Darshan Kumar Sharma.Concerned note.

I, Dalip Kumar S/o Bhola Ram R/o H.No.857,Adarsh Nagar,Near Chintpurni Mandir,Amritsar,Punjab have changed my name from Dalip Kumar to Dalip Kumar Saini.Concerned note.

I Sukhjit Kaur W/o Amandeep Singh R/o. Vill. Sangrai,Tehsil Batala, Distt Gurdaspur. Have Changed my name from Sukhjit Kaur to Mandeep Kaur. Concerned Note.

I, Shivani W/o Tajinder Singh R/o. Ward No. 04 Krishna Gali, Number 03, Dhariwal, Gurdaspur. That after my marriage I have Changed my name from Shivani Berry to Shivani. Concerned Note.

I,Mandeep Kaur D/O Jagir Singh R/O H.No.6162,Milap Avenue,Kale Road, Chheharta, Amritsar,Punjab have changed my name from Mandeep Kaur to Mandeep Kaur Sidhu. Concerned note.

I,Nirdosh Kumar Mehra S/O Roshan Lal Mehra R/O A- 266, A-Block,New Amritsar, Amritsar, Punjab have changed my name from Nirdosh Kumar Mehra to Nirdosh Mehra.Concerned note. (Kamal Kishore)

I Pooja w/o Gagandeep Dhingra,R/o H.No-68, Virdi Colony, Near Guru Ravidass Mandir,PO Basti Guzan, Jalandhar have changed my name from Pooja to Pooja Dhingra.

I, Isha D/o Satish Kumar,R/o Vill. & PO Jallowal, Distt. Jalandhar have changed my name from Isha to Isha Kumari.

I, Amarjeet Kaur W/o Hardeep Singh R/o H.No. 234, Katehara Mohalla Basti Bawa khel Jalandhar have changed my name from Amarjeet Kaur to Amarjit Kaur. Please Note. (B)

I, Minakshi D/o Surinder Sharma wife of Vikas Sharma resident of house No. W G 552, Ward No. 35 Uccha Suraj Ganj, Jalandhar-1 have changed my name from Minakshi to Sakshi Sharma after marriage.

I Narendra Singh S/O Basant Singh R/O Ph No. 8, Near Celebration Mall, 21 Batala Road Amritsar, Punjab - 143001 Have Changed My Name From Narendra Singh To Narinder Singh.

I,Nanak Singh Chandi S/O Kulbir Singh R/O Ramdiwali Musalmana Tehsil Baba Bakala Distt.Amritsar,Punjab have changed my name from Nanak Singh Chandi to Nanak Singh.Concerned note.

I,Manavjot Kaur Chandi W/O Nanak Singh R/O VPO Ram Diwali Musalmana Tehsil Baba Bakala Distt. Amritsar,Punjab have changed my name from Manavjot Kaur Chandi to Manavjot Kaur.Concerned note.

I, Gurwinder Singh S/o Sardool Singh R/o VPO Rani Walah Tarn Taran have changed my name Gurwinder is my Given name and Singh is my Surname

I, Navjot Kaur W/o Prabhjot Singh R/o Mata Sham Kaur Colony, Bath Road, Malia Khurd Tehsil and District Tarn Taran have changed my name Navjot is my Given name and Kaur is my Surname .

I Ritu Kohli W/O Rishi Grover R/O H.no.199 Gali No.13 New Pawan Nagar Batala Road Amritsar Have Changed My Name To Ritu Grover.

I, Jasjit Kaur W/o Harsimrandeep Singh R/o H.No.61/B, Uttam Avenue Street No.7, Drama Wala Bazar Sultanwind Road, Amritsar have changed my name from Jasjit Kaur to Jasjeet Kaur.

I, Beerpartap Singh S/o Maninder Singh R/o H.No.54, East Mohan Nagar Sultanwind Road, Amritsar have changed my Beerpartap is my Given name and Singh is my Surname.

I, Sawar Jetley S/o Sudheer R/o H.No.1416/53, Krishna Colony, Zamadar Di Haveli Amritsar have changed my name from Sawar Jetley to Sawar Jaitly.

I, Reeta Jetley W/o Sudheer R/o H.No.1416/53, Krishna Colony, Zamadar Di Haveli Amritsar have changed my name from Reeta Jetley to Rita.

I, Sudheer Jetley S/o Roshan Lal R/o H.No.1416/53, Krishna Colony, Zamadar Di Haveli Amritsar have changed my name from Sudheer Jetley to Sudheer.

I, Jyoti W/o Abhishek Khosla R/o B-885, Near Shiv Saina Mandir Pallan Mohalla, Batala District Gurdaspur have changed my name from Jyoti to Jyoti Khosla

### ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## ਖੇਤਰੀ ਸਰਸ ਮੇਲਾ 16 ਫ਼ਰਵਰੀ ਤੋਂ : ਆਸ਼ਿਕਾ ਜੈਨ

ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਕ੍ਰਿਸ਼ਨ ਗਰਗ)- ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇਸ਼ ਅਤੇ ਵਿਦੇਸ਼ਾਂ ਵਿੱਚ ਬੇਹੱਦ ਪ੍ਰਸਿੱਧੀ ਖੱਟਣ ਵਾਲੇ ਖੇਤਰੀ ਸਰਸ ਮੇਲਾ ਦੀ ਪਹਿਲੀ ਵਾਰ ਮੋਹਾਲੀ ਵਿਖੇ ਮੇਜ਼ਬਾਨੀ ਕਰੇਗਾ।ਇਹ ਪ੍ਰਗਟਾਵਾ ਕਰਦਿਆਂ ਡਿਪਟੀ ਕਮਿਸ਼ਨਰ ਸ੍ਰੀਮਤੀ ਆਸ਼ਿਕਾ ਜੈਨ ਨੇ ਦੱਸਿਆ ਕਿ ਦੇਸ਼ ਦੇ ਵੱਡੇ-ਵੱਡੇ ਸ਼ਹਿਰਾਂ ਵਿੱਚ ਲੱਗਣ ਵਾਲੇ ਇਸ ਮੇਲੇ ਦੀ ਮੇਜ਼ਬਾਨੀ ਕਰਨ ਦਾ ਸਾਡੇ ਜ਼ਿਲ੍ਹੇ ਨੂੰ ਪਹਿਲੀ ਵਾਰ ਅਵਸਰ ਪ੍ਰਾਪਤ ਹੋਇਆ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹ ਮੇਲਾ ਸਥਾਨਕ ਸੈਕਟਰ 88 ਵਿਖੇ 16 ਫ਼ਰਵਰੀ ਤੋਂ 25 ਫ਼ਰਵਰੀ, 2024 ਤੱਕ ਲਗਾਇਆ ਜਾਵੇਗਾ, ਜਿਸ ਵਿੱਚ ਕਈ ਸੂਬਿਆਂ ਦੇ ਕਲਾਕਾਰ, ਦਸਤਕਾਰ, ਵਪਾਰੀ ਅਤੇ ਹੁਨਰਮੰਦ ਲੋਕ ਹਿੱਸਾ ਲੈਣਗੇ, ਜਦਕਿ ਰੋਜ਼ਾਨਾ ਹਜ਼ਾਰਾਂ ਲੋਕ ਖਰੀਦੋ-ਫਰੋਖ਼ਤ ਅਤੇ ਮੌਜ-ਮਸਤੀ ਦਾ ਆਨੰਦ ਮਾਣਨਗੇ। ਉਨ੍ਹਾਂ ਇਸ ਮੇਜ਼ਬਾਨੀ ਲਈ ਪੰਜਾਬ ਸਰਕਾਰ ਦਾ ਤਹਿ ਦਿਲੋਂ ਧੰਨਵਾਦ ਪ੍ਰਗਟਾਇਆ। ਡਿਪਟੀ ਕਮਿਸ਼ਨਰ ਵੱਲੋਂ ਇਸ ਖੇਤਰੀ ਸਰਸ ਮੇਲੇ ਦੇ ਪ੍ਰਬੰਧਾਂ ਨੂੰ ਸੁਚਾਰੂ ਢੰਗ ਨਾਲ ਸਮੇਂ ਸਿਰ ਨੇਪਰੇ ਚਾੜਨ ਲਈ ਜ਼ਿਲ੍ਹੇ ਦੇ ਉੱਚ ਅਧਿਕਾਰੀਆਂ ਦੀਆਂ ਵੱਖ-ਵੱਖ ਕਮੇਟੀਆਂ



ਗਠਿਤ ਕਰਕੇ ਕੰਮ ਵੀ ਅਲਾਟ ਕਰ ਦਿੱਤੇ ਗਏ ਹਨ। ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ)-ਕਮ-ਮੇਲਾ ਨੋਡਲ ਅਫ਼ਸਰ ਸ੍ਰੀਮਤੀ ਸੋਨਮ ਚੌਧਰੀ ਨੇ ਦੱਸਿਆ ਕਿ ਇਸ ਮੇਲੇ ਵਿੱਚ ਵੱਖ-ਵੱਖ ਰਾਜਾਂ ਤੋਂ ਕਲਾਕਾਰ ਅਤੇ ਦਸਤਕਾਰ ਪਹੁੰਚਣ ਦੀ ਸੰਭਾਵਨਾ ਹੈ। ਮੇਲੇ ਵਿੱਚ 300 ਤੋਂ 350 ਦੇ ਦਰਮਿਆਨ ਸਟਾਲਾਂ (ਦੁਕਾਨਾਂ) ਲਗਾਈਆਂ ਜਾਣਗੀਆਂ, ਜਿਨ੍ਹਾਂ ਵਿੱਚ ਫੂਡ ਸਟਾਲ ਵੀ ਸ਼ਾਮਿਲ ਹੋਣਗੇ। ਉਨ੍ਹਾਂ ਦੱਸਿਆ ਕਿ ਡਿਪਟੀ ਕਮਿਸ਼ਨਰ ਸ਼੍ਰੀਮਤੀ ਆਸ਼ਿਕਾ ਜੈਨ ਵੱਲੋਂ ਮਿਸ ਹਰਵੀਰ ਕੌਰ (ਪੀ ਸੀ ਐਸ (ਯੂ ਟੀ)) ਅਤੇ ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫ਼ਸਰ ਅਮਰਿੰਦਰ ਪਾਲ ਸਿੰਘ ਚੌਹਾਨ ਨੂੰ ਸਹਾਇਕ ਮੇਲਾ ਨੋਡਲ ਅਫ਼ਸਰ ਲਾਇਆ ਗਿਆ ਹੈ। ਸਾਈਟ ਦੀ ਚੋਣ/ਯੋਜਨਾਬੰਦੀ ਅਤੇ ਵਿਕਾਸ ਕਮੇਟੀ ਅਤੇ ਪ੍ਰਚਾਰ ਕਮੇਟੀ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਸ਼੍ਰੀਮਤੀ ਸੋਨਮ ਚੌਧਰੀ ਦੀ ਅਗਵਾਈ ਹੇਠ ਕੰਮ ਕਰਨਗੀਆਂ। ਰਿਹਾਇਸ਼ੀ ਪ੍ਰਬੰਧਾਂ ਸਬੰਧੀ ਕਮੇਟੀ ਵਧੀਕ ਮੁੱਖ ਪ੍ਰਸ਼ਾਸਕ, ਗ੍ਰੇਟਰ ਮੋਹਾਲੀ ਏਰੀਆ ਵਿਕਾਸ ਅਥਾਰਟੀ, ਅਮਰਿੰਦਰ ਸਿੰਘ ਟਿਵਾਣਾ ਦੀ ਅਗਵਾਈ ਹੇਠ ਗਠਿਤ ਕੀਤੀ ਗਈ ਹੈ। ਮਨੋਰੰਜਨ ਕਮੇਟੀ, ਸਪੌਂਸਰਸ਼ਿਪ ਕਮੇਟੀ ਅਤੇ ਸੱਦਾ ਪੱਤਰ/ਸੋਵਿਨਾਰ/ਫਲੈਕਸ/ ਟਿਕਟ/ਆਈ ਡੀ ਕਾਰਡ ਆਦਿ ਦੀ ਪ੍ਰਿੰਟਿੰਗ ਅਤੇ ਡਿਜ਼ਾਇਨਿੰਗ ਕਮੇਟੀ ਦੇ ਮੁਖੀ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਦਮਨਜੀਤ ਸਿੰਘ ਮਾਨ ਹੋਣਗੇ।

ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ)-ਕਮ-ਮੇਲਾ ਨੋਡਲ ਅਫ਼ਸਰ ਸ੍ਰੀਮਤੀ ਸੋਨਮ ਚੌਧਰੀ ਵੱਲੋਂ ਸਾਈਟ ਦੀ ਚੋਣ/ਯੋਜਨਾਬੰਦੀ ਅਤੇ ਵਿਕਾਸ ਕਮੇਟੀ ਦੀ ਮੀਟਿੰਗ ਕੀਤੀ ਗਈ, ਜਿਸ ਵਿੱਚ ਸਹਾਇਕ ਕਮਿਸ਼ਨਰ (ਸਿਖਲਾਈ ਅਧੀਨ) ਡੈਵੀ ਗੋਇਲ, ਮਿਲਕ ਅਫਸਰ ਗਮਾਡਾ ਹਰਬੰਸ ਸਿੰਘ, ਡੀਡੀਪੀਓ ਅਮਰਿੰਦਰ ਪਾਲ ਸਿੰਘ ਚੌਹਾਨ, ਕਾਰਜਕਾਰੀ ਇੰਜੀਨੀਅਰ ਗਮਾਡਾ ਅਵਦੀਪ ਸਿੰਘ ਅਤੇ ਰਜੀਆ ਸਹਾਇਕ ਨਗਰ ਯੋਜਨਾਕਾਰ ਗਮਾਡਾ ਸ਼ਾਮਿਲ ਹੋਏ। ਮੀਟਿੰਗ ਦੌਰਾਨ ਸਾਈਟ ਪਲਾਨ ਜਿਸ ਵਿੱਚ ਨਕਸ਼ਾ, ਸਟਾਲਾਂ, ਸਟੇਜ, ਪਾਰਕਿੰਗ, ਝੂਲੇ, ਪਖਾਨੇ ਤੇ ਪਾਣੀ, ਬਿਜਲੀ ਦਾ ਪ੍ਰਬੰਧ, ਟੈਂਟ ਦੀ ਇੰਸਪੈਕਸ਼ਨ ਅਤੇ ਸਟਾਲਾਂ ਦੀ ਵੰਡ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ।

### Change of Name

I, Jasvindar Singh S/O Harjinder Singh R/O 184 Gali No 7 Jujhar Singh Avenue Gumtala Road Amritsar Have Changed My Name To Jasvinder Singh

I, Ramesh Kumar Charhbathia and R.K Sheetal and Ramesh Kumar Sheetal S/o Maggar Ram R/o H.No.664, Green Field, Majitha Road, Amritsar have certified that above all name's are mine one and same person

I Sarbjit Kaur W/o Gurmej Singh R/o VPO. Meharbanpura Distt Amritsar have changed my name from Sarabjit Kaur to Sarbjit Kaur

I Jagtar Singh S/o Avtar Singh R/o Village Rana Kala Distt Amritsar Punjab have changed my name Jagtar is my Given name and Singh is my Surname

I, Sheetal w/o sumit kohli.R/o Hno.366 officers colony opp nangli F.g.c road Amritsar. Have changed my name SHEETAL TO SHEETAL KOHLI All Concerned Pls Note It.

I, Paramjit Kaur W/o Sukhchain Singh resident of Miri Piri Academy, San Sahib Road, Chheharta, Amritsar have changed my name from * Paramjit Kaur* to * Parmjit Kaur*. All concerned please note.

I, Lovepreet Kaur W/o Sarabjit Singh R/o Village Doburji PO Naushera Majja Singh Tehsil And District Gurdaspur pincode 143518 have changed my name Lovepreet is my Given name and Kaur is my Surname

I, Harpal Singh S/O Balwinder Singh R/O Village Dewal Post Office Kalanaur Distt Gurdaspur Have Changed My Minor Daughter's Name From Japrisham Kaur Padda To Japrisham Kaur

I, Jasbeen Pathieja W/O Patwant Singh R/O A-383 Ranjit Avenue Amritsar Have Changed My Name To Jasbeen Kaur.

I, Karandeep Singh S/O Rajbir Singh R/O Village Chabhal Kalan, Tehsil & Distt. Tarn Taran Have Declared That In My 10th Certificate My Father's Name Is Wrongly Written As Rajbeer Singh But His Correct Name Is Rajbir Singh.

I, Rohit s/o Satpal r/o Vill. Randhawa Masandan, Po. Randhawa, Distt.Jalandhar, have changed my name from Rohit to Rohit Nar. All Please Note.

I, Jasbir Bhatti s/o Udham Singh r/o VPO. Todarpur, Distt. Hoshiarpur, Punjab have changed my name to Jasvir Singh Bhatti. All Please Note.

I, Kulveer s/o Malkit Singh r/o H.No. 397, Main Bazar, Talwan, Po.Nurmahal, Distt. Jalandhar-144039, Punjab have changed my name as Kulveer Singh. All Please Note.

I, Charan Das Sharma s/o Krishan Lal r/o H.No. B-18/134, Jattpura Navi Abadi, Kapurthala changed my name to Charan Dass Sharma. All Please Note.

I, Pooja w/o Nikhil Bhardwaj r/o 3405, Surian Mohalla, Kartarpur, Jalandhar, Punjab have changed my name from Pooja to Pooja Bhardwaj. All Please Note.

I, Harpreet Kaur D/o N S Sahota R/o HIG 198, Housing Board Colony, Urban Estate, Phase- 1, Jalandhar Declares that I am also known as Dr Harpreet Kaur @ Harpreet Kaur Sahota @ Harpreet concern may note.

I, Gargie (ID No. 8392-6711-8316) D/o Ashwani Kumar R/o VPO. Patara, Distt. Jalandhar, Punjab-144101, have changed my name from Gargie to Gargie Kondal, As Kondal is our Sub Caste. Note It Please.

I, Himat Singh Alias Hem Raj S/o Bihari Lal R/o VPO. Mandhali, Tehsil Banga, Distt. SBS Nagar have changed my name from Himat Singh Alias Hem Raj to Himat Singh. All Please Note.

I, Gagandeep S/o Trilok Chand R/o H.No.96/1, Sangat Singh Nagar, Po. Grain Market, Jalandhar-144008, Punjab have changed my name from Gagandeep to Gagandeep Singh. All Please Note.

I, hitherto known as Sukhdev Saini S/o Bishan Dass residing at H.No.59, Bhullar Colony, Talhan Road, Dakoha, Distt.Jalandhar, Punjab 144023, have changed my name and shall hereafter be known as Sukhdev Singh.

## ਬਿਜਲੀ ਮੰਤਰੀ ਵੱਲੋਂ ਪੀ.ਐਸ.ਪੀ.ਸੀ.ਐਲ ਨੂੰ ਗਰਮੀਆਂ ਦੀਆਂ ਚੁਣੌਤੀਆਂ ਲਈ ਅਗਾਊਂ ਪ੍ਰਬੰਧ ਕਰਨ ਦੇ ਨਿਰਦੇਸ਼

ਚੰਡੀਗੜ੍ਹ, (ਕ੍ਰਿਸ਼ਨ ਗਰਗ) ਪੰਜਾਬ ਦੇ ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ (ਪੀ.ਐਸ.ਪੀ.ਸੀ.ਐਲ) ਨੂੰ ਆਦੇਸ਼ ਦਿੱਤੇ ਕਿ ਗਰਮੀਆਂ ਦੇ ਸੀਜਨ ਦੌਰਾਨ ਪੈਦਾ ਹੋਣ ਵਾਲੀਆਂ ਚੁਣੌਤੀਆਂ ਦਾ ਟਾਕਰਾ ਕਰਨ ਲਈ ਪਹਿਲਾਂ ਤੋਂ ਹੀ ਪ੍ਰਬੰਧ ਕਰ ਲਈ ਜਾਣ ਤਾਂ ਜੋ ਸੂਬੇ ਦੇ ਲੋਕਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਦੇਣ ਸਬੰਧੀ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।ਇਥੇ ਪੀ.ਐਸ.ਪੀ.ਸੀ.ਐਲ ਅਧਿਕਾਰੀਆਂ ਨਾਲ ਲੱਗਭਗ ਤਿੰਨ ਘੰਟੇ ਚੱਲੀ ਮੀਟਿੰਗ ਦੌਰਾਨ ਬਿਜਲੀ ਮੰਤਰੀ ਨੇ ਮੈਨੇਜਮੈਂਟ ਨੂੰ ਗਰਮੀਆਂ ਦੇ ਵਿੱਚ ਬਿਜਲੀ ਦੀ ਸੰਭਾਵਤ ਮੰਗ ਵਧਣ ਦੇ ਮੱਦੇਨਜ਼ਰ ਲੋੜੀਂਦੇ ਸਾਜੋ-ਸਮਾਨ ਅਤੇ ਮੁਢਲੇ ਢਾਂਚੇ ਦੀ ਖਰੀਦ ਲਈ ਟੈਂਡਰ ਪ੍ਰਕ੍ਰਿਆ ਨੂੰ ਜਲਦ ਤੋਂ ਜਲਦ ਮੁਕੰਮਲ ਕਰਨ ਲਈ ਕਿਹਾ।ਉਨ੍ਹਾਂ ਕਿਹਾ ਕਿ ਇਸ ਸਬੰਧੀ ਸਾਰੀਆਂ ਰਸਮੀ ਕਾਰਵਾਈਆਂ ਸਮੇਂ-ਸਿਰ ਮੁਕੰਮਲ ਕਰ ਲਈਆਂ ਜਾਣ ਤਾਂ ਜੋ ਗਰਮੀਆਂ ਦੌਰਾਨ ਬਿਜਲੀ ਦੀ ਵਧੀ ਮੰਗ ਨੂੰ ਪੂਰਾ ਕਰਨ ਵਿੱਚ ਪੀ.ਐਸ.ਪੀ.ਸੀ.ਐਲ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।ਇਸੇ ਦੌਰਾਨ ਪੀ.ਐਸ.ਪੀ.ਸੀ.ਐਲ ਦੀ ਕਾਰਗੁਜਾਰੀ ਨਾਲ ਸਬੰਧਤ ਵੱਖ-ਵੱਖ ਮਾਪਦੰਡਾਂ ਦੀ ਸਮੀਖਿਆ ਕਰਦਿਆਂ, ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੇ ਸਬੰਧਤ ਅਧਿਕਾਰੀਆਂ ਨੂੰ ਲੋਕਾਂ ਨੂੰ ਸੇਵਾਵਾਂ ਪਹੁੰਚਾਉਣ ਦੀ ਗਤੀ ਨੂੰ ਤੇਜ ਕਰਨ ਅਤੇ ਜਿੰਨ੍ਹਾਂ ਖੇਤਰਾਂ ਵਿੱਚ ਨੁਕਸਾਨ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਉਥੇ ਨੁਕਸਾਨ ਘਟਾਉਣ ਲਈ ਵਿਸ਼ੇਸ਼ ਯਤਨ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਪਹਿਲ ਦੇ ਆਧਾਰ 'ਤੇ ਕਾਰਵਾਈ ਕਰਦਿਆਂ ਖਰਾਬ ਮੀਟਰਾਂ ਨਾਲ ਸਬੰਧਤ ਔਸਤਨ ਬਿੱਲਾਂ ਦੇ ਕੇਸਾਂ ਦੇ ਨਿਪਟਾਰੇ ਨੂੰ ਇਕ ਮਹੀਨੇ ਦੇ ਅੰਦਰ-ਅੰਦਰ ਯਕੀਨੀ ਬਣਾਇਆ ਜਾਵੇ।ਬਿਜਲੀ ਮੰਤਰੀ ਨੇ ਵਿਭਾਗ ਦੇ ਮੁੱਖ ਇੰਜੀਨੀਅਰਾਂ ਨੂੰ ਵੀ ਨਿਰਦੇਸ਼ ਦਿੱਤੇ ਕਿ ਉਹ ਸਬੰਧਤ ਡਿਵੀਜਨ ਅਧਿਕਾਰੀਆਂ ਨਾਲ ਮਹੀਨਾਵਾਰ ਪੜਚੋਲ ਮੀਟਿੰਗਾਂ ਕਰਨ ਤਾਂ ਜੋ ਵਿਭਾਗ ਦੀ ਕਾਰਗੁਜਾਰੀ ਵਿੱਚ ਹੋਰ ਸੁਧਾਰ ਲਿਆਂਦਾ ਜਾ ਸਕੇ। ਉਨ੍ਹਾਂ ਨਾਲ ਹੀ ਕਿਹਾ ਕਿ ਮੁੱਖ ਇੰਜੀਨੀਅਰਾਂ ਵੱਲੋਂ ਭਵਿੱਖ ਵਿੱਚ ਇਕ-ਦੂਸਰੇ ਨਾਲ ਸੰਬੰਧਤ ਦਫਤਰਾਂ ਦੇ ਕੰਮਕਾਰ ਦਾ ਵੀ ਨਿਰੀਖਣ ਕੀਤਾ ਜਾਇਆ ਕਰੇਗਾ।ਮੀਟਿੰਗ ਵਿੱਚ ਵਧੀਕ ਮੁੱਖ ਸਕੱਤਰ (ਬਿਜਲੀ) ਤੇਜਵੀਰ ਸਿੰਘ, ਸੀ.ਐਮ.ਡੀ ਪੀ.ਐਸ.ਪੀ.ਸੀ.ਐਲ ਬਲਦੇਵ ਸਿੰਘ ਸਰਾਂ, ਡਾਇਰੈਕਟਰ ਡਿਸਟ੍ਰੀਬਿਊਸ਼ਨ ਡੀ.ਪੀ.ਐਸ ਗਰੇਵਾਲ, ਡਾਇਰੈਕਟਰ ਜਨਰੇਸ਼ਨ ਪਰਮਜੀਤ ਸਿੰਘ ਅਤੇ ਚੀਫ ਇੰਜਨੀਅਰ ਹਾਜ਼ਰ ਸਨ।

### 67ਵੀਆਂ ਨੈਸ਼ਨਲ ਸਕੂਲ ਖੇਡਾਂ ਹਾਕੀ

## ਪੰਜਾਬ ਦੀਆਂ ਟੀਮਾਂ ਪਹੁੰਚੀਆਂ ਕੁਆਰਟਰ ਫਾਈਨਲ 'ਚ



ਜਲੰਧਰ , (ਕੇਸਰ, ਸ਼ੈਲੀ ਅਲਬਰਟ) ਇਥੇ ਚੱਲ ਰਹੀਆਂ ਨੈਸ਼ਨਲ ਸਕੂਲ ਖੇਡਾਂ ਹਾਕੀ ਅੰਡਰ-19 ਵਿੱਚ ਭਾਗ ਲੈ ਰਹੀਆਂ ਵੱਖ-ਵੱਖ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੀਆਂ 50 ਟੀਮਾਂ ਵਿੱਚੋਂ 16 ਟੀਮਾਂ ਦੇ ਪ੍ਰੀ-ਕੁਆਰਟਰ ਫਾਈਨਲ ਮੁਕਾਬਲੇ ਮੰਗਲਵਾਰ ਨੂੰ ਜਲੰਧਰ ਦੇ ਬੀ.ਐਸ.ਐਫ ਹਾਕੀ ਗਰਾਊਂਡ, ਪੀ.ਏ.ਪੀ ਹਾਕੀ ਗਰਾਊਂਡ, ਸੁਰਜੀਤ ਹਾਕੀ ਸਟੇਡੀਅਮ ਅਤੇ ਖਾਲਸਾ ਕਾਲਜ ਦੇ ਹਾਕੀ ਸਟੇਡੀਅਮ ਵਿੱਚ ਖੇਡੇ ਗਏ। ਸਿੱਖਿਆ ਮੰਤਰੀ ਮਾਣਯੋਗ ਹਰਜੋਤ ਸਿੰਘ ਬੈਂਸ ਦੀ ਅਗਵਾਈ ਵਿੱਚ ਚੱਲ ਰਹੀਆਂ 67ਵੀਆਂ ਨੈਸ਼ਨਲ ਸਕੂਲ ਖੇਡਾਂ ਹਾਕੀ (ਅੰਡਰ-19) ਦੌਰਾਨ ਮੁੱਖ ਮਹਿਮਾਨ ਸੁਨੀਲ ਕੁਮਾਰ ਭਾਰਦਵਾਜ ਡਿਪਟੀ ਡਾਇਰੈਕਟਰ (ਸਰੀਰਕ ਸਿੱਖਿਆ) ਵੱਲੋਂ ਸਟੇਟ ਅਵਾਰਡੀ ਰਾਜੀਵ ਜੋਸ਼ੀ, ਉੱਪ ਜਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਸਿੱਖਿਆ) ਨਾਲ ਮਿਲ ਕੇ ਜਲੰਧਰ ਦੇ ਵੱਖ-ਵੱਖ ਖੇਡ ਮੈਦਾਨਾਂ ਵਿੱਚ ਖਿਡਾਰੀਆਂ ਨਾਲ ਮੁਲਾਕਾਤ ਕੀਤੀ ਗਈ। ਉਨ੍ਹਾਂ ਵਲੋਂ ਖਿਡਾਰੀਆਂ ਦੇ ਰਹਿਣ-ਸਹਿਣ ਅਤੇ ਖਾਣ-ਪੀਣ ਦੇ ਪ੍ਰਬੰਧਾਂ ਬਾਰੇ ਵੀ ਜਾਇਜ਼ਾ ਲਿਆ ਗਿਆ। ਪ੍ਰੀ-ਕੁਆਰਟਰ ਫਾਈਨਲ ਲੜਕਿਆਂ ਦੇ ਮੁਕਾਬਲਿਆਂ ਵਿੱਚ ਪੰਜਾਬ ਨੇ ਕਰਨਾਟਕ ਨੂੰ 4-1, ਮੱਧ ਪ੍ਰਦੇਸ਼ ਨੇ ਛੱਤੀਸਗੜ੍ਹ ਨੂੰ 2-1, ਓਡੀਸ਼ਾ ਨੇ ਦਿੱਲੀ ਨੂੰ 4-3, ਉੱਤਰ ਪ੍ਰਦੇਸ਼ ਨੇ ਕੇਰਲ ਨੂੰ 4-0, ਪੱਛਮੀ ਬੰਗਾਲ ਨੇ ਬਿਹਾਰ ਨੂੰ 2-1, ਝਾਰਖੰਡ ਨੇ ਰਾਜਸਥਾਨ ਨੂੰ 2-0, ਗੁਜਰਾਤ ਨੇ ਸੀ.ਆਈ.ਐਸ.ਸੀ.ਈ ਨੂੰ 6-4 ਅਤੇ ਹਰਿਆਣਾ ਨੇ ਤਮਿਲਨਾਡੂ ਨੂੰ 5-0 ਨਾਲ ਹਰਾ ਕੇ ਕੁਆਰਟਰ ਫਾਈਨਲ ਵਿੱਚ ਪ੍ਰਵੇਸ਼ ਕੀਤਾ। ਲੜਕੀਆਂ ਦੇ ਪ੍ਰੀ-ਕੁਆਰਟਰ ਫਾਈਨਲ ਮੁਕਾਬਲਿਆਂ ਵਿੱਚ ਪੰਜਾਬ ਨੇ ਗੁਜਰਾਤ ਨੂੰ 9-1, ਝਾਰਖੰਡ ਨੇ ਰਾਜਸਥਾਨ ਨੂੰ 9-0, ਹਿਮਾਚਲ ਪ੍ਰਦੇਸ਼ ਨੇ ਕਰਨਾਟਕ ਨੂੰ 3-0, ਮਹਾਰਾਸ਼ਟਰ ਨੇ ਛੱਤੀਸਗੜ੍ਹ ਨੂੰ 6-0, ਮੱਧ-ਪ੍ਰਦੇਸ਼ ਨੇ ਕੇਰਲ ਨੂੰ 6-0, ਦਿੱਲੀ ਨੇ ਉੱਤਰ ਪ੍ਰਦੇਸ਼ ਨੂੰ 2-0, ਓਡੀਸ਼ਾ ਨੇ ਉੱਤਰਾਖੰਡ ਨੂੰ 3-0 ਅਤੇ ਹਰਿਆਣਾ ਨੇ ਤਮਿਲਨਾਡੂ ਨੂੰ 3-0 ਨਾਲ ਹਰਾ ਕੇ ਕੁਆਰਟਰ ਫਾਈਨਲ ਵਿੱਚ ਆਪਣੀ ਜਗ੍ਹਾ ਪੱਕੀ ਕੀਤੀ। ਇਸ ਮੌਕੇ ਰਾਜੀਵ ਜੋਸ਼ੀ, ਉੱਪ-ਜਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਸਿੱਖਿਆ) ਵੱਲੋਂ ਜੇਤੂ ਟੀਮਾਂ ਨੂੰ ਵਧਾਈ ਦਿੰਦਿਆਂ ਆਉਣ ਵਾਲੇ ਮੈਚਾਂ ਵਿੱਚ ਬਿਹਤਰ ਪ੍ਰਦਰਸ਼ਨ ਕਰਨ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਕਬਾਲ ਸਿੰਘ ਰੰਧਾਵਾ ਡੀ.ਐਮ ਸਪੋਰਟਸ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪ੍ਰੀ-ਕੁਆਰਟਰ ਫਾਈਨਲ ਮੈਚਾਂ ਦੀਆਂ ਜੇਤੂ ਟੀਮਾਂ ਦੇ ਕੁਆਰਟਰ ਫਾਈਨਲ ਮੈਚ ਅਤੇ ਸੈਮੀ ਫਾਈਨਲ ਮੈਚ ਕੱਲ ਸੁਰਜੀਤ ਹਾਕੀ ਸਟੇਡੀਅਮ, ਬੀ.ਐਸ.ਐਫ ਹਾਕੀ ਗਰਾਊਂਡ ਅਤੇ ਪੀ.ਏ.ਪੀ ਹਾਕੀ ਗਰਾਊਂਡ ਵਿੱਚ ਹੋਣਗੇ। ਇਸ ਮੌਕੇ ਗੁਰਿੰਦਰ ਸਿੰਘ ਸੰਘਾ, ਕੋਚ ਪੰਜਾਬ ਹਾਕੀ ਟੀਮ (ਲੜਕੇ) ਨੇ ਭਰੋਸਾ ਦਿੰਦਿਆਂ ਕਿਹਾ ਕਿ ਉਹਨਾਂ ਦੀ ਟੀਮ ਆਪਣਾ ਬਿਹਤਰ ਪ੍ਰਦਰਸ਼ਨ ਜਾਰੀ ਰੱਖਦੇ ਹੋਏ ਫਾਈਨਲ ਵਿੱਚ ਆਪਣੀ ਜਗ੍ਹਾ ਪੱਕੀ ਕਰੇਗੀ। ਇਸ ਮੌਕੇ ਪ੍ਰਿੰਸੀਪਲ ਸੁਖਦੇਵ ਲਾਲ, ਅਨਿਲ ਅਵਸਥੀ, ਰਾਮ ਆਸਰਾ, ਜੀਵਨ ਕੁਮਾਰ, ਹੈੱਡਮਾਸਟਰ ਹਰਬਿੰਦਰ ਪਾਲ ਤੋਂ ਅਲਾਵਾ ਸੁਰਜੀਤ ਹਾਕੀ ਸਟੇਡੀਅਮ ਦੇ ਕਨਵੀਨਰ ਪ੍ਰਿੰਸੀਪਲ ਰਜਿੰਦਰ ਪਾਲ ਸਿੰਘ ਭਾਟੀਆ, ਕੋ-ਕਨਵੀਨਰ ਹਰਿੰਦਰ ਸਿੰਘ ਸੰਘਾ, ਪੀ.ਏ.ਪੀ ਗਰਾਊਂਡ ਦੇ ਕਨਵੀਨਰ ਪ੍ਰਿੰਸੀਪਲ ਹਰਮੇਸ਼ ਲਾਲ ਘੇੜਾ, ਕੋ-ਕਨਵੀਨਰ ਕੁਲਜਿੰਦਰ ਸਿੰਘ ਮੱਲੀ , ਬੀ.ਐਸ.ਐਫ ਹਾਕੀ ਗਰਾਊਂਡ ਦੇ ਕਨਵੀਨਰ ਪ੍ਰਿੰਸੀਪਲ ਚੰਦਰ ਸ਼ੇਖਰ , ਕੋ-ਕਨਵੀਨਰ ਮਨਪ੍ਰੀਤ ਸਿੰਘ ਅਤੇ ਲਾਇਲਪੁਰ ਖਾਲਸਾ ਕਾਲਜ ਦੇ ਕਨਵੀਨਰ ਪ੍ਰਿੰਸੀਪਲ ਤਜਿੰਦਰ ਸਿੰਘ ਅਤੇ ਕੋ-ਕਨਵੀਨਰ ਲਸ਼ਕਰੀ ਰਾਮ ਮੌਜੂਦ ਸਨ।

# ਸਰਕਾਰੀ ਲਾਰਿਆਂ ਤੋਂ ਅੱਕੇ ਗੰਨਾ ਕਾਸ਼ਤਕਾਰਾਂ ਨੇ ਮੁੜ ਕੀਤਾ ਮੁੱਖ ਮਾਰਗ ਜਾਮ

**■ ਥਰਮਲ ਪਲਾਂਟ ਦੀ ਤਰਜ਼ 'ਤੇ ਧੂਰੀ ਖੰਡ ਮਿੱਲ ਨੂੰ ਵੀ ਖਰੀਦ ਕਰੇ ਸਰਕਾਰ : ਬੁਗਰਾ**



**ਧੂਰੀ (ਬਿੰਨੀ ਗਰਗ)**-ਸਥਾਨਕ ਖੰਡ ਮਿੱਲ ਨੂੰ ਚਲਾਉਣ, ਵੇਚੇ ਗੰਨੇ ਦੀ ਅਦਾਏਗੀ ਕਰਵਾਉਣ ਲਈ ਜਿੱਥੇ ਗੰਨਾ ਕਾਸ਼ਤਕਾਰਾਂ ਦਾ ਰੇੜਕਾ ਚੱਲ ਰਿਹਾ ਹੈ, ਉਥੇ ਅੱਜ ਗੰਨਾ ਕਾਸ਼ਤਕਾਰਾਂ ਨੇ ਮੁੜ ਸਰਕਾਰੀ ਲਾਰਿਆਂ ਤੋਂ ਅੱਕ ਕੇ ਧੂਰੀ-ਲੁਧਿਆਣਾ ਮੁੱਖ ਮਾਰਗ 'ਤੇ ਜਾਮ ਲਗਾ ਦਿੱਤਾ।ਦੱਸਣਯੋਗ ਹੈ ਕਿ ਮੌਜੂਦਾ ਚਾਲੂ ਵਰ੍ਹੇ ਦੌਰਾਨ ਖੰਡ ਮਿੱਲ ਮਾਲਕਾਂ ਨੇ ਖੰਡ ਮਿੱਲ ਨਹੀਂ ਚਲਾਈ, ਜਿਸ ਕਾਰਨ ਪ੍ਰਸ਼ਾਸਨ ਤੇ ਮਿੱਲ ਮਾਲਕਾਂ ਦਰਮਿਆਨ ਹੋਈਆਂ ਮੀਟਿੰਗਾਂ ਤੋਂ ਬਾਅਦ ਸਥਾਨਕ ਖੰਡ ਮਿੱਲ ਵਿਖੇ ਗੰਨਾ ਸਟੋਰ ਕੇਂਦਰ ਬਣਾ ਕੇ ਇਥੋਂ ਗੰਨਾ ਹੋਰਨਾਂ ਮਿੱਲਾਂ ਨੂੰ ਸਪਲਾਈ ਕੀਤਾ ਜਾ ਰਿਹਾ ਹੈ।

ਸੰਘਰਸ਼ ਕਮੇਟੀ ਦੇ ਕਨਵੀਨਰ ਹਰਜੀਤ ਸਿੰਘ ਬੁਗਰਾ ਨੇ ਕਿਹਾ ਕਿ ਇੱਕ ਸੋਚੀ ਸਮਝੀ ਸਾਜ਼ਿਸ਼ ਤਹਿਤ ਜਿੱਥੇ ਖੰਡ ਮਿੱਲ ਨੂੰ ਨਹੀਂ ਚਲਾਇਆ ਗਿਆ, ਉਥੇ ਵੇਚੇ ਗੰਨੇ ਦੀ ਅਦਾਇਗੀ ਨਹੀਂ ਕੀਤੀ ਜਾ ਰਹੀ।ਉਨ੍ਹਾ ਕਿਹਾ ਕਿ ਪ੍ਰਸ਼ਾਸਨ ਨੇ ਮਿੱਲ ਮਾਲਕਾਂ ਨਾਲ ਰਾਜ਼ੀਨਾਮਾ ਕਰਵਾਇਆ ਸੀ ਕਿ ਰੋਜ਼ਾਨਾ 10 ਟਰਾਲੀਆਂ ਦੀਆਂ ਪਰਚੀਆਂ ਦਿੱਤੀਆਂ ਜਾਣਗੀਆਂ ਤੇ 10 ਟਰਾਲੀਆਂ ਹੀ ਖਾਲੀ ਕੀਤੀਆਂ ਜਾਣਗੀਆਂ, ਪਰ ਰੋਜ਼ਾਨਾ ਮਹਿਜ਼ ਇੱਕ ਟਰਾਲੀ ਵੀ ਖਾਲੀ ਨਹੀਂ ਕੀਤੀ ਜਾ ਰਹੀ।ਉਨ੍ਹਾ ਦੋਸ਼ ਲਗਾਇਆ ਕਿ ਪ੍ਰਸ਼ਾਸਨ ਨੇ ਪਹਿਲਾਂ ਰੇਲ ਰੋਕੂ ਅੰਦੋਲਨ ਨੂੰ ਜਾਣ-ਬੁੱਝ ਕੇ ਤਾਰਪੀਡੋ ਕੀਤਾ ਤੇ ਕਿਸਾਨ ਆਗੂਆਂ ਦੇ ਘਰਾਂ 'ਤੇ ਛਾਪੇਮਾਰੀ ਕਰਕੇ ਗ੍ਰਿਫ਼ਤਾਰੀ ਕੀਤੀਆਂ, ਪਰ ਮੁੜ ਹੋਈ ਮੀਟਿੰਗ ਵਿੱਚ ਪ੍ਰਸ਼ਾਸਨ ਨੇ ਇਹ ਮਾਮਲਾ ਹੱਲ ਕਰਵਾਉਣ ਦਾ ਭਰੋਸਾ ਦਿੱਤਾ ਸੀ।

ਉਨ੍ਹਾ ਕਿਹਾ ਕਿ ਇੱਕ ਪਾਸੇ ਤਾਂ ਮੁੱਖ ਮੰਤਰੀ ਪੰਜਾਬ ਨਿੱਜੀ ਥਰਮਲ ਪਲਾਂਟ ਖਰੀਦ ਕਰਕੇ ਲੋਕਾਂ ਨੂੰ ਤੋਹਫ਼ੇ ਦੇ ਰਹੇ ਹਨ, ਪਰ ਦੂਜੇ ਪਾਸੇ ਉਨ੍ਹਾਂ ਦੇ ਆਪਣੇ ਹੀ ਹਲਕੇ ਅੰਦਰਲੀ ਖੰਡ ਮਿੱਲ ਨੂੰ ਮਾਲਕ ਵੱਲੋਂ ਬੰਦ ਕਰ ਦਿੱਤਾ ਗਿਆ ਹੈ।ਉਨ੍ਹਾ ਮੰਗ ਕੀਤੀ ਕਿ ਮੌਜੂਦਾ ਖੰਡ ਮਿੱਲ ਨੂੰ ਸਰਕਾਰ ਆਪਣੇ ਅਧੀਨ ਕਰਕੇ ਚਲਾਵੇ ਤੇ ਕਿਸਾਨਾਂ ਦੇ ਵੇਚੇ ਗੰਨੇ ਦੀ ਅਦਾਇਗੀ ਤੁਰੰਤ ਕਰਵਾਈ ਜਾਵੇ।ਖ਼ਬਰ ਲਿਖੇ ਜਾਣ ਤੱਕ ਧਰਨਾ ਜਾਰੀ ਸੀ।

# ਰਾਣਾ ਹੈਰੀਟੇਜ ਵਿਖੇ ਨਵਜੰਮੀਆਂ ਦੀ ਲੋਹੜੀ ਮਨਾਈ



**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਨਵੀਂ ਜ਼ਿੰਦਗੀ ਦੀ ਖੁਸ਼ੀ ਵਿੱਚ ਰਾਣਾ ਹਸਪਤਾਲ ਨੇ ਰਾਣਾ ਹੈਰੀਟੇਜ ਵਿਖੇ ਨਵਜੰਮੀਆਂ ਬੱਚੀਆਂ ਦੀ ਲੋਹੜੀ ਦਾ ਤਿਉਹਾਰ ਖੁਸ਼ੀ ਨਾਲ ਮਨਾਇਆ।ਇਹ ਲੋਹੜੀ ਦਾ ਤਿਉਹਾਰ, ਜਿਸ ਵਿੱਚ ਨਵਜੰਮੀਆਂ ਬੱਚੀਆਂ ਦੇ ਮਾਣਮੱਤੇ ਮਾਪਿਆਂ ਦੇ ਨਾਲ-ਨਾਲ ਪਿੰਡ ਦੇ ਸਤਿਕਾਰਤ ਸਰਪੰਚਾਂ ਨੇ ਸ਼ਿਰਕਤ ਕੀਤੀ, ਕਮਿਊਨਿਟੀ ਵਿੱਚ ਨਵੇਂ ਮੈਂਬਰਾਂ ਦਾ ਸੁਆਗਤ ਕਰਦਿਆਂ ਖੁਸ਼ੀ ਤੇ ਹਾਸੇ ਨਾਲ ਭਰਿਆ ਹੋਇਆ ਸੀ।ਲੋਹੜੀ ਦਾ ਤਿਉਹਾਰ ਇੱਕ ਪ੍ਰੰਪਰਾਗਤ ਤਿਉਹਾਰ ਜੋ ਪਰਵਾਰਕ ਰਿਸ਼ਤਿਆਂ ਦੀ ਨਿੱਘ ਦਾ ਪ੍ਰਤੀਕ ਹੈ।ਇਹ ਇੱਕ ਖੁਸ਼ੀ ਦਾ ਮੌਕਾ ਸੀ। ਰਾਣਾ ਹਸਪਤਾਲ ਦੇ ਮਾਲਕ ਡਾ: ਹਿਤੇਂਦਰ ਸੂਰੀ ਅਤੇ ਰਾਣਾ ਹੈਰੀਟੇਜ ਦੇ ਐਮਡੀ ਡਾ: ਦੀਪਿਕਾ ਸੂਰੀ ਨੇ ਸਮਾਗਮ ਦੀ ਸ਼ੋਭਾ ਵਧਾ ਕੇ ਤਿਉਹਾਰ ਦੀ ਰੌਣਕ ਵਧਾਈ। ਰਾਣਾ ਹਸਪਤਾਲ ਨਾ ਸਿਰਫ਼ ਡਾਕਟਰੀ ਦੇਖਭਾਲ ਪ੍ਰਦਾਨ ਕਰਨ ਵਿੱਚ ਮਾਣ ਮਹਿਸੂਸ ਕਰਦਾ ਹੈ, ਸਗੋਂ ਭਾਈਚਾਰੇ ਅਤੇ ਜਸ਼ਨ ਦੀ ਭਾਵਨਾ ਨੂੰ ਵੀ ਉਤਸ਼ਾਹਿਤ ਕਰਦਾ ਹੈ।

ਰਾਣਾ ਹਸਪਤਾਲ ਸਾਰਿਆਂ ਨੂੰ ਬੱਚੀਆਂ ਦੇ ਜਨਮ ਨੂੰ ਬਰਾਬਰ ਦੇ ਉਤਸ਼ਾਹ ਨਾਲ ਗਲੇ ਲਗਾਉਣ ਦੀ ਅਪੀਲ ਕਰਦਾ ਹੈ। ਇਹ ਯਾਦ ਦਿਵਾਉਂਦਾ ਹੈ ਕਿ ਹਰ ਬੱਚਾ, ਲਿੰਗ ਦੀ ਪਰਵਾਹ ਕੀਤੇ ਬਿਨਾਂ, ਪਰਿਵਾਰ ਲਈ ਖੁਸ਼ੀ ਅਤੇ ਖੁਸ਼ਹਾਲੀ ਲਿਆਉਂਦਾ ਹੈ। ਆਓ ਅਸੀਂ ਕਿਸੇ ਵੀ ਪੁਰਾਣੇ ਵਿਸ਼ਵਾਸਾਂ ਦੇ ਵਿਰੁੱਧ ਇੱਕਜੁੱਟ ਹੋ ਕੇ ਖੜ੍ਹੇ ਹੋਈਏ ਅਤੇ ਹਰ ਬੱਚੇ ਦੇ ਜਨਮ ਨੂੰ ਪੂਰੇ ਦਿਲ ਨਾਲ ਮਨਾਈਏ। ਹਸਪਤਾਲ ਸਾਰੇ ਨਵਜੰਮੇ ਬੱਚਿਆਂ ਲਈ ਇੱਕ ਸਮਾਵੇਸ਼ੀ ਤੇ ਅਨੰਦਮਈ ਮਾਹੌਲ ਬਣਾਉਣ ਲਈ ਸਮੂਹਿਕ ਯਤਨਾਂ ਨੂੰ ਉਤਸ਼ਾਹਤ ਕਰਦਾ ਹੈ।

# ਪ੍ਰਸ਼ਾਸਨ ਵੱਲੋਂ ਹੱਥ ਖੜੇ ਕਰਨ ਤੋਂ ਬਾਅਦ ਦੁਕਾਨਦਾਰਾਂ ਪੈਸੇ ਇਕੱਠੇ ਕਰਕੇ ਸੜਕ ਦੇ ਟੋਏ ਭਰੇ

**ਜ਼ੀਰਾ (ਨਰਿੰਦਰ ਅਨੇਜਾ)**-ਸੜਕਾਂ ਦੀ ਹਾਲਤ ਖਸਤਾ ਹੋਣ ਕਰਕੇ ਹੋਈਆਂ ਦੁਰਘਟਨਾਵਾਂ ਦੀਆਂ ਖਬਰਾਂ ਅਕਸਰ ਹੀ ਆਏ ਦਿਨ ਅਖਬਾਰਾਂ ਦੀਆਂ ਸੁਰਖੀਆਂ ਬਣਦੀਆਂ ਰਹਿੰਦੀਆਂ ਹਨ।ਕਸਬਾ ਫਤਿਹਗੜ੍ਹ ਪੰਜਤੂਰ ਨੂੰ ਜ਼ੀਰਾ ਸ਼ਹਿਰ ਨਾਲ ਜੋੜਨ ਵਾਲੀ ਲਿੰਕ ਸੜਕ 'ਤੇ ਅੱਡਾ ਸ਼ਾਹ ਅਬੂ ਬਕਰ ਕੋਲ ਟੋਇਆਂ ਦੀ ਭਰਮਾਰ ਹੈ।ਦੁਕਾਨਦਾਰ ਪ੍ਰਸ਼ਾਸਨ ਵੱਲੋਂ ਕਈ ਵਾਰ ਮੰਗ ਵੀ ਕਰ ਚੁੱਕੇ ਹਨ ਕਿ ਇਨ੍ਹਾਂ ਸੜਕ ਦੇ ਟੋਇਆਂ ਨੂੰ ਭਰਿਆ ਜਾਵੇ, ਪਰ ਪ੍ਰਸ਼ਾਸਨ ਵੱਲੋਂ ਹੁਣ ਤੱਕ ਇਸ ਸੜਕ ਦੇ ਟੋਇਆਂ ਵਾਸਤੇ ਉਨ੍ਹਾਂ ਕੋਲ ਕੋਈ ਗਰਾਂਟ ਨਹੀਂ ਹੈ। ਪ੍ਰਸ਼ਾਸਨ ਦੇ ਹੱਥ ਖੜੇ ਕਰਨ ਤੋਂ ਬਾਅਦ ਅੱਡਾ ਸ਼ਾਹ ਅਬੂ ਬੱਕਰ ਦੇ ਦੁਕਾਨਦਾਰਾਂ ਵੱਲੋਂ ਪੈਸੇ ਇਕੱਠੇ ਕਰਕੇ ਸੜਕ 'ਤੇ ਲਾਕਟਾਇਲ ਲਗਾ ਕੇ ਟੋਇਆਂ ਨੂੰ ਭਰਨ ਦਾ ਕੰਮ ਕੀਤਾ ਗਿਆ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੁਕਾਨਦਾਰ ਨਮਾਇੰਦਿਆਂ ਨੇ ਕਿਹਾ ਕਿ ਠੰਢ ਤੇ ਧੁੰਦ ਦਾ ਮੌਸਮ ਹੋਣ ਕਰਕੇ ਆਏ ਦਿਨ ਸੜਕ ਦੁਰਘਟਨਾਵਾਂ ਹੁੰਦੀਆਂ ਰਹਿੰਦੀਆਂ ਹਨ।ਧੁੰਦ ਵਿੱਚ ਕੁਝ ਨਜ਼ਰ ਨਾ ਆਉਣ ਕਾਰਨ ਅਕਸਰ ਹੀ ਅੱਡਾ ਸ਼ਾਹ ਬੁੱਕਰ 'ਤੇ ਵਾਹਨ ਚਾਲਕ ਦੁਰਘਟਨਾਵਾਂ ਦਾ ਸ਼ਿਕਾਰ ਹੋ ਜਾਂਦੇ ਹਨ। ਉਨ੍ਹਾਂ ਕਿਹਾ ਕਿ ਸੜਕ 'ਤੇ ਪਏ ਟੋਇਆਂ ਕਾਰਨ ਕੋਈ ਅਣਹੋਣੀ ਘਟਨਾ ਨਾ ਹੋ ਜਾਵੇ, ਇਸ ਲਈ ਦੁਕਾਨਦਾਰਾਂ ਨੇ ਪੈਸੇ ਇਕੱਠੇ ਕਰਕੇ ਜਿੱਥੇ ਜਿੱਥੇ ਸੜਕ ਵਿੱਚ ਟੋਏ ਹਨ, ਉੱਥੇ ਉੱਥੇ ਬਜਰੀ ਪਾ ਕੇ ਤੇ ਲਾਕ ਟਾਈਲ ਲਗਾ ਕੇ ਭਰ ਦਿੱਤੇ ਹਨ।ਇਸ ਮੌਕੇ ਜਸਵੰਤ ਸਿੰਘ, ਗੁਰਵਿੰਦਰ ਸਿੰਘ, ਅੰਮ੍ਰਿਤਪਾਲ ਸਿੰਘ ਰਿੰਕਾ, ਗੁਰਜੀਤ ਸਿੰਘ, ਕਰਮਜੀਤ ਸਿੰਘ, ਡਾਕਟਰ ਲਖਬੀਰ ਸਿੰਘ ਤੇ ਪ੍ਰਗਟ ਸਿੰਘ ਮੌਜੂਦ ਸਨ। ਦੁਕਾਨਦਾਰ ਨੇ ਕਿਹਾ ਕਿ ਸਰਕਾਰ ਦੇ ਕਰਨ ਵਾਲੇ ਕੰਮ ਲੋਕ ਕਰਨ ਨੂੰ ਮਜਬੂਰ ਹਨ।ਇੱਕ ਪਾਸੇ ਸਰਕਾਰ ਕਹਿੰਦੀ ਹੈ ਕਿ ਵਿਕਾਸ ਕਰਨ ਲਈ ਸਾਡੇ ਕੋਲ ਪੈਸੇ ਦੀ ਕੋਈ ਕਮੀ ਨਹੀਂ, ਸਰਕਾਰ ਨੂੰ ਫੋਕੀ ਬਿਆਨਬਾਜ਼ੀ ਕਰਨ ਦੀ ਥਾਂ ਜ਼ਮੀਨੀ ਪੱਧਰ 'ਤੇ ਕੰਮ ਕਰਨਾ ਚਾਹੀਦਾ ਹੈ।



ਦੁਕਾਨਦਾਰ ਟੁੱਟੀ ਸੜਕ ਦੇ ਟੋਏ ਭਰਦੇ ਹੋਏ।

## ਕਾਤਰਾਂ

### ਮਾਘੀ ਮੌਕੇ ਕਾਨਫਰੰਸਾਂ 'ਚ ਵੱਧ ਤੋਂ ਵੱਧ ਪਹੁੰਚਿਆ ਜਾਵੇ : ਮਾਨ

**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋਂ ਹਰ ਸਾਲ ਦੀ ਤਰ੍ਹਾਂ ਮਾਘੀ ਦੇ ਮਹਾਨ ਦਿਹਾੜੇ ਉਤੇ ਮੁਕਤਸਰ ਵਿਖੇ 14 ਜਨਵਰੀ ਨੂੰ ਮਲੋਟ ਰੋਡ ਸਾਹਮਣੇ ਡੇਰਾ ਬਾਬਾ ਮਸਤਾਨ ਸਿੰਘ ਵਿਖੇ ਤੇ 15 ਜਨਵਰੀ ਨੂੰ ਤਖ਼ਤੂਪੁਰਾ ਸਾਹਿਬ ਮੋਗਾ ਵਿਖੇ ਮੀਰੀ-ਪੀਰੀ ਇਤਿਹਾਸਕ ਕਾਨਫਰੰਸਾਂ ਕੀਤੀਆਂ ਜਾ ਰਹੀਆਂ ਹਨ, ਜਿਸ ਵਿੱਚ ਸਮੁੱਚੀ ਪਾਰਟੀ ਲੀਡਰਸ਼ਿਪ ਪਹੁੰਚ ਕੇ ਜਿਥੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਜਾਣਗੇ, ਉਥੇ ਕੌਮ ਨਾਲ ਪੰਥਕ ਵਿਚਾਰਾਂ ਕਰਦੇ ਹੋਏ ਪੰਥ ਨੂੰ ਦਰਪੇਸ਼ ਆ ਰਹੇ ਮਸਲਿਆਂ ਸੰਬੰਧੀ ਵੀ ਲੰਮੀਆਂ ਵਿਚਾਰਾਂ ਹੋਣਗੀਆਂ।ਸਮੁੱਚੇ ਖ਼ਾਲਸਾ ਪੰਥ ਨੂੰ ਇਨ੍ਹਾਂ ਦੋਵਾਂ ਇਤਿਹਾਸਕ ਕਾਨਫਰੰਸਾਂ ਵਿੱਚ ਹੁੰਮ ਹੁੰਮਾ ਕੇ ਪਹੁੰਚਣ ਦੀ ਅਪੀਲ ਕੀਤੀ ਜਾਂਦੀ ਹੈ।

### ਲੇਖਕ ਮੰਚ ਸਮਰਾਲਾ ਵੱਲੋਂ ਮੀਟਿੰਗ 14 ਨੂੰ

**ਸਮਰਾਲਾ (ਸੁਰਜੀਤ ਸਿੰਘ)**-ਲੇਖਕ ਮੰਚ ਸਮਰਾਲਾ ਦੀ ਇਸ ਸਾਲ ਦੀ ਪਲੇਠੀ ਮਾਸਕ ਮੀਟਿੰਗ ਮੰਚ ਦੇ ਪ੍ਰਧਾਨ ਕਹਾਣੀਕਾਰ ਦਲਜੀਤ ਸਿੰਘ ਸ਼ਾਹੀ ਦੀ ਪ੍ਰਧਾਨਗੀ ਹੇਠ ਸਥਾਨਕ ਸੀਨੀ: ਸੈਕੰ: ਸਕੂਲ ਵਿਖੇ 14 ਨੂੰ ਸਵੇਰੇ 10 ਵਜੇ ਹੋ ਰਹੀ ਹੈ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਮੰਚ ਦੇ ਜਨਰਲ ਸਕੱਤਰ ਹਰਬੰਸ ਮਾਲਵਾ ਨੇ ਦੱਸਿਆ ਕਿ ਲੇਖਕ ਮੰਚ ਵੱਲੋਂ ਇਹ ਵਰ੍ਹਾ 'ਸਾਹਿਤਕ ਵਰ੍ਹੇ' ਵਜੋਂ ਮਨਾਇਆ ਜਾਵੇਗਾ, ਜਿਸ ਦੌਰਾਨ ਮੰਚ ਵੱਲੋਂ ਵੱਖ ਵੱਖ ਸਕੂਲਾਂ ਵਿੱਚ ਜਾ ਕੇ ਪੰਜਾਬੀ ਸਾਹਿਤ ਤੇ ਪੰਜਾਬੀ ਮਾਂ ਬੋਲੀ ਦੇ ਉਥਾਨ ਲਈ ਜਾਗਰੂਕਤਾ ਮੁਹਿੰਮ ਸ਼ੁਰੂ ਕੀਤੀ ਜਾਵੇਗੀ।ਬੱਚਿਆਂ ਵਿੱਚ ਪੰਜਾਬੀ ਪੜ੍ਹਨ ਦੀ ਚੇਟਕ ਤੇ ਪੰਜਾਬੀ ਮਾਂ ਬੋਲੀ ਦਾ ਸਤਿਕਾਰ ਕਰਨ ਦੇ ਵਿਸ਼ੇ ਸਬੰਧੀ ਸੈਮੀਨਾਰ ਕੀਤੇ ਜਾਣਗੇ।ਇਸ ਵਾਰ ਦੀ ਮੀਟਿੰਗ ਵਿੱਚ ਪੰਜਾਬੀ ਦੇ ਉਘੇ ਤੇ ਨਾਮਵਰ ਲੇਖਕ ਪੁੱਜ ਕੇ ਆਪਣੀਆਂ ਸਾਹਿਤਕ ਭਾਵਨਾਵਾਂ ਸਬੰਧੀ ਵਿਚਾਰ ਰੱਖਣਗੇ।

### ਪਤੰਗਬਾਜ਼ੀ ਲਈ ਪਲਾਸਟਿਕ ਡੋਰ ਦੀ ਵਰਤੋਂ ਘਾਤਕ : ਤਰਕਸ਼ੀਲ

**ਸੰਗਰੂਰ (ਪ੍ਰਵੀਨ ਸਿੰਘ)**-ਤਰਕਸ਼ੀਲ ਸੁਸਾਇਟੀ ਪੰਜਾਬ ਇਕਾਈ ਸੰਗਰੂਰ ਦੇ ਆਗੂਆਂ ਮਾਸਟਰ ਪਰਮਵੇਦ, ਸੁਰਿੰਦਰ ਪਾਲ, ਕ੍ਰਿਸ਼ਨ ਸਿੰਘ, ਸੀਤਾ ਰਾਮ ਬਾਲਦ ਕਲਾਂ, ਗੁਰਦੀਪ ਸਿੰਘ ਲਹਿਰਾ, ਚਰਨ ਕਮਲ ਸਿੰਘ, ਪ੍ਰਗਟ ਸਿੰਘ ਬਾਲੀਆਂ ਤੇ ਗੁਰਜੰਟ ਸਿੰਘ ਨੇ ਕਿਹਾ ਕਿ ਪਤੰਗਬਾਜ਼ੀ ਲਈ ਵਰਤੀ ਜਾਂਦੀ ਪਲਾਸਟਿਕ/ਚਾਇਨਾ ਡੋਰ ਮਨੁੱਖ, ਬੱਚਿਆਂ ਤੇ ਪੰਛੀਆਂ ਲਈ ਅਤੀ ਘਾਤਕ ਹੈ।ਇਸ ਨੂੰ ਕਿਸੇ ਵੀ ਹਾਲਤ ਵਿੱਚ ਵਰਤਣਾ ਉਚਿਤ ਨਹੀਂ।ਉਨ੍ਹਾਂ ਜਿੱਥੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਇਸ ਨੂੰ ਵੇਚਣ ਤੇ ਵਰਤਣ ਵਾਲਿਆਂ 'ਤੇ ਸਖਤੀ ਨਾਲ ਪੇਸ਼ ਆਉਣ ਦੀ ਮੰਗ ਕੀਤੀ ਹੈ, ਉਥੇ ਇਸ ਨੂੰ ਵੇਚਣ ਤੇ ਪਤੰਗਬਾਜ਼ੀ ਲਈ ਵਰਤਣ ਵਾਲਿਆਂ ਨੂੰ ਇਸ ਤੋਂ ਗ਼ੁਰੇਜ਼ ਕਰਨ ਦੀ ਅਪੀਲ ਕੀਤੀ ਹੈ।ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਪਤੰਗਬਾਜ਼ੀ ਕਰਦੇ ਬੱਚਿਆਂ ਤੇ ਨੌਜਵਾਨਾਂ ਤੇ ਦੁਕਾਨਦਾਰਾਂ ਨੂੰ ਇਕੱਠੇ ਕਰਕੇ ਇਸ ਦੇ ਨੁਕਸਾਨ ਦੱਸ ਇਸ ਦੀ ਵਰਤੋਂ ਨਾ ਕਰਨ ਲਈ ਸਮਝਾਉਣਾ ਚਾਹੀਦਾ ਹੈ,ਇਸਦੀ ਵਰਤੋਂ ਕਰਨ ਵਾਲਿਆਂ ਤੇ ਸਖਤੀ ਕਰਨ ਦੀ ਮੰਗ ਕੀਤੀ ਹੈ।ਪਤੰਗਬਾਜ਼ੀ ਸਮੇਂ ਪਲਾਸਟਿਕ ਡੋਰ ਨੇ ਕਈ ਘਰਾਂ ਦੇ ਚਿਰਾਗ ਬੁਝਾ ਦਿੱਤੇ ਹਨ ਤੇ ਜਿਉਂ-ਜਿਉਂ ਬਸੰਤ ਦਾ ਤਿਉਹਾਰ ਨੇੜੇ ਆ ਰਿਹਾ ਹੈ, ਤਿਉਂ-ਤਿਉਂ ਲੋਕਾਂ ਦੇ ਦਿਲਾਂ ਅੰਦਰ ਚਾਇਨਾ ਡੋਰ ਦਾ ਡਰ ਵਧਦਾ ਜਾ ਰਿਹਾ ਹੈ।

### ਸਵੱਛ ਸਰਵੇਖਣ 'ਚ ਨਗਰ ਕੌਂਸਲ ਮੁੱਲਾਂਪੁਰ ਦਾਖਾ, ਜਗਰਾਓਂ ਤੇ ਖੰਨਾ ਨੇ ਮਾਰੀ ਬਾਜ਼ੀ

**ਲੁਧਿਆਣਾ (ਰਾਜ ਸਿੰਗਲਾ)**-ਡਿਪਟੀ ਕਮਿਸ਼ਨਰ ਸ੍ਰੀਮਤੀ ਸੁਰਭੀ ਮਲਿਕ ਤੇ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਲੁਧਿਆਣਾ ਡਾ. ਰੁਪਿੰਦਰਪਾਲ ਸਿੰਘ ਦੀ ਰਹਿਨੁਮਾਈ ਹੇਠ ਸਵੱਛ ਸਰਵੇਖਣ-2023 ਵਿੱਚ ਜ਼ਿਲ੍ਹਾ ਲੁਧਿਆਣਾ ਦੀਆਂ ਨਗਰ ਕੌਂਸਲਾਂ ਮੁੱਲਾਂਪੁਰ ਦਾਖਾ, ਜਗਰਾਓਂ ਤੇ ਖੰਨਾ ਨੇ ਬਾਜ਼ੀ ਮਾਰੀ ਹੈ।ਪੰਜਾਬ ਵਿੱਚ ਕੁੱਲ 12 ਨਗਰ ਕੌਂਸਲਾਂ ਨੂੰ ਵਾਟਰ ਪਲੱਸ ਸਰਟੀਫਿਕੇਟ ਪ੍ਰਾਪਤ ਹੋਏ, ਜਿਸ ਵਿੱਚੋਂ 3 ਜ਼ਿਲ੍ਹਾ ਲੁਧਿਆਣਾ ਦੀਆਂ ਨਗਰ ਕੌਂਸਲਾਂ ਜਗਰਾਓਂ, ਮੁੱਲਾਪੁਰ ਦਾਖਾ ਤੇ ਖੰਨਾ ਹਨ। ਨਗਰ ਕੌਂਸਲ ਮੁੱਲਾਂਪੁਰ ਦਾਖਾ ਨੇ ਇਹ ਦੋਨੇ ਹੀ ਉਪਲੱਧੀਆਂ, ਗਾਰਬੇਜ ਫਰੀ ਸਿਟੀ ਸਰਟੀਫਿਕੇਸ਼ਨ ਦੇ ਵਿੱਚ 1 ਸਟਾਰ ਰੈਕਿੰਗ ਤੇ ਓ.ਡੀ.ਐੱਫ. ਵਿੱਚ ਵਾਟਰ ਪਲੱਸ ਸਰਟੀਫਿਕੇਟ ਹਾਸਲ ਕਰਕੇ ਇੱਕ ਨਵਾਂ ਕੀਰਤੀਮਾਨ ਸਥਾਪਤ ਕੀਤਾ ਹੈ, ਜਿਸ ਸਦਕਾ ਨਗਰ ਕੌਂਸਲ ਮੁੱਲਾਂਪੁਰ ਦਾਖਾ ਨੇ ਸਵੱਛ ਸਰਵੇਖਣ-2023 ਵਿੱਚ ਜ਼ੋਨ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ।ਨਗਰ ਕੌਂਸਲ ਮੁੱਲਾਂਪੁਰ ਦਾਖਾ ਲਈ ਡਿਪਟੀ ਕਮਿਸ਼ਨਰ ਤੇ ਨਗਰ ਕੌਂਸਲ ਦੇ ਅਧਿਕਾਰੀਆਂ ਨੂੰ 11 ਜਨਵਰੀ ਨੂੰ ਰਾਸ਼ਟਰਪਤੀ ਐਵਾਰਡ ਲਈ ਦਿੱਲੀ ਵਿਖੇ ਸੱਦਾ ਦਿੱਤਾ ਗਿਆ ਹੈ।ਡਿਪਟੀ ਕਮਿਸ਼ਨਰ ਲੁਧਿਆਣਾ ਸ੍ਰੀਮਤੀ ਸੁਰਭੀ ਮਲਿਕ ਵੱਲੋਂ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਸਮੂਹ ਸਟਾਫ ਇਸ ਵੱਡੀ ਪ੍ਰਾਪਤੀ ਲਈ ਵਧਾਈ ਦਾ ਪਾਤਰ ਹੈ।

# ਕਾਰਪੋਰੇਟ ਪੱਖੀ ਨੀਤੀਆਂ ਨੂੰ ਪੁੱਠਾ ਗੇੜਾ ਦੇਣਾ ਇਤਿਹਾਸਕ ਕਦਮ : ਹਰਿਆਊ

**■ ਥਰਮਲ ਪਲਾਂਟ ਖਰੀਦ ਕੇ ਆਪ ਸਰਕਾਰ ਨੇ ਇਤਿਹਾਸ ਰਚਿਆ**



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਦੀ ਸਥਿਤੀ ਵਿੱਚ ਲਗਾਤਾਰ ਸੁਧਾਰ ਕਰਨ ਵਿੱਚ ਲੱਗੀ ਹੋਈ ਹੈ।

ਆਪਣੇ ਦੋ ਸਾਲ ਦੇ ਕਾਰਜਕਾਲ ਦੌਰਾਨ ਸਰਕਾਰ ਨੇ ਇਤਿਹਾਸਕ ਕੰਮ ਕਰਕੇ ਲੋਕਾਂ ਦਾ ਦਿਲ ਜਿੱਤਿਆ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਨ ਸਭਾ ਹਲਕਾ ਸ਼ੁਤਰਾਣਾ ਤੋਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਗੁਲਾਬ ਸਿੰਘ ਹਰਿਆਊ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹਾ ਕਿਹਾ ਕਿ ਅਕਾਲੀਆਂ ਤੇ ਕਾਂਗਰਸੀਆਂ ਨੇ ਆਪਣੇ ਸੱਤਰ ਸਾਲ ਦੇ ਕਾਰਜਕਾਲ ਦੌਰਾਨ ਲੋਕਾਂ ਨੂੰ ਲੁੱਟਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ, ਜਿਸ ਕਰਕੇ ਹਾਲਾਤ ਇਹ ਬਣ ਗਏ ਕਿ ਕਿਸੇ ਸਮੇਂ ਦੇਸ਼ ਦਾ ਮੋਹਰੀ ਕਹਾਉਣ ਵਾਲਾ ਸੂਬਾ ਪੰਜਾਬ ਬਹੁਤ ਹੇਠਲੇ ਪੱਧਰ ਤੱਕ ਚਲਿਆ ਗਿਆ, ਪਰ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਦੋ ਸਾਲਾਂ ਦੇ ਕਾਰਜਕਾਲ ਦੌਰਾਨ ਸੂਬੇ ਵਿੱਚ ਇਤਿਹਾਸਕ ਕੰਮ ਕੀਤੇ ਹਨ।ਹਰ ਘਰ ਨੂੰ 600 ਯੂਨਿਟ ਬਿਜਲੀ ਮਾਫ ਕਰਨਾ ਤੇ ਇੱਕ ਵਿਧਾਇਕ ਇੱਕ ਪੈਨਸ਼ਨ ਵਰਗੇ ਇਤਿਹਾਸਕ ਕਾਰਜ ਹੀ ਨਹੀਂ ਕੀਤੇ, ਸਗੋਂ ਪਬਲਿਕ ਸੈਕਟਰ ਦੀ ਲੁੱਟ ਕਰਵਾਉਣ ਵਾਲੀਆਂ ਨੀਤੀਆਂ ਨੂੰ ਪੁੱਠਾ ਗੇੜਾ ਦਿੰਦਿਆਂ ਸ੍ਰੀ ਗੋਇੰਦਵਾਲ ਸਾਹਿਬ ਦਾ ਥਰਮਲ ਪਲਾਂਟ ਖਰੀਦ ਕੇ ਸਰਕਾਰ ਨੇ ਇੱਕ ਇਤਿਹਾਸ ਰਚਿਆ ਹੈ।ਉਨ੍ਹਾਂ ਕਿਹਾ ਕਿ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਦੀ ਅਗਵਾਈ ਵਿੱਚ ਹਲਕੇ ਦੇ ਵਿਕਾਸ ਲਈ ਸਿਰ ਤੋੜ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ,

ਫੋਟੋ: ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਸੀਨੀਅਰ ਆਪ ਆਗੂ ਗੁਲਾਬ ਸਿੰਘ ਹਰਿਆਊ।

# ਬੈਟਰ ਸਕਿੱਲ ਇਮੀਗ੍ਰੇਸ਼ਨ ਨੇ ਲਵਾਇਆ ਕੈਨੇਡਾ ਦਾ ਸਟੱਡੀ ਵੀਜ਼ਾ



**ਧਰਮਕੋਟ/ਕੋਟ ਇਸੇ ਖਾਂ (ਗੁਰਦੀਪ ਭੁਲਰ, ਅਜੈ ਅਰੋੜਾ)**-ਇਲਾਕੇ ਦੀ ਨਾਮਵਰ ਇਮੀਗ੍ਰੇਸ਼ਨ ਤੇ ਸਭ ਤੋਂ ਭਰੋਸੇਮੰਦ ਸੰਸਥਾ ਬੈਟਰ ਸਕਿੱਲ ਇਮੀਗ੍ਰੇਸ਼ਨ ਧਰਮਕੋਟ ਦੇ ਡਾਇਰੈਕਟਰ ਸਿਮਰਨਜੀਤ ਸਿੰਘ ਗਿੱਲ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਸ਼ਿਵਮ ਛਾਬੜਾ ਨੇ 2022 ਵਿੱਚ ਆਪਣੀ +2 ਪੂਰੀ ਕੀਤੀ ਸੀ, ਜਿਸ ਤੋਂ ਬਾਅਦ ਸ਼ਿਵਮ ਛਾਬੜਾ ਦੀ ਸਟੱਡੀ ਵੀਜ਼ਾ ਵਿੱਚੋਂ ਇੱਕ ਰਿਫਿਊਜ਼ਲ ਵੀ ਸੀ।ਸ਼ਿਵਮ ਛਾਬੜਾ ਰਿਫਿਊਜ਼ਲ ਕਾਰਨ ਬਹੁਤ ਚਿੰਤਤ ਸਨ।ਫਿਰ ਸ਼ਿਵਮ ਛਾਬੜਾ ਨੇ ਸਾਡੇ ਦਫਤਰ ਪਹੁੰਚ ਕੇ ਗੱਲਬਾਤ ਕਰਦੇ ਹੋਏ ਚੰਗੀ ਸਲਾਹ ਲਈ ਤੇ ਫਾਈਲ ਭਰਨ ਉਪਰੰਤ 8 ਦਿਨਾਂ ਵਿੱਚ ਆਪਣਾ ਸਟੱਡੀ ਵੀਜ਼ਾ ਹਾਸਲ ਕੀਤਾ।ਅੱਜ ਸ਼ਿਵਮ ਛਾਬੜਾ ਕੈਨੇਡਾ ਪਹੁੰਚ ਗਈ ਹੈ।ਬੈਟਰ ਸਕਿਲ ਇਮੀਗ੍ਰੇਸ਼ਨ ਨੇ ਸ਼ਿਵਮ ਛਾਬੜਾ ਨੂੰ ਆਉਣ ਵਾਲੇ ਭਵਿੱਖ ਲਈ ਸ਼ੁੱਭ ਦੁਆਵਾਂ ਦਿੱਤੀਆਂ।

# ਡੀ ਏ ਵੀ ਸਕੂਲ ਦੇ ਵਿਦਿਆਰਥੀਆਂ ਦਾ ਕੌਮੀ ਖੇਡਾਂ 'ਚ ਸ਼ਾਨਦਾਰ ਪ੍ਰਦਰਸ਼ਨ

**ਮਲੋਟ (ਗੁਰਮੀਤ ਸਿੰਘ ਮੱਕੜ)**-ਸਥਾਨਕ ਡੀ ਏ ਵੀ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਡੀ ਏ ਵੀ ਕਾਲਜ ਪ੍ਰਬੰਧਕ ਕਮੇਟੀ ਨਵੀਂ ਦਿੱਲੀ ਵੱਲੋਂ ਕਰਵਾਏ ਗਏ ਰਾਸ਼ਟਰੀ ਖੇਡ ਮੁਕਾਬਲਿਆਂ ਵਿੱਚ ਭਾਗ ਲਿਆ। ਇਨ੍ਹਾਂ ਖੇਡ ਮੁਕਾਬਲਿਆਂ ਵਿੱਚ ਵਿਦਿਆਰਥੀਆਂ ਨੇ ਵਧੀਆ ਪ੍ਰਦਰਸ਼ਨ ਕਰਕੇ ਸਕੂਲ ਤੇ ਆਪਣੇ ਸ਼ਹਿਰ ਦਾ ਨਾਂ ਰੌਸ਼ਨ ਕੀਤਾ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਸੰਧਿਆ ਬਾਠਲਾ ਨੇ ਦੱਸਿਆ ਕਿ ਰਾਸ਼ਟਰੀ ਪੱਧਰ 'ਤੇ ਕੁਨਾਲ ਨੇ ਅੰਡਰ-14 ਵਿੱਚ ਸੋਨ ਤਮਗਾ ਤੇ ਅੰਡਰ-19 ਸਕੇਟਿੰਗ ਵਿੱਚ 17 ਲੜਕਿਆਂ ਦੇ ਹੈਂਡਬਾਲ ਵਿੱਚ ਕਾਂਸੀ ਦਾ ਤਮਗਾ ਜਿੱਤ ਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਸੰਧਿਆ ਬਠਲਾ ਨੇ ਖੇਡ ਵਿਭਾਗ ਦੇ ਵਿਦਿਆਰਥੀਆਂ, ਮਾਪਿਆਂ ਤੇ ਅਧਿਆਪਕਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਸਾਡੇ ਸਾਰਿਆਂ ਲਈ ਮਾਣ ਤੇ ਖੁਸ਼ੀ ਦੀ ਗੱਲ ਹੈ ਕਿ ਸਕੂਲ ਦੇ ਵਿਦਿਆਰਥੀ ਸਿੱਖਿਆ ਦੇ ਖੇਤਰ ਵਿੱਚ ਹੀ ਨਹੀਂ, ਬਲਕਿ ਖੇਡਾਂ ਦੇ ਖੇਤਰ ਵਿੱਚ ਵੀ ਨਵੇਂ ਰਿਕਾਰਡ ਕਾਇਮ ਕੀਤੇ ਗਏ ਹਨ। ਉਨ੍ਹਾ ਕਿਹਾ ਕਿ ਇਹ ਗੱਲ ਸਥਾਪਤ ਹੈ ਕਿ ਖੇਡਾਂ ਵਿਦਿਆਰਥੀਆਂ ਦੇ ਮਾਨਸਿਕ ਵਿਕਾਸ ਦੇ ਨਾਲ-ਨਾਲ ਸਰੀਰਕ ਤੇ ਅਧਿਆਤਮਕ ਵਿਕਾਸ ਵਿਚ ਵੀ ਸਹਾਈ ਹੁੰਦੀਆਂ ਹਨ। ਉਨ੍ਹਾ ਦੱਸਿਆ ਕਿ ਸਕੂਲ ਖੇਡਾਂ ਤੇ ਖੇਡਾਂ ਦੇ ਖੇਤਰ ਵਿੱਚ ਹੋਣਹਾਰ ਵਿਦਿਆਰਥੀਆਂ ਨੂੰ ਉੱਚ ਪੱਧਰੀ ਵਿਸ਼ੇਸ਼ ਸਿਖਲਾਈ ਪ੍ਰਦਾਨ ਕਰਦਾ ਹੈ। ਇਸ ਮੌਕੇ ਸਕੂਲ ਦੇ ਚੇਅਰਮੈਨ ਸ੍ਰੀ ਰਵੀ ਛਾਬੜਾ ਨੇ ਵਿਦਿਆਰਥੀਆਂ ਨੂੰ ਸ਼ੁੱਭ-ਕਾਮਨਾਵਾਂ ਤੇ ਅਸ਼ੀਰਵਾਦ ਦਿੱਤਾ।



# ਮੁੱਖ ਇੰਜੀਨੀਅਰ ਥਰਮਲ ਰੋਪੜ 'ਤੇ ਹੋਏ ਹਮਲੇ ਦੀ ਨਿਖੇਧੀ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**

ਪੀ.ਐੱਸ.ਈ.ਬੀ. ਇੰਜੀਨੀਅਰ ਐਸੋਸੀਏਸ਼ਨ ਥਰਮਲ ਪਲਾਂਟ ਲਹਿਰਾ ਮੁਹੱਬਤ ਦੀ ਹੰਗਾਮੀ ਮੀਟਿੰਗ ਹੋਈ। ਐਸੋਸੀਏਸ਼ਨ ਦੇ ਖੇਤਰੀ ਸਕੱਤਰ ਇੰਜੀ. ਸਾਹਿਲ ਬਾਂਸਲ ਨੇ ਪ੍ਰੈੱਸ ਨੂੰ ਬਿਆਨ ਜਾਰੀ ਕਰਦੇ ਹੋਏ ਦੱਸਿਆ ਕਿ ਮੀਟਿੰਗ ਦੌਰਾਨ ਰੋਪੜ ਥਰਮਲ ਪਲਾਂਟ ਦੇ ਮੁੱਖ ਇੰਜੀਨੀਅਰ (ਜੋ ਕਿ ਮਾਈਕਰੋਹਾਈਡਲ ਪਲਾਂਟ 'ਤੇ ਪਏ ਨੁਕਸ ਨੂੰ ਦੂਰ ਕਰਨ ਦੇ ਕੰਮ ਦਾ ਜਾਇਜ਼ਾ ਲੈਣ ਲਈ ਮੌਕੇ 'ਤੇ ਪਹੁੰਚੇ ਸਨ) 'ਤੇ ਕੁੱਝ ਸ਼ਰਾਰਤੀ ਅਨਸਰਾਂ ਵੱਲੋਂ ਕੀਤੇ ਜਾਨਲੇਵਾ ਹਮਲੇ ਦੀ ਸਖਤ ਨਿਖੇਧੀ ਕੀਤੀ ਗਈ ਤੇ ਨਾਅਰੇਬਾਜ਼ੀ ਕਰਦੇ ਹੋਏ ਆਪਣਾ ਰੋਸ ਪ੍ਰਗਟਾਇਆ ਗਿਆ। ਇਹ ਵੀ ਵਿਚਾਰਿਆ ਗਿਆ ਕਿ ਸ਼ਰਾਰਤੀ ਅਨਸਰਾਂ ਖਿਲਾਫ ਕੀਤੀ ਜਾ ਰਹੀ ਕਾਰਵਾਈ ਵਿੱਚ ਦੇਰੀ ਕਾਰਨ ਜੇਕਰ ਰੋਪੜ ਥਰਮਲ ਪਲਾਂਟ ਦੇ ਇੰਜੀਨੀਅਰ ਸੰਘਰਸ਼ ਦਾ ਰਸਤਾ ਅਖਤਿਆਰ ਕਰਦੇ ਹਨ ਤਾਂ ਇਸ ਸੰਘਰਸ਼ ਵਿੱਚ ਥਰਮਲ ਲਹਿਰਾ ਮੁਹੱਬਤ ਦੇ ਇੰਜੀਨੀਅਰ ਉਨ੍ਹਾਂ ਨੂੰ ਪੂਰਨ ਸਹਿਯੋਗ ਦੇਣਗੇ। ਉਨ੍ਹਾਂ ਕਿਹਾ ਕਿ ਪੀ. ਐੱਸ. ਪੀ. ਸੀ. ਐੱਲ. ਦੇ ਅਧਿਕਾਰੀ ਤੇ ਕਰਮਚਾਰੀ ਪੰਜਾਬ ਦੇ ਲੋਕਾਂ ਨੂੰ 24 ਘੰਟੇ ਨਿਰਵਿਘਨ ਬਿਜਲੀ ਸਪਲਾਈ ਦੇਣ ਲਈ ਦਿਨ-ਰਾਤ ਆਪਣੀ ਡਿਊਟੀ ਨਿਭਾਉਂਦੇ ਹਨ। ਡਿਊਟੀ ਦੌਰਾਨ ਕਰਮਚਾਰੀਆਂ ਅਧਿਕਾਰੀਆਂ ਉੱਪਰ ਜਾਨਲੇਵਾ ਹਮਲਾ ਹੋਣਾ ਚਿੰਤਾ ਦਾ ਵਿਸ਼ਾ ਹੈ। ਜੇਕਰ ਮੁੱਖ ਇੰਜੀਨੀਅਰ ਪੱਧਰ ਦਾ ਅਧਿਕਾਰੀ ਵੀ ਸੁਰੱਖਿਅਤ ਨਹੀਂ ਹੈ ਤਾਂ ਇੰਨੇ ਮਾੜੇ ਹਾਲਤਾਂ ਵਿੱਚ ਹੇਠਲੇ ਪੱਧਰ ਦੇ ਅਧਿਕਾਰੀ ਤੇ ਕਰਮਚਾਰੀ ਆਪਣੇ ਡਿਊਟੀ ਪੂਰੀ ਤਨਦੇਹੀ ਨਾਲ ਨਹੀਂ ਨਿਭਾ ਸਕਣਗੇ? ਇੰਜੀਨੀਅਰ ਐਸੋਸੀਏਸ਼ਨ ਨੇ ਸਰਕਾਰ ਤੋਂ ਮੰਗ ਕੀਤੀ ਹੈ ਕਿ ਹਮਲਾਵਰਾਂ ਵਿਰੁੱਧ ਤੁਰੰਤ ਕਾਨੂੰਨੀ ਕਾਰਵਾਈ ਕੀਤੀ ਜਾਵੇ ਤੇ ਸ਼ਰਾਰਤੀ ਅਨਸਰਾਂ ਨੂੰ ਮਿਸਾਲੀ ਸਜ਼ਾ ਦਿੱਤੀ ਜਾਵੇ ਤਾਂ ਕਿ ਭਵਿੱਖ ਵਿੱਚ ਇਸ ਤਰ੍ਹਾਂ ਦੀ ਘਟਨਾ ਨਾ ਵਾਪਰੇ।

## ਚੀਨੀ ਡੋਰ ਦੀ ਵਿਕਰੀ ਤੇ ਵਰਤੋਂ ਸ਼ਖ਼ਤੀ ਨਾਲ ਰੋਕੇ ਸਰਕਾਰ : ਸ਼ੀਤਲ ਗਰਗ

ਧੂਰੀ (ਬਿੰਨੀ ਗਰਗ)-ਅੱਗਰਵਾਲ ਸਭਾ ਧੂਰੀ ਦੇ ਸੀਨੀਅਰ ਮੀਤ ਪ੍ਰਧਾਨ ਸ਼ੀਤਲ ਗਰਗ ਨੇ ਅਗਾਮੀ ਬਸੰਤ ਪੰਚਮੀ ਦੇ ਤਿਉਹਾਰ ਨੂੰ ਮੁੱਖ ਰੱਖਦਿਆਂ ਡੋਰ ਦੀ ਹੋਣ ਵਾਲੀ ਵਿਕਰੀ ਵਿੱਚ ਚੀਨੀ ਡੋਰ ਦੀ ਵਿਕਰੀ ਤੇ ਵਰਤੋਂ ਰੋਕਣ ਲਈ ਪ੍ਰਸ਼ਾਸਨ ਤੇ ਸਰਕਾਰ ਤੋਂ ਮੰਗ ਕੀਤੀ ਹੈ।ਉਨ੍ਹਾ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਜਿੱਥੇ ਇਹ ਚੀਨੀ ਡੋਰ ਮਨੁੱਖਾਂ ਲਈ ਜਾਨਲੇਵਾ ਹੈ, ਉਥੇ ਬੇਜ਼ੁਬਾਨ ਪੰਛੀਆਂ ਲਈ ਵੀ ਮੌਤ ਦਾ ਕਾਰਨ ਬਣ ਜਾਂਦੀ ਹੈ।ਉਨ੍ਹਾ ਬੱਚਿਆਂ ਦੇ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਵੀ ਆਪਣੇ ਬੱਚਿਆਂ ਨੂੰ ਚੀਨੀ ਡੋਰ ਦੀ ਵਰਤੋਂ ਤੋਂ ਰੋਕਣ, ਕਿਉਂਕਿ ਇਸ ਵਾਰ ਸਰਕਾਰ ਵੱਲੋਂ ਚੀਨੀ ਡੋਰ ਦੀ ਵਰਤੋਂ ਕਰਨ ਤੇ ਵੇਚਣ 'ਤੇ ਉਸ ਖਿਲਾਫ ਸਖਤ ਧਾਰਾ 188 ਦੇ ਨਾਲ-ਨਾਲ ਇਨਵਾਇਰਮੈਂਟ ਪ੍ਰੋਟੈਕਸ਼ਨ ਐਕਟ ਦੇ ਸੈਕਸ਼ਨ 15 ਤਹਿਤ ਕਾਨੂੰਨੀ ਕਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ, ਜਿਸ ਤਹਿਤ 5 ਸਾਲ ਦੀ ਸਜ਼ਾ ਤੇ 1 ਲੱਖ ਰੁਪਏ ਤੱਕ ਦਾ ਜੁਰਮਾਨਾ ਹੋ ਸਕਦਾ ਹੈ।

# ਟਰੈਕਟਰ ਪਰੇਡ ਦੀ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋ. ਵੱਲੋਂ ਡਟਵੀਂ ਹਮਾਇਤ

**ਮਾਨਸਾ (ਆਤਮਾ ਸਿੰਘ ਪਮਾਰ)**-ਮੈਡੀਕਲ ਪ੍ਰੈਕਟੀਸ਼ਨਰ ਅਸੋਸੀਏਸ਼ਨ ਪੰਜਾਬ ਦੇ ਸੂਬਾਈ ਪ੍ਰਧਾਨ ਧੰਨਾ ਮੱਲ ਗੋਇਲ, ਸਕੱਤਰ ਗੁਰਮੇਲ ਸਿੰਘ ਮਾਛੀਕੇ, ਸਰਪ੍ਰਸਤ ਸੁਰਜੀਤ ਸਿੰਘ ਲੁਧਿਆਣਾ, ਕੈਸ਼ੀਅਰ ਐੱਚ ਐੱਸ ਰਾਣੂ ਨੇ ਪ੍ਰੈੱਸ ਨੋਟ ਜਾਰੀ ਕਰਦਿਆਂ ਕਿਹਾ ਕਿ ਮੈਡੀਕਲ ਪ੍ਰੈਕਟੀਸ਼ਨਰਜ਼ ਅਸੋਸੀਏਸ਼ਨ ਪੰਜਾਬ ਵੱਲੋਂ ਸੰਯੁਕਤ ਕਿਸਾਨ ਮੋਰਚੇ ਵੱਲੋਂ 26 ਜਨਵਰੀ ਨੂੰ ਪੰਜਾਬ ਵਿੱਚ ਤਜਵੀਜ਼ਤ ਜ਼ਿਲ੍ਹਾ ਤੇ ਤਹਿਸੀਲ ਹੈੱਡਕੁਆਰਟਰਾਂ 'ਤੇ ਟਰੈਕਟਰ ਪਰੇਡ ਮਾਰਚ ਦੀ ਡੱਟਵੀਂ ਹਮਾਇਤ ਦਾ ਐਲਾਨ ਕੀਤਾ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਸੰਵਿਧਾਨ ਵਿੱਚ ਕੁਝ ਲੋਕ ਪੱਖੀ ਕਾਨੂੰਨਾਂ ਅੰਦਰ ਸੋਧ ਕਰਕੇ ਕਾਰਪੋਰੇਟ ਘਰਾਣਿਆਂ ਦੇ ਹੱਕ ਵਿੱਚ ਭੁਗਤ ਰਹੀ ਹੈ ਤੇ ਸੰਘਰਸ਼ਸ਼ੀਲ ਲੋਕਾਂ ਦੀ ਸੰਘੀ ਨੱਪਣ ਲਈ ਨਵੇਂ ਨਵੇਂ ਕਾਲੇ ਕਾਨੂੰਨ ਬਣਾ ਕੇ ਦੇਸ਼ ਅੰਦਰ ਹੱਕੀ ਲੜਾਈ ਲੜ ਰਹੇ ਮਿਹਨਤਕਸ਼ ਲੋਕਾਂ ਦੀਆਂ ਮੰਗਾਂ ਮੰਨਣ ਤੋਂ ਟਾਲ ਮਟੋਲ ਕਰ ਰਹੀ ਹੈ। ਤਿੰਨ ਖੇਤੀ ਕਾਨੂੰਨਾਂ ਨੂੰ ਰੱਦ ਕਰਾਉਣ ਲਈ ਲੜੇ ਸੰਘਰਸ਼ ਦੌਰਾਨ ਮੰਨੀਆਂ ਮੰਗਾਂ ਨੂੰ ਦੋ ਸਾਲ ਬੀਤ ਜਾਣ ਦੇ ਬਾਵਜੂਦ ਲਾਗੂ ਨਹੀਂ ਕੀਤਾ ਜਾ ਰਿਹਾ, ਜਿਸ ਕਾਰਨ ਦੇਸ਼ ਦੇ ਕਿਸਾਨਾਂ, ਮਜ਼ਦੂਰਾਂ ਅੰਦਰ ਕੇਂਦਰ ਸਰਕਾਰ ਪ੍ਰਤੀ ਵੱਡਾ ਰੋਸ ਤੇ ਗੁੱਸਾ ਪਨਪ ਰਿਹਾ ਹੈ। ਜੇਕਰ ਕੇਂਦਰ ਸਰਕਾਰ ਦਿੱਲੀ ਮੋਰਚੇ ਦੀਆਂ ਮੰਗਾਂ ਮੰਨਣ ਤੋਂ ਆਨਾਕਾਨੀ ਕਰਦੀ ਹੈ ਤਾਂ ਇਸ ਦੇ ਨਤੀਜੇ ਲੋਕ ਸਭਾ 2024 ਦੀਆਂ ਚੋਣਾਂ ਵਿੱਚ ਭੁਗਤਣੇ ਪੈ ਸਕਦੇ ਹਨ। ਸੂਬਾ ਚੇਅਰਮੈਨ ਦਿਲਦਾਰ ਸਿੰਘ ਚਹਿਲ ਐਡਵਾਈਜ਼ਰ ਜਸਵਿੰਦਰ ਸਿੰਘ ਭੋਗਲ ਨੇ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਦਿੱਲੀ ਸੰਘਰਸ਼ ਦੌਰਾਨ ਮੰਨੀਆਂ ਮੰਗਾਂ ਤੁਰੰਤ ਲਾਗੂ ਕੀਤੀਆਂ ਜਾਣ ਤਾਂ ਜੋ ਦੇਸ਼ ਦੇ ਅੰਨਦਾਤੇ ਕਿਸਾਨਾਂ ਨੂੰ ਕੁਝ ਹੱਦ ਤੱਕ ਰਾਹਤ ਮਿਲ ਸਕੇ।



## ਵਿਦਿਆਰਥੀਆਂ ਨੇ ਰਸਾਇਣ ਮੁਕਤ ਘਰੇਲੂ ਬਗੀਚੀ ਬਾਰੇ ਲਈ ਜਾਣਕਾਰੀ



**ਲੁਧਿਆਣਾ (ਰਾਜ ਸਿੰਗਲਾ)**-ਬਾਗਬਾਨੀ ਵਿਭਾਗ ਦੀ ਫਲ ਸੁਰੱਖਿਆ ਲੈਬਾਰਟਰੀ ਲੁਧਿਆਣਾ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਅਯਾਲੀ ਖੁਰਦ ਦੇ ਵਿਦਿਆਰਥੀਆਂ ਲਈ ਜਾਗਰੂਕਤਾ ਕੈਂਪ ਲਾਇਆ।ਕੈਂਪ ਦੌਰਾਨ ਵਿਦਿਆਰਥੀਆਂ ਲਈ ਫਲ ਤੇ ਸਬਜ਼ੀਆਂ ਦੀ ਪ੍ਰੋਸੈਸਿੰਗ, ਰਸਾਇਣ ਮੁਕਤ ਘਰੇਲੂ ਬਗੀਚੀ, ਫਰੂਟ ਨਿਊਟਰਿਸ਼ਨ ਗਾਰਡਨ ਤੇ ਹਰਬਲ ਗਾਰਡਨ ਤਰੀਕੇ ਨੂੰ ਸਕੂਲੀ ਅਤੇ ਘਰੇਲੂ ਪੱਧਰ 'ਤੇ ਅਪਣਾਉਣ ਲਈ ਪ੍ਰੇਰਿਤ ਕੀਤਾ ਗਿਆ।ਵਿਦਿਆਰਥੀਆਂ ਨੂੰ ਜੈਵਿਕ ਸਬਜ਼ੀਆਂ ਤੇ ਫਲਾਂ ਦੀ ਪੈਦਾਵਾਰ ਕਰਕੇ ਆਪਣੇ ਆਪ ਨੂੰ ਰੋਗ ਮੁਕਤ ਰੱਖਣ ਦੇ ਨਾਲ ਨਾਲ ਜ਼ਰੂਰੀ ਪੌਸ਼ਟਿਕ ਤੱਤਾਂ ਦੀ ਪੂਰਤੀ ਦੇ ਸਾਧਨ ਬਾਰੇ ਵੀ ਦੱਸਿਆ ਗਿਆ।ਇਸ ਮੌਕੇ ਸਕੂਲ ਦੇ ਅਧਿਆਪਕਾਂ ਤੇ ਵਿਦਿਆਰਥੀਆਂ ਵਿੱਚ ਵੀ ਬਾਗਬਾਨੀ ਵਿਸ਼ੇ ਪ੍ਰਤੀ ਕਾਫੀ ਉਤਸ਼ਾਹ ਪਾਇਆ ਗਿਆ।ਇਸ ਮੌਕੇ ਇਸ ਵਿਸ਼ੇ 'ਤੇ ਚਾਨਣਾ ਪਾਉਂਦਿਆਂ ਡਾ. ਜਸਪ੍ਰੀਤ ਕੌਰ ਗਿੱਲ ਸਿੱਧੂ ਬਾਗਬਾਨੀ ਵਿਕਾਸ ਅਫਸਰ ਨੇ ਫਲ ਤੇ ਸਬਜ਼ੀਆਂ ਦੀ ਪ੍ਰੋਸੈਸਿੰਗ ਅਤੇ ਪ੍ਰੀਜ਼ਰਵੇਸ਼ਨ ਦੀ ਜਾਣਕਾਰੀ ਵੀ ਦਿੱਤੀ ਗਈ।

# ਰੀਤਕੰਵਲ ਢੀਂਡਸਾ ਨੇ ਏਸ਼ੀਆ ਕਰਾਟੇ ਚੈਂਪੀਅਨਸ਼ਿਪ 'ਚੋਂ ਸਿਲਵਰ ਮੈਡਲ ਜਿੱਤਿਆ

**ਧੂਰੀ (ਬਿੰਨੀ ਗਰਗ)**

ਸਮਾਜ ਵਿੱਚ ਲੜਕਿਆਂ ਦੇ ਮੁਕਾਬਲੇ ਲੜਕੀਆਂ ਪ੍ਰਤੀ ਨਾਂਹ ਪੱਖੀ ਨਜ਼ਰੀਏ ਨੂੰ ਦੀ ਐੱਜ਼ ਓਵਰਸੀਜ ਕੰਸਲਟੈਂਟ ਦੇ ਐਮ.ਡੀ. ਜਗਸੀਰ ਸਿੰਘ ਜੱਗੀ ਢੀਂਡਸਾ ਦੀ ਹੋਣਹਾਰ ਲੜਕੀ ਰੀਤਕੰਵਲ ਢੀਂਡਸਾ ਨੇ ਮਾਪਿਆਂ, ਸਕੂਲ ਅਤੇ ਇਲਾਕੇ ਦਾ ਨਾਂਅ ਰੋਸ਼ਨ ਕੀਤਾ ਹੈ।

ਦਿੱਲੀ ਪਬਲਿਕ ਸਕੂਲ ਦੀ ਵਿਦਿਆਰਥਣ ਰੀਤਕੰਵਲ ਢੀਂਡਸਾ ਨੇ ਨਵੀਂ ਦਿੱਲੀ ਵਿਖੇ ਹੋਈ ਪਹਿਲੀ ਦੋ ਦਿਨਾ ਜੇਕੇਐਸ ਸਾਊਥ ਏਸ਼ੀਆ ਕਰਾਟੇ ਚੈਂਪੀਅਨਸ਼ਿਪ ਵਿੱਚ ਸਿਲਵਰ ਮੈਡਲ ਜਿੱਤ ਕੇ ਮੁਕਾਬਲੇਬਾਜ਼ੀ ਦੇ ਯੁੱਗ ਦੇ ਤਿਲਕਵੇਂ ਫ਼ਰਸ਼ 'ਤੇ ਆਪਣੀ ਪੂਰੀ ਤਰ੍ਹਾਂ ਪਕੜ ਬਣਾ ਲਈ ਹੈ।ਰੀਤਕੰਵਲ ਢੀਂਡਸਾ ਦਾ ਇਸ ਮਾਣਮੱਤੀ ਪ੍ਰਾਪਤੀ 'ਤੇ ਉਸਦਾ ਘਰ ਅਤੇ ਸਕੂਲ ਪਹੁੰਚਣ ਤੇ ਭਰਵਾਂ ਸਵਾਗਤ ਕੀਤਾ ਗਿਆ।ਢੀਂਡਸਾ ਦੇ ਪਿਤਾ ਜਗਸੀਰ ਸਿੰਘ ਜੱਗੀ ਨੇ ਕਿਹਾ ਕਿ ਲੜਕੀਆਂ ਨੂੰ ਜਿੱਥੇ ਆਤਮ ਰੱਖਿਆ ਵਾਲੇ ਕਰਤੱਵ ਸਿੱਖਣੇ ਚਾਹੀਦੇ ਹਨ।ਉਨ੍ਹਾਂ ਕਿਹਾ ਕਿ ਲੜਕੀਆਂ ਲੜਕਿਆਂ ਨਾਲੋਂ ਕਿਸੇ ਵੀ ਖੇਤਰ ਵਿੱਚੋਂ ਘੱਟ ਨਹੀਂ ਹਨ, ਸਗੋਂ ਮਾਪਿਆਂ ਨੂੰ ਵੀ ਚਾਹੀਦਾ ਹੈ ਕਿ ਉਹ ਲੜਕੀਆਂ ਨੂੰ ਲੜਕਿਆਂ ਦੇ ਬਰਾਬਰ ਅੱਗੇ ਆਉਣ ਦਾ ਮੌਕਾ ਦੇਣ।ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਲੜਕੀ ਹੁਣ ਇੰਟਰਨੈਸ਼ਨਲ ਟੂਰਨਾਮੈਂਟ ਜੋ ਓਸਲੋਂ (ਨੀਦਰਲੈਂਡ) ਵਿਖੇ ਹੋਣ ਜਾ ਰਿਹਾ ਹੈ, ਲਈ ਚੁਣੀ ਗਈ ਹੈ।

ਫੈਡਰੇਸ਼ਨ ਆਫ਼ ਪ੍ਰਾਈਵੇਟ ਐਂਡ ਏਡਿਡ ਸਕੂਲਜ਼ ਦੇ ਸੂਬਾ ਪ੍ਰਧਾਨ ਡਾ. ਜਗਜੀਤ ਸਿੰਘ ਧੂਰੀ, ਸਾਬਕਾ ਹਲਕਾ ਵਿਧਾਇਕ ਦਲਵੀਰ ਸਿੰਘ ਗੋਲਡੀ, ਵਪਾਰ ਮੰਡਲ ਪੰਜਾਬ ਦੇ ਚੇਅਰਮੈਨ ਐਡਵੋਕੇਟ ਜਤਿੰਦਰ ਸਿੰਘ ਸੋਨੀ ਮੰਡੇਰ, ਸੂਬਾ ਐਕਟਿੰਗ ਪ੍ਰਧਾਨ ਵਿਕਾਸ ਜੈਨ, ਅਗਰਵਾਲ ਸਭਾ ਦੇ ਪ੍ਰਧਾਨ ਅਮਨ ਗਰਗ, ਸ੍ਰੀ ਸਨਾਤਨ ਧਰਮ ਸਭਾ ਦੇ ਪ੍ਰਧਾਨ ਦਵਿੰਦਰ ਕੁਮਾਰ ਬਿੰਦਾ ਨੇ ਮੁਬਾਰਕਬਾਦ ਦਿੰਦਿਆਂ ਬੱਚੀ ਦੇ ਉੱਜਵਲ ਭਵਿੱਖ ਦੀ ਕਾਮਨਾ ਵੀ ਕੀਤੀ।





## ਭਾਜਪਾ ਹੀ ਭ੍ਰਿਸ਼ਟਾਚਾਰ ਨਸ਼ਾ ਮੁਕਤ ਰਾਜ ਦੇ ਸਕਦੀ ਹੈ : ਸ਼ਮਸ਼ੇਰ ਕੈਲਾ



**ਧਰਮਕੋਟ (ਗੁਰਦੀਪ ਸਿੰਘ ਭੁੱਲਰ)**-ਪੰਜਾਬ ਵਿੱਚ ਭਾਜਪਾ ਹੀ ਭ੍ਰਿਸ਼ਟਾਚਾਰ ਨਸ਼ਾ ਮੁਕਤ ਰਾਜ ਦੇ ਸਕਦੀ ਹੈ।ਭਾਜਪਾ ਆਗੂ ਸ਼ਮਸ਼ੇਰ ਕੈਲਾ ਵੱਲੋਂ ਨੇ ਕਿਹਾ ਕਿ ਪੰਜਾਬ ਦੀ ਜਨਤਾ ਨੇ ਕਾਂਗਰਸ ਪਾਰਟੀ ਅਕਾਲੀ ਦਲ ਤੇ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਪਰਖ ਲਿਆ ਹੈ।

ਉਨ੍ਹਾਂ ਕਿਹਾ ਕਿ ਜੋ ਬਦਲਾਓ ਦੀ ਗੱਲ ਕਰਦੇ ਸੀ, ਉਹ ਬਦਲਾਓ ਸਿਰਫ ਗੱਲਾਂ ਅਤੇ ਇਸ਼ਤਿਹਾਰਾਂ ਵਿਚ ਨਜ਼ਰ ਆ ਰਿਹਾ ਹੈ।ਉਨ੍ਹਾਂ ਕਿਹਾ ਕਿ ਭਾਜਪਾ ਨੂੰ ਮਜਬੂਤ ਕਰਨ ਲਈ ਬੂਥ ਪੱਧਰ 'ਤੇ ਇਕਾਈਆਂ ਦਾ ਗਠਨ ਕੀਤਾ ਜਾ ਰਿਹਾ ਹੈ।ਉਨ੍ਹਾਂ ਨੇ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਬਾਰੇ ਬੂਥ ਪੱਧਰ 'ਤੇ ਜਾਣਕਾਰੀ ਦੇਣ ਲਈ ਵਰਕਰਾਂ ਨੂੰ ਹੱਲਾਸ਼ੇਰੀ ਦਿੱਤੀ।ਇਸ ਮੌਕੇ ਰਵੀ ਗਰੇਵਾਲ, ਵਿਜੇ ਸ਼ਰਮਾ ਲੋਕ ਸਭਾ ਫ਼ਰੀਦਕੋਟ ਕੋ ਕਨਵੀਅਰ, ਦੇਵ ਪ੍ਰੀਆ ਤਿਆਗੀ ਕੋ ਕਨਵੀਅਰ ਸਟੇਟ, ਮੰਡਲ ਪ੍ਰਧਾਨ ਰਾਓ ਵਰਿੰਦਰ ਪਬੀ, ਰਘਬੀਰ ਸਿੰਘ, ਨਵਲ ਸੂਦ ਸਪਨ ਗੁਪਤਾ, ਬਲਵੰਤ ਸਿੰਘ ਜ਼ਿਲ੍ਹਾ ਸੈਕਟਰੀ, ਸੰਦੀਪ ਬਜਾਜ, ਦਰਸ਼ਨ ਬਡੂਵਾਲ ਤੇ ਸਤਨਾਮ ਸਿੰਘ ਸੱਧਲ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਬਿਲਕਿਸ ਬਾਨੋ ਕੇਸ 'ਚ ਰਿਹਾਅ ਹੋਏ 11 ਦੋਸ਼ੀਆਂ ਦੀ ਸਜ਼ਾ ਰੱਦ ਕਰਨ ਦੀ ਕਾਰਵਾਈ ਮਨੁੱਖਤਾ ਪੱਖੀ : ਮਾਨ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**



ਗੁਜਰਾਤ ਦੀ ਉਸ ਸਮੇ ਦੀ ਮੋਦੀ ਸਰਕਾਰ ਵੱਲੋਂ ਜੋ ਬੀਬੀ ਬਿਲਕਿਸ ਬਾਨੋ ਬਲਾਤਕਾਰ ਤੇ ਕਤਲ ਕੇਸ ਵਿੱਚ ਦੋਸ਼ੀ ਪਾਏ ਜਾਣ ਵਾਲੇ 11 ਦੋਸ਼ੀਆਂ ਨੂੰ ਸਿਆਸੀ ਫੈਸਲੇ ਅਨੁਸਾਰ ਰਿਹਾਅ ਕਰ ਦਿੱਤਾ ਸੀ, ਜਿਸ ਨਾਲ ਇੰਡੀਆ ਦੀ ਅਦਾਲਤੀ ਪ੍ਰਕਿਰਿਆ ਉਤੇ ਉਸ ਸਮੇਂ ਤੋਂ ਹੀ ਬਹੁਤ ਵੱਡਾ ਪ੍ਰਸ਼ਨ ਚਿੰਨ੍ਹ ਲੱਗਾ ਹੋਇਆ ਸੀ, ਕਿਉਂਕਿ ਇਸ ਵੱਡੇ ਅਪਰਾਧ ਵਿਚ ਸਰਕਾਰ ਨੇ ਪੱਖਪਾਤੀ ਹਿੰਦੂਤਵ ਸੋਚ ਅਧੀਨ ਫੈਸਲਾ ਕਰਕੇ ਸਮੁੱਚੇ ਮੁਲਕ ਦੀਆਂ ਘੱਟ ਗਿਣਤੀ ਕੌਮਾਂ ਦੇ ਨਿਵਾਸੀਆਂ ਦੀ ਸਹੀ ਢੰਗ ਨਾਲ ਜ਼ਿੰਦਗੀ ਜਿਊਣ ਤੇ ਉਨ੍ਹਾਂ ਨੂੰ ਮਿਲੇ ਵਿਧਾਨਿਕ ਹੱਕਾਂ ਦੀ ਉਲੰਘਣਾ ਹੋਣ ਉਸੇ ਪ੍ਰਸ਼ਨ ਚਿੰਨ੍ਹ ਲਾ ਦਿੱਤਾ ਸੀ, ਪਰ ਜੋ ਅੱਜ ਸੁਪਰੀਮ ਕੋਰਟ ਇੰਡੀਆ ਨੇ ਉਸ ਵੱਡੇ ਬਲਾਤਕਾਰੀ ਤੇ ਕਤਲ ਕੇਸ ਵਿੱਚ ਉਨ੍ਹਾਂ ਦੀਆਂ ਰਿਹਾਈਆਂ ਨੂੰ ਰੱਦ ਕਰਕੇ ਉਨ੍ਹਾਂ ਨੂੰ ਦੋਸ਼ੀ ਪ੍ਰਵਾਨ ਕਰਦੇ ਹੋਏ ਅਗਲੇਰੀ ਕਾਨੂੰਨੀ ਕਾਰਵਾਈ ਕਰਨ ਦੇ ਹੁਕਮ ਕੀਤੇ ਹਨ, ਇਹ ਮਨੁੱਖਤਾ ਪੱਖੀ ਤੇ ਇਨਸਾਫ਼ ਪੱਖੀ ਸਹੀ ਫੈਸਲਾ ਕੀਤਾ ਗਿਆ ਹੈ, ਜੋ ਪਹਿਲਾਂ ਹੀ ਹੋ ਜਾਣਾ ਚਾਹੀਦਾ ਸੀ।

ਇਹ ਵਿਚਾਰ ਸਿਮਰਨਜੀਤ ਸਿੰਘ ਮਾਨ ਐਮ.ਪੀ ਤੇ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਸੁਪਰੀਮ ਕੋਰਟ ਵੱਲੋਂ ਬਿਲਕਿਸ ਬਾਨੋ ਕੇਸ ਵਿਚ ਕਾਨੂੰਨੀ ਬਿਨ੍ਹਾਂ ਅਤੇ ਇਨਸਾਫ਼ ਦੇ ਬਿਨ੍ਹਾ 'ਤੇ ਲਏ ਗਏ ਸਟੈਂਡ ਨੂੰ ਸਹੀ ਕਰਾਰ ਦਿੰਦੇ ਹੋਏ ਅਤੇ ਇਸੇ ਸੰਬੰਧ ਵਿਚ ਜੋ 2013 ਵਿਚ ਸ੍ਰੀ ਮੋਦੀ ਦੀ ਦੂਜੇ ਸਮੇ ਦੀ ਗੁਜਰਾਤ ਸਰਕਾਰ ਸਮੇਂ ਗੁਜਰਾਤ ਵਿੱਚ ਵਸਣ ਵਾਲੇ 60 ਹਜ਼ਾਰ ਸਿੱਖ ਜ਼ਿਮੀਦਾਰਾਂ ਨੂੰ ਆਪਣੀਆਂ ਕਾਨੂੰਨੀ ਜਾਇਦਾਦਾਂ, ਜ਼ਮੀਨਾਂ ਅਤੇ ਘਰਾਂ ਤੋਂ ਬੇਘਰ ਕਰ ਦਿੱਤਾ ਸੀ ਤੇ ਜਿਨ੍ਹਾਂ ਦਾ ਅੱਜ ਤੱਕ ਕੋਈ ਮੁੜ ਵਸੇਬਾ ਨਹੀਂ ਹੋਇਆ ਤੇ ਉਨ੍ਹਾਂ ਨਾਲ ਉਸ ਸਮੇ ਦੀ ਮੋਦੀ ਸਰਕਾਰ ਨੇ ਗ਼ੈਰ ਵਿਧਾਨਿਕ ਅਤੇ ਗ਼ੈਰ ਇਨਸਾਨੀਅਤ ਜੋ ਅਮਲ ਕੀਤਾ ਸੀ, ਉਸ ਸੰਬੰਧੀ ਵੀ ਸੁਪਰੀਮ ਕੋਰਟ ਨੂੰ ਇਸੇ ਤਰ੍ਹਾਂ ਅਗਲੇਰੀ ਕਾਰਵਾਈ ਕਰਨ ਦੀ ਜ਼ੋਰਦਾਰ ਸੰਜੀਦਾ ਅਪੀਲ ਕਰਦੇ ਹੋਏ ਪ੍ਰਗਟ ਕੀਤੇ ।ਉਨ੍ਹਾਂ ਕਿਹਾ ਕਿ ਬਲਾਤਕਾਰ ਤੇ ਕਤਲ ਵਰਗੇ ਵੱਡੇ ਜੁਰਮ ਵਿਚ ਜੇਕਰ ਕੋਈ ਮੁਤੱਸਵੀ ਸਰਕਾਰ ਦੋਸ਼ੀਆਂ ਨੂੰ ਸਿਆਸੀ ਫੈਸਲੇ ਅਧੀਨ ਰਿਹਾਅ ਕਰ ਦਿੰਦੀ ਹੈ, ਤਾਂ ਅਜਿਹੇ ਅਮਲ ਨਾਲ ਸਮੁੱਚੇ ਮੁਲਕ ਨਿਵਾਸੀਆਂ ਵਿੱਚ ਕਾਨੂੰਨੀ ਤੇ ਇਨਸਾਫ਼ ਦੇ ਪੱਖ ਤੋਂ ਬਹੁਤ ਮਾੜਾ ਪ੍ਰਭਾਵ ਗਿਆ ਸੀ।ਇਸ ਲਈ ਜੋ ਸੁਪਰੀਮ ਕੋਰਟ ਨੇ ਕਾਨੂੰਨੀ ਪੱਖ ਨੂੰ ਵਾਚਦਿਆਂ ਨਿਰਪੱਖਤਾ ਨਾਲ ਉਨ੍ਹਾਂ ਰਿਹਾਅ ਕੀਤੇ ਗਏ 11 ਦੋਸ਼ੀਆਂ ਦੀ ਰਿਹਾਈ ਰੱਦ ਕਰਕੇ ਅਗਲੇਰੀ ਕਾਨੂੰਨੀ ਕਾਰਵਾਈ ਕਰਨ ਦੇ ਹੁਕਮ ਕੀਤੇ ਹਨ, ਇਸ ਵਿਚੋਂ ਕੁੱਝ ਇਨਸਾਫ਼ ਤਾਂ ਪ੍ਰਤੱਖ ਹੋ ਰਿਹਾ ਹੈ।ਵਰਨਾ ਸੁਪਰੀਮ ਕੋਰਟ ਤੇ ਇਥੋਂ ਦੀਆਂ ਅਦਾਲਤਾਂ, ਜੱਜਾਂ ਉਤੇ ਵੱਡਾ ਇਖਲਾਕੀ ਪ੍ਰਸ਼ਨ ਚਿੰਨ੍ਹ ਲੱਗਣ ਤੋਂ ਇਨਕਾਰ ਨਹੀਂ ਸੀ ਕੀਤਾ ਜਾ ਸਕਦਾ।ਉਨ੍ਹਾਂ ਕਿਹਾ ਕਿ ਜੋ ਮੋਦੀ ਦੀ ਦੂਜੀ ਗੁਜਰਾਤ ਸਰਕਾਰ ਨੇ ਫਿਰਕੂ ਸੋਚ ਅਧੀਨ 50-50 ਸਾਲਾਂ ਤੋ ਪੱਕੇ ਤੌਰ ਤੇ ਗੁਜਰਾਤ ਦੇ ਵਸਨੀਕ ਬਣੇ ਤੇ ਕਾਨੂੰਨੀ ਤੌਰ 'ਤੇ ਆਪਣੀਆ ਜ਼ਮੀਨਾਂ ਤੇ ਘਰਾਂ ਦੇ ਮਾਲਕ ਬਣੇ 60 ਹਜ਼ਾਰ ਸਿੱਖਾਂ ਨੂੰ ਜਬਰੀ ਬੇਘਰ ਤੇ ਬੇਜ਼ਮੀਨੇ ਕਰਕੇ ਉਸ ਸਮੇ ਦੀ ਮੋਦੀ ਸਰਕਾਰ ਨੇ ਵਿਧਾਨ ਅਤੇ ਜਮਹੂਰੀਅਤ ਪ੍ਰਣਾਲੀ ਦੀ ਘੋਰ ਉਲੰਘਣਾ ਕੀਤੀ ਸੀ, ਜਿਸ ਸੰਬੰਧੀ ਉਹ 60 ਹਜਾਰ ਸਿੱਖ ਜ਼ਿਮੀਦਾਰ ਪਰਵਾਰ ਅੱਜ ਤੱਕ ਡੂੰਘੀ ਪੀੜਾ ਵਿੱਚ ਗੁਜ਼ਰ ਰਹੇ ਹਨ। ਮਾਨ ਨੇ ਉਮੀਦ ਪ੍ਰਗਟ ਕੀਤੀ ਕਿ ਸੁਪਰੀਮ ਕੋਰਟ ਆਫ਼ ਇੰਡੀਆ ਸਿੱਖਾਂ ਦੇ ਇਸ ਅਤਿ ਗੰਭੀਰ ਵਿਸ਼ੇ ਉਤੇ ਅਤੇ 32-32 ਸਾਲਾਂ ਤੋਂ ਹੁਕਮਰਾਨਾਂ ਦੀਆਂ ਜੇਲ੍ਹਾਂ ਵਿੱਚ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੱਖਾਂ ਦੀ ਰਿਹਾਈ ਦੇ ਗੰਭੀਰ ਵਿਸੇ ਉਤੇ ਸਟੈਂਡ ਲੈਂਦੇ ਹੋਏ ਸਿੱਖ ਕੌਮ ਨੂੰ ਇਨਸਾਫ਼ ਦਿਵਾਉਣ ਵਿੱਚ ਮੁੱਖ ਭੂਮਿਕਾ ਨਿਭਾਏਗੀ ।

# ਮੇਲਾ ਮਾਘੀ ਕਲੱਬ ਧਰਮਕੋਟ ਨੂੰ ਸੌਂਪਿਆ 75 ਹਜ਼ਾਰ ਦਾ ਚੈੱਕ



**ਧਰਮਕੋਟ (ਗੁਰਦੀਪ ਸਿੰਘ ਭੁੱਲਰ)**-ਗੁਰਦੇਵ ਸਿੰਘ ਪੁਰੇਵਾਲ ਚੈਰੀਟੇਬਲ ਮੈਮੋਰੀਅਲ ਟਰੱਸਟ ਪਿੰਡ ਬਡੂਵਾਲ ਵੱਲੋਂ ਜਿੱਥੇ ਵੱਖ-ਵੱਖ ਲੋਕ ਭਲਾਈ ਕਾਰਜ ਕਰਾਏ ਜਾਂਦੇ ਹਨ, ਉੱਥੇ ਹੀ ਹਰ ਸਾਲ 40 ਮੁਕਤਿਆਂ ਦੀ ਯਾਦ ਵਿੱਚ ਕਰਾਏ ਜਾਂਦੇ ਮੇਲਾ ਮਾਘੀ ਸਪੋਰਟਸ ਐਂਡ ਵੈਲਫੇਅਰ ਕਲੱਬ ਧਰਮਕੋਟ ਵੱਲੋਂ ਕਬੱਡੀ ਕੱਪ ਦੌਰਾਨ ਦੂਜਾ ਇਨਾਮ ਜਿੱਤਣ ਵਾਲੀ ਟੀਮ ਨੂੰ 75 ਹਜ਼ਾਰ ਰੁਪਏ ਦੀ ਰਾਸ਼ੀ ਦਿੱਤੀ ਜਾਂਦੀ ਹੈ।ਇਸ ਵਾਰ ਵੀ ਮੇਲਾ ਮਾਘੀ ਸਪੋਰਟਸ ਐਂਡ ਵੈਲਫੇਅਰ ਕਲੱਬ ਨੂੰ 75 ਹਜ਼ਾਰ ਰੁਪਏ ਦਾ ਚੈੱਕ ਸੌਂਪਿਆ ਗਿਆ।ਚੈੱਕ ਪ੍ਰਾਪਤ ਕਰਨ ਪਹੁੰਚੇ ਮੇਲਾ ਮਾਘੀ ਕਲੱਬ ਦੇ ਅਹੁਦੇਦਾਰ ਇਕਬਾਲਦੀਪ ਸਿੰਘ ਹੈਰੀ ਅਤੇ ਬਲਜਿੰਦਰ ਸਿੰਘ ਸਿੱਧੂ ਨੇ ਜਿੱਥੇ ਟਰਸਟ ਦਾ ਧੰਨਵਾਦ ਕੀਤਾ, ਉੱਥੇ ਕਿਹਾ ਕਿ ਟਰੱਸਟ ਵੱਲੋਂ ਕਲੱਬ ਨੂੰ ਦਿੱਤੇ ਜਾਂਦੇ ਸਹਿਯੋਗ ਲਈ ਹਮੇਸ਼ਾ ਰਿਣੀ ਰਹਿਣਗੇ।ਇਸ ਮੌਕੇ ਸਵ: ਗੁਰਦੇਵ ਸਿੰਘ ਪੁਰੇਵਾਲ ਦੀ ਧਰਮ ਪਤਨੀ ਬੀਬੀ ਰਣਜੀਤ ਕੌਰ, ਸਪੁੱਤਰ ਪਵਿੱਤਰਪਾਲ ਸਿੰਘ ਪੁਰੇਵਾਲ, ਰਸਪਾਲ ਸਿੰਘ ਪੁਰੇਵਾਲ ਤੋਂ ਇਲਾਵਾ ਟਰੱਸਟ ਦੇ ਪ੍ਰਧਾਨ ਡਾਕਟਰ ਭਾਗ ਸਿੰਘ, ਖਜਾਨਚੀ ਸਰਪੰਚ ਅਵਤਾਰ ਸਿੰਘ, ਮਾਸਟਰ ਕੁਲਦੀਪ ਸਿੰਘ, ਲਖਵੀਰ ਸਿੰਘ, ਦਲਜੀਤ ਸਿੰਘ ਤੇ ਪਿੰਦਰ ਸਿੱਧੂ ਤੋਂ ਇਲਾਵਾ ਹੋਰ ਮੋਹਤਬਰ ਸਾਥੀ ਹਾਜ਼ਰ ਸਨ।

# ਪੈਨਸ਼ਨਰਾਂ ਦੇ ਪੇਅ ਰਵੀਜ਼ਨ ਦੇ ਬਣਦੇ ਬਕਾਇਆਂ ਦੀ ਅਦਾਇਗੀ ਤੁਰੰਤ ਕਰੇ ਸਰਕਾਰ : ਮੇਘ ਸਿੰਘ ਜਵੰਦਾ



**ਸਮਰਾਲਾ (ਸੁਰਜੀਤ ਸਿੰਘ)**

ਪੰਜਾਬ ਪੈਨਸ਼ਨਰ ਕਲਿਆਣ ਸੰਗਠਨ ਇਕਾਈ ਦੀ ਮਹੀਨਾਵਾਰ ਮੀਟਿੰਗ 'ਬਾਗੀ ਭਵਨ' ਵਿਖੇ ਪ੍ਰਧਾਨ ਮੇਘ ਸਿੰਘ ਜਵੰਦਾ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਪ੍ਰਧਾਨ ਨੇ ਸਾਰੇ ਪੈਨਸ਼ਨਰਾਂ ਨੂੰ ਨਵੇਂ ਸਾਲ ਦੀ ਵਧਾਈ ਦਿੱਤੀ।ਮੀਟਿੰਗ ਦੀ ਸ਼ੁਰੂਆਤ ਕਰਦੇ ਹੋਏ ਜਨਰਲ ਸਕੱਤਰ ਰਿਟਾ: ਲੈਕਚਰਾਰ ਵਿਜੇ ਕੁਮਾਰ ਨੇ ਵੱਖ-ਵੱਖ ਬੁਲਾਰਿਆਂ ਨੂੰ ਸੱਦਾ ਦਿੰਦੇ ਹੋਏ ਪਾਵਰ ਕਾਮ ਪੈਨਸ਼ਨਰ ਐਸੋਸੀਏਸ਼ਨ ਦੇ ਮੈਂਬਰਾਂ ਦਾ ਪ੍ਰਧਾਨ ਸਿਕੰਦਰ ਸਿੰਘ ਦੀ ਅਗਵਾਈ ਹੇਠ ਉਚੇਚੇ ਤੌਰ 'ਤੇ ਮੀਟਿੰਗ ਵਿੱਚ ਸ਼ਾਮਲ ਹੋਣ ਦਾ ਧੰਨਵਾਦ ਕੀਤਾ।

ਮੀਟਿੰਗ ਦੌਰਾਨ ਰਾਜੇਸ਼ ਕੁਮਾਰ ਵਡੇਰਾ, ਇੰਜੀ. ਜੁਗਲ ਕਿਸ਼ੋਰ ਸਾਹਨੀ ਤੇ ਮੇਲਾ ਸਿੰਘ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਜਥੇਬੰਦਕ ਏਕਤਾ ਰੱਖਣ ਦੀ ਅਪੀਲ ਕੀਤੀ ਕਿ ਏਕੇ ਵਿੱਚ ਬੱਲ ਅਧਾਰਿਤ ਨੀਤੀ ਨਾਲ ਹੀ ਸਰਕਾਰ ਤੋਂ ਆਪਣੀਆਂ ਮੰਗਾਂ ਮਨਵਾਈਆਂ ਜਾ ਸਕਦੀਆਂ ਹਨ। ਸਿਕੰਦਰ ਸਿੰਘ ਮੰਡਲ ਪ੍ਰਧਾਨ ਪੈਨਸ਼ਨਰ ਐਸੋਸੀਏਸ਼ਨ ਪੀਐਸਪੀਸੀਐਲ ਤੇ ਨੇਤਰ ਸਿੰਘ ਮੁੱਤਿਓਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ 1 ਜਨਵਰੀ 2016 ਤੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਪੇ ਕਮਿਸ਼ਨ ਦੇ ਬਣਦੇ ਬਕਾਏ ਜਲਦ ਤੋਂ ਜਲਦ ਦਿੱਤੇ ਜਾਣ।ਪੈਨਸ਼ਨਰ ਦੀ 2.59 ਦੇ ਗੁਣਾ ਨਾਲ ਪੈਨਸ਼ਨ ਰਿਵਾਈਜ਼ ਕੀਤੀ ਜਾਵੇ, ਇਸ ਤੋਂ ਇਲਾਵਾ ਕੈਸ਼ਲੈਸ ਸਕੀਮ ਅਤੇ ਓਲਡ ਪੈਨਸ਼ਨ ਸਕੀਮ ਜਲਦ ਤੋਂ ਜਲਦ ਲਾਗੂ ਕੀਤੀ ਜਾਵੇ।ਪ੍ਰਧਾਨ ਮੇਘ ਸਿੰਘ ਜਵੰਦਾ ਨੇ ਸਰਕਾਰ ਵੱਲੋਂ ਪੈਨਸ਼ਨਰਜ਼ ਤੇ ਮੁਲਾਜ਼ਮਾਂ ਨੂੰ ਅੱਠ ਪ੍ਰਤੀਸ਼ਤ ਡੀਏ ਦੀਆਂ ਦੋ ਕਿਸ਼ਤਾਂ ਤੇ ਬਕਾਇਆ ਨਾ ਦੇਣ ਦੀ ਨਿਖੇਧੀ ਕੀਤੀ।ਅਖੀਰ ਮੀਟਿੰਗ ਵਿੱਚ ਪਹੁੰਚੇ ਸਾਥੀਆਂ ਦਾ ਧੰਨਵਾਦ ਕੀਤਾ ਗਿਆ।

ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਲੈਕ: ਵਿਜੇ ਕੁਮਾਰ, ਕੁਲਵੰਤ ਰਾਏ ਕੈਸ਼ੀਅਰ, ਮਾ. ਪੁਖਰਾਜ ਸਿੰਘ ਘੁਲਾਲ, ਚਰਨਜੀਤ ਸਿੰਘ, ਗੁਰਚਰਨ ਸਿੰਘ, ਹਿੰਮਤ ਸਿੰਘ, ਸਤਵਿੰਦਰ ਸਿੰਘ, ਜੈ ਰਾਮ, ਮਨਮੋਹਨ ਸਿੰਘ, ਜਗਪਾਲ ਸਿੰਘ, ਪਵਨ ਕੁਮਾਰ ਬਠਲਾ, ਰਾਜਾ ਰਾਮ, ਸੁਰਿੰਦਰ ਸਿੰਘ, ਭੁਪਿੰਦਰ ਪਾਲ ਸਿੰਘ ਤੇ ਸੁਖਦਰਸ਼ਨ ਸਿੰਘ ਆਦਿ ਸ਼ਾਮਲ ਹੋਏ।

# ਸੂਬੇ ਭਰ 'ਚ ਸਕੂਲ ਪ੍ਰਬੰਧਨ ਕਮੇਟੀਆਂ ਲਈ ਸਿਖਲਾਈ ਮੁਹਿੰਮ ਸ਼ੁਰੂ

**ਚੰਡੀਗੜ੍ਹ ( ਗੁਰਜੀਤ ਬਿੱਲਾ)**-ਪੰਜਾਬ ਸਕੂਲ ਸਿੱਖਿਆ ਵਿਭਾਗ ਵੱਲੋਂ ਸਕੱਤਰ ਕਮਲ ਕਿਸ਼ੋਰ ਯਾਦਵ ਦੀ ਅਗਵਾਈ ਹੇਠ ਸਕੂਲ ਮੈਨੇਜਮੈਂਟ ਕਮੇਟੀ (ਐੱਸ.ਐੱਮ.ਸੀ.) ਦੇ ਮੈਂਬਰਾਂ ਨੂੰ ਸਿਖਲਾਈ ਦਿੱਤੀ ਜਾ ਰਹੀ ਹੈ। ਇਹ ਸਿਖਲਾਈ ਸੂਬੇ ਦੇ 117 ਸਕੂਲ ਆਫ ਐਮੀਨੈਂਸ, 10 ਮੈਰੀਟੋਰੀਅਸ ਸਕੂਲਾਂ ਅਤੇ 8 ਸੀਨੀਅਰ ਸੈਕੰਡਰੀ ਗਰਲਜ਼ ਸਕੂਲਾਂ ਦੇ ਐਸ.ਐਮ.ਸੀਜ਼ ਲਈ ਹੈ ਅਤੇ ਇਹ 8 ਜਨਵਰੀ ਤੋਂ ਸ਼ੁਰੂ ਹੋ ਕੇ 12 ਜਨਵਰੀ ਤੱਕ ਚੱਲੇਗੀ। ਇਹ ਸਮਰੱਥਾ-ਨਿਰਮਾਣ ਸ਼ੈਸ਼ਨ 145 ਸਕੂਲਾਂ ਵਿੱਚ 600 ਤੋਂ ਵੱਧ ਐੱਸ.ਐੱਮ.ਸੀਜ਼. ਮੈਂਬਰਾਂ ਲਈ ਕਰਵਾਏ ਜਾਣਗੇ। ਇਹ ਸੂਬੇ ਭਰ ਦੇ 2.8 ਲੱਖ ਐੱਸ.ਐੱਮ.ਸੀ. ਮੈਂਬਰਾਂ ਦੀ ਸਿਖਲਾਈ ਪ੍ਰਦਾਨ ਕਰੇਗਾ। ਇਹਨਾਂ ਸ਼ੈਸ਼ਨਾਂ ਦਾ ਉਦੇਸ਼ ਐੱਸ.ਐੱਮ.ਸੀ. ਮੈਂਬਰਾਂ ਨੂੰ ਸਕੂਲ ਦੀ ਸਹਾਇਤਾ ਕਰਨ ਲਈ ਸਕੂਲ ਦੀਆਂ ਲੋੜਾਂ ਦੀ ਪਛਾਣ ਕਰਕੇ ਰੋਲ ਕਰਨ ਵਿੱਚ ਉਹਨਾਂ ਦੀਆਂ ਭੂਮਿਕਾਵਾਂ ਅਤੇ ਜ਼ਿੰਮੇਵਾਰੀਆਂ ਵੱਲ ਧਿਆਨ ਦੇਣਾ ਹੈ। ਇਸ ਪਹਿਲਕਦਮੀ ਦਾ ਉਦੇਸ਼ ਐੱਸ.ਐੱਮ.ਸੀਜ਼. ਵਿੱਚ ਜ਼ਿੰਮੇਵਾਰੀ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨਾ ਅਤੇ ਸਕੂਲਾਂ ਵਿੱਚ ਸਥਿਤੀਆਂ ਦੇ ਲਾਗੂ ਕਰਨ ਵਿੱਚ ਸਹਾਇਤਾ ਕਰਨਾ ਹੈ। ਇੱਕ ਨਵੀਨਤਾਕਾਰੀ ਕਦਮ ਵਿੱਚ, ਸਕੂਲ ਸਿੱਖਿਆ ਵਿਭਾਗ ਨੇ ਐੱਸ.ਐੱਮ.ਸੀਜ਼. ਮੈਂਬਰਾਂ ਲਈ ਇੱਕ ਦਸਤਾਵੇਜ਼ੀ ਅਤੇ ਇੱਕ ਕਿਤਾਬਚਾ ਤਿਆਰ ਕੀਤਾ ਹੈ, ਜਿਸਦੀ ਵਰਤੋਂ ਇੱਕ ਸਿਖਲਾਈ ਸਰੋਤ ਵਜੋਂ ਕੀਤੀ ਜਾਵੇਗੀ।

ਪੰਜਾਬ ਵਿੱਚ ਸਿੱਖਿਆ ਕ੍ਰਾਂਤੀ ਲਿਆਉਣ ਲਈ, ਮਾਪੇ ਅਤੇ ਕਮਿਊਨਿਟੀ ਮੈਂਬਰ ਐੱਸ.ਐੱਮ.ਸੀਜ਼. ਦਾ ਹਿੱਸਾ ਬਣ ਕੇ ਆਪਣੇ ਬੱਚੇ ਅਤੇ ਸਕੂਲ ਦੇ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।



ਬਿਹਤਰੀਨ ਤਬਦੀਲੀਆਂ ਕਰਨ ਲਈ ਸਿਰਫ ਇੱਕ ਜਾਗਰੂਕ ਐੱਸ.ਐੱਮ.ਸੀ. ਹੀ ਸਕੂਲ ਨਾਲ ਭਾਈਵਾਲੀ ਵਿੱਚ ਸਰਗਰਮੀ ਨਾਲ ਹਿੱਸਾ ਲੈ ਸਕਦਾ ਹੈ। ਐੱਸ.ਐੱਮ.ਸੀਜ਼. ਦੁਆਰਾ ਸਕੂਲਾਂ ਅਤੇ ਭਾਈਚਾਰਿਆਂ ਨੂੰ ਨੇੜੇ ਲਿਆਉਣ ਅਤੇ ਉਹਨਾਂ ਨੂੰ ਹਿੱਸਾ ਲੈਣ ਲਈ ਉਤਸ਼ਾਹਿਤ ਕਰਨਾ ਇੱਕ ਮੁਸ਼ਕਲ ਕੰਮ ਹੋ ਸਕਦਾ ਹੈ- ਜਿਸ ਲਈ ਸੂਝ ਅਤੇ ਪਹਿਲਕਦਮੀ ਦੀ ਲੋੜ ਹੁੰਦੀ ਹੈ। ਇਸ ਐੱਸ.ਐੱਮ.ਸੀਜ਼. ਸਮਰੱਥਾ-ਨਿਰਮਾਣ ਪਹਿਲਕਦਮੀ ਦੇ ਮਾਧਿਅਮ ਨਾਲ, ਸਕੂਲ ਸਿੱਖਿਆ ਵਿਭਾਗ, ਪੰਜਾਬ ਨੇ ਸਕੂਲਾਂ ਅਤੇ ਭਾਈਚਾਰਿਆਂ ਦਰਮਿਆਨ ਭਾਈਵਾਲੀ ਨੂੰ ਉਤਸਾਹਿਤ ਕਰਨ ਲਈ ਅਨੇਕਾਂ ਕਦਮ ਚੁੱਕੇ ਹਨ। ਸਕੂਲੀ ਸਿੱਖਿਆ ਦੀ ਕਾਇਆ ਕਲਪ ਕਰਨ ਵਾਲਾ ਪੰਜਾਬ ਮਾਡਲ ਵਿਕਾਸ ਵਿੱਚ ਦੂਰਅੰਦੇਸ਼ੀ ਅਤੇ ਅਗਵਾਈ ਦੀ ਮਿਸਾਲ ਮੰਨਿਆ ਜਾ ਰਿਹਾ ਹੈ। ਹਾਲ ਹੀ ਦੇ ਸਮੇਂ ਵਿੱਚ, ਪੰਜਾਬ ਦੇ ਸਰਕਾਰੀ ਸਕੂਲਾਂ ਨੇ ਨੈਸ਼ਨਲ ਅਚੀਵਮੈਂਟ ਸਰਵੇ ਦੇ ਰਾਜ-ਵਾਰ ਮੁਲਾਂਕਣ ਵਿੱਚ ਪ੍ਰਭਾਵਸ਼ਾਲੀ ਪ੍ਰਦਰਸ਼ਨ ਦਿਖਾਇਆ ਹੈ। ਸਕੂਲ ਆਫ ਐਮੀਨੈਂਸ ਦੀ ਸਥਾਪਨਾ, ਮਿਸ਼ਨ 100%, ਮਿਸ਼ਨ ਸਮਰਥ, ਮਿਸ਼ਨ ਸਮਰਾਥ ਅਤੇ ਐਜੂਸੈੱਟ ਵਰਗੀਆਂ ਪਹਿਲਕਦਮੀਆਂ ਨੇ ਪੰਜਾਬ ਵਿੱਚ ਸਕੂਲੀ ਸਿੱਖਿਆ ਦੇ ਸੁਧਾਰ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਹੈ। ਮਾਪਿਆਂ ਅਤੇ ਭਾਈਚਾਰੇ ਨਾਲ ਮਜਬੂਤ ਸਬੰਧ ਸਥਾਪਤ ਕਰਨਾ ਪੰਜਾਬ ਸਰਕਾਰ ਦੇ ਤਰਜੀਹੀ ਪਹਿਲੂਆਂ ਵਿੱਚੋਂ ਇੱਕ ਹੈ। ਇਸ ਸਬੰਧੀ ਸਕੂਲ ਸਿੱਖਿਆ ਵਿਭਾਗ, ਪੰਜਾਬ ਨੇ ਮਈ 2023 ਵਿੱਚ ਮੈਗਾ ਪੀ.ਟੀ.ਐਮ. ਅਤੇ ਇੱਕ ਰਾਜ ਵਿਆਪੀ ਸਕੂਲ ਪ੍ਰਬੰਧਨ ਕਮੇਟੀ (ਐਸ.ਐਮ.ਸੀ.) ਗਠਨ ਪ੍ਰਕਿਰਿਆ ਵਰਗੀਆਂ ਪਹਿਲਕਦਮੀਆਂ ਕੀਤੀਆਂ, ਜਿਸ ਵਿੱਚ ਸੂਬੇ ਦੇ ਲਗਭਗ 19000 ਸਰਕਾਰੀ ਸਕੂਲਾਂ ਵਿੱਚ ਐੱਸ.ਐੱਮ.ਸੀਜ਼. ਦਾ ਗਠਨ ਕੀਤਾ ਗਿਆ। ਇਸ ਪ੍ਰਕਿਰਿਆ ਦੌਰਾਨ ਇੱਕ ਇਤਿਹਾਸਕ ਕਦਮ ਵਿੱਚ, ਸਕੂਲ ਸਿੱਖਿਆ ਵਿਭਾਗ, ਪੰਜਾਬ ਨੇ ਸੂਬਾ ਭਰ ਦੀਆਂ ਸਾਰੀਆਂ ਐੱਸ.ਐੱਮ.ਸੀਜ਼. ਵਿੱਚ ਇੱਕ ਵਿਦਿਆਰਥੀ ਨੂੰ ਸ਼ਾਮਲ ਕਰਨਾ ਲਾਜ਼ਮੀ ਕੀਤਾ ਹੈ।

ਚਰਚਿਤ ਕੁਮਾਰ, ਆਈ.ਐਫ.ਐਸ. ਵਿਸ਼ੇਸ਼ ਸਕੱਤਰ, ਸਕੂਲ ਸਿੱਖਿਆ ਨੇ ਕਿਹਾ ਕਿ ਸਿੱਖਿਆ ਦਾ ਅਧਿਕਾਰ (ਆਰ.ਟੀ.ਈ.) ਐਕਟ ਦੀ ਧਾਰਾ 21 ਤਹਿਤ ਦੇਸ਼ ਭਰ ਦੇ ਹਰ ਸਰਕਾਰੀ ਸਕੂਲ ਵਿੱਚ ਸਕੂਲ ਪ੍ਰਬੰਧਨ ਕਮੇਟੀਆਂ (ਐਸ.ਐਮ.ਸੀਜ਼.) ਦਾ ਗਠਨ ਲਾਜ਼ਮੀ ਹੈ। ਐਸ.ਐਮ.ਸੀਜ਼. ਮਾਪਿਆਂ, ਵਿਦਿਆਰਥੀਆਂ, ਅਧਿਆਪਕਾਂ, ਸਕੂਲ ਮੁਖੀਆਂ ਅਤੇ ਸਥਾਨਕ ਸਰਕਾਰਾਂ ਦੇ ਪ੍ਰਤੀਨਿਧੀਆਂ ਲਈ ਇਕੱਠੇ ਹੋਣ ਅਤੇ ਸਕੂਲ ਦੇ ਵਿਕਾਸ ਸਬੰਧੀ ਮੁੱਦਿਆਂ 'ਤੇ ਕੰਮ ਕਰਨ ਲਈ ਇੱਕ ਪਲੇਟਫਾਰਮ ਹਨ।

# ਜਗਮੋਹਨ ਨਰੂਲਾ, ਭਾਵੇਸ਼ ਧਵਨ ਤੇ ਰਮਨ ਸੈਣੀ ਜਨਰਲ ਸਕੱਤਰ ਨਿਯੁਕਤ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)**-ਜਿਲ੍ਹਾ ਭਾਜਪਾ ਵੱਲੋਂ ਜਾਰੀ ਪ੍ਰੈਸ ਨੋਟ ਵਿੱਚ ਜ਼ਿਲ੍ਹਾ ਪ੍ਰਧਾਨ ਨਿਪੁਨ ਸ਼ਰਮਾ ਨੇ ਦੱਸਿਆ ਕਿ ਜਥੇਬੰਦੀ ਨੂੰ ਮਜ਼ਬੂਤ ਕਰਨ ਲਈ ਵਿਧਾਨ ਸਭਾ ਹਲਕਾ ਹੁਸ਼ਿਆਰਪੁਰ ਦੇ ਪੂਰਬੀ ਮੰਡਲ ਦੇ ਪ੍ਰਧਾਨ ਪ੍ਰੇਮ ਬਜਾਜ ਨੇ ਜ਼ਿਲ੍ਹਾ ਭਾਜਪਾ ਇੰਚਾਰਜ ਰਾਕੇਸ਼ ਸ਼ਰਮਾ ਨਾਲ ਵਿਚਾਰ ਵਟਾਂਦਰਾ ਕਰਨ ਉਪਰੰਤ ਅਹੁਦੇਦਾਰਾਂ ਦੀ ਸੂਚੀ ਜਾਰੀ ਕਰ ਦਿੱਤੀ ਹੈ।ਜਿਸ ਵਿੱਚ ਪਿੰਕੀ ਸੂਦ, ਜੀਵਨ ਵਾਲੀਆ, ਹੇਮਰਾਜ, ਵਿਸ਼ਾਲ ਵਰਮਾ, ਪੰਕਜ ਸੂਰੀ, ਰਵੀਕਾਂਤ ਭੱਲਾ, ਐਡਵੋਕੇਟ ਗੌਰਵ ਗਰਗ, ਯਸ਼ੂ ਜੈਨ ਨੂੰ ਉਪ ਪ੍ਰਧਾਨ, ਜਗਮੋਹਨ ਨਰੂਲਾ, ਭਾਵੇਸ਼ ਧਵਨ, ਰਮਨ ਸੈਣੀ ਨੂੰ ਜਨਰਲ ਸਕੱਤਰ ਨਿਯੁਕਤ ਕੀਤਾ ਗਿਆ।ਇਸ ਦੇ ਨਾਲ ਹੀ ਮੀਨਾਕਸ਼ੀ ਸਰਦਾਨਾ, ਪਰਵਿੰਦਰ ਬਜਾਜ, ਸੁਸ਼ੀਲ ਕੁਮਾਰ, ਨਰੇਸ਼ ਬਿੱਲਾ, ਸਤਿੰਦਰ ਸ਼ਰਮਾ, ਸਤੀਸ਼ ਸ਼ਰਮਾ ਨੂੰ ਸਕੱਤਰ ਨਿਯੁਕਤ ਕੀਤਾ ਗਿਆ।ਸਤਪਾਲ ਗਰਿਲ ਨੂੰ ਪ੍ਰੈਸ ਸਕੱਤਰ, ਸੰਨੂ ਜੋਸ਼ੀ ਨੂੰ ਪ੍ਰੈਸ ਦਫ਼ਤਰ ਸਕੱਤਰ, ਕਮਲ ਕੈਂਥ ਨੂੰ ਸੋਸ਼ਲ ਮੀਡੀਆ ਇੰਚਾਰਜ ਨਿਯੁਕਤ ਕੀਤਾ ਗਿਆ ਹੈ। ਇਸ ਦੇ ਨਾਲ ਹੀ ਫਰੰਟ ਨਿਯੁਕਤੀਆਂ ਵਿਚ ਕਮਲ ਸੈਣੀ ਨੂੰ ਯੁਵਾ ਮੋਰਚਾ, ਕਵਿਤਾ ਜੋਸ਼ੀ ਨੂੰ ਮਹਿਲਾ ਮੋਰਚਾ, ਗੁਰਚਰਨ ਸਿੰਘ ਕੰਗ ਨੂੰ ਕਿਸਾਨ ਮੋਰਚਾ ਦਾ ਮੁਖੀ, ਅਵਿਨਾਸ਼ ਕੁਮਾਰ ਨੂੰ ਐਸ.ਸੀ ਮੋਰਚਾ ਦਾ ਮੁਖੀ ਅਤੇ ਸੁਰਿੰਦਰ ਕੁਮਾਰ ਜੱਜੂ ਨੂੰ ਬੀ.ਸੀ ਮੋਰਚਾ ਦਾ ਮੁਖੀ ਨਿਯੁਕਤ ਕੀਤਾ ਗਿਆ ਹੈ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਨਿਪੁਨ ਸ਼ਰਮਾ ਨੇ ਸਮੂਹ ਨਵ-ਨਿਯੁਕਤ ਮੰਡਲ ਅਧਿਕਾਰੀਆਂ ਨੂੰ ਵਧਾਈ ਦਿੱਤੀ ਅਤੇ ਪਾਰਟੀ ਅਤੇ ਸੰਗਠਨ ਦੀ ਮਜ਼ਬੂਤੀ ਲਈ ਬੂਥ ਪੱਧਰ 'ਤੇ ਕੰਮ ਕਰਨ ਦੀ ਅਪੀਲ ਕੀਤੀ ।

# ਪ੍ਰਧਾਨ ਮੰਤਰੀ ਨੇ ਦਿਵਆਂਗਜਨ ਦੇ ਜੀਵਨ 'ਚ ਬਦਲਾਅ ਲਿਆਉਣ ਦਾ ਕੀਤਾ ਕੰਮ : ਜੇ ਪੀ ਦਲਾਲ

**ਚੰਡੀਗੜ੍ਹ, (ਕ੍ਰਿਸ਼ਨ ਗਰਗ)** - ਸੂਬੇ ਦੇ ਖੇਤੀਬਾੜੀ ਅਤੇ ਪਸ਼ੂ ਪਾਲਣ ਮੰਤਰੀ ਜੇ ਪੀ ਦਲਾਲ ਨੇ ਕਿਹਾ ਹੈ ਕਿ ਸੀਨੀਅਰ ਨਾਗਰਿਕ ਸਾਡੇ ਸਮਾਜ ਦੀ ਰੀੜ੍ਹ ਹਨ।ਉਨ੍ਹਾਂ ਨੂੰ ਮਜ਼ਬੂਤੀ ਦੇਣਾ ਸਾਡੀ ਸਾਰਿਆਂ ਦੀ ਜ਼ਿੰਮੇਵਾਰੀ ਹੈ।ਉਨ੍ਹਾਂ ਨੂੰ ਸਮੇਂ ਦੇ ਨਾਲ ਵੱਧ ਸਨਮਾਨ ਅਤੇ ਦੇਖਭਾਲ ਦੀ ਜ਼ਰੂਰਤ ਹੁੰਦੀ ਹੈ।ਉਨ੍ਹਾਂ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦਿਵਆਂਗਾਂ ਨਾਂਅ ਦੇ ਕੇ ਦਿਵਆਂਗਜਨ ਦੇ ਜੀਵਨ ਵਿੱਚ ਬਦਲਾਅ ਲਿਆਉਣ ਦਾ ਕੰਮ ਕੀਤਾ ਹੈ।ਜ਼ਿਲ੍ਹਾ ਭਿਵਾਨੀ 'ਚ ਕੋਈ ਵੀ ਜ਼ਰੂਰਤਮੰਦ ਸੀਨੀਅਰ ਨਾਗਰਿਕ ਸਹਾਇਕ ਸਮੱਗਰੀ ਅਤੇ ਬਨਾਵਟੀ ਅੰਗ ਦੇ ਬਿਨ੍ਹਾਂ ਨਹੀਂ ਰਹਿਣ ਦਿੱਤਾ ਜਾਵੇਗਾ।ਰਾਜ ਸਰਕਾਰ ਦਿਵਆਂਗਾਂ ਤੇ ਸੀਨੀਅਰ ਨਾਗਰਿਕਾਂ ਦੇ ਸਨਮਾਨ ਅਤੇ ਉਨ੍ਹਾਂ ਨੂੰ ਸਮਾਜ ਦੀ ਮੁੱਖ ਧਾਰਾ ਵਿਚ ਸ਼ਾਮਲ ਕਰਨ ਦੇ ਲਈ ਲਗਾਤਾਰ ਕੰਮ ਕਰ ਰਹੀ ਹੈ।ਖੇਤੀਬਾੜੀ ਮੰਤਰੀ ਅਨਾਜ ਮੰਡੀ ਤੋਸ਼ਾਮ 'ਚ ਜ਼ਿਲ੍ਹਾ ਰੈਡਕ੍ਰਾਸ ਸੋਸਾਇਟੀ ਵੱਲੋਂ ਪ੍ਰਬੰਧਿਤ ਪ੍ਰੋਗ੍ਰਾਮ ਵਿਚ ਸੀਨੀਅਰ ਸਿਟੀਜਨ ਨੂੰ ਸਹਾਇਕ ਸਮੱਗਰੀ ਵੰਡ ਸਮਾਰੋਹ ਵਿਚ ਬੋਲ ਰਹੇ ਸਨ। ਇਸ ਮੌਕੇ ਡਿਪਟੀ ਕਮਿਸ਼ਨਰ ਨਰੇਸ਼ ਨਰਵਾਲ ਵੀ ਮੌਜੂਦ ਰਹੇ। ਇਸ ਮੌਕੇ ਬਲਾਕ ਤੋਸ਼ਾਮ, ਬਵਾਨੀਖੇੜਾ ਤੇ ਭਿਵਾਨੀ ਦੇ 388 ਲਾਭਕਾਰਾਂ ਨੂੰ 46 ਲੱਖ ਤੋਂ ਵੱਧ ਦੀ ਰਕਮ ਦੇ 26 ਸੌ ਤੋਂ ਵੱਧ ਸਮੱਗਰੀਆਂ ਵੰਡੀਆਂ।

ਖੇਤੀਬਾੜੀ ਮੰਤਰੀ ਜੇ ਪੀ ਦਲਾਲ ਨੇ ਕਿਹਾ ਕਿ ਮੋਦੀ ਸਰਕਾਰ ਨੇ ਦਿਵਆਂਗਜਨਾਂ ਅਤੇ ਬਜ਼ੁਰਗਾਂ ਦੇ ਸਨਮਾਨ ਅਤੇ ਉਨ੍ਹਾਂ ਦੇ ਜੀਵਨ ਨੂੰ ਬਿਹਤਰ ਬਨਾਉਣ ਲਈ ਅਨੇਕ ਕਦਮ ਚੁੱਕੇ ਹਨ। ਉਨ੍ਹਾਂ ਨੇ ਕਿਹਾ ਕਿ ਲੋਕਤੰਤਰ ਵਿਚ ਜਨਤਾ ਮਾਲਿਕ ਹੈ ਅਤੇ ਅਸੀਂ ਸੇਵਕ ਹਾਂ। ਹੁਣ ਪਹਿਲਾਂ ਵਾਲੀ ਨਾਕਸਿਕਤਾ ਨਹੀਂ ਰਹੀ। ਸਰਕਾਰ ਨੇ ਵਿਵਸਥਾ ਬਦਲਣ ਦਾ ਕੰਮ ਕੀਤਾ ਹੈ।

# ਇਨਸਾਫ 'ਚ ਦੇਰ ਹੋਣਾ ਵੀ ਇੱਕ ਤਰ੍ਹਾਂ ਅਨਿਆਂ-ਡੌਫਿਨ ਘੋਤਰਾ



**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ )**- ਲਾਇਨਜ਼ ਕਲੱਬ ਨੂਰਮਹਿਲ ਡ੍ਰੀਮ ਦੀ ਮਹਿਲਾ ਪ੍ਰਧਾਨ ਲਾਇਨ ਸੋਮਿਨਾਂ ਸੰਧੂ ਨੇ ਆਪਣੇ ਕਲੱਬ ਦੇ ਅਫ਼ਸਰਾਂ ਨੂੰ ਨਾਲ ਲੈ ਕੇ ਨਵ ਨਿਯੁਕਤ ਮਹਿਲਾ ਜੱਜ ਡੌਫਿਨ ਘੋਤਰਾ ਨੂੰ ਨਵੇਂ ਸਾਲ 2024 ਦੇ ਲਈ ਆਪਣੀਆਂ ਸ਼ੁੱਭਕਾਮਨਾਵਾਂ ਪੇਸ਼ ਕੀਤੀਆਂ। ਜੱਜ ਦੇ ਪਿਤਾ ਦਲਜੀਤ ਸਿੰਘ ਲਾ- ਇੰਸਪੈਕਟਰ ਅਤੇ ਉਹਨਾਂ ਦੀ ਮਾਤਾ ਸ਼੍ਰੀਮਤੀ ਅਮਨਪ੍ਰੀਤ ਕੌਰ ਨੇ ਸਮੂਹ ਮੈਂਬਰਾਂ ਦਾ ਭਰਭੂਰ ਸਵਾਗਤ ਕੀਤਾ।

ਜੱਜ ਡੌਫਿਨ ਘੋਤਰਾ ਨੇ ਕਿਹਾ ਕਿ ਉਹਨਾਂ ਦੇ ਮਾਤਾ ਪਿਤਾ ਦਾ ਸੁਪਨਾ ਹੈ ਕਿ ਲੋਕਾਂ ਨੂੰ ਇਨਸਾਫ ਮਿਲਣ ਵਿੱਚ ਦੇਰ ਨਾ ਹੋਵੇ ਕਿਉਂਕਿ ਇਨਸਾਫ ਹੋਣ ਵਿੱਚ ਦੇਰ ਹੋਣਾ ਵੀ ਇੱਕ ਤਰ੍ਹਾਂ ਅਨਿਆਂ ਹੈ, ਸੋ ਉਹ ਆਪਣੇ ਮਾਪਿਆਂ ਦਾ ਇਹ ਸੁਪਨਾ ਜ਼ਰੂਰ ਪੂਰਾ ਕਰੇਗੀ।ਇਸ ਮੌਕੇ ਕਲੱਬ ਦੇ ਚਾਰਟਰ ਪ੍ਰਧਾਨ ਲਾਇਨ ਅਸ਼ੋਕ ਸੰਧੂ ਨੰਬਰਦਾਰ ਨੂਰਮਹਿਲ ਅਤੇ ਜ਼ਿਲ੍ਹਾ ਪ੍ਰਧਾਨ ਨੰਬਰਦਾਰ ਯੂਨੀਅਨ ਜ਼ਿਲ੍ਹਾ ਜਲੰਧਰ, ਲਾਇਨ ਆਂਚਲ ਸੰਧੂ ਸੋਖਲ ਸੈਕੰਡ ਮੀਤ ਪ੍ਰਧਾਨ, ਲਾਇਨ ਬਬਿਤਾ ਸੰਧੂ ਕੋਆਰਡੀਨੇਟਰ, ਲਾਇਨ ਦਿਨਕਰ ਸੰਧੂ ਪੀ.ਆਰ.ਓ ਤੋਂ ਇਲਾਵਾ ਗੋਰਾਇਆ ਪੱਤਰਕਾਰ ਐਸੋਸ਼ੀਏਸ਼ਨ ਦੇ ਪ੍ਰਧਾਨ ਪੱਤਰਕਾਰ ਮੁਨੀਸ਼ ਬਾਵਾ, ਗੌਰਵ ਜੈਰੱਥ, ਹਰੀਸ਼ ਕਰਵਲ ਮੌਜੂਦ ਸਨ।

# ਲੋਕਾਂ ਨੂੰ ਮੁਫ਼ਤ ਸਿਖਲਾਈ ਪ੍ਰਦਾਨ ਕਰ ਰਹੀਆਂ 52 ਯੋਗ ਕਲਾਸਾਂ

**ਜਲੰਧਰ, (ਸ਼ੈਲੀ ਐਲਬਰਟ)**-ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ ਲੋਕਾਂ ਨੂੰ ਆਪਣੀ ਸਰੀਰਿਕ ਤੇ ਮਾਨਸਿਕ ਸਿਹਤ ਨੂੰ ਬਿਹਤਰ ਬਣਾਉਣ ਲਈ ਸੀ.ਐਮ. ਦੀ ਯੋਗਸ਼ਾਲਾ ਪ੍ਰੋਗਰਾਮ ਵਿੱਚ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਸ ਪ੍ਰਾਚੀਨ ਸਰੀਰਕ ਤਕਨੀਕ ਦਾ ਲਾਭ ਲੋਕਾਂ ਦੀਆਂ ਬਰੂਹਾਂ 'ਤੇ ਪਹੁੰਚਾਉਣ ਲਈ 52 ਯੋਗ ਕਲਾਸਾਂ ਚਲਾਈਆਂ ਜਾ ਰਹੀਆਂ ਹਨ ਅਤੇ 10 ਤੋਂ ਵੱਧ ਯੋਗ ਇੰਸਟ੍ਰਕਟਰਾਂ ਵੱਲੋਂ ਭਾਗੀਦਾਰਾਂ ਨੂੰ ਮੁਫ਼ਤ ਯੋਗ ਸਿਖਲਾਈ ਪ੍ਰਦਾਨ ਕੀਤੀ ਜਾ ਰਹੀ ਹੈ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹ ਕਲਾਸਾਂ ਜ਼ਿਲ੍ਹੇ ਵਿੱਚ ਪਾਰਕਾਂ, ਰਿਹਾਇਸ਼ੀ ਸੁਸਾਇਟੀਆਂ, ਇਨਡੋਰ ਸਟੇਡੀਅਮਾਂ ਤੋਂ ਇਲਾਵਾ ਕਈ ਥਾਵਾਂ 'ਤੇ ਚਲਾਈਆਂ ਜਾ ਰਹੀਆਂ ਹਨ।ਉਨ੍ਹਾਂ ਕਿਹਾ ਕਿ ਮੁਫ਼ਤ ਯੋਗ ਕਲਾਸਾਂ ਦਾ ਲਾਭ ਲੈਣ ਲਈ ਲੋਕ 7669400500 'ਤੇ ਮਿਸ ਕਾਲ ਦੇ ਸਕਦੇ ਹਨ ਜਾਂ ਸੀ.ਐਮ.ਦੀ ਯੋਗਸ਼ਾਲਾ ਪੋਰਟਲ cmdiyogshala.punjab.gov.in 'ਤੇ ਰਜਿਸਟਰ ਕੀਤਾ ਜਾ ਸਕਦਾ ਹੈ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਲੋਕਾਂ ਦਾ ਸਮੂਹ ਜੇਕਰ ਆਪਣੇ ਮੁਹੱਲੇ ਜਾਂ ਕਾਲੋਨੀ ਵਿੱਚ ਯੋਗ ਕਲਾਸਾਂ ਲਵਾਉਣਾ ਚਾਹੁੰਦਾ ਹੈ, ਤਾਂ ਉਹ ਇਸ ਸਹੂਲਤ ਲਈ ਦਿੱਤੇ ਗਏ ਫ਼ੋਨ ਨੰਬਰ 'ਤੇ ਮਿਸ ਕਾਲ ਦੇ ਸਕਦੇ ਹਨ।

# ਆਂਗਨਵਾੜੀ ਵਰਕਰ ਤੇ ਹੈਲਪਰ ਸਨਮਾਨਤ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਊਰਜਾ ਮੰਤਰੀ ਰਣਜੀਤ ਸਿੰਘ ਨੇ ਸੋਮਵਾਰ ਨੂੰ ਜ਼ਿਲ੍ਹਾ ਸਿਰਸਾ ਦੇ ਪਿੰਡ ਪੰਨੀਵਾਲਾ ਮੋਟਾ ਵਿਚ ਪ੍ਰਬੰਧਿਤ ਆਂਗਨਵਾੜੀ ਵਰਕਰ ਸਨਮਾਨ ਸਮਾਰੋਹ ਵਿਚ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ। ਉਨ੍ਹਾਂ ਨੇ ਸ੍ਰੀ ਕਬੀਰ ਧਰਮਸ਼ਾਲਾ ਨਵੇਂ ਨਿਰਮਾਣਤ ਭਵਨ ਦਾ ਉਦਘਾਟਨ ਕਰ ਗ੍ਰਾਮੀਣਾਂ ਨੂੰ ਸਮਰਪਿਤ ਕੀਤਾ। ਪ੍ਰੋਗ੍ਰਾਮ ਵਿਚ ਪਿੰਡ ਦੀ ਆਂਗਨਵਾੜੀ ਵਰਕਸ ਤੇ ਹੈਲਪਰ ਨੂੰ ਸਨਮਾਨਿਤ ਕੀਤਾ।

ਰਣਜੀਤ ਸਿੰਘ ਨੇ ਕਿਹਾ ਕਿ ਮਹਿਲਾਵਾਂ ਦੇ ਉਥਾਨ ਲਈ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵੱਲੋਂ ਪ੍ਰਧਾਨ ਮੰਤਰੀ ਮਾਤਰਤਵ ਵੰਦਨਾ ਯੋਜਨਾ ਵਰਗੀ ਭਲਾਈਕਾਰੀ ਯੋਜਨਾਵਾਂ ਲਾਗੂ ਕੀਤੀ ਜਾ ਰਹੀਆਂ ਹਨ। ਮੁੱਖ ਮੰਤਰੀ ਮਨੋਹਰ ਲਾਲ ਵੀ ਸੂਬੇ ਵਿਚ ਦਲਿਤ, ਪਿਛੜੇ ਤੇ ਵਾਂਝੇ ਸਮਾਜ ਦੇ ਲਈ ਅੰਤੋਂਦੇਯ ਦੀ ਭਵਾਨਾ ਦੇ ਨਾਲ ਕੰਮ ਕਰ ਰਹੇ ਹਨ। ਪਰਿਵਾਰ ਪਹਿਚਾਣ ਪੱਤਰ ਰਾਹੀਂ ਗਰੀਬਾਂ ਨੂੰ ਅਨੇਕਾਂ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ। ਆਨਲਾਇਨ ਸਰਵਿਸ ਨਾਲ ਸੱਭ ਤੋਂ ਵੱਧ ਗਰੀਬਾਂ ਨੂੰ ਫਾਇਦਾ ਪਹੁੰਚ ਰਿਹਾ ਹੈ, ਉਨ੍ਹਾਂ ਨੇ ਘਰ ਬੈਠੇ ਹੀ ਰਾਸ਼ਨ ਕਾਰਡ, ਪੈਂਸ਼ਨ ਆਦਿ ਲਾਭ ਮਿਲ ਰਹੇ ਹਨ।

ਉਨ੍ਹਾਂ ਨੇ ਕਿਹਾ ਕਿ ਮੌਜੂਦਾ ਸਰਕਾਰ ਨੇ ਭ੍ਰਿਸ਼ਟਾਚਾਰ 'ਤੇ ਰੋਕ ਲਗਾਉਣ ਦੇ ਕੰਮ ਕੀਤੇ ਹਨ ਅਤੇ ਪੂਰੇ ਸੂਬੇ ਵਿਚ ਬਿਨ੍ਹਾਂ ਭੇਦਭਾਵ ਦੇ ਵਿਕਾਸ ਕੰਮ ਕਰਵਾਏ ਜਾ ਰਹੇ ਹਨ। ਸ਼ਹਿਰਾਂ ਦੀ ਤਰਜ 'ਤੇ ਪਿੰਡਾਂ ਵਿਚ ਵੀ ਵਿਕਾਸ ਕੰਮ ਕਰਵਾਏ ਜਾ ਰਹੇ ਹਨ। ਗਰੀਬ ਦਾ ਅਧਿਕਾਰ ਗਰੀਬ ਨੂੰ ਹੀ ਮਿਲੇ, ਇਸ ਦੇ ਤਮਾਮ ਯਤਲ ਕੀਤੇ ਜਾ ਰਹੇ ਹਨ। ਆਯੂਸ਼ਮਾਨ ਭਾਰਤ ਯੋਜਨਾ ਰਾਹੀਂ ਜ਼ਰੂਰਤਮੰਦ ਲੋਕਾਂ ਦਾ ਇਲਾਜ ਕੀਤਾ ਜਾ ਰਿਹਾ ਹੈ। ਇਸ ਮੌਕੇ 'ਤੇ ਕਈ ਮਾਣਯੋਗ ਮਹਿਮਾਨ ਮੌਜੂਦ ਰਹੇ।

# ਅੰਬੇਡਕਰ ਮਿਸ਼ਨ ਸੁਸਾਇਟੀ ਪੰਜਾਬ ਦੀ ਨਵੀਂ ਬਾਡੀ ਦੀ ਚੋਣ 11 ਫਰਵਰੀ ਨੂੰ



**ਜਲੰਧਰ ( ਰਾਜੇਸ ਥਾਪਾ )**: ਅੰਬੇਡਕਰ ਮਿਸਨ ਸੁਸਾਇਟੀ ਪੰਜਾਬ (ਰਜਿ.) ਦੇ ਜਨਰਲ ਸਕੱਤਰ ਬਲਦੇਵ ਰਾਜ ਭਾਰਦਵਾਜ ਨੇ ਜਾਰੀ ਇੱਕ ਪ੍ਰੈਸ ਬਿਆਨ ਵਿੱਚ ਕਿਹਾ ਕਿ ਅੰਬੇਡਕਰ ਮਿਸਨ ਸੁਸਾਇਟੀ ਦੀ ਮੀਟਿੰਗ ਸੁਸਾਇਟੀ ਦੇ ਪ੍ਰਧਾਨ ਸੋਹਨ ਲਾਲ ਸਾਬਕਾ ਡੀਪੀਆਈ (ਕਾਲਜਾਂ) ਦੀ ਪ੍ਰਧਾਨਗੀ ਹੇਠ ਅੰਬੇਡਕਰ ਭਵਨ, ਜਲੰਧਰ ਵਿਖੇ ਹੋਈ। ਮੀਟਿੰਗ ਵਿੱਚ ਬਹੁਤ ਅਹਿਮ ਫੈਸਲੇ ਲਏ ਗਏ। ਭਾਰਦਵਾਜ ਨੇ ਕਿਹਾ ਕਿ ਮੀਟਿੰਗ ਵਿੱਚ 11 ਫਰਵਰੀ 2024 ਨੂੰ ਸੁਸਾਇਟੀ ਦਾ ਜਨਰਲ ਇਜਲਾਸ ਬੁਲਾ ਕੇ ਨਵੀਂ ਬਾਡੀ ਦੀ ਚੋਣ ਕਰਨ ਦਾ ਫੈਸਲਾ ਲਿਆ ਗਿਆ। ਸੁਸਾਇਟੀ ਦੇ ਨਵੇਂ ਮੈਂਬਰ 4 ਫਰਵਰੀ ਤੱਕ ਬਣ ਸਕਣਗੇ ਅਤੇ ਪੁਰਾਣੇ ਮੈਂਬਰਾਂ ਦੀ ਮੈਂਬਰਸ਼ਿਪ ਦਾ ਨਵੀਨੀਕਰਨ 11 ਫਰਵਰੀ ਸਵੇਰੇ 11 ਵਜੇ ਤੱਕ ਹੋਵੇਗਾ। ਉਹਨਾਂ ਦੱਸਿਆ ਕਿ ਸੁਸਾਇਟੀ ਦੀ ਚੋਣ ਵਿੱਚ ਉਹੀ ਮੈਂਬਰ ਭਾਗ ਲੈ ਸਕਣਗੇ ਜ਼ਿਨ੍ਹਾਂ ਦੀ ਨਵੀਂ ਮੈਂਬਰਸ਼ਿਪ 4 ਫਰਵਰੀ ਤੱਕ ਹੋਈ ਹੋਵੇਗੀ ਜਾਂ ਜਿਨ੍ਹਾਂ ਮੈਂਬਰਾਂ ਦੀ ਮੈਂਬਰਸ਼ਿਪ ਦਾ ਨਵੀਨੀਕਰਨ 11 ਫਰਵਰੀ ਨੂੰ 11 ਵਜੇ ਤੱਕ ਹੋ ਚੁੱਕਾ ਹੋਵੇਗਾ। ਮੀਟਿੰਗ ਵਿੱਚ ਸਰਬ ਸੰਮਤੀ ਨਾਲ ਐਡਵੋਕੇਟ ਹਰਭਜਨ ਦਾਸ ਸਾਂਪਲਾ ਨੂੰ ਚੋਣ ਅਧਿਕਾਰੀ ਨਿਯੁਕਤ ਕੀਤਾ ਗਿਆ ਜੋ ਸੁਸਾਇਟੀ ਦੀ ਚੋਣ 11 ਫਰਵਰੀ ਨੂੰ ਕਰਵਾਉਣਗੇ । ਸੁਸਾਇਟੀ ਦੁਆਰਾ ਉਹਨਾਂ 500 ਮਹਾਰ ਸੈਨਿਕਾਂ ਦੀ ਬਹਾਦਰੀ ਦੀ ਤਾਰੀਫ ਕੀਤੀ ਗਈ ਜਿਨ੍ਹਾਂ ਨੇ ਭੀਮਾਕੋਰੇਗਾਓਂ ਵਿਖੇ 1 ਜਨਵਰੀ, 1818 ਕੋਰੇਗਾਓਂ ਦੀ ਲੜਾਈ ਵਿਚ ਮਰਾਠਾ ਪੇਸ਼ਵਾ ਬਾਜੀ ਰਾਓ ਦੀ ਫੌਜ ਦੇ 28 ਹਜਾਰ ਉੱਤਮ ਸੈਨਿਕਾਂ ਨੂੰ ਹਰਾ ਕੇ ਸ਼ੂਦਰਾਂ ਦੇ ਗਲਾਂ ਵਿੱਚੋਂ ਕੁੱਜੇ ਉਤਾਰੇ ਅਤੇ ਲੱਕ ਪਿੱਛੋਂ ਝਾੜੂ ਉਤਾਰ ਕੇ ਆਜਾਦੀ ਵਾਲਾ ਜੀਵਨ ਜੀਉਣ ਲਈ ਨੇਕ ਕਾਰਜ ਕੀਤਾ। ਮੀਟਿੰਗ ਵਿੱਚ ਦੇਸ਼ ਦੀ ਪਹਿਲੀ ਮਹਿਲਾ ਅਧਿਆਪਕ ਅਤੇ ਸਮਾਜ ਸੇਵਿਕਾ ਮਾਤਾ ਸਵਿਤਰੀ ਬਾਈ ਫੂਲੇ ਨੂੰ ਯਾਦ ਕਰਦਿਆਂ ਉਨ੍ਹਾਂ ਦੁਆਰਾ ਵਿਦਿਆ ਦੇ ਖੇਤਰ ਵਿਚ ਪਾਏ ਗਏ ਯੋਗਦਾਨ ਦੀ ਭਰਪੂਰ ਸ਼ਲਾਘਾ ਕੀਤੀ ਗਈ। ਮੈਡਮ ਸੁਦੇਸ਼ ਕਲਿਆਣ, ਪ੍ਰੋਫੈਸਰ ਬਲਬੀਰ, ਬਲਦੇਵ ਰਾਜ ਭਾਰਦਵਾਜ, ਜਸਵਿੰਦਰ ਵਰਿਆਣਾ, ਰਾਜਕੁਮਾਰ ਅਤੇ ਪਰਮਿੰਦਰ ਸਿੰਘ ਖੁੱਤਣ ਮੀਟਿੰਗ ਵਿੱਚ ਸ਼ਾਮਲ ਹੋਏ। ਮੀਟਿੰਗ ਦੀ ਸ਼ੁਰੂਆਤ ਤੋਂ ਪਹਿਲਾਂ ਅੰਬੇਡਕਰ ਮਿਸ਼ਨ ਸੁਸਾਇਟੀ ਪੰਜਾਬ (ਰਜਿ.) ਦੇ ਮੀਤ ਪ੍ਰਧਾਨ ਰਹੇ ਡਾ. ਰਵੀ ਕਾਂਤ ਪਾਲ, ਆਲ ਇੰਡੀਆ ਸਮਤਾ ਸੈਨਿਕ ਦਲ (ਰਜਿ) ਮਹਾਰਾਸ਼ਟਰ ਇਕਾਈ ਦੇ ਸਾਬਕਾ ਸੂਬਾ ਪ੍ਰਧਾਨ ਰਹੇ ਦਾਦਾ ਰਾਓ ਅੰਬਾਡੇ ਅਤੇ ਮਿਸ਼ਨਰੀ ਸਾਥੀ ਕੇ. ਡੀ. ਸਿੰਘ ਦੀ ਯਾਦ ਵਿੱਚ ਦੋ ਮਿੰਟ ਦਾ ਮੋਨ ਰੱਖ ਕੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਂਟ ਕੀਤੀ ਗਈ।

# ਮੋਨਾ ਕਲਾਂ ਵਿਖੇ ਫੁੱਟਬਾਲ, ਕਬੱਡੀ ਤੇ ਰੱਸਾਕਸ਼ੀ ਟੂਰਨਾਮੈਂਟ ਦੇ ਪੋਸਟਰ ਰਿਲੀਜ਼



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਦਸਮੇਸ਼ ਸਪੋਰਟਸ ਕਲੱਬ ਮੋਨਾ ਕਲਾਂ ਵੱਲੋਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਅਤੇ ਉਨ੍ਹਾਂ ਦੇ ਚਾਰ ਸਾਹਿਬਜ਼ਾਦਿਆਂ ਦੀ ਯਾਦ ਨੂੰ ਸਮਰਪਿਤ ਸਾਲਾਨਾ ਫੁੱਟਬਾਲ, ਕਬੱਡੀ ਤੇ ਰੱਸਾਕਸ਼ੀ ਦਾ ਟੂਰਨਾਮੈਂਟ ਐਨ.ਆਰ.ਆਈ. ਵੀਰਾਂ ਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਪਿੰਡ ਮੋਨਾ ਕਲਾਂ ਦੀ ਗਰਾਊਂਡ 'ਚ 18 ਤੋਂ 21 ਜਨਵਰੀ ਤੱਕ ਕਰਵਾਇਆ ਜਾ ਰਿਹਾ ਹੈ।ਟੂਰਨਾਮੈਂਟ ਦਾ ਪੋਸਟਰ ਜਾਰੀ ਕਰਨ ਮੌਕੇ ਕਲੱਬ ਪ੍ਰਧਾਨ ਕੁਲਦੀਪ ਸਿੰਘ ਮਾਣਕ ਨੇ ਦੱਸਿਆ ਕਿ 18 ਜਨਵਰੀ ਨੂੰ ਟੂਰਨਾਮੈਂਟ ਦਾ ਉਦਘਾਟਨ ਸਰਪੰਚ ਮਨਜੀਤ ਸਿੰਘ ਰਾਜਪੁਰ ਭਾਈਆਂ ਅਤੇ ਕਿਸਾਨ ਆਗੂ ਮਨਜੀਤ ਸਿੰਘ ਰਾਏ ਪ੍ਰਧਾਨ ਬੀ.ਕੇ.ਯੂ. ਦੋਆਬਾ ਵੱਲੋਂ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਟੂਰਨਾਮੈਂਟ ਦੇ ਆਖ਼ਰੀ ਦਿਨ ਮੁੱਖ ਮਹਿਮਾਨ ਵਜੋਂ ਹਲਕਾ ਵਿਧਾਇਕ ਡਾ: ਰਾਜ ਕੁਮਾਰ ਸ਼ਿਰਕਤ ਕਰਕੇ ਜੇਤੂ ਟੀਮਾਂ ਨੂੰ ਇਨਾਮਾਂ ਦੀ ਵੰਡ ਕਰਨਗੇ।ਮੈਚਾਂ ਦੀਆਂ ਐਂਟਰੀਆਂ 17 ਜਨਵਰੀ ਨੂੰ ਦੁਪਹਿਰ 12 ਵਜੇ ਤੋਂ 4 ਵਜੇ ਤੱਕ ਪਿੰਡ ਦੀ ਗਰਾਊਂਡ 'ਚ ਲਈਆਂ ਜਾਣਗੀਆਂ। 21 ਜਨਵਰੀ ਨੂੰ ਓਪਨ ਕਲੱਬ ਪੱਧਰ ਦੀਆਂ ਟੀਮਾਂ ਦੇ ਕਬੱਡੀ ਮੈਚ ਹੋਣਗੇ। ਇਸ ਮੌਕੇ ਵਾਈਸ ਪ੍ਰਧਾਨ ਮਨਦੀਪ ਸਿੰਘ, ਮਨਮਿੰਦਰ ਮੰਜੂ, ਗੁਰਜੀਤ ਸਿੰਘ ਗਿੱਲ, ਨੰਬਰਦਾਰ ਬਲਵੀਰ ਸਿੰਘ ਬਬਲਾ, ਸ਼ਾਮ ਸਿੰਘ, ਗੁਰਮੀਤ ਸਿੰਘ ਯੂ.ਐੱਸ.ਏ. ਆਦਿ ਹਾਜ਼ਰ ਸਨ।

# ਪੰਜਾਬ ਦੇ ਮੁਹੱਲਾ ਕਲੀਨਿਕਾਂ ਦੀ ਸੀ ਬੀ ਆਈ ਜਾਂਚ ਹੋਵੇ : ਤਰੁਣ ਚੁੱਘ

**ਚੰਡੀਗੜ੍ਹ ( ਗੁਰਜੀਤ ਬਿੱਲਾ )**: ਭਾਜਪਾ ਦੇ ਕੌਮੀ ਜਨਰਲ ਸਕੱਤਰ ਤਰੁਣ ਚੁੱਘ ਨੇ ਜਾਰੀ ਪ੍ਰੈਸ ਬਿਆਨ ਵਿੱਚ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਪੰਜਾਬ ਵਿੱਚ ਮੁਹੱਲਾ ਕਲੀਨਿਕਾਂ ਵਿੱਚ ਮਰੀਜਾਂ ਦੀ ਸਰਕਾਰੀ ਅੰਕੜਿਆਂ ਵਿੱਚ ਦਰਸਾਈ ਗਈ ਗਿਣਤੀ 'ਤੇ ਸਵਾਲ ਚੁਕਦੀਆਂ ਕਿਹਾ ਕਿ ਪੂਰੇ ਸੂਬੇ ਵਿੱਚ ਆਮ ਆਦਮੀ ਦੇ ਕਲੀਨਿਕਾਂ ਦਾ ਢਾਂਚਾ ਢਹਿ ਢੇਰੀ ਹੋ ਗਿਆ ਹੈ ਅਤੇ ਇਹ ਪੂਰੀ ਤਰਾਂ ਅਸਫਲ ਸਾਬਤ ਹੋਏ ਹਨ। ਉਨ੍ਹਾਂ ਕਿਹਾ ਕਿ ਇਹ ਭਗਵੰਤ ਮਾਨ ਸਰਕਾਰ ਵੱਲੋਂ ਚਲਾਇਆ ਜਾ ਰਿਹਾ ਇੱਕ ਰੈਕੇਟ ਹੈ ਜਿਸ ਦੀ ਜਾਂਚ ਦੀ ਲੋੜ ਹੈ। ਉਨ੍ਹਾਂ ਦੋਸ਼ ਲਾਇਆ ਕਿ ਵੱਡੀ ਗਿਣਤੀ ਵਿੱਚ ਲੋਕਾਂ ਦੇ ਫਰਜੀ ਪੈਥੋਲੋਜੀ ਅਤੇ ਰੇਡੀਓਲੌਜੀਕਲ ਟੈਸਟ ਕਰਵਾਏ ਜਾ ਰਹੇ ਹਨ। ਸੂਬੇ ਵਿੱਚ ਆਮ ਆਦਮੀ ਕਲੀਨਿਕਾਂ ਦੇ ਕੰਮਕਾਜ ਦੀ ਸੀਬੀਆਈ ਜਾਂਚ ਦੀ ਮੰਗ ਕਰਦੇ ਹੋਏ ਕਿਹਾ, "ਪੰਜਾਬ ਦੇ ਲੋਕਾਂ ਨੂੰ ਮੂਰਖ ਬਣਾਉਣ ਲਈ ਡਾਕਟਰੀ ਸੇਵਾਵਾਂ ਦਾ ਮੁਖੌਟਾ ਬਣਾਇਆ ਗਿਆ ਹੈ।" ਉਨ੍ਹਾਂ ਪੰਜਾਬ ਦੀ 'ਆਪ' ਸਰਕਾਰ ਦੀ ਸਿਹਤ ਸਹੂਲਤਾਂ ਦੇ ਮੁੱਦੇ 'ਤੇ ਪੂਰੇ ਸੂਬੇ ਨੂੰ ਗੁੰਮਰਾਹ ਕਰਨ ਲਈ ਸਖਤ ਨਿਖੇਧੀ ਕੀਤੀ । ਪੰਜਾਬ ਵਿਚ ਸਿਹਤ ਸਹੂਲਤਾਂ ਦੀ ਬਹੁਤ ਜਰੂਰਤ ਹੈ ਕਿਉਂਕਿ ਪੰਜਾਬ ਵਿੱਚ ਨਸ਼ਾ ਸਮੱਗਲਰਾਂ ਦੇ ਹੌਸਲੇ ਬੁਲੰਦ ਹੋਣ ਕਾਰਨ ਨਸ਼ੇ ਦੀ ਸਮੱਸਿਆ ਭਿਆਨਕ ਰੂਪ ਧਾਰਨ ਕਰ ਚੁੱਕੀ ਹੈ ਅਤੇ ਲੋਕ ਹੋਰ ਬਹੁਤ ਤਰ੍ਹਾਂ ਦੀਆਂ ਬਿਮਾਰੀਆਂ ਅਤੇ ਸਮੱਸਿਆਵਾਂ ਤੋਂ ਪ੍ਰੇਸ਼ਾਨ ਹਨ। ਭਗਵੰਤ ਮਾਨ ਸਰਕਾਰ ਕਲੀਨਿਕਾਂ ਵਿੱਚ ਆਉਣ ਵਾਲੇ ਮਰੀਜਾਂ ਦੀ ਗਿਣਤੀ ਨੂੰ ਲੈ ਕੇ ਲੋਕਾਂ ਸਾਹਮਣੇ ਗੁੰਮਰਾਹਕੁੰਨ ਅੰਕੜੇ ਪੇਸ਼ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਦਿੱਲੀ ਵਿੱਚ ਇਸ ਦੇ ਕੰਮਕਾਜ ਦੀ ਜਾਂਚ ਦੇ ਹੁਕਮ ਦੇ ਦਿੱਤੇ ਗਏ ਹਨ, ਪਰ ਹੁਣ ਸਮਾਂ ਆ ਗਿਆ ਹੈ ਕਿ ਪੰਜਾਬ ਦੇ ਲੋਕਾਂ ਨੂੰ ਇਸ ਕਰੂਰ ਮਜਾਕ ਤੋਂ ਸੁਚੇਤ ਹੋਣਾ ਚਾਹੀਦਾ ਹੈ ਜੋ ਕਿ ਭਗਵੰਤ ਮਾਨ ਸਰਕਾਰ ਵਲੋਂ ਸਿਹਤ ਸੇਵਾਵਾਂ ਦੇਣ ਦੇ ਨਾਂਅ 'ਤੇ ਪੰਜਾਬ ਦੇ ਲੋਕਾਂ ਨਾਲ ਕੀਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਤੋਂ ਪੰਜਾਬ ਦੇ ਲੋਕਾਂ ਦਾ ਮੋਹ ਭੰਗ ਹੋ ਚੁੱਕਾ ਹੈ । ਪੰਜਾਬੀ ਇਸ ਸਰਕਾਰ ਤੋਂ ਬਹੁਤ ਦੁਖੀ ਹਨ ।

# ਅਖੌਤੀ ਅਕਾਲੀ ਆਗੂਆਂ ਨੇ ਕਪਟੀ ਤੇ ਬਿਮਾਰ ਮਾਨਸਿਕਤਾ ਦਾ ਕੀਤਾ ਪ੍ਰਗਟਾਵਾ : ਸਿੰਗੜੀਵਾਲਾ



**ਮੇਹਟੀਆਣਾ ( ਜਗਤਾਰ ਸਿੰਘ ਭੁੰਗਰਨੀ )** ਅਖੌਤੀ ਅਕਾਲੀ ਆਗੂ ਬੰਟੀ ਰਮਾਣਾ, ਵਿਰਸਾ ਸਿੰਘ ਵਲਟੋਹਾ ਤੇ ਮਹੇਸ਼ ਇੰਦਰ ਸਿੰਘ ਗਰੇਵਾਲ ਆਦਿ ਵੱਲੋਂ ਸਾਬਕਾ ਪੁਲਸ ਅਧਿਕਾਰੀ ਬੀ ਪੀ ਤਿਵਾੜੀ ਨੇ ਸਿੰਘ ਸਾਹਿਬ ਭਾਈ ਗੁਰਦੇਵ ਸਿੰਘ ਕਾਂਉਕੇ ਨੂੰ ਕੋਹ ਕੋਹ ਕੇ ਸ਼ਹੀਦ ਕਰਨ ਦੀ ਉਸ ਵੇਲੇ ਇਮਾਨਦਾਰੀ ਨਾਲ ਤਿਆਰ ਕੀਤੀ ਅਤੇ ਜਨਤਕ ਹੋਈ ਰਿਪੋਰਟ ਨੂੰ ਰੱਦ ਕਰਕੇ ਰਾਜਨੀਤਕ ਸੱਤਾ ਦੀ ਪ੍ਰਾਪਤੀ ਲਈ ਆਪਣੀ ਕਪਟੀ ਅਤੇ ਬਿਮਾਰ ਮਾਨਸਿਕਤਾ ਦਾ ਹੀ ਪ੍ਰਗਟਾਵਾ ਕੀਤਾ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਗੁਰਨਾਮ ਸਿੰਘ ਸਿੰਗੜੀਵਾਲਾ ਜ਼ਿਲ੍ਹਾ ਜਰਨਲ ਸਕੱਤਰ ਨੇ ਇੱਕ ਵਿਸ਼ੇਸ਼ ਮੀਟਿੰਗ ਦੌਰਾਨ ਕੀਤਾ। ਉਹਨਾਂ ਨੇ ਕਿਹਾ ਕਿ ਪਹਿਲੀ ਜਨਵਰੀ 1993 ਨੂੰ ਬੇਅੰਤ ਸਿੰਘ ਦੀ ਕਾਂਗਰਸ ਸਰਕਾਰ ਸਮੇਂ ਜਗਰਾਉਂ ਦੇ ਜਾਲਮ ਐਸਐਸਪੀ ਸਵਰਨ ਸਿੰਘ ਘੋਟਨੇ ਦੀ ਅਗਵਾਈ ਹੇਠ ਸ੍ਰੀ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਭਾਈ ਗੁਰਦੇਵ ਸਿੰਘ ਕਾਂਉਕੇ ਨੂੰ ਗੈਰ ਕਾਨੂਨੀ ਢੰਗ ਨਾਲ ਕੋਹ ਕੋਹ ਕੇ ਸ਼ਹੀਦ ਕੀਤਾ ਗਿਆ ਸੀ ਉਸ ਸਬੰਧੀ ਸਿਮਰਨਜੀਤ ਸਿੰਘ ਮਾਨ ਮੈਂਬਰ ਪਾਰਲੀਮੈਂਟ ਤੇ ਜਨਰਲ ਨਰਿੰਦਰ ਸਿੰਘ ਆਦਿ ਦੀ ਅਗਵਾਹੀ ਹੇਠ ਇੱਕ ਵਫਦ ਨੇ 1998 ਵਿੱਚ ਉਸ ਸਮੇਂ ਦੇ ਮੁੱਖ ਮੰਤਰੀ ਮਰਹੂਮ ਪ੍ਰਕਾਸ਼ ਸਿੰਘ ਬਾਦਲ ਨੂੰ ਇਨਸਾਫ ਕਰਨ ਲਈ ਮਿਲਿਆ ਸੀ ਜਿਸ 'ਤੇ ਕਾਰਵਾਈ ਕਰਦਿਆਂ ਇਮਾਨਦਾਰ ਪੁਲਸ ਅਧਿਕਾਰੀ ਬੀਪੀ ਤਿਵਾੜੀ ਦੀ ਅਗਵਾਈ ਹੇਠ ਕਮੇਟੀ ਨਿਯੁਕਤ ਕੀਤੀ ਗਈ ਸੀ ਜਿਨ੍ਹਾਂ ਨੇ ਬਹੁਤ ਇਮਾਨਦਾਰੀ ਨਾਲ ਰਿਪੋਰਟ ਤਿਆਰ ਕੀਤੀ ਪਰ ਉਸ ਉੱਪਰ ਬਾਦਲ ਸਰਕਾਰ ਨੇ ਕੋਈ ਕਾਰਵਾਈ ਨਹੀਂ ਕੀਤੀ। ਪਰ ਹੁਣ ਅਕਾਲੀ ਦਲ ਬਾਦਲ ਦੇ ਆਗੂਆਂ ਵੱਲੋਂ ਇਸ ਰਿਪੋਰਟ ਨੂੰ ਰੱਦ ਕਰਕੇ ਆਪਣੀ ਘਟੀਆ ਮਾਨਸਿਕਤਾ ਦਾ ਪ੍ਰਗਟਾਵਾ ਕੀਤਾ ਜਾ ਰਿਹਾ ਜਿਸ ਦੀ ਅਸੀਂ ਸਖਤ ਲਫਜ਼ਾਂ ਵਿੱਚ ਨਿਖੇਧੀ ਕਰਦੇ ਹਾਂ।ਇਸ ਸਮੇਂ ਪਰਮਿੰਦਰ ਸਿੰਘ ਖਾਲਸਾ ਸਰਕਲ ਪ੍ਰਧਾਨ ਮੁਕੇਰੀਆਂ,ਸੰਤੋਖ ਸਿੰਘ ਡਾਲੋਵਾਲ, ਸੁਰਿੰਦਰ ਸਿੰਘ ਗਾਲੜੀਆ, ਸੁਖਦੇਵ ਸਿੰਘ ਕਾਹਰੀ ਤੇ ਬਲਵਿੰਦਰ ਸਿੰਘ ਗਾਲੜੀਆਂ ਆਦਿ ਹਾਜ਼ਰ ਸਨ।

# ਪ੍ਰੀਤ ਸੰਗੋਜਲਾ ਨੂੰ ਸਦਮਾ, ਸਹੁਰੇ ਦਾ ਦਿਹਾਂਤ



**ਕਾਲਾ ਸੰਘਿਆਂ (ਮਨਜੀਤ ਮਾਨ)** ਜਰਨਲਿਸਟ ਪ੍ਰੈਸ ਕਲੱਬ ਰਜਿ ਪੰਜਾਬ ਦੇ ਜ਼ਿਲ੍ਹਾ ਕਪੂਰਥਲਾ ਦੇ ਜ਼ਿਲ੍ਹਾ ਪ੍ਰਧਾਨ ਪ੍ਰੀਤ ਸੰਗੋਜਲਾ ਨੂੰ ਉਸ ਵਕਤ ਗਹਿਰਾ ਸਦਮਾ ਲੱਗਾ ਜਦੋਂ ਉਹਨਾਂ ਦੇ ਸਤਿਕਾਰਯੋਗ ਸਹੁਰਾ ਸਾਹਿਬ ਬਾਬਾ ਬਿੰਦਰ ਸਿੰਘ ਦਾ ਅਚਾਨਕ ਦਿਹਾਂਤ ਹੋ ਗਿਆ । ਉਨ੍ਹਾਂ ਦਾ ਸਸਕਾਰ ਉਹਨਾਂ ਦੇ ਜੱਦੀ ਪਿੰਡ ਤਲਵੰਡੀ ਚੌਧਰੀਆਂ ਵਿਖੇ ਕੀਤਾ ਗਿਆ। ਪਰਵਾਰਕ ਮੈਂਬਰਾਂ ਅਨੁਸਾਰ ਬਾਬਾ ਬਿੰਦਰ ਸਿੰਘ ਨਮਿਤ ਅੰਤਿਮ ਅਰਦਾਸ ਅਤੇ ਪਾਠ ਦਾ ਭੋਗ 14 ਜਨਵਰੀ ਨੂੰ ਪਿੰਡ ਤਲਵੰਡੀ ਚੌਧਰੀਆਂ ਜ਼ਿਲ੍ਹਾ ਕਪੂਰਥਲਾ ਵਿਖੇ ਹੋਵੇਗਾ। ਇਸ ਮੌਕੇ ਜਨਰਲਿਸਟ ਪ੍ਰੈਸ ਕਲੱਬ ਦੇ ਸੂਬਾ ਪ੍ਰਧਾਨ ਮਨਜੀਤ ਸਿੰਘ ਮਾਨ , ਜਿਲ੍ਹਾ ਚੈਅਰਮੈਨ ਜੋਗਿੰਦਰ ਸਿੰਘ ਜਾਤੀਕੇ, ਜਨਰਲ ਸਕੱਤਰ ਸੁਖਵਿੰਦਰ ਸੋਹੀ, ਤਰਲੋਚਨ ਸਿੰਘ ਚਾਹਲ, ਪੱਤਰਕਾਰ ਬਰਿੰਦਰ ਚਾਨਾ,ਪੱਤਰਕਾਰ ਗੌਰਵ ਮੜੀਆਂ, ਸੁਰਜੀਤ ਸਿੰਘ ਗੋਰਾ, ਪੱਤਰਕਾਰ ਰਾਜਿੰਦਰ ਸ਼ਰਮਾ, ਪੱਤਰਕਾਰ ਹਰਪ੍ਰੀਤ ਮੱਟੂ, ਪੱਤਰਕਾਰ ਸੁਰਿੰਦਰ ਸਭਰਵਾਲ, ਸੁਖਬੀਰ ਸਿੰਘ ਸੰਧੂ ਪੀ ਏ ਰਾਣਾ ਗੁਰਜੀਤ ਸਿੰਘ ਐਮ ਐਲ ਏ ਕਪੂਰਥਲਾ ,ਮਨਜੀਤ ਸਿੰਘ ਸੰਗੋਜਲਾ ਸਰਪੰਚ ਸੰਗੋਜਲਾ, ਰੇਸ਼ਮ ਸਿੰਘ ਇੰਸਪੈਕਟਰ,ਸੂਰਤਾ ਸਿੰਘ ਹੰਸ ਮੈਂਬਰ ਆਲ ਇੰਡੀਆ ਕਾਂਗਰਸ ਕਮੇਟੀ,ਚਰਨਜੀਤ ਹੰਸ ਸੀਨੀਅਰ ਕਾਂਗਰਸੀ ਆਗੂ, ਸਰੂਪ ਸਿੰਘ ਤਲਵੰਡੀ, ਨਰਿੰਦਰ ਸਿੰਘ ਜੱਜ,ਬਲਾਕ ਸੰਮਤੀ ਮੈਂਬਰ ਬੱਬੂ ਖੈੜਾ, ਹਰਸ਼ਦੀਪ ਸਿੰਘ ਟਾਂਡੀ, ਵਰਿੰਦਰ ਸਿੰਘ, ਐਡਵੋਕੇਟ ਦਰਸ਼ਨ ਸਿੰਘ, ਐਡਵੋਕੇਟ ਜਸਪ੍ਰੀਤ ਸਿੰਘ , ਐਡਵੋਕੇਟ ਪਵਨ ਕਾਲੀਆਂ ਅਤੇ ਨਗਰ ਨਿਵਾਸੀ ਅਤੇ ਇਲਾਕਾ ਨਿਵਾਸੀਆਂ ਨੇ ਪ੍ਰੀਤ ਸੰਗੋਜਲਾ ਤੇ ਸਮੂਹ ਪਰਵਾਰ ਨਾਲ਼ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ।

# ਪੰਡੋਰੀ ਨਿੱਝਰਾਂ ਵਿਖੇ ਰਵਿਦਾਸੀਆ ਧਰਮ ਨੂੰ ਸਮਰਪਿਤ ਸੰਤ ਸੰਮੇਲਨ ਕਰਵਾਇਆ





**ਆਦਮਪੁਰ (ਪਰਮਜੀਤ ਸਿੰਘ)**:- ਨਜਦੀਕੀ ਪਿੰਡ ਪੰਡੋਰੀ ਨਿੱਝਰਾਂ ਵਿਖੇ ਗ੍ਰਾਮ ਪੰਚਾਇਤ ਸਮੂਹ ਸਾਧ ਸੰਗਤ ਤੇ ਐਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਰਵਿਦਾਸੀਆ ਧਰਮ ਨੂੰ ਸਮਰਪਿਤ 15ਵਾਂ ਮਹਾਨ ਸੰਤ ਸੰਮੇਲਨ ਅੰਮ੍ਰਿਤ ਬਾਣੀ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਛੱਤਰ ਛਾਇਆ ਹੇਠ ਅਤੇ ਸ਼੍ਰੀ 108 ਸੰਤ ਨਿਰੰਜਣ ਦਾਸ ਜੀ ਮਹਾਰਾਜ ਗੱਦੀ ਨਸ਼ੀਨ ਡੇਰਾ108 ਸੰਤ ਸਰਵਣ ਦਾਸ ਜੀ ਸੱਚ ਖੰਡ ਬੱਲਾਂ ਜ਼ਿਲ੍ਹਾ ਜਲੰਧਰ ਦੀ ਸਰਪਰਸਤੀ ਹੇਠ ਕਰਵਾਇਆ ਗਿਆ। ਸੰਤ ਲੇਖ ਰਾਜ ਨੂਰਪੁਰ,ਸੰਤ ਪ੍ਰੀਤਮ ਦਾਸ ਜੀ,ਸੰਤ ਸੁਖਵਿੰਦਰ ਦਾਸ,ਸੰਤ ਪ੍ਰਦੀਪ ਦਾਸ,ਸੰਤ ਪਦਮ ਦਾਸ,ਸੰਤ ਲੇਖ ਰਾਜ ਦਰਾਂਵਾ ਸੰਗਤਾਂ ਨੂੰ ਅਸ਼ੀਰਵਾਦ ਦੇਣ ਲਈ ਪਹੁੰਚੇ। ਹਲਕਾ ਆਦਮਪੁਰ ਦੇ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਵਿਧਾਇਕ ਪਵਨ ਕੁਮਾਰ ਟੀਨੂੰ ਵੀ ਵਿਸ਼ੇਸ਼ ਤੌਰ 'ਤੇ ਪਹੁੰਚੇ।

ਇਸ ਮੌਕੇ ਰਾਮ ਲੁਭਾਇਆ ਪ੍ਰਧਾਨ ਸ੍ਰੀ ਗੁਰੂ ਰਵਿਦਾਸ ਮੰਦਰ,ਜਗਦੀਸ਼ ਮੰਗਾ,ਕੁਲਵਿੰਦਰ ਕਿੰਦਾ,ਰਮੇਸ਼ ਲਾਲ, ਬੂਟਾ ਰਾਮ ਬੱਧਣ,ਜਸਵਿੰਦਰ ਨਿੱਕਾ,ਇਕਬਾਲ ਸਿੰਘ,ਪਰਮਿੰਦਰ ਭਾਰਦਵਾਜ, ਪ੍ਰਿਥੀ ਭਾਰਦਵਾਜ, ਹਨੀ,ਆਤਮਾ ਰਾਮ ਸਲਾਲਾ, ,ਅਮਨਦੀਪ, ਹਰਬੰਸ ਹੈਪੀ,ਨੀਟੂ,ਮੰਨੂ,ਗੋਬਿੰਦ ,ਸੰਦੀਪ ਵਿਰਦੀ, ਮਾਸਟਰ ਗੁਰਸ਼ਰਨ ਸਿੰਘ,ਜਸਵੀਰ ਸਿੰਘ ਕਾਕਾ,ਜਸਵੀਰ ਸਿੰਘ ਮੰਗੀ,ਜਸਵੀਰ ਸਿੰਘ ਬੱਧਣ,ਜਸਪਾਲ ਸਿੰਘ,ਸਤਨਾਮ ਸਿੰਘ,ਬਚਿੱਤਰ ਸਿੰਘ,ਬਲਦੇਵ ਸਿੰਘ, ਹਰਿੰਦਰ ਸਿੰਘ ਆਦਮਪੁਰ, ਧਰਮਪਾਲ ਸਿੰਘ, ਜਸਵਿੰਦਰ ਸਿੰਘ ਟੋਨੀ,,ਚਮਨ ਲਾਲ ਗੋਰਾ, ਆਦਿ ਹਾਜਰ ਸਨ।

# ਪਲੇਸਮੈਂਟ ਕੈਂਪ ਅੱਜ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ,(ਗੁਰਜੀਤ ਬਿੱਲਾ)**— ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਅਤੇ ਮਾਡਲ ਕੈਰੀਅਰ ਸੈਂਟਰ, ਐੱਸ. ਏ. ਐੱਸ ਨਗਰ ਵਲੋਂ ਆਈ ਸੀ ਆਈ ਸੀ ਆਈ ਫਾਊਂਡੇਸ਼ਨ, ਭਾਰਤ ਪੇ ਅਤੇ ਜੀਕੀਤਸਾ ਐਂਬੂਲੈਂਸ ਸਰਵਿਸ ਦੇ ਸਹਿਯੋਗ ਨਾਲ ਜ਼ਿਲ੍ਹਾ ਐੱਸ.ਏ.ਐੱਸ ਨਗਰ ਦੇ ਪੇਂਡੂ ਖੇਤਰਾਂ ਦੇ ਨੌਜਵਾਨਾਂ ਲਈ ਪਲੇਸਮੈਂਟ ਕੈਂਪ ਮਿਤੀ 10/01/2024 ਨੂੰ ਖਰੜ ਬਲਾਕ ਦੇ ਬੀ. ਡੀ. ਓ. ਦਫਤਰ ਵਿੱਚ ਲਗਾਇਆ ਜਾ ਰਿਹਾ ਹੈ, ਜਿਸ ਵਿੱਚ ਦਸਵੀਂ, ਬਾਰਵੀਂ ਅਤੇ ਗ੍ਰੈਜੂਏਟ ਉਮੀਦਵਾਰ ਸਵੇਰੇ 10.00 ਵਜੇ ਤੋਂ 1.00 ਵਜੇ ਤੱਕ ਆਪਣੇ ਦਸਤਾਵੇਜ ਲੈ ਕੇ ਹੇਠਾਂ ਲਿਖੇ ਅਨੁਸਾਰ ਪਹੁੰਚਣ। ਵਧੇਰੇ ਜਾਣਕਾਰੀ ਦਿੰਦਿਆਂ ਡੀ.ਬੀ.ਈ.ਈ ਦੇ ਅਧਿਕਾਰੀਆਂ ਵਲੋਂ ਦੱਸਿਆ ਗਿਆ ਕੀ ਇਸ ਕੈਂਪ ਵਿੱਚ ਕੇਵਲ 18 ਤੋਂ 30 ਸਾਲ ਤੱਕ ਦੇ ਉਮੀਦਵਾਰ ਜੋ ਦਸਵੀਂ, ਬਾਰਵੀਂ ਅਤੇ ਗ੍ਰੈਜੂਏਟ ਹੋਣ ਸ਼ਾਮਿਲ ਹੋ ਸਕਦੇ ਹਨ। ਜੀਕੀਤਸਾ ਐਂਬੂਲੈਂਸ ਸਰਵਿਸ ਲਈ ਮੈਡੀਕਲ ਪ੍ਰਾਰਥੀਆਂ ਦੀ ਲੋੜ ਹੈ। ਇਸ ਲਈ ਇਛੁੱਕ ਪ੍ਰਾਰਥੀ ਦਸਤਾਵੇਜ ਲੈ ਕੇ ਬੀ. ਡੀ. ਓ ਦਫਤਰ ਪਹੁੰਚਣ ਦੀ ਖੇਚਲ ਕਰਨ।

# ਮੋਦੀ ਕਾਲ ਦੌਰਾਨ ਵਿਗਿਆਨਕ ਸੰਸਥਾਵਾਂ 'ਚ ਗੈਰ-ਵਿਗਿਆਨਕ ਗੱਲਾਂ ਹੋਣ ਲੱਗੀਆਂ



ਦੇਸ਼ ਭਗਤ ਯਾਦਗਰ ਹਾਲ ਜਲੰਧਰ ਵਿਖੇ ਪ੍ਰੋਫ਼ੈਸਰ ਸੁਦੇਸ਼ ਘੋੜੇਰਾਓ ਦੇ ਨਾਲ ਤਰਕਸ਼ੀਲ ਕਾਰਕੁੰਨ।

**ਸ਼ਾਹਕੋਟ(ਗਿਆਨ ਸੈਦਪੁਰੀ)** 'ਮੋਦੀ ਕਾਲ ਦੇ ਸ਼ੁਰੂ ਹੋਣ ਉਪਰੰਤ ਭਾਰਤ ਦੇ ਸਾਇੰਸਦਾਨਾਂ ਦੀ ਸੰਸਥਾ ਇੰਡੀਅਨ ਸਾਇੰਸ ਕਾਂਗਰਸ ਵੱਲੋਂ ਹੋਣ ਵਾਲੇ ਸਮਾਗਮਾਂ ਵਿੱਚ ਵੀ ਗ਼ੈਰ ਵਿਗਿਆਨਕ ਗੱਲਾਂ ਹੋਣ ਲੱਗ ਪਈਆਂ ਹਨ'। ਉਕਤ ਵਿਚਾਰਾਂ ਦਾ ਪ੍ਰਗਟਾਵਾ ਫੈਡਰੇਸ਼ਨ ਆਫ ਇੰਡੀਅਨ ਰੈਸ਼ਨੇਲਿਸਟ ਐਸੋਸੀਏਸ਼ਨ ਦੇ ਜਨਰਲ ਸਕੱਤਰ ਪ੍ਰੋਫੈਸਰ ਸੁਦੇਸ਼ ਘੋੜੇਰਾਓ ਨੇ ਕੀਤਾ। ਉਹ ਆਪਣੀ ਪਤਨੀ ਸ਼ੀਲਾ ਘੋੜੇਰਾਓ ਸਮੇਤ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਵਿੱਚ ਇੰਡੀਅਨ ਸਾਇੰਸ ਕਾਂਗਰਸ ਵੱਲੋਂ 3 ਜਨਵਰੀ ਤੋਂ 5 ਜਨਵਰੀ ਤੱਕ ਹੋਣ ਵਾਲੀ ਕਾਨਫਰੰਸ ਵਿੱਚ ਹਿੱਸਾ ਲੈਣ ਆਏ ਸਨ। ਇਸ ਸਮਾਗਮ ਦੇ ਰੱਦ ਹੋਣ ਕਾਰਨ ਘੋੜੇਰਾਓ ਜੋੜੇ ਨੇ ਪੰਜਾਬ ਦੇ ਵੱਖ ਵੱਖ ਥਾਵਾਂ 'ਤੇ ਜਾ ਕੇ ਤਰਕਸ਼ੀਲ ਸੁਸਾਇਟੀ ਪੰਜਾਬ ਦੇ ਕਾਰਕੁੰਨਾਂ ਨਾਲ ਸੰਪਰਕ ਕਰਨ ਅਤੇ ਪੰਜਾਬ ਬਾਰੇ ਹੋਰ ਜਾਨਣ ਹਿੱਤ ਪ੍ਰੋਗਰਾਮ ਬਣਾ ਲਿਆ। ਇਸੇ ਸਿਲਸਿਲੇ ਤਹਿਤ ਉਹ ਦੇਸ਼ ਭਗਤ ਯਾਦਗਰ ਹਾਲ ਜਲੰਧਰ ਆਏ ਸਨ। ਇੱਥੇ ਇੱਕ ਵਿਸ਼ੇਸ਼ ਮਿਲਣੀ ਦੌਰਾਨ ਪ੍ਰੋ: ਘੋੜੇਰਾਓ ਨੇ ਦੱਸਿਆ ਕਿ ਮੋਦੀ ਕਾਲ ਦੌਰਾਨ ਇੰਡੀਅਨ ਸਾਇੰਸ ਕਾਂਗਰਸ ਵਿੱਚ ਗੈਰ ਵਿਗਿਆਨਿਕ ਵਰਤਾਰਾ ਚੱਲ ਪਿਆ ਹੈ। ਉਨ੍ਹਾਂ ਦੱਸਿਆ ਕਿ ਕੇਂਦਰ ਵੱਲੋਂ ਇੰਡੀਅਨ ਸਾਇੰਸ ਕਾਂਗਰਸ ਨੂੰ ਦਿੱਤੀ ਜਾਣ ਵਾਲੀ ਗ੍ਰਾਂਟ ਵੀ ਬੰਦ ਕਰ ਦਿੱਤੀ ਹੈ।ਫੀਰਾ ਦੇ ਜਨਰਲ ਸਕੱਤਰ ਜੋ ਅੰਧਸ਼ਰਧਾ ਨਿਰਮੂਲਨ ਸੰਸਥਾ ਮਹਾਂਰਾਸ਼ਟਰ ਦੇ ਵੀ ਅਹੁਦੇਦਾਰ ਹਨ, ਨੇ ਦੱਸਿਆ ਕਿ ਮਹਾਂਰਾਸ਼ਟਰ ਵਿੱਚ ਅੰਧ ਵਿਸ਼ਵਾਸ਼ ਵਿਰੋਧੀ ਕਾਨੂੰਨ ਵਿਰੁੱਧ ਕਾਨੂੰਨ ਬਣ ਚੁੱਕਾ ਹੈ। ਉਨ੍ਹਾਂ ਦੱਸਿਆ ਕਿ ਡਾਕਟਰ ਨਰਿੰਦਰ ਦੁਭੋਲਕਰ ਦੇ ਕਤਲ ਤੋਂ ਬਾਅਦ ਲੋਕਾਂ ਅੰਦਰ ਆਏ ਰੋਹ ਦੇ ਨਤੀਜੇ ਵਜੋਂ ਇਹ ਕਾਨੂੰਨ ਬਣਾਉਣਾ ਸਰਕਾਰ ਦੀ ਮਜ਼ਬੂਰੀ ਬਣ ਗਈ ਸੀ। ਇਸ ਕਾਨੂੰਨ ਦੇ ਹੋਂਦ ਵਿੱਚ ਆਉਣ ਤੋਂ ਬਾਅਦ ਬਹੁਤ ਸਾਰੇ ਪਖੰਡੀ ਸਾਧਾਂ ਦੇ ਵਿਰੁੱਧ ਕਰਵਾਈ ਹੋ ਚੁੱਕੀ ਹੈ। ਪ੍ਰੋ: ਘੋੜੇਰਾਓ ਨੇ ਮੰਗ ਕੀਤੀ ਕਿ ਇਹ ਕਾਨੂੰਨ ਭਾਰਤ ਦੇ ਸਾਰੇ ਸੂਬਿਆਂ ਵਿੱਚ ਬਣਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਮਹਾਂਰਾਸ਼ਟਰ ਅੰਦਰ ਜੋ ਕੁਝ ਤਰਕਸ਼ੀਲਾਂ ਵੱਲੋਂ ਆਖਿਆ ਜਾਂਦਾ ਸੀ, ਹੁਣ ਉਹੀ ਕੁਝ ਸਰਕਾਰ ਕਹਿਣ ਲੱਗ ਪਈ ਹੈ। ਇਹ ਸਾਡੀ ਵੱਡੀ ਜਿੱਤ ਹੈ।

ਤਰਕਸ਼ੀਲ ਸੰਸਥਾਵਾਂ ਵਿੱਚ ਨੌਜਵਾਨਾਂ ਅਤੇ ਔਰਤਾਂ ਦੀ ਗਿਣਤੀ ਵਧਾਉਣ ਦੇ ਸੰਦਰਭ ਵਿੱਚ ਗੱਲ ਕਰਦਿਆਂ ਪ੍ਰੋ: ਘੋੜੇਰਾਓ ਨੇ ਦੱਸਿਆ ਕਿ ਮਹਾਂਰਾਸ਼ਟਰ ਵਿੱਚ ਅੰਧਸ਼ਰਧਾ ਨਿਰਮੂਲਨ ਸੰਸਥਾਂ ਵਿੱਚ ਔਰਤਾਂ ਦਾ ਵਿੰਗ ਵੱਖਰਾ ਹੈ। ਉਹ ਪੂਰੀ ਸਰਗਰਮੀ ਨਾਲ ਕੰਮ ਕਰ ਰਹੀਆਂ ਹਨ।ਇਸ ਮਿਲਣੀ ਵਿੱਚ ਤਰਕਸ਼ੀਲ ਆਗੂ ਜਸਵਿੰਦਰ ਫਗਵਾੜਾ, ਐਡਵੋਕੇਟ ਹਰਿੰਦਰ ਲਾਲੀ, ਨਵਜੀਤ ਕੌਰ, ਨਸੀਬ ਚੰਦ ਬੱਬੀ, ਕਾਮਰੇਡ ਪਰਮਜੀਤ ਸਿੰਘ ਕਲਸੀ ਜਲੰਧਰ, ਸ਼ੀਲਾ ਘੋੜੇਰਾਓ ਅਤੇ ਕਿਰਨਦੀਪ ਕੌਰ ਆਦਿ ਸ਼ਾਮਲ ਸਨ।

# ਟਰੈਕਟਰ ਹੇਠਾਂ ਆਉਣ ਨਾਲ ਮੌਤ

**ਫਿਲੌਰ, ( ਨਿਰਮਲ )** ਬੀਤੀ ਰਾਤ ਇਥੇ ਰੇਲਵੇ ਫਾਟਕਾਂ ਨਜ਼ਦੀਕੀ ਇੱਕ ਵਿਅਕਤੀ ਦੀ ਟਰੈਕਟਰ ਹੇਠਾਂ ਆਉਣ ਨਾਲ ਮੌਤ ਹੋ ਗਈ।ਜਿਸ ਦੀ ਪਹਿਚਾਣ ਬਰਿੰਦਰ ਵਾਸੀ ਗੰਨਾ ਪਿੰਡ ਰੋਡ ਵੱਜੋਂ ਹੋਈ ਹੈ, ਜੋ ਕਿ ਮੱਛੀ ਮਾਰਕੀਟ ਵਿੱਚ ਮੱਛੀ ਦੀ ਦੁਕਾਨ ਲਾਉਂਦਾ ਹੈ

।ਇੱਕ ਰਾਹਗੀਰ ਨੇ ਦੱਸਿਆ ਕਿ ਟਰੈਕਟਰ ਤੇਜ਼ ਰਫ਼ਤਾਰ ਨਾਲ ਆ ਰਿਹਾ ਸੀ ਅਤੇ ਉਸ ਨੇ ਟਰੈਕਟਰ ਨੂੰ ਵਿਅਕਤੀ ਦੇ ਉੱਪਰ ਚੜ੍ਹਾ ਦਿੱਤਾ ਅਤੇ ਮੌਕੇ ਤੋਂ ਫਰਾਰ ਹੋ ਗਿਆ। ਜਿਸ ਦਾ ਇੱਕ ਵਰਨਾ ਕਾਰ ਵਾਲੇ ਨੌਜਵਾਨ ਨੇ ਪਿੱਛਾ ਵੀ ਕੀਤਾ ਪਰ ਇਹ ਨਹੀਂ ਪਤਾ ਲੱਗ ਸਕਿਆ ਕਿ ਉਹ ਫੜਿਆ ਗਿਆ ਕਿ ਨਹੀਂ।ਇਸ ਦੀ ਸੂਚਨਾ ਉਹਨਾਂ ਨੇ ਤੁਰੰਤ ਥਾਣਾ ਫਿਲੌਰ ਨੂੰ ਦਿੱਤੀ ।

ਮੌਕੇ 'ਤੇ ਆਏ ਏਐਸਆਈ ਸੁਰਿੰਦਰ ਨੇ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਸਿਵਲ ਹਸਪਤਾਲ ਵਿਖੇ ਪੋਸਟ ਮਾਰਟਮ ਲਈ ਭੇਜ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਜਿੰਪਾ ਦੇ ਸ਼ਹਿਰ ਵਿਖੇ 15 ਤੋਂ 22 ਤੱਕ ਲੱਗੇਗਾ ਪੱਕਾ ਮੋਰਚਾ-ਵਾਹਿਦਪੁਰੀ



**ਹੁਸ਼ਿਆਰਪੁਰ, (ਬਲਵੀਰ ਸੈਣੀ)** ਪੀ.ਡਬਲਿਊ.ਡੀ. ਫੀਲਡ ਅਤੇ ਵਰਕਸ਼ਾਪ ਵਰਕਰਜ਼ ਯੂਨੀਅਨ ਜੋਨ ਹੁਸ਼ਿਆਰਪੁਰ ਦੀ ਮੀਟਿੰਗ ਜੋਨ ਪ੍ਰਧਾਨ ਅਮਰਜੀਤ ਕੁਮਾਰ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ 15 ਜਨਵਰੀ ਤੋਂ 22 ਜਨਵਰੀ ਤੱਕ ਜਲ ਸਪਲਾਈ ਅਤੇ ਸੈਨੀਟੇਸ਼ਨ ਮੰਤਰੀ ਬ੍ਰਹਮ ਸ਼ੰਕਰ ਜਿੰਪਾ ਦੇ ਸ਼ਹਿਰ ਅੰਦਰ ਹੁਸ਼ਿਆਰਪੁਰ ਵਿਖੇ ਪੱਕਾ ਮੋਰਚਾ ਲਗਾਏ ਜਾਣ ਸੰਬੰਧੀ ਜੋਨ ਹੁਸ਼ਿਆਰਪੁਰ ਦੀਆਂ ਸਾਰੀਆਂ ਬ੍ਰਾਂਚਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ। ਮੋਰਚੇ ਸੰਬਧੀ ਸੂਬਾ ਪ੍ਰਧਾਨ ਮੱਖਣ ਸਿੰਘ ਵਾਹਿਦਪੁਰੀ ਨੇ ਕਿਹਾ ਕਿ ਪਿਛਲੇ ਲੰਬੇ ਸਮੇਂ ਤੋਂ 110 ਦੇ ਕਰੀਬ ਮਿਤ੍ਰਕ ਕਰਮਚਾਰੀਆਂ ਦੇ ਵਾਰਸਾਂ ਨੂੰ ਨੌਕਰੀ ਨਹੀਂ ਦਿੱਤੀ ਜਾ ਰਹੀ, ਕੰਟਰੈਕਟ 'ਤੇ ਕੰਮ ਕਰਦੇ ਕਾਮਿਆਂ ਨੂੰ ਪੱਕੇ ਨਹੀਂ ਕੀਤਾ ਜਾ ਰਿਹਾ ਅਤੇ ਨਾ ਹੀ ਮਹਿੰਗਾਈ ਦੇ ਜ਼ਮਾਨੇ ਵਿੱਚ ਕੰਟਰੈਕਟ ਕਾਮਿਆਂ ਦੀਆਂ ਉਜ਼ਰਤਾਂ ਵਿੱਚ ਵਾਧਾ ਕੀਤਾ ਜਾ ਰਿਹਾ ਹੈ, ਦਰਜ਼ਾ ਤਿੰਨ ਅਤੇ ਚਾਰ ਫੀਲਡ ਮੁਲਾਜ਼ਮਾ ਦੀਆਂ ਪ੍ਰਮੋਸ਼ਨਾਂ ਨਹੀਂ ਕੀਤੀਆਂ ਜਾ ਰਹੀਆਂ, ਜੀ ਪੀ ਐਫ਼ ਸਮੇਤ ਅਚਨਚੇਤ, ਕਮਾਈ, ਐਕਸ ਇੰਡੀਆ, ਮੈਡੀਕਲ ਛੁੱਟੀਆਂ ਪਾਸ ਕਰਨ ਦੀਆਂ ਪਾਵਰਾਂ ਚੀਫ਼ ਇੰਜੀਨੀਅਰ ਸੈਂਟਰ ਤੋਂ ਵਾਪਸ ਲੈ ਕੇ ਪਹਿਲਾਂ ਵਾਂਗ ਡਵੀਜ਼ਨ ਪੱਧਰ ਤੇ ਦਿੱਤੀਆਂ ਜਾਣ, ਵਿਭਾਗ ਅੰਦਰ ਸੈਂਕੜੇ ਖ਼ਾਲੀ ਪਈਆਂ ਅਸਾਮੀਆਂ ਨਹੀਂ ਭਰੀਆਂ ਜਾ ਰਹੀਆਂ, ਵਾਰ ਵਾਰ ਜਲ ਸਪਲਾਈ ਮੰਤਰੀ ਅਤੇ ਵਿਭਾਗ ਮੁਖੀ ਵੱਲੋਂ ਮੀਟਿੰਗਾਂ ਕਰਨ ਦੇ ਬਾਵਜੂਦ ਕਿਸੇ ਮੰਗ ਦਾ ਹੱਲ ਨਹੀਂ ਕੀਤਾ ਗਿਆ, ਜਿਸ ਕਰਕੇ ਜਥੇਬੰਦੀ ਨੂੰ ਪੱਕਾ ਮੋਰਚਾ ਲਾਉਣ ਲਈ ਮਜਬੂਰ ਹੋਣਾ ਪਿਆ।

ਉਹਨਾਂ ਕਿਹਾ ਕਿ ਇਸ ਮੋਰਚੇ ਵਿੱਚ ਸਮੁੱਚੇ ਪੰਜਾਬ ਦੇ ਜ਼ਿਲ੍ਹਿਆਂ ਵਿੱਚੋਂ ਵੱਡੀ ਗਿਣਤੀ ਵਿੱਚ ਮੁਲਾਜ਼ਮ ਸ਼ਮੂਲੀਅਤ ਕਰਨਗੇ। ਜੋਨ ਜਨਰਲ ਸਕੱਤਰ ਸੁਖਦੇਵ ਜਾਜਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜੋਨ ਹੁਸ਼ਿਆਰਪੁਰ ਦੀਆਂ ਬ੍ਰਾਂਚਾਂ ਤਲਵਾੜਾ, ਦਸੂਹਾ ਜਲ ਸਪਲਾਈ, ਦਸੂਹਾ ਸਿੰਚਾਈ, ਟਾਂਡਾ ਅਤੇ ਗੜ੍ਹਦੀਵਾਲਾ, ਹੁਸ਼ਿਆਰਪੁਰ ਸਿੰਚਾਈ, ਹੁਸ਼ਿਆਰਪੁਰ ਜਲ ਸਪਲਾਈ, ਮਾਹਿਲਪੁਰ ਅਤੇ ਗੜ੍ਹਸ਼ੰਕਰ ਦੇ ਪ੍ਰਧਾਨ ਸਕੱਤਰਾਂ ਨੇ ਵਿਸ਼ਵਾਸ ਦਿਵਾਇਆ ਹੈ ਕਿ ਇਸ ਮੋਰਚੇ ਨੂੰ ਸਫ਼ਲ ਬਣਾਇਆ ਜਾਵੇਗਾ। ਇਸ ਵਿੱਚ ਜੋਨ ਹੁਸ਼ਿਆਰਪੁਰ ਦੇ ਸਾਥੀ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ। ਇਸ ਮੌਕੇ ਰਾਜੀਵ ਸ਼ਰਮਾ, ਮਿਲਾਪ ਚੰਦ, ਸ਼ਾਮ ਸਿੰਘ ਤਲਵਾੜਾ, ਸ਼ਾਂਤੀ ਸਰੂਪ, ਵਿਪਨ ਚੰਦ, ਭਾਗ ਮੱਲ, ਪ੍ਰੀਤਮ ਸਿੰਘ, ਮੋਹਣ ਲਾਲ ਦਸੂਹਾ, ਗੁਰਨਾਮ ਚੰਦ, ਟੇਕ ਚੰਦ ਮਾਹਿਲਪੁਰ, ਅਸ਼ੋਕ ਕੁਮਾਰ, ਬਲਵੰਤ ਸਿੰਘ, ਨਿਰਮਲ ਰਾਮ, ਤਰਸੇਮ ਲਾਲ, ਕੁਲਦੀਪ ਸਿੰਘ ਹੁਸ਼ਿਆਰਪੁਰ, ਵਿਨੋਦ ਕੁਮਾਰ, ਜਗਦੀਸ਼ ਲਾਲ, ਗੁਰਨਾਮ ਸਿੰਘ ਗੜ੍ਹਸ਼ੰਕਰ ਆਦਿ ਆਗੂ ਵੀ ਹਾਜ਼ਰ ਸਨ।

# ਜ਼ਿਲ੍ਹਾ ਪ੍ਰਸ਼ਾਸਨ ਨੇ ਡਰੱਗ ਫ੍ਰੀ ਪੰਜਾਬ ਮੁਹਿੰਮ ਤਹਿਤ ਕਰਵਾਇਆ ਫੁੱਟਬਾਲ ਦਾ ਸ਼ੋਅ ਮੈਚ



**ਫਗਵਾੜਾ ( ਜਸਵਿੰਦਰ ਢੱਡਾ )** ਪੰਜਾਬ ਸਰਕਾਰ ਵਲੋਂ ਸ਼ੁਰੂ ਕੀਤੀ 'ਡਰੱਗ ਫ੍ਰੀ ਪੰਜਾਬ' ਮੁਹਿੰਮ ਤਹਿਤ ਸਥਾਨਕ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ (ਸਕੂਲ ਆਫ ਐਮੀਨੈਂਸ) ਦੀ ਗਰਾਂਊਡ 'ਚ ਨਸ਼ਿਆਂ ਖਿਲਾਫ਼ ਸੁਨੇਹਾ ਦੇਣ ਦੇ ਮਕਸਦ ਨਾਲ ਫੁੱਟਬਾਲ ਦਾ ਸ਼ੋਅ ਮੈਚ ਕਰਵਾਇਆ ਗਿਆ।

ਸ਼ੋਅ ਮੈਚ ਦੌਰਾਨ ਜੇ.ਸੀ.ਟੀ ਅਕੈਡਮੀ ਅਤੇ ਇੰਟਰਨੈਸ਼ਨਲ ਸਪੋਰਟਸ ਕਲੱਬ ਦੀਆਂ ਟੀਮਾਂ ਦੇ ਨੌਜਵਾਨ ਖਿਡਾਰੀਆਂ ਨੇ ਬਾਕਮਾਲ ਖੇਡ ਦਾ ਪ੍ਰਦਰਸ਼ਨ ਕੀਤਾ। ਜ਼ਿਲ੍ਹਾ ਪ੍ਰਸ਼ਾਸਨ ਵਲੋਂ ਵਧੀਕ ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ, ਐਸ.ਡੀ.ਐਮ. ਜਸ਼ਨਜੀਤ ਸਿੰਘ ਅਤੇ ਹੋਰਨਾਂ ਅਧਿਕਾਰੀਆਂ ਨੇ ਨੌਜਵਾਨਾਂ ਨੂੰ ਸਿਹਤਮੰਦ ਜੀਵਨ-ਜਾਚ ਪ੍ਰਤੀ ਪੂਰੇ ਸੁਹਿਰਦ ਹੋਣ ਦਾ ਸੱਦਾ ਦਿੰਦਿਆਂ ਕਿਹਾ ਕਿ ਨਸ਼ਿਆਂ ਦੇ ਖਾਤਮੇ ਲਈ ਸਾਰਿਆਂ ਦੇ ਸਾਂਝੇ ਯਤਨ ਸਮੇਂ ਦੀ ਮੁੱਖ ਮੰਗ ਹਨ। ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਬੁਰਾਈ ਨੂੰ ਖਤਮ ਕਰਕੇ ਆਪਣੇ ਸਮਾਜ ਨੂੰ ਹੋਰ ਸਿਹਤਮੰਦ ਕੀਤਾ ਜਾ ਸਕਦਾ ਹੈ ਜਿਸ ਵਿਚ ਨੌਜਵਾਨਾਂ ਨੂੰ ਉਸਾਰੂ ਭੂਮਿਕਾ ਨਿਭਾਉਣੀ ਚਾਹੀਦੀ ਹੈ।

ਮੈਚ ਸ਼ੁਰੂ ਹੋਣ ਤੋਂ ਪਹਿਲਾਂ ਖਿਡਾਰੀਆਂ ਨਾਲ ਜਾਣ-ਪਛਾਣ ਕਰਦਿਆਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਜੋਗਿੰਦਰ ਸਿੰਘ ਮਾਨ ਨੇ ਉਨ੍ਹਾਂ ਦੀ ਸ਼ਲਾਘਾ ਕੀਤੀ ਕਿ ਉਹ ਖੇਡਾਂ ਦੇ ਖੇਤਰ ਵਿਚ ਮੱਲਾਂ ਮਾਰਦੇ ਹੋਏ ਪੰਜਾਬ ਦਾ ਨਾਂ ਰੌਸ਼ਨ ਕਰ ਰਹੇ ਹਨ। ਉਨ੍ਹਾਂ ਨੇ ਉੱਭਰ ਰਹੇ ਖਿਡਾਰੀਆਂ ਨੂੰ ਕਿਹਾ ਕਿ ਖੇਡਾਂ ਦੇ ਨਕਸ਼ੇ ਉੱਤੇ ਕੌਮੀ ਅਤੇ ਕੌਮਾਂਤਰੀ ਪੱਧਰ 'ਤੇ ਵੱਖ-ਵੱਖ ਖੇਡਾਂ ਵਿਚ ਪੰਜਾਬ ਦਾ ਨਾਂ ਚਮਕਾਉਣ ਵਾਲੇ ਖਿਡਾਰੀਆਂ ਨੂੰ ਉਹ ਆਪਣੇ ਪ੍ਰੇਰਨਾ ਸਰੋਤ ਬਣਾਉਂਦਿਆਂ ਆਪੋ-ਆਪਣੀ ਖੇਡ ਵਿਚ ਨਵੀਆਂ ਬੁਲੰਦੀਆਂ ਛੋਹਣ ਲਈ ਪੂਰੇ ਯਤਨ ਕਰਨ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਕੇ ਅਤੇ ਨਸ਼ਿਆਂ ਦੇ ਰੁਝਾਨ ਨੂੰ ਠੱਲ ਪਾ ਕੇ ਰੰਗਲੇ ਪੰਜਾਬ ਦਾ ਸੁਪਨਾ ਸਾਕਾਰ ਕੀਤਾ ਜਾ ਸਕਦਾ ਹੈ।

ਮੁੱਖ ਮੰਤਰੀ ਭਗਵੰਤ ਮਾਨ ਵਲੋਂ ਖੇਡ ਸੱਭਿਆਚਾਰ ਨੂੰ ਹੋਰ ਪ੍ਰਫੁੱਲਿਤ ਕਰਨ ਲਈ ਸ਼ੁਰੂ ਕੀਤੀਆਂ ਖੇਡਾਂ ਵਤਨ ਪੰਜਾਬ ਦੀਆਂ ਦਾ ਜ਼ਿਕਰ ਕਰਦਿਆਂ ਜੋਗਿੰਦਰ ਸਿੰਘ ਮਾਨ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਇਸ ਉਪਰਾਲੇ ਨਾਲ ਖੇਡ ਢਾਂਚੇ ਨੂੰ ਨਵੀਂ ਮਜ਼ਬੂਤੀ ਮਿਲੀ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਖੇਡਾਂ ਨਾਲ ਵੱਖ-ਵੱਖ ਵਰਗਾਂ ਨੂੰ ਆਪਣੀਆਂ ਪਸੰਦੀਦਾ ਖੇਡਾਂ ਵਿਚ ਪ੍ਰਦਰਸ਼ਨ ਕਰਨ ਦਾ ਮੌਕਾ ਮਿਲਿਆ ਹੈ। ਉਨ੍ਹਾਂ ਨੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਪੰਜਾਬ ਸਰਕਾਰ ਵਲੋਂ ਨਸ਼ਿਆਂ ਖਿਲਾਫ਼ ਚਲਾਈ ਜਾ ਰਹੀ ਮੁਹਿੰਮ ਵਿਚ ਸਰਗਰਮ ਭੂਮਿਕਾ ਨਿਭਾ ਕੇ ਇਸ ਅਲਾਮਤ ਦੇ ਖਾਤਮੇ ਨੂੰ ਯਕੀਨੀ ਬਣਾਇਆ ਜਾਵੇ।

ਜੇ.ਸੀ.ਟੀ. ਅਕੈਡਮੀ ਨੇ ਸ਼ੋਅ ਮੈਚ 2-0 ਦੇ ਫਰਕ ਨਾਲ ਜਿੱਤਿਆ। ਇਸ ਮੌਕੇ ਤਹਿਸੀਲਦਾਰ ਬਲਜਿੰਦਰ ਸਿੰਘ, ਨਾਇਬ ਤਹਿਸੀਲਦਾਰ ਮਨਦੀਪ ਸਿੰਘ, ਜ਼ਿਲ੍ਹਾ ਖੇਡ ਅਫਸਰ ਲਵਜੀਤ ਸਿੰਘ, ਪ੍ਰਿੰਸੀਪਲ ਰਣਜੀਤ ਕੁਮਾਰ, ਡੀ.ਐਮ. ਸਪੋਰਟਸ ਸੁਖਵਿੰਦਰ ਸਿੰਘ, ਫੁੱਟਬਾਲ ਕੋਚ ਪ੍ਰਦੀਪ ਕੁਮਾਰ ਤੋਂ ਇਲਾਵਾ ਭਾਰੀ ਗਿਣਤੀ ਵਿਚ ਨੌਜਵਾਨ ਮੌਜੂਦ ਸਨ।

# ਸਰਕਾਰ ਨੇ ਸਿੱਖਿਆ ਤੇ ਸਿਹਤ ਸੰਬੰਧੀ ਕ੍ਰਾਂਤੀਕਾਰੀ ਫੈਸਲੇ ਲਏ : ਬੈਂਸ



**ਭਲਾਣ (ਹਰਜਸ਼ਨ ਢਿੱਲੋਂ)** -ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਸਿੱਖਿਆ ਅਤੇ ਸਿਹਤ ਵਿੱਚ ਕ੍ਰਾਂਤੀਕਾਰੀ ਫੈਸਲੇ ਲਏ ਗਏ ਹਨ, ਇਸ ਨਾਲ ਪੰਜਾਬ ਦੇ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਮਿਲ ਰਹੀਆਂ ਹਨ। ਪੰਜਾਬ ਦੇ ਪਿੰਡਾਂ ਦਾ ਯੋਜਨਾਬੱਧ ਢੰਗ ਨਾਲ ਸਰਵਪੱਖੀ ਵਿਕਾਸ ਕਰਵਾਇਆ ਜਾ ਰਿਹਾ ਹੈ। ਸ੍ਰੀ ਅਨੰਦਪੁਰ ਸਾਹਿਬ ਹਲਕੇ ਵਿੱਚ ਸ਼ਹਿਰਾ ਤੇ ਪਿੰਡਾਂ ਲਈ ਕਰੋੜਾਂ ਰੁਪਏ ਦੇ ਪ੍ਰੋਜੈਕਟ ਮੁਕੰਮਲ ਹੋ ਰਹੇ ਹਨ, ਜਿਸ ਨਾਲ ਇਸ ਹਲਕੇ ਦੀ ਨੁਹਾਰ ਬਦਲ ਰਹੀ ਹੈ।ਇਹ ਪ੍ਰਗਟਾਵਾ ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਕੂਲ ਸਿੱਖਿਆ, ਤਕਨੀਕੀ ਸਿੱਖਿਆ, ਉਦਯੋਗਿਕ ਸਿਖਲਾਈ ਤੇ ਭਾਸ਼ਾ ਵਿਭਾਗ ਪੰਜਾਬ ਨੇ ਪਿੰਡ ਨਾਨਗਰਾਂ ਵਿੱਚ ਇੱਕ ਧਾਰਮਿਕ ਸਮਾਗਮ ਦੌਰਾਨ ਸ਼ਮੂਲੀਅਤ ਕਰਨ ਮੌਕੇ ਇਲਾਕਾ ਵਾਸੀਆਂ ਨੂੰ ਸੰਬੋਧਨ ਕਰਦੇ ਹੋਏ ਕੀਤਾ। ਉਨ੍ਹਾਂ ਨੇ ਕਿਹਾ ਕਿ ਇਹ ਇਲਾਕਾ ਦਹਾਕਿਆਂ ਤੋਂ ਸਰਕਾਰਾ ਦੀ ਬੇਰੁਖੀ ਕਾਰਨ ਅਣਗੌਲਿਆ ਸੀ ਅਤੇ ਹੁਣ ਇਸ ਹਲਕੇ ਨੂੰ ਪੰਜਾਬ ਦਾ ਨੰਬਰ ਇੱਕ ਹਲਕਾ ਬਣਾਇਆ ਜਾਵੇਗਾ। ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਵਿੱਚ ਸਿਹਤ ਸਹੂਲਤਾਂ ਵਿੱਚ ਵੱਡੇ ਸੁਧਾਰ ਲਿਆ ਰਹੀ ਹੈ। ਲੋਕਾਂ ਦੀਆਂ ਬਰੂਹਾਂ ਨੇੜੇ ਆਮ ਆਦਮੀ ਕਲੀਨਿਕ ਖੋਲੇ ਗਏ ਹਨ, ਜਿੱਥੇ ਦਵਾਈਆਂ, ਟੈਸਟ ਆਦਿ ਦੀ ਸਹੂਲਤ ਬਿਲਕੁਲ ਮੁਫਤ ਮਿਲ ਰਹੀ ਹੈ। ਸਰਕਾਰੀ ਸਕੂਲਾਂ ਦੀ ਨੁਹਾਰ ਬਦਲ ਰਹੀ ਹੈ, ਸਕੂਲ ਆਫ ਐਮੀਨੈਂਸ ਇਸ ਦਿਸ਼ਾ ਵਿਚ ਕ੍ਰਾਂਤੀਕਾਰੀ ਉਪਰਾਲੇ ਹਨ। ਅੱਜ ਸਾਡੇ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਦੇਸ਼ਾਂ ਵਿਦੇਸ਼ਾਂ ਵਿਚ ਜਾ ਕੇ ਸਮੇਂ ਦੇ ਹਾਣੀ ਬਣ ਰਹੇ ਹਨ, ਪ੍ਰਿੰਸੀਪਲ ਅਤੇ ਹੈਡਮਾਸਟਰ ਸਿਖਲਾਈ ਲੈਣ ਲਈ ਵਿਦੇਸ਼ਾਂ ਵਿਚ ਜਾ ਰਹੇ ਹਨ। ਪ੍ਰਾਇਮਰੀ ਸਕੂਲਾਂ ਦੀਆਂ ਇਮਾਰਤਾਂ ਵਿੱਚ ਸੁਧਾਰ ਲਿਆਦਾ ਜਾ ਰਿਹਾ ਹੈ, ਪਿੰਡਾਂ ਵਿਚ ਖੇਡ ਮੈਦਾਨ ਬਣਾਏ ਜਾ ਰਹੇ ਹਨ, ਇਸ ਨਾਲ ਨੌਜਵਾਨ ਅਤੇ ਬੱਚੇ ਖੇਡਾਂ ਵੱਲ ਉਤਸ਼ਾਹਿਤ ਹੋ ਰਹੇ ਹਨ, ਇਹ ਸਾਡੇ ਸੂਬੇ ਦੇ ਬਦਲ ਰਹੀ ਨੁਹਾਰ ਦਾ ਪ੍ਰਤੀਕ ਹੈ। ਉਨ੍ਹਾ ਨੇ ਕਿਹਾ ਕਿ ਜਿੱਥੇ ਵੱਡੇ ਵੱਡੇ ਪ੍ਰੋਜੈਕਟ ਸ੍ਰੀ ਅਨੰਦਪੁਰ ਸਾਹਿਬ ਹਲਕੇ ਵਿੱਚ ਲਿਆ ਕੇ ਮੁਕੰਮਲ ਕਰਵਾਏ ਜਾ ਰਹੇ ਹਨ, ਉਥੇ ਪਿੰਡਾਂ ਵਿਚ ਕਮਿਊਨਿਟੀ ਸੈਂਟਰ ਅਤੇ ਅੰਬੇਦਕਰ ਭਵਨ ਮੁਕੰਮਲ ਕਰਕੇ ਲੋਕ ਅਰਪਣ ਕੀਤੇ ਜਾ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਪਿੰਡਾਂ ਵਿੱਚ ਜਲ ਸਪਲਾਈ ਦੀਆਂ ਵਿਆਪਕ ਯੋਜਨਾਵਾ 'ਤੇ ਕੰਮ ਚੱਲ ਰਿਹਾ ਹੈ। ਪਿੰਡਾਂ ਨੂੰ ਨਹਿਰੀ ਪਾਣੀ ਦੀ ਸਹੂਲਤ ਜਲਦੀ ਮਿਲੇਗੀ, ਉਨ੍ਹਾਂ ਨੇ ਕਿਹਾ ਕਿ ਅੱਜ 90 ਪ੍ਰਤੀਸ਼ਤ ਲੋਕਾਂ ਦੇ ਘਰਾਂ ਦੇ ਬਿਜਲੀ ਦੇ ਬਿੱਲ ਜ਼ੀਰੋ ਆ ਰਹੇ ਹਨ। ਸਰਕਾਰ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਦੇ ਰਹੀ ਹੈ। ਇਹ ਨੌਕਰੀਆਂ ਪਾਰਦਰਸ਼ੀ ਢੰਗ ਨਾਲ ਦਿੱਤੀਆ ਜਾ ਰਹੀਆਂ ਹਨ। ਕੈਬਨਿਟ ਮੰਤਰੀ ਨੇ ਧਾਰਮਿਕ ਸਮਾਗਮ ਦੇ ਆਯੋਜਕਾਂ ਕੇਵਲ ਸਿੰਘ,ਮਨਿੰਦਰ ਸਿੰਘ ਤੇ ਕਮਲਜੀਤ ਸਿੰਘ ਕੌਰ ਨੂੰ ਸ਼ੁੱਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਅੱਜ ਸਾਡੇ ਸੂਬੇ ਵਿੱਚ ਭਾਈਚਾਰਕ ਸਾਂਝ ਮਜਬੂਤ ਹੋ ਰਹੀ ਹੈ। ਉਨ੍ਹਾਂ ਨੇ ਕਿਹਾ ਕਿ ਸਾਡੇ ਇਲਾਕੇ ਦੇ ਲੋਕ ਸਵੈ ਰੋਜਗਾਰ ਦੇ ਮੌਕੇ ਤਲਾਸ਼ ਰਹੇ ਹਨ, ਇਸ ਲਈ ਹੁਨਰ ਸਿਖਲਾਈ ਲਈ ਵੀ ਨੌਜਵਾਨਾਂ ਵਿੱਚ ਉਤਸ਼ਾਹ ਹੈ। ਇਸ ਮੌਕੇ ਕਿਲ੍ਹਾ ਅਨੰਦਗੜ੍ਹ ਸਾਹਿਬ ਦੇ ਬਾਬਾ ਪ੍ਰੇਮ ਸਿੰਘ ਨੇ ਸਿੱਖਿਆ ਮੰਤਰੀ ਹਰਜੋਤ ਬੈਂਸ ਦਾ ਸਨਮਾਨ ਕੀਤਾ।ਇਸ ਮੌਕੇ ਦਲਜੀਤ ਸਿੰਘ ਕਾਕਾ ਨਾਨਗਰਾ, ਗੌਰਵ ਸ਼ਰਮਾ,ਬਲਵੀਰ ਸਿੰਘ, ਗੁਰਜੀਤ ਸਿੰਘ, ਰਣਜੀਤ ਸਿੰਘ,ਗੁਰਦੀਪ ਸਿੰਘ, ਬਲਕਾਰ ਸਿੰਘ, ਹਰੀ ਸਿੰਘ, ਕੁਲਵਿੰਦਰ ਸਿੰਘ, ਜਸਵੰਤ ਸਿੰਘ, ਜਸ਼ਨਪ੍ਰੀਤ ਸਿੰਘ, ਗੁਰਬਖ਼ਸ਼ ਸਿੰਘ,ਭਵਨੀਤ ਸਿੰਘ ਆਦਿ ਹਾਜ਼ਰ ਸਨ।

# ਦਿਨੋ-ਦਿਨ ਵਧਦਾ ਜਾ ਰਿਹੈ ਸਰਦੀ ਦਾ ਪ੍ਰਕੋਪ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਪੁਰੀਆ)** ਸਰਦੀ ਦਾ ਪ੍ਰਕੋਪ ਦਿਨੋ-ਦਿਨ ਵਧਦਾ ਜਾ ਰਿਹਾ ਹੈ। ਸਵੇਰੇ ਤੋਂ ਹੀ ਧੁੰਦ ਪੈਣੀ ਸ਼ੁਰੂ ਹੋ ਜਾਂਦੀ ਹੈ।ਸਰਦੀ ਤੋਂ ਬਚਣ ਲਈ ਲੋਕ ਅੱਗ ਸੇਕ ਰਹੇ ਹਨ। ਨਵਾਂਸ਼ਹਿਰ ਅਤੇ ਆਸਪਾਸ ਦੇ ਇਲਾਕਿਆਂ ਵਿਚ ਸਰਦੀ ਦਾ ਕਾਫ਼ੀ ਵਾਧਾ ਹੋ ਗਿਆ। ਧੁੰਦ ਕਾਰਨ ਵਾਹਨਾਂ ਦਾ ਸੜਕਾਂ 'ਤੇ ਚੱਲਣਾ ਕਾਫ਼ੀ ਮੁਸ਼ਕਲ ਹੋ ਗਿਆ ਹੈ ਕਿਉਂਕਿ 10 ਮੀਟਰ ਤੋਂ ਵੀ ਘੱਟ ਦੂਰੀ 'ਤੇ ਕੁਝ ਨਜ਼ਰ ਨਹੀਂ ਆਉਂਦਾ। ਹਾਈਵੇਅ 'ਤੇ ਵਾਹਨ ਚਾਲਕ ਲਾਈਨ ਬਣਾ ਕੇ ਬਹੁਤ ਹੀ ਘੱਟ ਸਪੀਡ 'ਤੇ ਹੈੱਡ ਲਾਈਟਾਂ ਜਗਾ ਕੇ ਚਲਦੇ ਹਨ ਅਤੇ ਕੁਝ ਵਾਹਨਾਂ ਨੇ ਪੀਲੀਆਂ ਫੋਗ ਲਾਈਟਾਂ ਦੀ ਵਰਤੋਂ ਕਰਨੀ ਸ਼ੁਰੂ ਕਰ ਦਿੱਤੀ ਹੈ। ਸਰਦੀ ਕਾਰਨ ਲੋਕ ਅਕਸਰ ਬੀਮਾਰ ਰਹਿੰਦੇ ਹਨ ਕਿਉਂਕਿ ਇਹ ਖ਼ੁਸ਼ਕ ਠੰਡ ਹੈ, ਜਿਸ ਦਾ ਗਲੇ ਅਤੇ ਛਾਤੀ ਉੱਤੇ ਮਾੜਾ ਪ੍ਰਭਾਵ ਪੈਂਦਾ ਹੈ। ਇਲਾਜ ਲਈ ਨਵਾਂਸ਼ਹਿਰ ਸਿਵਲ ਹਸਪਤਾਲ ਡਾਕਟਰਾਂ ਪਾਸ ਕਾਫ਼ੀ ਭੀੜ ਲੱਗੀ ਰਹਿੰਦੀ ਹੈ। ਸਿਵਲ ਹਸਪਤਾਲ ਨਵਾਂਸ਼ਹਿਰ ਦੇ ਐਸ ਐਮ ਓ ਡਾਕਟਰ ਸਤਵਿੰਦਰ ਪਾਲ ਬਿੰਟੂ ਨੇ ਦੱਸਿਆ ਕਿ ਸਾਡੇ ਸਾਹ ਲੈਣ ਦੀ ਪ੍ਰਕਿਰਿਆ ਦੌਰਾਨ ਸਰੀਰ ਵਿੱਚ ਕਾਰਬਨ ਡਾਈਆਕਸਾਈਡ ਅਤੇ ਪਾਣੀ ਬਣਦੇ ਹਨ। ਇਹ ਪਾਣੀ ਤੁਹਾਡੇ ਫੇਫੜਿਆਂ ਰਾਹੀਂ ਵਾਸ਼ਪੀਕਰਨ ਦੀ ਪ੍ਰਕਿਰਿਆ ਰਾਹੀਂ ਪਾਣੀ ਦੀ ਵਾਸ਼ਪ ਦੇ ਰੂਪ ਵਿੱਚ ਮੂੰਹ ਜਾਂ ਨੱਕ ਰਾਹੀਂ ਬਾਹਰ ਆਉਂਦਾ ਹੈ। ਸਾਹ ਲੈਣ ਅਤੇ ਪਾਚਨ ਦੀ ਪ੍ਰਕਿਰਿਆ ਦੌਰਾਨ ਤੁਹਾਡੇ ਸਰੀਰ ਵਿੱਚ ਪੈਦਾ ਹੋਣ ਵਾਲਾ ਪਾਣੀ ਅਤੇ ਜੋ ਪਾਣੀ ਅਸੀਂ ਪੀਂਦੇ ਹਾਂ, ਉਹ ਪਿਸ਼ਾਬ, ਪਸੀਨੇ ਅਤੇ ਵਾਸ਼ਪੀਕਰਨ ਰਾਹੀਂ ਸਰੀਰ ਵਿੱਚੋਂ ਬਾਹਰ ਨਿਕਲਦਾ ਹੈ।ਤੁਹਾਨੂੰ ਪਤਾ ਹੋਣਾ ਚਾਹੀਦਾ ਹੈ ਕਿ ਮਨੁੱਖੀ ਸਰੀਰ ਦਾ ਔਸਤ ਤਾਪਮਾਨ 98.6 ਡਿਗਰੀ ਫਾਰਨਹਾਈਟ ਹੁੰਦਾ ਹੈ ਅਰਥਾਤ 37 ਡਿਗਰੀ ਸੈਲਸੀਅਸ ਹੈ। ਸਰਦੀਆਂ ਵਿੱਚ ਜਦੋਂ ਅਸੀਂ ਸਾਹ ਛੱਡਦੇ ਹਾਂ ਤਾਂ ਸਾਹ ਦੇ ਨਾਲ-ਨਾਲ ਸਰੀਰ ਦਾ ਪਾਣੀ ਵੀ ਬਾਹਰ ਨਿਕਲਦਾ ਹੈ। ਇਸ ਲਈ ਜਦੋਂ ਇਹ ਬਾਹਰੀ ਠੰਡੀ ਹਵਾ ਨਾਲ ਮਿਲਦੀ ਹੈ ਤਾਂ ਇਸ ਦਾ ਵਾਸ਼ਪੀਕਰਨ ਸ਼ੁਰੂ ਹੋ ਜਾਂਦਾ ਹੈ।ਜਦੋਂ ਇਹ ਪਾਣੀ ਦੀ ਵਾਸ਼ਪ ਬਾਹਰੋਂ ਆਈ ਠੰਡੀ ਹਵਾ ਨਾਲ ਮਿਲਦੀ ਹੈ, ਤਾਂ ਇਹ ਪਾਣੀ ਦੀਆਂ ਛੋਟੀਆਂ-ਛੋਟੀਆਂ ਬੂੰਦਾਂ ਵਿੱਚ ਸੰਘਣਾ ਹੋ ਕੇ ਬੱਦਲ ਬਣ ਜਾਂਦੀ ਹੈ ਅਤੇ ਨਤੀਜਾ ਇਹ ਹੁੰਦਾ ਹੈ ਕਿ ਇਹ ਤੁਹਾਨੂੰ ਧੂੰਏਂ ਵਰਗਾ ਲੱਗਦਾ ਹੈ। ਸਿਵਲ ਹਸਪਤਾਲ ਦੇ ਹਾਰਟ ਸਪੈਸ਼ਲਿਸਟ ਡਾਕਟਰ ਨਿਰਮਲ ਕੁਮਾਰ ਨੇ ਦੱਸਿਆ ਕਿ ਠੰਡ ਵਿੱਚ ਦਿਲ ਦੇ ਦੌਰੇ ਦਾ ਖਤਰਾ ਵੱਧ ਜਾਂਦਾ ਹੈ ਕਿ ਸਰਦੀਆਂ ਵਿੱਚ ਦਿਲ ਉੱਤੇ ਦਬਾਅ ਵੱਧ ਜਾਂਦਾ ਹੈ।

ਹਰ ਸਾਲ ਦਿਲ ਦੇ ਦੌਰੇ ਅਤੇ ਸਟ੍ਰੋਕ ਦੇ ਜ਼ਿਆਦਾਤਰ ਮਾਮਲੇ ਸਰਦੀਆਂ ਵਿੱਚ ਹੀ ਹੁੰਦੇ ਹਨ। ਮੋਟਾਪੇ ਅਤੇ ਹਾਈ ਬਲੱਡ ਪ੍ਰੈਸ਼ਰ ਤੋਂ ਪੀੜਤ ਲੋਕਾਂ ਵਿੱਚ ਹਾਰਟ ਅਟੈਕ ਅਤੇ ਸਟ੍ਰੋਕ ਦਾ ਖ਼ਤਰਾ 30 ਫੀਸਦੀ ਤੱਕ ਵੱਧ ਹੁੰਦਾ ਹੈ। ਇਸ ਮੌਸਮ 'ਚ ਦਿਲ ਦੀਆਂ ਬੀਮਾਰੀਆਂ ਦਾ ਖਤਰਾ ਜ਼ਿਆਦਾ ਹੁੰਦਾ ਹੈ, ਸਰਦੀਆਂ 'ਚ ਤਾਪਮਾਨ ਡਿੱਗਣਾ ਸ਼ੁਰੂ ਹੋ ਜਾਂਦਾ ਹੈ। ਸਰੀਰ ਕੰਬਣ ਲੱਗਦਾ ਹੈ। ਖ਼ੂਨ ਦੀਆਂ ਨਾੜੀਆਂ ਸੁੰਗੜਨ ਲੱਗਦੀਆਂ ਹਨ। ਇਨ੍ਹਾਂ ਸੁੰਗੜੀਆਂ ਖ਼ੂਨ ਦੀਆਂ ਨਾੜੀਆਂ ਵਿੱਚੋਂ ਖ਼ੂਨ ਨੂੰ ਬਾਹਰ ਕੱਢਣ ਲਈ ਜ਼ਿਆਦਾ ਦਬਾਅ ਪਾਉਣਾ ਪੈਂਦਾ ਹੈ। ਇਸ ਤਰ੍ਹਾਂ ਮਰੀਜ਼ ਦਾ ਬਲੱਡ ਪ੍ਰੈਸ਼ਰ ਵਧ ਜਾਂਦਾ ਹੈ।

# ਸਰਕਾਰ ਪ੍ਰਵਾਸੀ ਪੰਜਾਬੀਆਂ ਨੂੰ ਸਾਫ਼-ਸੁਥਰਾ ਤੇ ਪਾਰਦਰਸ਼ੀ ਪ੍ਰਸ਼ਾਸਨ ਦੇਣ ਲਈ ਵਚਨਬੱਧ-ਧਾਲੀਵਾਲ



**ਜਲੰਧਰ ( ਸ਼ੈਲੀ ਐਲਬਰਟ):-** ਪੰਜਾਬ ਦੇ ਪ੍ਰਵਾਸੀ ਭਾਰਤੀ ਮਾਮਲਿਆਂ ਬਾਰੇ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਐਨ.ਆਰ.ਆਈ. ਭਾਈਚਾਰੇ ਨੂੰ ਪੰਜਾਬ ਵਿੱਚ ਸਾਫ਼-ਸੁਥਰਾ ਅਤੇ ਪਾਰਦਰਸ਼ੀ ਪ੍ਰਸ਼ਾਸਨ ਪ੍ਰਦਾਨ ਕਰਦੇ ਹੋਏ ਉਨ੍ਹਾਂ ਦੇ ਮਸਲਿਆਂ ਨੂੰ ਹੱਲ ਕਰਨ ਲਈ ਵਚਨਬੱਧ ਹੈ । ਕੈਬਨਿਟ ਮੰਤਰੀ ਐਨ.ਆਰ.ਆਈ. ਸਭਾ ਦੀ ਨਵਨਿਯੁਕਤ ਪ੍ਰਧਾਨ ਪਰਵਿੰਦਰ ਕੌਰ ਬੰਗਾ ਦੇ ਅਹੁਦਾ ਸੰਭਾਲਣ ਮੌਕੇ ਸਮਾਗਮ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ। ਉਨ੍ਹਾਂ ਇਹ ਵੀ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਪਹਿਲਾਂ ਪੰਜ ਐਨ.ਆਰ.ਆਈ. ਮਿਲਣੀਆਂ ਕਰਵਾਈਆਂ ਜਾ ਚੁੱਕੀਆਂ ਹਨ, ਜਿਨ੍ਹਾਂ ਵਿੱਚ ਪ੍ਰਵਾਸੀ ਭਾਰਤੀਆਂ ਵੱਲੋਂ ਪ੍ਰਾਪਰਟੀ ਸਬੰਧੀ ਕੁੱਲ 610 ਸ਼ਿਕਾਇਤਾਂ ਪ੍ਰਾਪਤ ਹੋਈਆਂ ਸਨ, ਜਿਨ੍ਹਾਂ ਵਿੱਚੋਂ 595 ਦਾ ਸਰਕਾਰ ਵੱਲੋਂ ਨਿਪਟਾਰਾ ਕੀਤਾ ਜਾ ਚੁੱਕਾ ਹੈ ਅਤੇ ਕੁਝ ਅਦਾਲਤ ਵਿੱਚ ਮੁਕੱਦਮੇਬਾਜ਼ੀ ਕਾਰਨ ਲੰਬਿਤ ਹਨ। ਮੰਤਰੀ ਨੇ ਅੱਗੇ ਦੱਸਿਆ ਕਿ ਸੂਬਾ ਸਰਕਾਰ ਐਨ.ਆਰ.ਆਈ. ਭਾਈਚਾਰੇ ਦੇ ਮਸਲਿਆਂ ਨੂੰ ਥੋੜ੍ਹੇ ਸਮੇਂ ਵਿੱਚ ਹੱਲ ਕਰਨ ਲਈ ਚੁਸਤ-ਦਰੁੱਸਤ ਪ੍ਰਣਾਲੀ ਨੂੰ ਵਿਕਸਤ ਕਰਨ 'ਤੇ ਕੰਮ ਕਰ ਰਹੀ ਹੈ ਤਾਂ ਜੋ ਪ੍ਰਵਾਸੀਆਂ ਨੂੰ ਆਪਣੇ ਮਸਲੇ ਸਰਕਾਰੀ ਪੱਧਰ 'ਤੇ ਹੱਲ ਕਰਵਾਉਣ ਲਈ ਮੁਸ਼ਕਿਲ ਨਾ ਆਵੇ ।। ਉਨ੍ਹਾਂ ਇਹ ਵੀ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜਲਦ ਹੀ ਪਠਾਨਕੋਟ ਜ਼ਿਲ੍ਹੇ ਵਿੱਚ ਇੱਕ ਹੋਰ ਐਨ.ਆਰ.ਆਈ. ਮਿਲਣੀ ਕਰਵਾਈ ਜਾ ਰਹੀ ਹੈ, ਜਿਸ ਵਿੱਚ ਸੂਬੇ ਭਰ ਦੇ ਪ੍ਰਵਾਸੀ ਭਾਰਤੀਆਂ ਨੂੰ ਆਪਣੇ ਸੁਝਾਅ ਅਤੇ ਫੀਡਬੈਕ ਦੇਣ ਲਈ ਸੱਦਾ ਦਿੱਤਾ ਜਾਵੇਗਾ। ਪਰਵਿੰਦਰ ਕੌਰ ਨੇ ਇੱਥੇ ਐਨ.ਆਰ.ਆਈ.ਸਭਾ ਵਿਖੇ ਪੰਜਾਬ ਦੇ ਪ੍ਰਵਾਸੀ ਭਾਰਤੀ ਮਾਮਲਿਆਂ ਬਾਰੇ ਮੰਤਰੀ ਕੁਲਦੀਪ ਸਿੰਘ ਧਾਲੀਵਾਲ, ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੋੜੀ, ਲੋਕ ਸਭਾ ਮੈਂਬਰ ਸੁਸ਼ੀਲ ਕੁਮਾਰ ਰਿੰਕੂ, ਪੰਜਾਬ ਵੇਅਰਹਾਊਸਿੰਗ ਕਾਰਪੋਰੇਸ਼ਨ ਲਿਮਟਿਡ ਦੀ ਚੇਅਰਪਰਸਨ ਰਾਜਵਿੰਦਰ ਕੌਰ ਅਤੇ ਹੋਰ ਪਤਵੰਤਿਆਂ ਦੀ ਮੌਜੂਦਗੀ ਵਿੱਚ ਐਨ.ਆਰ.ਆਈ. ਸਭਾ ਦੇ ਪ੍ਰਧਾਨ ਵਜੋਂ ਅਹੁਦਾ ਸੰਭਾਲਿਆ।

# ਛੇਵੇਂ ਤਨਖਾਹ ਕਮਿਸ਼ਨ ਸੰਬੰਧੀ 19 ਨੂੰ ਲਗਾਇਆ ਜਾਵੇਗਾ ਧਰਨਾ



**ਸ੍ਰੀ ਆਨੰਦਪੁਰ ਸਾਹਿਬ, (ਅਰਵਿੰਦਰ ਸਿੰਘ ਬਿੰਦੀ)**—ਛੇਵੇਂ ਪੇ-ਕਮਿਸ਼ਨ ਨੂੰ ਲਾਗੂ ਕਰਨ ਦੀ ਮੰਗ ਨੂੰ ਲੈ ਕੇ ਪੰਜਾਬ ਦੇ ਸਰਕਾਰੀ ਸਹਾਇਤਾ ਪ੍ਰਾਪਤ ਕਾਲਜਾਂ ਦੇ ਨਾਨ-ਟੀਚਿੰਗ ਅਮਲੇ ਵੱਲੋਂ 19 ਜਨਵਰੀ ਨੂੰ ਅਨੰਦਪੁਰ ਸਾਹਿਬ ਦੇ ਭਗਤ ਰਵਿਦਾਸ ਚੌਂਕ ਵਿੱਚ ਪੰਜਾਬ ਸਰਕਾਰ ਦੇ ਖਿਲਾਫ ਸੂਬਾ ਪੱਧਰੀ ਧਰਨਾ ਦਿੱਤਾ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਾਈਵੇਟ ਕਾਲਜ ਨਾਨ ਟੀਚਿੰਗ ਇੰਪਲਾਈਜ਼ ਯੂਨੀਅਨ ਪੰਜਾਬ ਦੇ ਅਨੰਦਪੁਰ ਸਾਹਿਬ ਇਕਾਈ ਦੇ ਪ੍ਰਧਾਨ ਸੋਹਣ ਸਿੰਘ ਅਤੇ ਸਕੱਤਰ ਪ੍ਰੇਮ ਸਿੰਘ ਨੇ ਸਾਂਝੇ ਤੌਰ ਤੇ ਬਿਆਨ ਦਿੰਦਿਆਂ ਦੱਸਿਆ ਕਿ ਸੂਬੇ ਦੇ ਸਰਕਾਰੀ ਸਹਾਇਤਾ ਪ੍ਰਾਪਤ ਪ੍ਰਾਈਵੇਟ ਕਾਲਜਾਂ ਦੇ ਨਾਨ ਟੀਚਿੰਗ ਅਮਲੇ ਨੂੰ ਅਜੇ ਤੱਕ ਸਰਕਾਰ ਨੇ 6ਵੇਂ ਪੇ ਕਮਿਸ਼ਨ ਦੇ ਲਾਭ ਨਹੀਂ ਦਿੱਤੇ ਹਨ, ਉਹਨਾਂ ਕਿਹਾ ਕਿ ਇਸ ਤੋਂ ਪਹਿਲਾਂ ਵੀ ਯੂਨੀਅਨ ਦੇ ਸੱਦੇ ਤੇ ਅਨੰਦਪੁਰ ਸਾਹਿਬ ਵਿਖੇ ਜ਼ੋਰਦਾਰ ਰੋਸ਼ ਪ੍ਰਦਰਸਨ ਕੀਤਾ ਗਿਆ ਸੀ ਉਸ ਤੋਂ ਤੁਰੰਤ ਬਾਅਦ ਉਚੇਰੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਯੂਨੀਅਨ ਦੇ ਆਗੂ ਨੂੰ ਬੁਲਾ ਕੇ ਮੌਕੇ 'ਤੇ ਫਾਈਲ ਵਿੱਤ ਵਿਭਾਗ ਨੂੰ ਮਾਰਕ ਕਰ ਦਿੱਤੀ ਸੀ। ਉਸ ਤੋਂ ਬਾਅਦ ਵਿੱਤ ਵਿਭਾਗ ਵੱਲੋਂ ਬਾਰ ਬਾਰ ਕਾਲਜਾਂ ਤੋਂ ਛੇਵੇਂ ਤਨਖਾਹ ਕਮਿਸ਼ਨ ਦੇ ਬੋਝ ਦਾ ਡਾਟਾ ਮੰਗਵਾ ਕੇ ਵੀ ਫਾਈਲ ਵਿਭਾਗ ਤੋਂ ਅੱਗੇ ਨਹੀਂ ਵਧਾਈ ਗਈ। ਨੋਟੀਫਿਕੇਸ਼ਨ ਜਾਰੀ ਕਰਨ ਤੱਕ ਦੀ ਜ਼ੁੰਮੇਵਾਰੀ ਉਚੇਰੀ ਸਿੱਖਿਆ ਮੰਤਰੀ ਦੀ ਬਣਦੀ ਸੀ,ਪਰ ਉਚੇਰੀ ਸਿੱਖਿਆ ਮੰਤਰੀ ਆਪਣੀ ਜ਼ੁੰਮੇਵਾਰੀ ਤੋਂ ਪੱਲਾ ਝਾੜ ਰਹੇ ਹਨ, ਇਸ ਲਈ ਯੂਨੀਅਨ ਨੇ ਮਜ਼ਬੂਰ ਹੋ ਕੇ ਉਚੇਰੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਵਿਧਾਨ ਸਭਾ ਹਲਕੇ ਵਿੱਚ ਧਰਨੇ ਦਾ ਐਲਾਨ ਕਰ ਦਿੱਤਾ ਹੈ। ਜਦਕਿ ਪਹਿਲਾਂ ਦੋ ਵਾਰ ਡੀ ਪੀ ਆਈ ਕਾਲਜਾਂ ਮੋਹਾਲੀ ਦੇ ਦਫ਼ਤਰ ਦੇ ਗੇਟ ਅੱਗੇ ਧਰਨਾ ਦਿੱਤਾ ਅਤੇ ਹੁਣ ਲੰਘੀ ਸੱਤ ਜਨਵਰੀ ਨੂੰ ਮੁੱਖ ਮੰਤਰੀ ਦੇ ਸਹੁੰ ਚੁੱਕ ਸਮਾਗਮ ਵਾਲੀ ਥਾਂ ਖਟਕੜ ਕਲਾਂ ਵਿਖੇ ਜ਼ੋਰਦਾਰ ਰੋਸ਼ ਪ੍ਰਦਰਸ਼ ਕੀਤਾ ਗਿਆ ਅਤੇ ਉੱਥੇ ਹੀ ਇਹ ਫੈਸਲਾ ਕੀਤਾ ਗਿਆ ਕਿ ਅਗਲਾ ਧਰਨਾ ਉਚੇਰੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਹਲਕੇ ਅਨੰਦਪੁਰ ਸਾਹਿਬ ਵਿਖੇ ਲਗਾਇਆ ਜਾਵੇਗਾ ਅਤੇ ਇਸ ਧਰਨੇ ਵਿੱਚ ਮੁਲਾਜ਼ਮ ਆਪਣੇ ਪਰਵਾਰਾਂ ਸਮੇਤ ਪਹੁੰਚਣਗੇ। ਇਸ ਵਾਰ ਇਕੱਠ ਹਜ਼ਾਰਾਂ ਦੀ ਗਿਣਤੀ ਵਿੱਚ ਹੋਵੇਗਾ। ਅਨੰਦਪੁਰ ਸਾਹਿਬ ਦੀ ਇਕਾਈ ਦੇ ਅਹੁਦੇਦਾਰਾਂ ਨੇ ਇਸ ਧਰਨੇ ਸੰਬੰਧੀ ਜਾਣਕਾਰੀ ਐੱਸ ਡੀ ਐੱਮ ਅਤੇ ਐਸ ਐਚ ਓ ਅਨੰਦਪੁਰ ਸਾਹਿਬ ਨੂੰ ਵੀ ਦਿੱਤੀ ਗਈ । ਇਸ ਮੌਕੇ ਹੋਰਨਾਂ ਤੋਂ ਇਲਾਵਾ ਖਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਤੋਂ ਸੁਪਰਡੈਂਟ ਪ੍ਰੇਮ ਸਿੰਘ ਸਕੱਤਰ, ਸੋਹਣ ਸਿੰਘ ਪ੍ਰਧਾਨ ਲੋਕਲ ਯੂਨਿਟ , ਲਖਵੀਰ ਸਿੰਘ ਸਹਾਇਕ ਲਾਇਬ੍ਰੇਰੀਅਨ ਅਤੇ ਮੀਡੀਆ ਸਕੱਤਰ ਤੇਜਿੰਦਰ ਸਿੰਘ ਸੀਨੀਅਰ ਲੈਕਚਰਾਰ ਸਹਾਇਕ ਵਿਸ਼ੇਸ਼ ਤੌਰ 'ਤੇ ਹਾਜਰ ਸਨ।

# ਪਲਸ ਮੰਚ ਵੱਲੋਂ ਸਾਹਿਤਕ ਸਮਾਗਮ 25 ਨੂੰ

## * ਨਾਟਕ 'ਮਨ ਮਿੱਟੀ ਦਾ ਬੋਲਿਆ' ਦਾ ਮੰਚਣ ਤੇ ਕਵੀ ਦਰਬਾਰ ਹੋਵੇਗਾ

**ਜਲੰਧਰ (ਕੇਸਰ)**—ਪੰਜਾਬ ਲੋਕ ਸੱਭਿਆਚਾਰਕ ਮੰਚ (ਪਲਸ ਮੰਚ) ਵੱਲੋਂ ਅਗਲੇ ਦਿਨਾਂ 'ਚ ਪੰਜਾਬ ਦੇ ਵੱਖ ਵੱਖ ਕੇਂਦਰਾਂ ਅੰਦਰ ਲੋਕ ਪੱਖੀ ਰੰਗ ਮੰਚ ਦਾ ਪਰਚਮ ਬੁਲੰਦ ਰੱਖੋ ਦੇ ਸੁਨੇਹੇ ਨੂੰ ਕੇਂਦਰ ਵਿਚ ਰੱਖਦਿਆਂ ਸਮਾਗਮ ਕੀਤੇ ਜਾਣਗੇ।ਇਹਨਾਂ ਸਮਾਗਮਾਂ ਦੀ ਲੜੀ ਵਜੋਂ ਜਲੰਧਰ ਸਮਾਗਮ ਕਰਨ ਲਈ ਸਹਿਯੋਗੀ ਸੰਸਥਾਵਾਂ ਨਾਲ਼ ਵਿਚਾਰ ਵਟਾਂਦਰਾ ਕੀਤਾ ਗਿਆ।ਪੰਜਾਬ ਲੋਕ ਸੱਭਿਆਚਾਰਕ ਮੰਚ (ਪਲਸ ਮੰਚ) ਦੇ ਪ੍ਰਧਾਨ ਅਮੋਲਕ ਸਿੰਘ ਅਤੇ ਸੂਬਾ ਕਮੇਟੀ ਮੈਂਬਰ ਜਸਵਿੰਦਰ ਪੱਪੀ ਨੇ ਇਸ ਵਿਚਾਰ ਵਟਾਂਦਰਾ ਮੀਟਿੰਗ ਉਪਰੰਤ ਪ੍ਰੈੱਸ ਨਾਲ਼ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ 25 ਜਨਵਰੀ ਸਵੇਰੇ 11 ਵਜੇ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਸਾਹਿਤਕ ਸਮਾਗਮ ਕੀਤਾ ਜਾਏਗਾ।ਇਸ ਸਮਾਗਮ 'ਚ ਸਾਡੇ ਸਮਿਆਂ ਅੰਦਰ ਲੋਕ- ਪੱਖੀ ਸਾਹਿਤ ਸਭਿਆਚਾਰ ਦੀ ਭੂਮਿਕਾ ਦਾ ਸੁਨੇਹਾ ਦਿੱਤਾ ਜਾਏਗਾ। ਕਵੀ ਦਰਬਾਰ ਅਤੇ ਨਾਟ-ਮੰਚਣ ਹੋਏਗਾ।ਉਹਨਾਂ ਦੱਸਿਆ ਕਿ ਇਸ ਸਮਾਗਮ 'ਚ ਸ਼ਬਦੀਸ਼ ਦੀ ਰਚਨਾ,ਅਨੀਤਾ ਸ਼ਬਦੀਸ਼ ਦੀ ਨਿਰਦੇਸ਼ਨਾ 'ਚ ਸੁਚੇਤਕ ਰੰਗ ਮੰਚ ਮੁਹਾਲੀ ਦੁਆਰਾ ਮਨ ਮਿੱਟੀ ਦਾ ਬੋਲਿਆ ਨਾਟਕ ਖੇਡਿਆ ਜਾਏਗਾ।ਇਸ ਮੌਕੇ ਦੇਸ਼ ਭਗਤ ਯਾਦਗਾਰ ਕਮੇਟੀ ਦੇ ਸਾਬਕਾ ਜਨਰਲ ਸਕੱਤਰ ਮਰਹੂਮ ਗੰਧਰਵ ਸੇਨ ਕੋਛੜ ਹੋਰਾਂ ਦੇ ਜਨਮ ਦਿਨ 'ਤੇ ਉਹਨਾਂ ਦੀ ਕਰਨੀ ਨੂੰ ਵੀ ਯਾਦ ਕੀਤਾ ਜਾਏਗਾ।

ਪਲਸ ਮੰਚ ਦੇ ਇਸ ਸਮਾਗਮ ਨੂੰ ਸਫ਼ਲ ਬਣਾਉਣ ਲਈ ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ,ਪਲਸ ਮੰਚ ਦੀ ਇਕਾਈ ਮਾਨਵਤਾ ਕਲਾ ਮੰਚ ਨਗਰ, ਲੋਕ ਸੰਗੀਤ ਮੰਡਲੀ ਮਸਾਣੀ, ਪੰਜਾਬ ਕਲਾ ਸੰਗਮ ਫਗਵਾੜਾ, ਸਾਹਿਤ ਕਲਾ ਕੇਂਦਰ ਜਲੰਧਰ, ਡਾ. ਅੰਬੇਡਕਰ ਭਵਨ ਕਮੇਟੀ , ਸਮਾਜਿਕ ਇਨਸਾਫ਼ ਕੌਂਸਲ ਜਲੰਧਰ, ਸਾਹਿਤ ਸਭਿਆਚਾਰ ਸੰਸਥਾ ( ਫੁਲਕਾਰੀ), ਪਾਸ਼ ਯਾਦਗਾਰੀ ਕੌਮਾਂਤਰੀ ਟ੍ਰਸਟ, ਤਰਕਸ਼ੀਲ ਸੁਸਾਇਟੀ ਪੰਜਾਬ ਜਲੰਧਰ ਜੋਨ, ਜਮਹੂਰੀ ਅਧਿਕਾਰ ਸਭਾ ਜ਼ਿਲ੍ਹਾ ਜਲੰਧਰ, ਪੀਪਲਜ਼ ਵਾਇਸ, ਸ਼ਹੀਦ ਭਗਤ ਸਿੰਘ ਵਿਚਾਰ ਮੰਚ ਰੇਲ ਕੋਚ ਫੈਕਟਰੀ ਕਪੂਰਥਲਾ, ਡਾ. ਅੰਬੇਡਕਰ ਸਭਿਆਚਾਰਕ ਅਤੇ ਸਾਹਿਤਕ ਗਤੀਵਿਧੀਆਂ ਕੇਂਦਰ ਅਰਬਨ ਅਸਟੇਟ ਫਗਵਾੜਾ, ਪੰਜਾਬ ਖੇਤ ਮਜ਼ਦੂਰ ਯੂਨੀਅਨ, ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਜ਼ਿਲ੍ਹਾ ਜਲੰਧਰ ਨੇ ਇਸ ਸਮਾਗਮ 'ਚ ਭਰਵੀਂ ਸ਼ਮੂਲੀਅਤ ਦਾ ਗਰਮਜੋਸ਼ੀ ਨਾਲ਼ ਹੁੰਗਾਰਾ ਭਰਿਆ ਹੈ।

# ਖ਼ਾਨਪੁਰ ਢੱਡਾ 'ਚ ਵਿਧਾਇਕਾ ਮਾਨ ਨੇ ਕੀਤਾ ਸੋਲਡ ਵੇਸਟ ਤੇ ਇੰਟਰਲਾਕ ਟਾਇਲਾਂ ਦਾ ਉਦਘਾਟਨ



**ਕਾਲਾ ਸੰਘਿਆਂ (ਮਨਜੀਤ ਮਾਨ)** ਤਹਿਸੀਲ ਨਕੋਦਰ ਅਧੀਨ ਪੈਂਦੇ ਪਿੰਡ ਖ਼ਾਨਪੁਰ ਢੱਡਾ ਵਿਖੇ ਮੈਂਬਰ ਬਲਾਕ ਸੰਮਤੀ ਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਭੁਵਨੇਸ਼ ਕੰਡਾ ਦੀ ਅਗਵਾਈ ਹੇਠ ਹਲਕਾ ਨਕੋਦਰ ਦੀ ਵਿਧਾਇਕਾ ਬੀਬੀ ਇੰਦਰਜੀਤ ਕੌਰ ਮਾਨ ਵੱਲੋਂ ਸੋਲਡ ਵੇਸਟ ਪਲਾਂਟ ਤੇ ਐਸ ਸੀ ਮੁਹੱਲੇ ਵਿੱਚ ਕਲੇਰ ਪੱਤੀ ਤੋਂ ਲੈਕੇ ਗੁਰਦੁਆਰਾ ਸਾਹਿਬ ਤੱਕ ਬਣਾਈ ਗਈ ਗਲੀ ਦਾ ਉਦਘਾਟਨ ਕੀਤਾ ਗਿਆ। ਵਿਧਾਇਕਾ ਮਾਨ ਨੇ ਕਿਹਾ ਕਿ ਹਲਕਾ ਨਕੋਦਰ ਦੇ ਪਿੰਡਾਂ ਵਿੱਚ ਅਧੂਰੇ ਪਏ ਵਿਕਾਸ ਕਾਰਜਾਂ ਦੇ ਕੰਮਾਂ ਨੂੰ ਪਹਿਲ ਦੇ ਆਧਾਰ 'ਤੇ ਬਿਨਾਂ ਕਿਸੇ ਮਤਭੇਦ ਦੇ ਕਰਵਾਇਆ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਪੰਚਾਇਤਾਂ ਨੂੰ ਗ੍ਰਾਂਟਾਂ ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸੋਲਡ ਵੇਸਟ ਪਲਾਂਟ ਵਿੱਚ ਕੂੜਾ ਕਰਕਟ ਵਿੱਚੋਂ ਕਿਸਾਨਾਂ ਵਾਸਤੇ ਖਾਦ ਤਿਆਰ ਕੀਤੀ ਜਾਵੇਗੀ ਤੇ ਬਾਹਰ ਕੂੜੇ ਕਰਕਟ ਵਾਸਤੇ ਗਿੱਲੇ ਤੇ ਸੁੱਕੇ ਕੂੜੇ ਕਰਕਟ ਵਾਸਤੇ ਡਸਟਬਿਨ ਰੱਖੇ ਜਾਣਗੇ। ਇਸ ਮੌਕੇ ਕਮਲਜੀਤ ਕੌਰ ਅਧਿਕਾਰਤ ਪੰਚ, ਕਰਮਜੀਤ ਕੌਰ, ਕੁਲਵਿੰਦਰ ਕੌਰ, ਬਲਵਿੰਦਰ ਸਿੰਘ, ਨਿਰਮਲ ਸਿੰਘ (ਸਾਰੇ ਪੰਚ) ਬਲਰਾਜ ਕੰਡਾ,ਬੀ ਡੀ ਓ ਅਭੇ ਚੰਦਰ, ਸਰਪੰਚ ਰਜਨੀਸ਼ ਗੌਤਮ,ਸੌਰਭ ਗੌਤਮ, ਪੰਚਾਇਤ ਸੈਕਟਰੀ ਕਸ਼ਮੀਰ ਸਿੰਘ ਚੱਕ ਚੇਲਾ ਬਲਾਕ ਨਕੋਦਰ ਸੈਕਟਰੀ ਨਰਿੰਦਰ ਸਿੰਘ ਕੰਗ, ਅਜਿੰਦਰ ਕੁਮਾਰ ਟੈਕਸ ਕੁਲੈਕਟਰ, ਅਵਤਾਰ ਸਿੰਘ ਗਿੱਲ, ਜਗਤਾਰ ਸਿੰਘ, ਅੰਗਰੇਜ਼ ਸਿੰਘ,ਅਕਵੀਰ ਸਿੰਘ, ਬਲਵੀਰ ਸਿੰਘ ਕਲੇਰ, ਬਲਵਿੰਦਰ ਸਿੰਘ, ਪੰਮਾ ਕਲੇਰ, ਗੁਰਜੀਤ ਕਲੇਰ ਤੋਂ ਇਲਾਵਾ ਹੋਰ ਆਗੂ ਵੀ ਹਾਜ਼ਰ ਸਨ।

# ਆਲ ਇੰਡੀਆ ਇੰਟਰ 'ਵਰਸਿਟੀ ਫੁੱਟਬਾਲ ਟੂਰਨਾਮੈਂਟ 'ਚ ਕਾਲੀਕੱਟ ਨੇ ਪੰਜਾਬ ਤੇ ਕਲਕੱਤਾ ਨੇ ਸੋਮੀਆਂ 'ਵਰਸਿਟੀ ਨੂੰ ਹਰਾਇਆ



**ਆਦਮਪੁਰ ( ਪਰਮਜੀਤ ਸਿੰਘ )** —ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਖਿਆਲਾ (ਜਲੰਧਰ) ਵਿਖੇ ਚਲ ਰਿਹਾ ਆਲ ਇੰਡੀਆ ਇੰਟਰ ਯੂਨੀਵਰਸਿਟੀ ਫੁੱਟਬਾਲ ਟੂਰਨਾਮੈਂਟ ਸੰਤ ਬਾਬਾ ਜਨਕ ਸਿੰਘ ਦੇ ਅਸ਼ੀਰਵਾਦ ਨਾਲ ਸਤਵੇਂ ਦਿਨ 'ਚ ਪ੍ਰਵੇਸ਼ ਕਰ ਗਿਆ। ਮੁੱਖ ਮਹਿਮਾਨ ਵਜੋਂ ਉਪਿੰਦਰ ਸਿੰਘ ਜਨਰਲ ਸਕੱਤਰ ਸਿੱਖ ਵਿਦਿਅਕ ਕੌਂਸ਼ਲ ਮਾਹਿਲਪੁਰ ਤੇ ਵਿਸ਼ੇਸ਼ ਮਹਿਮਾਨ ਵੱਜੋ ਡਾ. ਪਰਮਿੰਦਰ ਸਿੰਘ ਪ੍ਰਿੰਸੀਪਲ ਖ਼ਾਲਸਾ ਕਾਲਜ ਮਾਹਿਲਪੁਰ ਨੇ ਸ਼ਿਰਕਤ ਕੀਤੀ। ਜਿਨ੍ਹਾਂ ਦਾ ਸਵਾਗਤ ਯੂਨੀਵਰਸਿਟੀ ਦੇ ਵਾਇਸ ਚਾਂਸਲਰ ਡਾ. ਧਰਮਜੀਤ ਸਿੰਘ ਪਰਮਾਰ ਤੇ ਸਪੋਰਟਸ ਕਮੇਟੀ ਦੇ ਪ੍ਰਧਾਨ ਪਰਮਜੀਤ ਸਿੰਘ ਤੇ ਹੋਰਨਾਂ ਨੇ ਹਾਰ ਪਾ ਕੇ ਤੇ ਗੁਲਦਸਤੇ ਭੇਂਟ ਕਰ ਕੀਤਾ। ਡਾ. ਅਮਰਜੀਤ ਸਿੰਘ ਮੁੱਖੀ ਸਰੀਰਕ ਸਿੱਖਿਆ ਵਿਭਾਗ ਤੇ ਡਾਇਰੈਕਟਰ ਸਪੋਰਟਸ ਵਿਭਾਗ ਡਾ.ਰਣਧੀਰ ਸਿੰਘ ਪਠਾਨੀਆਂ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਯੂਨੀਵਰਸਿਟੀ 'ਚ ਚਲ ਰਹੇ ਆਲ ਇੰਡੀਆ ਇੰਟਰ ਯੂਨੀਵਰਸਿਟੀ ਫੁੱਟਬਾਲ ਟੂਰਨਾਮੈਂਟ ਚ ਭਾਰਤ ਦੇ ਵੱਖ ਵੱਖ ਹਿੱਸਿਆਂ 'ਚੋਂ 32 ਟੀਮਾਂ ਨੇ ਸ਼ਿਰਕਤ ਕੀਤੀ ਤੇ ਸਤਵੇਂ ਦਿਨ 4 ਮੈਚ ਖੇਡੇ ਜਿਸ ਵਿੱਚ ਯੂਨੀਵਰਸਿਟੀ ਆਫ਼ ਕਾਲੀਕੱਟ ਨੇ ਪੰਜਾਬ ਯੂਨੀਵਰਸਿਟੀ ਨੂੰ 2-1,ਯੂਨੀਵਰਸਿਟੀ ਆਫ਼ ਕਲਕੱਤਾ ਨੇ ਸੋਮੀਆਂ ਯੂਨੀਵਰਸਿਟੀ ਨੂੰ 3-0 ਦੇ ਫਰਕ ਨਾਲ ਹਰਾਇਆ ਤੇ ਯੂਨੀਵਰਸਿਟੀ ਆਫ਼ ਦਿੱਲੀ ਤੇ ਆਰ. ਟੀ.ਐਮ. ਐਨ. ਨਾਗਪੁਰ ਯੂਨੀਵਰਸਿਟੀ 2-2 ਤੇ ਯੂਨੀਵਰਸਿਟੀ ਆਫ਼ ਕੇਰਲਾ ਤੇ ਸੰਭਲਪੁਰ ਯੂਨੀਵਰਸਿਟੀ 1-1 ਦੀ ਬਰਾਬਰੀ 'ਤੇ ਰਹੀਆਂ।

ਉਪਰੰਤ ਸੰਬੋਧਨ ਕਰਦੇ ਹੋਏ ਮੁੱਖ ਮਹਿਮਾਨ ਉਪਿੰਦਰ ਸਿੰਘ ਜਨਰਲ ਸਕੱਤਰ ਸਿੱਖ ਵਿਦਿਅਕ ਕੌਸ਼ਲ ਮਾਹਿਲਪੁਰ ਤੇ ਵਿਸ਼ੇਸ਼ ਮਹਿਮਾਨ ਡਾ. ਪਰਮਿੰਦਰ ਸਿੰਘ ਪ੍ਰਿੰਸੀਪਲ ਖ਼ਾਲਸਾ ਕਾਲਜ ਮਾਹਿਲਪੁਰ ਨੇ ਕਿਹਾ ਕੇ ਅੱਜ ਉਨ੍ਹਾਂ ਨੂੰ ਬੜੀ ਖੁਸ਼ੀ ਮਹਿਸੂਸ ਹੋਈ ਕਿ ਜੋ ਸੁਪਨਾ ਸੰਤ ਬਾਬਾ ਮਲਕੀਤ ਸਿੰਘ ਤੇ ਸੰਤ ਬਾਬਾ ਦਿਲਾਵਰ ਸਿੰਘ ਬ੍ਰਹਮ ਨੇ ਯੂਨੀਵਰਸਿਟੀ ਨੂੰ ਸ਼ੁਰੂ ਕਰਨ ਲਈ ਦੇਖਿਆ ਸੀ ਉਸਨੂੰ ਪੂਰਾ ਕਰਦੇ ਹੋਏ ਇਹ ਯੂਨੀਵਰਸਿਟੀ ਤਰੱਕੀਆਂ ਦੀਆਂ ਲੀਹਾ 'ਤੇ ਹੈ ਤੇ ਅੱਜ ਇਸ ਯੂਨੀਵਰਸਿਟੀ 'ਚ ਪੰਜਾਬ 'ਚੋਂ ਹੀ ਨਹੀਂ ਪੂਰੇ ਭਾਰਤ 'ਚੋਂ ਵਿਦਿਆਰਥੀ ਸਿੱਖਿਆ ਪ੍ਰਾਪਤ ਕਰਨ ਲਈ ਆ ਰਹੇ ਹਨ ਤੇ ਪੜ੍ਹਾਈ ਦੇ ਨਾਲ ਨਾਲ ਸਪੋਟਰਸ 'ਚ ਵੀ ਇਹ ਯੂਨੀਵਰਸਿਟੀ ਕਿਸੇ ਨਾਲੋਂ ਘੱਟ ਨਹੀਂ ਹੈ । ਯੂਨੀਵਰਸਿਟੀ 'ਚ ਐਨਾ ਵੱਡਾ ਆਲ ਇੰਡੀਆ ਇੰਟਰ ਯੂਨੀਵਰਸਿਟੀ ਫੁੱਟਬਾਲ ਟੂਰਨਾਮੈਂਟ ਹੋ ਰਿਹਾ ਹੈ ਜੋ ਸਾਡੇ ਲਈ ਬੜੇ ਮਾਣ ਦੀ ਗੱਲ ਹੈ। ਉਨ੍ਹਾਂ ਇਸ ਨੈਸ਼ਨਲ ਪੱਧਰ ਦੇ ਟੂਰਨਾਮੈਂਟ ਨੂੰ ਸਫਲਤਾਪੂਰਵਕ ਕਰਵਾਉਣ ਲਈ ਸਮੂਹ ਪ੍ਰਬੰਧਕਾਂ ਦਾ ਧੰਨਵਾਦ ਕੀਤਾ।

# ਸੰਤ ਸਤਵਿੰਦਰ ਹੀਰਾ ਨੇ ਸਰਪੰਚ ਸੰਦੀਪ ਦੇ ਪਰਵਾਰ ਨਾਲ ਕੀਤਾ ਦੁੱਖ ਸਾਂਝਾ



**ਹੁਸ਼ਿਆਰਪੁਰ (ਓ ਪੀ ਰਾਣਾ )**—ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ (ਰਜਿ.) ਭਾਰਤ ਵਲੋਂ ਪਿੰਡ ਡਡਿਆਣਾ ਕਲਾਂ ਦੇ ਸਰਪੰਚ ਸੰਦੀਪ ਕੁਮਾਰ ਦੀ ਗੋਲੀਆਂ ਮਾਰ ਕੇ ਕੀਤੀ ਹੱਤਿਆ ਦੀ ਸਖਤ ਸ਼ਬਦਾਂ ਵਿੱਚ ਅਲੋਚਨਾ ਕਰਦਿਆਂ ਕਾਤਲਾਂ ਨੂੰ ਤੁਰੰਤ ਗ੍ਰਿਫਤਾਰ ਕਰਨ ਅਤੇ ਸਖਤ ਤੋਂ ਸਖਤ ਸਜ਼ਾ ਦੇਣ ਦੀ ਮੰਗ ਕੀਤੀ। ਸੰਤ ਸਤਵਿੰਦਰ ਹੀਰਾ,ਸੰਤ ਬਲਬੀਰ ਮਹੇ ਸ੍ਰੀ ਚਰਨਛੋਹ ਗੰਗਾ ਖੁਰਾਲਗੜ ਨੇ ਅੱਡਾ ਦੁਸੜਕਾ ਵਿਖੇ ਚੱਲ ਰਹੇ ਰੋਸ ਧਰਨੇ ਵਿਚ ਪਹੁੰਚ ਕੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ ਅਤੇ ਪਰਵਾਰ ਨੂੰ ਆਲ ਇੰਡੀਆ ਆਦਿ ਧਰਮ ਮਿਸ਼ਨ ਅਤੇ ਪ੍ਰਬੰਧਕ ਕਮੇਟੀ ਸ੍ਰੀ ਚਰਨਛੋਹ ਗੰਗਾ ਖੁਰਾਲਗੜ ਸਾਹਿਬ ਵਲੋਂ ਹਰ ਸੰਭਵ ਮਦਦ ਦਾ ਵਿਸ਼ਵਾਸ ਦਿਵਾਇਆ। ਸੰਦੀਪ ਕੁਮਾਰ ਦੇ ਕਤਲ ਦੀ ਸਖਤ ਸ਼ਬਦਾਂ ਵਿਚ ਅਲੋਚਨਾ ਕਰਦਿਆਂ ਸੰਤ ਸਤਵਿੰਦਰ ਹੀਰਾ ਨੇ ਕਿਹਾ ਕਿਸੇ ਵਿਅਕਤੀ ਨੂੰ ਮਾਰਕੇ ਉਸਦਾ ਜੀਵਨ ਖਤਮ ਕਰਨਾ ਕਿਸੇ ਵੀ ਮਸਲੇ ਦਾ ਹੱਲ ਨਹੀਂ ਹੈ। ਗੁਰੂਆਂ, ਪੀਰਾਂ ਫਕੀਰਾਂ ਦੀ ਧਰਤੀ ਤੇ ਏਕਤਾ, ਇਤਫਾਕ ਤੇ ਪਿਆਰ ਨਾਲ ਆਪ ਜੀਓ ਤੇ ਦੂਜਿਆਂ ਨੂੰ ਜਿਉਣ ਦੇਣਾ ਹੀ ਹਰ ਵਿਅਕਤੀ ਦਾ ਜੀਵਨ ਸਿਧਾਂਤ ਹੋਣਾ ਚਾਹੀਦਾ ਹੈ। ਉਨਾਂ ਕਿਹਾ ਕੋਈ ਵੀ ਧਰਮ ਨਫ਼ਰਤ ਜਾਂ ਅਹਿੰਸਾ ਦਾ ਰਸਤਾ ਨਹੀਂ ਦਿਖਾਉਂਦਾ ਦੇਸ਼ ਦੇ ਰਾਜਨੀਤਕ ਲੋਕਾਂ ਨੇ ਆਪਣੇ ਸਵਾਰਥ ਲਈ ਦੇਸ਼ ਦੇ ਲੋਕਾਂ ਨੂੰ ਧਰਮਾਂ, ਜਾਤਾਂ ਅਤੇ ਟੋਲੀਆਂ ਵਿਚ ਵੰਡਿਆ ਹੈ। ਉਨਾਂ ਕਿਹਾ ਕਿ ਗੁਰੂਆਂ ਦੀ ਬਾਣੀ ਨਸ਼ੇ ਤਿਆਗ ਕੇ ਸਿਰਫ ਪ੍ਰਮਾਤਮਾ ਦੇ ਨਾਮ ਦੇ ਨਸ਼ੇ ਦਾ ਸੰਦੇਸ਼ ਦਿੰਦੀ ਹੈ।

ਉਨਾਂ ਕਿਹਾ ਪੰਜਾਬ ਅੰਦਰ ਨਸ਼ਿਆਂ ਨਾਲ ਨੌਜਵਾਨਾਂ ਦੀਆਂ ਮੌਤਾਂ ਹੋਣਾ ਬਹੁਤ ਅਫਸੋਸਨਾਕ ਤੇ ਚਿੰਤਾਜਨਕ ਹੈ ਅਤੇ ਨਸ਼ਿਆਂ ਖਿਲਾਫ ਬੋਲਣ ਵਾਲੇ ਸਰਪੰਚ ਸੰਦੀਪ ਕੁਮਾਰ ਵਰਗੇ ਸਮਾਜ ਸੇਵੀ ਨੂੰ ਗੋਲੀਆਂ ਦਾ ਨਿਸ਼ਾਨਾ ਬਨਾਉਣਾ ਹੋਰ ਵੀ ਬਹੁਤ ਚਿੰਤਾਜਨਕ ਤੇ ਗੰਭੀਰ ਮਸਲਾ ਹੈ ਜਿਸ ਲਈ ਸਰਕਾਰ ਨੂੰ ਤੁਰੰਤ ਸਖਤ ਕਦਮ ਚੁੱਕਣੇ ਚਾਹੀਦੇ ਹਨ । ਉਨਾਂ ਪਰਵਾਰ ਅਤੇ ਸੰਘਰਸ਼ ਕਰ ਰਹੀਆਂ ਜਥੇਬੰਦੀਆਂ ਨੂੰ ਵਿਸ਼ਵਾਸ ਦਿਵਾਇਆ ਕਿ ਆਲ ਇੰਡੀਆ ਆਦਿ ਧਰਮ ਮਿਸ਼ਨ (ਰਜਿ.)ਭਾਰਤ ਇਨਸਾਫ ਲਈ ਹਰ ਮੌਕੇ ਸਾਥ ਦੇਵੇਗਾ।ਇਸ ਮੌਕੇ ਠੇਕੇਦਾਰ ਭਗਵਾਨ ਦਾਸ ਸਿੱਧੂ, ਪ੍ਰਸ਼ੋਤਮ ਅਹੀਰ ਸੂਬਾ ਪ੍ਰਧਾਨ ਸੰਯੁਕਤ ਕਿਸਾਨ ਮੋਰਚਾ ਪੰਜਾਬ ਲੇਬਰਵਿੰਗ,ਲਾਰੇਂਸ ਚੌਧਰੀ ਪ੍ਰਧਾਨ ਕ੍ਰਿਸ਼ੀਅਨ ਫਰੰਟ ਪੰਜਾਬ,ਜਸੀ ਤਲਣ, ਮੋਹਣ ਲਾਲ ਭਟੋਆ ਅਤੇ ਵੱਡੀ ਪੱਧਰ ਤੇ ਨੌਜਵਾਨ ਆਗੂ ਹਾਜਰ ਸਨ।

# ਇੰਤਕਾਲ ਕੇਸਾਂ ਦੇ ਨਿਪਟਾਰੇ ਲਈ 15 ਨੂੰ ਫਿਰ ਲੱਗਣਗੇ ਵਿਸ਼ੇਸ਼ ਕੈਂਪ-ਡੀ ਸੀ

**ਜਲੰਧਰ (ਸੁਰਿੰਦਰ ਕੁਮਾਰ)** ਸਥਾਨਕ ਜਲੰਧਰ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਜਲੰਧਰ ਨੇ ਸਾਰੀਆਂ ਤਹਿਸੀਲਾਂ ਅਤੇ ਸਬ ਤਹਿਸੀਲਾਂ ਵਿਖੇ ਲਗਾਏ ਗਏ ਵਿਸ਼ੇਸ਼ ਕੈਂਪਾਂ ਤਹਿਤ ਇੱਕੋ ਦਿਨ ਵਿੱਚ 1718 ਇੰਤਕਾਲ ਕੇਸਾਂ ਦਾ ਨਿਪਟਾਰਾ ਕੀਤਾ ਹੈ।ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ ਦੱਸਿਆ ਕਿ ਲੋਕਾਂ ਦੇ ਸਹਿਯੋਗ ਸਦਕਾ ਕੈਂਪਾਂ ਨੂੰ ਵੱਡੀ ਸਫ਼ਲਤਾ ਮਿਲੀ ਹੈ। ਉਨ੍ਹਾਂ ਦੱਸਿਆ ਕਿ ਕੈਂਪਾਂ ਦੌਰਾਨ ਇੰਤਕਾਲਾਂ ਸਬੰਧੀ ਪ੍ਰਾਪਤ ਕੁੱਲ 2632 ਕੇਸਾਂ ਵਿੱਚੋਂ 1718 ਦਾ ਜ਼ਿਲ੍ਹੇ ਵਿੱਚ ਲਾਏ 18 ਕੈਂਪਾਂ ਵਿੱਚ ਇੱਕੋ ਦਿਨ ਵਿੱਚ ਨਿਪਟਾਰਾ ਕੀਤਾ ਗਿਆ। ਉਨ੍ਹਾਂ ਮਾਲ ਅਧਿਕਾਰੀਆਂ ਨੂੰ ਬਾਕੀ ਰਹਿੰਦੇ 914 ਕੇਸ ਵੀ ਜਲਦ ਤੋਂ ਜਲਦ ਨਿਪਟਾਉਣ ਦੀ ਹਦਾਇਤ ਕੀਤੀ।ਉਨ੍ਹਾਂ ਇਹ ਵੀ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਕੀਤੇ ਐਲਾਨ ਮੁਤਾਬਿਕ 15 ਜਨਵਰੀ ਨੂੰ ਦੁਬਾਰਾ ਵਿਸ਼ੇਸ਼ ਕੈਂਪ ਲਗਾਏ ਜਾਣਗੇ ਤਾਂ ਜੋ ਇੰਤਕਾਲਾਂ ਦੇ ਕੰਮ ਨੂੰ ਤੇਜ਼ੀ ਨਾਲ ਮੁਕੰਮਲ ਕੀਤਾ ਜਾ ਸਕੇ ।ਇਸ ਤੋਂ ਇਲਾਵਾ ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਇੰਤਕਾਲ ਕੇਸਾਂ ਦੇ ਨਿਪਟਾਰੇ ਲਈ ਹਰ ਹਫ਼ਤੇ ਕਿਸੇ ਖਾਸ ਦਿਨ ਪਿੰਡਾਂ/ਮੁਹੱਲਿਆਂ ਦਾ ਦੌਰਾ ਕਰਨ ਲਈ ਵੀ ਕਿਹਾ ਹੈ, ਖਾਸ ਕਰਕੇ ਜਿੱਥੇ ਸਬੰਧਤ ਧਿਰਾਂ ਦੀ ਆਪਸੀ ਸਹਿਮਤੀ ਹੋਵੇ।ਜ਼ਿਲ੍ਹੇ ਭਰ ਵਿੱਚ ਤਹਿਸੀਲਦਾਰ ਜਲੰਧਰ-2 ਵੱਲੋਂ ਸਭ ਤੋਂ ਵੱਧ 277 ਇੰਤਕਾਲ ਕੇਸ ਕੀਤੇ ਗਏ। ਇਸ ਤੋਂ ਬਾਅਦ ਤਹਿਸੀਲਦਾਰ ਜਲੰਧਰ-1 ਵੱਲੋਂ 262 ਅਤੇ ਫਿਲੌਰ ਤਹਿਸੀਲ ਵੱਲੋਂ 258 ਇੰਤਕਾਲ ਕੇਸਾਂ ਦਾ ਨਿਪਟਾਰਾ ਕੀਤਾ ਗਿਆ।ਇਸ ਉਪਰਾਲੇ ਨੂੰ ਲੋਕਾਂ ਨੂੰ ਨਿਰਵਿਘਨ ਸੇਵਾਵਾਂ ਪ੍ਰਦਾਨ ਕਰਨ ਵੱਲ ਵੱਡਾ ਕਦਮ ਕਰਾਰ ਦਿੰਦਿਆਂ ਡਿਪਟੀ ਕਮਿਸ਼ਨਰ ਨੇ ਇਹ ਵੀ ਦੱਸਿਆ ਕਿ ਇਨ੍ਹਾਂ ਕੈਂਪਾਂ ਵਿੱਚ ਨਾ ਸਿਰਫ਼ ਬਕਾਇਆ 1755 ਇੰਤਕਾਲ ਕੇਸਾਂ ਦੀ ਸੁਣਵਾਈ ਕੀਤੀ ਗਈ ਸਗੋਂ 877 ਨਵੇਂ ਕੇਸਾਂ ਸਬੰਧੀ ਵੀ ਅਧਿਕਾਰੀਆਂ ਵੱਲੋਂ ਕਾਰਵਾਈ ਅਮਲ ਵਿੱਚ ਲਿਆਂਦੀ ਗਈ।ਜ਼ਿਕਰਯੋਗ ਹੈ ਕਿ ਜ਼ਿਲ੍ਹੇ ਦੀਆਂ 18 ਤਹਿਸੀਲਾਂ ਅਤੇ ਸਬ ਤਹਿਸੀਲਾਂ ਵਿਖੇ ਵਿਸ਼ੇਸ਼ ਕੈਂਪ ਲਗਾਏ ਗਏ ਸਨ, ਜਿਨ੍ਹਾਂ ਵਿੱਚ ਤਹਿਸੀਲ ਜਲੰਧਰ-1 ਵੱਲੋਂ 262 ਇੰਤਕਾਲ, ਤਹਿਸੀਲ ਜਲੰਧਰ-2 ਵੱਲੋਂ 277, ਤਹਿਸੀਲ ਆਦਮਪੁਰ ਵੱਲੋਂ 45, ਤਹਿਸੀਲ ਨਕੋਦਰ ਵੱਲੋਂ 170, ਤਹਿਸੀਲ ਸ਼ਾਹਕੋਟ ਵੱਲੋਂ 34, ਤਹਿਸੀਲ ਫਿਲੌਰ ਵੱਲੋਂ 258, ਨਾਇਬ ਤਹਿਸੀਲਦਾਰ ਜਲੰਧਰ-1 ਵੱਲੋਂ 86, ਨਾਇਬ ਤਹਿਸੀਲਦਾਰ ਆਦਮਪੁਰ ਵੱਲੋਂ 10, ਨਾਇਬ ਤਹਿਸੀਲਦਾਰ ਜਲੰਧਰ-2 ਵੱਲੋਂ 188, ਨਾਇਬ ਤਹਿਸੀਲਦਾਰ ਕਰਤਾਰਪੁਰ ਵੱਲੋਂ 53, ਨਾਇਬ ਤਹਿਸੀਲਦਾਰ ਭੋਗਪੁਰ ਵੱਲੋਂ 15, ਨਾਇਬ ਤਹਿਸੀਲਦਾਰ ਨਕੋਦਰ ਵੱਲੋਂ 63, ਨਾਇਬ ਤਹਿਸੀਲਦਾਰ ਮਹਿਤਪੁਰ ਵੱਲੋਂ 54, ਨਾਇਬ ਤਹਿਸੀਲਦਾਰ ਸ਼ਾਹਕੋਟ ਵੱਲੋਂ 30, ਨਾਇਬ ਤਹਿਸੀਲਦਾਰ ਲੋਹੀਆਂ ਵੱਲੋਂ 12, ਨਾਇਬ ਤਹਿਸੀਲਦਾਰ ਫਿਲੌਰ ਵੱਲੋਂ 46, ਨਾਇਬ ਤਹਿਸੀਲਦਾਰ ਗੁਰਾਇਆ ਵੱਲੋਂ 69 ਅਤੇ ਨਾਇਬ ਤਹਿਸੀਲਦਾਰ ਨੂਰਮਹਿਲ ਵੱਲੋਂ 46 ਇੰਤਕਾਲ ਕੇਸਾਂ ਦਾ ਨਿਪਟਾਰਾ ਕੀਤਾ ਗਿਆ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਰ ਪੱਧਰ 'ਤੇ ਲੋਕਾਂ ਤੱਕ ਪਹੁੰਚ ਕੀਤੀ ਜਾ ਰਹੀ ਹੈ ਅਤੇ ਉਨ੍ਹਾਂ ਨੂੰ ਸੁਚਾਰੂ ਤੇ ਨਿਰਵਿਘਨ ਸੇਵਾਵਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਸੰਜੀਦਾ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਮਾਲ ਵਿਭਾਗ ਵੱਲੋਂ ਕਾਰਗੁਜ਼ਾਰੀ ਸਬੰਧੀ ਸ਼ਿਕਾਇਤ ਦਰਜ ਕਰਵਾਉਣ ਲਈ ਹੈਲਪਲਾਈਨ ਨੰਬਰ 81849-00002 ਜਾਰੀ ਹੋਇਆ ਹੈ। ਜਦਕਿ ਐਨ.ਆਰ.ਆਈਜ਼ ਆਪਣੀ ਸ਼ਿਕਾਇਤ 94641-00168 'ਤੇ ਦਰਜ ਕਰਵਾ ਸਕਦੇ ਹਨ।

# ਇਸ ਸਾਲ ਮੇਹਰ ਚੰਦ ਪੋਲੀਟੈਕਨਿਕ ਵਿਖੇ 70 ਈਵੈਂਟ ਮਨਾਏ ਜਾਣਗੇ- ਪ੍ਰਿੰ. ਡਾ. ਜਗਰੂਪ ਸਿੰਘ



**ਜਲੰਧਰ ( ਸ਼ੈਲੀ ਐਲਬਰਟ):-** ਸਾਲ 2024 ਵਿਚ ਮੇਹਰ ਚੰਦ ਪੋਲੀਟੈਕਨਿਕ ਕਾਲਜ , ਜਲੰਧਰ ਵਿਖੇ ਆਪਣੀ ਸਥਾਪਨਾ ਦੇ ਸੱਤਰ ਸਾਲ ਪੂਰੇ ਹੋਣ ਤੇ ਸਾਲ ਭਰ ਵਿਚ 70 ਈਵੈਂਟ ਮਨਾਉਣ ਲਈ ਤਿਆਰੀ ਕੀਤੀ ਜਾ ਰਹੀ ਹੈ। ਕਾਲਜ ਦੇ ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਦੱਸਿਆ ਕਿ 1954 ਵਿੱਚ ਸਥਾਪਿਤ ਇਸ ਕਾਲਜ ਦੀ ਪਲੈਟੀਨਮ ਜੁਬਲੀ ਮੌਕੇ ਸਾਲ ਵਿੱਚ ਸੱਤਰ ਈਵੈਂਟ ਮਨਾਉਣ ਦੀ ਰੂਪ ਰੇਖਾ ਤਿਆਰ ਕੀਤੀ ਗਈ ਹੈ।ਜਿਨ੍ਹਾਂ ਵਿੱਚ ਅੰਤਰਰਾਸ਼ਟਰੀ ਕਾਨਫਰੈਂਸ, ਐਨ.ਬੀ.ਏ ਐਕਰੀਡੀਟੇਸ਼ਨ, ਪਲੈਟੀਨਮ ਜੁਬਲੀ ਫੰਕਸ਼ਨ, ਸੱਤਰ ਹਵਨ ਕੁੰਡੀ ਯੱਜ, ਸਟੂਡੈਂਟ ਰੈਲੀ , ਬੱਲਡ ਡੋਨੇਸ਼ਨ ਕੈਂਪ, ਆਈ ਡੋਨੇਸ਼ਨ ਕੈਂਪ, ਵਿਸ਼ਾਲ ਅਲੁਮਨੀ ਮੀਟ, ਅਚੀਵਮੈਂਟ ਗੈਲਰੀ, ਪਲੈਟੀਨਮ ਜੁਬਲੀ ਸੈਮੀਨਾਰ, ਕਰੈਕਟਰ ਸ਼ਾਲਾ, ਮੇਕਰਜ਼ ਜ਼ੋਨ, ਇੰਡਸਟਰੀ ਕਾਰਨਰ, ਅਡਵਾਂਨਸਡ ਸੀ.ਐਨ.ਸੀ ਲੈਬ, ਮਿਊਜੀਅਮ, ਅਲੁਮਨੀ ਹੋਮ, ਸਟੂਡੈਂਟ ਲਰਨਿੰਗ ਸੈਂਟਰ ਵਰਗੇ ਕਈ ਈਵੈਂਟ ਸ਼ਾਮਿਲ ਹਨ। ਪ੍ਰਿੰਸੀਪਲ ਨੇ ਇਹ ਵੀ ਦੱਸਿਆ ਕਿ ਉਹਨਾਂ ਦੀ ਇੱਛਾ ਹੈ ਕਿ ਪੰਜਾਬ ਦੇ ਸਭ ਤੋਂ ਪੁਰਾਣੇ ਬਹੁਤਕਨੀਕੀ ਕਾਲਜ ਵਿਚ ਸ਼ਾਮਿਲ ਇਸ ਪੋਲੀਟੈਕਨਿਕ ਦੀ ਸ਼ੁਰੂਆਤ ਮਾਨਯੋਗ ਗਵਰਨਰ ਬਨਵਾਰੀ ਲਾਲ ਪੁਰੋਹਿਤ ਕਰਨ ਤੇ ਪ੍ਰੋਗਰਾਮਾਂ ਦੀ ਲੜੀ ਦੀ ਸਮਾਪਤੀ ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਡੀ.ਏ.ਵੀ ਦੇ ਪ੍ਰਧਾਨ ਪੂਨਮ ਸੂਰੀ ਸ਼ਾਮਿਲ ਹੋਣ।ਉਹਨਾਂ ਨੇ ਦੱਸਿਆ ਕਿ ਉਹ ਛੇਤੀ ਹੀ ਗਵਰਨਰ ਨੂੰ ਮਿਲਣ ਜਾ ਰਹੇ ਹਨ, ਜਿਨ੍ਹਾਂ ਨੇ ਪਿਛਲੀ ਮਿਲਣੀ ਦੌਰਾਨ ਵਾਅਦਾ ਵੀ ਕੀਤਾ ਸੀ ਕਿ ਉਹ ਪਲੈਟੀਨਮ ਜੁਬਲੀ ਸਮਾਗਮ ਦੇ ਉਦਘਾਟਨ ਮੌਕੇ ਸ਼ਾਮਿਲ ਹੋਣਗੇ। ਇਸ ਸਮਾਗਮ ਨੂੰ ਮਨਾਉਣ ਲਈ ਵਿਦਿਆਰਥੀਆਂ ਅਤੇ ਸਟਾਫ਼ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ ਅਤੇ ਸੱਤਰ ਸਫ਼ਲ ਉਦਮੀਆਂ ਅਤੇ ਪ੍ਰਾਪਤੀਆਂ ਕਰਨ ਵਾਲੇ ਅਲੁਮਨੀ ਮੈਬਰਜ਼ ਨੂੰ ਵੀ ਸਨਮਾਨਿਤ ਕੀਤਾ ਜਾਵੇਗਾ। ਇਸ ਸਮਾਗਮ ਦੀ ਰੂਪ - ਰੇਖਾ ਤਿਆਰ ਕਰਨ ਲਈ 16 ਜਨਵਰੀ ਨੂੰ ਕਾਲਜ ਵਿੱਖੇ ਅਲੁਮਨੀ ਮੀਟ ਕੀਤੀ ਜਾ ਰਹੀ ਹੈ।।


# ਜੀਵਨ 'ਚ ਕਦੇ ਵੀ ਨਸ਼ਾ ਨਾ ਕਰਨ ਦਾ ਪ੍ਰਣ ਲੈ ਕੇ ਖੇਡਾਂ 'ਚ ਦਿਲਚਸਪੀ ਲੈਣ ਨੌਜਵਾਨ : ਮਾਨ

**ਫਗਵਾੜਾ ( ਡਾ. ਰਮਨ, ਜਸਵਿੰਦਰ ਢੱਡਾ)** ਸੂਬੇ ਦੀ ਭਗਵੰਤ ਮਾਨ ਸਰਕਾਰ ਵੱਲੋਂ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਚਲਾਈ ਜਾ ਰਹੀ ਮੁਹਿੰਮ ਤਹਿਤ ਜ਼ਿਲ੍ਹਾ ਕਪੂਰਥਲਾ ਪ੍ਰਸਾਸ਼ਨ ਵੱਲੋਂ ਨੌਜਵਾਨ ਪੀੜੀ ਨੂੰ ਨਸ਼ਿਆਂ ਦੀ ਬੁਰਾਈ ਤੋਂ ਜਾਣੂ ਕਰਾ ਕੇ ਖੇਡਾਂ ਵੱਲ ਆਕਰਸ਼ਿਤ ਕਰਨ ਦੇ ਮੰਤਵ ਨਾਲ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ (ਲੜਕੇ) ਫਗਵਾੜਾ ਵਿਖੇ ਫੁੱਟਬਾਲ ਦਾ ਸ਼ੋਅ ਮੈਚ ਕਰਵਾਇਆ ਗਿਆ। ਇਸ ਦੌਰਾਨ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਜੋਗਿੰਦਰ ਸਿੰਘ ਮਾਨ ਖਿਡਾਰੀਆਂ ਨੂੰ ਅਸ਼ੀਰਵਾਦ ਦੇਣ ਲਈ ਵਿਸ਼ੇਸ਼ ਤੌਰ 'ਤੇ ਸਕੂਲ ਪਹੁੰਚੇ। ਉਨ੍ਹਾਂ ਤੋਂ ਇਲਾਵਾ ਐੱਸ.ਡੀ.ਐੱਮ. ਜਸ਼ਨਜੀਤ ਸਿੰਘ, ਏ.ਡੀ.ਸੀ ਕਮ ਨਿਗਮ ਕਮਿਸ਼ਨਰ ਅਮਿਤ ਕੁਮਾਰ ਪੰਚਾਲ, ਤਹਿਸੀਲਦਾਰ ਬਲਜਿੰਦਰ ਸਿੰਘ, ਨਾਇਬ ਤਹਿਸੀਲਦਾਰ ਪ੍ਰਦੀਪ ਸਿੰਘ, ਜ਼ਿਲ੍ਹਾ ਖੇਡ ਅਫ਼ਸਰ ਲਵਜੀਤ ਸਿੰਘ ਅਤੇ ਹੋਰ ਪ੍ਰਸ਼ਾਸਨਿਕ ਅਧਿਕਾਰੀ ਵੀ ਮੈਚ ਦਾ ਆਨੰਦ ਲੈਣ ਲਈ ਹਾਜ਼ਰ ਰਹੇ। ਮਾਨ ਸਮੇਤ ਸਮੂਹ ਪਤਵੰਤਿਆਂ ਦਾ ਸਕੂਲ ਸਟਾਫ ਵਲੋਂ ਪ੍ਰਿੰਸੀਪਲ ਰਣਜੀਤ ਕੁਮਾਰ ਗੋਗਨਾ ਦੀ ਅਗਵਾਈ ਹੇਠ ਨਿੱਘਾ ਸਵਾਗਤ ਕੀਤਾ ਗਿਆ। ਜੋਗਿੰਦਰ ਮਾਨ ਨੇ ਖਿਡਾਰੀਆਂ ਨਾਲ ਜਾਣ-ਪਛਾਣ ਕੀਤੀ ਅਤੇ ਖੇਡ ਭਾਵਨਾ ਨਾਲ ਖੇਡਣ ਲਈ ਪ੍ਰੇਰਿਆ।

ਉਨ੍ਹਾਂ ਹਾਜ਼ਰ ਪਤਵੰਤਿਆਂ ਅਤੇ ਖਾਸ ਤੌਰ 'ਤੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣਾ ਭਗਵੰਤ ਮਾਨ ਸਰਕਾਰ ਦੀ ਤਰਜੀਹ ਹੈ। ਇਸ ਦੇ ਲਈ ਜਿੱਥੇ ਇੱਕ ਪਾਸੇ ਪੁਲਸ ਪ੍ਰਸ਼ਾਸਨ ਪੂਰੀ ਤਨਦੇਹੀ ਨਾਲ ਆਪਣਾ ਕੰਮ ਕਰ ਰਿਹਾ ਹੈ, ਉੱਥੇ ਹੀ ਦੂਜੇ ਪਾਸੇ ਨੌਜਵਾਨਾਂ ਅਤੇ ਵਿਦਿਆਰਥੀਆਂ ਨੂੰ ਨਸ਼ਿਆਂ ਦੀ ਬੁਰਾਈ ਤੋਂ ਜਾਣੂ ਕਰਵਾਉਣ ਲਈ ਖੇਡ ਸਮਾਗਮ ਅਤੇ ਜਾਗਰੂਕਤਾ ਸੈਮੀਨਾਰ ਆਦਿ ਕਰਵਾਏ ਜਾ ਰਹੇ ਹਨ।

ਮਾਨ ਨੇ ਸਮੂਹ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਜੀਵਨ ਵਿੱਚ ਕਦੇ ਵੀ ਨਸ਼ਾ ਨਾ ਕਰਨ ਦਾ ਪ੍ਰਣ ਲੈਣ ਅਤੇ ਪੜ੍ਹਾਈ ਦੇ ਨਾਲ-ਨਾਲ ਸਰੀਰਕ ਤੰਦਰੁਸਤੀ ਲਈ ਖੇਡਾਂ ਅਤੇ ਕਸਰਤ ਵਿੱਚ ਵੀ ਦਿਲਚਸਪੀ ਲੈਣ। ਸੀਨੀਅਰ ਫੁੱਟਬਾਲ ਕੋਚ ਪ੍ਰਦੀਪ ਕੁਮਾਰ ਅਤੇ ਕੋਚ ਲਖਵਿੰਦਰ ਸਿੰਘ ਦੀ ਦੇਖ-ਰੇਖ ਹੇਠ ਦੋਵਾਂ ਟੀਮਾਂ ਵਿਚਾਲੇ ਰੋਮਾਂਚਕ ਮੈਚ ਦੇਖਣ ਨੂੰ ਮਿਲਿਆ। ਇਸ ਮੌਕੇ ਡੀ.ਐਮ. ਸਪੋਰਟਸ ਸੁਖਵਿੰਦਰ ਸਿੰਘ, ਯੂਥ 'ਆਪ' ਆਗੂ ਹਰਨੂਰ ਸਿੰਘ ਹਰਜੀ ਮਾਨ, ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਰਾਜਾ ਕੌਲਸਰ ਤੇ ਹੋਰ ਪਤਵੰਤੇ ਵੀ ਹਾਜ਼ਰ ਸਨ।

# 'ਆਪੇ ਗੁਰ ਚੇਲਾ' ਨਗਰ ਕੀਰਤਨ ਨੂੰ ਲੈ ਕੇ ਸੰਗਤਾਂ ਵਿਚ ਭਾਰੀ ਉਤਸ਼ਾਹ : ਡਾ. ਚੀਮਾ



**ਨੂਰਪੁਰ ਬੇਦੀ (ਸੁਰਜੀਤ ਸਿੰਘ ਕਾਹਲੋਂ)**-ਸਾਹਿਬ ਏ ਕਮਾਲ ਦਸਵੇਂ ਪਾਤਸਾਹ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ 17 ਜਨਵਰੀ ਨੂੰ ਆ ਰਹੇ ਪ੍ਰਕਾਸ਼ ਪੁਰਬ ਦੇ ਮੌਕੇ 'ਤੇ 10 ਜਨਵਰੀ ਨੂੰ ਤਖਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਆਨੰਦਪੁਰ ਸਾਹਿਬ ਤੋਂ 'ਆਪੇ ਗੁਰ ਚੇਲਾ' ਨਗਰ ਕੀਰਤਨ ਸਜਾਇਆ ਜਾਵੇਗਾ ਜੋ ਵੱਖ-ਵੱਖ ਪੜਾਵਾਂ ਤੋਂ ਹੁੰਦਾ ਹੋਇਆ 16 ਜਨਵਰੀ ਨੂੰ ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਸੰਪੰਨ ਹੋਵੇਗਾ। ਇਹ ਪ੍ਰਗਟਾਵਾ ਸਾਬਕਾ ਸਿੱਖਿਆ ਮੰਤਰੀ ਤੇ ਸੀਨੀਅਰ ਅਕਾਲੀ ਆਗੂ ਡਾ. ਦਲਜੀਤ ਸਿੰਘ ਚੀਮਾ ਨੇ ਕੀਤਾ ਹੈ।

ਨੂਰਪੁਰ ਇਲਾਕੇ ਦੇ ਪਿੰਡਾਂ ਟਿੱਬਾ ਟੱਪਰੀਆਂ, ਅਬਿਆਣਾ, ਬਜਰੂੜ, ਤਖਤਗੜ੍ਹ ਟੱਪਰੀਆਂ, ਬੱਸੀ, ਸਮੀਰੋਵਾਲ ਅਤੇ ਹੀਰਪੁਰ ਵਿਚ ਨਗਰ ਕੀਰਤਨ ਦੀ ਤਿਆਰੀ ਲਈ ਵੱਖ-ਵੱਖ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਡਾ. ਦਲਜੀਤ ਸਿੰਘ ਚੀਮਾ ਨੇ ਦੱਸਿਆ ਕਿ ਇਸ ਵਿਸ਼ਾਲ ਨਗਰ ਕੀਰਤਨ ਨੂੰ ਲੈ ਕੇ ਸੰਗਤ ਵਿਚ ਬਹੁਤ ਉਤਸ਼ਾਹ ਹੈ। ਉਹਨਾਂ ਦੱਸਿਆ ਕਿ 10 ਜਨਵਰੀ ਨੂੰ ਸਵੇਰੇ 9.00 ਵਜੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਤੋਂ ਆਰੰਭਤਾ ਉਪਰੰਤ ਵੱਖ-ਵੱਖ ਪਿੰਡਾਂ, ਕਸਬਿਆਂ ਤੇ ਨਗਰਾਂ ਵਿਚੋਂ ਹੁੰਦਾ ਹੋਇਆ ਨਗਰ ਕੀਰਤਨ ਦਾ ਰਾਤ ਪੜਾਅ ਗੁਰਦੁਆਰਾ ਕਤਲਗੜ੍ਹ ਸਾਹਿਬ ਚਮਕੌਰ ਸਾਹਿਬ ਵਿਖੇ ਹੋਵੇਗਾ। ਅਗਲੇ ਦਿਨ 11 ਜਨਵਰੀ ਨੂੰ ਗੁਰਦੁਆਰਾ ਕਤਲਗੜ੍ਹ ਸਾਹਿਬ ਤੋਂ ਆਰੰਭ ਹੋ ਕੇ ਨਗਰ ਕੀਰਤਨ ਵੱਖ-ਵੱਖ ਥਾਵਾਂ ਤੋਂ ਹੁੰਦਾ ਹੋਇਆ ਰਾਤ ਦੇ ਪੜਾਅ ਲਈ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਪਾਤਸਾਹੀ ਦਸਵੀਂ ਆਲਮਗੀਰ ਲੁਧਿਆਣਾ ਵਿਖੇ ਪਹੁੰਚੇਗਾ। ਇਸ ਉਪਰੰਤ 12 ਜਨਵਰੀ ਨੂੰ ਇਥੋਂ ਆਰੰਭ ਹੋ ਕੇ ਵੱਖ-ਵੱਖ ਥਾਵਾਂ ਤੋਂ ਹੁੰਦਾ ਹੋਇਆ ਰਾਤ ਦੇ ਪੜਾਅ ਲਈ ਗੁਰਦੁਆਰਾ ਮੈਦੇਆਣਾ ਸਾਹਿਬ ਪਾਤਸਾਹੀ ਦਸਵੀਂ ਵਿਖੇ ਪਹੁੰਚੇਗਾ। ਅਗਲੇ ਦਿਨ 13 ਜਨਵਰੀ ਨੂੰ ਇਥੋਂ ਆਰੰਭਤਾ ਉਪਰੰਤ ਨਗਰ ਕੀਰਤਨ ਵੱਖ-ਵੱਖ ਥਾਵਾਂ ਤੋਂ ਹੋ ਕੇ ਇਤਿਹਾਸਕ ਗੁਰਦੁਆਰਾ ਸ੍ਰੀ ਗੰਗਾਸਰ ਸਾਹਿਬ ਜੈਤੋਂ ਵਿਖੇ ਰਾਤ ਦੇ ਪੜਾਅ ਲਈ ਰੁਕੇਗਾ। 14 ਜਨਵਰੀ ਨੂੰ ਗੁਰਦੁਆਰਾ ਸ੍ਰੀ ਗੰਗਾਸਰ ਸਾਹਿਬ ਜੈਤੋਂ ਤੋਂ ਆਰੰਭ ਹੋ ਕੇ ਨਗਰ ਕੀਰਤਨ ਵੱਖ-ਵੱਖ ਥਾਵਾਂ ਤੋਂ ਹੁੰਦਾ ਹੋਇਆ ਰਾਤ ਦੇ ਪੜਾਅ ਲਈ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਸ੍ਰੀ ਮੁਕਤਸਰ ਸਾਹਿਬ ਪਹੁੰਚੇਗਾ। ਇਸ ਤੋਂ ਅਗਲੇ ਦਿਨ 15 ਜਨਵਰੀ ਨੂੰ ਨਗਰ ਕੀਰਤਨ ਸ੍ਰੀ ਮੁਕਤਸਰ ਸਾਹਿਬ ਤੋਂ ਆਰੰਭ ਹੋ ਕੇ ਵੱਖ-ਵੱਖ ਥਾਵਾਂ ਤੋਂ ਹੁੰਦਾ ਗੁਰਦੁਆਰਾ ਸ੍ਰੀ ਹਾਜੀਰਤਨ ਬਠਿੰਡਾ ਵਿਖੇ ਰਾਤ ਦੇ ਪੜਾਅ ਲਈ ਰੁਕੇਗਾ।

ਉਹਨਾਂ ਦੱਸਿਆ ਕਿ 16 ਜਨਵਰੀ ਨੂੰ ਸਵੇਰੇ ਗੁਰਦੁਆਰਾ ਸ੍ਰੀ ਹਾਜੀਰਤਨ ਬਠਿੰਡਾ ਤੋਂ ਆਰੰਭ ਹੋ ਕੇ ਨਗਰ ਕੀਰਤਨ ਵੱਖ-ਵੱਖ ਥਾਵਾਂ ਤੋਂ ਹੁੰਦਾ ਹੋਇਆ ਤਖਤ ਸ੍ਰੀ ਦਮਦਮਾ ਸਾਹਿਬ ਪਹੁੰਚੇਗਾ। ਇਸੇ ਦਿਨ ਦੁਪਹਿਰ ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਪੰਥ ਪ੍ਰਸਿੱਧ ਕਵੀ, ਢਾਡੀ ਤੇ ਕਵੀਸ਼ਰੀ ਦਰਬਾਰ ਹੋਵੇਗਾ।

ਉਹਨਾਂ ਇਹ ਵੀ ਦੱਸਿਆ ਕਿ ਇਸ ਨਗਰ ਕੀਰਤਨ ਵਿਚ ਪਾਲਕੀ ਸਾਹਿਬ ਦੇ ਪਿੱਛੇ ਇਕ ਵਿਸੇਸ ਬੱਸ ਚਲਦੀ ਰਹੇਗੀ ਜਿਸ ਵਿਚ ਗੁਰੂ ਸਾਹਿਬਾਨ ਜੀ ਦੇ ਸ਼ਸ਼ਤਰ ਵੀ ਸੰਗਤਾਂ ਦੇ ਦਰਸਨਾਂ ਵਾਸਤੇ ਸੁਸ਼ੋਭਿਤ ਹੋਣਗੇ।

ਡਾ. ਚੀਮਾ ਨੇ ਦੱਸਿਆ ਕਿ ਨਗਰ ਕੀਰਤਨ ਦੀ ਆਰੰਭਤਾ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੇ ਹੋਰ ਪੰਥਕ ਤੇ ਧਾਰਮਿਕ ਸ਼ਖਸੀਅਤਾਂ ਵੱਡੀ ਗਿਣਤੀ ਵਿਚ ਹਾਜਰੀ ਭਰਨਗੀਆਂ। ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਦੀਪ ਸਿੰਘ ਬਟਾਲਾ, ਧਰਮ ਚੰਦ ਟਿੱਬਾ ਟੱਪਰੀਆਂ,. ਦੇਵ ਸਿੰਘ ਖਟਾਣਾ, ਚੂਹੜ ਸਿੰਘ, ਬਾਬਾ ਸ਼ਸ਼ੀਪਾਲ, ਦਰਸ਼ਨ ਸਿੰਘ, ਸੀਤਲ ਸਿੰਘ ਸਾਬਕਾ ਸਰਪੰਚ, ਰਾਮ ਕੁਮਾਰ ਮਾਣਕੂ, ਮਨਜੀਤ ਸਿੰਘ ਅਬਿਆਣਾ ਖੁਰਦ, ਮੋਹਣ ਸਿੰਘ ਨੰਗਲ, ਪ੍ਰੇਮ ਸਿੰਘ ਧਮਾਣਾ, ਜਸਵੀਰ ਰਾਣਾ, ਕੁਲਵੀਰ ਸਿੰਘ ਅਸਮਾਨਪੁਰ, ਮਲਕੀਤ ਸਿੰਘ, ਰਾਮਪਾਲ, ਸ਼ਾਦੀ ਲਾਲ, ਸ਼ਿੰਦਰਪਾਲ, ਅਵਤਾਰ ਸਿੰਘ, ਗਿਆਨ ਸਿੰਘ, ਸੁਰਜੀਤ ਸਿੰਘ, ਧਨੀਰਾਮ, ਰਾਮ ਸ਼ਾਹ, ਦੀਪਕ, ਰੋਸ਼ਨ ਲਾਲ, ਬਲਜੀਤ ਸਿੰਘ ਟੀਟੂ, ਬਲਵੀਰ ਸਿੰਘ, ਜਸਵੀਰ ਸਿੰਘ ਰਾਣ, ਜਸਵੰਤ ਸਿੰਘ, ਜਸਵੰਤ ਸਿੰਘ ਦਹੀਰਪੁਰ, ਦਿਲਬਾਗ ਸਿੰਘ ਅਸਮਾਨਪੁਰ, ਪਵਨ ਸਿੰਘ, ਹਰਨੇਕ ਸਿੰਘ, ਰਾਮ ਸਿੰਘ, ਸੁਰਜੀਤ ਸਿੰਘ, ਪੰਮਾ ਅਬਿਆਣਾ, ਰਾਮਜੀ,. ਸ਼ਿੰਗਾਰਾ ਸਿੰਘ, ਜੋਗਿੰਦਰ ਸਿੰਘ, ਸੁਰਿੰਦਰ ਸਿੰਘ ਥਾਣੇਦਾਰ, ਦੇਵ ਰਾਜ, ਹਰਦੇਵ ਸਿੰਘ, ਹੀਰਾ ਲਾਲ ਪੰਡਿਤ ਮਲਕੀਤ ਸਿੰਘ ਢਾਹਾਂ, ਹਰਕੇਤ ਸਿੰਘ ਕੌਲਾਪੁਰ, ਅਮਰੀਕ ਸਿੰਘ ਢਾਹਾਂ, ਪ੍ਰੇਮ ਰਾਜ ਬਾਲੇਵਾਲ, ਸੁੱਚਾ ਸਿੰਘ ਨੰਬਰਦਾਰ ਅਸਮਾਨਪੁਰ, ਕੁਲਵੀਰ ਸਿੰਘ ਅਸਮਾਨਪੁਰ, ਕੈਪਟਨ ਤਰਸੇਮ ਸਿੰਘ ਬਾਹਮਣ ਮਾਜਰਾ, ਜਸਵੀਰ ਸਿੰਘ, ਜੋਗਿੰਦਰ ਸਿੰਘ ਟੱਪਰੀਆਂ, ਗੁਰਨੈਬ ਸਿੰਘ ਟੱਪਰੀਆਂ, ਸੁਰਜੀਤ ਸਿੰਘ ਟੱਪਰੀਆਂ, ਬਖਤਾਵਰ ਸਿੰਘ ਸਰਪੰਚ, ਸੁਖਵਿੰਦਰ ਸਿੰਘ ਟੱਪਰੀਆਂ, ਗੁਰਮੀਤ ਸਿੰਘ ਟੱਪਰੀਆਂ, ਬਿੰਦਰ ਬਿੱਲਪੁਰ, ਸ਼ਤੀਸ਼ ਨੂਰਪੁਰ, ਪਰਮਿੰਦਰ ਸਿੰਘ ਅਸਮਾਨਪੁਰ ਅਤੇ ਅਮਰੀਕ ਸਿੰਘ ਟੱਪਰੀਆਂ।

10-JAN-PAGE-10.qxd 1/9/2024 10:43 PM Page 1



# ਪੁਲਸ ਨੇ 24 ਘੰਟਿਆਂ 'ਚ ਸੁਲਝਾਈ ਅੰਨ੍ਹੇ ਕਤਲ ਦੀ ਗੁੱਥੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਪਰਮਜੀਤ ਸਿੰਘ)**-ਗੌਰਵ ਯਾਦਵ ਡੀ.ਜੀ.ਪੀ ਪੰਜਾਬ ਅਤੇ ਗੁਰਸ਼ਰਨ ਸਿੰਘ ਸੰਧੂ ਆਈ.ਜੀ.ਪੀ. ਫ਼ਰੀਦਕੋਟ ਰੇਂਜ ਫ਼ਰੀਦਕੋਟ ਦੀਆਂ ਹਦਾਇਤਾਂ ਤਹਿਤ ਭਾਗੀਰਥ ਸਿੰਘ ਮੀਨਾ ਐਸ.ਐਸ.ਪੀ ਵੱਲੋਂ ਮਾੜੇ ਅਨਸਰਾਂ ਖ਼ਿਲਾਫ਼ ਕਾਰਵਾਈ ਕਰਦੇ ਹੋਏ ਸਤਨਾਮ ਸਿੰਘ ਡੀ.ਐਸ.ਪੀ ਸ.ਡ ਸ੍ਰੀ ਮੁਕਤਸਰ ਸਾਹਿਬ ਅਤੇ ਸੰਜੀਵ ਗੋਇਲ ਡੀ.ਐਸ.ਪੀ (ਐਨ.ਡੀ.ਪੀ.ਐਸ) ਦੀ ਨਿਗਰਾਨੀ ਹੇਠ ਇੰਸਪੈਕਟਰ ਗੁਰਵਿੰਦਰ ਸਿੰਘ ਇੰਚਾਰਜ ਸੀ.ਆਈ.ਏ ਤੇ ਐਸ.ਆਈ ਵਰੁਨ ਮੁੱਖ ਅਫਸਰ ਥਾਣਾ ਸਦਰ ਤੇ ਪੁਲਸ ਪਾਰਟੀ ਵੱਲੋਂ 24 ਘੰਟਿਆਂ ਵਿੱਚ ਅੰਨ੍ਹੇ ਕਤਲ ਦੀ ਗੁੱਥੀ ਨੂੰ ਸੁਲਝਾ ਕੇ 01 ਔਰਤ ਤੇ 01 ਵਿਅਕਤੀ ਨੂੰ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ ਗਈ ਹੈ। 8 ਜਨਵਰੀ ਨੂੰ ਜਲਾਲਾਬਾਦ ਰੋਡ ਦੇ ਨਜ਼ਦੀਕ ਲਿੰਕ ਰੋਡ ਤੇ ਖੇਤਾਂ ਵਿੱਚ ਇੱਕ ਵਿਅਕਤੀ ਦੀ ਲਾਸ਼ ਮਿਲੀ, ਜਿਸ 'ਤੇ ਤੇਜ਼ ਹਥਿਆਰਾਂ ਦੀਆਂ ਸੱਟਾਂ ਦੇ ਨਿਸ਼ਾਨ ਲੱਗੇ ਹੋਏ ਸਨ, ਜਿਸ 'ਤੇ ਪੁਲਸ ਵੱਲੋਂ ਲਾਸ਼ ਨੂੰ ਆਪਣੇ ਕਬਜ਼ੇ ਵਿੱਚ ਲੈ ਕੇ ਸ਼ਨਾਖਤ ਕਰਾਈ ਗਈ, ਜਿਸ ਦੀ ਪਛਾਣ ਸੋਹਣ ਸਿੰਘ ਪੁੱਤਰ ਕਿੱਕਰ ਸਿੰਘ ਵਾਸੀ ਲੱਧੂਆਣਾ ਜ਼ਿਲ੍ਹਾ ਫ਼ਾਜ਼ਿਲਕਾ ਵਜੋਂ ਹੋਈ, ਜਿਸ 'ਤੇ ਮ੍ਰਿਤਕ ਦੀ ਪਤਨੀ ਦੇ ਬਿਆਨਾਂ 'ਤੇ ਪੁਲਸ ਵਲੋਂ ਮੁੱਕਦਮਾ ਥਾਣਾ ਸਦਰ ਸ੍ਰੀ ਮੁਕਤਸਰ ਸਾਹਿਬ ਵਿਖੇ ਨਾ-ਮਾਲੂਮ ਵਿਅਕਤੀਆਂ 'ਤੇ ਦਰਜ ਕਰ ਪੁਲਸ ਵੱਲੋਂ ਤਫ਼ਤੀਸ਼ ਸ਼ੁਰੂ ਕਰ ਦਿੱਤੀ ਗਈ।ਦੌਰਾਨੇ ਤਫ਼ਤੀਸ਼ ਪੁਲਸ ਵੱਲੋਂ ਅਧੁਨਿਕ ਤਰੀਕਿਆਂ ਨਾਲ ਮੁਕੱਦਮੇ ਦੇ ਦੋਸ਼ੀਆਂ ਨੂੰ ਟਰੇਸ ਕਰ ਦੋਸ਼ੀ ਬੇਅੰਤ ਸਿੰਘ ਪੁੱਤਰ ਧਰਮ ਸਿੰਘ ਵਾਸੀ ਸੋਹਣੇ ਵਾਲਾ ਅਤੇ ਸੁਖਵਿੰਦਰ ਕੌਰ ਪਤਨੀ ਬਲਬੀਰ ਸਿੰਘ ਵਾਸੀ ਬਸਤੀ ਬੋਰੀਆਂਵਾਲੀ ਸ੍ਰੀ ਮੁਕਤਸਰ ਸਾਹਿਬ ਨੂੰ ਕਾਬੂ ਕੀਤਾ ਗਿਆ।ਮੁੱਢਲੀ ਪੁੱਛਗਿੱਛ ਦੌਰਾਨ ਉਨ੍ਹਾਂ ਨੇ ਵਜ੍ਹਾ ਰੰਜ਼ਿਸ਼ ਇਹ ਦੱਸਿਆ ਕਿ ਦੋਸ਼ੀ ਸੁਖਵਿੰਦਰ ਕੌਰ ਦੇ ਰਿਸ਼ਤੇ ਵਿੱਚੋਂ ਮ੍ਰਿਤਕ ਸੋਹਣ ਸਿੰਘ ਹੈ।ਜਿਸ 'ਤੇ ਮ੍ਰਿਤਕ ਸੋਹਣ ਸਿੰਘ ਜੋ ਸੁਖਵਿੰਦਰ ਕੌਰ ਨੂੰ ਉਸਦੇ ਪ੍ਰੇਮੀ ਸਾਥੀ ਬੇਅੰਤ ਸਿੰਘ ਨੂੰ ਮਿਲਣ 'ਤੋਂ ਰੋਕਦਾ ਸੀ।ਇਸ ਲਈ ਦੋਸ਼ੀ ਬੇਅੰਤ ਸਿੰਘ ਤੇ ਦੋਸ਼ੀ ਸੁਖਵਿੰਦਰ ਕੌਰ ਨੇ ਆਪਣੇ ਰਾਹ ਦਾ ਰੋੜਾ ਸਮਝਦਿਆਂ ਸੋਹਣ ਸਿੰਘ ਦਾ ਕਤਲ ਕਰ ਦਿੱਤਾ।ਪੁਲਸ ਵੱਲੋਂ ਦੋਨਾਂ ਦੋਸ਼ੀਆਂ ਨੂੰ ਉੱਕਤ ਮੁਕੱਦਮਾ ਵਿੱਚ ਨਾਮਜ਼ਦ ਕਰਕੇ ਗ੍ਰਿਫ਼ਤਾਰ ਕੀਤਾ ਗਿਆ ਤੇ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਜਾਵੇਗਾ ਅਤੇ ਹੋਰ ਵੀ ਖੁਲਾਸੇ ਹੋਣ ਦੀ ਸੰਭਾਵਨਾ ਹੈ।

# ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਦਿਹਾੜਾ ਧੂਮਧਾਮ ਨਾਲ ਮਨਾਇਆ



**ਜਲਾਲਾਬਾਦ (ਜੀਤ ਕੁਮਾਰ)**-ਪਿੰਡ ਚੱਕ ਅਰਾਈਆਂਵਾਲਾ (ਫਲੀਆਂਵਾਲਾ) ਵਿਖੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਸਰਬੰਸਦਾਨੀ ਦਸਮੇਸ਼ ਪਿਤਾ ਧੰਨ-ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਦਿਹਾੜਾ ਧੂਮਧਾਮ ਨਾਲ ਮਨਾਇਆ ਗਿਆ। ਗੁਰਦੁਆਰਾ ਸ੍ਰੀ ਗੁਰੂ ਕਲਗੀਧਰ ਸਾਹਿਬ ਵਿਖੇ ਰੱਖੇ ਹੋਏ ਸ੍ਰੀ ਅਖੰਡ ਪਾਠ ਦੇ ਭੋਗ ਪਾਏ ਗਏ ਤੇ ਇਸ ਦੇ ਬਾਅਦ ਗ੍ਰੰਥੀ ਸਿੰਘ ਸਾਹਿਬਾਨਾਂ ਤੇ ਭਾਈ ਗੁਰਪ੍ਰਤਾਪ ਸਿੰਘ ਜੀ ਜਾਂਚਕ ਨੇ ਗੁਰਬਾਣੀ ਵਿਚਾਰਾਂ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਭਾਈ ਗੁਰਪ੍ਰਤਾਪ ਸਿੰਘ ਜੀ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪਵਿੱਤਰ ਜੀਵਨ 'ਤੇ ਚਾਨਣਾ ਪਾਇਆ ਤੇ ਸੰਗਤਾਂ ਨੂੰ ਗੁਰੂਵਾਲੇ ਬਣਨ ਲਈ ਪ੍ਰੇਰਿਤ ਕੀਤਾ। ਗ੍ਰੰਥੀ ਭਾਈ ਬਖਸ਼ੀਸ਼ ਸਿੰਘ ਨੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਦੀ ਸਮੂਹ ਸੰਗਤਾਂ ਨੂੰ ਵਧਾਈ ਦਿੱਤੀ। ਇਸ ਸਮਾਗਮ ਦੇ ਦੌਰਾਨ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਮੱਥਾ ਟੇਕਿਆ ਅਤੇ ਗੁਰੂ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਸਮਾਗਮ ਦੇ ਸਮਾਪਤੀ ਉਪਰੰਤ ਗੁਰੂ ਕਾ ਅਤੁੱਟ ਲੰਗਰ ਸੰਗਤਾਂ ਵਿੱਚ ਵਰਤਾਇਆ ਗਿਆ। ਸਮਾਗਮ ਦੌਰਾਨ ਪ੍ਰਬੰਧਕੀ ਕਮੇਟੀ ਵੱਲੋਂ ਗ੍ਰੰਥੀ ਸਾਹਿਬਾਨ, ਭਾਈ ਗੁਰਪ੍ਰਤਾਪ ਸਿੰਘ ਤੇ ਸੇਵਾ ਕਾਰਜ ਵਿੱਚ ਹਿੱਸਾ ਲੈਣ ਵਾਲੇ ਸੇਵਾਦਾਰਾਂ ਨੂੰ ਸਿਰੋਪੇ ਭੇਟ ਕੀਤੇ ਗਏ।

# ਪੁਲਸ ਦੀ ਵਿਸ਼ੇਸ਼ ਘੇਰਾਬੰਦੀ ਤੇ ਤਲਾਸ਼ੀ ਮੁਹਿੰਮ ਤਹਿਤ ਵੱਖ-ਵੱਖ ਕੇਸਾਂ 'ਚ ਲੋੜੀਂਦੇ ਭਗੌੜੇ ਕਾਬੂ

## 97 ਗ੍ਰਾਮ ਹੈਰੋਇਨ, 750 ਨਸ਼ੀਲੀਆਂ ਗੋਲੀਆਂ, 80 ਕਿੱਲੋ ਭੁੱਕੀ, 9 ਮੋਟਰਸਾਈਕਲ, ਨਾਜਾਇਜ਼ ਸ਼ਰਾਬ ਬਰਾਮਦ



**ਮੋਗਾ (ਅਮਰਜੀਤ ਬੱਬਰੀ)**-ਮੁੱਖ ਮੰਤਰੀ ਪੰਜਾਬ ਸ੍ਰ ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਆਮ ਲੋਕਾਂ ਨੂੰ ਪ੍ਰਭਾਵਸ਼ਾਲੀ ਪੁਲਸ ਸੇਵਾਵਾਂ ਦੇਣ ਦੇ ਮਨੋਰਥ ਵਜੋਂ ਮੋਗਾ ਪੁਲਸ ਵੱਲੋਂ ਵਿਸ਼ੇਸ਼ ਘੇਰਾਬੰਦੀ ਤੇ ਤਲਾਸ਼ੀ ਮੁਹਿੰਮ ਚਲਾਈ ਗਈ।ਇਸ ਮੁਹਿੰਮ ਵਿੱਚ ਡੀਆਈਜੀ ਐਡਮਿਨ ਪੀਏਪੀ ਜਲੰਧਰ ਇੰਦਰਬੀਰ ਸਿੰਘ, ਸੀਨੀਅਰ ਕਪਤਾਨ ਪੁਲਸ ਮੋਗਾ ਸ੍ਰੀ ਵਿਵੇਕਸ਼ੀਲ ਸੋਨੀ ਮੌਜੂਦ ਰਹੇ।ਇਸ ਅਪ੍ਰੇਸ਼ਨ ਵਿੱਚ 1 ਐੱਸ ਪੀ , 8 ਡੀ ਐੱਸ ਪੀ, 306 ਪੁਲਸ ਮੁਲਾਜ਼ਮ ਤਾਇਨਾਤ ਕੀਤੇ ਗਏ ਸਨ।ਜਾਣਕਾਰੀ ਦਿੰਦਿਆਂ ਸੀਨੀਅਰ ਕਪਤਾਨ ਪੁਲਸ ਮੋਗਾ ਸ੍ਰੀ ਵਿਵੇਕਸ਼ੀਲ ਸੋਨੀ ਨੇ ਦੱਸਿਆ ਕਿ ਇਸ ਵਿਸ਼ੇਸ਼ ਮੁਹਿੰਮ ਤਹਿਤ ਜ਼ਿਲ੍ਹੇ ਦੇ ਵੱਖ-ਵੱਖ ਖੇਤਰ ਜਿਹੜੇ ਕਿ ਨਸ਼ਿਆਂ ਦੇ ਹਾਟਸਪਾਟ ਖੇਤਰ ਸਨ, ਵਿੱਚ ਘੇਰਾਬੰਦੀਆਂ ਕੀਤੀਆਂ ਗਈਆਂ।ਇਸ ਮੁਹਿੰਮ ਦੌਰਾਨ 22 ਐੱਫ ਆਈ ਆਰਜ਼ ਦਰਜ ਕਰਕੇ 24 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਤੇ ਐੱਨ ਡੀ ਪੀ ਐੱਸ ਐਕਟ ਤਹਿਤ ਇੱਕ ਕੇਸ ਦਰਜ ਕੀਤਾ ਗਿਆ।ਇਸ ਮੁਹਿੰਮ ਤਹਿਤ 97 ਗ੍ਰਾਮ ਹੈਰੋਇਨ, 750 ਨਸ਼ੀਲੀਆਂ ਗੋਲੀਆਂ, 80 ਕਿੱਲੋ ਭੁੱਕੀ, 9 ਮੋਟਰਸਾਈਕਲ, 1 ਕਾਰ ਵਰਨਾ, 40 ਲੀਟਰ ਲਾਹਣ, 108 ਬੋਤਲਾਂ ਨਾਜਾਇਜ਼ ਸ਼ਰਾਬ ਬਰਾਮਦ ਕੀਤੀ ਗਈ।ਉਨ੍ਹਾ ਦੱਸਿਆ ਕਿ ਇਸ ਤੋਂ ਇਲਾਵਾ ਇਸ ਤਲਾਸ਼ੀ ਮੁਹਿੰਮ ਦੌਰਾਨ 2 ਭਗੌੜੇ ਅਪਰਾਧੀਆਂ ਨੂੰ ਕਾਬੂ ਕੀਤਾ ਗਿਆ, ਜਿਹੜੇ ਵੱਖ ਵੱਖ ਕੇਸਾਂ ਵਿੱਚ ਪੁਲਸ ਨੂੰ ਲੋੜੀਂਦੇ ਸਨ, 58 ਸ਼ੱਕੀ ਵਿਅਕਤੀਆਂ ਨੂੰ ਕਾਬੂ ਕੀਤਾ ਗਿਆ, 366 ਵਾਹਨਾਂ ਦੀ ਚੈਕਿੰਗ ਕੀਤੀ ਗਈ ਤੇ 2 ਵਾਹਨ ਜ਼ਬਤ ਕਰਕੇ 21 ਵਾਹਨਾਂ ਦੇ ਚਲਾਨ ਕੀਤੇ ਗਏ।ਉਨ੍ਹਾ ਦੱਸਿਆ ਕਿ ਪੰਜਾਬ ਸਰਕਾਰ ਦੇ ਸਖਤ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਮੋਗਾ ਪੁਲਸ ਜ਼ਿਲ੍ਹੇ ਵਿੱਚੋਂ ਅਪਰਾਧ, ਨਸ਼ੇ ਤੇ ਹੋਰ ਸਾਰੇ ਗੈਰ-ਕਾਨੂੰਨੀ ਕੰਮਾਂ ਨੂੰ ਰੋਕਣ ਲਈ ਲਗਾਤਾਰ ਯਤਨਸ਼ੀਲ ਹੈ, ਅਪਰਾਧੀ ਕਿਸੇ ਵੀ ਕੀਮਤ 'ਤੇ ਬਖਸ਼ੇ ਨਹੀਂ ਜਾਣਗੇ।

## ਕਾਤਰਾਂ

### ਵਿਅਹੁਤਾ ਨੇ ਕੀਤੀ ਖ਼ੁਦਕੁਸ਼ੀ

**ਮਾਨਸਾ (ਰੀਤਵਾਲ)**-ਪਿੰਡ ਅਕਲੀਆ ਵਿਖੇ ਇੱਕ ਵਿਅਹੁਤਾ ਵੱਲੋਂ ਪਰਿਵਾਰ ਤੋਂ ਤੰਗ ਆ ਕੇ ਖ਼ੁਦਕੁਸ਼ੀ ਕਰ ਲੈਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਥਾਣਾ ਜ਼ੋਗਾ ਪੁਲਸ ਨੇ ਉਸ ਦੇ ਪਤੀ ਖਿਲਾਫ਼ ਮਾਮਲਾ ਦਰਜ ਕਰ ਲਿਆ ਹੈ। ਮ੍ਰਿਤਕਾ ਦੋ ਬੱਚਿਆਂ ਦੀ ਮਾਂ ਸੀ। ਜਾਣਕਾਰੀ ਅਨੁਸਾਰ ਮਮਤਾ ਰਾਣੀ ਪਤਨੀ ਜੁਗਰਾਜ ਸਿੰਘ ਵਾਸੀ ਅਕਲੀਆ ਨੇ ਘਰ ਵਿੱਚ ਹੀ ਫਾਹਾ ਲੈ ਕੇ ਖ਼ੁਦਕੁਸ਼ੀ ਕਰ ਲਈ। ਮ੍ਰਿਤਕ ਮਮਤਾ ਰਾਣੀ ਦੇ ਪਿਤਾ ਗੁਰਮੇਲ ਸਿੰਘ ਨੇ ਦੋਸ਼ ਲਾਇਆ ਕਿ ਉਸ ਦੇ ਸਹੁਰੇ ਪਰਿਵਾਰ ਵੱਲੋਂ ਤੰਗ-ਪ੍ਰੇਸ਼ਾਨ ਕੀਤਾ ਜਾਂਦਾ ਸੀ, ਜਿਸ ਕਰਕੇ ਉਸ ਨੇ ਖ਼ੁਦਕੁਸ਼ੀ ਕਰ ਲਈ। ਉਸ ਦਾ ਅੰਤਿਮ ਸੰਸਕਾਰ ਕਰ ਦਿੱਤਾ ਗਿਆ ਹੈ। ਥਾਣਾ ਜੋਗਾ ਦੇ ਮੁਖੀ ਕਮਲਜੀਤ ਸਿੰਘ ਨੇ ਦੱਸਿਆ ਕਿ ਮ੍ਰਿਤਕਾ ਦੇ ਪਿਤਾ ਗੁਰਮੇਲ ਸਿੰਘ ਦੇ ਬਿਆਨਾਂ 'ਤੇ ਉਸ ਦੇ ਪਤੀ ਜੁਗਰਾਜ ਸਿੰਘ ਖਿਲਾਫ਼ ਮਾਮਲਾ ਦਰਜ ਕਰ ਮਾਮਲੇ ਦੀ ਪੜਤਾਲ ਸ਼ੁਰੂ ਕਰ ਦਿੱਤੀ ਗਈ ਹੈ।

### ਪੱਤਰਕਾਰ ਗੋਇਲ ਨੂੰ ਸਦਮਾ, ਪਿਤਾ ਦਾ ਦੇਹਾਂਤ

**ਭਗਤਾ ਭਾਈ ਕਾ (ਰਾਜੀਵ ਗੋਇਲ)**-ਸਥਾਨਕ ਸ਼ਹਿਰ ਦੇ



ਮਸ਼ਹੂਰ ਵਪਾਰੀ ਤੇ ਉੱਘੇ ਪੱਤਰਕਾਰ ਕੇਸ਼ਵ ਗੋਇਲ ਤੇ ਜੈਤੋਂ ਸਟੇਸ਼ਨ ਤੋਂ ਸੇਵਾਵਾਂ ਨਿਭਾਅ ਰਹੇ ਪੱਤਰਕਾਰ ਵਿਪਨ ਗੋਇਲ ਨੂੰ ਉਸ ਸਮੇਂ ਗਹਿਰਾ ਸਦਮਾ ਪੁੱਜਾ, ਜਦੋਂ ਮੰਗਲਵਾਰ ਸਵੇਰੇ ਤੜਕਸਾਰ ਕਰੀਬ 4 ਵਜੇ ਉਨ੍ਹਾਂ ਦੇ ਪਿਤਾ ਗਿਆਨ ਚੰਦ ਗੋਇਲ ਦੀ ਸੰਖੇਪ ਬਿਮਾਰੀ ਦੇ ਚਲਦਿਆਂ ਮੌਤ ਹੋ ਗਈ। ਦੱਸਣਾ ਬਣਦਾ ਹੈ ਕਿ ਗਿਆਨ ਚੰਦ ਪਿਛਲੇ ਕੁਝ ਦਿਨਾਂ ਤੋਂ ਬਿਮਾਰ ਚੱਲਦੇ ਆ ਰਹੇ ਸਨ, ਜਿਸ ਕਾਰਨ ਉਨ੍ਹਾਂ ਦੀ ਅੱਜ ਮੌਤ ਹੋ ਗਈ। ਇਸ ਦੁੱਖ ਦੀ ਘੜੀ ਵਿੱਚ ਸਮੂਹ ਗੋਇਲ ਪਰਿਵਾਰ ਨਾਲ ਜਿੱਥੇ ਸਮੂਹ ਪੱਤਰਕਾਰ ਭਾਈਚਾਰੇ ਵੱਲੋਂ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਹੈ, ਉੱਥੇ ਹੀ ਸਿਆਸੀ, ਧਾਰਮਿਕ ਤੇ ਸਮੁੱਚੇ ਬਜ਼ਾਰ ਦੇ ਦੁਕਾਨਦਾਰਾਂ ਵੱਲੋਂ ਪਰਿਵਾਰ ਨਾਲ ਡੂੰਘੀ ਹਮਦਰਦੀ ਦਾ ਇਜ਼ਹਾਰ ਕੀਤਾ ਗਿਆ ਹੈ।

### ਅਦਾਲਤ ਵੱਲੋਂ ਭਗੌੜਾ ਕਰਾਰ ਤਿੰਨ ਵਿਅਕਤੀ ਕਾਬੂ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਪੁਲਸ ਵੱਲੋਂ ਤਿੰਨ ਵੱਖ-ਵੱਖ ਮਾਮਲਿਆਂ ਵਿੱਚ ਅਦਾਲਤ ਵੱਲੋਂ ਭਗੌੜਾ ਕਰਾਰ ਦਿੱਤੇ ਗਏ 3 ਵਿਅਕਤੀ ਕੁਲਵਿੰਦਰ ਸਿੰਘ ਵਾਸੀ ਪਟਿਆਲਾ, ਜਸਵਿੰਦਰ ਸਿੰਘ ਵਾਸੀ ਬੇਲਾ ਜ਼ਿਲ੍ਹਾ ਰੋਪੜ, ਬਲਵਿੰਦਰ ਸਿੰਘ ਵਾਸੀ ਬੂਰ ਮਾਜਰਾ ਥਾਣਾ ਮੋਰਿੰਡਾ ਨੂੰ ਗ੍ਰਿਫ਼ਤਾਰ ਕਰਨ ਵਿੱਚ ਸਫ਼ਲਤਾ ਪ੍ਰਾਪਤ ਕੀਤੀ ਹੈ। ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਐੱਸ.ਐੱਚ.ਓ. ਭਿੰਦਰ ਸਿੰਘ ਖੰਗੂੜਾ ਨੇ ਦੱਸਿਆ ਕਿ ਕੁਲਵਿੰਦਰ ਸਿੰਘ ਖਿਲਾਫ਼ 28-1-2021 ਨੂੰ ਮਾਈਨਿੰਗ ਐਕਟ ਤਹਿਤ ਮਾਮਲਾ ਦਰਜ ਹੋਇਆ ਸੀ, ਜਿਸ 'ਤੇ ਉਸ ਨੂੰ 2023 ਵਿੱਚ ਮਾਣਯੋਗ ਅਦਾਲਤ ਨੇ ਭਗੌੜਾ ਕਰਾਰ ਦੇ ਦਿੱਤਾ। ਸਹਾਇਕ ਥਾਣੇਦਾਰ ਮਦਨ ਸਿੰਘ ਵੱਲੋਂ ਭਗੌੜਾ ਕਰਾਰ ਦਿੱਤੇ ਕੁਲਵਿੰਦਰ ਸਿੰਘ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਇਸ ਤੋਂ ਇਲਾਵਾ ਜਸਵਿੰਦਰ ਸਿੰਘ ਖਿਲਾਫ਼ 2015 'ਚ ਧੋਖਾਧੜੀ ਦਾ ਮਾਮਲਾ ਦਰਜ ਹੋਇਆ ਸੀ ਤੇ 2019 ਵਿੱਚ ਅਦਾਲਤ ਨੇ ਉਸ ਨੂੰ ਭਗੌੜਾ ਕਰਾਰ ਦਿੱਤਾ ਸੀ। ਇਸੇ ਤਰ੍ਹਾਂ ਇੱਕ ਹੋਰ ਮਾਮਲੇ ਵਿੱਚ ਬਲਵਿੰਦਰ ਸਿੰਘ ਖਿਲਾਫ਼ 2014 'ਚ ਇੱਕ ਮਾਮਲਾ ਦਰਜ ਹੋਇਆ ਤੇ ਅਦਾਲਤ ਵੱਲੋਂ 2015 ਵਿੱਚ ਉਸ ਨੂੰ ਭਗੌੜਾ ਕਰਾਰ ਦੇ ਦਿੱਤਾ ਸੀ। ਪੁਲਸ ਵੱਲੋਂ ਉਕਤ ਤਿੰਨਾਂ ਵਿਅਕਤੀਆਂ ਨੂੰ ਅਦਾਲਤ ਵਿੱਚ ਪੇਸ਼ ਕੀਤਾ ਗਿਆ ਹੈ।

### ਪਲੇਸਮੈਂਟ ਕੈਂਪ ਲਾਇਆ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸ੍ਰੀ ਗੁਰਤੇਜ ਸਿੰਘ ਜ਼ਿਲ੍ਹਾ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਤੇ ਸਿਖਲਾਈ ਅਫਸਰ ਸ੍ਰੀ ਮੁਕਤਸਰ ਸਾਹਿਬ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਕੈਂਪ ਵਿੱਚ ਏਜਿਲ ਹਰਬਲ ਕੰਪਨੀ ਵੱਲੋਂ 100 ਅਸਾਮੀਆਂ ਲਈ ਦਫਤਰ ਵਿਖੇ ਆਏ ਬੇਰੁਜ਼ਗਾਰ ਪ੍ਰਾਰਥੀਆਂ ਦੀ ਇੰਟਰਵਿਊ ਲਈ ਗਈ।ਇਸ ਪਲੇਸਮੈਂਟ ਕੈਂਪ ਵਿੱਚ ਕੁੱਲ 68 ਬੇਰੁਜ਼ਗਾਰ ਪ੍ਰਾਰਥੀਆਂ ਨੇ ਭਾਗ ਲਿਆ।ਇੰਟਰਵਿਊ ਸਮਾਪਤ ਹੋਣ ਉਪਰੰਤ ਕੁੱਲ 40 ਯੋਗ ਉਮੀਦਵਾਰਾਂ ਦੀ ਚੋਣ ਹੋਈ। ਇਸਦੇ ਨਾਲ ਹੀ ਸ੍ਰੀ ਦਲਜੀਤ ਸਿੰਘ ਬਰਾੜ ਪਲੇਸਮੈਂਟ ਅਫਸਰ ਤੇ ਸ੍ਰੀ ਮੋਹਿਤ ਚਾਵਲਾ ਨੇ ਬੇਰੁਜ਼ਗਾਰ ਪ੍ਰਾਰਥੀਆਂ ਨੂੰ ਅਪੀਲ ਕੀਤੀ ਕਿ ਦਫਤਰ ਵਿਖੇ ਲਗਾਏ ਜਾਣ ਵਾਲੇ ਪਲੇਸਮੈਂਟਾਂ ਕੈਂਪਾਂ ਵਿੱਚ ਭਾਗ ਲੈ ਕੇ ਵੱਧ ਤੋਂ ਵੱਧ ਲਾਭ ਪ੍ਰਾਪਤ ਕੀਤਾ ਜਾਵੇ।

# ਮੇਲਾ ਮਾਘੀ ਮੌਕੇ ਕਾਨਫਰੰਸਾਂ ਦੀਆਂ ਤਿਆਰੀਆਂ ਸੰਬੰਧੀ ਅਕਾਲੀ ਦਲ ਵੱਲੋਂ ਗੋਲੂ ਕਾ ਮੋੜ 'ਚ ਮੀਟਿੰਗ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**

ਇਸਤਰੀ ਅਕਾਲੀ ਦਲ ਦੇ ਕੌਮੀ ਪ੍ਰਧਾਨ ਹਰਗੋਬਿੰਦ ਕੌਰ ਨੇ ਹਲਕਾ ਗੁਰੂ ਹਰਸਹਾਏ ਦੇ ਅਕਾਲੀ ਆਗੂਆਂ ਨਾਲ ਮੇਲਾ ਮਾਘੀ ਮੌਕੇ ਸ੍ਰੀ ਮੁਕਤਸਰ ਸਾਹਿਬ ਵਿਖੇ ਹੋਣ ਵਾਲੀਆਂ ਦੋ ਕਾਨਫਰੰਸਾਂ ਦੀਆਂ ਤਿਆਰੀਆਂ ਸਬੰਧੀ ਗੋਲੂ ਕਾ ਮੋੜ ਵਿਖੇ ਮੀਟਿੰਗ ਕੀਤੀ। ਇਹ ਮੀਟਿੰਗ ਹਲਕਾ ਇੰਚਾਰਜ ਵਰਦੇਵ ਸਿੰਘ ਨੋਨੀ ਮਾਨ ਦੀ ਅਗਵਾਈ ਹੇਠ ਹੋਈ, ਜਿਸ ਦੌਰਾਨ ਸੀਨੀਅਰ ਅਕਾਲੀ ਆਗੂ ਵਿਰਸਾ ਸਿੰਘ ਵਲਟੋਹਾ ਵੀ ਵਿਸ਼ੇਸ਼ ਤੌਰ 'ਤੇ ਪਹੁੰਚੇ। ਮੀਟਿੰਗ ਵਿੱਚ ਬੋਲਦਿਆਂ ਹਰਗੋਬਿੰਦ ਕੌਰ ਨੇ ਕਿਹਾ ਕਿ ਮਾਤਾ ਭਾਗ ਕੌਰ ਨੂੰ ਸਮਰਪਤ ਔਰਤਾਂ ਦੀ ਵੱਡੀ ਕਾਨਫਰੰਸ 12 ਜਨਵਰੀ ਨੂੰ ਮਲੋਟ ਰੋਡ ਸ੍ਰੀ ਮੁਕਤਸਰ ਸਾਹਿਬ ਵਿਖੇ ਕੀਤੀ ਜਾ ਰਹੀ ਹੈ, ਜਦੋਂ ਕਿ ਅਕਾਲੀ ਕਾਨਫਰੰਸ 14 ਜਨਵਰੀ ਨੂੰ ਸ੍ਰੀ ਮੁਕਤਸਰ ਸਾਹਿਬ ਵਿਖੇ ਇਸੇ ਸਥਾਨ 'ਤੇ ਹੀ ਕੀਤੀ ਜਾਵੇਗੀ। ਉਨ੍ਹਾ ਕਿਹਾ ਕਿ 12 ਜਨਵਰੀ ਨੂੰ ਹਰੇਕ ਪਿੰਡ ਵਿੱਚੋਂ ਵੱਧ ਤੋਂ ਵੱਧ ਬੀਬੀਆਂ ਪੁੱਜਣ ਤੇ 14 ਜਨਵਰੀ ਨੂੰ ਅਕਾਲੀ ਵਰਕਰ ਤੇ ਆਗੂ ਵੱਡੀ ਗਿਣਤੀ ਵਿੱਚ ਕਾਨਫਰੰਸ ਵਿੱਚ ਪਹੁੰਚਣ। ਇਹ ਦੋਵੇਂ ਕਾਨਫਰੰਸਾਂ ਮਲੋਟ ਰੋਡ ਸ੍ਰੀ ਮੁਕਤਸਰ ਸਾਹਿਬ ਵਿਖੇ ਹੋ ਰਹੀਆਂ ਹਨ। ਉਨ੍ਹਾ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹੀ ਤੁਹਾਡੀ ਆਪਣੀ ਖੇਤਰੀ ਪਾਰਟੀ ਹੈ। ਇਸ ਕਰਕੇ ਵੱਧ ਤੋਂ ਵੱਧ ਸ਼੍ਰੋਮਣੀ ਅਕਾਲੀ ਦਲ ਨਾਲ ਜੁੜੋ। ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਆਗੂਆਂ ਕੋਲ ਤਾਂ ਝੂਠ ਦੀਆਂ ਪੰਡਾਂ ਹਨ ਤੇ ਲੋਕਾਂ ਨੂੰ ਝੂਠੇ ਲਾਰੇ ਲਗਾਏ ਜਾ ਰਹੇ ਹਨ, ਜਦੋਂ ਕਿ ਪੰਜਾਬ ਲਈ ਕੱਖ ਨਹੀਂ ਕੀਤਾ। ਇਸ ਮੌਕੇ ਵਿਰਸਾ ਸਿੰਘ ਵਲਟੋਹਾ ਨੇ ਲੋਕਾਂ ਨੂੰ ਅਕਾਲੀ ਦਲ ਨੂੰ ਹੋਰ ਤਕੜਾ ਕਰਨ ਦੀ ਅਪੀਲ ਕਰਦਿਆਂ ਬੀਤੇ ਸਮੇਂ ਵਿੱਚ ਅਕਾਲੀ ਦਲ ਵੱਲੋਂ ਕੀਤੇ ਵਿਕਾਸ ਤੇ ਹੋਰ ਲੋਕ ਭਲਾਈ ਦੀਆਂ ਸਕੀਮਾਂ 'ਤੇ ਚਾਨਣਾ ਪਾਇਆ। ਇਸ ਮੌਕੇ ਹਾਜ਼ਰ ਔਰਤਾਂ ਨੇ ਬੀਬੀ ਹਰਗੋਬਿੰਦ ਕੌਰ ਪ੍ਰਧਾਨ ਇਸਤਰੀ ਅਕਾਲੀ ਦਲ ਦਾ ਨਿੱਘਾ ਸਵਾਗਤ ਕੀਤਾ।

ਇਸ ਮੌਕੇ ਅਕਾਲੀ ਆਗੂ ਵਰਦੇਵ ਸਿੰਘ ਮਾਨ ਨੇ ਕਿਹਾ ਕਿ ਦੋਹਾਂ ਕਾਨਫਰੰਸਾਂ ਵਿੱਚ ਗੁਰੂ ਹਰਸਹਾਏ ਤੋਂ ਲੋਕ ਵੱਡੀ ਗਿਣਤੀ ਵਿੱਚ ਸ਼ਾਮਲ ਹੋਣਗੇ, ਉਨ੍ਹਾਂ ਅਕਾਲੀ ਵਰਕਰਾਂ ਦੀਆਂ ਡਿਊਟੀਆਂ ਲਗਾਈਆਂ। ਇਸ ਮੌਕੇ ਗੁਰਬਾਜ ਸਿੰਘ ਦੋਸਾਂਝ ਰੱਤੇਵਾਲਾ, ਹਰਪਿੰਦਰ ਸਿੰਘ ਮਾਨ, ਤਿਲਕ ਰਾਜ, ਸਰਬਜੀਤ ਸਿੰਘ ਘਾਂਗਾ, ਮਨਪ੍ਰੀਤ ਸਿੰਘ ਸਰਪੰਚ, ਕਸ਼ਮੀਰ ਕੌਰ ਆਦਿ ਸਮੇਤ ਵੱਡੀ ਗਿਣਤੀ 'ਚ ਅਕਾਲੀ ਆਗੂ ਤੇ ਵਰਕਰ ਹਾਜ਼ਰ ਸਨ।

# ਭਾਜਪਾ ਦੀਆਂ ਨੀਤੀਆਂ ਪੂਰੇ ਭਾਰਤ ਦੇ ਹਿੱਤ 'ਚ : ਭਾਰਤੀ/ਤਿਵਾੜੀ



ਕਾਂਗਰਸ ਛੱਡ ਭਾਜਪਾ 'ਚ ਸ਼ਾਮਲ ਹੋਣ ਵਾਲੇ ਸੰਦੀਪ ਭਾਰਤੀ, ਮਨੋਜ ਤਿਵਾੜੀ ਤੇ ਹੋਰ ਵਰਕਰ।

**ਸਮਰਾਲਾ (ਸੁਰਜੀਤ ਸਿੰਘ)**-ਸਥਾਨਕ ਸ਼ਹਿਰ ਵਿੱਚ ਰਾਮਲੀਲ੍ਹਾ ਕਮੇਟੀ ਦੇ ਅਨੇਕਾਂ ਮੈਂਬਰ ਕਮਲ ਦਾ ਫੁੱਲ ਫੜ ਭਾਜਪਾ 'ਚ ਸ਼ਾਮਲ ਹੋ ਗਏ। ਇਸ ਸਬੰਧੀ ਸਥਾਨਕ ਦੁਰਗਾ ਮੰਦਿਰ ਵਿਖੇ ਕਰਵਾਏ ਸਮਾਗਮ 'ਚ ਮੁੱਖ ਮਹਿਮਾਨ ਪ੍ਰੋ. ਭੁਪਿੰਦਰ ਸਿੰਘ ਚੀਮਾ ਪ੍ਰਧਾਨ ਭਾਰਤੀ ਜਨਤਾ ਪਾਰਟੀ ਪੁਲਸ ਜ਼ਿਲ੍ਹਾ ਖੰਨਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਉਨ੍ਹਾ ਇਕੱਠ ਨੂੰ ਸੰਬੋਧਨ ਕਰਦੇ ਹੋਏ ਭਾਜਪਾ ਦੀਆਂ ਸਮੁੱਚੇ ਦੇਸ਼ ਪ੍ਰਤੀ ਨੀਤੀਆਂ ਸਬੰਧੀ ਜਾਣਕਾਰੀ ਸਾਂਝੀ ਕੀਤੀ। 2024 ਦੀਆਂ ਆ ਰਹੀਆਂ ਚੋਣਾਂ ਵਿੱਚ ਭਾਜਪਾ ਪੂਰਨ ਬਹੁਮੱਤ ਨਾਲ ਜਿੱਤ ਕੇ ਕੇਂਦਰ ਵਿੱਚ ਲਗਾਤਾਰ ਤੀਜੀ ਵਾਰ ਆਪਣੀ ਸਰਕਾਰ ਬਣਾਉਣ ਜਾ ਰਹੀ ਹੈ। ਉਨ੍ਹਾ ਕਿਹਾ ਕਿ ਅੱਜ ਕਾਂਗਰਸ ਦਾ ਪੱਲਾ ਛੱਡ, ਜੋ ਕਾਂਗਰਸੀ ਵਰਕਰ ਨਿਰਾਸ਼ ਹੋ ਕੇ ਆਏ ਹਨ, ਉਨ੍ਹਾਂ ਨੇ ਪਿਛਲੇ ਕਈ ਦਹਾਕਿਆਂ ਤੋਂ ਕਾਂਗਰਸ ਨੂੰ ਪੂਰੀ ਤਰ੍ਹਾਂ ਸਮਰਪਤ ਹੋ ਕੇ ਕੰਮ ਕੀਤਾ ਹੈ, ਪ੍ਰੰਤੂ ਸਮਰਾਲਾ ਦੇ ਕਾਂਗਰਸੀ ਆਗੂਆਂ ਨੇ ਉਨ੍ਹਾਂ ਦੀ ਮਿਹਨਤ ਦਾ ਮੁੱਲ ਮੋੜਨ ਦੀ ਬਜਾਏ, ਖੂੰਜੇ ਲਗਾ ਕੇ ਰੱਖਿਆ ਹੈ, ਪ੍ਰੰਤੂ ਭਾਜਪਾ 'ਚ ਅਜਿਹਾ ਹਰਗਿਜ ਨਹੀਂ ਹੈ, ਇੱਥੇ ਹਰ ਇੱਕ ਵਰਕਰ ਨੂੰ ਪੂਰਾ ਸਤਿਕਾਰ ਤੇ ਮਾਣ ਦਿੱਤਾ ਜਾਂਦਾ ਹੈ। ਸਮਾਗਮ ਦੌਰਾਨ ਭਾਜਪਾ 'ਚ ਸ਼ਾਮਲ ਹੋਣ ਵਾਲੇ ਪ੍ਰਮੁੱਖ ਤੌਰ 'ਤੇ ਸੰਦੀਪ ਭਾਰਤੀ, ਮਨੋਜ ਕੁਮਾਰ ਤਿਵਾੜੀ, ਵਿਸ਼ਾਲ ਤਿਵਾੜੀ, ਮਨੂੰ ਸ਼ਰਮਾ, ਸਮਸ਼ੇਰ ਸਿੰਘ ਭੱਟੀ ਸਰਪੰਚ ਹਰਿਓ ਖੁਰਦ, ਬਿੱਟੂ ਮੁਨੀਮ, ਦਲਜੀਤ ਸਿੰਘ ਗਹਿਲੇਵਾਲ, ਜਸਪਾਲ ਸਿੰਘ ਦਿਆਲਪੁਰਾ, ਅਮਨਦੀਪ ਸਿੰਘ ਸਮਸ਼ਪੁਰ, ਪਵਨ ਕੁਮਾਰ, ਰਾਮੇਸ਼ ਮਾਣਕੀ, ਸੰਦੀਪ ਸਮਰਾਲਾ (ਤਿਵਾੜੀ) ਸਾਹਿਤਕਾਰ, ਨਵੀਨ ਤਿਵਾੜੀ ਆਦਿ ਤੋਂ ਇਲਾਵਾ ਰਾਮ ਲੀਲਾ ਕਮੇਟੀ ਦੇ ਹੋਰ ਵੀ ਮੈਂਬਰ ਤੇ ਸਮਰਾਲਾ ਇਲਾਕੇ ਦੇ ਹੋਰ ਵਰਕਰ ਸ਼ਾਮਲ ਸਨ। ਇਸ ਮੌਕੇ ਸੰਦੀਪ ਭਾਰਤੀ ਤੇ ਮਨੋਜ ਕੁਮਾਰ ਤਿਵਾੜੀ ਨੇ ਕਿਹਾ ਕਿ ਭਾਜਪਾ ਦੀਆਂ ਨੀਤੀਆਂ ਜੋ ਪੂਰੇ ਭਾਰਤ ਦੇ ਹਿੱਤਾਂ ਲਈ ਹਨ ਤੇ ਇਨ੍ਹਾਂ ਨੀਤੀਆਂ ਕਾਰਨ ਦੇਸ਼ ਤਰੱਕੀ ਦੀਆਂ ਬੁਲੰਦੀਆਂ ਛੂਹੇਗਾ। ਉਨ੍ਹਾਂ ਜ਼ਿਲ੍ਹਾ ਪ੍ਰਧਾਨ ਪ੍ਰੋ. ਭੁਪਿੰਦਰ ਸਿੰਘ ਚੀਮਾ ਦਾ ਧੰਨਵਾਦ ਕੀਤਾ। ਇਸ ਮੌਕੇ ਉਪਰੋਕਤ ਤੋਂ ਇਲਾਵਾ ਐੱਨ. ਆਰ. ਆਈ. ਵਿੰਗ ਦੇ ਵਾਈਸ ਪ੍ਰਧਾਨ ਸ਼ਰਮਾ, ਅਜੀਤ ਗੁਪਤਾ, ਬਲਰਾਮ ਸ਼ਰਮਾ, ਰਮਨ ਖੁੱਲਰ ਸਾਬਕਾ ਵਾਈਸ ਚੇਅਰਮੈਨ ਮਾਰਕੀਟ ਕਮੇਟੀ, ਸੁਨੀਲ ਅਗਰਵਾਲ, ਅਵਸ਼ੇਕ ਸ਼ਰਮਾ, ਡਾ. ਅਸ਼ੋਕ ਸ਼ਰਮਾ, ਰਾਜੇਸ਼ ਬਿੱਟੂ, ਸਿਕੰਦਰ ਸਿੰਘ, ਅਮਨ ਗੁਪਤਾ ਆਦਿ ਤੋਂ ਇਲਾਵਾ ਸੈਂਕੜਿਆਂ ਦੀ ਗਿਣਤੀ 'ਚ ਭਾਜਪਾ ਵਰਕਰ ਹਾਜ਼ਰ ਸਨ।

# ਪ੍ਰੈੱਸ ਕਲੱਬ ਦੇ ਪ੍ਰਧਾਨ ਨੇ ਗ੍ਰਹਿ ਵਿਖੇ ਕਰਾਇਆ ਧਾਰਮਕ ਸਮਾਗਮ



**ਨਾਭਾ (ਵਰਿੰਦਰ ਵਰਮਾ)**-ਨਾਭਾ ਬਲਾਕ ਦੇ ਪਿੰਡ ਰੋਹਟੀ ਬਸਤਾ ਸਿੰਘ ਵਿਖੇ ਪ੍ਰੈੱਸ ਕਲੱਬ ਨਾਭਾ ਦੇ ਪ੍ਰਧਾਨ ਹਰਮੀਤ ਸਿੰਘ ਮਾਨ ਵੱਲੋਂ ਆਪਣੇ ਗ੍ਰਹਿ ਵਿਖੇ ਧਾਰਮਿਕ ਸਮਾਗਮ ਕਰਵਾਇਆ ਗਿਆ। ਧਾਰਮਿਕ ਸਮਾਗਮ ਵਿੱਚ ਸਿੱਖ ਪ੍ਰਚਾਰਕ ਜਥੇਦਾਰ ਬਾਬਾ ਕਸ਼ਮੀਰਾ ਸਿੰਘ ਵੱਲੋਂ ਦੀਵਾਨ ਸਜਾਏ ਗਏ ਤੇ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ। ਉਨ੍ਹਾ ਕਿਹਾ ਕਿ ਅੱਜ ਦੇ ਸਮੇਂ ਵਿੱਚ ਹਰ ਇੱਕ ਇਨਸਾਨ ਨੂੰ ਬਾਣੀ ਦਾ ਜਾਪ ਕਰਨਾ ਅਤੀ ਜ਼ਰੂਰੀ ਹੈ। ਇਸ ਸਮਾਗਮ ਵਿੱਚ ਨਾਭਾ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ, ਸਾਬਕਾ ਮੰਤਰੀ ਸੁਰਜੀਤ ਸਿੰਘ ਰੱਖੜਾ, ਸਾਬਕਾ ਮੰਤਰੀ ਸਾਧੂ ਸਿੰਘ ਧਰਮਸੋਤ, ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਮੱਖਣ ਸਿੰਘ ਲਾਲਕਾ, ਯੂਥ ਕਾਂਗਰਸ ਪੰਜਾਬ ਦੇ ਮੀਤ ਪ੍ਰਧਾਨ ਹਰਜਿੰਦਰ ਸਿੰਘ ਜਿੰਦਰੀ, ਕਾਂਗਰਸ ਦੇ ਸ਼ਹਿਰੀ ਪ੍ਰਧਾਨ ਵਿਵੇਕ ਸਿੰਗਲਾ, ਮਲਕੀਤ ਕੰਬਾਈਨ ਦੇ ਐੱਮ ਡੀ ਚਰਨ ਸਿੰਘ, ਹਰਦੇਵ ਕੰਬਾਈਨ ਨਾਭਾ ਦੇ ਐੱਮ ਡੀ ਪਾਖਰ ਸਿੰਘ ਸਹੌਲੀ, ਗੌਰਬ ਗਾਬਾ ਸੀ ਈ ਓ ਹੀਰਾ ਆਟੋ ਮੋਬਾਈਲ, ਚਰਨਜੀਤ ਬਤਿਸ, ਗੁਰਦੁਆਰਾ ਰੋਹਟਾ ਸਾਹਿਬ ਦੇ ਮੈਨੇਜਰ ਅਮਰੀਕ ਸਿੰਘ, ਮਹਾਰਾਣੀ ਪ੍ਰੀਤੀ ਸਿੰਘ, ਸਰਪੰਚ ਅਜੈਬ ਸਿੰਘ ਰੋਹਟੀ ਬਸਤਾ, ਪੰਚਾਇਤ ਮੈਂਬਰ ਇੰਦਰਜੀਤ ਸਿੰਘ, ਹਾਕਮ ਸਿੰਘ ਅਕਾਲੀ, ਸਰਦਾਰਾ ਸਿੰਘ, ਸਾਬਕਾ ਸਰਪੰਚ ਦਿਵਾਨ ਸਿੰਘ, ਜਗਦੇਵ ਸਿੰਘ ਜੱਗੀ, ਸਮਸ਼ੇਰ ਸਿੰਘ ਸ਼ੇਰੀ, ਹਰਬੰਸ ਸਿੰਘ ਰੋਹਟੀ ਮੌੜਾਂ ਆਦਿ ਹਾਜ਼ਰ ਸਨ।

# ਸੰਯੁਕਤ ਮੋਰਚੇ 'ਚ ਸ਼ਾਮਲ ਕਿਸਾਨ ਜਥੇਬੰਦੀਆਂ ਨੇ ਉਲੀਕੇ ਅਗਲੇ ਐਕਸ਼ਨ ਪ੍ਰੋਗਰਾਮ



**ਤਲਵੰਡੀ ਸਾਬੋ/ਬਠਿੰਡਾ (ਜਗਦੀਪ ਗਿੱਲ)**-ਸੰਯੁਕਤ ਕਿਸਾਨ ਮੋਰਚਾ ਜ਼ਿਲ੍ਹਾ ਬਠਿੰਡਾ ਵਿੱਚ ਸ਼ਾਮਲ ਕਿਸਾਨ ਜਥੇਬੰਦੀਆਂ ਦੀ ਮੀਟਿੰਗ ਟੀਚਰ ਹੋਮ ਬਠਿੰਡਾ ਵਿੱਚ ਦਰਸ਼ਨ ਸਿੰਘ ਫੁੱਲ ਮਿੱਠੀ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਸੰਯਕਤ ਕਿਸਾਨ ਮੋਰਚਾ ਪੰਜਾਬ ਵੱਲੋਂ ਕੀਤੇ ਗਏ ਫੈਸਲਿਆਂ ਬਾਰੇ ਵਿਚਾਰ ਕੀਤੇ ਗਏ।ਫੈਸਲਾ ਕੀਤਾ ਗਿਆ ਕਿ 16 ਜਨਵਰੀ ਨੂੰ ਜਲੰਧਰ ਵਿੱਚ ਕਨਵੈਨਸ਼ਨ ਕੀਤੀ ਜਾ ਰਹੀ ਹੈ, ਜਿਸ ਵਿੱਚ ਸਾਰੇ ਭਾਰਤ ਵਿੱਚੋਂ ਕਿਸਾਨ ਜਥੇਬੰਦੀਆਂ ਸ਼ਾਮਲ ਹੋਣਗੀਆਂ। ਇਸ ਤੋਂ ਇਲਾਵਾ 10 ਤੋਂ 20 ਜਨਵਰੀ ਤੱਕ ਸਾਰੇ ਜ਼ਿਲ੍ਹੇ ਵਿੱਚ ਚੇਤਨਾ ਮਾਰਚ ਕੀਤਾ ਜਾਵੇਗਾ।26 ਜਨਵਰੀ ਨੂੰ ਜ਼ਿਲ੍ਹਾ ਤੇ ਤਹਿਸੀਲ ਪੱਧਰ 'ਤੇ ਟਰੈਕਟਰ ਮਾਰਚ ਕੀਤਾ ਜਾਵੇਗਾ। ਇਸ ਮੀਟਿੰਗ ਵਿੱਚ ਬਲਕਰਨ ਸਿੰਘ ਬਰਾੜ ਸੂਬਾ ਪ੍ਰਧਾਨ ਕੁੱਲ ਹਿੰਦ ਕਿਸਾਨ ਸਭਾ, ਬਲਦੇਵ ਸਿੰਘ ਬੀ ਕੇ ਯੂ ਡਕੌਂਦਾ, ਸੁਖਮੰਦਰ ਸਿੰਘ ਧਾਲੀਵਾਲ ਜਮਹੂਰੀ ਕਿਸਾਨ ਸਭਾ, ਦਾਰਾ ਸਿੰਘ ਬੀ ਕੇ ਯੂ ਲੱਖੋਵਾਲ, ਜਗਜੀਤ ਸਿੰਘ ਬੀ ਕੇ ਯੂ ਮਾਲਵਾ, ਜਸਵੀਰ ਸਿੰਘ ਅਕਲੀਆ ਕੁੱਲ ਹਿੰਦ ਕਿਸਾਨ ਸਭਾ ਵੱਲੋਂ ਹਾਜ਼ਰ ਸਨ।

# 50 ਪ੍ਰਾਣੀ ਅੰਮ੍ਰਿਤਪਾਨ ਕਰਕੇ ਗੁਰੂ ਵਾਲੇ ਬਣੇ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਵਿਖੇ ਸ੍ਰੀ ਦਮਦਮਾ ਸਹਿਬ ਤੋਂ ਆਏ ਪੰਜ ਪਿਆਰਿਆਂ ਨੇ ਖੰਡੇ ਬਾਟੇ ਦਾ ਅੰਮ੍ਰਿਤ ਤਿਆਰ ਕਰਕੇ 50 ਪ੍ਰਾਣੀਆਂ ਨੂੰ ਛਕਾਇਆ ਹੈ। ਜਾਣਕਾਰੀ ਦਿੰਦਿਆਂ ਗੁਰੂ ਘਰ ਦੇ ਪ੍ਰਬੰਧਕਾਂ ਨੇ ਦੱਸਿਆ ਕਿ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਪ੍ਰਕਾਸ਼ ਦਿਹਾੜੇ ਦੇ ਸਬੰਧ 'ਚ 23 ਦਿਨ ਦੀਆਂ ਪ੍ਰਭਾਤ ਫੇਰੀਆਂ ਮਗਰੋਂ ਸਜਾਏ ਗਏ ਨਗਰ ਕੀਰਤਨ ਤੇ ਦੀਵਾਨਾਂ 'ਚ ਰਾਗੀ, ਢਾਡੀ ਤੇ ਪ੍ਰਚਾਰਕਾਂ ਵੱਲੋਂ ਸੰਗਤਾਂ ਨੂੰ ਅੰਮ੍ਰਿਤ ਪਾਨ ਲਈ ਪ੍ਰੇਰਤ ਕੀਤਾ ਗਿਆ। ਤਖਤ ਦਮਦਮਾ ਸਹਿਬ ਤੋਂ ਆਏ ਪੰਜ ਪਿਆਰਿਆਂ ਵੱਲੋਂ ਖੰਡੇ ਬਾਟੇ ਦਾ ਅੰਮ੍ਰਿਤ ਤਿਆਰ ਕੀਤਾ ਗਿਆ, ਜਿਸ ਨੂੰ ਛਕ ਕੇ 50 ਪ੍ਰਾਣੀ ਗੁਰੂ ਵਾਲੇ ਬਣੇ ਹਨ। ਪ੍ਰਧਾਨ ਕਰਮਜੀਤ ਸਿੰਘ ਕਾਲੇਕਾ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਚਾਰਕ ਭਾਈ ਬੇਅੰਤ ਸਿੰਘ ਨੇ ਕਿਹਾ ਕਿ ਦਸਮ ਪਾਤਸ਼ਾਹ ਧੰਨ ਧੰਨ ਗੁਰੂ ਗੋਬਿੰਦ ਸਿੰਘ ਜੀ ਨੇ 1699 ਨੂੰ ਅੰਮ੍ਰਿਤ ਦੀ ਦਾਤ ਦੇ ਕੇ ਖਾਲਸਾ ਪੰਥ ਦੀ ਸਿਰਜਣਾ ਕੀਤੀ ਸੀ ਤੇ ਸਭ ਨੂੰ ਅੰਮ੍ਰਿਤਪਾਨ ਕਰਕੇ ਗੁਰੂ ਵਾਲੇ ਬਣਨ ਦੇ ਆਦੇਸ਼ ਕੀਤੇ ਸਨ।

ਇਸ ਮੌਕੇ ਗਰਪਿੰਦਰ ਸਿੰਘ ਕਾਲੇਕਾ, ਗਬਿੰਦ ਸਿੰਘ ਵਿਰਦੀ, ਲਾਭ ਸਿੰਘ, ਹਰਜਿੰਦਰ ਸਿੰਘ, ਮੈਨੇਜਰ ਕੁਲਵੀਰ ਸਿੰਘ, ਜਸਵਿੰਦਰ ਸਿੰਘ ਬੰਟੀ, ਬਲਵਿੰਦਰ ਸਿੰਘ ਭੁੱਲਰ, ਭੁਪਿੰਦਰ ਸਿੰਘ ਭਿੰਦਾ ਆਦਿ ਨੇ ਪੰਜ ਪਿਆਰਿਆਂ ਤੇ ਅੰਮ੍ਰਿਤਪਾਨ ਕਰਨ ਵਾਲੇ ਸਿੰਘਾਂ ਨੂੰ ਸਿਰਪਾਓ ਭੇਟ ਕੀਤੇ।

# 'ਖ਼ਰੀਆਂ ਕਮਾ ਲੈ ਜਾਂ ਕਮਾ ਲੈ ਖੋਟੀਆਂ, ਖਾਣੀਆਂ ਤਾਂ ਬੰਦਿਆਂ ਤੂੰ ਦੋ ਰੋਟੀਆਂ'

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਮਾਛੀਵਾੜਾ ਦੇ



ਜੰਮਪਲ ਤੇ ਪ੍ਰਸਿੱਧ ਗੀਤਕਾਰ ਸੰਜੀਵ ਆਨੰਦ ਵੱਲੋਂ ਲਿਖਿਆ ਗੀਤ 'ਖ਼ਰੀਆਂ ਕਮਾ ਲੈ ਜਾਂ ਕਮਾ ਲੈ ਖੋਟੀਆਂ, ਖਾਣੀਆਂ ਤਾਂ ਬੰਦਿਆਂ ਤੂੰ ਦੋ ਰੋਟੀਆਂ' ਨੂੰ ਬਾਬਾ ਗੁਲਾਬ ਸਿੰਘ (ਚਮਕੌਰ ਸਾਹਿਬ ਵਾਲੇ) ਵੱਲੋਂ ਆਪਣੀ ਸੁਰੀਲੀ ਅਵਾਜ਼ ਰਾਹੀਂ ਪੇਸ਼ ਕੀਤਾ ਗਿਆ, ਜਿਸ ਤੋਂ ਸਰੋਤੇ ਬੇਹੱਦ ਪ੍ਰਭਾਵਿਤ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਗੀਤਕਾਰ ਸੰਜੀਵ ਆਨੰਦ ਨੇ ਦੱਸਿਆ ਕਿ ਇਹ ਗੀਤ ਆਨੰਦ ਰਿਕਾਰਡ ਵੱਲੋਂ ਪੇਸ਼ ਕੀਤਾ ਗਿਆ ਹੈ, ਜੋ ਸਮਾਜ ਨੂੰ ਇੱਕ ਵਧੀਆ ਸੇਧ ਦਿੰਦਾ ਹੈ। ਉਨ੍ਹਾ ਦੱਸਿਆ ਕਿ ਹੱਕ ਸੱਚ ਦੀ ਕਮਾਈ 'ਤੇ ਖ਼ਰਾ ਉਤਰਨ ਵਾਲੇ ਗੀਤ ਨੂੰ ਬਾਬਾ ਗੁਲਾਬ ਸਿੰਘ ਨੇ ਬੜੀ ਮਿੱਠੀ 'ਤੇ ਸੁਰੀਲੀ ਅਵਾਜ਼ ਵਿੱਚ ਗਾਇਆ ਹੈ, ਜਿਸ ਨੂੰ ਸੰਗੀਤ ਪ੍ਰੇਮੀਆਂ ਵੱਲੋਂ ਬੇਹੱਦ ਪਸੰਦ ਕੀਤਾ ਜਾ ਰਿਹਾ ਹੈ। ਇਸ ਗੀਤ ਨੂੰ ਸੰਗੀਤ ਜਨਾਬ ਅਮਦਾਦ ਅਲੀ ਨੇ ਦਿੱਤਾ ਹੈ, ਜਦਕਿ ਵੀਡੀਓਗ੍ਰਾਫ਼ੀ ਜੱਸ ਬੈਸੀ ਨੇ ਕੀਤੀ ਹੈ। ਇਸ ਗੀਤ ਦੇ ਪ੍ਰੋਡਿਊਸਰ ਹਰਸ਼ਿਤ ਆਨੰਦ ਹਨ। ਇਹ ਗੀਤ ਦੀ ਲੋਕਪ੍ਰਿਯਤਾ ਤੋਂ ਇਸ ਗੱਲ ਦਾ ਅੰਦਾਜ਼ਾ ਲਗਾਇਆ ਜਾ ਸਕਦਾ ਹੈ ਕਿ ਪ੍ਰਸਿੱਧ ਗਾਇਕ ਗੁਰਦਾਸ ਮਾਨ, ਜਸਵੀਰ ਜਸੀ, ਅਸ਼ੋਕ ਮਸਤੀ ਨੇ ਵੀ ਇਸ ਗੀਤ ਦੀ ਤਾਰੀਫ਼ ਕੀਤੀ ਹੈ।

# ਮਸਤੂਆਣਾ ਸਾਹਿਬ ਜੋੜ ਮੇਲਾ ਗੁਰਮਰਿਆਦਾ ਅਨੁਸਾਰ ਮਨਾਇਆ ਜਾਵੇਗਾ : ਪ੍ਰਬੰਧਕ



**ਸੰਗਰੂਰ (ਪ੍ਰਵੀਨ ਸਿੰਘ)**-ਸੰਤ ਅਤਰ ਸਿੰਘ ਜੀ ਮਸਤੂਆਣਾ ਸਾਹਿਬ ਦੀ ਯਾਦ ਵਿੱਚ ਇਸ ਮਹੀਨੇ ਦੇ ਅਖੀਰ ਵਿੱਚ ਹੋਣ ਜਾ ਰਹੇ ਜੋੜ ਮੇਲੇ ਸਬੰਧੀ ਸੰਗਤ ਤੇ ਪ੍ਰਬੰਧਕਾਂ ਨੇ ਸਾਂਝੀ ਪੱਤਰਕਾਰ ਮਿਲਣੀ ਦੌਰਾਨ ਜੋੜ ਮੇਲੇ ਦੇ ਮਹੌਲ ਵਿੱਚ ਹੋਣ ਜਾ ਰਹੀਆਂ ਤਬਦੀਲੀਆਂ ਬਾਬਤ ਵਿਸਥਾਰ ਵਿੱਚ ਜਾਣਕਾਰੀ ਸਾਂਝੀ ਕੀਤੀ। 30, 31 ਜਨਵਰੀ ਤੇ 1 ਫਰਵਰੀ ਨੂੰ ਹਰ ਸਾਲ ਮਸਤੂਆਣਾ ਸਾਹਿਬ ਵਿਖੇ ਜੋੜ ਮੇਲਾ ਹੁੰਦਾ ਹੈ, ਜਿੱਥੇ ਵੱਡੀ ਗਿਣਤੀ ਵਿੱਚ ਦੂਰੋਂ ਨੇੜਿਉਂ ਸੰਗਤ ਹਾਜ਼ਰੀ ਭਰਦੀ ਹੈ।ਪਿਛਲੇ ਸਮੇਂ ਵਿੱਚ ਇਹ ਮਹਿਸੂਸ ਕੀਤਾ ਗਿਆ ਕਿ ਸਿੱਖਾਂ ਦੇ ਜੋੜ ਮੇਲਿਆਂ ਦਾ ਮਹੌਲ ਆਮ ਮੇਲਿਆਂ ਵਰਗਾ ਬਣਦਾ ਜਾ ਰਿਹਾ ਹੈ, ਜਿਸ ਕਰਕੇ ਗੁਰਮਰਿਯਾਦਾ ਵਿੱਚ ਵਿਘਨ ਪੈ ਰਿਹਾ ਹੈ।ਬੀਤੇ ਸਾਲ ਹੋਲੇ ਮਹੱਲੇ ਦੌਰਾਨ ਸ੍ਰੀ ਅਨੰਦਪੁਰ ਸਾਹਿਬ ਵਿਖੇ ਇਕ ਨਿਹੰਗ ਸਿੰਘ ਵੱਲੋਂ ਟ੍ਰੈਕਟਰਾਂ 'ਤੇ ਚੱਲ ਰਹੇ ਡੈੱਕ ਬੰਦ ਕਰਾਉਂਦਿਆਂ ਹੋਏ ਤਕਰਾਰ ਸਮੇਂ ਉਸ ਸਿੰਘ ਦੀ ਜਾਨ ਚਲੀ ਗਈ ਸੀ ਜੋ ਕਿ ਬਹੁਤ ਹੀ ਮੰਦਭਾਗੀ ਘਟਨਾ ਸੀ।ਇਸ ਘਟਨਾ ਤੋਂ ਬਾਅਦ ਜੋੜ ਮੇਲਿਆਂ ਦੇ ਮਹੌਲ ਵਿੱਚ ਲੋੜੀਂਦੀ ਤਬਦੀਲੀ ਲਈ ਮਸਤੂਆਣਾ ਸਾਹਿਬ ਵਿਖੇ ਇਲਾਕੇ ਦੀ ਸੰਗਤ ਤੇ ਪ੍ਰਬੰਧਕਾਂ ਦੇ ਸਾਂਝੇ ਉੱਦਮ ਸਦਕਾ ਪਹਿਲਕਦਮੀ ਕੀਤੀ ਗਈ ਹੈ।ਇਸ ਮਹੀਨੇ ਹੋਣ ਜਾ ਰਹੇ ਜੋੜ ਮੇਲੇ ਦੌਰਾਨ ਗੁਰਦੁਆਰਾ ਸਾਹਿਬਾਨ ਦੀ ਹਦੂਦ ਅੰਦਰ ਕੁਝ ਵੀ ਅਜਿਹਾ ਨਹੀਂ ਹੋਵੇਗਾ, ਜੋ ਆਈ ਸੰਗਤ ਦੀ ਇਕਾਗਰਤਾ ਵਿੱਚ ਵਿਘਨ ਪਾਵੇ।

ਇਸ ਪੱਤਰਕਾਰ ਮਿਲਣੀ ਦੌਰਾਨ ਭਾਈ ਸਤਪਾਲ ਸਿੰਘ ਤੁੰਗਾਂ, ਭਾਈ ਗੁਰਜੀਤ ਸਿੰਘ ਦੁੱਗਾਂ, ਭਾਈ ਬਲਵਿੰਦਰ ਸਿੰਘ, ਭਾਈ ਗੁਰਮੀਤ ਸਿੰਘ ਸ਼ੇਰੋ, ਭਾਈ ਅਮਨਪ੍ਰੀਤ ਸਿੰਘ ਉੱਭਾਵਾਲ, ਭਾਈ ਮਲਕੀਤ ਸਿੰਘ ਭਵਾਨੀਗੜ੍ਹ, ਜਸਵੰਤ ਸਿੰਘ ਖਹਿਰਾ ਸਕੱਤਰ ਅਕਾਲ ਕੌਂਸਲ, ਭਾਈ ਹਰਬੇਅੰਤ ਸਿੰਘ ਗੁਰਦੁਆਰਾ ਮਾਤਾ ਭੋਲੀ ਜੀ, ਭਾਈ ਭੁਪਿੰਦਰ ਸਿੰਘ ਗਰੇਵਾਲ, ਭਾਈ ਸਤਨਾਮ ਸਿੰਘ ਦਮਦਮੀ, ਭਾਈ ਹਰਪ੍ਰੀਤ ਸਿੰਘ ਲੌਂਗੋਵਾਲ, ਭਾਈ ਪਰਵਿੰਦਰ ਸਿੰਘ ਲੌਂਗੋਵਾਲ, ਭਾਈ ਰਣਜੀਤ ਸਿੰਘ ਕਲੌਂਦੀ, ਭਾਈ ਪ੍ਰਗਟ ਸਿੰਘ ਬਡਰੁੱਖਾਂ, ਭਾਈ ਨਵਦੀਪ ਸਿੰਘ ਬਡਬਰ, ਭਾਈ ਹਨੂੰਮਾਨ ਸਿੰਘ ਸੰਗਰੂਰ, ਭਾਈ ਮੱਖਣ ਸਿੰਘ ਰਾਜੋਮਾਜਰਾ, ਨਪਿੰਦਰ ਸਿੰਘ ਬੇਨੜਾ, ਭਾਈ ਜਗਤਾਰ ਸਿੰਘ ਧੂਰੀ ਆਦਿ ਹਾਜ਼ਰ ਸਨ।

# ਭਾਗੂ ਦੇ ਵਿਕਾਸ ਕਾਰਜਾਂ ਲਈ 2.76 ਕਰੋੜ ਦੀ ਗ੍ਰਾਂਟ ਜਾਰੀ : ਵਿਧਾਇਕ ਗੋਲਡੀ ਮੁਸਾਫ਼ਿਰ

## *ਹਲਕੇ ਦੇ ਪਿੰਡਾਂ ਦੇ ਵਿਕਾਸ ਕਾਰਜਾਂ 'ਚ ਕੋਈ ਕਸਰ ਨਹੀਂ ਛੱਡੀ ਜਾਵੇਗੀ*

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਵਿਧਾਇਕ ਬੱਲੂਆਣਾ ਸ੍ਰੀ ਅਮਨਦੀਪ ਸਿੰਘ ਗੋਲਡੀ ਮੁਸਾਫ਼ਿਰ ਨੇ ਪਿੰਡ ਭਾਗੂ ਦੇ ਵਿਕਾਸ ਕਾਰਜਾਂ ਲਈ 2.76 ਕਰੋੜ ਦੀ ਗ੍ਰਾਂਟ ਜਾਰੀ ਕੀਤੀ।ਇਸ ਮੌਕੇ ਉਨ੍ਹਾ ਪਿੰਡ ਦੀ ਪੰਚਾਇਤ ਨੂੰ ਹਦਾਇਤ ਕੀਤੀ ਕਿ ਇਹ ਰਾਸ਼ੀ ਪੰਚਾਇਤ ਵੱਲੋਂ ਪਿੰਡਾਂ ਦੀਆਂ ਗਲੀਆਂ-ਨਾਲੀਆਂ, ਸੀਵਰੇਜ, ਸਾਫ ਸਫਾਈ ਤੇ ਹੋਰ ਜ਼ਰੂਰੀ ਸੁਵਿਧਾਵਾਂ 'ਤੇ ਖ਼ਰਚ ਕੀਤੀ ਜਾਵੇ ਤਾਂ ਜੋ ਸਾਡੇ ਸਰਹੱਦੀ ਜ਼ਿਲ੍ਹੇ ਦਾ ਕੋਈ ਵੀ ਪਿੰਡ ਕਿਸੇ ਸਹੂਲਤ ਤੋਂ ਵਾਂਝਾ ਨਾ ਰਹੇ।ਉਨ੍ਹਾ ਕਿਹਾ ਕਿ ਹਲਕੇ ਦਾ ਕੋਈ ਵੀ ਪਿੰਡ ਵਿਕਾਸ ਦੇ ਕੰਮਾਂ ਤੋਂ ਵਾਂਝਾ ਨਹੀਂ ਰਹੇਗਾ ਤੇ ਹਲਕੇ ਦੇ ਵਿਕਾਸ ਵਿੱਚ ਪੈਸਿਆਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।ਉਨ੍ਹਾ ਕਿਹਾ ਕਿ ਮੇਰਾ ਲਕਸ਼ ਸਾਰੇ ਪਿੰਡਾਂ ਵਿੱਚ ਪੱਕੀਆਂ ਸੜਕਾਂ, ਪੀਣ ਵਾਲਾ ਪਾਣੀ, ਸੀਵਰੇਜ ਤੇ ਪੱਕੀਆਂ ਨਾਲੀਆਂ ਆਦਿ ਦੇ ਪ੍ਰਬੰਧ ਕਰਨਾ ਹੈ।ਉਨ੍ਹਾਂ ਕਿਹਾ ਕਿ ਬੱਲੂਆਣਾ ਹਲਕੇ ਵਿੱਚ ਲਗਾਤਾਰ ਵਿਕਾਸ ਦੇ ਫ਼ੰਡ ਆ ਰਹੇ ਹਨ, ਜਿਸ ਨਾਲ ਪੇਂਡੂ ਇਲਾਕਿਆਂ ਵਿੱਚ ਵੀ ਸ਼ਹਿਰਾਂ ਵਰਗੀਆਂ ਸਹੂਲਤਾਂ ਆ ਰਹੀਆਂ ਹਨ।ਪੰਚਾਇਤਾਂ ਨੇ ਕਿਹਾ ਕਿ ਇਸ ਗ੍ਰਾਂਟ ਨਾਲ ਪਿੰਡਾਂ ਦੇ ਚੌਂਹਤਰਫਾ ਵਿਕਾਸ ਵਿੱਚ ਮਦਦ ਮਿਲੇਗੀ ਤੇ ਕਈ ਤਰ੍ਹਾਂ ਦੇ ਕੰਮ ਕਰਵਾਏ ਜਾਣਗੇ।ਇਸ ਤੋਂ ਬਾਅਦ ਉਨ੍ਹਾਂ ਸਮੂਹ ਹਾਜ਼ਰ ਪੰਚਾਇਤਾਂ ਨੂੰ ਹਦਾਇਤ ਕੀਤੀ ਕਿ ਉਹ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਹਲਕੇ ਦਾ ਵਿਕਾਸ ਕਰਨ।

# ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਨੇ ਕਾਲਜ ਇਮਤਿਹਾਨ ਦੇ ਨਤੀਜੇ ਐਲਾਨੇ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਫਿਰੋਜ਼ਪੁਰ-ਮੋਗਾ ਜ਼ੋਨ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਕਾਲਜ ਪੱਧਰ ਦੇ ਨੈਤਿਕ ਸਿੱਖਿਆ ਇਮਤਿਹਾਨ ਦਾ ਨਤੀਜਾ ਇੰਦਰਪਾਲ ਸਿੰਘ ਜ਼ੋਨਲ ਪ੍ਰਧਾਨ ਗੁਰਭੇਜ ਸਿੰਘ ਜ਼ੋਨਲ ਸਕੱਤਰ ਦੀ ਅਗਵਾਈ ਵਿੱਚ ਐਲਾਨ ਦਿੱਤਾ ਗਿਆ ਹੈ, ਜਿਸ ਵਿੱਚ ਜਸ਼ਨਪ੍ਰੀਤ ਕੌਰ ਸੰਤ ਦਰਬਾਰਾ ਸਿੰਘ ਕਾਲਜ ਫਾਰ ਵੂਮੈਨ ਲੋਪੋ ਨੇ ਪਹਿਲਾ ਸਥਾਨ, ਜਸਮੀਤ ਕੌਰ ਪੰਜਾਬ ਯੂਨੀਵਰਸਿਟੀ ਕਾਂਸਟੀਚਿਊਟ ਕਾਲਜ ਕੜਿਆਲ ਦੂਜਾ ਸਥਾਨ, ਗੁਰਪ੍ਰੀਤ ਕੌਰ ਗੁਰੂ ਨਾਨਕ ਕਾਲਜ ਮੋਗਾ ਤੀਜਾ ਸਥਾਨ, ਮਨਦੀਪ ਕੌਰ ਸੰਤ ਦਰਬਾਰਾ ਸਿੰਘ ਕਾਲਜ ਫਾਰ ਵੋਮੈਨ ਲੋਪੋ ਚੌਥਾ ਸਥਾਨ ਹਾਸਲ ਕੀਤਾ।ਇਸ ਤੋਂ ਇਲਾਵਾ ਮਨਦੀਪ ਕੌਰ ਮਾਤਾ ਸਾਹਿਬ ਕੌਰ ਕਾਲਜ ਤਲਵੰਡੀ ਭਾਈ, ਹਰਜੀਤ ਸਿੰਘ ਸਰਕਾਰੀ ਕਾਲਜ ਜ਼ੀਰਾ, ਰਮਨਦੀਪ ਕੌਰ ਜੀਜੀਐੱਸ ਡੀਏਵੀ ਕਾਲਜ ਜਲਾਲਾਬਾਦ, ਅਰਸ਼ਦੀਪ ਕੌਰ ਸਰਕਾਰੀ ਮਾਡਲ ਡਿਗਰੀ ਕਾਲਜ ਫਤਿਹਗੜ੍ਹ ਕੋਰੋਟਾਣਾ, ਇਨ੍ਹਾਂ ਵਿਦਿਆਰਥੀਆਂ ਨੇ ਸਾਂਝੇ ਰੂਪ ਵਿੱਚ ਪੰਜਵਾਂ ਸਥਾਨ ਹਾਸਲ ਕੀਤਾ ਫਿਰੋਜ਼ਪੁਰ-ਮੋਗਾ ਜ਼ੋਨ ਦੇ ਜ਼ੋਨਲ ਸਕੱਤਰ ਗੁਰਭੇਜ ਸਿੰਘ ਨੇ ਗੱਲਬਾਤ ਦੌਰਾਨ ਦੱਸਿਆ ਕਿ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ 1972 ਤੋਂ ਲੈ ਕੇ ਲਗਾਤਾਰ ਯਤਨ ਕਰ ਰਿਹਾ ਹੈ ਕੇ ਨੌਜਵਾਨਾਂ ਤੇ ਵਿਦਿਆਰਥੀਆਂ ਨੂੰ ਪੰਜਾਬ ਦੇ ਅਮੀਰ ਵਿਰਸੇ ਅਤੇ ਗੁਰਬਾਣੀ ਦੀ ਸਰਬ ਸਾਂਝੀ ਵਿਚਾਰਧਾਰਾ ਤੋਂ ਜਾਣੂ ਕਰਵਾ ਕਿ ਸਮਾਜ ਅੰਦਰ ਭਾਈਚਾਰਕ ਸਾਂਝ ਪੈਦਾ ਕੀਤੀ ਜਾ ਸਕੇ।ਉਨ੍ਹਾਂ ਦੱਸਿਆ ਕਿ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਨੈਤਿਕ ਸਿੱਖਿਆ ਇਮਤਿਹਾਨ ਤੋਂ ਇਲਾਵਾ ਸਕੂਲਾਂ ਕਾਲਜਾਂ ਵਿੱਚ ਸੈਮੀਨਾਰ, ਯੁਵਕ ਮੇਲੇ, ਵਿਦਿਆਰਥੀ ਸ਼ਖਸੀਅਤ ਉਸਾਰੀ ਕੈਂਪਾਂ ਰਾਹੀਂ ਸਮੇਂ ਸਮੇਂ ਵਿਦਿਆਰਥੀਆਂ ਨਾਲ ਆਪਣੇ ਅਮੀਰ ਵਿਰਸੇ ਦੀ ਸਾਂਝ ਪਾਉਂਦਾ ਰਹਿੰਦਾ ਹੈ।ਉਨ੍ਹਾਂ ਦੱਸਿਆ ਕਿ ਨੈਤਿਕ ਸਿੱਖਿਆ ਇਮਤਿਹਾਨ ਹਰ ਸਾਲ ਸਕੂਲਾਂ ਤੇ ਕਾਲਜਾਂ ਵਿੱਚ ਲਿਆ ਜਾਂਦਾ ਹੈ, ਜਿਸ ਨਾਲ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਇਕ ਵਧੀਆ ਇਨਸਾਨ ਬਣਨ ਦੇ ਨਿਯਮ ਸਿਖਾਏ ਜਾਂਦੇ ਹਨ।

ਪ੍ਰਾਇਮਰੀ ਤੱਕ ਵਿਦਿਆਰਥੀਆਂ ਨੇ ਬਾਲ ਵਿਰਸਾ ਕਿਤਾਬ, ਅੱਠਵੀਂ ਤੱਕ ਗੁਣਤਾਸ ਤੇ 12ਵੀਂ ਤੱਕ ਮਾਰਗਿ ਮੋਤੀ ਕਿਤਾਬ ਪੜ੍ਹੀ।ਇਹ ਕਿਤਾਬਾਂ ਵਧੀਆ ਜ਼ਿੰਦਗੀ ਜਿਉਣ ਦੇ ਬਿਹਤਰੀਨ ਤਰੀਕੇ ਦੱਸਦੀਆਂ ਹਨ।ਉਨ੍ਹਾਂ ਦੱਸਿਆ ਕਿ ਪੇਪਰ ਦੇਣ ਵਾਲੇ ਵਿਦਿਆਰਥੀਆਂ ਨੂੰ ਸਰਟੀਫੇਕਟ ਤੇ ਪਹਿਲੇ ਸਥਾਨ 'ਤੇ ਰਹਿਣ ਵਾਲਿਆਂ ਨੂੰ ਨਕਦ ਰਾਸ਼ੀ ਤੇ ਸਨਮਾਨ ਚਿੰਨ੍ਹ ਤੇ ਸਰਟੀਫਿਕੇਟ ਦਿੱਤੇ ਜਾਣਗੇ।

# ਕੋਈ ਵੀ ਮੁਹਿੰਮ ਲੋਕਾਂ ਦੇ ਸਹਿਯੋਗ ਨਾਲ ਹੀ ਸਫ਼ਲ ਹੁੰਦੀ ਹੈ : ਡੀ ਜੀ ਪੀ



**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਸਰਕਾਰ ਵੱਲੋਂ ਲੋਕ ਭਲਾਈ ਹਿੱਤ ਸ਼ੁਰੂ ਕੀਤੀ ਗਈ ਕੋਈ ਵੀ ਮੁਹਿੰਮ ਉਦੋਂ ਹੀ ਸਫ਼ਲ ਹੁੰਦੀ ਹੈ, ਜਦੋਂ ਉਸ ਵਿੱਚ ਆਮ ਲੋਕ ਵੱਧ ਚੜ੍ਹ ਕੇ ਸਹਿਯੋਗ ਦੇਣ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਡੀ.ਜੀ.ਪੀ. ਸ੍ਰੀ ਅਰਪਿਤ ਸ਼ੁਕਲਾ ਨੇ ਫਤਹਿਗੜ੍ਹ ਸਾਹਿਬ ਜ਼ਿਲ੍ਹੇ ਵਿੱਚ ਨਸ਼ਿਆਂ ਖਿਲਾਫ਼ ਕੀਤੀ ਜਾ ਰਹੀ ਸਰਚ ਮੁਹਿੰਮ ਦੀ ਅਗਵਾਈ ਕਰਦਿਆਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹਾ ਦੱਸਿਆ ਕਿ ਪੰਜਾਬ ਵਿੱਚ ਨਸ਼ਿਆਂ ਦੇ ਕੋਹੜ ਨੂੰ ਖ਼ਤਮ ਕਰਨ ਲਈ 25 ਪੁਲਸ ਜ਼ਿਲ੍ਹਿਆਂ ਵਿੱਚ ਵਿਸ਼ੇਸ਼ ਮੁਹਿੰਮ ਚਲਾਈ ਗਈ ਹੈ, ਜਿਸ ਵਿੱਚ ਚੰਡੀਗੜ੍ਹ ਮੁੱਖ ਦਫ਼ਤਰ ਤੋਂ ਸੀਨੀਅਰ ਅਧਿਕਾਰੀਆਂ ਦੀ ਡਿਊਟੀ ਲਗਾਈ ਗਈ ਹੈ, ਜੋ ਜ਼ਿਲ੍ਹਿਆਂ ਵਿੱਚ ਜਾ ਕੇ ਸਰਚ ਮੁਹਿੰਮ ਦੀ ਦੇਖ-ਰੇਖ ਕਰ ਰਹੇ ਹਨ।ਉਨ੍ਹਾਂ ਦੱਸਿਆ ਕਿ ਫਤਹਿਗੜ੍ਹ ਸਾਹਿਬ ਜ਼ਿਲ੍ਹੇ ਵਿੱਚ ਹੁਣ ਤੱਕ ਵੱਖ ਵੱਖ ਪਿੰਡਾਂ ਵਿੱਚ ਕੀਤੀ ਗਈ ਸਰਚ ਮੁਹਿੰਮ ਦੌਰਾਨ ਨਸ਼ੇ ਦੇ ਵਪਾਰੀਆਂ ਦੌਰਾਨ 13 ਪਰਚੇ ਦਰਜ ਕੀਤੇ ਗਏ ਹਨ, ਜਿਸ ਵਿੱਚ ਐਕਸਾਈਜ਼ ਤੇ ਐੱਨ.ਡੀ.ਪੀ.ਐੱਸ. ਐਕਟ ਅਧੀਨ ਦਰਜ ਕੀਤੇ ਗਏ ਹਨ।ਸ੍ਰੀ ਸ਼ੁਕਲਾ ਨੇ ਦੱਸਿਆ ਕਿ ਬਹੁਤ ਖੁਸ਼ੀ ਦੀ ਗੱਲ ਹੈ ਕਿ ਇਸ ਮੁਹਿੰਮ ਵਿੱਚ ਪਿੰਡਾਂ ਦੇ ਲੋਕ ਵੱਧ ਚੜ੍ਹ ਕੇ ਸਹਿਯੋਗ ਕਰ ਰਹੇ ਹਨ।ਜੇਕਰ ਲੋਕ ਇਸ ਤਰ੍ਹਾਂ ਹੀ ਸਹਿਯੋਗ ਕਰਦੇ ਰਹੇ ਤਾਂ ਜਲਦੀ ਹੀ ਪੰਜਾਬ ਨੂੰ ਨਸ਼ਿਆਂ ਦੇ ਕੋਹੜ ਤੋਂ ਮੁਕਤ ਕਰ ਦਿੱਤਾ ਜਾਵੇਗਾ। ਇਸ ਮੌਕੇ ਜ਼ਿਲ੍ਹਾ ਪੁਲਸ ਮੁਖੀ ਡਾ. ਰਵਜੋਤ ਗਰੇਵਾਲ ਤੋਂ ਇਲਾਵਾ ਹੋਰ ਸੀਨੀਅਰ ਪੁਲਸ ਅਧਿਕਾਰੀਆਂ ਸਮੇਤ ਵੱਡੀ ਗਿਣਤੀ ਵਿੱਚ ਪੁਲਸ ਫੋਰਸ ਵੱਲੋਂ ਜ਼ਿਲ੍ਹੇ ਦੇ ਵੱਖ ਵੱਖ ਪਿੰਡਾਂ ਵਿੱਚ ਨਸ਼ੇ ਦੇ ਖਾਤਮੇ ਲਈ ਸਰਚ ਆਪ੍ਰੇਸ਼ਨ ਕੀਤਾ ਗਿਆ।

# ਸਿਹਤ ਵਿਭਾਗ ਦੀ ਟੀਮ ਨੇ ਖਾਣ-ਪੀਣ ਵਾਲੀਆਂ ਵਸਤੂਆਂ ਦੇ ਲਏ ਸੈਂਪਲ



**ਮਲੋਟ (ਗੁਰਮੀਤ ਸਿੰਘ ਮੱਕੜ)**-ਪੰਜਾਬ ਸਰਕਾਰ ਲੋਕਾਂ ਨੂੰ ਤੰਦਰੁਸਤ ਰੱਖਣ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ, ਜਿਸ ਤਹਿਤ ਸ੍ਰੀ ਅਭਿਨਵ ਤ੍ਰਿਖਾ ਕਮਿਸ਼ਨਰ ਫੂਡ ਸੇਫਟੀ ਪੰਜਾਬ ਦੀਆਂ ਹਦਾਇਤਾਂ 'ਤੇ ਸਿਹਤ ਵਿਭਾਗ ਸ੍ਰੀ ਮੁਕਤਸਰ ਸਾਹਿਬ ਵੱਲੋਂ ਡਾ. ਨਵਜੋਤ ਕੌਰ ਸਿਵਲ ਸਰਜਨ ਸ੍ਰੀ ਮੁਕਤਸਰ ਸਾਹਿਬ ਦੀ ਯੋਗ ਅਗਵਾਈ ਵਿੱਚ ਡਾ. ਦੁਪਿੰਦਰ ਕੁਮਾਰ ਜ਼ਿਲ੍ਹਾ ਸਿਹਤ ਅਫਸਰ ਸ੍ਰੀ ਮੁਕਤਸਰ ਸਾਹਿਬ ਤੇ ਦਫਤਰ ਸਿਵਲ ਸਰਜਨ ਦੀ ਫੂਡ ਸੇਫਟੀ ਟੀਮ ਵੱਲੋਂ ਮਲੋਟ ਦੀਆਂ ਵੱਖ ਵੱਖ ਦੁਕਾਨਾਂ ਦੀ ਜਾਂਚ ਕੀਤੀ ਗਈ ਅਤੇ ਖਾਣ ਪੀਣ ਵਾਲੀਆਂ ਸ਼ੱਕੀ ਵਸਤੂਆਂ ਦੇ 7 ਸੈਂਪਲ ਇਕੱਤਰ ਕੀਤੇ ਗਏ ਅਤੇ ਜਾਂਚ ਲਈ ਭੇਜੇ ਗਏ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਾ. ਨਵਜੋਤ ਕੌਰ ਨੇ ਕਿਹਾ ਕਿ ਜ਼ਿਲ੍ਹੇ ਦੇ ਲੋਕਾਂ ਨੂੰ ਸਾਫ ਸੁਥਰੀਆਂ ਤੇ ਸ਼ੁੱਧ ਖਾਣ-ਪੀਣ ਵਾਲੀਆਂ ਵਸਤੂਆਂ ਉਪਲੱਬਧ ਕਰਵਾਉਣ ਲਈ ਯੋਗ ਉਪਰਾਲੇ ਕੀਤੇ ਜਾ ਰਹੇ ਹਨ ਤੇ ਖਾਣ-ਪੀਣ ਵਾਲੀਆਂ ਵਸਤੂਆਂ ਵੇਚਣ ਵਾਲੀਆਂ ਦੁਕਾਨਾਂ ਦੀ ਫੂਡ ਸੇਫਟੀ ਟੀਮ ਵੱਲੋਂ ਲਗਾਤਾਰ ਜਾਂਚ ਕੀਤੀ ਜਾ ਰਹੀ ਹੈ ਤੇ ਸ਼ੱਕੀ ਵਸਤੂਆਂ ਦੇ ਸੈਂਪਲ ਲੈ ਕੇ ਜਾਂਚ ਲਈ ਭੇਜੇ ਜਾ ਰਹੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਾ. ਦੁਪਿੰਦਰ ਕੁਮਾਰ ਜ਼ਿਲ੍ਹਾ ਸਿਹਤ ਅਫਸਰ ਨੇ ਦੱਸਿਆ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਮਲੋਟ ਸ਼ਹਿਰ ਵਿਖੇ ਦੁਕਾਨਾਂ ਦੀ ਜਾਂਚ ਕੀਤੀ ਗਈ ਤੇ ਸ਼ੱਕੀ ਵਸਤੂਆਂ ਦੇ ਸੈਂਪਲ ਲੈ ਕੇ ਜਾਂਚ ਲਈ ਭੇਜੇ ਗਏ ਹਨ। ਉਨ੍ਹਾਂ ਕਿਹਾ ਕਿ ਖਾਣ-ਪੀਣ ਵਾਲੀਆਂ ਵਸਤੂਆਂ ਦੇ ਸੈਂਪਲ ਲੈਣ ਦੀ ਮੁਹਿੰਮ ਲਗਾਤਾਰ ਜਾਰੀ ਰਹੇਗੀ ਅਤੇ ਮਿਲਾਵਟਖੋਰਾਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਵੱਲੋਂ ਸਮੇਂ-ਸਮੇਂ 'ਤੇ ਖਾਣ ਪੀਣ ਵਾਲੀਆਂ ਵਸਤੂਆਂ ਦੀ ਜਾਂਚ ਕੀਤੀ ਜਾ ਰਹੀ ਹੈ ਤੇ ਜਿੱਥੇ ਕਿਤੇ ਵੀ ਕੋਈ ਮਿਲਾਵਟ ਦਾ ਸ਼ੱਕ ਹੁੰਦਾ ਹੈ ਤਾਂ ਉਨ੍ਹਾਂ ਵਸਤੂਆਂ ਦੇ ਸੈਂਪਲ ਲੈ ਕੇ ਜਾਂਚ ਲਈ ਭੇਜੇ ਜਾਂਦੇ ਹਨ ਅਤੇ ਜੇਕਰ ਜਾਂਚ ਦੌਰਾਨ ਕੋਈ ਮਿਲਾਵਟ ਸਾਹਮਣੇ ਆਉਂਦੀ ਹੈ ਤਾਂ ਕਾਨੂੰਨ ਅਨੁਸਾਰ ਲੋੜੀਂਦੀ ਕਾਨੂੰਨੀ ਕਾਰਵਾਈ ਕੀਤੀ ਜਾਂਦੀ ਹੈ।

ਉਨ੍ਹਾਂ ਖਾਣ-ਪੀਣ ਦਾ ਵਪਾਰ ਕਰਨ ਵਾਲੇ ਦੁਕਾਨਦਾਰਾਂ ਤੇ ਮਠਿਆਈ ਵਿਕਰੇਤਾਵਾਂ ਨੂੰ ਅਪੀਲ ਕੀਤੀ ਕਿ ਉਹ ਲੋਕਾਂ ਨੂੰ ਸ਼ੁੱਧ ਤੇ ਸਾਫ ਸੁਥਰੀਆਂ ਵਸਤੂਆਂ ਹੀ ਵੇਚਣ ਅਤੇ ਸਫਾਈ ਦਾ ਖਾਸ ਧਿਆਨ ਰੱਖਣ ਅਤੇ ਜੇਕਰ ਕਿਸੇ ਨੇ ਅਜੇ ਤੱਕ ਆਪਣੀ ਫੂਡ ਸੇਫਟੀ ਅਧੀਨ ਰਜਿਸਟਰੇਸ਼ਨ ਨਹੀਂ ਕਰਵਾਈ, ਉਹ ਜਲਦ ਤੋਂ ਜਲਦ ਆਪਣੀ ਰਜਿਸਟ੍ਰੇਸ਼ਨ ਕਰਵਾ ਲੈਣ। ਇਸ ਮੌਕੇ ਸ਼੍ਰੀ ਹਰਵਿੰਦਰ ਸਿੰਘ ਫੂਡ ਸੇਫਟੀ ਅਫਸਰ ਤੇ ਉਨ੍ਹਾਂ ਦੀ ਟੀਮ ਵੀ ਹਾਜ਼ਰ ਸੀ।

# ਜਿੰਪਾ ਵੱਲੋਂ ਪ੍ਰੇਮਗੜ੍ਹ 'ਚ ਟਿਊਬਵੈੱਲ ਦਾ ਉਦਘਾਟਨ



**ਹੁਸ਼ਿਆਰਪੁਰ, (ਓ ਪੀ ਰਾਣਾ )** ਕੈਬਨਿਟ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਹੁਸ਼ਿਆਰਪੁਰ ਦੇ ਸਰਬਪੱਖੀ ਵਿਕਾਸ ਵਿਚ ਕੋਈ ਕਮੀ ਨਹੀਂ ਛੱਡੀ ਜਾ ਰਹੀ ਅਤੇ ਪੜਾਅਵਾਰ ਤਰੀਕੇ ਨਾਲ ਸ਼ਹਿਰ ਦੀਆਂ ਸਾਰੀਆਂ ਸਮੱਸਿਆਵਾਂ ਦਾ ਨਿਪਟਾਰਾ ਕੀਤਾ ਜਾ ਰਿਹਾ ਹੈ। ਉਹ ਅੱਜ ਵਾਰਡ ਨੰਬਰ 33 ਦੇ ਮੁਹੱਲਾ ਪ੍ਰੇਮਗੜ੍ਹ ਵਿਚ 28.50 ਲੱਖ ਰੁਪਏ ਦੀ ਲਾਗਤ ਨਾਲ ਬਣੇ ਟਿਊਬਵੈੱਲ ਦਾ ਉਦਘਾਟਨ ਕਰਨ ਅਤੇ ਵਾਰਡ ਨੰਬਰ 48 ਦੇ ਪੂਰਨ ਨਗਰ ਵਿਚ 18 ਲੱਖ ਰੁਪਏ ਦੀ ਲਗਾਤ ਨਾਲ ਬਣਨ ਵਾਲੀ ਗਈ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ ਕਰਵਾਉਣ ਦੌਰਾਨ ਇਲਾਕਾ ਵਾਸੀਆਂ ਨੂੰ ਸੰਬੋਧਨ ਕਰ ਰਹੇ ਸਨ। ਇਸ ਦੌਰਾਨ ਉਨ੍ਹਾਂ ਨਾਲ ਮੇਅਰ ਸੁਰਿੰਦਰ ਕੁਮਾਰ, ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ ਵੀ ਮੌਜੂਦ ਸਨ।ਕੈਬਨਿਟ ਮੰਤਰੀ ਨੇ ਕਿਹਾ ਕਿ ਹੁਸ਼ਿਆਰਪੁਰ ਵਾਸੀਆਂ ਤੱਕ ਸਾਫ ਸੁਥਰਾ ਪੀਣ ਵਾਲਾ ਪਾਣੀ ਪਹੁੰਚਾਉਣ ਦੇ ਲਈ ਕੋਈ ਕਮੀ ਨਹੀਂ ਛੱਡੀ ਜਾ ਰਹੀ ਅਤੇ ਵਾਰਡ ਦੀ ਡਿਮਾਂਡ ਦੇ ਹਿਸਾਬ ਨਾਲ ਜਿਥੇ ਪੀਣ ਵਾਲੇ ਪਾਣੀ ਦੇ ਲਈ ਟਿਊਬਵੈੱਲ ਲਗਵਾਏ ਜਾ ਰਹੇ ਹਨ। ਉਨ੍ਹਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ, ਜਿਨ੍ਹਾਂ ਦੀ ਸੋਚ ਸਦਕਾ ਸੂਬੇ ਵਿਚ ਸਾਰੇ ਪੈਂਡਿੰਗ ਕੰਮ ਪਹਿਲ ਦੇ ਆਧਾਰ 'ਤੇ ਪੂਰੇ ਕੀਤੇ ਗਏ ਹਨ। ਉਨ੍ਹਾਂ ਇਲਾਕਾ ਵਾਸੀਆਂ ਨੂੰ ਵਿਸ਼ਵਾਸ ਦਿਵਾਇਆ ਕਿ ਇਲਾਕੇ ਦੀ ਹਰ ਸਮੱਸਿਆ ਦਾ ਹੱਲ ਪਹਿਲ ਦੇ ਆਧਾਰ 'ਤੇ ਕੀਤਾ ਜਾਵੇਗਾ। ਜਿੰਪਾ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਪਾਣੀ ਦੀ ਸੁਚੱਜੀ ਵਰਤੋਂ ਕਰਨ ਅਤੇ ਇਸ ਨੂੰ ਵਿਅਰਥ ਨਾ ਬਹਾਉਣ। ਉਨ੍ਹਾਂ ਕਿਹਾ ਕਿ ਸ਼ਹਿਰ ਨੂੰ ਸਾਫ-ਸੁਥਰਾ ਰੱਖਣਾ ਵੀ ਸਾਡੀ ਜ਼ਿੰਮੇਵਾਰੀ ਹੈ, ਇਸ ਲਈ ਸ਼ਹਿਰ ਵਾਸੀਆਂ ਦੇ ਸਹਿਯੋਗ ਨਾਲ ਜਲਦ ਹੀ ਸ਼ਹਿਰ ਨੂੰ ਡੰਪ ਮੁਕਤ ਬਣਾ ਦਿੱਤਾ ਜਾਵੇਗਾ। ਇਸ ਮੌਕੇ ਕੌਂਸਲਰ ਗੁਰਪ੍ਰੀਤ ਕੌਰ, ਕੌਂਸਲਰ ਨਵਾਬ ਹੁਸੈਨ, ਪ੍ਰਦੀਪ ਬਿੱਟੂ, ਵਰਿੰਦਰ ਸ਼ਰਮਾ ਬਿੰਦੂ, ਐਕਸੀਅਨ ਨਗਰ ਨਿਗਮ ਹਰਪ੍ਰੀਤ ਸਿੰਘ ਤੇ ਹੋਰ ਪਤਵੰਤੇ ਮੌਜੂਦ ਸਨ।

# ਪੰਜਾਬ ਸਰਕਾਰ ਹਰੇਕ ਪਿੰਡ ਨੂੰ ਪੀਣਯੋਗ ਪਾਣੀ ਮੁਹੱਈਆ ਕਰਵਾਉਣ ਲਈ ਵਚਨਬੱਧ : ਸ਼ੈਰੀ ਕਲਸੀ



**ਬਟਾਲਾ, (ਡਾ. ਮਲਵਿੰਦਰ ਸਿੰਘ)**-ਅਮਨਸ਼ੇਰ ਸਿੰਘ ਸ਼ੈਰੀ ਕਲਸੀ ਵਿਧਾਇਕ ਬਟਾਲਾ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਹੇਠ ਪੰਜਾਬ ਦੇ ਹਰੇਕ ਪਿੰਡ 'ਚ ਸਾਫ ਅਤੇ ਪੀਣਯੋਗ ਪਾਣੀ ਦੀ ਸਪਲਾਈ ਲਈ ਵਚਨਬੱਧ ਹੈ ਅਤੇ ਹਰ ਖੇਤਰ ਵਿੱਚ ਰਿਕਾਰਡ ਵਿਕਾਸ ਕਾਰਜ ਕੀਤੇ ਜਾ ਰਹੇ ਹਨ।ਵਿਧਾਇਕ ਸ਼ੈਰੀ ਕਲਸੀ ਨੇ ਅੱਗੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਸੂਬੇ ਨੂੰ 'ਰੰਗਲਾ ਪੰਜਾਬ' ਬਣਾਉਣ ਲਈ ਯਤਨਸ਼ੀਲ ਹੈ ਅਤੇ ਇਸ ਮਕਸਦ ਲਈ ਪਿੰਡਾਂ ਨੂੰ ਸਾਰੀਆਂ ਸਹੂਲਤਾਂ ਪਹਿਲ ਦੇ ਆਧਾਰ 'ਤੇ ਦਿੱਤੀਆਂ ਜਾ ਰਹੀਆਂ ਹਨ ।ਉਨ੍ਹਾਂ ਕਿਹਾ ਕਿ ਜਿਨ੍ਹਾਂ ਪਿੰਡਾਂ ਵਿਚ ਜ਼ਮੀਨੀ ਪਾਣੀ ਖਰਾਬ ਹੈ ਜਾਂ ਪੀਣਯੋਗ ਨਹੀਂ ਹੈ ਉਨ੍ਹਾਂ ਪਿੰਡਾਂ ਨੂੰ ਨਹਿਰੀ ਪਾਣੀ ਪ੍ਰੋਜੈਕਟਾਂ ਨਾਲ ਜੋੜਿਆ ਜਾ ਰਿਹਾ ਹੈ।ਵਿਧਾਇਕ ਸ਼ੈਰੀ ਕਲਸੀ ਨੇ ਅੱਗੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਆਪਣੇ ਹੁਣ ਤੱਕ ਦੇ ਕਾਰਜਕਾਲ ਦੌਰਾਨ ਹਰ ਖੇਤਰ ਵਿੱਚ ਲੋਕਹਿੱਤ ਵਿੱਚ ਇਤਿਹਾਸਕ ਫੈਸਲੇ ਲਏ ਗਏ ਹਨ ।ਉਨ੍ਹਾਂ ਦੱਸਿਆ ਕਿ ਸੂਬਾ ਸਰਕਾਰ ਵਲੋਂ ਸਿਹਤ, ਸਿੱਖਿਆ, ਖੇਡ, ਖੇਤੀਬਾੜੀ, ਸਨਅਤੀ ਸਮੇਤ ਹਰ ਖੇਤਰ ਵਿੱਚ ਰਿਕਾਰਡ ਵਿਕਾਸ ਕਾਰਜ ਕੀਤੇ ਗਏ ਹਨ ਅਤੇ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਪਾਰਦਰਸ਼ੀ ਢੰਗ ਨਾਲ ਦਿੱਤੀਆਂ ਜਾ ਰਹੀਆਂ ਹਨ ।ਉਨ੍ਹਾਂ ਸੂਬਾ ਵਾਸੀਆਂ ਨੂੰ ਮੁਫਤ ਬਿਜਲੀ ਦਿੱਤੇ ਜਾਣ ਸਬੰਧੀ ਕਿਹਾ ਕਿ ਕਰੀਬ 90 ਫੀਸਦ ਲੋਕਾਂ ਦੇ ਘਰਾਂ ਦੇ ਬਿੱਲ ਜ਼ੀਰੋ ਆ ਰਹੇ ਹਨ ਅਤੇ ਲੋਕ ਭਲਾਈ ਸਕੀਮਾਂ ਦਾ ਲਾਭ ਹੇਠਲੇ ਪੱਧਰ ਤੱਕ ਪੁਜਦਾ ਕਰਨ ਨੂੰ ਯਕੀਨੀ ਬਣਾਇਆ ਗਿਆ ਹੈ।

# ਪ੍ਰਸ਼ਾਸਨ ਵੱਲੋਂ ਗਣਤੰਤਰ ਦਿਵਸ ਸਮਾਗਮ ਦੀਆਂ ਤਿਆਰੀਆਂ ਜ਼ੋਰਾਂ 'ਤੇ




**ਜਲੰਧਰ : ( ਸ਼ੈਲੀ ਐਲਬਰਟ)** ਜ਼ਿਲ੍ਹਾ ਪ੍ਰਸ਼ਾਸਨ ਵੱਲੋਂ 26 ਜਨਵਰੀ ਨੂੰ ਸਥਾਨਕ ਗੁਰੂ ਗੋਬਿੰਦ ਸਿੰਘ ਸਟੇਡੀਅਮ ਵਿਖੇ ਮਨਾਏ ਜਾਣ ਵਾਲੇ ਗਣਤੰਤਰ ਦਿਵਸ ਸਮਾਗਮ ਲਈ ਤਿਆਰੀਆਂ ਵਿੱਢ ਦਿੱਤੀਆਂ ਗਈਆਂ ਹਨ। ਵਧੀਕ ਡਿਪਟੀ ਕਮਿਸ਼ਨਰ ਮੇਜਰ ਡਾ. ਅਮਿਤ ਮਹਾਜਨ ਨੇ ਮੰਗਲਵਾਰ ਨੂੰ ਜ਼ਿਲ੍ਹਾ ਅਧਿਕਾਰੀਆਂ ਨੂੰ ਗਣਤੰਤਰ ਦਿਵਸ ਸਮਾਗਮ ਸਬੰਧੀ ਸਮੁੱਚੇ ਲੋੜੀਂਦੇ ਪ੍ਰਬੰਧ ਸਮੇਂ ਸਿਰ ਯਕੀਨੀ ਬਣਾਉਣ ਲਈ ਕਿਹਾ ।ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਜ਼ਿਲ੍ਹਾ ਪੱਧਰੀ ਸਮਾਗਮ ਦੇ ਮੁੱਖ ਮਹਿਮਾਨ ਹੋਣਗੇ, ਜਿਨ੍ਹਾਂ ਵੱਲੋਂ ਗਣਤੰਤਰ ਦਿਵਸ ਮੌਕੇ ਸਟੇਡੀਅਮ ਵਿੱਚ ਕੌਮੀ ਝੰਡਾ ਲਹਿਰਾਇਆ ਜਾਵੇਗਾ।ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਗਣਤੰਤਰ ਦਿਵਸ ਸਮਾਗਮ ਦੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਮਾਗਮ ਦੌਰਾਨ ਪੰਜਾਬ ਪੁਲਿਸ, ਪੰਜਾਬ ਹੋਮ ਗਾਰਡ, ਐਨ. ਸੀ. ਸੀ. (ਲੜਕੇ ਅਤੇ ਲੜਕੀਆਂ) ਆਦਿ ਦੀਆਂ ਟੁਕੜੀਆਂ ਮਾਰਚ ਪਾਸਟ ਵਿੱਚ ਹਿੱਸਾ ਲੈਣਗੀਆਂ।ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ ਵੱਖ-ਵੱਖ ਸਕੂਲਾਂ ਅਤੇ ਕਾਲਜਾਂ ਦੇ ਵਿਦਿਆਰਥੀਆਂ ਵੱਲੋਂ ਪੇਸ਼ ਕੀਤੀਆਂ ਜਾਣ ਵਾਲੀਆਂ ਸੱਭਿਆਚਾਰਕ ਵੰਨਗੀਆਂ ਬਾਰੇ ਫੈਸਲਾ ਲੈਣ ਲਈ ਇੱਕ ਕਮੇਟੀ ਦਾ ਗਠਨ ਕੀਤਾ ਗਿਆ ਹੈ। ਇਸ ਤੋਂ ਇਲਾਵਾ ਵੱਖ-ਵੱਖ ਵਿਸ਼ਿਆਂ 'ਤੇ ਆਧਾਰਿਤ ਝਾਕੀਆਂ ਵੀ ਸਮਾਗਮ ਦਾ ਹਿੱਸਾ ਹੋਣਗੀਆਂ।ਸੱਭਿਆਚਾਰਕ ਵੰਨਗੀਆਂ ਤੋਂ ਇਲਾਵਾ ਪੀ.ਟੀ. ਸ਼ੋਅ ਵੀ ਕਰਵਾਇਆ ਜਾਵੇਗਾ। ਸਮਾਗਮ ਵਿੱਚ 2000 ਦੇ ਕਰੀਬ ਵਿਦਿਆਰਥੀ ਭਾਗ ਲੈਣਗੇ। ਸਮਾਗਮ ਸਬੰਧੀ ਰਿਹਰਸਲਾਂ 15 ਜਨਵਰੀ ਤੋਂ ਹੋਣਗੀਆਂ ਅਤੇ ਫਾਈਨਲ ਰਿਹਰਸਲ 24 ਜਨਵਰੀ ਨੂੰ ਹੋਵੇਗੀ।

ਵਧੀਕ ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਗਣਤੰਤਰ ਦਿਵਸ ਸਮਾਗਮ ਦੌਰਾਨ ਟ੍ਰੈਫਿਕ ਦੇ ਬਦਲਵੇਂ ਪ੍ਰਬੰਧਾਂ, ਵਾਹਨਾਂ ਦੀ ਪਾਰਕਿੰਗ, ਸੁਰੱਖਿਆ ਆਦਿ ਸਮੇਤ ਹੋਰ ਲੋੜੀਂਦੇ ਇੰਤਜ਼ਾਮ ਸਮੇਂ ਸਿਰ ਯਕੀਨੀ ਬਣਾਉਣ ਲਈ ਕਿਹਾ। ਉਨ੍ਹਾਂ ਨਗਰ ਨਿਗਮ ਨੂੰ ਸਮਾਗਮ ਵਾਲੇ ਸਥਾਨ ਦੀ ਸਫ਼ਾਈ ਅਤੇ ਜ਼ਿਲ੍ਹਾ ਮੰਡੀ ਅਫ਼ਸਰ ਨੂੰ ਸਮਾਗਮ ਵਿੱਚ ਪੀਣ ਵਾਲੇ ਪਾਣੀ ਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਲਈ ਵੀ ਕਿਹਾ।

ਵਧੀਕ ਡਿਪਟੀ ਕਮਿਸ਼ਨਰ ਨੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ ਕਿ ਸਮਾਗਮ ਦੌਰਾਨ ਲੋਕਾਂ ਦੀ ਸਹੂਲਤ ਲਈ ਦਵਾਈਆਂ ਅਤੇ ਸਥਾਈ ਐਂਬੂਲੈਂਸ ਸਮੇਤ ਮੈਡੀਕਲ ਟੀਮਾਂ ਤਾਇਨਾਤ ਕੀਤੀਆਂ ਜਾਣ। ਇਸ ਦੇ ਨਾਲ ਹੀ ਪੀ.ਐਸ.ਪੀ.ਸੀ.ਐਲ. ਨੂੰ ਗਣਤੰਤਰ ਦਿਵਸ ਸਮਾਗਮ ਦੌਰਾਨ ਨਿਰਵਿਘਨ ਬਿਜਲੀ ਸਪਲਾਈ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਵੀ ਦਿੱਤੇ।ਮੀਟਿੰਗ ਦੌਰਾਨ ਉੱਪ ਮੰਡਲ ਮੈਜਿਸਟ੍ਰੇਟ ਡਾ. ਜੈ ਇੰਦਰ ਸਿੰਘ, ਨਗਰ ਨਿਗਮ ਦੇ ਜੁਆਇੰਟ ਕਮਿਸ਼ਨਰ ਪੁਨੀਤ ਸ਼ਰਮਾ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ।

# ਛੋਟੇ ਕਿਸਾਨਾਂ ਤੱਕ ਵੀ ਪਹੁੰਚਾਈਆਂ ਜਾਣ ਵਿਭਾਗੀ ਸਹੂਲਤਾਂ-ਡਾ. ਐੱਸ. ਪੀ. ਸਿੰਘ



**ਗੁਰਦਾਸਪੁਰ, (ਦਿਨੇਸ਼ ਕੁਮਾਰ)**-ਜ਼ਿਲ੍ਹਾ ਗੁਰਦਾਸਪੁਰ ਦੇ ਮੁੱਖ ਖੇਤੀਬਾੜੀ ਅਫਸਰ ਡਾ. ਸੁਰਿੰਦਰਪਾਲ ਸਿੰਘ ਨੇ ਬਲਾਕ ਗੁਰਦਾਸਪੁਰ ਦਾ ਦੌਰਾ ਕੀਤਾ ਅਤੇ ਸਮੂਹ ਸਟਾਫ ਨਾਲ ਮੀਟਿੰਗ ਕਰਕੇ ਸਰਕਾਰ ਵੱਲੋਂ ਕਿਸਾਨਾਂ ਦੇ ਹਿੱਤਾਂ ਲਈ ਚਲਾਈਆਂ ਜਾ ਰਹੀਆਂ ਯੋਜਨਾਵਾਂ ਨੂੰ ਬਿਹਤਰ ਢੰਗ ਨਾਲ ਲਾਗੂ ਕਰਨ ਦੀ ਹਦਾਇਤ ਕੀਤੀ। ਇਸ ਦੌਰਾਨ ਮੁੱਖ ਖੇਤੀਬਾੜੀ ਅਫਸਰ ਦਾ ਬਲਾਕ ਦਫਤਰ ਵਿਚ ਪਹਿਲੀ ਵਾਰ ਪਹੁੰਚਣ 'ਤੇ ਬਲਾਕ ਖੇਤੀਬਾੜੀ ਅਫਸਰ ਡਾ. ਰਵਿੰਦਰ ਸਿੰਘ ਅਤੇ ਏਡੀਓ ਡਾ. ਮਨਜੀਤ ਸਿੰਘ ਨੇ ਮੁੱਖ ਖੇਤੀਬਾੜੀ ਅਫਸਰ ਡਾ. ਐੱਸ. ਪੀ. ਸਿੰਘ ਦਾ ਨਿੱਘਾ ਸਵਾਗਤ ਕੀਤਾ। ਡਾ. ਐੱਸ. ਪੀ. ਸਿੰਘ ਨੇ ਬਲਾਕ ਦੇ ਸਾਰੇ ਸਰਕਲ ਇੰਚਾਰਜਾਂ ਤੇ ਹੋਰ ਸਟਾਫ ਨਾਲ ਮੀਟਿੰਗ ਕੀਤੀ ਅਤੇ ਕਿਹਾ ਕਿ 9 ਤੋਂ 5 ਵਜੇ ਤੱਕ ਸਟਾਫ ਦਫਤਰਾਂ ਵਿਚ ਰਹੇ ਅਤੇ ਫੀਲਡ ਵਿਚ ਜਾਣ ਮੌਕੇ ਕਿਸਾਨਾਂ ਦੀ ਭਲਾਈ ਲਈ ਕੰਮ ਕਰੇ। ਉਨ੍ਹਾਂ ਕਿਹਾ ਕਿ ਜ਼ਿਆਦਾ ਜ਼ਮੀਨ ਵਾਲੇ ਕਿਸਾਨਾਂ ਤੱਕ ਪਹੁੰਚ ਕਰਨ ਦੇ ਨਾਲ ਨਾਲ ਘੱਟ ਜ਼ਮੀਨ ਵਾਲੇ ਛੋਟੇ ਕਿਸਾਨਾਂ ਨਾਲ ਵੀ ਤਾਲਮੇਲ ਰੱਖਿਆ ਜਾਵੇ ਤਾਂ ਜੋ ਕੋਈ ਵੀ ਕਿਸਾਨ ਸਰਕਾਰ ਦੀਆਂ ਸਹੂਲਤਾਂ ਤੋਂ ਵਾਂਝਾ ਨਾ ਰਹੇ। ਉਨਾਂ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਮੌਜੂਦਾ ਸਮੇ ਦੌਰਾਨ ਕਣਕ ਦੀ ਫਸਲ ਤੇ ਕਿਸੇ ਦੀ ਦਵਾਈ ਦਾ ਛਿੜਕਾਅ ਕਰਨ ਤੋਂ ਪਹਿਲਾਂ ਮੌਸਮ ਦਾ ਧਿਆਨ ਜ਼ਰੂਰ ਰੱਖਿਆ ਜਾਵੇ ਅਤੇ ਨਾਲ ਹੀ ਖੇਤੀ ਮਾਹਿਰਾਂ ਦੀ ਸਲਾਹ ਲਈ ਜਾਵੇ। ਇਸ ਮੌਕੇ ਬਲਾਕ ਖੇਤੀਬਾੜੀ ਅਧਿਕਾਰੀ ਡਾ.ਰਵਿੰਦਰ ਸਿੰਘ ਨੇ ਮੁੱਖ ਖੇਤੀਬਾੜੀ ਅਫਸਰ ਨੂੰ ਬਲਾਕ ਗੁਰਦਾਸਪੁਰ ਅੰਦਰ ਚਲ ਰਹੀਆਂ ਪ੍ਰਸਾਰ ਸੇਵਾਵਾਂ ਬਾਰੇ ਜਾਣਕਾਰੀ ਦਿੱਤੀ ਅਤੇ ਭਰੋਸਾ ਦਿੱਤਾ ਕਿ ਵਿਭਾਗ ਦੀ ਹਰੇਕ ਯੋਜਨਾਂ ਨੂੰ ਇਸ ਬਲਾਕ ਦੇ ਸਾਰੇ ਪਿੰਡਾਂ ਅੰਦਰ ਸੁਚੱਜੇ ਰੂਪ ਵਿਚ ਲਾਗੂ ਕੀਤਾ ਜਾਵੇ। ਡਾ. ਮਨਜੀਤ ਸਿੰਘ ਨੇ ਮੁੱਖ ਖੇਤੀਬਾੜੀ ਅਫਸਰ ਨੂੰ ਕਵਾਲਿਟੀ ਕੰਟਰੋਲ ਲਈ ਕੀਤੇ ਜਾ ਰਹੇ ਕੰਮਾਂ ਦੀ ਜਾਣਕਾਰੀ ਦਿੱਤੀ ।

ਇਸ ਦੌਰਾਨ ਬਲਾਕ ਦੇ ਸਟਾਫ ਵੱਲੋਂ ਮੁੱਖ ਖੇਤੀਬਾੜੀ ਅਫਸਰ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਖੇਤੀਬਾੜੀ ਵਿਸਥਾਰ ਅਫਸਰ ਮਨਜੀਤ ਕੌਰ, ਪਰਮਜੀਤ ਸਿੰਘ, ਪਰਮਿੰਦਰ ਕੌਰ, ਜਗਮੀਤ ਸਿੰਘ, ਹਿਤੇਸ਼, ਕਰਮਜੋਤ ਕੌਰ, ਹਰਜੀਤ ਸਿੰਘ, ਗੁਰਜੀਤ ਕੌਰ ਸਮੇਤ ਸਮੂਹ ਸਟਾਫ ਮੌਜੂਦ ਸੀ।

# ਸਵ. ਵੇਦ ਪ੍ਰਕਾਸ਼ ਕੱਕੜ ਦੀ ਬਰਸੀ ਮੌਕੇ ਫ੍ਰੀ ਮੈਡੀਕਲ ਚੈੱਕਅੱਪ ਕੈਂਪ ਲਗਾਇਆ




**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**-ਨਗਰ ਪੰਚਾਇਤ ਭਿੱਖੀਵਿੰਡ ਦੇ ਪਹਿਲੇ ਪ੍ਰਧਾਨ ਸਵਰਗਵਾਸੀ ਬਾਊ ਵੇਦ ਪ੍ਰਕਾਸ਼ ਕੱਕੜ ਦੀ ਬਰਸੀ ਮੌਕੇ ਉਨ੍ਹਾਂ ਦੇ ਸਪੁੱਤਰ ਡਾ. ਵਿਕਾਸ ਕੱਕੜ ਅਤੇ ਚੰਦਨ ਕੱਕੜ ਵੱਲੋਂ ਸੰਤ ਗੰਗਾ ਦਾਸ ਮਾਰਕੀਟ ਭਿੱਖੀਵਿੰਡ ਵਿਖੇ ਫ੍ਰੀ ਮੈਡੀਕਲ ਚੈੱਕਅੱਪ ਕੈਂਪ ਲਗਾਇਆ ਗਿਆ। ਕੈਂਪ 'ਚ ਪਹੁੰਚੇ ਪਲਾਸਟਿਕ ਸਰਜਨ ਅਤੇ ਡੈਂਟਿਸਟ ਡਾਕਟਰਾਂ ਵੱਲੋਂ ਫ੍ਰੀ ਚੈੱਕਅੱਪ ਕਰਨ ਤੋਂ ਇਲਾਵਾ ਮਰੀਜ਼ਾਂ ਨੂੰ ਫ੍ਰੀ ਦਵਾਈਆਂ ਦਿੱਤੀਆਂ ਗਈਆਂ ।ਦੱਸਣਯੋਗ ਹੈ ਕਿ ਇਲਾਕੇ ਵਿੱਚੋਂ ਵੱਡੀ ਗਿਣਤੀ 'ਚ ਲੋਕਾਂ ਨੇ ਸਪੈਸ਼ਲਿਸਟ ਡਾਕਟਰਾਂ ਦੀ ਰਾਇ ਲੈ ਕੇ ਕੈਂਪ ਦਾ ਭਰਪੂਰ ਲਾਭ ਚੁੱਕਿਆ ।

ਇਸ ਮੌਕੇ ਨਵਾਂ ਜ਼ਮਾਨਾ ਨਾਲ ਗੱਲਬਾਤ ਕਰਦਿਆਂ ਡਾ. ਵਿਕਾਸ ਕੱਕੜ ਅਤੇ ਡਾ. ਚੰਦਨ ਕੱਕੜ ਨੇ ਦੱਸਿਆ ਕਿ ਅੱਜ ਉਨ੍ਹਾਂ ਵੱਲੋਂ ਆਪਣੇ ਸਵਰਗਵਾਸੀ ਪਿਤਾ ਵੇਦ ਪ੍ਰਕਾਸ਼ ਕੱਕੜ ਦੀ ਸਾਲਾਨਾ ਬਰਸੀ ਮੌਕੇ ਫ੍ਰੀ ਮੈਡੀਕਲ ਚੈੱਕਅੱਪ ਕੈਂਪ ਲਗਾਇਆ ਗਿਆ ਹੈ ।ਉਨ੍ਹਾਂ ਦੱਸਿਆ ਕਿ ਇਲਾਕੇ ਦੇ ਲੋਕਾਂ ਨੇ ਵੱਡੀ ਗਿਣਤੀ ਵਿੱਚ ਆਪਣੀ ਸਿਹਤ ਦੀ ਮੁਫ਼ਤ ਜਾਂਚ ਕਰਵਾ ਕੇ ਇਸ ਕੈਂਪ ਦਾ ਖ਼ੂਬ ਲਾਭ ਉਠਾਇਆ ।ਡਾਕਟਰ ਵਿਕਾਸ ਕੱਕੜ ਅਤੇ ਚੰਦਨ ਕੱਕੜ ਨੇ ਕਿਹਾ ਕਿ ਇਸ ਕੈਂਪ ਵਿੱਚ ਲੋਕਾਂ ਵੱਲੋਂ ਮਿਲੇ ਹੁੰਗਾਰੇ ਮਗਰੋਂ ਉਨ੍ਹਾਂ ਵੱਲੋਂ ਫ਼ੈਸਲਾ ਲਿਆ ਗਿਆ ਹੈ ਕਿ ਹਰ ਦੋ ਤੋਂ ਤਿੰਨ ਮਹੀਨੇ ਬਾਅਦ ਅਜਿਹੇ ਫ੍ਰੀ ਮੈਡੀਕਲ ਚੈੱਕਅੱਪ ਕੈਂਪਾਂ ਦਾ ਆਯੋਜਨ ਕੀਤਾ ਜਾਵੇਗਾ। ਉਧਰ ਕੈਂਪ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਸਾਬਕਾ ਵਾਈਸ ਚੇਅਰਮੈਨ ਪੰਜਾਬ ਮੰਡੀ ਬੋਰਡ ਤੇਜਪ੍ਰੀਤ ਸਿੰਘ ਪੀਟਰ ਵੱਲੋਂ ਇਸ ਨੇਕ ਉਪਰਾਲੇ ਲਈ ਡਾਕਟਰ ਵਿਕਾਸ ਕੱਕੜ ਅਤੇ ਚੰਦਨ ਕੱਕੜ ਦੀ ਰੱਜ ਕੇ ਸ਼ਲਾਘਾ ਕਰਦਿਆਂ ਆਸ ਪ੍ਰਗਟਾਈ ਗਈ ਕਿ ਸਵਰਗਵਾਸੀ ਬਾਊ ਵੇਦ ਪ੍ਰਕਾਸ਼ ਕੱਕੜ ਦੇ ਪਰਿਵਾਰਕ ਮੈਂਬਰ ਆਉਣ ਵਾਲੇ ਸਮੇਂ ਵਿੱਚ ਵੀ ਇਸ ਤਰ੍ਹਾਂ ਦੇ ਕੈਂਪ ਆਯੋਜਿਤ ਕਰਕੇ ਇਲਾਕੇ ਦੀ ਸੇਵਾ ਕਰਦੇ ਰਹਿਣਗੇ ।ਇਸ ਮੌਕੇ ਸ਼ਾਂਤੀ ਪ੍ਰਸਾਦ ਸ਼ਰਮਾ, ਪ੍ਰਧਾਨ ਇੰਦਰਜੀਤ ਕੱਕੜ, ਸੈਕਟਰੀ ਕੇਵਲ ਅਰੋੜਾ, ਐਡਵੋਕੇਟ ਰਵੀ ਸ਼ਰਮਾ, ਧਰਮਵੀਰ ਸ਼ਰਮਾ, ਸੰਦੀਪ ਕੁਮਾਰ ਤੇਜੀ, ਸੁਰਿੰਦਰ ਕੁਮਾਰ, ਸ਼੍ਰੀ ਰਾਧਾ ਕ੍ਰਿਸ਼ਨ ਮੰਦਰ ਕਮੇਟੀ ਦੇ ਪ੍ਰਧਾਨ ਸੰਦੀਪ ਕੁਮਾਰ ਚੋਪੜਾ, ਹਰੀਬੰਸ ਧਵਨ, ਰਾਜ ਕੁਮਾਰ ਚੋਪੜਾ, ਹਰੀਪ੍ਰਕਾਸ਼ ਕੱਕੜ, ਵਿਪਨ ਕੁਮਾਰ, ਸਰਬਜੀਤ ਸੋਧੀ, ਗੁਰਮੇਜ ਸਿੰਘ ਵੀਰਮ, ਸੁਖਦੇਵ ਸਿੰਘ ਅਰੋੜਾ, ਬਲਜੀਤ ਰਾਏ ਚੋਪੜਾ ਵੱਲੋਂ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਗਈ ।ਜ਼ਿਕਰਯੋਗ ਹੈ ਕਿ ਕੈਂਪ ਦੌਰਾਨ ਲੰਗਰ ਦਾ ਵਿਸ਼ੇਸ਼ ਤੌਰ 'ਤੇ ਪ੍ਰਬੰਧ ਕੀਤਾ ਗਿਆ ।

# ਪੱਤਰਕਾਰ ਦੇ ਬੇਟੇ ਨੇ ਸੀਏ ਬਣ ਕੇ ਕਲਾਨੌਰ ਦਾ ਮਾਣ ਵਧਾਇਆ



**ਕਲਾਨੌਰ,-(ਮਨਦੀਪ ਕੋਹਲੀ)**-ਇੰਸਟੀਚਿਊਟ ਆਫ਼ ਚਾਰਟਰਡ ਅਕਾਊਂਟੈਂਟਸ ਆਫ਼ ਇੰਡੀਆ ਵੱਲੋਂ ਅੱਜ ਐਲਾਨੇ ਗਏ ਸੀ. ਏ. 2023 ਦੇ ਫਾਈਨਲ ਨਤੀਜੇ ਵਿੱਚੋਂ ਕਲਾਨੌਰ ਦੇ ਡਾ: ਵਰਿੰਦਰ ਬੇਦੀ ਜੋ ਪੇਸ਼ੇ ਵਜੋਂ ਹਿੰਦੀ ਅਖਬਾਰ ਦੇ ਪੱਤਰਕਾਰ ਵੀ ਹਨ ਅਤੇ ਕੈਮਿਸਟ ਦੀ ਦੁਕਾਨ ਚਲਾਉਂਦੇ ਹਨ ਅਤੇ ਮਾਂ ਨੀਤਾ ਬੇਦੀ ਇੱਕ ਘਰੇਲੂ ਔਰਤ ਹੈ, ਦੇ ਬੇਟੇ ਦਾਨਿਸ਼ ਬੇਦੀ ਨੇ ਸੀ. ਏ. ਬਣ ਕੇ ਆਪਣੇ ਮਾਪਿਆਂ ਅਤੇ ਕਸਬਾ ਕਲਾਨੌਰ ਦਾ ਨਾਂ ਰੌਸ਼ਨ ਕੀਤਾ ਹੈ।ਦਾਨਿਸ਼ ਬੇਦੀ ਦੇ ਪਿਤਾ ਨੂੰ ਦਾਨਿਸ਼ ਬੇਦੀ ਦੇ ਸੀਏ ਬਣਨ ਦੀ ਖ਼ਬਰ ਮਿਲਦਿਆਂ ਹੀ ਉਨ੍ਹਾਂ ਦੇ ਪਰਿਵਾਰ ਅਤੇ ਕਲਾਨੌਰ ਇਲਾਕੇ ਦੇ ਲੋਕਾਂ ਵਿੱਚ ਖੁਸ਼ੀ ਅਤੇ ਜਸ਼ਨ ਦੀ ਲਹਿਰ ਦੌੜ ਗਈ ਅਤੇ ਲੋਕਾਂ ਵੱਲੋਂ ਉਨ੍ਹਾਂ ਨੂੰ ਵਧਾਈਆਂ ਦਿੱਤੀਆਂ ਗਈਆਂ ਅਤੇ ਮਠਿਆਈਆਂ ਵੰਡੀਆਂ ਗਈਆਂ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦਾਨਿਸ਼ ਬੇਦੀ ਨੇ ਪ੍ਰਮਾਤਮਾ ਦਾ ਸ਼ੁਕਰਾਨਾ ਕਰਦਿਆਂ ਕਿਹਾ ਕਿ ਉਸ ਨੇ ਪ੍ਰੀਖਿਆ ਲਈ ਦਿਨ-ਰਾਤ ਸਖ਼ਤ ਮਿਹਨਤ ਕੀਤੀ ਸੀ ਅਤੇ ਇਸ ਦਾ ਸਾਰਾ ਸਿਹਰਾ ਪ੍ਰਮਾਤਮਾ ਦੀ ਕਿਰਪਾ ਅਤੇ ਉਸ ਦੇ ਮਾਤਾ-ਪਿਤਾ, ਦਾਦੀ ਦਰਸ਼ਨਾ ਬੇਦੀ, ਭੈਣ ਗੀਤਾਂਜਲੀ ਬੇਦੀ ਸੀਐੱਸ ਅਤੇ ਮੇਰੇ ਪਰਿਵਾਰਕ ਮੈਂਬਰ ਜਿਨ੍ਹਾਂ ਨੇ ਹਰ ਸਮੇਂ ਮੇਰਾ ਸਾਥ ਦਿੱਤਾ ਹੈ, ਨੂੰ ਜਾਂਦਾ ਹੈ। ਵਰਨਣਯੋਗ ਹੈ ਕਿ ਦਾਨਿਸ਼ ਬੇਦੀ ਦੀ ਵੱਡੀ ਭੈਣ ਗੀਤਾਂਜਲੀ ਬੇਦੀ ਜੋ ਕਿ ਸੀਐੱਸ ਬਣੀ ਸੀ, ਨੇ ਵੀ ਪਿਛਲੇ ਸਾਲ ਕੰਪਨੀ ਸਕੱਤਰ (ਸੀ. ਐੱਸ.) ਦੀ ਔਖੀ ਪ੍ਰੀਖਿਆ ਪਾਸ ਕਰਕੇ ਕਲਾਨੌਰ ਦਾ ਨਾਮ ਰੌਸ਼ਨ ਕੀਤਾ ਸੀ।

# ਨੈਸ਼ਨਲ ਲਾਈਵਸਟਾਕ ਮਿਸ਼ਨ ਅਧੀਨ ਕਲਾਨੌਰ ਵਿਖੇ ਲੱਗਾ ਬਲਾਕ ਪੱਧਰੀ ਸੈਮੀਨਾਰ




**ਗੁਰਦਾਸਪੁਰ, (ਜਨਕ ਮਹਾਜਨ)**-ਡੇਅਰੀ ਵਿਕਾਸ ਵਿਭਾਗ ਪੰਜਾਬ ਵਲੋਂ ਬਲਾਕ ਕਲਾਨੌਰ ਵਿਖੇ ਨੈਸ਼ਨਲ ਲਾਈਵਸਟਾਕ ਮਿਸ਼ਨ ਅਧੀਨ ਬਲਾਕ ਪੱਧਰੀ ਸੈਮੀਨਾਰ ਕਰਵਾਇਆ ਗਿਆ, ਜਿਸ ਵਿਚ 215 ਦੇ ਕਰੀਬ ਕਿਸਾਨਾਂ ਨੇ ਹਿੱਸਾ ਲਿਆ। ਡੇਅਰੀ ਵਿਕਾਸ ਵਿਭਾਗ ਦੇ ਡਿਪਟੀ ਡਾਇਰੈਕਟਰ ਡੇਅਰੀ ਵਰਿਆਮ ਸਿੰਘ ਦੀ ਯੋਗ ਅਗਵਾਈ ਹੇਠ ਸੈਮੀਨਾਰ ਮੌਕੇ ਮਾਹਿਰਾਂ ਵੱਲੋਂ ਕਿਸਾਨਾਂ ਨੂੰ ਦੁੱਧ ਉਤਪਾਦਨ ਦੇ ਖੇਤਰ ਦੀ ਜਾਣਕਾਰੀ ਦਿੱਤੀ ਗਈ। ਡਿਪਟੀ ਡਾਇਰੈਕਟਰ ਡੇਅਰੀ ਵਰਿਆਮ ਸਿੰਘ ਨੇ ਅਪੀਲ ਕੀਤੀ ਕਿ ਉਹ ਵਿਭਾਗੀ ਸਕੀਮਾਂ ਜਿਵੇ ਡੀ. ਡੀ. 8, ਕੈਟਲ ਸ਼ੈੱਡ, ਮਿਲਕਿੰਗ ਮਸ਼ੀਨ ਆਦਿ ਦਾ ਵੱਧ ਤੋ ਵੱਧ ਲਾਭ ਲੈਣ ਅਤੇ ਨੈਸ਼ਨਲ ਲਾਈਵਸਟਾਕ ਮਿਸ਼ਨ ਅਧੀਨ ਵੀ ਕਿਸਾਨਾਂ ਨੂੰ ਜਾਣਕਾਰੀ ਦਿੱਤੀ ਗਈ ਤਾਂ ਜੋ ਉਹ ਹਾਈਟੈੱਕ ਮਸ਼ੀਨਰੀ, ਚਾਰਾ ਪ੍ਰਬੰਧਨ, ਸਾਈਲੇਜ਼ ਬੇਲਰ ਅਤੇ ਟੀ. ਐੱਮ. ਆਰ. ਆਦਿ ਤੇ ਮਿਲ ਰਹੀ 50 ਫੀਸਦੀ ਰਿਆਇਤ ਦਾ ਵੱਧ ਤੋ ਵੱਧ ਲਾਭ ਲੈਣ। ਇਸ ਮੌਕੇ ਬਰਜਿੰਦਰ ਸਿੰਘ ਡੇਅਰੀ ਵਿਕਾਸ ਇੰਸਪੈਕਟਰ, ਅਨਾਮਿਕਾ ਸ਼ਰਮਾ ਇੰਸਪੈਕਟਰ, ਨਵਜੋਤ ਸਿੰਘ, ਇੰਸਪੈਕਟਰ ਗੁਰਚਰਨ ਸਿੰਘ, ਇੰਸਪੈਕਟਰ ਜਤਿੰਦਰ ਸਿੰਘ, ਇੰਸਪੈਕਟਰ ਜੋਤੀ ਸ਼ਰਮਾ ਇੰਸਪੈਕਟਰ ਵੇਰਕਾ ਮਿਲਟ ਪਲਾਂਟ ਤੋਂ ਗਗਨਦੀਪ ਸਿੰਘ, ਅਸਿਸਟੈਂਟ ਮੈਨੇਜਰ, ਡਾ. ਜੈਸਮੀਨ ਸੈਣੀ ਵੈਟਨਰੀ ਮੈਡੀਸਨ, ਕਸ਼ਮੀਰ ਸਿੰਘ ਰਿਟਾਇਰਡ ਡਿਪਟੀ ਡਾਇਰੈਕਟਰ ਡੇਅਰੀ, ਬਲਕਾਰ ਸਿੰਘ, ਐੱਮ. ਪੀ. ਐੱਸ. ਵੇਰਕਾ, ਬਲਵਿੰਦਰ ਸਿੰਘ ਵਾਇਸ ਚੇਅਰਮੈਨ ਮਿਲਕਫੈੱਡ ਗੁਰਦਾਸਪੁਰ, ਦਿਲਰਾਜ ਸਿੰਘ ਬੋਰਡ ਡਾਇਰੈਕਟਰ ਅਤੇ ਸਰਬਜੀਤ ਕੌਰ ਬੋਰਡ ਡਾਇਰੈਕਟਰ ਪਸ਼ੂ ਪਾਲਣ ਵਿਭਾਗ ਪੰਜਾਬ ਅਤੇ ਐੱਚ. ਡੀ. ਐੱਫ. ਸੀ. ਬੈਂਕ ਵੱਲੋਂ ਸੈਮੀਨਾਰ ਵਿੱਚ ਭਾਗ ਲਿਆ ਗਿਆ ਤੇ ਐੱਨ. ਐੱਲ. ਐੱਮ. ਸਕੀਮ ਦੀਆਂ ਸਕੀਮਾਂ ਬਾਰੇ ਭਰਪੂਰ ਜਾਣਕਾਰੀ ਦਿੱਤੀ ਗਈ।

# ਭਾਜਪਾ ਹਾਈ ਕਮਾਂਡ ਦਾ ਧੰਨਵਾਦ



**ਨਵਾਂ ਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ )** ਐਡਵੋਕੇਟ ਰਾਜਪਾਲ ਚੌਹਾਨ ਬਲਾਚੌਰ ਸਪੋਰਟਸ ਕਲੱਬ ਦੇ ਸਰਪ੍ਰਸਤ ਗੁਜਰ ਕੌਮ ਦਾ ਹੀਰਾ ਨੂੰ ਪੰਜਾਬ ਸਪੋਰਟਸ ਸੈਲ ਦੇ ਪ੍ਰਧਾਨ ਲਾਉਣ 'ਤੇ ਭਾਜਪਾ ਹਾਈ ਕਮਾਂਡ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਭਾਜਪਾ ਦੇ ਰਾਸ਼ਟਰੀ ਪ੍ਰਧਾਨ ਜੇਪੀ ਨੱਡਾ, ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਤੇ ਪਾਰਟੀ ਦੇ ਪੰਜਾਬ ਪ੍ਰਧਾਨ ਸੁਨੀਲ ਜਾਖੜ ਸਮੇਤ ਸਮੁੱਚੀ ਟੀਮ ਦਾ ਧੰਨਵਾਦ ਕੀਤਾ ਹੈ।ਐਡਵੋਕੇਟ ਪਹਿਲਾਂ ਸਪੋਰਟਸ ਵਿੱਚ ਡੀ ਐਸ ਪੀ ਨਿਯੁਕਤ ਕੀਤੇ ਗਏ ਸੀ ਤੇ ਸਰਕਾਰਾਂ ਨੇ ਪਹਿਲਾਂ ਵੀ ਸਨਮਾਨਿਤ ਕੀਤਾ। ਉਨਾਂ ਆਖਿਆ ਕਿ ਸਪੋਰਟਸ ਪਾਰਟੀ ਪ੍ਰਤੀ ਪਹਿਲਾਂ ਹੀ ਸਮਰਪਿਤ ਭਾਵਨਾ ਨਾਲ ਕੰਮ ਕਰਦੇ ਆ ਰਹੇ ਹਨ, ਮਗਰ ਹੁਣ ਉਹ ਹੋਰ ਵੀ ਜੋਸ਼ ਨਾਲ ਸੇਵਾਵਾਂ ਦੇਣ ਲਈ ਵਚਨਬੱਧ ਹਨ।

# 'ਮੋਦੀ ਲੋਕ ਸਭਾ ਚੋਣਾਂ 'ਚ ਆਪਣੀ ਹਾਰ ਨੂੰ ਵੇਖ ਕੇ ਔਰਤਾਂ ਨੂੰ ਤਰ੍ਹਾਂ-ਤਰ੍ਹਾਂ ਦੇ ਲਾਲਚ ਦੇ ਰਿਹੈ'



**ਚੋਹਲਾ ਸਾਹਿਬ (ਰਮਨ ਚੱਢਾ)**-ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਸੀਪੀਆਈ ਦੇ ਬਲਾਕ ਚੋਹਲਾ ਸਾਹਿਬ ਨੌਸ਼ਹਿਰਾ ਪੰਨੂੰਆਂ ਦੇ ਸਕੱਤਰ ਕਾਮਰੇਡ ਬਲਵਿੰਦਰ ਸਿੰਘ ਦਦੇਹਰ ਸਾਹਿਬ ਨੇ ਦੱਸਿਆ ਪ੍ਰਧਾਨ ਮੰਤਰੀ ਨਰਿੰਦਰ ਮੋਦੀ 2019 ਦੀ ਨਕਲ ਮਾਰ ਕੇ ਲੋਕ ਸਭਾ ਦੀਆਂ ਚੋਣਾਂ ਜਿੱਤਣਾ ਚਾਹੁੰਦਾ ਹੈ ।2019 'ਚ ਔਰਤਾਂ ਨੂੰ ਮੁਫਤ ਗੈਸ ਸਿਲੰਡਰ ਦੇ ਕੇ ਵੋਟਾਂ ਬਟੋਰ ਕੇ ਜਿੱਤ ਪ੍ਰਾਪਤ ਕੀਤੀ ਸੀ।ਇਸ ਸਰਕਾਰ ਨੇ ਸੱਤਾ ਵਿੱਚ ਆ ਕੇ ਗੈਸ ਸਿਲੰਡਰ ਦੀਆਂ ਕੀਮਤਾਂ ਦੇ ਇੰਨੇ ਰੇਟ ਵਧਾ ਦਿੱਤੇ ਸੀ ਕਿ ਗਰੀਬ ਲੋਕਾਂ ਲਈ ਗੈਸ ਸਿਲੰਡਰ ਖਰੀਦਣੇ ਵੱਸੋਂ ਬਾਹਰ ਹੋ ਗਏ ਸੀ।ਇਸ ਤਰ੍ਹਾਂ ਵੋਟਾਂ ਲੈਣ ਦੀ ਖਾਤਰ 2019 'ਚ ਇਕ ਕਿਸਾਨ ਯੋਜਨਾ ਚਲਾ ਕੇ ਕਿਸਾਨਾਂ ਦੇ ਖਾਤਿਆਂ ਵਿੱਚ ਦੋ ਦੋ ਹਜ਼ਾਰ ਰੁਪਏ ਪਾ ਦਿੱਤੇ ।ਸੱਤਾ ਹਾਸਲ ਕਰਨ ਤੋਂ ਬਾਅਦ ਕਿਸਾਨ ਵਿਰੋਧੀ ਤਿੰਨ ਕਾਲੇ ਕਾਨੂੰਨ ਬਣਾ ਦਿੱਤੇ। ਇਸ ਲਈ ਕਿਸਾਨਾਂ ਨੂੰ ਲੰਮਾ ਸੰਘਰਸ਼ ਕਰਨਾ ਪਿਆ। ਇਸ ਸੰਘਰਸ਼ ਵਿੱਚ ਹਜ਼ਾਰ ਤੋਂ ਵੱਧ ਕਿਸਾਨ ਸ਼ਹੀਦ ਹੋ ਗਏ । ਸ਼ਹੀਦ ਹੋਏ ਕਿਸਾਨਾਂ ਬਾਰੇ ਕੇਂਦਰ ਸਰਕਾਰ ਇਹ ਕਹਿੰਦੀ ਹੈ ਕਿ ਸਾਡੇ ਕਾਗਜ਼ਾਂ ਵਿੱਚ ਇਨ੍ਹਾਂ ਦੀ ਕੋਈ ਗਿਣਤੀ ਨਹੀਂ ।ਆਪਣੇ ਦਸਾਂ ਸਾਲਾਂ ਦੇ ਕਾਰਜ ਕਾਲ ਵਿਚ ਭਾਰਤ ਨੂੰ ਬਰਬਾਦ ਕਰਕੇ ਰੱਖ ਦਿੱਤਾ ਹੈ।ਸਰਕਾਰੀ ਅਦਾਰੇ ਅੰਬਾਨੀਆਂ ਅੰਡਾਨੀਆਂ ਨੂੰ ਵੇਚ ਦਿੱਤੇ ਹਨ ।ਵਿਦੇਸ਼ੀ ਕੰਪਨੀਆਂ ਨੂੰ ਭਾਰਤ ਸੱਦ ਕੇ ਦੇਸ਼ ਨੂੰ ਫਿਰ ਗੁਲਾਮੀ ਵੱਲ ਧੱਕ ਰਹੀ ਹੈ ਮੋਦੀ ਸਰਕਾਰ ।ਕਾਮਰੇਡ ਨੇ ਜਨਤਾ ਨੂੰ ਅਪੀਲ ਕੀਤੀ ਲੋਕ ਸਭਾ ਚੋਣਾਂ ਵਿਚ ਬੀਜੇਪੀ ਤੇ ਇਸ ਦੀਆਂ ਭਾਈਵਾਲ ਪਾਰਟੀਆਂ ਨੂੰ ਹਰਾਇਆ ਜਾਵੇ ਤਾਂ ਹੀ ਦੇਸ਼ ਦਾ ਭਲਾ ਹੋ ਸਕਦਾ ਹੈ ।

# ਸਿੰਥੈਟਿਕ ਡੋਰ ਦੇ ਮਾੜੇ ਰੁਝਾਨ ਨੂੰ ਠੱਲ੍ਹਣ ਲਈ ਲੋਕ ਅੱਗੇ ਆਉਣ: ਡਾ. ਸ਼ਾਇਰੀ ਭੰਡਾਰੀ



**ਬਟਾਲਾ (ਡਾ. ਮਲਵਿੰਦਰ ਸਿੰਘ)**-ਡਾ. ਸ਼ਾਇਰੀ ਭੰਡਾਰੀ ਐੱਸਡੀਐੱਮ-ਕਮ-ਕਮਿਸ਼ਨਰ ਨਗਰ ਨਿਗਮ ਬਟਾਲਾ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸੰਥੈਟਿਕ/ਪਲਾਸਟਿਕ ਡੋਰ ਦੇ ਮਾੜੇ ਰੁਝਾਨ ਨੂੰ ਰੋਕਣ ਲਈ ਅੱਗੇ ਆਉਣ ।ਉਨ੍ਹਾਂ ਦੱਸਿਆ ਕਿ ਡਾ. ਹਿਮਾਂਸ਼ੂ ਅਗਰਵਾਲ, ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਦਿਸ਼ਾ-ਨਿਰਦੇਸ਼ ਹੇਠ ਜ਼ਿਲ੍ਹੇ ਅੰਦਰ ਪਲਾਸਟਿਕ/ਸਿੰਥੈਟਿਕ ਡੋਰ ਜਿਸਨੂੰ ਚਾਈਨਾ ਡੋਰ ਦੇ ਨਾਮ ਨਾਲ ਵੀ ਜਾਣਿਆ ਜਾਂਦਾ ਹੈ, ਉਸ ਡੋਰ ਨਾਲ ਪਤੰਗਬਾਜ਼ੀ ਕਰਨ ਅਤੇ ਉਸਦੀ ਵਿਕਰੀ 'ਤੇ ਮੁਕੰਮਲ ਪਾਬੰਦੀ ਲਗਾਈ ਗਈ ਹੈ ।ਜਿਹੜਾ ਵੀ ਵਿਅਕਤੀ ਪਲਾਸਟਿਕ/ਸਿੰਥੈਟਿਕ ਡੋਰ ਦੀ ਵਿਕਰੀ ਜਾਂ ਵਰਤੋਂ ਕਰੇਗਾ ਉਸ ਖਿਲਾਫ ਸਖਤ ਧਾਰਾ 188 ਦੇ ਨਾਲ-ਨਾਲ ਇਨਵਾਇਰਮੈਂਟ ਪ੍ਰੋਟੈਕਸ਼ਨ ਐਕਟ ਦੇ ਸੈਕਸ਼ਨ 15 ਤਹਿਤ ਕਾਨੂੰਨੀ ਕਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ ਜਿਸ ਤਹਿਤ 5 ਸਾਲ ਦੀ ਸਜ਼ਾ ਅਤੇ 1 ਲੱਖ ਰੁਪਏ ਤੱਕ ਦਾ ਜੁਰਮਾਨਾ ਹੋ ਸਕਦਾ ਹੈ।ਐੱਸਡੀਐੱਮ ਬਟਾਲਾ ਨੇ ਪਾਬੰਦੀਸ਼ੁਦਾ ਚਾਈਨਾ ਡੋਰ ਵੇਚਣ ਤੇ ਵਰਤੋਂ ਕਰਨ ਵਾਲੇ ਵਿਅਕਤੀਆਂ ਨੂੰ ਤਾੜਨਾ ਕਰਦਿਆਂ ਕਿਹਾ ਹੈ ਕਿ ਉਹ ਮਨੁੱਖੀ ਜਾਨਾਂ ਨਾਲ ਖੇਡਣ ਵਾਲੇ ਇਸ ਮਾੜੇ ਰੁਝਾਨ ਨੂੰ ਤੁਰੰਤ ਬੰਦ ਕਰ ਦੇਣ ਨਹੀਂ ਤਾਂ ਪ੍ਰਸ਼ਾਸਨ ਵੱਲੋਂ ਉਨਾਂ ਖਿਲਾਫ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਸਿੰਥੈਟਿਕ/ਪਲਾਸਟਿਕ ਡੋਰ ਦੇ ਮਾੜੇ ਰੁਝਾਨ ਨੂੰ ਰੋਕਣ ਲਈ ਅੱਗੇ ਆਉਣ ਤੇ ਪਤੰਗਬਾਜ਼ੀ ਲਈ ਸੂਤੀ ਧਾਗੇ ਦੀ ਡੋਰ ਦੀ ਵਰਤੋਂ ਕਰਨ। ਦੱਸਣਯੋਗ ਹੈ ਕਿ ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਵੱਲੋਂ ਜ਼ਿਲ੍ਹੇ ਵਿੱਚ ਚਾਈਨਾ ਡੋਰ ਦੀ ਵਿਕਰੀ ਤੇ ਵਰਤੋਂ ਨੂੰ ਰੋਕਣ ਲਈ ਇੱਕ ਜ਼ਿਲ੍ਹਾ ਪੱਧਰ 'ਤੇ ਵਿਸ਼ੇਸ਼ ਹੈਲਪ ਲਾਈਨ ਨੰਬਰ 1800-180-1852 ਜਾਰੀ ਕੀਤਾ ਗਿਆ ਹੈ, ਜਿਸ ਉੱਪਰ ਚਾਈਨਾ ਡੋਰ ਦੀ ਵਿਕਰੀ ਤੇ ਵਰਤੋਂ ਕਰਨ ਵਾਲੇ ਵਿਅਕਤੀਆਂ ਦੀ ਸੂਚਨਾ ਦਿੱਤੀ ਜਾ ਸਕਦੀ ਹੈ ।ਸੂਚਨਾ ਦੇਣ ਵਾਲੇ ਵਿਅਕਤੀ ਦਾ ਨਾਮ ਤੇ ਪਤਾ ਪੂਰੀ ਤਰ੍ਹਾਂ ਗੁਪਤ ਰੱਖਿਆ ਜਾਵੇਗਾ।

# ਨਸ਼ਾ ਤਸਕਰਾਂ ਖ਼ਿਲਾਫ਼ ਦੋ ਵੱਖ-ਵੱਖ ਮਾਮਲੇ ਦਰਜ

**ਗੁਰਦਾਸਪੁਰ (ਜਨਕ ਮਹਾਜਨ)**-ਥਾਣਾ ਸਿਟੀ ਗੁਰਦਾਸਪੁਰ ਪੁਲਿਸ ਦੇ ਏਐੱਸਆਈ ਸਤਪਾਲ ਸੀਆਈਏ ਸਟਾਫ ਗੁਰਦਾਸਪੁਰ ਸਮੇਤ ਪੁਲਸ ਪਾਰਟੀ ਗਸ਼ਤ ਦੌਰਾਨ ਗੰਦਾ ਨਾਲਾ ਨੇੜੇ ਮੇਹਰ ਚੰਦ ਰੋਡ ਮੌਜੂਦ ਸੀ ਕਿ ਇੱਕ ਵਿਅਕਤੀ ਗੰਦੇ ਨਾਲੇ ਵਾਲੀ ਸਾਈਡ ਨੂੰ ਆ ਰਿਹਾ ਸੀ ਜਿਸ ਪਾਸ ਕੋਈ ਨਸ਼ੀਲਾ ਪਦਾਰਥ ਹੋਣ ਦਾ ਸ਼ੱਕ ਹੋਣ 'ਤੇ ਉਸ ਨੂੰ ਰੋਕ ਕੇ ਨਾਂਅ ਪਤਾ ਪੁੱਛਿਆ ਜਿਸ ਨੇ ਆਪਣਾ ਨਾਂਅ ਲਖਬੀਰ ਮਸੀਹ ਉਰਫ ਮੁੰਨਾ ਪੁੱਤਰ ਰੂਪਾ ਮਸੀਹ ਵਾਸੀ ਨਵਾਂ ਲਿੱਤਰ ਦੱਸਿਆ।

ਇਸ ਦੀ ਇਤਲਾਹ ਥਾਣਾ ਸਿਟੀ ਵਿਖੇ ਇਤਲਾਹ ਦਿੱਤੀ ਜਿਸ 'ਤੇ ਤਫਤੀਸ਼ੀ ਅਫਸਰ ਏਐੱਸਆਈ ਸਲਿੰਦਰ ਸਿੰਘ ਨੇ ਸਮੇਤ ਪੁਲਸ ਪਾਰਟੀ ਮੌਕੇ 'ਤੇ ਪੁੱਜ ਕੇ ਕਾਬੂ ਕੀਤੇ ਦੋਸ਼ੀ ਦੀ ਤਲਾਸ਼ੀ ਕਰਨ ਤੇ ਉਸ ਦੀ ਜੇਬ ਵਿੱਚੋਂ 20 ਗ੍ਰਾਮ ਹੈਰੋਇਨ ਬਰਾਮਦ ਹੋਈ ਹੈ ਅਤੇ ਇਕ ਛੋਟਾ ਮੋਬਾਇਲ ਬਟਨਾ ਵਾਲਾ, ਇੱਕ ਕੰਪਿਊਟਰ ਕੰਡਾ, 10300 ਰੁਪਏ ਡਰੱਗ ਮਨੀ ਭਾਰਤੀ ਕਰੰਸੀ ਬ੍ਰਾਮਦ ਹੋਈ। ਇਸੇ ਤਰ੍ਹਾਂ ਥਾਣਾ ਧਾਰੀਵਾਲ ਦੇ ਏਐੱਸਆਈ ਬਲਬੀਰ ਸਿੰਘ ਸਮੇਤ ਪੁਲਸ ਪਾਰਟੀ ਇਲਾਕਾ ਥਾਣਾ ਮੌਜੂਦ ਸੀ ਕਿ ਦੋਸ਼ੀ ਚੰਦਰ ਕਾਂਤ, ਮਨਦੀਪ ਸਿੰਘ ਪੁੱਤਰਾਨ ਮਹਿੰਦਰਪਾਲ ਵਾਸੀ ਅਹਿਮਦਾਬਾਦ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਨ੍ਹਾਂ ਪਾਸੋਂ ਬ੍ਰਾਮਦ ਮੋਮੀ ਲਿਫਾਫੇ ਨੂੰ ਚੈੱਕ ਕਰਨ 'ਤੇ ਕੁੱਲ 9 ਗ੍ਰਾਮ 50 ਮਿਲੀਗ੍ਰਾਮ ਹੈਰੋਇਨ ਬ੍ਰਾਮਦ ਕੀਤੀ। ਉਕਤ ਦੋਸ਼ੀਆਂ ਖ਼ਿਲਾਫ਼ ਪੁਲਸ ਨੇ ਐੱਨਡੀਪੀਐੱਸ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਨਸ਼ਾ ਤਸਕਰਾਂ 'ਤੇ ਤਿੱਖੀ ਨਜ਼ਰ ਰੱਖਣ ਲਈ ਲਾਹੌਰੀ ਚੌਕ 'ਚ ਸੀਸੀਟੀਵੀ ਕੈਮਰੇ ਸ਼ੁਰੂ




**ਬਟਾਲਾ, (ਤਰਲੋਕ ਬੱਗਾ)**-ਨਸ਼ਿਆਂ ਵਿਰੁੱਧ ਸਾਂਝੀ ਲੜਾਈ ਨੂੰ ਹੋਰ ਤਿੱਖਾ ਕਰਨ ਲਈ ਐਂਟੀ ਡਰੱਗਜ਼ ਸੋਸ਼ਲ ਵੈੱਲਫੇਅਰ ਸੋਸਾਇਟੀ ਪ੍ਰੇਮ ਨਗਰ ਦਾਰਾ ਸਲਾਮ ਬਟਾਲਾ ਵੱਲੋਂ ਨਸ਼ਿਆਂ ਦੇ ਸੌਦਾਗਰਾਂ 'ਤੇ ਤਿੱਖੀ ਨਜ਼ਰ ਰੱਖਣ ਲਈ ਕੈਮਰੇ ਲਗਾਉਣ ਦੀ ਸ਼ੁਰੂਆਤ ਮੰਦਰ ਦੇ ਸ਼ਾਸਤਰੀ ਪੰਡਿਤ ਸ਼ੰਭੂ ਪ੍ਰਸਾਦ ਦੁਆਰਾ ਰੀਬਨ ਕੱਟ ਕੇ ਲਾਹੌਰੀ ਚੌਕ ਦਾਰਾ ਸਲਾਮ ਤੋਂ ਸ਼ੁਰੂ ਕੀਤੀ ਗਈ ।ਹੁਣ ਇਹ ਲਗਾਏ ਗਏ ਕੈਮਰੇ ਹਰੇਕ ਮਾੜੇ ਕੰਮ ਕਰਨ ਵਾਲੇ ਅੰਸਰਾਂ ਤੇ ਕੜੀ ਨਜ਼ਰ ਰੱਖਣਗੇ ।ਇਹ ਮੁਹੱਲੇ ਦੇ ਚਾਰੇ ਪਾਸੇ ਲਗਾਏ ਕੈਮਰੇ ਵਾਈਫਾਈ ਨਾਲ ਅਟੈਚ ਹੋਣਗੇ ਤੇ ਜ਼ਿੰਮੇਵਾਰ ਆਦਮੀ ਘਰ ਬੈਠੇ ਹੀ ਮਾੜੇ ਅਨਸਰਾਂ 'ਤੇ ਨਜ਼ਰ ਰੱਖਣਗੇ।

ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸੋਸਾਇਟੀ ਦੇ ਆਗੂ ਗੁਰਪ੍ਰੀਤ ਸ਼ਾਨਾ, ਵਿਨੋਦ ਸ਼ਰਮਾ ਅਤੇ ਜੈ ਜੋਸ਼ੀ ਨੇ ਸਾਂਝੇ ਤੌਰ 'ਤੇ ਕੀਤਾ। ਉਨ੍ਹਾਂ ਦੱਸਿਆ ਕਿ ਨਸ਼ਿਆਂ ਦੀ ਤਸਕਰੀ ਕਰਨ ਵਾਲੇ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ ਅਤੇ ਭੋਲੇ ਭਾਲੇ ਨੌਜਵਾਨਾਂ ਨੂੰ ਨਸ਼ਿਆਂ ਦੇ ਰਾਹ ਪਾ ਕੇ ਉਨ੍ਹਾਂ ਨੂੰ ਰਾਹ ਤੋਂ ਭਟਕਾਉਣ ਨੂੰ ਸਹਿਣ ਵੀ ਨਹੀਂ ਕੀਤਾ ਜਾਵੇਗਾ ।ਉਨ੍ਹਾਂ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਸਿਰਫ ਪੰਜਾਬ ਸਰਕਾਰ ਜਾਂ ਪੰਜਾਬ ਪੁਲਸ ਤੱਕ ਸੀਮਤ ਨਹੀਂ ਹੈ ਇਸ ਮਹਿਮ ਦਾ ਹਿੱਸਾ ਬਣਨਾ ਅਤੇ ਪੰਜਾਬ ਦੀ ਧਰਤੀ ਤੋਂ ਨਸ਼ਿਆਂ ਦਾ ਖਾਤਮਾ ਕਰਨਾ ਸਾਡੀ ਸਾਰਿਆਂ ਦੀ ਜ਼ਿੰਮੇਵਾਰੀ ਹੈ।

ਅਸੀਂ ਨਸ਼ਿਆਂ ਖਿਲਾਫ ਲੋਕਾਂ ਨੂੰ ਜਾਗਰੂਕ ਕਰਕੇ ਆਪਣਾ ਫਰਜ਼ ਨਿਭਾ ਰਹੇ ਹਾਂ। ਉਨ੍ਹਾਂ ਕਿਹਾ ਕਿ ਮੁਹੱਲਾ ਵਾਸੀਆਂ ਨੂੰ ਚਾਹੀਦਾ ਹੈ ਕਿ ਨਸ਼ਾ ਤਸਕਰਾਂ ਅਤੇ ਪੀੜਤਾਂ ਦੀ ਜਾਣਕਾਰੀ ਸੁਸਾਇਟੀ ਜਾਂ ਪੁਲਸ ਨੂੰ ਦੇ ਕੇ ਸਾਡੇ ਯਤਨਾਂ ਦਾ ਸਮਰਥਨ ਕਰਨ ਲਈ ਅੱਗੇ ਆਉਣ । ਇਸ ਮੌਕੇ ਗੁਰਪ੍ਰੀਤ ਸਿੰਘ ਸ਼ਾਨਾ ਐੱਮਸੀ, ਪੰਡਿਤ ਸ਼ੰਭੂ ਪ੍ਰਸਾਦ ਸ਼ਰਮਾ, ਵਿਨੋਦ ਸ਼ਰਮਾ, ਸੁਮਨ ਸ਼ਰਮਾ, ਜੈ ਜੋਸ਼ੀ, ਅਮਿਤ ਸ਼ਰਮਾ, ਰਜੇਸ਼ ਸ਼ਰਮਾ ਰਾਜੂ, ਰਕੇਸ਼ ਘੁੱਕ, ਸਤਨਾਮ ਸਿੰਘ, ਪ੍ਰਿੰਸ ਸ਼ਰਮਾ, ਸੁਰਿੰਦਰ ਸਿੰਘ, ਦਲੀਪ ਸਿੰਘ, ਗੁਲਸ਼ਨ, ਰਾਹੁਲ, ਵਿੱਕੀ ਅਨਿਲ ਪ੍ਰਧਾਨ, ਮੇਘ ਰਾਜ, ਆਸੂ ਸ਼ਰਮਾ, ਵੇਦ ਮਹਾਜਨ ਅਤੇ ਬਨਦੀਪ ਸਿੰਘ ਵਾਹਲਾ ਆਦਿ ਮਹਲਾ ਨਿਵਾਸੀ ਹਾਜ਼ਰ ਸਨ।

# ਨਾਜਾਇਜ਼ ਮਾਈਨਿੰਗ ਕਰਾਉਣ ਤੇ ਰਾਇਲਟੀ ਨਾ ਲੈ ਸਕਣ ਵਾਲੇ ਅਧਿਕਾਰੀਆਂ ਵਿਰੁੱਧ ਹੋਵੇਗੀ ਕਾਰਵਾਈ : ਜੌੜਾਮਾਜਰਾ

## * ਧਰਤੀ ਹੇਠਲੇ ਪਾਣੀ ਨੂੰ ਬਚਾਉਣ ਵਿਚ ਕੋਈ ਕੁਤਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ




**ਅੰਮ੍ਰਿਤਸਰ: (ਨਰਿੰਦਰਜੀਤ ਸਿੰਘ)**-ਪੰਜਾਬ ਦੇ ਜਲ ਸਰੋਤ, ਖਣਨ ਤੇ ਭੂ-ਵਿਗਿਆਨ ਅਤੇ ਭੂਮੀ ਤੇ ਜਲ ਸੰਭਾਲ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਨਾਜਾਇਜ਼ ਮਾਈਨਿੰਗ ਕਿਸੇ ਵੀ ਹਾਲਤ ਵਿਚ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਨਾਜਾਇਜ਼ ਮਾਈਨਿੰਗ ਵਿੱਚ ਸ਼ਾਮਲ ਅਤੇ ਰਾਇਲਟੀ ਨਾ ਲੈ ਸਕਣ ਵਾਲੇ ਅਧਿਕਾਰੀਆਂ ਵਿਰੁੱਧ ਸਖਤ ਕਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।ਅੰਮ੍ਰਿਤਸਰ ਵਿਖੇ ਮਾਝੇ ਦੇ ਵਿਧਾਇਕਾਂ ਤੇ ਜਲ ਸਰੋਤ, ਖਣਨ ਤੇ ਭੂ-ਵਿਗਿਆਨ ਅਤੇ ਭੂਮੀ ਤੇ ਜਲ ਸੰਭਾਲ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਉਨ੍ਹਾਂ ਕਿਹਾ ਕਿ ਵੱਡੇ ਪ੍ਰਾਜੈਕਟਾਂ ਵਿਚ ਭਰਤੀ ਪਾਉਣ ਲਈ ਵਰਤੀ ਜਾ ਰਹੀ ਮਿੱਟੀ ਦੀ ਰਾਇਲਟੀ ਵੀ ਸਰਕਾਰੀ ਖਜ਼ਾਨੇ ਵਿਚ ਜਮ੍ਹਾ ਕਰਵਾਉਣੀ ਯਕੀਨੀ ਬਣਾਈ ਜਾਵੇ।ਉਨ੍ਹਾਂ ਕਿਹਾ ਕਿ ਰਾਜ ਵਿਚ ਸੈਂਕੜੇ ਕਿਲੋਮੀਟਰ ਨੈਸ਼ਨਲ ਹਾਈਵੇ ਬਣ ਰਹੇ ਹਨ ਪਰ ਇਨ੍ਹਾਂ ਦੀ ਰਾਇਲਟੀ ਪੂਰੀ ਤਰ੍ਹਾਂ ਜਮ੍ਹਾ ਨਹੀਂ ਹੋ ਰਹੀ।ਇਸ ਲਈ ਇਨ੍ਹਾਂ ਕੰਮਾਂ ਉਤੇ ਨਿਗ੍ਹਾ ਰੱਖ ਕੇ ਇਸ ਦੀ ਬਣਦੀ ਰਾਇਲਟੀ ਲਈ ਜਾਵੇ। ਉਨ੍ਹਾਂ ਸਖਤ ਲਹਿਜੇ ਵਿਚ ਕਿਹਾ ਕਿ ਜਿਸ ਵੀ ਅਧਿਕਾਰੀ ਨੇ ਨਾਜਾਇਜ਼ ਮਾਈਨਿੰਗ ਅਤੇ ਰਾਇਲਟੀ ਦੇ ਮੁੱਦੇ ਉਤੇ ਢਿੱਲ ਵਰਤੀ ਉਸ ਖਿਲਾਫ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।ਪਿਛਲੇ ਸਾਉਣੀ ਸੀਜ਼ਨ ਵਿਚ ਨਹਿਰੀ ਪਾਣੀ ਖੇਤਾਂ ਤੱਕ ਪਹੁੰਚਾਉਣ ਸਬੰਧੀ ਵੇਰਵੇ ਲੈਂਦਿਆਂ ਜੌੜਾਮਾਜਰਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਧਰਤੀ ਹੇਠਲੇ ਪਾਣੀ ਨੂੰ ਆਉਣ ਵਾਲੀਆਂ ਪੀੜ੍ਹੀਆਂ ਲਈ ਬਚਾਉਣ ਦੇ ਉਪਰਾਲੇ ਕਰ ਰਹੀ ਹੈ ਅਤੇ ਇਹ ਕੰਮ ਕੇਵਲ ਤੇ ਕੇਵਲ ਨਹਿਰੀ ਪਾਣੀ ਦੀ ਵਰਤੋਂ ਕਰਕੇ ਹੀ ਹੋ ਸਕਦਾ ਹੈ, ਸੋ ਇਸ ਮੁੱਦੇ ਉਤੇ ਕੋਈ ਕੁਤਾਹੀ ਬਰਦਾਸ਼ਤ ਨਹੀਂ ਹੋਵੇਗੀ।ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਇਸ ਗੰਭੀਰ ਮੁੱਦੇ ਉਤੇ ਸਦਾ ਕੰਨ ਵਲੇਟੀ ਰੱਖੇ ਹਨ, ਜਿਸ ਕਾਰਨ ਨਹਿਰੀ ਪਾਣੀ ਦਾ ਸਾਰਾ ਢਾਂਚਾ ਲਗਭਗ ਤਬਾਹ ਹੋ ਗਿਆ ਸੀ, ਜਿਸ ਨੂੰ ਇਸ ਸਾਉਣੀ ਸੀਜ਼ਨ ਦੌਰਾਨ ਪੂਰੀ ਤਰ੍ਹਾਂ ਲੀਹ ਉਤੇ ਲਿਆ ਕੇ ਹਰੇਕ ਖੇਤ ਤੱਕ ਨਹਿਰੀ ਪਾਣੀ ਪੁੱਜਦਾ ਕੀਤਾ ਜਾਵੇਗਾ।ਉਨ੍ਹਾਂ ਇਹ ਵੀ ਹਦਾਇਤ ਕੀਤੀ ਕਿ ਸੀਜ਼ਨ ਤੋਂ ਬਿਨਾਂ ਜਦੋਂ ਨਹਿਰਾਂ, ਸੂਇਆਂ ਵਿਚ ਆਉਂਦਾ ਪਾਣੀ ਫਸਲਾਂ ਲਈ ਨੁਕਸਾਨਦੇਹ ਸਾਬਤ ਹੁੰਦਾ ਹੈ, ਉਸ ਦੀ ਵਰਤੋਂ ਧਰਤੀ ਹੇਠਲੇ ਪਾਣੀ ਦੀ ਰੀਚਾਰਜਿੰਗ ਲਈ ਕਰਨ ਵਾਸਤੇ ਯੋਜਨਾਬੰਦੀ ਕੀਤੀ ਜਾਵੇ ।ਉਨ੍ਹਾਂ ਕਿਹਾ ਕਿ ਵਿਭਾਗ ਦੇ ਅਧਿਕਾਰੀ ਕੋਈ ਵੀ ਕੰਮ ਲੰਬਿਤ ਨਾ ਰੱਖਣ, ਸਗੋਂ ਜੋ ਕੰਮ ਉਨ੍ਹਾਂ ਦੇ ਘੇਰੇ ਵਿਚ ਨਹੀਂ ਹੋ ਸਕਦੇ, ਉਸ ਲਈ ਵੱਡੇ ਅਧਿਕਾਰੀਆਂ ਨਾਲ ਲਗਾਤਾਰ ਰਾਬਤਾ ਰੱਖ ਕੇ ਇਹ ਕੰਮ ਪੂਰੇ ਕੀਤੇ ਜਾਣ ਤਾਂ ਜੋ ਹਰੇਕ ਖੇਤ ਤੱਕ ਨਹਿਰਾਂ ਦਾ ਪਾਣੀ ਸਮੇਂ ਸਿਰ ਪੁੱਜਦਾ ਕੀਤਾ ਜਾ ਸਕੇ ।ਨਹਿਰਾਂ, ਸੂਇਆਂ ਤੇ ਡਰੇਨ ਨਾਲਿਆਂ ਦੀ ਸਫਾਈ ਬਾਰੇ ਜੌੜਾਮਾਜਰਾ ਨੇ ਦੱਸਿਆ ਕਿ ਸਰਕਾਰ ਨੇ ਇਸ ਕੰਮ ਲਈ 10 ਵੱਡੀਆਂ ਮਸ਼ੀਨਾਂ ਦੀ ਖਰੀਦ ਕਰ ਲਈ ਹੈ ਅਤੇ ਜੇ ਹੋਰ ਲੋੜ ਮਹਿਸੂਸ ਹੋਈ ਤਾਂ ਹੋਰ ਮਸ਼ੀਨਰੀ ਖਰੀਦ ਕਰਕੇ ਇਹ ਕੰਮ ਪੂਰਾ ਕੀਤਾ ਜਾਵੇਗਾ।

ਉਨ੍ਹਾਂ ਦੱਸਿਆ ਕਿ ਪਹਿਲਾਂ ਸਰਕਾਰਾਂ ਇਹ ਕੰਮ ਠੇਕੇਦਾਰਾਂ ਤੋਂ ਕਰਵਾਉਂਦੀਆਂ ਸਨ, ਜੋ ਕੰਮ ਦੀ ਖਾਨਾਪੂਰਤੀ ਕਰਦੇ ਸਨ ਪਰ ਹੁਣ ਮਸ਼ੀਨਾਂ ਖਰੀਦ ਲੈਣ ਨਾਲ ਖਰਚ ਵਿਚ 60 ਫੀਸਦੀ ਬੱਚਤ ਹੋਈ ਹੈ ਅਤੇ ਕੰਮ ਵੀ ਵਧੀਆ ਹੋਣ ਲੱਗਾ ਹੈ ।ਇਸ ਮੌਕੇ ਵਿਧਾਇਕ ਸ਼ੈਰੀ ਕਲਸੀ, ਵਿਧਾਇਕ ਜਸਬੀਰ ਸਿੰਘ ਸੰਧੂ, ਸਹਾਇਕ ਕਮਿਸ਼ਨਰ ਰਮਨ ਬਹਿਲ, ਜਗਰੂਪ ਸਿੰਘ ਸੇਖਵਾਂ, ਸੁਖਜਿੰਦਰਰਾਜ ਸਿੰਘ ਲਾਲੀ ਮਜੀਠੀਆ, ਚੇਅਰਮੈਨ ਬਲਦੇਵ ਸਿੰਘ ਮਿਆਦੀਆਂ, ਚੇਅਰਮੈਨ ਰਣਜੀਤ ਸਿੰਘ ਚੀਮਾ, ਚੇਅਰਮੈਨ ਬਲਬੀਰ ਸਿੰਘ ਪੰਨੂ, ਸ਼ਮਸ਼ੇਰ ਸਿੰਘ ਦੀਨਾਨਗਰ, ਗੁਰਦੀਪ ਸਿੰਘ ਰੰਧਾਵਾ ਅਤੇ ਹੋਰ ਸੀਨੀਅਰ ਨੇਤਾਵਾਂ ਨੇ ਮੀਟਿੰਗ ਵਿਚ ਹਿੱਸਾ ਲਿਆ ਤੇ ਆਪਣੇ ਆਪਣੇ ਇਲਾਕੇ ਦੇ ਮਸਲੇ ਕੈਬਨਿਟ ਮੰਤਰੀ ਨਾਲ ਸਾਂਝੇ ਕੀਤੇ ।

# ਸ਼ਿਪਸ ਇੰਸਟੀਚਿਊਟ ਰਾਣੀ ਵਲਾਹ ਵਿਖੇ ਆਫ਼ਤ ਪ੍ਰਬੰਧਨ 'ਤੇ ਵਰਕਸ਼ਾਪ



**ਚੋਹਲਾ ਸਾਹਿਬ (ਰਮਨ ਚੱਢਾ)**-ਸ਼ਿਪਸ ਗਰੁੱਪ ਆਫ ਇੰਸਟੀਚਿਊਟ ਦੇ ਚੇਅਰਮੈਨ ਗੁਲਵਿੰਦਰ ਸਿੰਘ ਸੰਧੂ ਐਜੂਕੇਸ਼ਨ ਡਾਇਰੈਕਟਰ ਮੈਡਮ ਨਵਦੀਪ ਕੌਰ ਸੰਧੂ ਦੀ ਅਗਵਾਈ ਵਿੱਚ ਚੱਲ ਰਹੀ ਸੰਸਥਾ ਐੱਸ ਹਰਬੰਸ ਸਿੰਘ ਇੰਟਰਨੈਸ਼ਨਲ ਪਬਲਿਕ ਸਕੂਲ ਰਾਣੀ ਵਾਲਾਹ ਵਿਖੇ ਸਕੂਲ ਦੇ ਪ੍ਰਿੰ. ਡਾ. ਸੁਮਨ ਡਡਵਾਲ, ਪ੍ਰਿੰ. ਨਿਰਭੈ ਸਿੰਘ ਸੰਧੂ ਵਲੋਂ ਆਫ਼ਤ ਪ੍ਰਬੰਧਨ ਤੇ ਵਰਕਸ਼ਾਪ ਲਗਾਈ। ਉਨ੍ਹਾਂ ਦੱਸਿਆ ਕਿ ਕੁਦਰਤੀ ਆਫ਼ਤਾਂ ਸਮੁੱਚੇ ਵਾਤਾਵਰਣ ਪ੍ਰਣਾਲੀ ਨੂੰ ਪ੍ਰਭਾਵਿਤ ਕਰਦੀਆਂ ਹਨ ਅਤੇ ਅਧਿਆਪਕਾਂ ਲਈ ਆਫ਼ਤ ਪ੍ਰਬੰਧਨ ਨਾਲ ਨਜਿੱਠਣ ਲਈ ਇਸਦੀ ਜਾਣਕਾਰੀ ਹੋਣੀ ਬਹੁਤ ਮਹੱਤਵਪੂਰਨ ਹੈ ਕਿਉਕਿ ਜਾਣਕਾਰੀ ਵਿਚ ਹੀ ਬਚਾਅ ਹੈ। ਉਨ੍ਹਾਂ ਦੱਸਿਆ ਕਿ ਕਿਵੇਂ ਸਕੂਲ ਵਿਚ ਕੁਝ ਕੁਦਰਤੀ ਅਤੇ ਗੈਰ-ਕੁਦਰਤੀ ਆਫ਼ਤਾਂ ਕਰਕੇ ਜ਼ਿੰਦਗੀਆਂ ਪ੍ਰਭਾਵਿਤ ਹੁੰਦੀਆਂ ਹਨ। ਅਸੀਂ ਇਨ੍ਹਾਂ ਆਫ਼ਤਾਂ ਨੂੰ ਰੋਕ ਤਾਂ ਨਹੀਂ ਸਕਦੇ ਪਰ ਸਹੀ ਤਰੀਕੇ ਅਪਣਾ ਕੇ ਇਨ੍ਹਾਂ ਅਫ਼ਤਾਵਾਂ ਦਾ ਪ੍ਰਭਾਵ ਜ਼ਰੂਰ ਘੱਟ ਕਰ ਸਕਦੇ ਹਾਂ ਜਿਵੇਂ ਕਿ ਅੱਗ ਦੀਆਂ ਸੰਕਟਕਾਲਾਂ, ਹੜ੍ਹਾਂ, ਤੂਫ਼ਾਨ, ਭੂਚਾਲ, ਬਿਮਾਰੀ ਦੇ ਫੈਲਣ ਦੌਰਾਨ ਆਫ਼ਤ ਪ੍ਰਬੰਧਨ ਇੱਕ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ ।ਇਹ ਸੰਕਟਕਾਲੀਨ ਸਥਿਤੀਆਂ ਦੌਰਾਨ ਉਚਿਤ ਪ੍ਰਬੰਧਨ ਲਿਆਉਂਦਾ ਹੈ ਅਤੇ ਜਾਨ ਅਤੇ ਜਾਇਦਾਦ ਦੇ ਨੁਕਸਾਨ ਨੂੰ ਘੱਟ ਤੋਂ ਘੱਟ ਕਰਨਾ ਯਕੀਨੀ ਬਣਾਉਂਦਾ ਹੈ।ਉਨ੍ਹਾਂ ਜ਼ਮੀਨ ਖਿਸਕਣ ਅਤੇ ਇਸ ਦੇ ਖ਼ਤਰਿਆਂ ਬਾਰੇ ਦੱਸਿਆ।ਉਨ੍ਹਾਂ ਦੱਸਿਆ ਕਿ ਵੱਖ-ਵੱਖ ਸਕੂਲਾਂ ਦੇ ਪ੍ਰਿੰਸੀਪਲਾਂ ਅਤੇ ਅਧਿਆਪਕਾਂ ਦੀ ਆਫ਼ਤ ਪ੍ਰਬੰਧਨ ਦੀ ਨੈਤਿਕ ਜ਼ਿੰਮੇਵਾਰੀ ਹੈ ਕਿ ਸਕੂਲ ਵਿਚ ਉਹ ਹੜ੍ਹ, ਭੂਚਾਲ, ਅੱਗ ਵਰਗੀਆਂ ਆਫ਼ਤਾਂ ਨਾਲ ਨਜਿੱਠਣ। ਇਕ ਬਹੁ-ਮੰਜ਼ਿਲਾ ਇਮਾਰਤਾਂ ਵਾਲੇ ਸਕੂਲਾਂ ਵਿੱਚ ਨਿਕਾਸੀ ਦੇ ਬਿਹਤਰ ਪ੍ਰਬੰਧ ਅਤੇ ਰਣਨੀਤੀ ਨਾਲ ਦੁਰਘਟਨਾ ਦੀ ਸਥਿਤੀ ਵਿੱਚ ਬੱਚਿਆਂ ਨੂੰ ਜਲਦੀ ਤੋਂ ਜਲਦੀ ਬਾਹਰ ਕੱਢਿਆ ਜਾ ਸਕਦਾ । ਉਨ੍ਹਾਂ ਕਿਹਾ ਕਿ ਸਕੂਲਾਂ ਵਿਚ ਵਧੀਆ ਐਮਰਜੈਂਸੀ ਪ੍ਰਬੰਧਾਂ ਅਤੇ ਨੀਤੀਆਂ ਨਾਲ ਬਹੁ ਕੀਮਤੀ ਜਾਨਾਂ ਬਚਾਈਆਂ ਜਾ ਸਕਦੀਆਂ ਹਨ। ਉਨ੍ਹਾਂ ਅਧਿਆਪਕਾਂ ਨੂੰ ਸੁਚੇਤ ਕਰਦਿਆਂ ਕਿਹਾ ਕਿ ਭਵਿੱਖ ਵਿੱਚ ਸਕੂਲਾਂ ਵਿਚ ਉਨ੍ਹਾਂ ਦੀ ਸੂਝਬੂਝ ਨਾਲ ਕਈ ਆਫ਼ਤਾਂ ਨਾਲ ਨਜਿੱਠਿਆ ਜਾ ਸਕਦਾ ਹੈ ।

10-JAN-PAGE-12.qxd 1/9/2024 10:42 PM Page 1



# ਸਮਰਾਏ ਸੁਸਾਇਟੀ ਖਿਲਾਫ ਧਰਨਾ 150ਵੇਂ ਦਿਨ 'ਚ ਦਾਖਲ

## ਪੀੜਤ ਕਿਸਾਨਾਂ ਨੇ ਰੋਸ ਵਜੋਂ ਕੱਢੀ ਡੇਰਾ ਬਾਬਾ ਨਾਨਕ 'ਚ ਟਰੈਕਟਰ ਰੈਲੀ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**
ਕੋਆਪਰੇਟਿਵ ਬੈਂਕ ਸਾਖਾ ਡੇਰਾ ਬਾਬਾ ਨਾਨਕ ਦੀ ਕੋਆਪਰੇਟਿਵ ਸੁਸਾਇਟੀ ਸਮਰਾਏ ਖਿਲਾਫ ਅਣਮਿੱਥੇ ਸਮੇ ਲਈ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੇ ਜ਼ਿਲ੍ਹਾ ਪ੍ਰਧਾਨ ਸ: ਪਲਵਿੰਦਰ ਸਿੰਘ ਮਠੋਲਾ ਦੀ ਅਗਵਾਈ ਹੇਠ ਚੱਲ ਰਿਹਾ ਧਰਨਾ 150ਵੇਂ ਦਿਨ ਵਿੱਚ ਦਾਖਲ ਹੋ ਗਿਆ। ਸਮਰਾਏ ਸੋਸਾਇਟੀ ਦੇ ਖਿਲਾਫ ਕੋਆਪਰੇਟਿਵ ਬੈਂਕ ਅੱਗੇ ਧਰਨਾ ਦੇ ਰਹੇ ਧਰਨਾਕਾਰੀਆਂ ਨੇ ਅੱਜ ਬੈਂਕ ਦੀ ਬਰਾਂਚ ਦੇ ਬਾਹਰ ਮੇਨ ਰੋਡ 'ਤੇ ਵੱਡੀ ਗਿਣਤੀ ਵਿੱਚ ਟਰੈਕਟਰ ਲਗਾ ਕੇ ਰੋਡ ਜਾਮ ਕਰ ਦਿੱਤਾ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਪਲਵਿੰਦਰ ਸਿੰਘ ਮਠੋਲਾ, ਹਰਜੀਤ ਸਿੰਘ ਬਲਾਕ ਪ੍ਰਧਾਨ ਦੀਨਾਨਗਰ, ਲਖਵਿੰਦਰ ਸਿੰਘ ਬਲਾਕ ਪ੍ਰਧਾਨ ਬਟਾਲਾ, ਇੰਸਪੈਕਟਰ ਕਰਮ ਸਿੰਘ ਬਲਾਕ ਪ੍ਰਧਾਨ ਕਾਦੀਆਂ, ਸੁਖਦੇਵ ਸਿੰਘ ਤਪਾਲਾ ਬਲਾਕ ਪ੍ਰਧਾਨ ਡੇਰਾ ਬਾਬਾ ਨਾਨਕ ਅਤੇ ਜ਼ਿਲ੍ਹਾ ਸਲਾਹਕਾਰ ਬਲਵਿੰਦਰ ਸਿੰਘ ਨੇ ਧਰਨੇ ਨੂੰ ਸੰਬੋਧਨ ਕਰਦਿਆਂ ਕਿਹਾ ਕਿ 2013-2014 ਵਿੱਚ ਪੀੜਤ ਕਿਸਾਨਾਂ ਦਾ ਕਰਜ਼ਾ 6 ਕਰੋੜ ਸੀ ਤੇ ਹੁਣ ਇਹ ਵਧ ਕੇ 13 ਕਰੋੜ ਹੋ ਚੁੱਕਾ ਹੈ, ਇਸ ਵਿੱਚ ਸਮਰਾਏ ਸੋਸਾਇਟੀ ਦੇ ਸੈਕਟਰੀ ਅਤੇ ਬੈਂਕ ਅਧਿਕਾਰੀਆਂ ਵੱਲੋਂ ਮਿਲੀਭੁਗਤ ਕਰਕੇ ਗਰੀਬ ਕਿਸਾਨਾਂ ਨਾਲ ਧੋਖਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਬੈਂਕ ਦੇ ਉੱਚ ਅਧਿਕਾਰੀਆਂ ਕੋਲੋਂ ਆਪਣਾ ਹੱਕ ਲੈਣ ਲਈ ਅਤੇ ਬੈਂਕ ਖਿਲਾਫ ਕਿਸਾਨਾਂ ਵੱਲੋਂ ਧਰਨਾ ਲਗਾਤਾਰ ਚਲਾਇਆ ਜਾ ਰਿਹਾ ਹੈ ਪਰ ਅੱਜ ਤੱਕ ਕਿਸੇ ਵੀ ਅਧਿਕਾਰੀ ਦੇ ਕੰਨ 'ਤੇ ਜੂੰ ਨਹੀਂ ਸਰਕ ਰਹੀ। ਉਨ੍ਹਾਂ ਕਿਹਾ ਕਿ ਸਾਡਾ ਸਬਰ ਦਾ ਪਿਆਲਾ ਭਰ ਚੁੱਕਿਆ ਹੈ। ਇਸ ਲਈ ਕਿਸਾਨਾਂ ਦਾ ਮਸਲਾ 10 ਤੋਂ 15 ਦਿਨਾਂ ਵਿੱਚ ਹੱਲ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਜੇਕਰ ਸਾਡੀਆਂ ਮੰਗਾਂ ਨਾ ਮੰਨੀਆਂ ਗਈਆਂ ਤਾਂ ਸਾਡੀ ਜਥੇਬੰਦੀ ਵੱਲੋਂ ਕਿਸਾਨਾਂ ਨੂੰ ਇਨਸਾਫ ਦਿਵਾਉਣ ਲਈ ਕਿਸਾਨ ਤੇ ਮਜਦੂਰ ਜਥੇਬੰਦੀ ਨੂੰ ਨਾਲ ਲੈ ਕੇ ਕੁਝ ਦਿਨਾਂ ਬਾਅਦ ਜੀਵਨਵਾਲ ਬੱਬਰੀ ਚੌਂਕ ਵਿੱਚ ਬਾਈਪਾਸ ਗੁਰਦਾਸਪੁਰ ਜੰਮੂ ਨੈਸ਼ਨਲ ਹਾਈਵੇਜ ਰੋਡ ਜ਼ਿਲ੍ਹੇ ਭਰ ਤੋਂ ਟਰੈਕਟਰ ਲਿਆ ਕੇ ਮੁਕੰਮਲ ਤੌਰ 'ਤੇ ਬੰਦ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜਿੰਨਾ ਚਿਰ ਤੱਕ ਸਮਰਾਏ ਸੁਸਾਇਟੀ ਪੀੜਤ ਕਿਸਾਨਾਂ ਦੇ ਪੈਸੇ ਵਾਪਸ ਨਹੀਂ ਕਰਦੀ ਤੇ ਕਿਸਾਨਾਂ ਨੂੰ ਉਨ੍ਹਾਂ ਦੀਆਂ ਜ਼ਮੀਨਾ ਦੇ ਐਨਓਸੀ ਜਾਰੀ ਨਹੀਂ ਕਰਦੀ ਉਦੋ ਤੱਕ ਕੋਆਪਰੇਟਿਵ ਬੈਂਕ ਡੇਰਾ ਬਾਬਾ ਨਾਨਕ ਅੱਗੇ ਚੱਲ ਰਿਹਾ ਇਹ ਧਰਨਾ ਨਿਰੰਤਰ ਜਾਰੀ ਰਹੇਗਾ। ਉਨ੍ਹਾਂ ਕਿਹਾ ਕਿ ਅੱਜ ਸਿਰਫ ਡੇਰਾ ਬਾਬਾ ਨਾਨਕ ਬਲਾਕ ਦੇ ਟਰੈਕਟਰਾਂ 'ਤੇ ਰੋਸ ਰੈਲੀ ਕੱਢੀ ਗਈ ਹੈ, ਫਿਰ ਪੂਰੇ ਜ਼ਿਲ੍ਹੇ ਦੇ ਟਰੈਕਟਰ ਮੰਗਵਾ ਕੇ ਟਰੈਕਟਰ ਰੋਸ ਰੈਲੀ ਕੱਢੀ ਜਾਵੇਗੀ। ਇਸ ਮੌਕੇ ਪੀੜਤ ਕਿਸਾਨਾਂ ਵੱਲੋਂ ਸਮਰਾਏ ਸੁਸਾਇਟੀ ਅਧੀਨ ਆਉਂਦੇ 9 ਪਿੰਡਾਂ ਦੇ 60 ਟਰੈਕਟਰਾਂ ਉੱਤੇ ਡੇਰਾ ਬਾਬਾ ਨਾਨਕ ਕਸਬੇ ਦੀ ਪਰਿਕਰਮਾ ਕਰਕੇ ਰੋਸ ਰੈਲੀ ਕੀਤੀ ਗਈ ਤੇ ਬੈਂਕ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਖਿਲਾਫ ਜੰਮ ਕੇ ਨਾਅਰੇਬਾਜ਼ੀ ਵੀ ਕੀਤੀ ਗਈ। ਇਸ ਮੌਕੇ ਉਨ੍ਹਾਂ ਨੇ ਬੈਂਕ ਦੇ ਉੱਚ ਅਧਿਕਾਰੀਆ ਕੋਲੋਂ ਜ਼ਿਲ੍ਹਾ ਮੈਨੇਜਰ ਕਵਿਤਾ ਬੇਦੀ, ਏਰੀਆ ਮੈਨੇਜਰ ਅਜੇਪਾਲ ਸਿੰਘ, ਮੈਨੇਜਰ ਨਵਰਾਜ ਸਿੰਘ, ਮੈਨੇਜਰ ਪਵਨ ਕੁਮਾਰ, ਸੋਸਾਇਟੀ ਸੈਕਟਰੀ ਰਜਿੰਦਰ ਕੁਮਾਰ ਸ਼ਰਮਾ ਖਿਲਾਫ ਵੀ ਕਾਰਵਾਈ ਕਰਨ ਦੀ ਮੰਗ ਵੀ ਕੀਤੀ। ਇਸ ਮੌਕੇ ਜੋਗਾ ਸਿੰਘ ਮਾਨ, ਸੁੱਚਾ ਸਿੰਘ ਮਾਨ, ਗੁਲਜ਼ਾਰ ਸਿੰਘ ਮਾਨ, ਭਗਵੰਤ ਸਿੰਘ ਮਾਨ, ਬੱਲੀ ਸਿੰਘ ਸਮਰਾਵਾਂ, ਬਾਬਾ ਜੋਗਿੰਦਰ ਸਿੰਘ ਤਪਾਲਾ, ਸੁਖਵੰਤ ਸਿੰਘ ਚੌੜਾ ਬਾਜਵਾ, ਗੁਰਨਾਮ ਸਿੰਘ ਸਮਰਾਵਾਂ, ਲੱਖਾ ਸਿੰਘ ਖਲੀਲਪੁਰ, ਕਰਮਜੀਤ ਸਿੰਘ ਚੌੜਾ ਬਾਜਵਾ, ਸਹਿਲਪ੍ਰੀਤ ਸਿੰਘ ਬਾਜਵਾ, ਬੀਰ ਸਿੰਘ ਤਲਵੰਡੀ, ਰਾਮ ਸਿੰਘ ਤਲਵੰਡੀ, ਅਜੀਤ ਸਿੰਘ ਤਲਵੰਡੀ, ਤੇਜਵੰਤ ਸਿੰਘ ਤਲਵੰਡੀ, ਬਲਵਿੰਦਰ ਸਿੰਘ, ਸਤਪਾਲ ਸਿੰਘ, ਗੋਰਾ ਸਿੰਘ ਚੌੜਾ, ਬਖਸ਼ੀਸ਼ ਸਿੰਘ ਮਸਰਾਲਾ, ਆਸਾ ਸਿੰਘ ਤਲਵੰਡੀ, ਟਹਿਲ ਸਿੰਘ ਚੌੜਾ, ਸੁਲੱਖਣ ਸਿੰਘ ਚੌੜਾ ਬਾਜਵਾ, ਚਰਨ ਸਿੰਘ ਰਾਮਪੁਰ, ਨਿਰਵੈਰ ਸਿੰਘ ਤਪਾਲਾ, ਹਰਭਜਨ ਸਿੰਘ ਤਪਾਲਾ, ਸੁਖਬੀਰ ਸਿੰਘ ਤਪਾਲਾ, ਦੀਵਾਨ ਸਿੰਘ ਸਮਰਾਵਾਂ, ਬਾਬਾ ਤਰਸੇਮ ਸਿੰਘ ਨਿਹੰਗ, ਲਖਬੀਰ ਸਿੰਘ ਆੜ੍ਹਤੀ, ਡਾ: ਰਾਜਵਿੰਦਰ ਸਿੰਘ ਸਮਰਾ, ਹਰਦੀਪ ਸਿੰਘ ਸੱਬਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕਿਸਾਨ ਹਾਜ਼ਰ ਸਨ।

# ਕ੍ਰਿਕਟਰ ਤੇ 'ਆਪ' ਸੰਸਦ ਮੈਂਬਰ ਹਰਭਜਨ ਸਿੰਘ ਵੱਲੋਂ ਹੰਸਰਾਜ ਬੈਡਮਿੰਟਨ ਸਟੇਡੀਅਮ ਨੂੰ 15.60 ਲੱਖ ਦੀ ਗ੍ਰਾਂਟ



**ਜਲੰਧਰ :** ਕ੍ਰਿਕਟਰ ਅਤੇ ਆਮ ਆਦਮੀ ਪਾਰਟੀ ਦੇ ਸੰਸਦ ਮੈਂਬਰ ਹਰਭਜਨ ਸਿੰਘ ਨੇ ਰਾਏਜ਼ਾਦਾ ਹੰਸਰਾਜ ਬੈਡਮਿੰਟਨ ਸਟੇਡੀਅਮ ਵਿਖੇ ਬਣਾਏ ਜਾ ਰਹੇ ਜਿਮਨੇਜ਼ੀਅਮ ਲਈ ਨਵੀਂ ਆਧੁਨਿਕ ਮਸ਼ੀਨਰੀ ਖਰੀਦਣ ਲਈ ਆਪਣੇ ਐਮ.ਪੀ.ਲੈਡ ਫੰਡ ਵਿੱਚੋਂ 15.60 ਲੱਖ ਰੁਪਏ ਦੀ ਗ੍ਰਾਂਟ ਦਿੱਤੀ ਹੈ। ਇਸ ਸਬੰਧੀ ਪੱਤਰ ਸੰਸਦ ਮੈਂਬਰ ਹਰਭਜਨ ਸਿੰਘ ਨੇ ਰਿਤਿਨ ਖੰਨਾ ਸਕੱਤਰ ਡੀ.ਬੀ.ਏ. ਨੂੰ ਸੌਂਪਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਬੈਡਮਿੰਟਨ ਐਸੋਸੀਏਸ਼ਨ ਦੇ ਸਕੱਤਰ ਅਤੇ ਸਾਬਕਾ ਕੌਮੀ ਖਿਡਾਰੀ ਰਿਤਿਨ ਖੰਨਾ ਨੇ ਦੱਸਿਆ ਕਿ ਡੀ. ਬੀ. ਏ. ਕੋਲ ਨਵੀਂ ਮਸ਼ੀਨਰੀ ਖਰੀਦਣ ਲਈ ਫੰਡ ਦੀ ਕਮੀ ਸੀ। ਇਸ ਲਈ ਸੰਸਦ ਮੈਂਬਰ ਹਰਭਜਨ ਸਿੰਘ ਨਾਲ ਮੁਲਾਕਾਤ ਕਰਕੇ ਗਰਾਂਟ ਦੀ ਮੰਗ ਕੀਤੀ ਗਈ। ਦਰਅਸਲ, ਹਰਭਜਨ ਸਿੰਘ ਦੀ ਹੰਸਰਾਜ ਬੈਡਮਿੰਟਨ ਸਟੇਡੀਅਮ ਨਾਲ ਪੁਰਾਣੀ ਸਾਂਝ ਹੈ। ਆਪਣੇ ਕਰੀਅਰ ਦੇ ਸ਼ੁਰੂਆਤੀ ਦਿਨਾਂ ਵਿੱਚ ਉਹ ਇੱਥੇ ਬੈਡਮਿੰਟਨ ਖੇਡਣ ਅਤੇ ਫਿਟਨੈਸ ਸਿਖਲਾਈ ਲਈ ਆਉਂਦੇ ਸਨ। ਖੰਨਾ ਨੇ ਦੱਸਿਆ ਕਿ ਹਰਭਜਨ ਸਿੰਘ ਨੇ ਤੁਰੰਤ ਸਾਡੀ ਬੇਨਤੀ ਪ੍ਰਵਾਨ ਕਰਦਿਆਂ ਡਿਪਟੀ ਕਮਿਸ਼ਨਰ ਨੂੰ ਹਦਾਇਤ ਕੀਤੀ ਕਿ ਫੰਡ ਪੀ. ਡਬਲਯੂ. ਡੀ. ਨੂੰ ਭੇਜੇ ਜਾਣ। ਇਸ ਗ੍ਰਾਂਟ ਨਾਲ ਸਟੇਡੀਅਮ ਦੇ ਨਵੇਂ ਜਿਮ ਨੂੰ ਵਿਸ਼ਵ ਪੱਧਰੀ ਜਿਮਨੇਜ਼ੀਅਮ ਸਾਜ਼ੋ-ਸਮਾਨ ਲਿਆ ਜਾਵੇਗਾ, ਜਿਸ ਵਿੱਚ ਟਰੇਡਮਿਲ, ਕਰਾਸ ਟਰੇਨਰ, ਸਾਈਕਲ, ਕੇਬਲ ਕਰਾਸ ਅਤੇ ਕਈ ਤਰ੍ਹਾਂ ਦੀ ਮਸ਼ੀਨਰੀ ਸ਼ਾਮਲ ਹੈ। ਇਸ ਮਸ਼ੀਨਰੀ ਦਾ ਖਿਡਾਰੀਆਂ ਨੂੰ ਬਹੁਤ ਫਾਇਦਾ ਹੋਵੇਗਾ, ਕਿਉਂਕਿ ਬੈਡਮਿੰਟਨ ਖਿਡਾਰੀਆਂ ਲਈ ਵੇਟ ਟਰੇਨਿੰਗ ਬਹੁਤ ਜ਼ਰੂਰੀ ਹੈ। ਮੈਂਬਰ ਸਕੱਤਰ ਖੰਨਾ ਨੇ ਜਲੰਧਰ ਦੇ ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ, ਆਈ.ਏ.ਐਸ. ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਇਹ ਗ੍ਰਾਂਟ ਪ੍ਰਾਪਤ ਕਰਨ ਵਿੱਚ ਡੀ.ਬੀ.ਏ. ਦੀ ਸਹਾਇਤਾ ਕੀਤੀ। ਪਿਛਲੇ 4 ਸਾਲਾਂ 'ਚ ਸਟੇਡੀਅਮ ਦੇ ਕਾਇਆਕਲਪ 'ਤੇ 85 ਲੱਖ ਰੁਪਏ ਖਰਚ ਕੀਤੇ ਗਏ ਹਨ ਅਤੇ ਇਸ 'ਚ ਨਵੇਂ ਸਿੰਥੈਟਿਕ ਕੋਰਟ, ਯੋਗਾ ਐਰੋਬਿਕਸ ਸੈਂਟਰ, ਫਿਜ਼ੀਓਥੈਰੇਪੀ ਸੈਂਟਰ, ਸਪੋਰਟਸ ਸ਼ਾਪ ਅਤੇ ਰੈਸਟੋਰੈਂਟ ਸ਼ਾਮਲ ਹਨ।

# ਕਰਜ਼ੇ ਤੋਂ ਦੁਖੀ ਨੌਜਵਾਨ ਕਿਸਾਨ ਵੱਲੋਂ ਜ਼ਹਿਰੀਲੀ ਦਵਾਈ ਪੀ ਕੇ ਖੁਦਕੁਸ਼ੀ

**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**



ਵਿਧਾਨ ਸਭਾ ਹਲਕਾ ਖੇਮਕਰਨ ਅਧੀਨ ਪੈਂਦੇ ਪਿੰਡ ਮਾਨ ਤੋਂ ਰਵਿੰਦਰ ਸਿੰਘ (23) ਨਾਮਕ ਨੌਜਵਾਨ ਕਿਸਾਨ ਜੋ ਕਥਿਤ ਤੌਰ 'ਤੇ ਕਰਜ਼ੇ ਤੋਂ ਤੰਗ ਸੀ, ਵੱਲੋਂ ਜ਼ਹਿਰੀਲੀ ਦਵਾਈ ਨਿਗਲ ਕੇ ਆਪਣੀ ਜੀਵਨ ਲੀਲਾ ਸਮਾਪਤ ਕਰ ਲੈਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਮ੍ਰਿਤਕ ਨੌਜਵਾਨ ਦੇ ਪਿਤਾ ਸੁਖਦੇਵ ਸਿੰਘ ਨੇ ਦੱਸਿਆ ਕਿ ਮੁੱਠਿਆਂ ਵਾਲਾ ਪਿੰਡ ਜੋ ਬਿਆਸ ਦਰਿਆ ਦੇ ਨੇੜੇ ਹੈ, 'ਚ ਉਨ੍ਹਾਂ ਦੀ ਕਰੀਬ ਦਸ ਕਿੱਲੇ ਜ਼ਮੀਨ ਹੈ। ਸੁਖਦੇਵ ਸਿੰਘ ਨੇ ਦੱਸਿਆ ਕਿ ਬੀਤੇ ਦਿਨੀਂ ਆਏ ਹੜ੍ਹਾਂ ਕਾਰਨ ਪਹਿਲਾਂ ਉਨ੍ਹਾਂ ਦੀ ਝੋਨੇ ਦੀ ਫਸਲ ਬਰਬਾਦ ਹੋ ਗਈ ਸੀ, ਜਿਸ ਤੋਂ ਬਾਅਦ ਪਾਣੀ ਦਾ ਪੱਧਰ ਨੀਵਾਂ ਹੋਣ ਮਗਰੋਂ ਉਨ੍ਹਾਂ ਨੇ ਫਿਰ ਝੋਨੇ ਦੀ ਫਸਲ ਬੀਜੀ ਸੀ, ਪ੍ਰੰਤੂ ਦੁਬਾਰਾ ਪਾਣੀ ਆਉਣ ਕਾਰਨ ਦੂਜੀ ਵਾਰ ਫਿਰ ਉਨ੍ਹਾਂ ਦੀ ਫਸਲ ਬਰਬਾਦ ਹੋ ਗਈ ਅਤੇ ਫਿਰ ਸਰ੍ਹੋਂ ਅਤੇ ਕਣਕ ਦੀ ਫਸਲ ਵੀ ਖਰਾਬ ਹੋ ਗਈ ਸੀ। ਸੁਖਦੇਵ ਸਿੰਘ ਨੇ ਦੱਸਿਆ ਕਿ ਫਸਲਾਂ ਦੇ ਖਰਾਬੇ ਅਤੇ ਉਨ੍ਹਾਂ ਦੇ ਸਿਰ 'ਤੇ 25 ਲੱਖ ਰੁਪਏ ਦੇ ਕਰਜ਼ੇ ਨੂੰ ਲੈ ਕੇ ਰਵਿੰਦਰ ਡੂੰਘੇ ਤਣਾਅ 'ਚੋਂ ਗੁਜ਼ਰ ਰਿਹਾ ਸੀ, ਜਿਸ ਕਾਰਨ ਟੈਨਸ਼ਨ 'ਚ ਆ ਕੇ ਰਵਿੰਦਰ ਸਿੰਘ ਨੇ ਖੇਤਾਂ ਵਿੱਚ ਪਈ ਜ਼ਹਿਰੀਲੀ ਦਵਾਈ ਨਿਗਲ ਕੇ ਖੁਦਕੁਸ਼ੀ ਕਰ ਲਈ। ਇਸ ਮੌਕੇ ਮ੍ਰਿਤਕ ਰਵਿੰਦਰ ਸਿੰਘ ਦੀ ਪਤਨੀ ਬਲਜੀਤ ਕੌਰ ਨੇ ਦੱਸਿਆ ਕਿ ਉਨ੍ਹਾਂ ਦਾ ਇੱਕ ਛੋਟਾ ਬੱਚਾ ਜੋ ਸਕੂਲ ਵਿੱਚ ਪੜ੍ਹਦਾ ਹੈ, ਦੀ ਸਕੂਲ ਫੀਸ ਵੀ ਉਨ੍ਹਾਂ ਤੋਂ ਨਹੀਂ ਦਿੱਤੀ ਜਾ ਰਹੀ ਸੀ। ਇਸ ਮੌਕੇ ਮ੍ਰਿਤਕ ਨੌਜਵਾਨ ਦੇ ਪਰਿਵਾਰਕ ਮੈਂਬਰਾਂ ਨੇ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਹੈ ਕਿ ਉਨ੍ਹਾਂ ਦੇ ਸਿਰ ਚੜ੍ਹੇ ਕਰਜ਼ੇ ਨੂੰ ਮਾਫ ਕੀਤਾ ਜਾਵੇ।

# ਅਲੱਗ-ਅਲੱਗ ਤਿੰਨ ਮਾਮਲਿਆਂ 'ਚ ਤਸਕਰ ਕਾਬੂ

## ਨਸ਼ੀਲੀ ਗੋਲੀਆਂ, ਹੈਰੋਇਨ ਤੇ ਸ਼ਰਾਬ ਬਰਾਮਦ



**ਜਗਰਾਉਂ (ਅਮਿਤ ਖੰਨਾ)**
ਲੁਧਿਆਣਾ ਦਿਹਾਤੀ ਦੇ ਐਸਐਸਪੀ ਵੱਲੋਂ ਚਲਾਈ ਗਈ ਨਸ਼ਾ ਤੇ ਨਜਾਇਜ ਸ਼ਰਾਬ ਦੇ ਤਸਕਰਾਂ ਨੂੰ ਕਾਬੂ ਕਰਕੇ ਸਲਾਖਾਂ ਪਿੱਛੇ ਡੱਕਣ ਵਾਲੀ ਮੁਹਿੰਮ ਅਧੀਨ ਅੱਜ ਥਾਣਾ ਸਿਟੀ ਜਗਰਾਓ ਵੱਲੋਂ ਤਿੰਨ ਅਲੱਗ-ਅਲੱਗ ਮਾਮਲਿਆਂ ਵਿੱਚ ਨਸ਼ੇ ਵਾਲੀਆਂ ਗੋਲੀਆਂ, ਹੈਰੋਇਨ ਅਤੇ ਸ਼ਰਾਬ ਦੇ ਅਲੱਗ ਅਲੱਗ ਤਿੰਨ ਮਾਮਲੇ ਦਰਜ ਕੀਤੇ ਗਏ ਹਨ ਅਤੇ ਤਿੰਨ ਤਸਕਰਾਂ ਨੂੰ ਕਾਬੂ ਕੀਤੇ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ।ਇਨ੍ਹਾਂ ਬਾਰੇ ਜਾਣਕਾਰੀ ਦਿੰਦਿਆਂ ਹੋਇਆਂ ਥਾਣਾ ਸਿਟੀ ਦੇ ਇੰਚਾਰਜ ਇੰਸਪੈਕਟਰ ਸੰਜੀਵ ਕਪੂਰ ਨੇ ਦੱਸਿਆ ਕਿ ਏਐਸਆਈ ਗੁਰਿੰਦਰਪਾਲ ਸਿੰਘ ਸਾਥੀ ਕਰਮਚਾਰੀਆ ਦੇ ਨਾਲ ਸ਼ੱਕੀ ਪੁਰਸ਼ਾ ਦੇ ਸਬੰਧ ਵਿੱਚ ਅੱਡਾ ਰਾਏਕੋਟ ਜਗਰਾਉ ਮੌਜੂਦ ਸੀ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਸੰਦੀਪ ਕੁਮਾਰ ਉਰਫ ਸੋਨੂੰ ਪੁੱਤਰ ਅਮਰਨਾਥ ਵਾਸੀ ਨੇੜੇ ਫਿਲੀ ਗੇਟ, ਅਗਵਾੜ ਲਧਾਈ ਜਗਰਾਂਓ, ਨੇੜੇ ਪੁਰਾਣਾ ਹਸਪਤਾਲ ਜਗਰਾਉਂ, ਜੋ ਨਸ਼ੀਲੀਆਂ ਗੋਲੀਆਂ ਤੇ ਕੈਪਸੂਲ ਵੇਚਣ ਦਾ ਧੰਦਾ ਕਰਦਾ ਹੈ।ਮੁਖਬਰ ਦੀ ਇਤਲਾਹ ਉੱਪਰ ਦੋਸ਼ੀ ਨੂੰ ਮੌਕੇ ਤੋਂ ਹੀ ਕਾਬੂ ਕੀਤਾ ਗਿਆ ਜਿਸ ਕੋਲੋਂ 70 ਨਸ਼ੀਲੀਆਂ ਗੋਲੀਆਂ ਬਿਪਰਨੋਰ ਫਾਈਨ ਦੋ ਮਿਲੀਗ੍ਰਾਮ ਨਿਲਕਸਵਨ 0.5 ਮਿਲੀਗ੍ਰਾਮ ਸਬਲੀ ਗੈਗੁਲ ਗੋਲੀਆਂ ਅਤੇ 120 ਨਸ਼ੀਲੇ ਕੈਪਸੂਲ ਟਰਾਮਾ ਡੋਲ ਬਰਾਮਦ ਕੀਤੇ ਗਏ ਹਨ। ਇਸੇ ਤਰ੍ਹਾਂ ਦੂਜੇ ਮਾਮਲੇ ਵਿੱਚ ਏਐਸਆਈ ਸੁਖਵਿੰਦਰ ਸਿੰਘ ਸਮੇਤ ਸਾਥੀ ਕ੍ਰਮਚਾਰੀਆਂ ਦੇ ਸਪੈਸਲ ਚੈਕਿੰਗ ਕੋਰਡਨ ਐਂਡ ਸਰਚ ਆਪਰੇਸ਼ਨ ਅਤੇ ਚੈਕਿੰਗ ਸੱਕੀ ਪੁਰਸ਼ਾ ਦੇ ਸਬੰਧ ਵਿੱਚ ਮੇਨ ਚੌਕ ਚੂੰਗੀ ਨੰਬਰ 5 ਮੌਜੂਦ ਸੀ ਤਾਂ ਉਨ੍ਹਾਂ ਨੂੰ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਸੁਖਵਿੰਦਰ ਸਿੰਘ ਉਰਫ ਲੱਕੀ ਪੁੱਤਰ ਸੁਰਿੰਦਰ ਸਿੰਘ ਵਾਸੀ ਮੁਹੱਲਾ ਮਾਈ ਜੀਨਾਂ ਜਗਰਾਉ, ਜੋ ਕਿ ਜਗਰਾਉਂ ਸਹਿਰ ਦੇ ਏਰੀਆ ਵਿੱਚ ਹੈਰੋਇਨ ਵੇਚਣ ਦਾ ਕੰਮ ਕਰਦਾ ਹੈ, ਉਕਤ ਸੁਖਵਿੰਦਰ ਸਿੰਘ ਨੂੰ ਵੀ ਸ਼ਮਸ਼ਾਨ ਘਾਟ ਕੋਠੇ ਖੰਜੂਰਾ ਜਗਰਾਉ ਦੀ ਕੰਧ ਪਰ ਬੈਠੇ ਗਾਹਕਾਂ ਦੀ ਉਡੀਕ ਕਰ ਰਹੇ ਨੂੰ ਕਾਬੂ ਕੀਤਾ ਗਿਆ ਜਿਸ ਪਾਸੋਂ ਚਾਰ ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ।

ਇਸ ਤੋਂ ਇਲਾਵਾ ਤੀਜੇ ਮਾਮਲੇ ਬਾਰੇ ਦੱਸਦਿਆਂ ਹੋਇਆਂ ਇੰਸਪੈਕਟਰ ਸੰਜੀਵ ਕਪੂਰ ਨੇ ਦੱਸਿਆ ਕਿ ਏਐਸਆਈ ਜੋਰਾਵਰ ਸਿੰਘ ਆਪਣੇ ਸਾਥੀਆਂ ਨਾਲ ਕੋਠੇ ਖਜੂਰਾਂ ਸ਼ਮਸ਼ਾਨ ਘਾਟ ਦੇ ਨਜ਼ਦੀਕ ਮੌਜੂਦ ਸਨ ਤਾਂ ਉਹਨਾਂ ਨੂੰ ਵੀ ਇਤਲਾਅ ਮਿਲੀ ਕਿ ਸੁਖਚੈਨ ਸਿੰਘ ਉਰਫ ਚੰਨੀ ਪੁੱਤਰ ਅਵਤਾਰ ਸਿੰਘ ਜੋ ਪੰਜ ਨੰਬਰ ਚੁੰਗੀ ਦੇ ਨੇੜੇ ਰਹਿੰਦਾ ਹੈ ਅਤੇ ਬਾਹਰਲੇ ਠੇਕਿਆਂ ਤੋਂ ਸ਼ਰਾਬ ਲਿਆ ਕੇ ਇਲਾਕੇ ਵਿੱਚ ਵੇਚਣ ਦਾ ਧੰਦਾ ਕਰਦਾ ਹੈ, ਜਿਸ ਨੂੰ ਗਗੜੇ ਤੋਂ ਕੋਠੇ ਖਜੂਰਾਂ ਵਾਲੀ ਸਾਈਡ ਨੂੰ ਆਉਂਦੀ ਹੋਈ ਡਰੇਨ ਦੇ ਸਰਕੰਡਿਆਂ ਤੇ ਕਿੱਕਰਾਂ ਦੇ ਝੁੰਡ ਵਿੱਚ ਬੈਠੇ ਨੂੰ ਸ਼ਰਾਬ ਸਮੇਤ ਗਾਹਕਾਂ ਦੀ ਉਡੀਕ ਕਰਦੇ ਹੋਏ ਕਾਬੂ ਕੀਤਾ ਗਿਆ, ਜਿਸ ਕੋਲੋਂ 96 ਬੋਤਲਾਂ ਸ਼ਰਾਬ ਬਰਾਮਦ ਕੀਤੀਆਂ ਗਈਆਂ ਹਨ ਉਕਤਾਣ ਦੋਸ਼ੀਆਂ ਦੇ ਖਿਲਾਫ਼ ਥਾਣਾ ਸਿਟੀ ਜਗਰਾਉਂ ਵਿਖੇ ਅਲੱਗ ਅਲੱਗ ਮਾਮਲੇ ਦਰਜ ਕੀਤੇ ਗਏ ਹਨ ਤੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

# ਹਿਸਾਰ ਤੋਂ ਅਪ੍ਰੈਲ 'ਚ ਸ਼ੁਰੂ ਹੋਵੇਗੀ ਵੱਖ-ਵੱਖ ਸ਼ਹਿਰਾਂ ਲਈ ਹਵਾਈ ਯਾਤਰਾ ਸਹੂਲਤ : ਚੌਟਾਲਾ

**ਚੰਡੀਗੜ੍ਹ (ਕ੍ਰਿਸ਼ਨ ਗਰਗ)**
ਹਰਿਆਣਾ ਦੇ ਡਿਪਟੀ ਮੁੱਖ ਮੰਤਰੀ ਦੁਸ਼ਯੰਤ ਚੌਟਾਲਾ ਨੇ ਦਸਿਆ ਕਿ ਹਿਸਾਰ ਏਅਰਪੋਰਟ ਤੋਂ ਇਸ ਸਾਲ ਅਪ੍ਰੈਲ ਵਿਚ ਦੇਸ਼ ਦੇ ਵੱਖ-ਵੱਖ ਖਾਸ ਸ਼ਹਿਰਾਂ ਦੇ ਲਈ ਹਵਾਈ ਸੇਵਾਵਾਂ ਸ਼ੁਰੂ ਕਰ ਦਿੱਤੀਆਂ ਜਾਣਗੀਆਂ। ਇਸ ਸਬੰਧ ਵਿਚ ਏਲਿਨੇਸ-ਏਅਰ ਕੰਪਨੀ ਦੇ ਅਧਿਕਾਰੀਆਂ ਦੇ ਨਾਲ ਵਿਸਤਾਰ ਨਾਲ ਗੱਲਬਾਤ ਹੋਈ ਹੈ, ਜਲਦੀ ਹੀ ਇਸ ਕੰਪਨੀ ਦੇ ਨਾਲ ਏਮਓਯੂ ਕੀਤਾ ਜਾਵੇਗਾ। ਡਿਪਟੀ ਸੀਐਮ, ਜਿਨ੍ਹਾਂ ਦੇ ਕੋਲ ਸਿਵਲ ਏਵੀਏਸ਼ਨ ਵਿਭਾਗ ਦਾ ਕਾਰਜਭਾਰ ਵੀ ਹੈ, ਨੇ ਸਿਵਲ ਏਵੀਏਸ਼ਨ ਅਤੇ ਏਲਿਨੇਸ-ਏਅਰ ਕੰਪਨੀ ਦੇ ਅਧਿਕਾਰੀਆਂ ਦੀ ਸੰਯੁਕਤ ਮੀਟਿੰਗ ਦੀ ਅਗਵਾਈ ਕਰਨ ਬਾਅਦ ਇਹ ਜਾਣਕਾਰੀ ਦਿੱਤੀ ਹੈ।

ਦੁਸ਼ਯੰਤ ਚੌਟਾਲਾ ਨੇ ਦਸਿਆ ਕਿ ਸੂਬੇ ਵਿਚ ਇਹ ਏਅਰ ਕਨੈਕਟੀਵਿਟੀ ਸਟੇਟ ਵੀਜੀਏਫ (ਵਾਇਬਲ ਗੈਪ ਫੰਡਿੰਗ) ਦੇ ਕੰਸੇਪਟ 'ਤੇ ਹੋਵੇਗੀ ਤਾਂ ਜੋ ਯਾਤਰੀਆਂ ਨੂੰ ਵੱਧ ਕਿਰਾਇਆ ਨਾ ਦੇਣਾ ਪਵੇ। ਉਨ੍ਹਾਂ ਨੇ ਦਸਿਆ ਕਿ ਫਿਲਹਾਲ ਹਿਸਾਰ ਏਅਰਪੋਰਟ ਤੋਂ ਚੰਡੀਗੜ੍ਹ, ਦਿੱਲੀ, ਜੰਮੂ ਕਸ਼ਮੀਰ, ਅਹਿਮਦਾਬਾਦ, ਜੈਯਪੁਰ ਅਤੇ ਕੁੱਲੂ ਦੇ ਰੂਟ 'ਤੇ 70 ਸੀਟਰ ਹਵਾਈ ਜਹਾਜ ਚਲਾਉਣ ਦਾ ਵਿਚਾਰ ਹੈ। ਸ਼ੁਰੂ ਹੋਣ ਦੇ 90 ਦਿਨ ਬਾਅਦ ਰੂਟਸ ਦੀ ਮੁੜ ਸਮੀਖਿਆ ਕੀਤੀ ਜਾਵੇਗੀ ਅਤੇ ਯਾਤਰੀਆਂ ਦੀ ਡਿਮਾਂਡ ਅਨੁਸਾਰ ਲਖਨਊ, ਵਾਰਾਣਸੀ, ਅੰਬਾਲਾ ਸਮੇਤ ਹੋਰ ਸ਼ਹਿਰਾਂ ਦੇ ਲਈ ਵੀ ਹਿਸਾਰ ਤੋਂ ਹਵਾਈ ਜਹਾਜ ਚਲਾਏ ਜਾਣਗੇ।ਡਿਪਟੀ ਸੀਐਮ ਨੇ ਦਸਿਆ ਕਿ ਹਿਸਾਰ ਤੋਂ ਏਅਰ ਕਨੈਕਟੀਵਿਟੀ ਹੋਣ ਦੇ ਬਾਅਦ ਉੱਥੇ ਡਿਫੈਂਸ ਅਤੇ ਹੋਰ ਉਦਯੋਗ ਧੰਦੇ ਵੱਧ ਜਾਣਗੇ ਜੋ ਕਿ ਸੂਬੇ ਵਿਚ ਮਾਲ ਦਾ ਬਹੁਤ ਵੱਡਾ ਸਰੋਤ ਬਣ ਜਾਵੇਗਾ।

# ਸਵਾਂ ਨਦੀ 'ਤੇ ਮਾਈਨਿੰਗ ਰੋਕਣ ਲਈ ਹੋਇਆ ਜਨਤਕ ਇਕੱਠ



**ਭਲਾਣ (ਹਰਭਜਨ ਢਿੱਲੋਂ)**-ਪਿੰਡ ਦਿਆਪੁਰ ਤੇ ਮਜਾਰੀ ਦੀ ਸਵਾਂ ਨਦੀ ਉੱਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮਾਈਨਿੰਗ ਕਰਵਾਉਣ ਲਈ ਪਬਲਿਕ ਹੇਅਰਿੰਗ ਰੱਖੀ ਗਈ ਸੀ। ਜਿਸ ਵਿੱਚ ਵੱਡੀ ਗਿਣਤੀ ਵਿੱਚ ਵੱਖ ਵੱਖ ਪਿੰਡਾਂ ਦੇ ਮੋਹਤਵਰ ਪਤਵੰਤੇ, ਇਲਾਕਾ ਸੰਘਰਸ਼ ਕਮੇਟੀ ਦੇ ਪ੍ਰਧਾਨ ਅਤੇ ਮੈਂਬਰ ਹਾਜਰ ਹੋਏ।

ਇਸ ਮੌਕੇ ਇਕੱਠੇ ਹੋਏ ਸਮੁੱਚੇ ਲੋਕਾਂ ਨੇ ਸਵਾਂ ਨਦੀ ਵਿੱਚ ਮਾਈਨਿੰਗ ਨਾ ਹੋਣ ਲਈ ਹੱਥ ਖੜੇ ਕਰਕੇ ਵਿਰੋਧ ਕੀਤਾ। ਇਕੱਠੇ ਹੋਏ ਪਿੰਡ ਵਾਸੀਆਂ ਨੇ ਕਿਹਾ ਕਿ ਪਹਿਲਾਂ ਹੀ ਇੱਥੇ ਵੱਡੇ ਪੱਧਰ 'ਤੇ ਹੋਈ ਨਜਾਇਜ ਮਾਈਨਿੰਗ ਕਾਰਨ ਇਲਾਕੇ ਦਾ ਬਹੁਤ ਨੁਕਸਾਨ ਹੋਇਆ ਹੈ, ਹੁਣ ਮਾਈਨਿੰਗ ਬਿਲਕੁੱਲ ਵੀ ਨਹੀਂ ਹੋਣ ਦਿੱਤੀ ਜਾਵੇਗੀ। ਜਿਸ ਕਾਰਨ ਵੱਡੀ ਗਿਣਤੀ ਵਿੱਚ ਹਾਜਰ ਹੋਏ ਪਿੰਡਾਂ ਦੇ ਲੋਕਾਂ ਨੇ ਇਸ ਦਾ ਵਿਰੋਧ ਕੀਤਾ ਹੈ। ਇਸ ਮੌਕੇ ਪ੍ਰਧਾਨ ਹਰਦੇਵ ਸਿੰਘ, ਟਿੱਕਾ ਯਸਵੀਰ ਚੰਦ ਭਲਾਣ, ਅੱਛਰ ਸਿੰਘ ਖੇੜਾ ਕਲਮੋਟ, ਸਰਪੰਚ ਹਰਪਾਲ ਸਿੰਘ ਭੱਲੜੀ, ਕਾਮਰੇਡ ਸੁਰਜੀਤ ਸਿੰਘ ਢੇਰ, ਮਾਸਟਰ ਨਰਿੰਦਰ ਸਿੰਘ, ਚਤਰ ਸਿੰਘ ਫੌਜੀ, ਰਾਮਪਾਲ ਖੇੜਾ ਕਲਮੋਟ, ਸਾਬਕਾ ਸਰਪੰਚ ਸ਼ਿਵ ਕੁਮਾਰ ਵਰਮਾ, ਦਰਸ਼ਨ ਸਿੰਘ, ਗੁਰਚਰਨ ਸਿੰਘ ਸੋਢੀ, ਨੰਬਰਦਾਰ ਮੰਗਲ ਸਿੰਘ, ਕਰਨੈਲ ਸਿੰਘ, ਮਲਕੀਤ ਫੌਜੀ, ਬਿੱਕਰ ਸਿੰਘ, ਸੀਤਲ ਸਿੰਘ, ਸੁਖਵੰਤ ਸਿੰਘ, ਸੁਰਿੰਦਰ ਸਿੰਘ, ਸੋਹਣ ਸਿੰਘ, ਮੋਹਣ ਸਿੰਘ, ਪ੍ਰੀਤਮ ਸਿੰਘ, ਰਾਮ ਸਿੰਘ, ਸੁਰਜੀਤ ਝਾਂਗਰਾ, ਮਹਿੰਗਾ ਸਿੰਘ ਮਜਾਰੀ, ਜੋਗਿੰਦਰ ਸਿੰਘ, ਸਤਪਾਲ ਸਿੰਘ ਚੌਕੀਦਾਰ, ਰਕੇਸ਼ ਵਰਮਾ, ਕਮਲ ਸਿੰਘ ਮਜਾਰੀ, ਭਾਗ ਸਿੰਘ, ਸੁਖਵੰਤ ਸਿੰਘ, ਰਣਜੀਤ ਸਿੰਘ, ਬਿੰਦਰ ਰਾਮਗੜੀਆ, ਜਸਵੀਰ ਮਜਾਰੀ, ਓਂਕਾਰ ਸਿੰਘ, ਅਸ਼ੋਕ ਰਾਣਾ, ਸੁੱਚਾ ਸਿੰਘ, ਜੀਤ ਸਿੰਘ, ਹਰੀ ਲਾਲ, ਸ਼ਮਸ਼ੇਰ ਰਾਣਾ, ਸਵਰਨ ਸਿੰਘ, ਕੁਲਵੰਤ ਸਿੰਘ ਤੋ! ਇਲਾਵਾ ਪਿੰਡ ਭਲੜੀ, ਮਜਾਰੀ, ਦਿਆਪੁਰ, ਦਘੌੜ, ਨਾਨਗਰਾਂ, ਭਲਾਣ, ਭਨਾਮ, ਪਲਾਸੀ, ਖੇੜਾ ਕਲਮੋਟ, ਭੰਗਲ, ਮਹਿੰਦਪੁਰ, ਸੁਖਸਾਲ, ਸਹਿਜੋਵਾਲ, ਸੂਰੇਵਾਲ ਆਦਿ ਪਿੰਡਾਂ ਤੋਂ ਲੋਕ ਵੱਡੀ ਗਿਣਤੀ ਵਿੱਚ ਆਏ ਹੋਏ ਸਨ,ਜਿਨ੍ਹਾਂ ਨੇ ਪ੍ਰਸ਼ਾਸਨ ਨੂੰ ਸਵਾਂ ਨਦੀ ਵਿੱਚ ਮਾਈਨਿੰਗ ਹੋਣ ਤੋਂ ਬਿਲਕੁਲ ਹੀ ਮਨ੍ਹਾ ਕਰ ਦਿੱਤਾ।

# ਕਾਰ ਦੀ ਲਪੇਟ 'ਚ ਆਉਣ ਕਾਰਨ ਸਕੂਟਰੀ ਸਵਾਰ ਦੀ ਮੌਤ



**ਅੱਡਾ ਸਰਾਂ (ਕਾਜਲ)**-ਹੁਸ਼ਿਆਰਪੁਰ ਰੋਡ 'ਤੇ ਪਿੰਡ ਨੈਨੋਵਾਲ ਵੈਦ ਦੇ ਪੈਟਰੋਲ ਨੇੜੇ ਦੇਰ ਸ਼ਾਮ ਵਾਪਰੇ ਸੜਕ ਹਾਦਸੇ ਵਿਚ ਸਕੂਟਰੀ ਸਵਾਰ ਵਿਅਕਤੀ ਦੀ ਮੌਤ ਗਈ। ਹਾਦਸਾ ਉਸ ਵੇਲੇ ਵਾਪਰਿਆ ਜਦੋ ਇਕ ਮੌਂਟੈਰੋ ਗੱਡੀ ਦੀ ਸਕੂਟਰੀ ਵਿਚ ਟੱਕਰ ਹੋ ਗਈ। ਜਿਸ ਕਾਰਨ ਸਕੂਟਰੀ ਸਵਾਰ ਮਨਜੋਤ ਸਿੰਘ ਪੁੱਤਰ ਸੁਰਿੰਦਰ ਪਾਲ ਵਾਸੀ ਖਡਿਆਲਾ ਸੈਣੀਆਂ ਗੰਭੀਰ ਰੂਪ ਵਿਚ ਜਖਮੀ ਹੋ ਗਿਆ। ਸਮਾਜ ਸੇਵਕ ਜੋਗਾ ਸਿੰਘ ਸਰੋਆ ਨੇ ਮਦਦ ਕਰਕੇ ਐਂਬੂਲੈਂਸ ਰਾਹੀਂ ਉਸ ਨੂੰ ਹੁਸ਼ਿਆਰਪੁਰ ਦੇ ਹਸਪਤਾਲ ਲਿਜਾਇਆ ਪਰੰਤੂ ਰਾਹ ਵਿਚ ਮਨਜੋਤ ਦੀ ਮੌਤ ਹੋ ਗਈ। ਮੌਂਟੈਰੋ ਗੱਡੀ ਵਿਚ ਸਵਾਰ ਦੋ ਲੋਕਾਂ ਦੇ ਵੀ ਮਾਮੂਲੀ ਸੱਟਾਂ ਲੱਗੀਆਂ ਹਨ।

# 'ਹਿੱਟ ਐਂਡ ਰਨ' ਕਾਨੂੰਨ ਸੰਬੰਧੀ ਚਿੰਤਾਵਾਂ ਤੋਂ ਕੇਂਦਰ ਨੂੰ ਜਾਣੂੰ ਕਰਵਾਏਗੀ ਸੂਬਾ ਸਰਕਾਰ : ਚੀਮਾ



**ਚੰਡੀਗੜ੍ਹ (ਗੁਰਜੀਤ ਬਿੱਲਾ)**
ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਅਤੇ ਪ੍ਰਵਾਸੀ ਮਾਮਲਿਆਂ ਬਾਰੇ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਦੀ ਸ਼ਮੂਲੀਅਤ ਵਾਲੀ ਕੈਬਨਿਟ ਸਬ-ਕਮੇਟੀ ਨੇ ਪੰਜਾਬ ਦੇ ਟਰਾਂਸਪੋਰਟਰਾਂ ਨੂੰ ਵਿਸ਼ਵਾਸ ਦਿਵਾਇਆ ਕਿ ਭਾਰਤੀ ਨਿਆਂ ਸੰਹਿਤਾ (ਬੀ.ਐਨ.ਐਸ) ਵਿੱਚ ਹਿੱਟ ਐਂਡ ਰਨ ਕੇਸਾਂ ਵਿੱਚ ਮੌਤ ਦਾ ਕਾਰਨ ਬਣਨ ਲਈ ਸਖਤ ਸਜਾ ਦੇਣ ਦੀ ਕੀਤੀ ਗਈ ਵਿਵਸਥਾ ਦੇ ਸਬੰਧ ਵਿੱਚ ਉਨ੍ਹਾਂ ਦੀਆਂ ਚਿੰਤਾਵਾਂ ਨੂੰ ਕੇਂਦਰ ਸਰਕਾਰ ਨਾਲ ਸਾਂਝਾ ਕਰਦਿਆਂ ਇੰਨ੍ਹਾਂ ਦੇ ਹੱਲ ਲਈ ਦਬਾਅ ਬਣਾਏਗੀ। ਇਥੇ ਪੰਜਾਬ ਭਵਨ ਵਿਖੇ ਸੂਬੇ ਦੀਆਂ ਟਰੱਕ ਤੇ ਟੈਕਸੀ ਯੂਨੀਅਨਾਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਦੌਰਾਨ ਕੈਬਨਿਟ ਸਬ-ਕਮੇਟੀ ਵੱਲੋਂ ਬੀ.ਐਨ.ਐਸ ਦੀ ਧਾਰਾ 106 (2) ਤਹਿਤ ਕਾਹਲੀ ਅਤੇ ਲਾਪਰਵਾਹੀ ਨਾਲ ਵਾਹਨ ਚਲਾਉਣ ਨਾਲ ਮੌਤ ਦਾ ਕਾਰਨ ਬਣਨ ਅਤੇ ਘਟਨਾ ਤੋਂ ਤੁਰੰਤ ਬਾਅਦ ਕਿਸੇ ਪੁਲਿਸ ਅਧਿਕਾਰੀ ਜਾਂ ਮੈਜਿਸਟ੍ਰੇਟ ਨੂੰ ਇਸਦੀ ਰਿਪੋਰਟ ਕੀਤੇ ਬਿਨਾਂ ਫਰਾਰ ਹੋਣ 'ਤੇ ਸਜਾ ਦੀ ਕੀਤੀ ਗਈ ਵਿਵਸਥਾ ਅਤੇ ਇਸ ਨਾਲ ਸਬੰਧਤ ਵੱਖ-ਵੱਖ ਪਹਿਲੂਆਂ 'ਤੇ ਵਿਸਥਾਰ ਨਾਲ ਚਰਚਾ ਕੀਤੀ। ਟਰਾਂਸਪੋਰਟ ਯੂਨੀਅਨਾਂ ਦੇ ਨੁਮਾਇੰਦਿਆਂ ਦੀ ਮੁੱਖ ਚਿੰਤਾ ਹਾਦਸਾ ਹੋਣ ਉਪਰੰਤ ਭੀੜ ਦੁਆਰਾ ਕਮਰਸ਼ੀਅਲ ਵਾਹਨਾਂ ਦੇ ਡਰਾਈਵਰ ਦੀ ਕੁੱਟਮਾਰ ਅਤੇ ਵਾਹਨ ਦੀ ਤੋੜ-ਭੰਨ ਕੀਤੇ ਜਾਣ ਬਾਰੇ ਸੀ। ਕੈਬਨਿਟ ਸਬ-ਕਮੇਟੀ ਨੇ ਯੂਨੀਅਨਾਂ ਨੂੰ ਵਿਸ਼ਵਾਸ ਦਿਵਾਇਆ ਕਿ ਇਸ ਕਾਨੂੰਨ ਸਬੰਧੀ ਕੇਂਦਰ ਨਾਲ ਉਨ੍ਹਾਂ ਦੀਆਂ ਚਿੰਤਾਵਾਂ ਸਾਂਝਾ ਕਰਦਿਆਂ ਪੰਜਾਬ ਸਰਕਾਰ ਅਜਿਹੇ ਮਾਮਲਿਆਂ ਵਿੱਚ ਡਰਾਈਵਰ ਦੀ ਸੁਰੱਖਿਆ ਯਕੀਨੀ ਬਨਾਉਣ ਲਈ ਲੋੜੀਂਦੀ ਵਿਵਸਥਾ ਕਰਨ ਬਾਰੇ ਦਬਾਅ ਬਣਾਏਗੀ। ਉਨ੍ਹਾਂ ਨਾਲ ਹੀ ਸੂਬੇ ਦੇ ਪੁਲਸ ਵਿਭਾਗ ਨੂੰ ਨਿਰਦੇਸ਼ ਦਿੱਤੇ ਕਿ ਹਾਦਸਿਆਂ ਉਪਰੰਤ ਭੀੜ ਵੱਲੋਂ ਕਿਸੇ ਡਰਾਈਵਰ ਦੀ ਕੁੱਟਮਾਰ ਅਤੇ ਵਾਹਨ ਦੀ ਤੋੜ-ਭੰਨ ਕਰਨ ਦੇ ਮਾਮਲਿਆਂ ਵਿੱਚ ਦੋਸ਼ੀਆਂ ਵਿਰੁੱਧ ਕਾਨੂੰਨ ਤਹਿਤ ਕਾਰਵਾਈ ਯਕੀਨੀ ਬਣਾਈ ਜਾਵੇ। ਗੈਰ-ਕਾਨੂੰਨੀ ਵਾਹਨਾਂ ਦੀ ਵਪਾਰਕ ਵਰਤੋਂ ਵਿਰੁੱਧ ਸਖਤ ਕਾਰਵਾਈ ਕਰਨ ਬਾਰੇ ਯੂਨੀਅਨ ਵੱਲੋਂ ਕੀਤੀ ਗਈ ਮੰਗ ਬਾਰੇ ਕੈਬਨਿਟ ਸਬ-ਕਮੇਟੀ ਨੇ ਟਰਾਂਸਪੋਰਟ ਅਤੇ ਪੁਲਸ ਵਿਭਾਗ ਨੂੰ ਤੁਰੰਤ ਅਜਿਹੇ ਵਾਹਨਾਂ ਵਿਰੁੱਧ ਸਖਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ। ਇਸ ਤੋਂ ਇਲਾਵਾ ਟੈਕਸੀ ਯੂਨੀਅਨਾਂ ਦੇ ਨੁਮਾਇੰਦਿਆਂ ਵੱਲੋਂ ਸੀਟਾਂ ਦੀ ਸਮਰੱਥਾ ਮੁਤਾਬਕ ਕਰਾਂ ਦੀ ਵਿਵਸਥਾ ਵਿੱਚ ਤਬਦੀਲੀ ਕਰਨ ਦੀ ਮੰਗ ਬਾਰੇ ਵੀ ਕੈਬਨਿਟ ਸਬ-ਕਮੇਟੀ ਨੇ ਟਰਾਂਸਪੋਰਟ ਵਿਭਾਗ ਨੂੰ ਅਧਿਅਨ ਕਰਨ ਉਪਰੰਤ ਆਪਣੇ ਸੁਝਾਅ ਦੇਣ ਲਈ ਕਿਹਾ। ਮੀਟਿੰਗ ਵਿੱਚ ਟਰਾਂਸਪੋਰਟ ਵਿਭਾਗ ਦੇ ਸਕੱਤਰ ਦਿਲਰਾਜ ਸਿੰਘ, ਸਟੇਟ ਟਰਾਂਸਪੋਰਟ ਕਮਿਸ਼ਨਰ ਮਨੀਸ਼ ਕੁਮਾਰ, ਏ.ਡੀ.ਜੀ.ਪੀ (ਇੰਟੈਲੀਜੈਂਸ) ਜਸਕਰਨ ਸਿੰਘ, ਟਰਾਂਸਪੋਰਟ ਤੇ ਪੁਲਸ ਵਿਭਾਗ ਦੇ ਹੋਰ ਸੀਨੀਅਰ ਅਧਿਕਾਰੀ ਅਤੇ ਸੂਬੇ ਦੀਆਂ ਵੱਖ-ਵੱਖ ਟਰਾਂਸਪੋਰਟ ਤੇ ਟੈਕਸੀ ਯੂਨੀਅਨਾਂ ਦੇ ਪ੍ਰਧਾਨ ਹਾਜਰ ਸਨ।

# ਗੁਰਪ੍ਰੀਤ ਸਿੰਘ ਰੰਧਾਵਾ ਨੂੰ ਸਦਮਾ, ਪਿਤਾ ਦਾ ਦਿਹਾਂਤ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਸਥਾਨਕ ਕਸਬੇ ਦੇ ਨਜ਼ਦੀਕੀ ਪਿੰਡ ਸ਼ਾਮਪੁਰਾ ਦੇ ਰਹਿਣ ਵਾਲੇ ਗੁਰਪ੍ਰੀਤ ਸਿੰਘ ਰੰਧਾਵਾ ਨੂੰ ਉਸ ਵੇਲੇ ਗਹਿਰਾ ਸਦਮਾ ਪੁੱਜਾ ਜਦੋ ਉਨ੍ਹਾਂ ਦੇ ਪਿਤਾ ਦਲਬੀਰ ਸਿੰਘ ਰੰਧਾਵਾ (67) ਸਪੁੱਤਰ ਸਵਰਗਵਾਸੀ ਤਹਿਸੀਲਦਾਰ ਮਹਿੰਦਰ ਸਿੰਘ ਰੰਧਾਵਾ ਦਾ ਬੀਤੇ ਦਿਨ ਦਿਲ ਦਾ ਦੌਰਾ ਪੈਣ ਕਾਰਨ ਅਚਾਨਕ ਦਿਹਾਂਤ ਹੋ ਗਿਆ। ਉਨ੍ਹਾਂ ਦਾ ਅੰਤਿਮ ਸੰਸਕਾਰ ਅੱਜ ਪਿੰਡ ਦੇ ਸ਼ਮਸ਼ਾਨਘਾਟ ਵਿਖੇ ਕਰ ਦਿੱਤਾ ਗਿਆ। ਇਸ ਮੌਕੇ ਗੁਰਦੁਆਰਾ ਸਾਹਿਬ ਸ਼ਾਮਪੁਰਾ ਦੇ ਹੈੱਡ ਗ੍ਰੰਥੀ ਬਾਬਾ ਰਛਪਾਲ ਸਿੰਘ ਵੱਲੋਂ ਅਰਦਾਸ ਕਰਨ ਉਪਰੰਤ ਉਨ੍ਹਾਂ ਦੀ ਚਿਖਾ ਨੂੰ ਅਗਨੀ ਉਨ੍ਹਾਂ ਦੇ ਸਪੁੱਤਰ ਗੁਰਪ੍ਰੀਤ ਸਿੰਘ ਰੰਧਾਵਾ ਵੱਲੋਂ ਦਿੱਤੀ ਗਈ। ਇਸ ਅੰਤਿਮ ਯਾਤਰਾ ਮੌਕੇ ਵੱਡੀ ਗਿਣਤੀ ਵਿੱਚ ਰਾਜਨੀਤਕ, ਧਾਰਮਿਕ, ਸਮਾਜ ਸੇਵੀ ਆਗੂਆਂ ਤੋਂ ਇਲਾਵਾ ਉਨ੍ਹਾਂ ਦੇ ਰਿਸ਼ਤੇਦਾਰਾਂ ਨੇ ਹਾਜ਼ਰ ਹੋ ਕੇ ਦਲਬੀਰ ਸਿੰਘ ਰੰਧਾਵਾ ਨੂੰ ਨਮ ਅੱਖਾਂ ਨਾਲ ਅੰਤਿਮ ਵਿਦਾਇਗੀ ਦਿੱਤੀ ਤੇ ਪਰਿਵਾਰਕ ਮੈਂਬਰਾਂ ਨਾਲ ਦੁੱਖ ਸਾਂਝਾ ਕੀਤਾ। ਮ੍ਰਿਤਕ ਦਲਬੀਰ ਸਿੰਘ ਰੰਧਾਵਾ ਸਵ. ਨਿਰਮਲ ਸਿੰਘ ਕਾਹਲੋਂ ਸਾਬਕਾ ਸਪੀਕਰ ਵਿਧਾਨ ਸਭਾ ਪੰਜਾਬ ਦੇ ਨਜ਼ਦੀਕੀ ਮੰਨੇ ਜਾਂਦੇ ਸਨ ਤੇ ਉਹ ਤਿੰਨ ਪੀੜ੍ਹੀਆਂ ਤੋ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਟਕਸਾਲੀ ਪਰਿਵਾਰ ਵਿੱਚੋਂ ਸਨ। ਇਸ ਮੌਕੇ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਮੇਰੇ ਪਿਤਾ ਸਵ. ਦਲਬੀਰ ਸਿੰਘ ਨਮਿਤ ਭੋਗ ਤੇ ਅੰਤਿਮ ਅਰਦਾਸ 16 ਜਨਵਰੀ ਦਿਨ ਮੰਗਲਵਾਰ ਨੂੰ 12 ਵਜੇ ਪਿੰਡ ਦੇ ਗੁਰਦੁਆਰਾ ਸੰਤ ਬਾਬਾ ਹਰਨਾਮ ਸਿੰਘ ਹਾਲ ਵਿਖੇ ਕੀਤੀ ਜਾਵੇਗੀ।

# ਦੁਸ਼ਯੰਤ ਚੌਟਾਲਾ ਨੇ 40 ਫਾਇਰ ਬ੍ਰਿਗੇਡ ਬਾਇਕ ਨੂੰ ਕੀਤਾ ਰਵਾਨਾ

**ਪੰਚਕੂਲਾ (ਕ੍ਰਿਸ਼ਨ ਗਰਗ)**-ਹਰਿਆਣਾ ਦੇ ਡਿਪਟੀ ਮੁੱਖ ਮੰਤਰੀ ਦੁਸ਼ਯੰਤ ਚੌਟਾਲਾ ਨੇ ਪੰਚਕੂਲਾ ਦੇ ਲੋਕ ਨਿਰਮਾਣ ਵਿਭਾਗ ਰੇਸਟ ਹਾਊਸ ਤੋਂ ਸੱਤ ਜ਼ਿਲ੍ਹਿਆਂ ਦੇ 40 ਫਾਇਰ ਬ੍ਰਿਗ੍ਰੇਡ ਬਾਇਕ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਬਾਕੀ 60 ਬਾਇਕ ਵੀ ਜਲਦੀ ਹੀ ਬਾਕੀ ਜਿਲ੍ਹਿਆਂ ਨੂੰ ਸੌਂਪ ਦਿੱਤੇ ਜਾਣਗੇ। ਹੀਰੋ ਮੋਟਰ ਕਾਰਪੋਰੇਸ਼ਨ ਵੱਲੋਂ ਕਾਰਪੋਰੇਟ ਸੋਸ਼ਲ ਰਿਸਪਾਂਸੀਬਿਲਿਟੀ (ਸੀਏਸਆਰ) ਤਹਿਤ ਦਿੱਤੀ ਗਈ ਹੈ।ਇਸ ਮੌਕੇ 'ਤੇ ਡਿਪਟੀ ਮੁੱਖ ਮੰਤਰੀ ਨੂੰ ਫਾਇਰ ਤੇ ਐਮਰਜੈਂਸੀ ਸਰਵਿਸ ਦੇ ਡਾਇਰੈਕਟਰ ਜਨਰਲ ਡਾ. ਯਸ਼ਪਾਲ ਸਿੰਘ ਨੇ ਵਿਸਤਾਰ ਨਾਲ ਵਿਭਾਗ ਦੇ ਕੰਮਾਂ ਅਤੇ ਸਮਸਿਆਵਾਂ ਦੀ ਜਾਣਕਾਰੀ ਦਿੱਤੀ।

ਹਰਿਆਣਾ ਦੇ ਡਿਪਟੀ ਮੁੱਖ ਮੰਤਰੀ ਦੁਸ਼ਯੰਤ ਚੌਟਾਲਾ ਨੇ ਕਰਨਾਲ, ਪਾਣੀਪਤ, ਕੁਰੂਕਸ਼ੇਤਰ, ਪੰਚਕੂਲਾ, ਅੰਬਾਲਾ, ਯਮੁਨਾਨਗਰ, ਜੀਂਦ ਅਤੇ ਹੈਂਡ ਕੁਆਟਰ ਤੋਂ ਆਏ ਹੋਏ ਫਾਇਰ ਅਧਿਕਾਰੀਆਂ ਤੋਂ ਡਾਇਰ ਤੇ ਐਮਰਜੈਂਸੀ ਦੀ ਸਥਿਤੀ ਨਾਲ ਨਜਿਠਣ ਅਤੇ ਸਿਸਟਮ ਨੂੰ ਹੋਰ ਬਿਹਤਰ ਕਰਨ ਲਈ ਚਰਚਾ ਵੀ ਕੀਤੀ ਅਤੇ ਉਨ੍ਹਾਂ ਤੋਂ ਸੁਝਾਅ ਵੀ ਲਏ ਗਏ। ਉਨ੍ਹਾਂ ਨੇ ਫਾਇਰ ਅਧਿਕਾਰੀਆਂ ਵੱਲੋਂ ਪੇਸ਼ ਕੀਤੀ ਗਈ ਮੰਗਾਂ ਨੂੰ ਜਲਦੀ ਹੀ ਪੂਰਾ ਕਰਨ ਦਾ ਭਰੋਸਾ ਦਿੱਤਾ।ਡਿਪਟੀ ਸੀਐਮ ਨੇ ਅਧਿਕਾਰੀਆਂ ਨੂੰ ਆਪਣੇ ਸਬੰਧਿਤ ਖੇਤਰ ਵਿਚ ਗੰਭੀਰਤਾ ਨਾਲ ਕੰਮ ਕਰਨ ਅਤੇ ਫਾਇਰ ਵਿਭਾਗ ਦੇ ਮੁਤਾਬਕ ਫਾਇਰ ਸਿਸਟਮ ਨੂੰ ਦਰੁਸਤ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਅਧਿਕਾਰੀਆਂ ਨੂੰ ਜ਼ਿਲ੍ਹਾ ਵਿਚ ਵਿਦਿਅਕ ਸੰਸਥਾਨ, ਯੂਨੀਵਰਸਿਟੀ, ਕਾਲਜ, ਪੈਟਰੋਲ , ਉਦਯੋਗ, ਮੈਰਿਜ ਪੈਲੇਸ ਹਾਲ ਦਾ ਨਿਰੀਖਣ ਕਰਨ ਅਤੇ ਫਾਇਰ ਸਿਸਟਮ ਨੂੰ ਚੈਕ ਕਰਨ ਦੇ ਨਿਰਦੇਸ਼ ਦਿੱਤੇ।ਚੌਟਾਲਾ ਨੇ ਸਾਰੇ ਜ਼ਿਲ੍ਹਿਆਂ ਵਿਚ ਵੱਡੀ ਤੇ ਛੋਟੀ ਉਦਯੋਗਿਕ ਇਕਾਈਆਂ ਦੇ ਵੀ ਫਾਇਰ ਸਿਸਟਮ ਚੈਕ ਕਰਨ ਦੇ ਨਿਰਦੇਸ਼ ਦਿੱਤੇ ਅਤੇ ਜਿਨ੍ਹਾਂ ਉਦਯੋਗਿਕ ਇਕਾਈਆਂ ਦੇ ਫਾਇਰ ਸਿਸਟਮ ਖਰਾਬ ਹਨ, ਉਨ੍ਹਾਂ ਨੇ ਫਾਇਰ ਅਧਿਕਾਰੀਆਂ ਨੂੰ ਨਿਰੀਖਣ ਕਰ ਠੀਕ ਕਰਵਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਕਿਹਾ ਕਿ ਅਗਲੇ 30 ਦਿਨ ਦੇ ਨੋਟਿਸ ਦੇ ਬਾਵਜੂਦ ਵੀ ਕੋਈ ਸੰਸਥਾਨ ਆਪਣੇ ਫਾਇਰ ਸਿਸਟਮ ਨੂੰ ਫਾਇਰ ਵਿਭਾਗ ਦੇ ਮੁਤਾਬਕ ਦਰੁਸਤ ਕਨਾ ਕਰਨ ਤਾਂ ਉਸ ਦੇ ਖਿਲਾਫ ਕਾਰਵਾਈ ਅਮਲ ਵਿਚ ਲਿਆਂਦੀ ਜਾਵੇ।

# ਅਵਾਜ਼ ਸੰਸਥਾ ਪੂਰੀ ਪਾਰਦਰਸ਼ਤਾ ਨਾਲ ਸੇਵਾ ਨਿਭਾਅ ਰਹੀ : ਮੀਲੂ



**ਕਾਠਗੜ੍ਹ (ਸੁਭਾਸ਼ ਭਾਟੀਆ)**-ਆਵਾਜ ਚੈਰੀਟੇਬਲ ਐਂਡ ਵੈਲਫੇਅਰ ਸੋਸਾਇਟੀ ਦੀ ਮਹੀਨਾਵਾਰ ਮੀਟਿੰਗ ਸੰਸਥਾ ਦੇ ਪ੍ਰਧਾਨ ਰਾਜਪਾਲ ਮੀਲੂ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਉਨ੍ਹਾਂ ਸੰਸਥਾ ਵਲੋਂ ਮਹੀਨਾ ਦਸੰਬਰ 2023 ਦੌਰਾਨ ਜਨਹਿੱਤ ਕੰਮਾਂ ਉੱਤੇ ਕੀਤੇ ਗਏ ਖਰਚੇ ਦੇ ਲੇਖੇ ਜੋਖੇ ਦੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਉਹਨਾਂ ਦੱਸਿਆ ਕਿ ਅਵਾਜ ਸੰਸਥਾ ਪੂਰੀ ਪਾਰਦਰਸ਼ਤਾ ਨਾਲ ਆਪਣੀ ਸੇਵਾ ਨਿਭਾ ਰਹੀ ਹੈ। ਸੰਸਥਾ ਜਰੂਰਤਮੰਦ ਅਤੇ ਸਹਿਯੋਗੀਆਂ ਵਿੱਚ ਇੱਕ ਪੁਲ ਵਜੋਂ ਕੰਮ ਕਰ ਰਹੀ ਹੈ ਜਿਸ ਦੇ ਚਲਦਿਆਂ ਸੰਸਥਾ ਨੂੰ ਕਾਫੀ ਸਹਿਯੋਗ ਅਤੇ ਪਿਆਰ ਮਿਲਦਾ ਆ ਰਿਹਾ ਹੈ। ਸੰਸਥਾ ਵੱਲੋਂ ਹਰ ਦਾਨੀ ਤੇ ਸਹਿਯੋਗੀ ਦਾ ਧੰਨਵਾਦੀ ਕੀਤਾ ਗਿਆ। ਜਨਰਲ ਸਕੱਤਰ ਇਕਬਾਲ ਚੌਧਰੀ ਨੇ ਕਿਹਾ ਕਿ ਅਵਾਜ ਸੰਸਥਾ ਵਲੋਂ 2 ਐਂਬੂਲੈਂਸਾਂ ਲਗਾਤਾਰ ਸੇਵਾਵਾਂ ਦੇ ਰਹੀਆਂ ਹਨ ਅਤੇ ਬੀਤੇ ਦਸੰਬਰ ਮਹੀਨੇ ਤਹਿਤ 34 ਸੇਵਾਵਾਂ ਦਿੱਤੀਆਂ ਗਈਆਂ ਜਿਨ੍ਹਾਂ ਵਿੱਚੋਂ 4 ਬਿਲਕੁਲ ਮੁਫਤ ਦਿੱਤੀਆਂ ਗਈਆਂ। ਮੀਟਿੰਗ ਦੌਰਾਨ ਹਰਿੰਦਰ ਬਜਾੜ ਨੂੰ ਸੰਸਥਾ ਦਾ ਵਾਈਸ ਪ੍ਰਧਾਨ ਨਿਯੁਕਤ ਕੀਤਾ ਗਿਆ। ਇਸ ਮੌਕੇ ਸੰਸਥਾ ਦੇ ਚੀਫ ਪੈਟਰਨ ਮੈਂਬਰ ਵਰਿੰਦਰ ਬਜਾੜ , ਵਿੱਤ ਚੇਅਰਮੈਨ ਨਰੇਸ਼ ਸੂਰੀ, ਮਦਨ ਲਾਲ ਚੇਚੀ, ਪ੍ਰੈੱਸ ਸਕੱਤਰ ਹਰਜੀਤ ਸਿੰਘ ਸਹੋਤਾ, ਹਰਸ਼ ਸ਼ਰਮਾ, ਮਾ. ਚਰਨਜੀਤ ਸਿੰਘ ਸਿਆਣ, ਜਸਵੀਰ ਸਾਵਾ ਸਮੇਤ ਹੋਰ ਮੈਂਬਰ ਵੀ ਹਾਜ਼ਰ ਸਨ।

# ਪਿਸਤੌਲ ਦੀ ਨੋਕ 'ਤੇ ਲੁੱਟਾਂ ਕਰਕੇ ਫਰਾਰ



**ਆਦਮਪੁਰ (ਪਰਮਜੀਤ ਸਿੰਘ)**-ਇਥੇ ਤੜਕੇ ਹੀ ਇੱਕ ਘੰਟੇ ਅੰਦਰ ਦੋ ਥਾਵਾਂ 'ਤੇ ਬੇਖੌਫ ਲੁਟੇਰਿਆਂ ਨੇ ਪਹਿਲਾਂ ਜਲੰਧਰ-ਹੁਸ਼ਿਆਰਪੁਰ ਮੁੱਖ ਮਾਰਗ 'ਤੇ ਹਿਮਾਚਲ ਵਾਸੀ ਤਿੰਨ ਨੌਜਵਾਨਾਂ ਦੀ ਗੱਡੀ ਵਿੱਚ ਗੱਡੀ ਮਾਰ ਰੋਕ ਲਿਆ ਤੇ ਪਿਸਤੌਲ ਦੀ ਨੋਕ 'ਤੇ ਲੁੱਟਣ ਉਪਰੰਤ ਉਦੇਸੀਆਂ ਸਥਿਤ ਆਦਮਪੁਰ ਆਇਲ ਸਟੋਰ ਤੋਂ ਤੇਲ ਪੁਆ ਰਹੇ ਸਬਜ਼ੀ ਆੜਤੀਏ ਨੂੰ ਦੀ ਕਾਰ ਖੋਹ ਕੇ ਫਰਾਰ ਹੋ ਗਏ। ਮਿਲੀ ਜਾਣਕਾਰੀ ਮੁਤਾਬਿਕ ਤੜਕੇ ਕਰੀਬ 2.30 ਵਜੇ ਅੰਮ੍ਰਿਤਸਰ ਤੋਂ ਵਾਪਿਸ ਹਿਮਾਚਲ ਨੂੰ ਜਾ ਰਹੇ ਅੰਬ ਵਾਸੀ ਅੰਕੁਸ਼ ਰਾਜਾ ਪੁੱਤਰ ਦੇਸ਼ਬੰਧੂ ਵਾਸੀ ਅੰਬ,ਸਾਜਾਂ ਸਿੰਘ ਪੁੱਤਰ ਕੁਲਦੀਪ ਕੁਮਾਰ,ਅਭੀ ਸ਼ਰਮਾ ਪੁੱਤਰ ਰਾਜਿੰਦਰ ਸ਼ਰਮਾ ਵਾਸੀ ਅੰਬ ਦੀ ਗੱਡੀ ਨੂੰ ਜੰਡੂਸਿੰਘਾ ਨਜਦੀਕ ਰੋਕ ਕੇ ਜਲੰਧਰ ਦਾ ਰਸਤਾ ਪੁੱਛਿਆ ਅਤੇ ਬਾਅਦ ਵਿੱਚ ਉਨਾਂ ਦੇ ਪਿੱਛੇ ਹੁਸ਼ਿਆਰਪੁਰ ਵੱਲ ਹੀ ਮੁੜ ਆਏ ਅਤੇ ਕਠਾਰ ਨਜਦੀਕ ਆਪਣੀ ਗੱਡੀ ਦੀ ਟੱਕਰ ਮਾਰ ਕੇ ਰੋਕਣ ਉਪਰੰਤ ਪਿਸਤੌਲ ਦੀ ਨੋਕ 'ਤੇ ਉਨਾਂ ਪਾਸੋਂ 30 ਤੋਂ 40 ਹਜਾਰ ਨਕਦੀ, ਸੋਨੇ ਦੀਆਂ ਚੈਨੀਆਂ,ਮੋਬਾਈਲ ਅਤੇ ਹੋਰ ਮਹਿੰਗੀਆਂ ਚੀਜਾਂ ਲੁੱਟ ਲਈਆਂ। ਟੱਕਰ ਕਾਰਨ ਗੱਡੀਆਂ ਪਲਟ ਗਈਆਂ ਅਤੇ ਉਕਤ ਹਿਮਾਚਲ ਵਾਸੀ ਨੌਜਵਾਨ ਆਸਾਨੀ ਨਾਲ ਇਨ੍ਹਾਂ 4 ਤੋਂ 5 ਦੀ ਗਿਣਤੀ ਵਿੱਚ ਦੱਸੇ ਜਾ ਰਹੇ ਲੁਟੇਰਿਆਂ ਦੇ ਅੜਿੱਕੇ ਚੜ੍ਹ ਗਏ। ਲੁਟੇਰੇ ਆਪਣੀ ਕਾਰ ਨੂੰ ਉੱਥੇ ਛੱਡ ਕੇ ਆਦਮਪੁਰ ਨਜਦੀਕ ਉਦੇਸੀਆਂ ਵਿਖੇ ਪੈਟਰੋਲ ਪੰਪ 'ਤੇ ਪਹੁੰਚੇ ਅਤੇ ਤੇਲ ਭਰਵਾ ਰਹੇ ਆੜਤੀ ਨੂੰ ਜਲੰਧਰ ਛੱਡਣ ਵਾਸਤੇ ਕਿਹਾ ਪਰ ਉਸ ਵੱਲੋਂ ਇਨਕਾਰ ਕਾਰਨ 'ਤੇ ਉਸਨੂੰ ਘੇਰ ਲਿਆ ਅਤੇ ਗੋਲੀ ਚਲਾ ਦਿੱਤੀ ਅਤੇ ਵਿਵੇਕ ਨੂੰ ਬੁਰੀ ਤਰ੍ਹਾਂ ਨਾਲ ਜਖਮੀ ਕਰਕੇ ਉਸਦੀ ਕਾਰ, ਮੋਬਾਈਲ ਅਤੇ ਗੱਡੀ ਵਿੱਚ ਪਏ ਕਰੀਬ 95 ਹਾਜਰ ਰੁਪਏ ਲੈ ਕੇ ਫਰਾਰ ਹੋ ਗਏ। ਪੰਪ ਕਰਮਚਾਰੀ ਘਟਨਾ ਸਮੇਂ ਡਰ ਕੇ ਅੰਦਰ ਲੁੱਕ ਗਏ ਸਨ। ਇਹ ਸਾਰੀ ਘਟਨਾ ਸੀ ਸੀ ਟੀ ਵੀ ਕਮਰੇ ਵਿਚ ਕੈਦ ਹੋ ਗਈ। ਘਟਨਾ ਦੀ ਸੂਚਨਾ ਮਿਲਦੀਆਂ ਹੀ ਪੁਲਸ ਮੌਕੇ 'ਤੇ ਪੁੱਜੀ ਅਤੇ ਜਾਂਚ ਸ਼ੁਰੂ ਕਰਦਿਆਂ ਪਹਿਲਾਂ ਵਿਵੇਕ ਨੂੰ ਹਸਪਤਾਲ ਪਹੁੰਚਾਇਆ ਗਿਆ ਤੇ ਲੁਟੇਰਿਆਂ ਨੂੰ ਫੜਨ ਦੀ ਕਾਰਵਾਈ ਸ਼ੁਰੂ ਕਰ ਦਿੱਤੀ।

# ਨਸ਼ਾ ਤਸਕਰ ਦੀ ਕਰੀਬ 58 ਲੱਖ ਦੀ ਅਣਅਧਿਕਾਰਤ ਪ੍ਰਾਪਰਟੀ ਜ਼ਬਤ



**ਸੰਗਤ ਮੰਡੀ (ਰਾਜਦੀਪ ਜੋਸ਼ੀ)**
ਪੰਜਾਬ ਸਰਕਾਰ ਵੱਲੋਂ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਚਲਾਈ ਗਈ ਮੁਹਿੰਮ ਤਹਿਤ ਸ਼੍ਰੀ ਗੌਰਵ ਯਾਦਵ ਆਈ.ਪੀ.ਐੱਸ. ਡੀ.ਜੀ.ਪੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਸ਼੍ਰੀ ਹਰਮਨਬੀਰ ਸਿੰਘ ਗਿੱਲ ਆਈ.ਪੀ.ਐੱਸ ਐੱਸ.ਐੱਸ.ਪੀ. ਬਠਿੰਡਾ ਵੱਲੋਂ ਜਿਲ੍ਹਾ ਬਠਿੰਡਾ ਵਿਖੇ ਨਸ਼ੇ ਦਾ ਕਾਰੋਬਾਰ ਕਰਨ ਵਾਲਿਆਂ 'ਤੇ ਸ਼ਿਕੰਜਾ ਕੱਸਦੇ ਹੋਏ ਇਹਨਾਂ ਦੁਆਰਾ ਨਸ਼ੇ ਦੇ ਕਾਰੋਬਾਰ ਤੋਂ ਬਣਾਈ ਗੈਰ-ਕਾਨੂੰਨੀ ਜਾਇਦਾਦ/ਸੰਪਤੀ ਚੱਲ ਜਾਂ ਅਚੱਲ ਆਦਿ ਨੂੰ ਬੰਦ ਕਰਨ ਲਈ ਪੰਜਾਬ ਸਰਕਾਰ ਦੁਆਰਾ ਵਿਸ਼ੇਸ਼ ਕਦਮ ਚੁੱਕੇ ਜਾ ਰਹੇ ਹਨ।ਬਠਿੰਡਾ ਪੁਲਿਸ ਵੱਲੋਂ ਇਸ ਮੁਹਿੰਮ ਤਹਿਤ ਜਿਲ੍ਹਾ ਬਠਿੰਡਾ ਵਿੱਚ ਨਸ਼ੇ ਦੇ ਸੌਦਾਗਰਾਂ ਵੱਲੋਂ ਨਸ਼ੇ ਦਾ ਕਾਰੋਬਾਰ ਤੋਂ ਬਣਾਈ ਅਣ-ਅਧਿਕਾਰਿਤ/ਗੈਰ-ਕਾਨੂੰਨੀ ਪ੍ਰਾਪਰਟੀ ਨੂੰ ਕੰਪੀਟੈਂਟ ਅਥਾਰਟੀ ਦਿੱਲੀ ਪਾਸੋਂ ਜਬਤ ਕਰਵਾਇਆ ਗਿਆ।ਜਿਹਨਾਂ ਦੀ ਕੁੱਲ ਕੀਮਤ ਕਰੀਬ 58 ਲੱਖ ਰੁਪਏ ਹੈ।

ਇਸ ਤੋਂ ਇਲਾਵਾ ਸ਼੍ਰੀ ਹਰਮਨਬੀਰ ਸਿੰਘ ਗਿੱਲ ਆਈ.ਪੀ.ਐੱਸ ਐੱਸ.ਐੱਸ.ਪੀ. ਬਠਿੰਡਾ ਵੱਲੋਂ ਦੱਸਿਆ ਗਿਆ ਕਿ ਕੰਪੀਟੈਂਟ ਅਥਾਰਟੀ ਦਿੱਲੀ ਪਾਸ ਐੱਨ.ਡੀ.ਪੀ.ਐੱਸ ਦੇ 26 ਕੇਸ ਭੇਜੇ ਗਏ ਸਨ, ਜਿਨ੍ਹਾਂ ਵਿੱਚੋਂ 7 ਐੱਨ.ਡੀ.ਪੀ.ਐੱਸ ਕੇਸਾਂ ਦੀ ਪ੍ਰਾਪਰਟੀ ਕੰਨਫਰਮ ਹੋ ਚੁੱਕੀ ਹੈ ਅਤੇ ਬਾਕੀ ਰਹਿੰਦੇ 19 ਕੇਸਾਂ ਦੀ ਕੰਪੀਟੈਂਟ ਅਥਾਰਟੀ ਪਾਸ ਪੈਂਡਿੰਗ ਹਨ, ਜਿਹਨਾਂ ਦੀ ਕੁੱਲ ਕੀਮਤ ਕਰੀਬ 2 ਕਰੋੜ 26 ਲੱਖ ਦੇ ਆਸ-ਪਾਸ ਹੈ। ਇਸਤੋਂ ਇਲਾਵਾ ਆਉਣ ਵਾਲੇ ਸਮੇਂ ਦੌਰਾਨ ਬਠਿੰਡਾ ਪੁਲਸ ਵੱਲੋਂ ਹੋਰ ਵੀ ਨਸ਼ਾ ਤਸਕਰਾਂ ਦੀਆਂ ਵੱਧ ਤੋਂ ਵੱਧ ਸ਼ਨਾਖਤ ਕਰਕੇ ਕੰਪੀਟੈਂਟ ਅਥਾਰਟੀ ਦਿੱਲੀ ਪਾਸ ਭੇਜ ਕੇ ਜਬਤ ਕਰਵਾਈਆ ਜਾਣਗੀਆਂ।ਇਸ ਤੋਂ ਇਲਾਵਾ ਜ਼ਿਲ੍ਹਾ ਬਠਿੰਡਾ ਦੇ ਕੰਨਫਰਮ ਹੋਏ ਕੇਸਾਂ ਦੇ ਹੁਕਮਾਂ ਦੀਆਂ ਕਾਪੀਆਂ ਦੋਸ਼ੀਆਂ ਦੇ ਸੰਬੰਧਿਤ ਥਾਣਿਆਂ ਵੱਲੋਂ ਉਹਨਾਂ ਦੇ ਘਰਾਂ ਪਰ ਚਿਪਕਾਈਆਂ ਜਾਂਦੀਆਂ ਹਨ।ਇਹਨਾਂ ਹੁਕਮਾਂ ਮੁਤਾਬਿਕ ਜੋ ਪ੍ਰਾਪਰਟੀ ਕੰਨਫਰਮ ਹੋਈ ਹੈ, ਉਸ ਨੂੰ ਨਾ ਤਾਂ ਵੇਚ ਸਕਦੇ ਹਨ ਅਤੇ ਨਾ ਹੀ ਆਪਣੇ ਰਿਸ਼ਤੇਦਾਰ/ਪਰਵਾਰਕ ਮੈਂਬਰ ਦੇ ਨਾਂਅ 'ਤੇ ਤਬਦੀਲ ਕਰ ਸਕਦੇ ਹਨ। ਇਸ ਲਈ ਬਠਿੰਡਾ ਪੁਲਿਸ ਵੱਲੋਂ ਆਪ ਸਭ ਨੂੰ ਇਹ ਅਪੀਲ ਕੀਤੀ ਜਾਂਦੀ ਹੈ ਕਿ ਨਸ਼ਾ ਤਸਕਰ/ਰਿਸ਼ਤੇਦਾਰ ਅਤੇ ਪਿੰਡ ਵਾਸੀਆਂ ਨੂੰ ਇਸ ਚੀਜ ਤੋਂ ਨਸੀਹਤ ਮਿਲ ਸਕੇ ਕਿ ਅਜਿਹਾ ਕਾਰੋਬਾਰ ਕਰਨ ਵਾਲਿਆਂ ਦਾ ਅੰਤ ਮਾੜਾ ਹੁੰਦਾ ਹੈ, ਕੋਈ ਵੀ ਅਜਿਹਾ ਕਾਰੋਬਾਰ ਕਰਨ ਤੋਂ ਗੁਰੇਜ਼ ਕਰੇ।

# ਵਿਕਾਸ ਕਾਰਜਾਂ 'ਚ ਗੁਣਵੱਤਾ ਤੇ ਪਾਰਦਰਸ਼ਤਾ ਯਕੀਨੀ ਬਣਾਈ ਜਾਵੇ : ਬਲਕਾਰ ਸਿੰਘ



**ਚੰਡੀਗੜ੍ਹ (ਗੁਰਜੀਤ ਬਿੱਲਾ)**
ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬਾ ਵਾਸੀਆਂ ਨੂੰ ਬਿਹਤਰ ਨਾਗਰਿਕ ਸੇਵਾਵਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਇਸ ਉਦੇਸ਼ ਨੂੰ ਪੂਰਾ ਕਰਨ ਦੇ ਮੱਦੇਨਜ਼ਰ ਸੂਬਾ ਸਰਕਾਰ ਵੱਲੋਂ ਪੰਜਾਬ ਭਰ 'ਚ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਇਹ ਪ੍ਰਗਟਾਵਾ ਸਥਾਨਕ ਸਰਕਾਰਾਂ ਬਾਰੇ ਮੰਤਰੀ ਬਲਕਾਰ ਸਿੰਘ ਨੇ ਕੀਤਾ। ਇਥੇ ਮਿਉਂਸੀਪਲ ਭਵਨ ਸੈਕਟਰ-35 ਚੰਡੀਗੜ੍ਹ ਵਿਖੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਬਲਕਾਰ ਸਿੰਘ ਵੱਲੋਂ ਨਗਰ ਕੌਂਸਲ/ਨਗਰ ਪੰਚਾਇਤ, ਮਾਨਸਾ, ਬੋਹਾ, ਬੁਢਲਾਡਾ, ਬਰੇਟਾ, ਭੀਖੀ, ਜੋਗਾ, ਸਰਦੂਲਗੜ੍ਹ, ਮਲੋਟ, ਗਿੱਦੜਬਾਹਾ, ਸ੍ਰੀ ਮੁਕਤਸਰ ਸਾਹਿਬ, ਬਰੀਵਾਲਾ, ਫਰੀਦਕੋਟ ਅਤੇ ਜੈਤੋ ਦੇ ਵਿਕਾਸ ਕਾਰਜਾਂ ਦਾ ਜਾਇਜ਼ਾ ਲੈਣ ਸਬੰਧੀ ਸਮੀਖਿਆ ਮੀਟਿੰਗ ਦੌਰਾਨ ਅਧਿਕਾਰੀਆਂ ਨੂੰ ਚੱਲ ਰਹੇ ਕੰਮਾਂ ਨੂੰ ਤੇਜੀ ਨਾਲ ਨੇਪਰੇ ਚਾੜ੍ਹਨ ਦੇ ਨਿਰਦੇਸ਼ ਦਿੱਤੇ ਗਏ। ਸਥਾਨਕ ਸਰਕਾਰਾਂ ਮੰਤਰੀ ਨੇ ਮੀਟਿੰਗ ਦੌਰਾਨ ਸਵੱਛ ਭਾਰਤ ਮਿਸ਼ਨ, ਅਮਰੁਤ ਮਿਸ਼ਨ ਅਧੀਨ ਆਉਂਦੇ ਵੱਖ-ਵੱਖ ਪ੍ਰਾਜੈਕਟਾਂ, ਕੰਮਾਂ ਸਬੰਧੀ ਅਲਾਟ ਹੋਏ ਫੰਡਾਂ ਅਤੇ ਕੰਮਾਂ ਦੀ ਸਥਿਤੀ ਦਾ ਜਾਇਜ਼ਾ ਲੈਂਦਿਆਂ ਅਧਿਕਾਰੀਆਂ ਨੂੰ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਸੁਪਨਾ ਹੈ ਕਿ ਅਸੀਂ ਸੂਬੇ ਨੂੰ ਰੰਗਲਾ ਪੰਜਾਬ ਬਣਾਉਣਾ ਹੈ। ਇਸ ਲਈ ਇਸ ਸੁਪਨੇ ਨੂੰ ਸਾਕਾਰ ਕਰਨ ਲਈ ਉਨ੍ਹਾਂ ਮੀਟਿੰਗ ਵਿੱਚ ਹਾਜ਼ਰ ਸਾਰੇ ਅਧਿਕਾਰੀਆਂ ਨੂੰ ਆਪਸੀ ਸਹਿਯੋਗ ਨਾਲ ਤਾਲਮੇਲ ਕਰਕੇ ਕੰਮ ਕਰਨ ਦੇ ਆਦੇਸ਼ ਦਿੱਤੇ। ਕੈਬਨਿਟ ਮੰਤਰੀ ਬਲਕਾਰ ਸਿੰਘ ਨੇ ਅਧਿਕਾਰੀਆਂ ਨੂੰ ਕਿਹਾ ਕਿ ਵੱਖ- ਵੱਖ ਸਕੀਮਾਂ ਅਧੀਨ ਅਣਵਰਤੇ ਫੰਡਾਂ ਨੂੰ ਜਲਦ ਤੋਂ ਜਲਦ ਖਰਚ ਕੀਤਾ ਜਾਵੇ। ਉਨ੍ਹਾਂ ਨੇ ਅਧਿਕਾਰੀਆਂ ਨੂੰ ਸਖਤੀ ਨਾਲ ਆਦੇਸ਼ ਦਿੱਤੇ ਕਿ ਵੱਖ-ਵੱਖ ਸਕੀਮਾਂ ਅਧੀਨ ਅਣਵਰਤੇ ਫੰਡਾਂ ਨੂੰ ਦਿੱਤੇ ਗਏ ਦਿਸ਼ਾ ਨਿਰਦੇਸ਼ਾਂ ਅਨੁਸਾਰ ਖਰਚ ਨਾ ਕਰਨ ਦੀ ਸੂਰਤ ਵਿੱਚ ਸਬੰਧਤ ਅਧਿਕਾਰੀਆਂ ਵਿਰੁੱਧ ਬਣਦੀ ਕਾਰਵਾਈ ਕੀਤੀ ਜਾਵੇਗੀ। ਮੰਤਰੀ ਨੇ ਅਧਿਕਾਰੀਆਂ ਨੂੰ ਕਿਹਾ ਕਿ ਆਪੋ-ਆਪਣੇ ਖੇਤਰ ਵਿੱਚ ਸੀਵਰੇਜ ਦੀ ਸਾਫ-ਸਫਾਈ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇ। ਇਸ ਤੋਂ ਇਲਾਵਾ ਇਲਾਕੇ ਵਿੱਚ ਵਿਰਾਸਤੀ ਰਹਿੰਦ-ਖੂਹੰਦ ਦਾ ਵਿਗਿਆਨਕ ਢੰਗ ਨਾਲ ਨਿਪਟਾਰਾ ਕਰਵਾਇਆ ਜਾਵੇ ਤਾਂ ਜੋ ਸੂਬਾ ਵਾਸੀਆਂ ਨੂੰ ਸਾਫ਼ ਸੁਥਰਾ ਅਤੇ ਪ੍ਰਦੂਸ਼ਣ ਰਹਿਤ ਵਾਤਾਵਰਣ ਮੁਹੱਈਆ ਕਰਵਾਇਆ ਜਾ ਸਕੇ। ਉਨ੍ਹਾਂ ਨੇ ਕਿਹਾ ਕਿ ਸਰਕਾਰ ਕੋਲ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਘਾਟ ਨਹੀਂ ਹੈ। ਜੇਕਰ ਵਿਕਾਸ ਕਾਰਜਾਂ ਲਈ ਕਿਸੇ ਨੂੰ ਹੋਰ ਵਾਧੂ ਫੰਡਾਂ ਦੀ ਲੋੜ ਹੋਵੇ ਤਾਂ ਇਸ ਸਬੰਧੀ ਮੁਕੰਮਲ ਐਕਸ਼ਨ ਪਲਾਨ ਮੁੱਖ ਦਫ਼ਤਰ ਨੂੰ ਭੇਜਿਆ ਜਾਵੇ। ਇਸ ਦੌਰਾਨ ਕੈਬਨਿਟ ਮੰਤਰੀ ਬਲਕਾਰ ਸਿੰਘ ਵੱਲੋਂ ਹਲਕੇ ਦੇ ਵਿਧਾਇਕਾਂ ਨੂੰ ਵੱਖ-ਵੱਖ ਸਕੀਮਾਂ ਅਧੀਨ ਆਉਂਦੇ ਵੱਖ-ਵੱਖ ਕੰਮਾਂ ਅਤੇ ਇਸ ਸਬੰਧੀ ਜਾਰੀ ਕੀਤੇ ਫੰਡਾਂ ਬਾਰੇ ਵਿਸਥਾਰ ਨਾਲ ਜਾਣੂ ਕਰਵਾਇਆ ਗਿਆ । ਉਨ੍ਹਾਂ ਵੱਲੋਂ ਵਿਧਾਇਕਾਂ ਨਾਲ ਇਹ ਜਾਣਕਾਰੀ ਵੀ ਸਾਂਝੀ ਕੀਤੀ ਗਈ ਕਿ ਕਿਹੜੀ ਸਕੀਮ ਅਧੀਨ ਕਿੰਨਾ ਬਜਟ ਅਲਾਟ ਕੀਤਾ ਗਿਆ ਹੈ ਤਾਂ ਜੋ ਸਮਾਂਬੱਧ ਅਤੇ ਸੁਚੱਜੇ ਢੰਗ ਨਾਲ ਵਿਕਾਸ ਕਾਰਜਾਂ ਨੂੰ ਨੇਪਰੇ ਚੜ੍ਹਾਇਆ ਜਾ ਸਕੇ।

ਉਨ੍ਹਾਂ ਕਿਹਾ ਕਿ ਸਾਡਾ ਉਦੇਸ਼ ਸੂਬੇ ਦਾ ਵਿਆਪਕ ਵਿਕਾਸ ਕਰਨਾ ਹੈ। ਉਨ੍ਹਾਂ ਵੱਲੋਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਕਿ ਆਪਣੇ ਹਲਕੇ ਦੇ ਵਿਧਾਇਕਾਂ ਨਾਲ ਵਿਕਾਸ ਕਾਰਜਾਂ ਸਬੰਧੀ ਸਾਰੀ ਜਾਣਕਾਰੀ ਸਾਂਝੀ ਕੀਤੀ ਜਾਵੇ ਤਾਂ ਜੋ ਆਮ ਲੋਕਾਂ ਦੀ ਜ਼ਰੂਰਤ ਅਨੁਸਾਰ ਇਲਾਕਾ ਵਾਸੀਆਂ ਦੇ ਲਈ ਵਿਕਾਸ ਕਾਰਜ ਕਰਵਾਏ ਜਾ ਸਕਣ। ਉਨ੍ਹਾਂ ਅੱਗੇ ਕਿਹਾ ਕਿ ਜੇਕਰ ਵਿਕਾਸ ਕਾਰਜਾਂ ਵਿੱਚ ਕਿਸੇ ਕਿਸਮ ਦੀ ਕੋਈ ਮੁਸ਼ਕਿਲ ਪੇਸ਼ ਆਉਂਦੀ ਹੈ ਤਾਂ ਇਸ ਦਾ ਨਿਪਟਾਰਾ ਸਬੰਧਤ ਵਿਧਾਇਕ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਧਿਆਨ ਵਿੱਚ ਲਿਆਕੇ ਤੁਰੰਤ ਕਰਵਾਇਆ ਜਾਵੇ। ਮੰਤਰੀ ਵੱਲੋਂ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਵਿਕਾਸ ਕਾਰਜਾਂ ਵਿੱਚ ਗੁਣਵੱਤਾ ਅਤੇ ਪਾਰਦਰਸ਼ਤਾ ਲਿਆਉਣੀ ਯਕੀਨੀ ਬਣਾਈ ਜਾਵੇ। ਇਸ ਮੌਕੇ ਵਿਧਾਇਕਾਂ ਵਿੱਚ ਬੁੱਧ ਰਾਮ, ਅਮੋਲਕ ਸਿੰਘ, ਗੁਰਪ੍ਰੀਤ ਸਿੰਘ ਬਣਾਂਵਾਲੀ, ਜਗਦੀਪ ਸਿੰਘ ਕਾਕਾ ਬਰਾੜ, ਵਿਧਾਇਕਾਂ ਦੇ ਪ੍ਰਤੀਨਿਧੀਆਂ ਤੋਂ ਇਲਾਵਾ ਪੀ.ਐਮ.ਆਈ.ਡੀ.ਸੀ. ਦੀ ਸੀ.ਈ.ਓ. ਦੀਪਤੀ ਉੱਪਲ, ਮਿਉਂਸੀਪਲ ਕੌਂਸਲ ਅਤੇ ਨਗਰ ਪੰਚਾਇਤਾਂ ਦੇ ਕਾਰਜ ਸਾਧਕ ਅਫਸਰ ਅਤੇ ਹੋਰ ਸੀਨੀਅਰ ਅਧਿਕਾਰੀ ਹਾਜ਼ਰ ਸਨ।

# ਪੈਨਸ਼ਨਰ ਐਸੋ: ਪੰ: ਸ: ਪਾ: ਕਾਰਪੋਰੇਸ਼ਨ ਸਰਕਲ ਤਰਨ ਤਰਨ ਦੀ ਮਹੀਨਾਵਾਰ ਮੀਟਿੰਗ



**ਪੱਟੀ/ਸਰਾਏ ਅਮਾਨਤ ਖਾਂ (ਮੱਖਣ ਮਨੋਜ/ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਪੈਨਸ਼ਨਰ ਐਸੋਸੀਏਸ਼ਨ ਪੰਜਾਬ ਸਟੇਟ ਪਾਵਰ/ਟਰਾਂਸਮਿਸ਼ਨ ਕਾਰਪੋਰੇਸ਼ਨ ਸਰਕਲ ਤਰਨ ਤਰਨ ਦੀ ਮਹੀਨਾਵਾਰੀ ਮੀਟਿੰਗ ਸਰਕਲ ਦੇ ਸੀਨੀਅਰ ਮੀਤ ਪ੍ਰਧਾਨ ਹਰਭਜਨ ਸਿੰਘ ਬੁਟਾਰੀ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਪੱਟੀ, ਭਿੱਖੀਵਿੰਡ, ਸਿਟੀ ਤਰਨ ਤਾਰਨ, ਰਈਆ, ਸਬ ਅਰਬਨ ਤਰਨ ਤਾਰਨ ਆਦਿ ਮੰਡਲਾਂ ਦੇ ਪ੍ਰਧਾਨ/ਸਕੱਤਰਾਂ ਅਤੇ ਸਰਕਲ ਦੇ ਅਹੁਦੇਦਾਰਾਂ ਨੇ ਸ਼ਮੂਲੀਅਤ ਕੀਤੀ।ਬਲਵਿੰਦਰ ਸਿੰਘ ਪਲਾਸੌਰ ਸਰਕਲ ਸਕੱਤਰ ਨੇ ਸੂਬਾ ਕਮੇਟੀ ਦੇ ਫੈਸਲਿਆਂ ਸਬੰਧੀ ਵਿਸਥਾਰ ਨਾਲ ਜਾਣਕਾਰੀ ਦਿੱਤੀ।ਸਤਨਾਮ ਸਿੰਘ ਬੁਟਾਰੀ ਵੱਲੋਂ ਜਥੇਬੰਦੀ ਪ੍ਰਤੀ ਨਿਭਾਈਆਂ ਗਈਆਂ ਸ਼ਾਨਦਾਰ ਸੇਵਾਵਾਂ ਨੂੰ ਮੁੱਖ ਰੱਖਦਿਆਂ ਹਾਊਸ ਵੱਲੋਂ ਸਰਕਲ ਮੀਤ ਪ੍ਰਧਾਨ ਨਿਯੁਕਤ ਕਰਨ ਦਾ ਮਤਾ ਲਿਆਂਦਾ ਗਿਆ ਜੋ ਸਰਬਸੰਮਤੀ ਨਾਲ ਪ੍ਰਵਾਨ ਕੀਤਾ ਗਿਆ।

ਇਸ ਮੀਟਿੰਗ ਨੂੰ ਸਰਕਲ ਸਰਪ੍ਰਸਤ ਧਨਵੰਤ ਸਿੰਘ ਰੰਧਾਵਾ, ਹਰਭਜਨ ਸਿੰਘ ਬੁਟਾਰੀ, ਰਣਜੀਤ ਸਿੰਘ ਬੱਲ, ਰਤਨ ਸਿੰਘ ਡਾਲੇਕੇ ਨੇ ਸੰਬੋਧਨ ਕਰਦਿਆਂ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਗਏ 4% ਮਹਿਗਾਈ ਭੱਤੇ ਨੂੰ ਨਾਕਾਫੀ ਕਰਾਰ ਦਿੰਦਿਆਂ ਕਿਹਾ ਮੁਲਾਜ਼ਮਾ ਅਤੇ ਪੈਨਸ਼ਨਰਾਂ ਦਾ 12% ਮਹਿਗਾਈ ਭੱਤੇ ਵਿੱਚੋਂ ਸਿਰਫ 4% ਮਹਿਗਾਈ ਭੱਤਾ ਜਾਰੀ ਕੀਤਾ ਜਦਕਿ ਜਨਵਰੀ 2024 ਤੋਂ ਮਹਿਗਾਈ ਭੱਤੇ ਦੀ ਇੱਕ ਹੋਰ ਕਿਸ਼ਤ ਬਣ ਗਈ ਹੈ।

ਸਤਨਾਮ ਸਿੰਘ ਬਟਾਰੀ, ਸੋਹਣ ਸਿੰਘ ਰੱਖੜਾ, ਗਿਆਨ ਸਿੰਘ ਜੌਹਲ, ਅਵਤਾਰ ਸਿੰਘ ਅਤੇ ਰਸ਼ਪਾਲ ਸਿੰਘ ਸਹਿਦੇਵ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਅਤੇ ਪਾਵਰ ਕਾਰਪੋਰੇਸ਼ਨ ਦੀ ਮੈਨੇਜਮੈਂਟ ਪੈਨਸ਼ਨਾਂ ਅਤੇ ਮੁਲਾਜ਼ਮਾਂ ਦੀਆਂ ਮੰਗਾਂ ਪ੍ਰਤੀ ਸੰਜੀਦਾ ਨਹੀਂ, ਸਹੀ ਅਤੇ ਜਾਇਜ਼ ਮੰਗਾਂ ਜਾਣਬੁਝ ਕੇ ਲਮਕਾ ਵਿੱਚ ਪਾਈਆਂ ਹੋਈਆਂ ਹਨ।ਅੱਜ ਦੀ ਮੀਟਿੰਗ ਵਿੱਚ ਪੰਜਾਬ ਸਰਕਾਰ ਅਤੇ ਪਾਵਰ ਕਾਰਪੋਰੇਸ਼ਨ ਦੀ ਮੈਨੇਜਮੈਂਟ ਤੋਂ ਮੰਗ ਕੀਤੀ ਕਿ ਪਹਿਲੀ ਜਨਵਰੀ 2016 ਤੋਂ ਏਰੀਅਰ, ਡੀ. ਏ. ਦੇ ਬਕਾਏ, ਪਹਿਲੀ ਜਨਵਰੀ 2016 ਤੋਂ ਪਹਿਲਾਂ ਸੇਵਾ ਮੁਕਤ ਹੋਏ ਪੈਨਸ਼ਨਰਾਂ ਨੂੰ ਪੇ-ਕਮਿਸ਼ਨ ਦੀਆਂ ਸਿਫਾਰਸ਼ ਮੁਤਾਬਕ 2,59 ਦਾ ਗੁਣਾਂਕ ਦੇਣ ਤੋਂ ਇਲਾਵਾ ਦੂਸਰੇ ਰਾਜਾਂ ਦੀ ਤਰ' ਤੇ ਪੰਜਾਬ ਦੇ ਪੈਨਸ਼ਨਰਾਂ ਨੂੰ ਬਿਜਲੀ ਯੂਨਿਟਾਂ ਵਿੱਚ ਰਿਆਇਤ ਦਿੱਤੀ ਜਾਵੇ।ਕੈਸ਼ਲੈੱਸ ਮੈਡੀਕਲ ਸਕੀਮ ਦੀਆਂ ਤਰੁੱਟੀਆਂ ਦੂਰ ਕਰਕੇ ਮੁੜ ਲਾਗੂ ਕੀਤੀ ਜਾਵੇ।ਇਸ ਮੌਕੇ ਹਰਜੀਤ ਸਿੰਘ ਭਿੱਖੀਵਿੰਡ, ਹਰਭਜਨ ਸਿੰਘ ਪੱਟੀ, ਗਿਆਨ ਸਿੰਘ ਅਹਿਮਦਪੁਰ, ਬਿੱਲਾ ਜੌਹਲ, ਪ੍ਰਧਾਨ ਬੂਟਾ ਸਿੰਘ, ਜਗਤਾਰ ਸਿੰਘ ਤਰਨ ਤਾਰਨ, ਜੋਗਿੰਦਰ ਸਿੰਘ ਬਾਗੜੀਆਂ, ਰਾਜਪਾਲ ਸਿੰਘ, ਪ੍ਰਧਾਨ ਚਰਨ ਸਿੰਘ, ਪਰਮਿੰਦਰ ਸਿੰਘ, ਸੁਖਦੇਵ ਸਿੰਘ ਅਤੇ ਬਲਵਿੰਦਰ ਸਿੰਘ ਮਾਨੋਚਾਹਲ ਆਦਿ ਹਾਜ਼ਰ ਸਨ।

# ਚੀਫ਼ ਖ਼ਾਲਸਾ ਦੀਵਾਨ ਧਰਮ ਪ੍ਰਚਾਰ ਕਮੇਟੀ ਵੱਲੋਂ ਅੰਮ੍ਰਿਤ ਸੰਚਾਰ 12 ਨੂੰ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਸਿੱਖੀ ਦੇ ਪ੍ਰਚਾਰ-ਪ੍ਰਸਾਰ ਨੂੰ ਪ੍ਰਚੰਡ ਕਰਨ ਹਿੱਤ ਚੀਫ਼ ਖ਼ਾਲਸਾ ਦੀਵਾਨ ਧਰਮ ਪ੍ਰਚਾਰ ਕਮੇਟੀ ਵੱਲੋਂ 12 ਜਨਵਰੀ ਦਿਨ ਸ਼ੁੱਕਰਵਾਰ ਨੂੰ ਸਵੇਰੇ 11:00 ਵਜੇ ਤੋਂ ਲੈ ਕੇ ਦੁਪਹਿਰ 2:30 ਵਜੇ ਤੱਕ ਅੰਮ੍ਰਿਤ ਸੰਚਾਰ ਕਰਵਾਇਆ ਜਾਵੇਗਾ ਜਿਸ ਤਹਿਤ ਚੀਫ਼ ਖ਼ਾਲਸਾ ਦੀਵਾਨ ਦੇ ਸਕੂਲਾਂ ਦੇ 500 ਵਿਦਿਆਰਥੀ ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਨਣਗੇ। ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ ਅਤੇ ਆਨਰੇਰੀ ਸਕੱਤਰ ਸਵਿੰਦਰ ਸਿੰਘ ਕੱਥੂਨੰਗਲ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਅਤੇ ਪੰਜ ਪਿਆਰੇ ਵਿਸ਼ੇਸ਼ ਤੌਰ ਤੇ ਪੁੱਜ ਕੇ ਵਿਦਿਆਰਥੀਆਂ ਨੂੰ ਅੰਮ੍ਰਿਤਪਾਨ ਕਰਵਾਉਣਗੇ ਅਤੇ ਬੱਚਿਆਂ ਨੂੰ ਸਿੱਖ ਰਹਿਤ ਮਰਿਆਦਾ ਅਤੇ ਸਿਧਾਂਤਾਂ ਤੋਂ ਜਾਣੂ ਕਰਵਾਉਣਗੇ। ਇਸ ਸਬੰਧ ਵਿਚ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਤਰਲੋਚਨ ਸਿੰਘ ਨੇ ਦੱਸਿਆ ਕਿ ਦੀਵਾਨ ਅਦਾਰਿਆਂ ਦੇ ਵਿਦਿਆਰਥੀਆਂ ਦੇ ਨਾਲ-ਨਾਲ ਜੇਕਰ ਕੋਈ ਅਧਿਆਪਕ, ਸਟਾਫ ਮੈਂਬਰ, ਬੱਚਿਆਂ ਦੇ ਮਾਪੇ, ਰਿਸ਼ਤੇਦਾਰ ਜਾਂ ਫਿਰ ਕੋਈ ਹੋਰ ਬਾਹਰੋ ਵੀ ਮਾਈਭਾਈ ਅੰਮ੍ਰਿਤ ਛਕਣ ਦੇ ਚਾਹਵਾਨ ਹੋਣ ਤਾਂ ਉਹ ਉਕਤ ਸਮੇਂ ਅਤੇ ਸਥਾਨ 'ਤੇ ਪੁੱਜ ਕੇ ਅੰਮ੍ਰਿਤ ਦੀ ਦਾਤ ਪ੍ਰਾਪਤ ਕਰ ਸਕਦੇ ਹਨ। ਉਨ੍ਹਾਂ ਨੇ ਦੱਸਿਆ ਕਿ ਅੰਮ੍ਰਿਤ ਸੰਚਾਰ ਸਮੇਂ ਧਾਰਨ ਕਰਵਾਏ ਜਾਣ ਵਾਲੇ ਕਕਾਰ ਚੀਫ਼ ਖ਼ਾਲਸਾ ਦੀਵਾਨ ਧਰਮ ਪ੍ਰਚਾਰ ਕਮੇਟੀ ਵੱਲੋਂ ਦਿੱਤੇ ਜਾਣਗੇ।

# ਅੰਮ੍ਰਿਤਸਰ 'ਚ ਉੱਚ ਪੱਧਰੀ ਮੀਟਿੰਗ ਦੌਰਾਨ ਚੇਅਰਮੈਨ ਬਹਿਲ ਨੇ ਗੁਰਦਾਸਪੁਰ ਦੇ ਅਹਿਮ ਮਸਲੇ ਉਠਾਏ



**ਗੁਰਦਾਸਪੁਰ, (ਦਿਨੇਸ਼ ਕੁਮਾਰ)**-ਸੂਬੇ ਦੇ ਸੂਚਨਾ ਤੇ ਲੋਕ ਸੰਪਰਕ, ਖਣਨ ਤੇ ਭੂ-ਵਿਗਿਆਨ, ਭੂਮੀ ਤੇ ਜਲ ਸੰਭਾਲ ਅਤੇ ਜਲ ਸਰੋਤ, ਸੁਤੰਤਰਤਾ ਸੰਗਰਾਮੀ, ਰੱਖਿਆ ਸੇਵਾਵਾਂ ਭਲਾਈ ਅਤੇ ਬਾਗਬਾਨੀ ਮੰਤਰੀ ਸ. ਚੇਤਨ ਸਿੰਘ ਜੌੜਾ ਮਾਜਰਾ ਵੱਲੋਂ ਅੱਜ ਅੰਮ੍ਰਿਤਸਰ ਵਿਖੇ ਜਨਤਕ ਨੁਮਾਇੰਦਿਆਂ ਅਤੇ ਅਧਿਕਾਰੀਆਂ ਨਾਲ ਇੱਕ ਅਹਿਮ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਹਿੱਸਾ ਲੈਂਦਿਆਂ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਸ੍ਰੀ ਰਮਨ ਬਹਿਲ ਨੇ ਵਿਧਾਨ ਸਭਾ ਹਲਕਾ ਗੁਰਦਾਸਪੁਰ ਨਾਲ ਸਬੰਧਤ ਅਹਿਮ ਮੰਗਾਂ ਨੂੰ ਜ਼ੋਰਦਾਰ ਢੰਗ ਨਾਲ ਉਠਾਇਆ ਅਤੇ ਇਨ੍ਹਾਂ ਦੇ ਹੱਲ ਲਈ ਪੈਰਵੀ ਕੀਤੀ ਹੈ।ਚੇਅਰਮੈਨ ਰਮਨ ਬਹਿਲ ਨੇ ਕੈਬਨਿਟ ਮੰਤਰੀ ਸ. ਚੇਤਨ ਸਿੰਘ ਜੌੜਾ ਮਾਜਰਾ ਕੋਲ ਕਿਰਨ ਨਾਲਾ/ਸ਼ੱਕੀ ਨਾਲੇ ਨੂੰ ਸਿੱਧਾ ਕਰਨ ਦਾ ਮਾਮਲਾ ਪ੍ਰਮੁੱਖ ਤੌਰ ਨਾਲ ਉਠਾਇਆ।ਉਨ੍ਹਾਂ ਦੱਸਿਆ ਕਿ ਕਿਰਨ ਨਾਲਾ ਜਿਸਨੂੰ ਸ਼ੱਕੀ ਨਾਲਾ ਵੀ ਕਹਿੰਦੇ ਹਨ, ਦੀਨਾਨਗਰ ਦੇ ਪਿੰਡ ਸਲੇਮਪੁਰ ਕੋਲੋਂ ਸ਼ੁਰੂ ਹੋ ਕੇ ਜ਼ਿਲ੍ਹਾ ਅੰਮ੍ਰਿਤਸਰ ਦੇ ਪਿੰਡ ਅਜਨਾਲਾ ਨੇੜੇ ਦਰਿਆ ਰਾਵੀ ਵਿੱਚ ਪੈਂਦਾ ਹੈ। ਇਹ ਨਾਲਾ ਕੁਦਰਤੀ ਹੋਣ ਕਾਰਨ ਟੇਡਾ-ਮੇਡਾ ਚੱਲਦਾ ਹੈ ਅਤੇ ਇਸਦਾ ਵੱਡਾ ਹਿੱਸਾ ਗੁਰਦਾਸਪੁਰ ਵਿਧਾਨ ਸਭਾ ਹਲਕੇ ਵਿੱਚ ਪੈਂਦਾ ਹੈ। ਉਨ੍ਹਾਂ ਦੱਸਿਆ ਕਿ ਇਸ ਨਾਲੇ ਵਿੱਚ ਜ਼ਿਲ੍ਹਾ ਗੁਰਦਾਸਪੁਰ ਦੀਆਂ ਨਬੀਪੁਰ ਕੱਟ ਡਰੇਨ, ਚਿਕੜੀ ਡਰੇਨ, ਵਡਾਲਾ ਬਾਂਗਰ ਅਤੇ ਹੋਰ ਲਿੰਕ ਡਰੇਨਾਂ ਦਾ ਪਾਣੀ ਵੀ ਪੈਂਦਾ ਹੈ।ਬਰਸਾਤ ਦੇ ਦਿਨ੍ਹਾਂ ਵਿੱਚ ਡਰੇਨਾਂ ਦਾ ਪਾਣੀ ਸ਼ੱਕੀ ਨਾਲੇ ਵਿੱਚ ਆਉਣ ਕਾਰਨ ਇਹ ਓਵਰਫਲੋਅ ਹੋ ਜਾਂਦਾ ਹੈ ਜਿਸ ਨਾਲ ਵੱਡੇ ਪੱਧਰ 'ਤੇ ਫ਼ਸਲਾਂ ਖ਼ਰਾਬ ਹੋ ਜਾਂਦੀਆਂ ਹਨ। ਸ੍ਰੀ ਰਮਨ ਬਹਿਲ ਨੇ ਮੰਗ ਕੀਤੀ ਕਿ ਸ਼ੱਕੀ ਨਾਲੇ ਨੂੰ ਸਿੱਧਾ ਕੀਤਾ ਜਾਵੇ ਤਾਂ ਜੋ ਬਰਸਾਤੀ ਪਾਣੀ ਦਾ ਨਿਕਾਸ ਹੋ ਸਕੇ। ਉਨ੍ਹਾਂ ਕਿਹਾ ਕਿ ਇਹ ਨਾਲਾ ਸਰਹੱਦੀ ਖੇਤਰ ਵਿੱਚ ਹੋਣ ਕਾਰਨ ਸੈਕਿੰਡ ਡਿਫੈਂਸ ਲਾਈਨ ਦਾ ਕੰਮ ਵੀ ਕਰਦਾ ਹੈ। ਉਨ੍ਹਾਂ ਦੱਸਿਆ ਕਿ ਇਸ ਨਾਲੇ ਦੀ ਚੈਨੇਲਾਈਜ਼ੇਸ਼ਨ ਦਾ ਪ੍ਰੋਜੈਕਟ ਭਾਰਤ ਸਰਕਾਰ ਵੱਲੋਂ ਅਪਰੂਵ ਕੀਤਾ ਹੋਇਆ ਹੈ। ਉਨ੍ਹਾਂ ਕਿਹਾ ਕਿ ਸ਼ੱਕੀ ਨਾਲੇ ਨੂੰ ਸਿੱਧਾ ਕਰਨ ਦਾ ਕੰਮ ਜਲਦੀ ਸ਼ੁਰੂ ਕੀਤਾ ਜਾਵੇ ਤਾਂ ਜੋ ਇਸ ਨਾਲ ਹੁੰਦੇ ਨੁਕਸਾਨ ਨੂੰ ਰੋਕਿਆ ਜਾ ਸਕੇ।ਇਸ ਮੀਟਿੰਗ ਦੌਰਾਨ ਚੇਅਰਮੈਨ ਰਮਨ ਬਹਿਲ ਨੇ ਨਬੀਪੁਰ ਕੱਟ ਡਰੇਨ ਦਾ ਮੁੱਦਾ ਵੀ ਜ਼ੋਰਦਾਰ ਢੰਗ ਨਾਲ ਉਠਾਇਆ। ਉਨ੍ਹਾਂ ਕਿਹਾ ਕਿ ਨਬੀਪੁਰ ਕੱਟ ਡਰੇਨ ਜੋ ਗੁਰਦਾਸਪੁਰ ਸ਼ਹਿਰ ਵਿੱਚ ਨਿਕਲਦੀ ਹੈ ਅਤੇ ਇਹ ਡਰੇਨ ਸ਼ਹਿਰੀ ਏਰੀਏ ਦਾ ਅਤੇ ਤਕਰੀਬਨ 70 ਪਿੰਡਾਂ ਦੇ ਬਾਰਸ਼ ਦੇ ਪਾਣੀ ਦੀ ਨਿਕਾਸੀ ਦਾ ਜਰੀਆ ਹੈ। ਉਨ੍ਹਾਂ ਕਿਹਾ ਕਿ ਇਸ ਡਰੇਨ ਦੀ ਲਗਭਗ 4 ਕਿਲੋਮੀਟਰ ਲੰਬਾਈ ਗੁਰਦਾਸਪੁਰ ਸ਼ਹਿਰ ਵਿੱਚੋਂ ਨਿਕਲਦੀ ਹੈ। ਸ੍ਰੀ ਬਹਿਲ ਨੇ ਕਿਹਾ ਕਿ ਪਿਛਲੇ ਕਈ ਸਾਲਾਂ ਦੌਰਾਨ ਸ਼ਹਿਰ ਦੇ ਤਿੱਬੜੀ ਰੋਡ ਤੋਂ ਬਟਾਲਾ ਰੋਡ ਦਰਮਿਆਨ (ਲਗਭਗ 3 ਕਿਲੋਮੀਟਰ) ਲੰਬਾਈ ਵਿੱਚ ਇਹ ਡਰੇਨ ਕੱਚੀ ਹੋਣ ਕਾਰਨ ਅਤੇ ਭਾਰੀ ਬਰਸਾਤ ਕਾਰਨ ਦੋਨਾਂ ਸਾਈਡਾਂ ਤੋਂ ਖੁਰਦੀ ਜਾ ਰਹੀ ਹੈ, ਜਿਸ ਕਾਰਨ ਦੋਵੇਂ ਪਾਸੇ ਵਸੀ ਹੋਈ ਵਸੋਂ ਨੂੰ ਭਾਰੀ ਖ਼ਤਰਾ ਬਣਿਆ ਰਹਿੰਦਾ ਹੈ।ਇਸ ਤੋਂ ਇਲਾਵਾ ਸੀਵਰੇਜ ਦਾ ਗੰਦਾ ਪਾਣੀ ਲੋਕਾਂ ਦੇ ਘਰਾਂ ਵਿੱਚ ਜਾਂਦਾ ਹੈ, ਜਿਸ ਕਾਰਨ ਲੋਕਾਂ ਨੂੰ ਬਿਮਾਰੀਆਂ ਦਾ ਵੀ ਖ਼ਤਰਾ ਹੈ। ਇਸ ਲਈ ਇਲਾਕੇ ਦੇ ਲੋਕਾਂ ਵੱਲੋਂ ਇਸ ਨੂੰ ਪੱਕਾ ਕਰਨ ਦੀ ਮੰਗ ਕੀਤੀ ਜਾ ਰਹੀ ਹੈ।ਬਹਿਲ ਨੇ ਕਿਹਾ ਕਿ ਇਸੇ ਹੀ ਤਰਜ਼ 'ਤੇ ਪਿੰਡ ਖੋਖਰ ਦੇ ਨਜ਼ਦੀਕ ਵੀ ਲਗਭਗ ਅੱਧਾ ਕਿਲੋਮੀਟਰ ਲੰਬਾਈ ਵਿੱਚ ਇਸ ਨੂੰ ਪੱਕਾ ਕੀਤਾ ਜਾਵੇ।ਰਮਨ ਬਹਿਲ ਨੇ ਕਿਹਾ ਕਿ ਉਪਰੋਕਤ ਕੰਮ ਲਈ ਐਸਡੀਓ ਡਰੇਨੇਜ਼, ਗੁਰਦਾਸਪੁਰ ਵੱਲੋਂ ਤਕਰੀਬਨ 1.64 ਕਰੋੜ ਰੁਪਏ ਦਾ ਤਖ਼ਮੀਨਾ ਤਿਆਰ ਕੀਤਾ ਗਿਆ ਹੈ ਅਤੇ ਇਸ ਕੰਮ ਨੂੰ ਵੀ ਕਰਵਾਇਆ ਜਾਵੇ।ਉਨ੍ਹਾਂ ਕਿਹਾ ਕਿ ਬੱਬਰੀ ਨੇੜੇ ਇਸ ਡਰੇਨ ਉੱਪਰ ਇੱਕ ਪੁਲ ਦੀ ਵੀ ਜ਼ਰੂਰਤ ਹੈ ਜਿਸਨੂੰ ਬਣਾਇਆ ਜਾਵੇ। ਸ੍ਰੀ ਬਹਿਲ ਨੇ ਕੈਬਨਿਟ ਮੰਤਰੀ ਕੋਲੋਂ ਮੰਗ ਕੀਤੀ ਕਿ ਗੁਰਦਾਸਪੁਰ ਵਿਧਾਨ ਸਭਾ ਹਲਕੇ ਦੀਆਂ ਉਪਰੋਕਤ ਮੰਗਾਂ ਨੂੰ ਪਹਿਲ ਦੇ ਅਧਾਰ 'ਤੇ ਕੀਤਾ ਜਾਵੇ।ਕੈਬਨਿਟ ਮੰਤਰੀ ਚੇਤਨ ਸਿੰਘ ਜੌੜਾ ਮਾਜਰਾ ਨੇ ਚੇਅਰਮੈਨ ਰਮਨ ਬਹਿਲ ਨੂੰ ਭਰੋਸਾ ਦਿੰਦਿਆਂ ਕਿਹਾ ਕਿ ਉਨ੍ਹਾਂ ਨੇ ਲੋਕ ਭਲਾਈ ਦੇ ਇਹ ਬਹੁਤ ਵਧੀਆ ਮੁੱਦੇ ਉਠਾਏ ਹਨ ਅਤੇ ਪੰਜਾਬ ਸਰਕਾਰ ਵੱਲੋਂ ਇਨ੍ਹਾਂ ਮਸਲਿਆਂ ਦੇ ਹੱਲ ਲਈ ਪੂਰੀ ਸੁਹਿਰਦਤਾ ਨਾਲ ਕੰਮ ਕੀਤਾ ਜਾਵੇਗਾ।

# ਕਾਹਨੂੰਵਾਨ ਦੇ ਸਰਬਪੱਖੀ ਵਿਕਾਸ ਨੂੰ ਲੈ ਕੇ ਚੇਅਰਮੈਨ ਸੇਖਵਾਂ ਦੀ ਅਧਿਕਾਰੀਆਂ ਨਾਲ ਮੀਟਿੰਗ

## * ਸਰਕਾਰੀ ਹਸਪਤਾਲ ਕਾਹਨੂੰਵਾਨ ਦੀ ਕੀਤੀ ਜਾਵੇਗੀ ਕਾਇਆ-ਕਲਪ



ਗੁਰਦਾਸਪੁਰ, (ਦਿਨੇਸ਼ ਕੁਮਾਰ)-ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਕਾਹਨੂੰਵਾਨ ਦੇ ਸਰਬਪੱਖੀ ਵਿਕਾਸ ਨੂੰ ਲੈ ਕੇ ਅਧਿਕਾਰੀਆਂ ਦੇ ਨਾਲ ਅਹਿਮ ਮੀਟਿੰਗ ਕੀਤੀ।ਮੀਟਿੰਗ ਦੌਰਾਨ ਕਾਹਨੂੰਵਾਨ ਨਗਰ ਦੇ ਸਰਬਪੱਖੀ ਵਿਕਾਸ ਉੱਪਰ ਵਿਚਾਰ ਚਰਚਾ ਕਰਨ ਦੇ ਨਾਲ ਭਵਿੱਖ ਦਾ ਰੋਡ-ਮੈਪ ਤਿਆਰ ਕੀਤਾ ਗਿਆ।ਮੀਟਿੰਗ ਦੌਰਾਨ ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਕਾਹਨੂੰਵਾਨ ਨੂੰ ਪੰਚਾਇਤ ਤੋਂ ਨਗਰ ਕੌਂਸਲ ਦਾ ਦਰਜਾ ਦਿਵਾਇਆ ਜਾਵੇਗਾ ਜਿਸ ਲਈ ਉਨ੍ਹਾਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਨਾਲ ਵੀ ਵਿਚਾਰ ਵਟਾਂਦਰਾ ਕੀਤਾ ਹੈ।ਉਨ੍ਹਾਂ ਕਿਹਾ ਕਿ ਕਾਹਨੂੰਵਾਨ ਪੰਚਾਇਤ ਨੂੰ ਨਗਰ ਕੌਂਸਲ ਦਾ ਦਰਜਾ ਦਿਵਾਉਣ ਸਬੰਧੀ ਜਲਦ ਹੀ ਮਤਾ ਪਾਸ ਕੀਤਾ ਜਾਵੇਗਾ ਅਤੇ ਸਰਕਾਰ ਕੋਲੋਂ ਇਸ ਨੂੰ ਨਗਰ ਕੌਂਸਲ ਦਾ ਦਰਜਾ ਦਿਵਾਉਣ ਲਈ ਚਾਰਾਜੋਈ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਕਾਹਨੂੰਵਾਨ ਇਲਾਕੇ ਦਾ ਵੱਡਾ ਨਗਰ ਹੈ ਅਤੇ ਇਹ ਨਗਰ ਕੌਂਸਲ ਬਣਨ ਦੀਆਂ ਸ਼ਰਤਾਂ ਪੂਰੀਆਂ ਕਰਦਾ ਹੈ।ਉਨ੍ਹਾਂ ਕਿਹਾ ਕਿ ਨਗਰ ਕੌਂਸਲ ਬਣਨ ਨਾਲ ਇੱਥੇ ਸੀਵਰੇਜ, ਗਲੀਆਂ, ਸਟਰੀਟ ਲਾਈਟਾਂ ਆਦਿ ਦੇ ਕੰਮ ਮੁਕੰਮਲ ਕਰਕੇ ਲੋਕਾਂ ਨੂੰ ਸਾਰੀਆਂ ਬੁਨਿਆਦੀ ਸਹੂਲਤਾਂ ਦਿੱਤੀਆਂ ਜਾਣਗੀਆਂ।ਚੇਅਰਮੈਨ ਸੇਖਵਾਂ ਨੇ ਅੱਗੇ ਕਿਹਾ ਕਿ ਕਾਹਨੂੰਵਾਨ ਦੇ ਸਰਕਾਰੀ ਹਸਪਤਾਲ ਦੀ ਕਾਇਆ-ਕਲਪ ਕੀਤੀ ਜਾਵੇਗੀ ਅਤੇ ਇਸ ਹਸਪਤਾਲ ਦੀ ਨਵੀਂ ਇਮਾਰਤ ਲਈ ਪੰਜਾਬ ਸਰਕਾਰ ਵੱਲੋਂ 25 ਲੱਖ ਰੁਪਏ ਮਨਜ਼ੂਰ ਕਰ ਲਏ ਗਏ ਹਨ। ਉਨ੍ਹਾਂ ਕਿਹਾ ਕਿ ਹਸਪਤਾਲ ਦੀ ਪੁਰਾਣੀ ਇਮਾਰਤ ਦੀ ਵੀ ਮੁਰੰਮਤ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਹਸਪਤਾਲ ਵਿੱਚ ਸਟਾਫ਼ ਦੀ ਘਾਟ ਨੂੰ ਪੂਰਾ ਕਰਨ ਦੇ ਇਲਾਜ ਲਈ ਉਪਕਰਨ ਤੇ ਸਾਜ਼ੋ-ਸਮਾਨ ਵੀ ਮੁਹੱਈਆ ਕਰਵਾਇਆ ਜਾਵੇਗਾ। ਉਨ੍ਹਾਂ ਨੇ ਦੱਸਿਆ ਕਿ ਸਰਕਾਰੀ ਸਕੂਲ ਕਾਹਨੂੰਵਾਨ ਨੂੰ ਖੇਡ ਮੈਦਾਨ ਲਈ ਜਗ੍ਹਾ ਦਿੱਤੀ ਗਈ ਹੈ ਅਤੇ ਜਲਦ ਹੀ ਇੱਥੇ ਸਟੇਡੀਅਮ ਦੀ ਉਸਾਰੀ ਸ਼ੁਰੂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਕਾਹਨੂੰਵਾਨ ਵਿੱਚ ਸਹਿਕਾਰਤਾ ਵਿਭਾਗ ਦੀ ਖ਼ਾਲੀ ਪਈ ਥਾਂ ਉੱਪਰ ਲੱਗੇ ਕੂੜੇ ਦੇ ਡੰਪ ਚੁੱਕ ਕੇ ਓਥੇ ਪਾਰਕਿੰਗ ਅਤੇ ਮਾਰਕੀਟ ਬਣਾਈ ਜਾਵੇਗੀ।

ਸੇਖਵਾਂ ਨੇ ਕਿਹਾ ਕਿ ਉਨ੍ਹਾਂ ਦੇ ਪਿਤਾ ਜਥੇਦਾਰ ਸੇਵਾ ਸਿੰਘ ਸੇਖਵਾਂ ਨੇ ਧਨੋਆ ਪੱਤਣ ਉੱਪਰ ਪੁਲ ਬਣਾ ਕੇ ਬੇਟ ਇਲਾਕੇ ਦੇ ਲੋਕਾਂ ਨੂੰ ਵੱਡੀ ਸਹੂਲਤ ਦਿੱਤੀ ਸੀ ਅਤੇ ਹੁਣ ਉਸ ਪੁਲ ਨੂੰ ਜਾਂਦੀ ਸੜਕ ਨੂੰ ਹੋਰ ਚੌੜਿਆਂ ਕੀਤਾ ਜਾਵੇਗਾ।ਇਸ ਤੋਂ ਇਲਾਵਾ ਕਾਹਨੂੰਵਾਨ ਨਗਰ ਦੇ ਦੁਆਲੇ ਬਾਈਪਾਸ ਤਿਆਰ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਕਾਹਨੂੰਵਾਨ ਤੋਂ ਚੰਡੀਗੜ੍ਹ ਲਈ ਰੋਡਵੇਜ਼ ਦੀ ਬੱਸ ਦੀ ਸੇਵਾ ਦੁਬਾਰਾ ਸ਼ੁਰੂ ਕਰਵਾਈ ਜਾਵੇਗੀ।

ਕਾਹਨੂੰਵਾਨ ਵਿੱਚ ਟਰੈਫ਼ਿਕ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਟਰੈਫ਼ਿਕ ਪੁਲਿਸ ਦੇ ਮੁਲਾਜ਼ਮ ਤਾਇਨਾਤ ਕੀਤੇ ਜਾਣਗੇ। ਅੱਜ ਦੀ ਮੀਟਿੰਗ ਦੌਰਾਨ ਕਾਹਨੂੰਵਾਨ ਨਗਰ ਦੇ ਵਿਕਾਸ ਏਜੰਡੇ ਉੱਪਰ ਖੁੱਲ੍ਹ ਕੇ ਵਿਚਾਰਾਂ ਹੋਈਆਂ ਅਤੇ ਉਪਰੋਕਤ ਸਾਰੇ ਪ੍ਰੋਜੈਕਟਾਂ ਨੂੰ ਨੇਪਰੇ ਚਾੜ੍ਹਨ ਲਈ ਉਹ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਸਮੇਤ ਸਬੰਧਿਤ ਵਿਭਾਗਾਂ ਦੇ ਮੰਤਰੀ ਨਾਲ ਨਿੱਜੀ ਤੌਰ 'ਤੇ ਮੁਲਾਕਾਤ ਕਰਕੇ ਸਾਰੇ ਮਾਮਲਿਆਂ ਦੀ ਪੈਰਵੀ ਕਰਨਗੇ।ਉਨ੍ਹਾਂ ਕਿਹਾ ਕਿ ਵਿਕਾਸ ਪੱਖੋਂ ਕਾਹਨੂੰਵਾਨ ਨੂੰ ਸੂਬੇ ਮੋਹਰੀ ਨਗਰਾਂ ਵਿੱਚ ਸ਼ੁਮਾਰ ਕੀਤਾ ਜਾਵੇਗਾ।

# ਜ਼ਿਲ੍ਹੇ 'ਚ 21 ਹੌਟਸਪੌਟ ਖੇਤਰਾਂ 'ਚ ਕੌਰਡਨ ਐਂਡ ਸਰਚ ਅਪਰੇਸ਼ਨ

**ਮੋਹਾਲੀ (ਕ੍ਰਿਸ਼ਨ ਗਰਗ)** ਪੰਜਾਬ ਸਰਕਾਰ ਵਲੋਂ ਨਸ਼ਿਆਂ ਦੇ ਖਾਤਮੇ ਲਈ ਵਿੱਢੀ ਮੁਹਿੰਮ ਤਹਿਤ ਡਾਇਰੈਕਟਰ ਜਨਰਲ ਪੁਲਸ, ਪੰਜਾਬ, ਗੌਰਵ ਯਾਦਵ ਦੇ ਹੁਕਮਾਂ ਅਨੁਸਾਰ ਸੀ.ਏ.ਐਸ.ਓ.(ਕੌਰਡਨ ਐਂਡ ਸਰਚ ਅਪਰੇਸ਼ਨ) ਤਹਿਤ ਜ਼ਿਲ੍ਹਾ ਐਸ.ਏ.ਐਸ ਨਗਰ ਵਿੱਚ ਸਪੈਸ਼ਲ ਚੈਕਿੰਗ ਸ਼੍ਰੀਮਤੀ ਵੀ.ਨੀਰਜਾ, ਆਈ.ਪੀ.ਐਸ, ਵਧੀਕ ਡਾਇਰੈਕਟਰ ਜਨਰਲ ਪੁਲਸ, ਸਾਈਬਰ ਕ੍ਰਾਇਮ, ਪੰਜਾਬ ਦੀ ਸੁਪਰਵਿਜ਼ਨ ਅਧੀਨ ਕੀਤੀ ਗਈ।ਇਸ ਬਾਰੇ ਜਾਣਕਾਰੀ ਦਿੰਦਿਆਂ ਡਾ. ਸੰਦੀਪ ਕੁਮਾਰ ਗਰਗ, ਆਈ.ਪੀ.ਐਸ, ਸੀਨੀਅਰ ਕਪਤਾਨ ਪੁਲਸ, ਜ਼ਿਲ੍ਹਾ ਐਸ.ਏ.ਐਸ ਨਗਰ ਨੇ ਦੱਸਿਆ ਕਿ ਇਸ ਅਪਰੇਸ਼ਨ ਦੌਰਾਨ 02 ਕਪਤਾਨ ਪੁਲਿਸ (ਐਸ.ਪੀ) ਰੈਂਕ ਦੇ ਅਧਿਕਾਰੀ, 06 ਉੱਪ ਕਪਤਾਨ ਪੁਲਿਸ (ਡੀ.ਐਸ.ਪੀ.) ਰੈਂਕ ਦੀ ਅਗਵਾਈ ਹੇਠ 13 ਮੁੱਖ ਅਫਸਰ ਥਾਣਾ ਤੋਂ ਇਲਾਵਾ 06 ਇੰਸਪੈਕਟਰ ਰੈਂਕ ਦੇ ਅਧਿਕਾਰੀ ਸਮੇਤ ਕਰੀਬ 297 ਪੁਲਿਸ ਕਰਮਚਾਰੀਆਂ ਰਾਹੀਂ ਵੱਖ ਵੱਖ ਥਾਵਾਂ 'ਤੇ ਚੈਕਿੰਗ ਕਰਵਾਈ ਗਈ।ਇਸ ਤਹਿਤ ਜ਼ਿਲ੍ਹੇ ਵਿੱਚ 21 ਹੌਟਸਪੌਟ ਖੇਤਰਾਂ ਵਿਚ 293 ਸ਼ੱਕੀ ਪੁਰਸ਼ਾਂ ਦੀ ਚੈਕਿੰਗ ਕੀਤੀ ਗਈ ਹੈ ਅਤੇ 03 ਮੋਟਰਸਾਈਕਲ ਰਾਊਂਡ ਅੱਪ ਕੀਤੇ ਗਏ ਹਨ। ਇਸ ਤੋਂ ਇਲਾਵਾ ਵੱਖ ਵੱਖ ਕੇਸ ਦਰਜ ਕਰ ਕੇ ਮੁਲਜ਼ਮਾਂ ਨੂੰ ਗ੍ਰਿਫਤਾਰ ਤੇ ਬਰਾਮਦਗੀ ਕੀਤੀ ਗਈ ਹੈ।

# ਸ਼੍ਰੋਮਣੀ ਗੁ. ਪ੍ਰ. ਕਮੇਟੀ ਦੀਆਂ ਚੋਣਾਂ ਲਈ ਫਾਰਮ 29 ਫਰਵਰੀ ਤੱਕ ਲਏ ਜਾਣਗੇ: ਡੀ ਸੀ



**ਅੰਮ੍ਰਿਤਸਰ (ਨਰਿੰਦਰਜੀਤ ਸਿੰਘ)**-ਜ਼ਿਲਾ ਚੋਣ ਅਫ਼ਸਰ ਘਨਸ਼ਾਮ ਥੋਰੀ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਚੋਣਾਂ ਲਈ ਵੋਟਰ ਸੂਚੀਆਂ ਦੀ ਤਿਆਰੀ ਸਬੰਧੀ ਐੱਸਡੀਐੱਮ ਨਾਲ ਕੀਤੀ ਮੀਟਿੰਗ ਨੂੰ ਸੰਬੋਧਨ ਕਰਦੇ ਕਿਹਾ ਕਿ ਕਮਿਸ਼ਨਰ ਗੁਰਦੁਆਰਾ ਚੋਣਾਂ ਵੱਲੋਂ ਜਾਰੀ ਕੀਤੀ ਨਵੀਂ ਸਮਾਂ ਸਾਰਨੀ ਤਹਿਤ ਵੋਟਰ ਸੂਚੀ ਵਿਚ ਰਜਿਸਟਰੇਸ਼ਨ ਕੇਵਲ 29 ਫਰਵਰੀ 2024 ਤੱਕ ਕੀਤੀ ਜਾਣੀ ਹੈ, ਜਦਕਿ ਅਜੇ ਤੱਕ ਵੋਟਰਾਂ ਨੇ ਬਹੁਤ ਘੱਟ ਫਾਰਮ ਜਮ੍ਹਾ ਕਰਵਾਏ ਹਨ।ਉਨ੍ਹਾਂ ਇਸ ਮੁੱਦੇ ਨੂੰ ਗੰਭੀਰਤਾ ਨਾਲ ਲੈਂਦੇ ਕਿਹਾ ਕਿ ਸਾਡੇ ਕੋਲ ਆਮ ਚੋਣਾਂ ਲਈ 19 ਲੱਖ ਦੇ ਕਰੀਬ ਦੇ ਵੋਟਰ ਹਨ ਅਤੇ 2011 ਦੀਆਂ ਸ਼੍ਰੋਮਣੀ ਕਮੇਟੀ ਚੋਣਾਂ ਵਿਚ ਵੋਟਰਾਂ ਦੀ ਗਿਣਤੀ ਵੀ ਛੇ ਲੱਖ ਦੇ ਨੇੜੇ ਸੀ, ਜਦਕਿ ਹੁਣ ਤੱਕ ਸਾਡੇ ਕੋਲ 68849 ਵੋਟਰਾਂ ਨੇ ਹੀ ਸ਼੍ਰੋਮਣੀ ਗੁਰਦੁਆਰਾ ਕਮੇਟੀ ਲਈ ਆਪਣੇ ਫਾਰਮ ਜਮ੍ਹਾ ਕਰਵਾਏ ਹਨ, ਜੋ ਕਿ ਕਿਸੇ ਤਰ੍ਹਾਂ ਵੀ ਤਰਕ ਸੰਗਤ ਨਹੀਂ।ਉਨ੍ਹਾਂ ਪਟਵਾਰੀਆਂ ਦੇ ਨਾਲ-ਨਾਲ ਆਮ ਚੋਣਾਂ ਲਈ ਕੰਮ ਕਰਨ ਵਾਲੇ ਬੀਐਲਓ ਅਤੇ ਸੈਕਟਰ ਅਫਸਰ ਦੀ ਸਹਾਇਤਾ ਵੀ ਲੈਣ ਦੀ ਹਦਾਇਤ ਕਰਦੇ ਕਿਹਾ ਕਿ ਵੱਧ ਤੋਂ ਵੱਧ ਯੋਗ ਲੋਕਾਂ ਦੇ ਨਾਮ ਵੋਟਰ ਸੂਚੀ ਵਿਚ ਸ਼ਾਮਿਲ ਕਰਨ ਦੀ ਕੋਸ਼ਿਸ਼ ਕੀਤੀ ਜਾਵੇ ਅਤੇ ਇਸ ਲਈ ਹਰੇਕ ਘਰ ਤੱਕ ਪਹੁੰਚ ਕਰੋ।ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਵਿਚ ਸਿੱਖ ਆਬਾਦੀ ਵੱਡੀ ਗਿਣਤੀ ਵਿਚ ਹੈ, ਇਸ ਲਈ ਵੱਧ ਤੋਂ ਵੱਧ ਵੋਟਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟ ਦੀ ਚੋਣਾਂ ਲਈ ਦਰਜ ਕਰਨੇ ਯਕੀਨੀ ਬਣਾਏ ਜਾਣ। ਡਿਪਟੀ ਕਮਿਸ਼ਨਰ ਨੇ ਆਮ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਇਸ ਮੌਕੇ ਦਾ ਲਾਭ ਲੈਣ ਤੇ ਹਰੇਕ ਯੋਗ ਵੋਟਰ ਆਪਣੇ ਫਾਰਮ ਹਲਕਾ ਪਟਵਾਰੀ ਜਾਂ ਬੀਐੱਲਓ ਨੂੰ ਦੇਵੇ।ਉਨ੍ਹਾਂ ਦੱਸਿਆ ਕਿ ਮੁੱਢਲੀ ਪ੍ਰਕਾਸ਼ਿਤ ਵੋਟਰ ਸੂਚੀ ਤੇ ਦਾਅਵੇ/ਇਤਰਾਜ਼ 11 ਅਪ੍ਰੈਲ ਤੱਕ ਪ੍ਰਾਪਤ ਕੀਤੇ ਜਾਣਗੇ ਅਤੇ ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾ ਮਿਤੀ 3 ਮਈ 2024 ਨੂੰ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਜੋ ਵੀ ਯੋਗ ਵੋਟਰ ਸ਼ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਚੋਣਾਂ (ਬੋਰਡ) ਲਈ ਵੋਟਰ ਸੂਚੀ ਵਿੱਚ ਆਪਣਾ ਨਾਮ ਦਰਜ ਕਰਵਾਉਣਾ ਚਾਹੁੰਦਾ ਹੈ ਉਹ ਫਾਰਮ ਨੰਬਰ 1 ਭਰਕੇ ਪੇਂਡੂ ਖੇਤਰਾਂ ਵਿੱਚ ਸਬੰਧਤ ਹਲਕਾ ਪਟਵਾਰੀ ਅਤੇ ਸ਼ਹਿਰੀ ਖੇਤਰ ਵਿੱਚ ਨਗਰ ਨਿਗਮ/ਨਗਰ ਕੌਂਸਲ ਜਾਂ ਲੋਕਲ ਅਥਾਰਟੀ ਦੇ ਕਰਮਚਾਰੀ ਜਿਨ੍ਹਾਂ ਨੂੰ ਰਿਵਾਇਜ਼ ਅਥਾਰਟੀ ਵਜੋਂ ਨਿਯੁਕਤ ਕੀਤਾ ਗਿਆ ਹੈ, ਪਾਸ ਜਮ੍ਹਾ ਕਰਵਾ ਸਕਦਾ ਹੈ।ਉਨ੍ਹਾਂ ਕਿਹਾ ਕਿ ਜਿਹੜੇ ਬਿਨੈਕਾਰ ਸਿੱਖ ਗੁਰਦੁਆਰਾ ਬੋਰਡ ਰੂਲਜ਼ 1959 ਦੇ ਰੂਲ ਨੰਬਰ 3 ਅਧੀਨ ਸਾਰੀਆਂ ਸ਼ਰਤਾਂ ਪੂਰੀਆਂ ਕਰਦੇ ਹਨ ਉਹ ਵਿਅਕਤੀ ਹੀ ਫਾਰਮ ਨੰਬਰ 1 ਭਰ ਸਕਦੇ ਹਨ।

# ਪੰਜਾਬ ਸਰਕਾਰ ਦੀਆਂ ਨੀਤੀਆਂ ਤੋਂ ਸੰਤੁਸ਼ਟ ਪਿੰਡ ਠੱਠੀ ਦੇ 35 ਪਰਵਾਰ 'ਆਪ' 'ਚ ਹੋਏ ਸ਼ਾਮਲ



ਸਰਾਏ ਅਮਾਤ ਖਾਂ (ਮੱਖਣ ਮਨੋਜ)—ਵਿਧਾਨ ਸਭਾ ਹਲਕਾ ਤਰਨ ਤਰਨ ਦੇ ਅਧੀਨ ਪੈਂਦੇ ਪਿੰਡ ਠੱਠੀ ਵਿਖੇ ਆਮ ਆਦਮੀ ਪਾਰਟੀ ਨੂੰ ਉਸ ਵੇਲੇ ਭਾਰੀ ਬਲ ਮਿਲਿਆ ਜਦੋਂ 35 ਤੋਂ ਵੱਧ ਪਰਿਵਾਰਾਂ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ। ਪਾਰਟੀ ਵਿੱਚ ਸ਼ਾਮਿਲ ਹੋਣ ਵਾਲੇ ਪਰਿਵਾਰਾਂ ਨੂੰ ਵਿਧਾਇਕ ਡਾ. ਕਸ਼ਮੀਰ ਸਿੰਘ ਸੋਹਲ ਨੇ ਜੀ ਆਇਆਂ ਕਿਹਾ ਅਤੇ ਉਹਨਾਂ ਨੂੰ ਵਿਸ਼ਵਾਸ ਦਿਵਾਇਆ ਕਿ ਹਰੇਕ ਵਰਕਰ ਨੂੰ ਪਾਰਟੀ ਵਿੱਚ ਬਣਦਾ ਮਾਣ ਸਨਮਾਨ ਜ਼ਰੂਰ ਦਿੱਤਾ ਜਾਵੇਗਾ।ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਹਲਕਾ ਵਿਧਾਇਕ ਡਾ. ਕਸ਼ਮੀਰ ਸਿੰਘ ਸੋਹਲ ਨੇ ਕਿਹਾ ਕਿ ਅੱਜ ਪੰਜਾਬ ਦੇ ਲੋਕ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਨੀਤੀਆਂ ਤੋਂ ਬੇਹੱਦ ਪ੍ਰਸੰਨ ਹਨ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਵੱਲੋਂ ਚੋਣਾਂ ਦੌਰਾਨ ਲੋਕਾਂ ਨਾਲ ਜੋ ਵਾਅਦੇ ਕੀਤੇ ਸਨ ਉਨ੍ਹਾਂ ਨੂੰ ਇੰਨ-ਬਿੰਨ ਪੂਰਾ ਕੀਤਾ ਜਾ ਰਿਹਾ ਹੈ।ਅੱਜ ਪੰਜਾਬ ਵਿੱਚੋਂ ਬੇਰੁਜ਼ਗਾਰੀ, ਭਰਿਸ਼ਟਾਚਾਰ ਅਤੇ ਨਸ਼ਾ ਤਸਕਰੀ ਨੂੰ ਕਾਫੀ ਹੱਦ ਤੱਕ ਨੱਥ ਪੈ ਚੁੱਕੀ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਪੰਜਾਬ ਨੂੰ ਮੁੜ ਤੋਂ ਰੰਗਲਾ ਪੰਜਾਬ ਬਣਾਉਣ ਲਈ ਵੱਧ ਤੋਂ ਵੱਧ ਆਮ ਆਦਮੀ ਪਾਰਟੀ ਦਾ ਸਾਥ ਦੇਣ ਤਾਂ ਜੋ ਪੰਜਾਬ ਮੁੜ ਤੋਂ ਵਿਕਾਸ ਦੇ ਰਾਹ ਵੱਲ ਤੁਰ ਸਕੇ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਗੁਰਪ੍ਰੀਤ ਸਿੰਘ, ਕੈਪਟਨ ਗੁਰਭੇਜ ਸਿੰਘ, ਪ੍ਰਵੇਸ਼ ਸਿੰਘ ਮੈਂਬਰ, ਸ਼ਿੰਦਰ ਸਿੰਘ, ਲਾਡਾ ਸਿੰਘ ਸਾਬਕਾ ਸਰਪੰਚ, ਸਾਜਨ ਸਿੰਘ, ਗੁਰਪ੍ਰੀਤ ਸਿੰਘ, ਬਲਵਿੰਦਰ ਸਿੰਘ, ਸਤਨਾਮ ਸਿੰਘ, ਜਸਪ੍ਰੀਤ ਸਿੰਘ, ਦਲਬੀਰ ਸਿੰਘ, ਹਰਜਿੰਦਰ ਸਿੰਘ ਨੇ ਦੱਸਿਆ ਕਿ ਹਲਕਾ ਵਿਧਾਇਕ ਡਾ. ਕਸ਼ਮੀਰ ਸਿੰਘ ਸੋਹਲ ਅਤੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀਆਂ ਨੀਤੀਆਂ ਤੋਂ ਖੁਸ਼ ਹੋ ਕੇ ਉਹ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ ਹਨ।

ਉਨ੍ਹਾਂ ਦੱਸਿਆ ਹੈ ਕਿ ਹਲਕਾ ਵਿਧਾਇਕ ਡਾ. ਕਸ਼ਮੀਰ ਸਿੰਘ ਸੋਹਲ ਵੱਲੋਂ ਹਲਕੇ ਦਾ ਵਿਕਾਸ ਬਿਨਾਂ ਕਿਸੇ ਪੱਖਪਾਤ ਤੋਂ ਕਰਵਾਇਆ ਜਾ ਰਿਹਾ ਹੈ।ਵਿਧਾਇਕ ਸੋਹਲ ਨੇ ਦੱਸਿਆ ਕਿ ਪਿੰਡਾਂ ਵਿੱਚ ਵੀ ਸ਼ਹਿਰਾਂ ਵਰਗੀਆਂ ਸਹੂਲਤਾਂ ਦੇਣ ਦੇ ਯਤਨ ਕੀਤੇ ਜਾ ਰਹੇ ਹਨ ਅਤੇ ਜਲਦ ਹੀ ਪਿੰਡਾਂ ਵਿੱਚ ਵੀ ਸ਼ਹਿਰਾਂ ਵਰਗੀਆਂ ਸਹੂਲਤਾਂ ਦਿੱਤੀਆਂ ਜਾਣਗੀਆਂ।ਇਸ ਮੌਕੇ ਐਡਵੋਕੇਟ ਕੋਮਲਪ੍ਰੀਤ ਸਿੰਘ ਪੀਏ, ਕੈਪਟਨ ਜਸਮੇਲ ਸਿੰਘ, ਸਤਪਾਲ ਸਿੰਘ ਲਾਡੀ, ਚਮਕੌਰ ਸਿੰਘ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਸੀ ਐੱਚ ਸੀ ਕਲਾਨੌਰ ਵਿਖੇ 'ਸਾਂਸ ਪ੍ਰੋਗਰਾਮ' ਤਹਿਤ ਸਟਾਫ ਨੂੰ ਦਿੱਤੀ ਲੋੜੀਂਦੀ ਟ੍ਰੇਨਿੰਗ



ਕਲਾਨੌਰ, (ਮਨਦੀਪ ਕੋਹਲੀ)-ਗੁਰਦਾਸਪੁਰ ਦੇ ਸਿਵਲ ਸਰਜਨ ਡਾਕਟਰ ਹਰਭਜਨ ਰਾਮ ਮਾਂਡੀ ਅਤੇ ਜ਼ਿਲਾ ਟੀਕਾਕਰਨ ਅਫਸਰ ਡਾਕਟਰ ਅਰਵਿੰਦ ਮਨਚੰਦਾ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਕਲਾਨੌਰ ਦੇ ਐੱਸਐੱਮਓ ਡਾ. ਸੁਖਦੀਪ ਸਿੰਘ ਦੀ ਯੋਗ ਅਗਵਾਈ ਹੇਠ ਸਾਂਸ ਪ੍ਰੋਗਰਾਮ ਤਹਿਤ ਟ੍ਰੇਨਿੰਗ ਦਿੱਤੀ ਗਈ।

ਇਹ ਟਰੇਨਿੰਗ ਸੀਐੱਚਓ, ਏਐੱਨਐੱਮ, ਐੱਲਐੱਚਵੀ, ਆਸ਼ਾ ਵਰਕਰ ਅਤੇ ਆਸ਼ਾ ਸੁਪਰਵਾਈਜ਼ਰ ਨੂੰ ਦਿੱਤੀ ਗਈ। ਇਸ ਮੌਕੇ ਜਾਣਕਾਰੀ ਦਿੰਦੇ ਹੋਏ ਐੱਸਐੱਮਓ ਡਾ. ਸੁਖਦੀਪ ਸਿੰਘ ਨੇ ਕਿਹਾ ਕਿ ਇਹ ਪ੍ਰੋਗਰਾਮ 12 ਨਵੰਬਰ ਤੋਂ ਲੈ ਕੇ 28 ਫਰਵਰੀ ਤੱਕ ਜਾਗਰੂਕਤਾ ਗਤੀਵਿਧੀਆਂ ਤਹਿਤ ਕਰਵਾਇਆ ਜਾ ਰਿਹਾ ਹੈ ਅਤੇ ਨਮੂਨੀਏ ਪ੍ਰਤੀ ਲੋਕਾਂ ਨੂੰ ਜਾਗਰਿਤ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜੇਕਰ ਕੋਈ ਬੱਚਾ ਜਿਸ ਨੂੰ ਤੇਜ਼ ਬੁਖਾਰ, ਖਾਂਸੀ, ਜ਼ੁਕਾਮ, ਸਾਹ ਤੇਜ਼ ਲੈਣਾ ਆਦਿ ਦੇ ਲੱਛਣਾਂ ਵਾਲਾ ਮਿਲਦਾ ਹੈ ਤਾਂ ਉਸ ਨੂੰ ਤੁਰੰਤ ਡਾਕਟਰੀ ਜਾਂਚ ਲਈ ਨੇੜੇ ਦੇ ਸਰਕਾਰੀ ਹਸਪਤਾਲ ਵਿੱਚ ਭੇਜਿਆ ਜਾਵੇ। ਇਸ ਤੋਂ ਇਲਾਵਾ ਬੇਟੀ ਬਚਾਓ ਬੇਟੀ ਪੜ੍ਹਾਓ ਮੁਹਿੰਮ ਤਹਿਤ 10 ਤੋਂ ਲੈ ਕੇ 19 ਸਾਲਾਂ ਤੱਕ ਦੇ ਬੱਚਿਆਂ ਦੇ ਖ਼ੂਨ ਦੀ ਜਾਂਚ ਦੇ ਕੈਂਪ ਵੀ ਲਗਾਏ ਜਾਣਗੇ ਅਤੇ ਮੌਕੇ 'ਤੇ ਆਇਰਨ ਤੇ ਫੋਲਿਕ ਐਸਿਡ ਦੀਆਂ ਗੋਲੀਆਂ ਵੀ ਮੁਫਤ ਦਿੱਤੀਆਂ ਜਾਣਗੀਆਂ। ਇਨ੍ਹਾਂ ਪ੍ਰੋਗਰਾਮਾਂ ਦੀ ਸਫਲਤਾ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨ ਨਾਲ ਹੀ ਸੰਭਵ ਹੋ ਸਕਦੀ ਹੈ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਡਾ. ਵਿਸ਼ਾਲ ਜੱਗੀ ਬੱਚਿਆਂ ਦੇ ਮਾਹਿਰ, ਗੁਰਪ੍ਰੀਤ ਪਾਲ ਬੀਈਈ, ਰਾਣਾ ਫਾਰਮਾਸਿਸਟ, ਗੁਰਮੇਜ ਸਿੰਘ ਏਐੱਨਐੱਮ ਅਤੇ ਆਸ਼ਾ ਵਰਕਰਜ਼ ਹਾਜ਼ਰ ਸਨ।

# 'ਪੰਜਾਬ ਬਚਾਓ ਯਾਤਰਾ' ਸੂਬੇ ਨੂੰ ਇਕਜੁੱਟ ਕਰਨ 'ਚ ਲਾਹੇਵੰਦ ਸਾਬਤ ਹੋਵੇਗੀ: ਬ੍ਰਹਮਪੁਰਾ



ਮੀਆਂਵਿੰਡ (ਰਵੀ ਖਹਿਰਾ)-ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਵਿਧਾਇਕ ਅਤੇ ਖਡੂਰ ਸਾਹਿਬ ਤੋਂ ਹਲਕਾ ਇੰਚਾਰਜ ਰਵਿੰਦਰ ਸਿੰਘ ਬ੍ਰਹਮਪੁਰਾ ਸਮੇਤ ਪਾਰਟੀ ਦੇ ਸੀਨੀਅਰ ਆਗੂਆਂ ਵੱਲੋਂ ਅੱਜ ਖਡੂਰ ਸਾਹਿਬ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਪੰਜਾਬ ਦੇ ਲੋਕਾਂ ਨਾਲ ਧੋਖਾ ਕਰਨ ਵਾਲੀ ਆਮ ਆਦਮੀ ਪਾਰਟੀ ਦੀ ਸਾਂਝੇ ਤੌਰ 'ਤੇ ਜ਼ੋਰਦਾਰ ਆਲੋਚਨਾ ਕੀਤੀ ਹੈ।ਬ੍ਰਹਮਪੁਰਾ ਨੇ ਕਿਹਾ ਕਿ 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਦੇ ਲੋਕਾਂ ਨਾਲ ਵੱਡੇ-ਵੱਡੇ ਵਾਅਦੇ ਕੀਤੇ ਗਏ ਸਨ, ਜੋ ਸਿਰਫ਼ ਵਿਚ ਵਿਚਾਲੇ ਹੀ ਰਹਿ ਗਏ ਹਨ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਅਤੇ ਕਾਂਗਰਸ ਦਰਮਿਆਨ ਗਠਜੋੜ ਦੀਆਂ ਤਾਜ਼ਾ ਚਰਚਾਵਾਂ ਨੇ ਕੇਜਰੀਵਾਲ ਅਤੇ ਭਗਵੰਤ ਮਾਨ ਦੀ ਕਾਂਗਰਸ ਨਾਲ ਸਾਂਝ ਅਤੇ ਪੰਜਾਬ ਦੇ ਲੋਕਾਂ ਨੂੰ ਗੁੰਮਰਾਹ ਕਰਨ ਵਿੱਚ ਉਨ੍ਹਾਂ ਦੀ ਭੂਮਿਕਾ ਦਾ ਪਰਦਾਫਾਸ਼ ਕਰ ਦਿੱਤਾ ਹੈ।

ਆਮ ਆਦਮੀ ਪਾਰਟੀ ਵੱਲੋਂ ਕੀਤੇ ਸਾਰੇ ਵਾਅਦੇ ਪੰਜਾਬ ਵਿੱਚ ਖੋਖਲੇ, ਝੂਠੇ ਅਤੇ ਬੇਅਸਰ ਸਾਬਤ ਹੋਏ ਹਨ।ਸ਼੍ਰੋਮਣੀ ਅਕਾਲੀ ਦਲ ਵੱਲੋਂ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਕਰਵਾਈ ਜਾ ਰਹੀ ਆਗਾਮੀ ਪੰਜਾਬ ਬਚਾਓ ਯਾਤਰਾ ਜੋ ਕਿ 1 ਫਰਵਰੀ 2024 ਨੂੰ ਹੋਣ ਜਾ ਰਹੀ ਹੈ, ਇਸ ਸੰਬੰਧੀ ਬ੍ਰਹਮਪੁਰਾ ਨੇ ਜ਼ੋਰ ਦੇ ਕੇ ਕਿਹਾ ਕਿ ਇਸ ਯਾਤਰਾ ਦਾ ਉਦੇਸ਼ ਮੌਜੂਦਾ ਸੂਬਾ ਸਰਕਾਰ ਦੀਆਂ ਕਿਸਾਨਾਂ, ਮੁਲਾਜ਼ਮਾਂ ਅਤੇ ਵਪਾਰੀਆਂ ਪ੍ਰਤੀ ਮਾੜੀਆਂ ਨੀਤੀਆਂ ਨੂੰ ਉਜਾਗਰ ਕਰਨਾ ਹੈ।ਉਨ੍ਹਾਂ ਪੰਜਾਬ ਵਿੱਚ ਵਿਗੜ ਰਹੀ ਅਮਨ-ਕਾਨੂੰਨ ਦੀ ਸਥਿਤੀ ਨੂੰ ਵੀ ਉਜਾਗਰ ਕੀਤਾ, ਜਿੱਥੇ ਗੈਂਗਸਟਰ ਖੁਲੇਆਮ ਗੁੰਡਾਗਰਦੀ ਕਰ ਰਹੇ ਹਨ, ਜਿਸ ਨੂੰ ਭਗਵੰਤ ਮਾਨ ਸਰਕਾਰ ਨੇ ਅਣਗੌਲਿਆ ਕਰ ਰਹੀ ਹੈ।ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਨੇ ਸਾਂਝੇ ਤੌਰ ਤੇ ਪੰਜਾਬ ਦੇ ਨੌਜਵਾਨਾਂ ਦੀ ਜਵਾਨੀ ਦੀ ਖ਼ਸਤਾ ਹਾਲਤ, ਨਸ਼ੀਲੇ ਪਦਾਰਥਾਂ ਦੇ ਬੇਰੋਕ ਵਪਾਰ ਅਤੇ ਪ੍ਰਸ਼ਾਸਨਿਕ ਦਫ਼ਤਰਾਂ ਵਿੱਚ ਭ੍ਰਿਸ਼ਟਾਚਾਰ ਬਾਰੇ ਚਿੰਤਾ ਪ੍ਰਗਟਾਈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਲੀਡਰਸ਼ਿਪ ਏਜੰਸੀਆਂ ਦੇ ਡਰ ਕਾਰਨ ਲੁਕੀ ਫ਼ਿਰਦੀ ਹੈ, ਜਦੋਂਕਿ ਮੁੱਖ ਮੰਤਰੀ ਭਗਵੰਤ ਮਾਨ ਮੈਡੀਟੇਸ਼ਨ ਕੈਂਪਾਂ 'ਚ ਜਾ ਕੇ ਆਪਣੇ ਫਰਜ਼ਾਂ ਤੋਂ ਭੱਜ ਰਹੇ ਹਨ।ਇਹ ਸਥਿਤੀ ਸਵਾਲ ਖੜ੍ਹੇ ਕਰਦੀ ਹੈ ਕਿ ਅਜਿਹੇ ਹਾਲਾਤ ਵਿੱਚ ਪੰਜਾਬ ਦੀ ਅਗਵਾਈ ਕੌਣ ਕਰੇਗਾ? ਬ੍ਰਹਮਪੁਰਾ ਨੇ ਪੰਜਾਬ ਦੀ ਭਲਾਈ ਅਤੇ ਤਰੱਕੀ ਲਈ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਿੱਚ ਆਪਣਾ ਭਰੋਸਾ ਦੁਹਰਾਇਆ। ਉਨ੍ਹਾਂ ਪੰਜਾਬ ਬਚਾਓ ਯਾਤਰਾ ਨੂੰ ਲੋਕਾਂ ਵੱਲੋਂ ਭਰਵੇਂ ਹੁੰਗਾਰੇ ਦੀ ਆਸ ਪ੍ਰਗਟਾਈ।

# ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਤੋਂ ਅੱਜ ਆਰੰਭ ਹੋਵੇਗਾ 'ਆਪੇ ਗੁਰ ਚੇਲਾ' ਨਗਰ ਕੀਰਤਨ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 17 ਜਨਵਰੀ 2024 ਨੂੰ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਕੌਮੀ ਪੱਧਰ 'ਤੇ ਮਨਾਏ ਜਾ ਰਹੇ ਪ੍ਰਕਾਸ਼ ਗੁਰਪੁਰਬ ਦੇ ਸਬੰਧ ਵਿਚ 'ਆਪੇ ਗੁਰ ਚੇਲਾ' ਵਿਸ਼ਾਲ ਨਗਰ ਕੀਰਤਨ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਤੋਂ ਭਲਕੇ 10 ਜਨਵਰੀ ਨੂੰ ਖਾਲਸਾਈ ਜਾਹੋ-ਜਲਾਲ ਨਾਲ ਆਰੰਭ ਕੀਤਾ ਜਾਵੇਗਾ। ਇਹ ਨਗਰ ਕੀਰਤਨ ਸ੍ਰੀ ਗੁਰੂ ਗੋਬਿੰਦ ਸਿੰਘ ਮਾਰਗ 'ਤੇ ਵੱਖ-ਵੱਖ ਪੜਾਵਾਂ ਤੋਂ ਹੁੰਦਾ ਹੋਇਆ 16 ਜਨਵਰੀ ਨੂੰ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਪੁੱਜ ਕੇ ਸੰਪੂਰਨ ਹੋਵੇਗਾ। ਨਗਰ ਕੀਰਤਨ ਨੂੰ ਲੈ ਕੇ ਸ਼੍ਰੋਮਣੀ ਕਮੇਟੀ ਵੱਲੋਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਨੁਸਾਰ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ 17 ਜਨਵਰੀ ਨੂੰ ਕੀਤੇ ਜਾਣ ਵਾਲੇ ਪ੍ਰਕਾਸ਼ ਗੁਰਪੁਰਬ ਸਮਾਗਮ ਮੌਕੇ ਪੰਥ ਦੇ ਪ੍ਰਸਿੱਧ ਰਾਗੀ, ਢਾਡੀ ਤੇ ਕਵੀਸ਼ਰ ਜਥੇ ਹਾਜ਼ਰੀ ਭਰਨਗੇ। ਇਸ ਦੇ ਨਾਲ ਹੀ ਪੰਥ ਪ੍ਰਮੁੱਖ ਸ਼ਖ਼ਸੀਅਤਾਂ ਵੀ ਸ਼ਿਰਕਤ ਕਰਨਗੀਆਂ। ਉਨ੍ਹਾਂ ਦੱਸਿਆ ਕਿ ਪ੍ਰਕਾਸ਼ ਗੁਰਪੁਰਬ ਸਮਾਗਮ ਤੋਂ ਪਹਿਲਾਂ 10 ਜਨਵਰੀ ਨੂੰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਤੋਂ ਵਿਸ਼ਾਲ ਨਗਰ ਕੀਰਤਨ ਆਰੰਭ ਹੋਵੇਗਾ, ਜੋ 16 ਜਨਵਰੀ ਨੂੰ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਪੁੱਜ ਕੇ ਸੰਪੰਨ ਹੋਵੇਗਾ। ਉਨ੍ਹਾਂ ਦੱਸਿਆ ਕਿ 10 ਜਨਵਰੀ ਨੂੰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਤੋਂ ਆਰੰਭ ਹੋ ਕੇ ਨਗਰ ਕੀਰਤਨ ਦਾ ਰਾਤ ਦਾ ਵਿਸ਼ਰਾਮ ਗੁਰਦੁਆਰਾ ਸ੍ਰੀ ਕਤਲਗੜ੍ਹ ਸਾਹਿਬ ਸ੍ਰੀ ਚਮਕੌਰ ਸਾਹਿਬ ਵਿਖੇ ਹੋਵੇਗਾ। 11 ਜਨਵਰੀ ਨੂੰ ਸ੍ਰੀ ਚਮਕੌਰ ਸਾਹਿਬ ਤੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਆਲਮਗੀਰ, 12 ਜਨਵਰੀ ਨੂੰ ਆਲਮਗੀਰ ਤੋਂ ਗੁਰਦੁਆਰਾ ਸ੍ਰੀ ਮੈਹਦੇਆਣਾ ਸਾਹਿਬ, 13 ਜਨਵਰੀ ਨੂੰ ਮੈਹਦੇਆਣਾ ਸਾਹਿਬ ਤੋਂ ਗੁਰਦੁਆਰਾ ਸ੍ਰੀ ਗੰਗਸਰ ਸਾਹਿਬ ਜੈਤੋ, 14 ਜਨਵਰੀ ਨੂੰ ਜੈਤੋ ਤੋਂ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਸ੍ਰੀ ਮੁਕਤਸਰ ਸਾਹਿਬ, 15 ਜਨਵਰੀ ਨੂੰ ਸ੍ਰੀ ਮੁਕਤਸਰ ਸਾਹਿਬ ਤੋਂ ਗੁਰਦੁਆਰਾ ਸ੍ਰੀ ਹਾਜੀਰਤਨ ਬਠਿੰਡਾ ਅਤੇ 16 ਜਨਵਰੀ ਬਠਿੰਡਾ ਤੋਂ ਚੱਲ ਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਪੁੱਜੇਗਾ। ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਨੇ ਦੱਸਿਆ ਕਿ 17 ਜਨਵਰੀ ਨੂੰ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਮੁੱਖ ਸਮਾਗਮ ਹੋਵੇਗਾ ਅਤੇ 18 ਜਨਵਰੀ ਨੂੰ ਨਿਹੰਗ ਸਿੰਘ ਜਥੇਬੰਦੀਆਂ ਵੱਲੋਂ ਮਹੱਲਾ ਸਜਾਇਆ ਜਾਵੇਗਾ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਨਗਰ ਕੀਰਤਨ ਦਾ ਵੱਖ-ਵੱਖ ਥਾਵਾਂ 'ਤੇ ਸਵਾਗਤ ਕਰਨ ਦੇ ਨਾਲ-ਨਾਲ ਮੁੱਖ ਸਮਾਗਮ ਦੌਰਾਨ ਭਰਵੀਂ ਸ਼ਮੂਲੀਅਤ ਕਰਨ।

# ਮਾਤਾ ਮੰਦਰ ਚਵਿੰਡਾ ਦੇਵੀ ਪਹੁੰਚਿਆ ਅਕਸ਼ਦ ਕਲਸ਼



ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਮਾਤਾ ਮੰਦਰ ਚਵਿੰਡਾ ਦੇਵੀ ਦੇ ਕਮੇਟੀ ਮੈਂਬਰਾਂ ਅਤੇ ਇਲਾਕਾ ਨਿਵਾਸੀਆਂ ਅਤੇ ਵਿਸ਼ਵ ਹਿੰਦੂ ਪਰਿਸ਼ਦ ਦੁਆਰਾ ਇਤਿਹਾਸਕ ਮਾਤਾ ਮੰਦਰ ਚਵਿੰਡਾ ਦੇਵੀ ਵਿਖੇ ਅਕਸ਼ਦ ਕਲਸ਼ ਅਯੁੱਧਿਆ ਰਾਮ ਮੰਦਰ ਤੋਂ ਪਹੁੰਚਣ 'ਤੇ ਭਰਵਾਂ ਸਵਾਗਤ ਕੀਤਾ ਗਿਆ ਅਤੇ ਪੂਰੇ ਇਲਾਕੇ ਵਿੱਚ ਘਰ-ਘਰ ਜਾ ਕੇ ਅਯੁੱਧਿਆ ਰਾਮ ਮੰਦਰ ਦੇ 22 ਜਨਵਰੀ ਨੂੰ ਹੋ ਰਹੇ ਇਤਿਹਾਸਕ ਪ੍ਰੋਗਰਾਮ ਦਾ ਸੱਦਾ ਦਿੱਤਾ ਅਤੇ ਕਸਬਾ ਵਾਸੀਆਂ ਅਤੇ ਇਲਾਕਾ ਨਿਵਾਸੀਆਂ ਨੂੰ ਇਸ ਦਿਨ ਘਰ-ਘਰ ਦੀਪਮਾਲਾ ਕਰਨ ਲਈ ਪ੍ਰੇਰਿਤ ਕੀਤਾ।

ਇਹ ਜਾਣਕਾਰੀ ਮੰਦਰ ਕਮੇਟੀ ਦੇ ਸਮੂਹ ਮੈਂਬਰ ਅਤੇ ਵਿਸ਼ਵ ਹਿੰਦੂ ਪਰਿਸ਼ਦ ਦੇ ਮੈਂਬਰਾਂ ਵੱਲੋਂ ਪ੍ਰੈੱਸ ਨੂੰ ਸਾਂਝੇ ਤੌਰ 'ਤੇ ਦਿੱਤੀ ਗਈ।

# ਔਸ਼ਧੀ ਕੇਂਦਰਾਂ 'ਚ ਉਪਲਬਧ ਦਵਾਈਆਂ ਪੇਂਡੂ ਖੇਤਰ ਦੇ ਗਰੀਬਾਂ ਨੂੰ ਵੀ ਮਿਲਣਗੀਆਂ

**ਜਲੰਧਰ/ਲੁਧਿਆਣਾ** : ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਸ਼ਾਹ ਦੀ ਨਿਗਰਾਨੀ ਹੇਠ ਜਿਨ੍ਹਾਂ ਨੇ ਸਹਿਕਾਰੀ ਲਹਿਰ ਨੂੰ ਮਜ਼ਬੂਤ ਕੀਤਾ, ਦੇਸ਼ ਭਰ ਵਿੱਚ 2,373 ਪੈਕ ਕਿਫਾਇਤੀ ਦਵਾਈਆਂ ਦੀਆਂ ਦੁਕਾਨਾਂ ਯਾਨੀ ਜਨ ਔਸ਼ਧੀ ਕੇਂਦਰਾਂ ਵਜੋਂ ਸਥਾਪਿਤ ਕੀਤੇ ਜਾ ਰਹੇ ਹਨ।ਸਿਹਤ ਸੁਧਾਰ ਲਈ ਪਿਛਲੇ 9 ਸਾਲਾਂ ਵਿੱਚ ਪ੍ਰਧਾਨ ਮੰਤਰੀ ਜਨ ਅਰੋਗਿਆ ਯੋਜਨਾ, ਆਯੂਸ਼ਮਾਨ ਯੋਜਨਾ, ਪ੍ਰਧਾਨ ਮੰਤਰੀ ਸਿਹਤ ਬੁਨਿਆਦੀ ਢਾਂਚਾ ਯੋਜਨਾ, ਪ੍ਰਧਾਨ ਮੰਤਰੀ ਸਵਾਸਥ ਸੁਰੱਖਿਆ ਯੋਜਨਾ, ਰਾਸ਼ਟਰੀ ਸਿਹਤ ਮਿਸ਼ਨ, ਮਲੇਰੀਆ ਮੁਕਤ ਭਾਰਤ, ਵਿਸ਼ਵਵਿਆਪੀ ਟੀਕਾਕਰਨ ਲਈ ਮਿਸ਼ਨ ਇੰਦਰਧਨੁਸ਼, ਟੀ. ਬੀ. ਦੇ ਖਾਤਮੇ ਪ੍ਰੋਗਰਾਮ, ਟੀ. ਬੀ. ਵੰਦਨਾ ਯੋਜਨਾ, ਜਨਨੀ ਸੁਰੱਖਿਆ ਯੋਜਨਾ, ਰਾਸ਼ਟਰੀ ਮਾਨਸਿਕ ਸਿਹਤ ਪ੍ਰੋਗਰਾਮ, ਫਿਟ ਇੰਡੀਆ, ਖੇਲੋ ਇੰਡੀਆ ਅਤੇ ਡਾਇਲਸਿਸ ਪ੍ਰੋਗਰਾਮ ਵਰਗੇ ਬਹੁਤ ਸਾਰੇ ਪ੍ਰੋਗਰਾਮਾਂ ਦਾ ਇੱਕ ਨੈੱਟਵਰਕ ਬੁਣਿਆ ਗਿਆ ਹੈ।ਅੱਜ ਜਨ ਔਸ਼ਧੀ ਕੇਂਦਰਾਂ ਦੀ ਗਿਣਤੀ 10,000 ਤੋਂ ਵੱਧ ਹੋ ਗਈ ਹੈ, ਜਿਨ੍ਹਾਂ ਵਿੱਚ 2,260 ਤੋਂ ਵੱਧ ਦਵਾਈਆਂ ਉਪਲਬਧ ਹਨ।ਵਰਣਨਯੋਗ ਹੈ ਕਿ ਔਸ਼ਧੀ ਕੇਂਦਰਾਂ 'ਚ ਉਪਲਬਧ ਸਸਤੀਆਂ ਤੇ ਮਿਆਰੀ ਦਵਾਈਆਂ ਪੇਂਡੂ ਖੇਤਰਾਂ ਦੇ ਗਰੀਬਾਂ ਨੂੰ ਵੀ ਮਿਲਣਗੀਆਂ।


## ਉੱਤਰ ਰੇਲਵੇ

ਆਜ਼ਾਦੀ ਕਾ ਅੰਮ੍ਰਿਤ ਮਹੋਤਸਵ

### ਈ-ਟੈਂਡਰ ਸੂਚਨਾ

ਸੀਨੀ.ਮੰਡਲ ਵਿਦੁਤ ਇੰਜੀਨੀਅਰ/ਸਾਮਾਨਯ, ਉੱਤਰ ਰੇਲਵੇ ਫਿਰੋਜ਼ਪੁਰ ਦੁਵਾਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਈ ਟੈਂਡਰਾ (www.ireps.gov.in) ਮੰਗ ਕੀਤੀ ਜਾਂਦੀ ਹੈ ਟੈਂਡਰਕਾਰ ਅਪਣੇ ਮੂਲ/ਸੰਸ਼ੋਧਿਤ ਟੈਂਡਰਾ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ।

| ਟੈਂਡਰ ਨੰਬਰ | ਕੰਮਾਂ ਦਾ ਵੇਰਵਾ | ਅਨੁਮਾਨਿਤ ਲਾਗਤ (ਰੁ:) | ਬਿਆਨਾ ਰਾਸ਼ੀ (ਰੁ:) |
|---|---|---|---|
| 251-ਵਿਦੁਤ-T-60-2023-24 | ਜੰਮੂ ਅਤੇ ਕਸ਼ਮੀਰ ਘਾਟੀ ਖੇਤਰ ਵਿਚ ਸੁਰੱਖਿਆ ਵਿਚ ਸੁਧਾਰ ਦੇ ਲਈ ਰੋਸ਼ਨੀ ਵਿਚ ਸੁਧਾਰ ਅਤੇ ਪਾਵਰ ਬੈਕਅਪ ਦੇ ਪ੍ਰਾਵਧਾਨ ਦੇ ਸਬੰਧ ਵਿਚ ਵਿਦੁਤ ਕੰਮ ਲਈ। | 3,30,13,132.62 | 3,15,100.00 |
| ਕੰਮ ਦਾ ਸਮਾਂ: 06 ਮਹੀਨੇ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ: 29.01.2024 15:00 ਵਜੇ ਤੇ ਬਾਦ | ਵੇਬਸਾਈਟ | www.ireps.gov.in |

ਨੰ:- 251 ਵਿਦੁਤ ਟੈਂਡਰ ਨੋਟਿਸ ਨੰ: 48-ਵਿਦੁਤ-2023-24 ਮਿਤੀ : 08.01.2024

81/24

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


# ਟਾਟਾ ਸਟਾਰਬਕਸ ਵੱਲੋਂ 2028 ਤੱਕ ਭਾਰਤ 'ਚ ਸਟੋਰਾਂ ਦੀ ਗਿਣਤੀ 1,000 ਕਰਨ ਦੀ ਯੋਜਨਾ

ਲੁਧਿਆਣਾ: ਟਾਟਾ ਸਟਾਰਬਕਸ ਪ੍ਰਾਈਵੇਟ ਲਿਮਿਟਿਡ ਨੇ ਭਾਰਤ ਵਿੱਚ 2028 ਤੱਕ ਆਪਣੇ ਸਟੋਰਾਂ ਦੀ ਸੰਖਿਆ 1,000 ਤੱਕ ਵਧਾਉਣ ਜਾਂ ਹਰ ਤਿੰਨ ਦਿਨਾਂ ਵਿੱਚ ਇੱਕ ਨਵਾਂ ਸਟੋਰ ਖੋਲ੍ਹਣ ਦੀ ਯੋਜਨਾ ਦਾ ਐਲਾਨ ਕੀਤਾ ਹੈ। ਟਾਟਾ ਸਟਾਰਬਕਸ ਹੁਣ 54 ਭਾਰਤੀ ਸ਼ਹਿਰਾਂ ਵਿੱਚ 390 ਤੋਂ ਵੱਧ ਸਟੋਰਾਂ ਦਾ ਸੰਚਾਲਨ ਕਰਦਾ ਹੈ ਜਿੱਥੇ ਕਿ ਲਗਭਗ 4,300 ਭਾਈਵਾਲ (ਕਰਮਚਾਰੀ) ਕੰਮ ਕਰ ਰਹੇ ਹਨ ਜੋ ਕਿ ਬੜੇ ਮਾਣ ਨਾਲ ਹਰੇ ਰੰਗ ਦਾ ਐਪਰਨ ਪਹਿਨਦੇ ਹਨ। ਸਟਾਰਬਕਸ ਦੇ ਮੁੱਖ ਕਾਰਜਕਾਰੀ ਅਧਿਕਾਰੀ ਲਕਸ਼ਮਣ ਨਰਸਿਮਹਨ ਨੇ ਕਿਹਾ ਕਿ ਪਿਛਲੇ 11 ਸਾਲਾਂ ਵਿੱਚ ਭਾਰਤ ਪੂਰੀ ਦੁਨੀਆ ਵਿੱਚ ਸਟਾਰਬਕਸ ਲਈ ਸਭ ਤੋਂ ਤੇਜ਼ੀ ਨਾਲ ਵਧਦੇ ਬਾਜ਼ਾਰਾਂ ਵਿੱਚੋਂ ਇੱਕ ਬਣ ਗਿਆ ਹੈ।

ਸਾਡੇ ਭਰੋਸੇਮੰਦ ਕਾਰੋਬਾਰੀ ਭਾਈਵਾਲ ਟਾਟਾ ਅਤੇ ਸਾਡੇ ਗ੍ਰੀਨ ਐਪਰਨ ਭਾਈਵਾਲਾਂ ਨਾਲ ਅਸੀਂ ਇਨ੍ਹਾਂ ਭਰਪੂਰ ਸੰਭਾਵਨਾ ਦਾ ਲਾਭ ਉਠਾਉਣ ਲਈ ਪੂਰੀ ਤਰ੍ਹਾਂ ਤਿਆਰ ਹਾਂ। ਅਸੀਂ ਭਾਰਤ ਵਿੱਚ ਹਰ ਤਿੰਨ ਦਿਨਾਂ ਵਿੱਚ ਇੱਕ ਸਟੋਰ ਖੋਲ੍ਹਣ ਜਾ ਰਹੇ ਹਾਂ ਅਤੇ ਸਹੀ ਮਾਇਨਿਆਂ ਵਿੱਚ ਗਲੋਬਲ ਬਣਨ ਦੀ ਆਪਣੀ ਇੱਛਾ ਨੂੰ ਗਤੀ ਦੇਵਾਂਗੇ।


## ਇੰਡਿਯਨ ਬੈਂਕ Indian Bank ਇਲਾਹਾਬਾਦ ALLAHABAD

Branch: Khanna, Shukla Building, Near Malerkotla Chowk, G.T. Road, Khanna, Dist Ludhiana-141001

### ਰੂਲ-8 (1) ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)

ਜਦੋਂ ਕਿ ਨਿਮਨਹਸਤਾਖਰੀ ਨੇ ਸਕਿਊਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈਸਟ ਐਕਟ, 2002 ਤਹਿਤ ਇੰਡੀਅਨ ਬੈਂਕ, ਖੰਨਾ ਦੇ ਅਧਿਕਾਰਤ ਅਫਸਰ ਵਜੋਂ ਅਤੇ ਸਕਿਊਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 ਅਤੇ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਰਜ਼ਦਾਰਾਂ/ਗਰੰਟਰਾਂ ਨੂੰ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਨੋਟਿਸਾਂ 'ਚ ਦਰਸਾਈ ਰਕਮ ਵਾਪਸ ਮੋੜਨ ਲਈ ਸੱਦਾ ਦਿੰਦਿਆਂ ਹੇਠਾਂ ਦਰਸਾਈਆਂ ਮਿਤੀਆਂ ਨੂੰ ਡਿਮਾਂਡ ਨੋਟਿਸ ਜਾਰੀ ਕੀਤੇ ਸਨ, ਕਿਉਂਕਿ ਸੰਬੰਧਤ ਪਾਰਟੀਆਂ ਰਕਮ ਵਾਪਸ ਮੋੜਨ 'ਚ ਅਸਫਲ ਰਹੀਆਂ ਹਨ, ਜਾਇਦਾਦ ਦੇ ਮਾਲਕ, ਸੰਬੰਧਤ ਪਾਰਟੀਆਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਰੂਲਜ਼ ਦੇ ਰੂਲ 8 ਅਤੇ 9 ਨਾਲ ਪੜ੍ਹੇ ਜਾਂਦੇ ਉਕਤ ਐਕਟ ਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਖਾਤਿਆਂ ਵਿਰੁੱਧ ਦਰਸਾਈਆਂ ਗਈਆਂ ਮਿਤੀਆਂ 'ਤੇ ਹੇਠਾਂ ਦਰਸਾਈ ਜਾਇਦਾਦ ਦਾ ਕਬਜ਼ਾ ਹਾਸਲ ਕਰ ਲਿਆ ਹੈ। ਸੰਬੰਧਤ ਪਾਰਟੀਆਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਇਸ ਜਾਇਦਾਦ ਸੰਬੰਧੀ ਸੌਦੇਬਾਜ਼ੀ ਤੋਂ ਖਬਰਦਾਰ ਕੀਤਾ ਜਾਂਦਾ ਹੈ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਇੰਡੀਅਨ ਬੈਂਕ ਖੰਨਾ ਦੀ ਹੇਠਾਂ ਦਰਸਾਈ ਕੁਲ ਰਕਮ ਜਮ੍ਹਾਂ ਇਸ ਉਪਰ ਭਵਿੱਖੀ ਵਿਆਜ ਅਤੇ ਲਾਗਤਾਂ ਆਦਿ ਸਮੇਤ ਵਸੂਲੀ ਹੇਠ ਹੋਵੇਗੀ। ਉਪਲੱਬਧ ਸਮੇਂ 'ਚ ਸਕਿਊਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਕਰਜ਼ਦਾਰ/ਗਰੰਟਰ/ਜਾਇਦਾਦ ਦੇ ਮਾਲਕ ਦਾ ਨਾਂਅ | ਰਹਿਣ ਕੀਤੀ ਜਾਇਦਾਦ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਕਬਜ਼ੇ ਦੀ ਕਿਸਮ / ਬਕਾਇਆ ਰਕਮ |
|---|---|---|---|---|
| (1) (ਕਰਜ਼ਦਾਰ) : ਮੈਸ: ਵਰਧਨ ਐਂਡ ਕੰਪਨੀ, ਵੱਲਭ ਮਿੱਲ (ਕਬਜ਼ਾ ਫੈਕਟਰੀ) ਰੋਡ, ਸਾਹਮਣੇ ਪਾਵਰ ਗਰਿੱਡ, ਨੇੜੇ ਸ਼ਰਮਾ ਈ ਐੱਨ ਟੀ, ਖੰਨਾ, ਜ਼ਿਲ੍ਹਾ ਲੁਧਿਆਣਾ (2) (ਕਰਜ਼ਦਾਰ/ਮਾਲਕ) : ਸ੍ਰੀ ਅਭਿਸ਼ੇਕ ਵਰਧਨ ਪੁੱਤਰ ਸ਼ਸ਼ੀ ਵਰਧਨ, ਮਕਾਨ ਨੰ. 23 ਡੀ (853/1-ਬੀ), ਗਲੀ ਨੰ. 4, ਵਾਰਡ ਨੰ. 3, ਜਗਤ ਕਾਲੋਨੀ ਚੰਡੀਗੜ੍ਹ ਰੋਡ, ਖੰਨਾ, ਲੁਧਿਆਣਾ-141401 (3) (ਗਰੰਟਰ ਅਤੇ ਰਹਿਣਕਾਰ) : ਸ੍ਰੀਮਤੀ ਵਜਿੰਦਰ ਕੁਮਾਰੀ ਪਤਨੀ ਸ਼ਸ਼ੀ ਵਰਧਨ, ਮਕਾਨ ਨੰ. 23 ਡੀ (853/1-ਬੀ) ਗਲੀ ਨੰ. (4) ਵਾਰਡ ਨੰਬਰ-3, ਜਗਤ ਕਾਲੋਨੀ, ਚੰਡੀਗੜ੍ਹ ਰੋਡ, ਖੰਨਾ, ਲੁਧਿਆਣਾ 141401 (4) (ਗਰੰਟਰ) | ਬੈਨਾਮਾ ਨੰ. 614 ਮਿਤੀ 09.05.1995 ਅਨੁਸਾਰ ਸ੍ਰੀਮਤੀ ਵਜਿੰਦਰ ਕੁਮਾਰੀ ਪਤਨੀ ਸ਼ਸ਼ੀ ਵਰਧਨ ਦੇ ਨਾਂਅ 'ਤੇ ਰਿਹਾਇਸ਼ੀ ਜਾਇਦਾਦ ਰਕਬਾ 0ਕੇ-7 ਮਰਲੇ, ਕੁੱਲ ਜ਼ਮੀਨ ਰਕਬਾ 7 ਕਨਾਲ-1 ਮਰਲਾ 'ਚੋਂ, ਖੇਵਟ ਨੰ. 359, ਖਤੌਨੀ ਨੰ. 679, ਖਸਰਾ ਨੰ. 104, ਕਿਲਾ ਨੰ. 20/3/1/2, 21/1/1/2/2/3, 20/1/2/2, 21/2, 22/1/2, 22/2/1 ਖਸਰਾ ਨੰ. 105, ਕਿਲਾ ਨੰ. 1, 2/1/1 ਜਮ੍ਹਾਂਬੰਦੀ ਸਾਲ 1992-93 ਅਨੁਸਾਰ ਮਾਲੀਆ ਅਸਟੇਟ ਪਿੰਡ ਰਾਹੋਂ, ਤਹਿਸੀਲ ਖੰਨਾ, ਜ਼ਿਲ੍ਹਾ ਲੁਧਿਆਣਾ। ਹੱਦਾਂ : ਪੂਰਬ : ਗਲੀ, ਪੱਛਮ : ਹੋਰ ਮਾਲਕ, ਉੱਤਰ : ਗਲੀ, ਦੱਖਣ : ਸ਼ਸ਼ੀ ਕੁਮਾਰ। ਹੁਣ ਜਮ੍ਹਾਂਬੰਦੀ ਸਾਲ 2017-18 ਅਨੁਸਾਰ ਜਾਇਦਾਦ ਦਾ ਵੇਰਵਾ, ਜ਼ਮੀਨ ਰਕਬਾ 0ਕੇ-1.53 ਐੱਮ, ਖੱਤਾ ਨੰ. 411/727, ਖਸਰਾ ਨੰ. 104, ਕਿਲਾ ਨੰ. 20/1/2/2 (0-9), 20/3/1/2 (0-13), 22/1/2 (0-1), 22/2/1 (0-3) ਖਸਰਾ ਨੰ. 105 ਕਿਲਾ ਨੰ. 1 (0-1), 2/1/1 (0-4), ਜ਼ਮੀਨ ਰਕਬਾ 0 ਕੇ-5.46 ਐੱਮ ਖੱਤਾ ਨੰ. 412/728, ਖਸਰਾ ਨੰ. 104, ਕਿਲ੍ਹਾ ਨੰ. 21/1/1/2/2/3 (3-16), 21/2 (1-14) ਜਮ੍ਹਾਂਬੰਦੀ ਸਾਲ 2017-18 | 26.10.2023 | 06.01.2024 | ਸੰਕੇਤਕ ਕਬਜ਼ਾ / 25.10.2023 ਨੂੰ ਰੁਪਏ 22,23,408.00/- (ਬਾਈ ਲੱਖ ਤੇਈ ਹਜ਼ਾਰ ਚਾਰ ਸੌ ਅੱਠ ਰੁਪਏ ਕੇਵਲ) ਅਤੇ ਇਸ ਉਪਰ ਹੋਰ ਵਿਆਜ ਅਤੇ ਚਾਰਜਿਜ਼ |

ਸ੍ਰੀ ਸ਼ਸ਼ੀ ਵਰਧਨ ਪੁੱਤਰ ਰਾਮ ਨਰਾਇਣ, ਮਕਾਨ ਨੰ. 23 ਡੀ (853/1-ਬੀ), ਗਲੀ ਨੰ. 4, ਵਾਰਡ ਨੰ. 3, ਜਗਤ ਕਾਲੋਨੀ, ਚੰਡੀਗੜ੍ਹ ਰੋਡ, ਖੰਨਾ ਲੁਧਿਆਣਾ-141401 (5) (ਗਰੰਟਰ) : ਸ੍ਰੀ ਅਨਿਲ ਕੁਮਾਰ ਸ਼ੁਕਲਾ ਪੁੱਤਰ ਬੈਜਨਾਥ ਸ਼ੁਕਲਾ, ਮਕਾਨ ਨੰ. 56/57, ਕਿਸਾਨ ਇਨਕਲੇਵ, ਖੰਨਾ, ਲੁਧਿਆਣਾ, ਪੰਜਾਬ-141401

ਮਿਤੀ 09.01.2024 ਸਥਾਨ : ਖੰਨਾ ਅਧਿਕਾਰਤ ਅਫਸਰ



## Capital Small Finance Bank Ltd.

MIDAS Corporate Park, 3rd Floor, 37, G.T. Road, Jalandhar-144001, Punjab, India

ਸਕਿਊਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ

| ਮਨਜ਼ੂਰ ਸਹੂਲਤ ਦੀ ਕਿਸਮ/ਕਰਜ਼ਾ ਨੰਬਰ | ਰਕਮ ਮਨਜ਼ੂਰ | ਡਿਮਾਂਡ ਨੋਟਿਸ ਦੀ ਮਿਤੀ ਨੂੰ ਕੁੱਲ ਬਕਾਇਆ |
|---|---|---|
| HL/031611000005 | Rs. 25,00,000/- | Rs. 30,33,458.17 |

ਮਿਤੀ : 08.01.2024 ਸਥਾਨ : ਜਲੰਧਰ (ਅਧਿਕਾਰਤ ਅਫ਼ਸਰ)

## Capital Small Finance Bank Ltd.

MIDAS Corporate Park, 3rd Floor, 37, G.T. Road, Jalandhar-144001, Punjab, India

ਸਕਿਊਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ

| ਮਨਜ਼ੂਰ ਸਹੂਲਤ ਦੀ ਕਿਸਮ/ਕਰਜ਼ਾ ਨੰਬਰ | ਰਕਮ ਮਨਜ਼ੂਰ | ਡਿਮਾਂਡ ਨੋਟਿਸ ਦੀ ਮਿਤੀ ਨੂੰ ਕੁੱਲ ਬਕਾਇਆ |
|---|---|---|
| OD Limit/013400000705 | Rs. 13,30,000/- | Rs. 13,52,125.98 |

ਮਿਤੀ : 08.01.2024 ਸਥਾਨ : ਜਲੰਧਰ (ਅਧਿਕਾਰਤ ਅਫ਼ਸਰ)


10-Jan-PAGE-13-Majha-24-Finak.qxd 1/9/2024 10:56 PM Page 1

10-Jan-PAGE-12.qxd 1/9/2024 10:52 PM Page 1



# ਹਾਜੀਪੁਰ-ਸਲੈਚਾਂ ਦੇ ਗੁਰਦੁਆਰਾ ਸਾਹਿਬ ਵਿਖੇ ਧਾਰਮਕ ਪ੍ਰਸ਼ਨੋਤਰੀ ਮੁਕਾਬਲੇ ਕਰਵਾਏ



**ਸ਼ਾਹਕੋਟ (ਗਿਆਨ ਸੈਦਪੁਰੀ)** ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਸਿੰਘ ਸਭਾ ਹਾਜੀਪੁਰ-ਸਲੈਚਾਂ ਵਿਖੇ ਸਿੱਖ ਧਰਮ ਪ੍ਰਸ਼ਨੋਤਰੀ ਮੁਕਾਬਲਾ ਕਰਵਾਇਆ ਗਿਆ, ਜਿਸ ਵਿੱਚ 30 ਤੋਂ ਵੱਧ ਬੱਚਿਆਂ ਨੇ ਹਿੱਸਾ ਲਿਆ। ਇਹ ਮੁਕਾਬਲਾ ਦੋ ਵਰਗਾਂ, ਜਿਨ੍ਹਾਂ ਵਿੱਚ 5 ਤੋਂ 13 ਸਾਲ ਉਮਰ ਵਰਗ ਅਤੇ 14 ਤੋਂ 20 ਸਾਲ ਉਮਰ ਵਰਗ ਦੇ ਬੱਚਿਆਂ ਵਿੱਚ ਕਰਵਾਇਆ ਗਿਆ । ਇਨ੍ਹਾਂ ਮੁਕਾਬਲਿਆਂ ਦੇ ਮੁੱਖ ਇੰਚਾਰਜ਼ ਸਰਬਜੀਤ ਕੌਰ ਹਾਜੀਪੁਰ ਨੇ ਦੱਸਿਆ ਕਿ ਬੱਚਿਆਂ ਦੇ ਕਰਵਾਏ ਗਏ ਇਸ ਧਾਰਮਿਕ ਪ੍ਰਸ਼ਨੋਤਰੀ ਮੁਕਾਬਲੇ ਦਾ ਨਤੀਜਾ ਬੀਤੇ ਕੱਲ੍ਹ ਐਲਾਨਿਆ ਗਿਆ ਤੇ ਜੇਤੂ ਬੱਚਿਆਂ ਨੂੰ ਵਿਸ਼ੇਸ਼ ਰੂਪ ਵਿੱਚ ਸਨਮਾਨਿਤ ਕਰਨ ਤੋਂ ਇਲਾਵਾ ਮੁਕਾਬਲੇ ਵਿੱਚ ਭਾਗ ਲੈਣ ਵਾਲੇ ਸਾਰੇ ਬੱਚਿਆਂ ਨੂੰ ਵੀ ਸਨਮਾਨਿਤ ਕੀਤਾ ਗਿਆ । ਉਨ੍ਹਾਂ ਕਿਹਾ ਕਿ ਇਸ ਮੁਕਾਬਲੇ ਦਾ ਮੁੱਖ ਉਦੇਸ਼ ਬੱਚਿਆਂ ਨੂੰ ਸਿੱਖ ਧਰਮ ਬਾਰੇ ਜਾਣੂ ਕਰਵਾਉਣਾ ਅਤੇ ਮਾਂ ਬੋਲੀ ਪੰਜਾਬੀ ਨਾਲ ਜੋੜਨਾ ਹੈ। ਗੁਰਦੁਆਰਾ ਸਾਹਿਬ ਦੇ ਮੁੱਖ ਗ੍ਰੰਥੀ ਭਾਈ ਫੁੰਮਣ ਸਿੰਘ ਅਤੇ ਬਲਜਿੰਦਰ ਕੌਰ ਮਠਾੜੂ ਵਲੋਂ ਇਹਨਾਂ ਮੁਕਾਬਲਿਆਂ ਦੇ ਆਯੋਜਨ ਵਿੱਚ ਪੂਰਾ ਸਹਿਯੋਗ ਦਿੱਤਾ ਗਿਆ। ਇਨ੍ਹਾਂ ਮੁਕਾਬਲਿਆਂ ਵਿੱਚ 14 ਤੋਂ 20 ਸਾਲ ਵਰਗ ਵਿੱਚ ਖੁਸ਼ਵੀਨ ਕੌਰ ਪੁੱਤਰੀ ਅਮਰਜੀਤ ਸਿੰਘ ਨੇ ਪਹਿਲਾ, ਗੁਰਲੀਨ ਕੌਰ ਪੁੱਤਰੀ ਹਰਵਿੰਦਰ ਸਿੰਘ ਨੇ ਦੂਜਾ, ਗਗਨਜੀਤ ਸਿੰਘ ਪੁੱਤਰ ਸਤਨਾਮ ਸਿੰਘ ਨੇ ਤੀਜਾ ਅਤੇ ਸੁਖਜੀਤ ਸਿੰਘ ਪੁੱਤਰ ਮਨੋਹਰ ਸਿੰਘ ਚੌਥਾ ਸਥਾਨ ਹਾਸਲ ਕੀਤਾ। 5-13 ਸਾਲ ਉਮਰ ਵਰਗ ਵਿੱਚ ਪਹਿਲਾ ਸਥਾਨ ਕੋਮਲਪ੍ਰੀਤ ਕੌਰ ਪੁੱਤਰੀ ਦਲਜੀਤ ਸਿੰਘ, ਦੂਜਾ ਸਥਾਨ ਕਮਲਪ੍ਰੀਤ ਕੌਰ ਪੁੱਤਰੀ ਭੁਪਿੰਦਰ ਸਿੰਘ, ਤੀਜਾ ਸਥਾਨ ਮਨਰੀਤ ਕੌਰ ਪੁੱਤਰੀ ਅਮਰਜੀਤ ਸਿੰਘ ਅਤੇ ਚੌਥਾ ਸਥਾਨ ਪ੍ਰਭਜੀਤ ਸਿੰਘ ਪੁੱਤਰ ਸਤਨਾਮ ਸਿੰਘ ਨੇ ਹਾਸਲ ਕੀਤਾ।ਸਰਬਜੀਤ ਕੌਰ ਹਾਜੀਪੁਰ ਨੇ ਇਨ੍ਹਾਂ ਦੇ ਆਯੋਜਨ ਵਿੱਚ ਸਹਿਯੋਗ ਦੇਣ ਲਈ ਬਲਜਿੰਦਰ ਕੌਰ ਮਠਾੜੂ , ਸੁਰਿੰਦਰ ਕੌਰ, ਬਲਵੀਰ ਕੌਰ, ਮਨਜੀਤ ਕੌਰ ਅਤੇ ਬੱਚਿਆਂ ਦੇ ਮਾਪਿਆਂ ਦਾ ਧੰਨਵਾਦ ਕੀਤਾ।

# ਦਸਵੀਂ ਪਾਤਸ਼ਾਹੀ ਸ੍ਰੀ ਗੁਰੂ ਗੋਬਿੰਦ ਸਿੰਘ ਦੀ ਬਖਸ਼ਿਸ਼ ਪ੍ਰਾਪਤ ਧਰਤੀ ਸ੍ਰੀ ਮੁਕਤਸਰ ਸਾਹਿਬ

ਸ੍ਰੀ ਮੁਕਤਸਰ ਸਾਹਿਬ ਦਾ ਪਹਿਲਾਂ ਨਾਮ ਖਿਦਰਾਣਾ ਸੀ।ਇੱਥੇ ਇੱਕ ਵੱਡੀ ਢਾਬ ਮੀਂਹ ਦੇ ਪਾਣੀ ਦੀ ਸਮ੍ਹਾਂ ਹੋਣ ਦਾ ਸਰੋਤ ਸੀ।ਚਾਰੇ ਪਾਸੇ ਬਰਾਨ ਤੇ ਟਿੱਬੇ ਸਨ।ਦਸਵੇਂ ਪਾਤਸ਼ਾਹ ਸ੍ਰੀ ਅਨੰਦਪੁਰ ਸਾਹਿਬ ਦੇ ਯੁੱਧ ਤੋਂ ਬਾਅਦ ਮੁਗਲ ਫੌਜਾਂ ਨਾਲ ਫਿਰ ਯੁੱਧ ਲੜਨ ਲਈ ਤਿਆਰ ਸਨ ਤੇ ਯੁੱਧ ਲੜਨ ਲਈ ਢੁੱਕਵੇਂ ਸਥਾਨ ਦੀ ਭਾਲ ਵਿੱਚ ਚਮਕੌਰ ਸਾਹਿਬ ਤੋਂ ਚੱਲ ਕੇ ਮਾਛੀਵਾੜਾ-ਰਾਏਕੋਟ-ਦੀਨਾ ਕਾਂਗੜ-ਜੈਤੋ-ਕੋਟਕਪੂਰਾ ਹੁੰਦੇ ਇੱਥੇ ਪੁੱਜੇ, ਜਿਥੇ ਇੱਕ ਸਿੱਖ ਸੇਵਕ ਕਪੂਰ ਸਿੰਘ ਬਰਾੜ ਨੇ ਇਸ ਜਗ੍ਹਾ 'ਤੇ ਪਾਣੀ ਦਾ ਪ੍ਰਬੰਧ ਹੋਣ ਕਰਕੇ ਤੇ ਜੰਗ ਲਈ ਉੱਚੀ ਟਿੱਬੀ ਦੀ ਰਾਏ ਦਿੱਤੀ ਸੀ।ਇਥੇ ਯੁੱਧ ਵਿੱਚ ਸ਼ਾਮਲ ਹੋਣ ਲਈ ਸੈਂਕੜੇ ਸਿੱਖ ਸ਼ਰਧਾਲੂ ਯੋਧੇ ਮਾਲਵਾ ਖੇਤਰ ਤੇ ਆਸ-ਪਾਸ ਦੇ ਇਲਾਕੇ ਤੋਂ ਨਾਲ ਆਏ, ਜਿਨ੍ਹਾਂ ਵਿੱਚ ਭਾਈ ਦਾਨ ਸਿੰਘ ਬਰਾੜ ਦਾ ਜ਼ਿਕਰ ਆਉਂਦਾ ਹੈ।

ਗੁਰੂ ਸਾਹਿਬ ਇੱਕ ਤੰਬੂ ਲਗਾ ਕੇ ਠਹਿਰੇ ਜਿੱਥੇ ਹੁਣ ਪਰਿਕਰਮਾ ਵਿੱਚ ਤੰਬੂ ਸਾਹਿਬ ਗੁਰੂ ਘਰ ਹੈ। ਜੰਗ ਦਾ ਸਥਾਨ ਤੰਬੂ ਸਾਹਿਬ ਤੋਂ ਕੁਝ ਦੂਰ ਟਿੱਬੀ ਸਾਹਿਬ ਉੱਚੀ ਜਗ੍ਹਾ ਸੀ।ਇਸ ਜੰਗ ਵਿੱਚ ਗੁਰੂ ਸਾਹਿਬ ਨੇ ਆਪਣੀਆਂ ਸਾਰੀਆਂ ਪਹਿਲਾਂ ਜੰਗਾਂ ਵਾਂਗ ਜਿੱਤ ਹਾਸਲ ਕੀਤੀ।ਜੰਗ ਦੇ ਸਥਾਨ 'ਤੇ ਗੁਰੂ ਘਰ ਟਿੱਬੀ ਸਾਹਿਬ ਹੈ।ਇਸ ਦੇ ਸਾਹਮਣੇ ਹੀ ਗੁਰੂ ਘਰ ਰਕਾਬਸਰ ਸਾਹਿਬ ਹੈ, ਜਿੱਥੇ ਗੁਰੂ ਸਾਹਿਬ ਘੋੜ ਸਵਾਰੀ ਲਈ ਜਾਂਦੇ ਸਨ।ਇਹ ਜੰਗ ਮਈ 1705 ਵਿੱਚ ਲੜੀ ਗਈ।ਇਸ ਜੰਗ ਵਿੱਚ ਉਹ ਚਾਲੀ ਸਿੰਘ, ਜੋ ਸ੍ਰੀ ਅਨੰਦਪੁਰ ਸਾਹਿਬ ਦੀ ਜੰਗ ਸਮੇਂ ਗੁਰੂ ਸਾਹਿਬ ਨੂੰ ਬੇਦਾਵਾ ਲਿਖ ਕੇ ਘਰ ਨੂੰ ਚਲੇ ਗਏ ਸੀ, ਮਾਈ ਭਾਗੋ ਦੀ ਅਗਵਾਈ ਵਿੱਚ ਸ਼ਾਮਲ ਹੋ ਗਏ ਸਨ।ਜੰਗ ਦੀ ਫਤਹਿ ਤੋਂ ਬਾਅਦ ਜਦੋਂ ਗੁਰੂ ਸਾਹਿਬ ਸ਼ਹੀਦ ਸਿੰਘਾਂ ਦੇ ਸਸਕਾਰ ਲਈ ਖੁਦ ਸੇਵਾ ਵਿੱਚ ਸਨ ਅਤੇ ਜ਼ਖਮੀ ਜੀਵਤ ਭਾਈ ਮਹਾਂ ਸਿੰਘ ਨੂੰ ਗੁਰੂ ਸਾਹਿਬ ਨੇ ਸੰਭਾਲਣ ਲਈ ਗੋਦ ਵਿੱਚ ਲਿਆ ਤਾਂ ਉਸ ਨੇ ਬੇਨਤੀ ਕੀਤੀ ਗੁਰੂ ਸਾਹਿਬ ਸਾਡੇ ਵੱਲੋਂ ਲਿਖਿਆ ਬੇਦਾਵਾ ਪਾੜ ਦਿਓ ਤੇ ਸਾਡੀ ਗਲਤੀ ਦੀ ਖਿਮਾ ਕਰੋ।ਗੁਰੂ ਸਾਹਿਬ ਨੇ ਆਪਣੇ ਕਮਰਕੱਸੇ ਵਿੱਚੋਂ ਉਹ ਬੇਦਾਵੇ ਦੀ ਲਿਖਤ ਨੂੰ ਕੱਢ ਕੇ ਪਾੜ ਦਿੱਤਾ ਤੇ ਸਾਰੇ ਚਾਲੀ ਸਿੰਘਾਂ ਦੀ ਮੁਕਤੀ ਕੀਤੀ ਅਤੇ ਆਪਣੇ ਸਿੱਖਾਂ ਨਾਲ ਟੁੱਟੀ ਗੰਢੀ।ਇਸ ਤਰ੍ਹਾਂ ਇਸ ਸ਼ਹਿਰ ਦਾ ਨਾਮ ਮੁਕਤਸਰ ਪੈ ਗਿਆ, ਜਿਸ ਨੂੰ ਮੁਕਤਸਰ ਲਿਖਿਆ ਜਾਂਦਾ ਰਿਹਾ।ਸਰ ਸ਼ਬਦ ਦਾ ਭਾਵ ਪਾਣੀ ਹੈ।ਇਸ ਸਥਾਨ 'ਤੇ ਮੁੱਖ ਗੁਰਦੁਆਰਾ ਟੁੱਟੀ ਗੰਢੀ ਸਾਹਿਬ ਹੈ।(ਟੁੱਟੀ ਗੰਢੀ ਗੰਢਣਹਾਰ ਗੋਪਾਲ) ਇਸ ਉਪਰੰਤ ਗੁਰੂ ਸਾਹਿਬ ਨੇ ਸ਼ਹੀਦਾਂ ਦਾ ਸਸਕਾਰ ਆਪ ਕੀਤਾ।ਇਸ ਸਥਾਨ 'ਤੇ ਗੁਰੂ ਘਰ ਸ਼ਹੀਦ ਗੰਜ ਸਾਹਿਬ ਹੈ।ਜੰਗ ਉਪਰੰਤ ਗੁਰੂ ਸਾਹਿਬ ਦਾਤਣ ਕਰਦੇ ਇੱਕ ਦਿਨ ਠਹਿਰ ਰਹੇ ਸਨ (ਜਿੱਥੇ ਹੁਣ ਗੁਰਦੁਆਰਾ ਦਾਤਣਸਰ ਸਾਹਿਬ ਸੁਸ਼ੋਭਿਤ ਹੈ) ਤਾਂ ਭੇਸ ਬਦਲ ਕੇ ਨੂਰਦੀਨ ਨਾਮ ਦਾ ਇੱਕ ਮੁਸਲਮਾਨ ਆਇਆ, ਜਿਸ ਨੇ ਗੁਰੂ ਸਾਹਿਬ 'ਤੇ ਪਿਛਲੇ ਪਾਸੇ ਤੋਂ ਹਮਲਾ ਕੀਤਾ, ਪ੍ਰੰਤੂ ਗੁਰੂ ਸਾਹਿਬ ਨੇ ਪਹਿਲੇ ਵਾਰ ਨਾਲ ਹੀ ਮੌਤ ਦੇ ਮੂੰਹ ਵਿੱਚ ਧੱਕ ਦਿੱਤਾ ਗਿਆ, ਜਿੱਥੇ ਹੁਣ ਇੱਕ ਥੜਾ ਹੈ, ਜਿਸ ਦੀ ਹਰ ਸਿੱਖ ਹਰ ਸਾਲ ਮਾਘੀ ਮੇਲੇ ਤੇ ਛਿੱਤਰ ਮਾਰ ਕਰਕੇ ਗੁਰੂ ਸਾਹਿਬ ਦੀ ਬਹਾਦਰੀ ਨੂੰ ਨਮਸਕਾਰ ਕਰਦਾ ਹੈ।

ਉਪਰੋਕਤ ਲਿਖਤ ਵਿੱਚ ਦਰਜ ਛੋਟੇ ਗੁਰੂ ਘਰ ਇਤਿਹਾਸਕ ਹਨ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸੇਵਾ ਵਿੱਚ ਧਰਮ ਪ੍ਰਚਾਰ ਕਰਦੇ ਹਨ।ਇੱਕ ਹੋਰ ਗੁਰੂ ਘਰ ਬਠਿੰਡਾ ਰੋਡ 'ਤੇ ਗੁਰਦੁਆਰਾ ਤਰਨਤਾਰਨ ਬਾਅਦ ਵਿੱਚ ਸੰਗਤਾਂ ਦੀ ਸੇਵਾ ਨਾਲ ਤਿਆਰ ਹੋ ਕੇ ਗੁਰਦੁਆਰਾ ਪ੍ਰਬੰਧਕੀ ਕਮੇਟੀ ਦੇ ਪ੍ਰਬੰਧ ਵਿੱਚ ਹੈ। ਗੁਰਦੁਆਰਾ ਸਾਹਿਬ ਦੀ ਸੇਵਾ ਸ਼ੁਰੂ ਵਿੱਚ ਇਲਾਕੇ ਤੇ ਦੂਰ ਤੋਂ ਸਿਰੜੀ ਸਿੰਘ 40 ਮੁਕਤਿਆਂ ਦੇ ਸ਼ਹੀਦੀ ਦਿਹਾੜੇ ਨੂੰ ਮਨਾਉਣ ਲਈ ਸੂਬੇਦਾਰ ਤੋਂ ਲੁਕ ਛਿਪ ਕੇ ਆਉਂਦੇ ਤੇ ਆਪਣੇ ਧਰਮ 'ਤੇ ਪੂਰੇ ਉਤਰਦੇ, ਜੋ ਹੌਲੀ ਹੌਲੀ ਇੱਥੇ ਅਬਾਦ ਹੋਏ।ਗੁਰਦੁਆਰਾ ਸਾਹਿਬ ਦੇ ਨੇੜੇ ਅਬਾਦ 12 ਪੱਤੀਆਂ ਜੱਟ ਸਿੱਖਾਂ ਦੀਆਂ ਵੱਸਦੀਆਂ ਹਨ, ਜਿਨ੍ਹਾਂ ਦੇ ਪੁਰਖਿਆਂ ਨੇ ਕਠਿਨ ਕਠਿਨਾਈ ਝੱਲ ਕੇ ਸਿਰਾਂ ਤੇ ਸਾਮਾਨ ਢੋਅ ਕੇ ਹੱਥੀਂ ਚੂਨਾ ਪੀਸ ਕੇ ਇਸ ਗੁਰੂ ਘਰ ਦੀ ਉਸਾਰੀ ਦੀ ਸੇਵਾ ਨਿਭਾਈ।

ਉਸ ਸਮੇਂ ਦੇ ਸਿੱਖ ਰਾਜਿਆਂ ਨੇ ਗੁਰਦੁਆਰਾ ਸਾਹਿਬ ਤੇ ਪਰਿਕਰਮਾ ਦੀ ਉਸਾਰੀ ਵਿੱਚ ਆਪਣਾ ਕਾਫ਼ੀ ਯੋਗਦਾਨ ਪਾ ਕੇ ਸੇਵਾ ਕੀਤੀ ਹੈ।ਅੱਜ ਮੌਜੂਦਾ ਨਿਸ਼ਾਨ ਸਾਹਿਬ ਮਹਾਰਾਜਾ ਨਾਭਾ ਵੱਲੋਂ ਭੇਟ ਕੀਤਾ ਗਿਆ [illegible] ਟੁੱਟੀ ਗੰਢੀ ਸਾਹਿਬ ਦੇ ਇਤਿਹਾਸਕ ਵਣ ਦੇ ਦਰੱਖਤ ਦੇ ਨੇੜੇ ਹੈ। ਕਿਹਾ ਜਾਂਦਾ ਹੈ ਕਿ ਸਿੱਖ ਰਾਜ ਸਮੇਂ ਮਹਾਰਾਜਾ ਰਣਜੀਤ ਸਿੰਘ ਵੱਲੋਂ ਵੀ ਬਹੁਤ ਸੇਵਾ ਆਈ ਸੀ। [illegible] ਸਮੇਂ ਸਮੇਂ ਅਨੁਸਾਰ ਗੁਰੂ ਘਰ ਦੀ ਸਾਂਭ ਸੰਭਾਲ ਕਾਰ ਸੇਵਾ, ਸੰਤਾਂ ਤੇ ਮਹਾਂਪੁਰਸ਼ਾਂ ਵੱਲੋਂ ਕੀਤੀਆਂ ਜਾਂਦੀਆਂ ਰਹੀਆਂ ਹਨ, ਜਿਨ੍ਹਾਂ ਨੂੰ ਸ਼ਹਿਰ ਵਾਸੀਆਂ ਵੱਲੋਂ ਗੁਰੂ ਘਰ ਲਈ ਲੋੜੀਂਦੀ ਜਗ੍ਹਾ ਦਿੱਤੀ ਜਾਂਦੀ ਰਹੀ ਹੈ।ਕਾਰ ਸੇਵਾ ਬਾਬਾ ਨਾਰਾਇਣ ਸਿੰਘ, ਬਾਬਾ ਗੁਰਮੁੱਖ ਸਿੰਘ ਵੱਲੋਂ ਕੀਤੀਆਂ ਗਈਆਂ।ਮੌਜੂਦਾ ਕਾਰ ਸੇਵਾ ਬਾਬਾ ਹਰਬੰਸ ਸਿੰਘ ਜੀ ਦਿੱਲੀ ਵਾਲਿਆਂ ਦੀ ਲੰਮੇ ਸਮੇਂ ਤੋਂ ਚੱਲ ਰਹੀ ਹੈ।ਸਾਰੇ ਗੁਰੂ ਘਰਾਂ ਦੀ ਨਵ ਉਸਾਰੀ, ਪਰਿਕਰਮਾ ਵਿੱਚ ਵਾਧਾ ਤੇ ਬਾਗੀਚਿਆਂ ਦੀ ਉਸਾਰੀ ਕਰਕੇ ਨਵੀਂ ਦਿੱਖ ਦੀ [illegible]



[illegible] ਝਲਕ ਮਿਲਦੀ ਹੈ।

ਕਾਰ ਸੇਵਾ ਵੱਲੋਂ ਭਾਈ ਮਹਾਂ ਸਿੰਘ ਦੀਵਾਨ ਹਾਲ ਉਸਾਰਿਆ ਗਿਆ, [illegible] 14 ਜਨਵਰੀ ਨੂੰ ਮਨਾਉਣ ਦੀ ਪੁਰਾਣੀ ਰਵਾਇਤ ਕਰਕੇ ਮੇਲਾ ਮਾਘੀ [illegible]

ਹੋਲਾ ਮਹੱਲਾ-15 ਜਨਵਰੀ ਨੂੰ ਜਥੇ ਗੁਰਦੁਆਰਾ ਟੁੱਟੀ ਗੰਢੀ ਸਾਹਿਬ ਤੋਂ ਚੱਲ ਕੇ ਗੁਰਦੁਆਰਾ ਟਿੱਬੀ ਸਾਹਿਬ ਤੱਕ ਪੂਰੇ ਜਾਹੋ ਜਲਾਲ ਨਾਲ ਜਾਂਦੇ ਹਨ, [illegible] ਖਾਲਸਮਈ ਜੌਹਰ ਵਿਖਾਏ ਜਾਂਦੇ ਹਨ।

ਸਰਕਾਰਾਂ ਵੱਲੋਂ ਯੋਗਦਾਨ-1973 ਵਿੱਚ ਗਿਆਨੀ ਜੈਲ ਸਿੰਘ ਦੀ ਪੰਜਾਬ ਸਰਕਾਰ ਵੱਲੋਂ ਗੁਰੂ ਗੋਬਿੰਦ ਸਿੰਘ ਮਾਰਗ ਮੁਕੰਮਲ ਕਰਨ ਨਾਲ ਇਹ ਸ਼ਹਿਰ ਇਸ ਮਾਰਗ 'ਤੇ ਇੱਕ ਮੁੱਖ ਸਥਾਨ ਵਜੋਂ ਉੱਭਰਿਆ ਹੈ। ਇੱਕ ਥੜਾ ਉਸਾਰ ਕੇ ਦਸਮੇਸ਼ ਲਾਟ ਉਸਾਰੀ ਗਈ ਹੈ, ਜੋ ਕਿ ਰੈੱਡ ਕਰਾਸ ਭਵਨ ਦੇ ਗੇਟ ਕੋਲ ਹੈ ਅਤੇ ਨਵੀਂ ਦਿੱਖ ਦੀ ਲੋੜ ਹੈ।ਇਸ ਸ਼ਹਿਰ ਨੂੰ ਸ੍ਰ. ਹਰਚਰਨ ਸਿੰਘ ਬਰਾੜ ਪੰਜਾਬ ਸਰਕਾਰ ਵੱਲੋਂ 7 ਨਵੰਬਰ 1995 ਗੁਰਪੁਰਬ 'ਤੇ ਜ਼ਿਲ੍ਹਾ ਬਣਾਇਆ ਗਿਆ।ਅਪ੍ਰੈਲ 2005 ਵਿੱਚ ਖਿਦਰਾਣੇ ਦੀ ਜੰਗ ਦਾ 300 ਸਾਲਾ ਦਿਨ ਮਨਾਉਣ ਦੀ ਸੇਵਾ ਕੈਪਟਨ ਅਮਰਿੰਦਰ ਸਿੰਘ ਪੰਜਾਬ ਸਰਕਾਰ ਦੇ ਹਿੱਸੇ ਆਈ। [illegible] 40 ਸ਼ਹੀਦਾਂ ਦੀ ਯਾਦ ਨੂੰ ਸਿਜਦਾ ਕਰਨ ਲਈ ਇੱਕ ਪਾਰਕ (ਡੀ ਸੀ ਦਫ਼ਤਰ ਦੇ ਨਾਲ) ਤਿਆਰ ਕਰਵਾ ਕੇ [illegible] ਮਾਈ ਭਾਗੋ ਪਾਰਕ ਦੀ ਉਸਾਰੀ ਹੋਈ।ਗੁਰੂ ਗੋਬਿੰਦ ਸਿੰਘ ਖੇਡ ਸਟੇਡੀਅਮ [illegible] ਸ਼ਹਿਰ ਦਾ ਨਾਮ ਮੁਕਤਸਰ ਤੋਂ ਸਤਿਕਾਰ ਸਮੇਤ ਸ੍ਰੀ ਮੁਕਤਸਰ ਸਾਹਿਬ ਕੀਤਾ ਗਿਆ।2020 ਵਿੱਚ ਸਰੋਵਰ ਲਈ ਨਹਿਰ ਤੋਂ ਸਿੱਧੀ ਪਾਣੀ ਦੀ ਪਾਈਪ ਦੀ ਸੇਵਾ ਵੀ ਕੈਪਟਨ ਅਮਰਿੰਦਰ ਸਿੰਘ ਪੰਜਾਬ ਸਰਕਾਰ ਵੱਲੋਂ ਕੀਤੀ ਗਈ।ਸਮੇਂ ਸਮੇਂ ਦੀ ਹਰ ਸਰਕਾਰ ਨੇ ਗੁਰੂ ਘਰ ਲਈ ਸੇਵਾ ਦਾ ਉਪਰਾਲਾ ਕੀਤਾ ਹੈ।

ਸ਼ਹਿਰ ਦੀਆਂ ਮੁੱਖ ਲੋੜਾਂ-ਟ੍ਰੈਫਿਕ ਦੀ ਸਮੱਸਿਆ ਸਭ ਤੋਂ ਵੱਡੀ ਹੈ [illegible] ਸਰਕਾਰੀ ਕਰਮਚਾਰੀਆਂ ਲਈ ਕੋਈ ਰਿਹਾਇਸ਼ੀ ਕਲੋਨੀ ਨਹੀਂ ਹੈ। [illegible] ਹਨ, ਹਟਾਏ ਜਾਣ ਦੀ ਲੋੜ ਹੈ।ਸ਼ਹਿਰ ਦੀਆਂ ਪੁਰਾਣੀਆਂ ਸਰਾਵਾਂ ਮੇਘਰਾਜ ਭਵਨ ਤੇ ਟਿੱਬੀ ਸਾਹਿਬ ਰੋਡ 'ਤੇ ਸਥਿਤ ਨੱਥੂ ਰਾਮ ਭਵਨ ਨਵੀਂ ਉਸਾਰੀ ਦੀ ਉਡੀਕ ਵਿੱਚ ਹੈ। ਆਟੋ ਰਿਕਸ਼ਾ 'ਤੇ ਨਿਯਮ ਬਣਾਏ ਜਾਣ ਤੇ ਰੂਟ ਅਤੇ ਅੱਡੇ ਨਿਸ਼ਚਿਤ ਕੀਤੇ ਜਾਣ।ਸ਼ਹਿਰ ਦੀ ਦਿੱਖ ਨੂੰ ਇਤਿਹਾਸਕ ਪੱਖ ਤੋਂ ਲੋੜੀਂਦੀਆਂ ਕਲਾ ਕਿਰਤਾਂ ਡਿਸਪਲੇਅ ਕਰਕੇ ਨਿਖਾਰਨ ਦੀ ਲੋੜ ਹੈ।

**-ਸ਼ਮਿੰਦਰਪਾਲ, ਪੱਤਰਕਾਰ ਸ੍ਰੀ ਮੁਕਤਸਰ ਸਾਹਿਬ**

# ਮਹੀਨਾਵਾਰ ਮੀਟਿੰਗ 'ਚ ਸੀਨੀਅਰ ਪੈਨਸ਼ਨਰਜ਼ ਨੂੰ ਕੀਤਾ ਸਨਮਾਨਤ




**ਬਹਿਰਾਮ (ਅਵਤਾਰ ਕਲੇਰ)** ਪੈਨਸ਼ਨਰਜ਼ ਐਸੋਸੀਏਸ਼ਨ ਮੰਡਲ ਨਵਾਂ ਸ਼ਹਿਰ ਦੀ ਮਹੀਨਾਵਾਰ ਮੀਟਿੰਗ ਪ੍ਰਧਾਨ ਨਰਿੰਦਰ ਮੈਹਤਾ ਦੀ ਅਗਵਾਈ 'ਚ ਕੀਤੀ ਗਈ, ਜਿਸ ਵਿੱਚ ਬਹੁਗਿਣਤੀ ਪੈਨਸ਼ਨਰਜ਼ ਨੇ ਭਾਗ ਲਿਆ। ਮੀਟਿੰਗ ਦੀ ਕਾਰਵਾਈ ਦੇ ਅਰੰਭ 'ਚ ਸੱਭ ਨੂੰ ਨਵੇਂ ਸਾਲ ਦੀਆਂ ਸ਼ੁੱਭ ਕਾਮਨਾਵਾਂ ਭੇਟ ਕੀਤੀਆਂ। ਸਕੱਤਰ ਮਦਨ ਲਾਲ ਨੇ ਸਟੇਜ ਦੀ ਕਾਰਵਾਈ ਸ਼ੁਰੂ ਕਰਦਿਆਂ ਕਿਹਾ ਕਿ ਜੋ ਪੈਨਸ਼ਨਰਜ਼ ਜਥੇਬੰਦੀ ਦੇ ਸੰਘਰਸ਼ਾਂ ਵਿਚ ਵਿਸ਼ੇਸ਼ ਯੋਗਦਾਨ ਪਾਉਂਦੇ ਹਨ ਉਨ੍ਹਾਂ ਸੀਨੀਅਰ ਪੈਨਸ਼ਨਰਜ਼ 'ਚੋਂ ਹਰ ਨਵੇਂ ਸਾਲ ਜਨਵਰੀ ਮਹੀਨੇ ਦੀ ਮੀਟਿੰਗ ਵਿਚ ਸਨਮਾਨਿਤ ਕੀਤਾ ਜਾਂਦਾ ਹੈ, ਤਾਂ ਜੋ ਪੈਨਸ਼ਨਰਜ਼ ਦਾ ਆਪਣੇ ਹੱਕਾਂ ਲਈ ਲੜੇ ਜਾਣ ਵਾਲੇ ਸੰਘਰਸ਼ਾਂ ਵਿਚ ਉਤਸ਼ਾਹ ਬਣਿਆ ਰਹੇ।ਪਿਛਲੇ ਨੌਂ ਸਾਲਾਂ ਤੋਂ ਚੱਲੀ ਆ ਰਹੀ ਪ੍ਰੰਪਰਾ ਅਨੁਸਾਰ ਇਸ ਸਾਲ ਦੇ ਸੀਨੀਅਰ ਪੈਨਸ਼ਨਰਜ਼ ਜੈਪਾਲ ਸ਼ਰਮਾ, ਗੁਰਦੇਵ ਰਾਮ,ਹਰਬਿਲਾਸ, ਹਰਭਜਨ ਸਿੰਘ, ਜੋਗਿੰਦਰ ਸਿੰਘ,ਕਰਮਜੀਤ ਸਿੰਘ, ਕ੍ਰਿਸ਼ਨ ਕੁਮਾਰ,ਮੰਗਤ ਰਾਏ, ਰਵਿੰਦਰ ਅਗਨੀਹੋਤਰੀ ਅਤੇ ਸਿਮਰ ਚੰਦ ਨੂੰ ਕੰਬਲ ਤੇ ਹੋਰ ਗਿਫਟ ਦੇ ਕੇ ਸਨਮਾਨਿਤ ਕੀਤਾ।ਸੂਬਾ ਕਮੇਟੀ ਦੇ ਜਨਰਲ ਸਕੱਤਰ ਡੀ ਐਸ ਭੱਠਲ ਅਤੇ ਉਪ ਜਨਰਲ ਸਕੱਤਰ ਸ਼ਿਵ ਕੁਮਾਰ ਤਿਵਾੜੀ ਨੂੰ ਵੀ ਸਨਮਾਨਿਤ ਕੀਤਾ ਗਿਆ। ਉਨ੍ਹਾਂ ਆਪਣੇ ਸੰਬੋਧਨ' ਚ ਸੀਨੀਅਰ ਪੈਨਸ਼ਨਰਜ਼ ਨੂੰ ਸਨਮਾਨਿਤ ਕੀਤੇ ਜਾਣ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਇਸ ਮੌਕੇ ਸਰਕਲ ਵਿੱਤ ਸਕੱਤਰ ਕੁਲਵਿੰਦਰ ਅਟਵਾਲ, ਰਵਿੰਦਰ ਰਾਹੋਂ,ਪਰੇਮ ਚੰਦ, ਨਿਰੰਜਨ ਕੰਗਾਂ, ਸ਼ੰਭੂ ਰਾਹੋਂ ,ਸਤਵਿੰਦਰ ਅਜਾਦ , ਸੁਰਜੀਤ , ਬਲਦੇਵ ,ਸ਼ਿਵਰਾਜ ਆਦਿ ਬੁਲਾਰਿਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਬਿਨਾਂ ਤਿੱਖੇ ਸ਼ੰਘਰਸ਼ ਕੀਤਿਆਂ ਮੰਗਾਂ ਦੀ ਪ੍ਰਾਪਤੀ ਨਹੀਂ ਹੋ ਸਕਦੀ।ਜੇਕਰ ਮੰਗ ਪੱਤਰ ਅਨੁਸਾਰ ਸਰਕਾਰ ਨੇ ਜਲਦ ਮੰਗਾਂ ਨਾ ਮੰਨੀਆਂ ਤਾਂ ਸ਼ੰਘਰਸ਼ ਲਗਾਤਾਰ ਜਾਰੀ ਰਹਿਣਗੇ ।

# ਭੁੰਗਰਨੀ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਮੌਕੇ ਵਿਸ਼ਾਲ ਨਗਰ ਕੀਰਤਨ ਸਜਾਏ





**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਭੁੰਗਰਨੀ ਵਿਖੇ ਗੁਰਦੁਆਰਾ ਪਾਤਸ਼ਾਹੀ ਸੱਤਵੀਂ ਧੰਨ ਧੰਨ ਸ਼੍ਰੀ ਗੁਰੂ ਹਰਿ ਰਾਇ ਸਾਹਿਬ ਜੀ ਦੀ ਪਵਿੱਤਰ ਚਰਨ ਛੋਹ ਪ੍ਰਾਪਤ ਧਰਤੀ 'ਤੇ ਸਮੂਹ ਨਗਰ ਨਿਵਾਸੀ , ਸ੍ਰੀ ਗੁਰੂ ਹਰਿ ਰਾਇ ਨੌਜਵਾਨ ਸਭਾ ਭੁੰਗਰਨੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆ ਅਤੇ ਇਲਾਕੇ ਦੇ ਸਹਿਯੋਗ ਨਾਲ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੰਮ੍ਰਿਤ ਦੇ ਦਾਤੇ, ਕਲਗੀਧਰ ਦਸਮੇਸ਼ ਪਿਤਾ, ਸਰਬੰਸ ਦਾਨੀ ਪਾਤਸ਼ਾਹੀ ਦੱਸਵੀਂ ਧੰਨ ਧੰਨ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਮੌਕੇ ਧੰਨ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਇਹ ਵਿਸ਼ਾਲ ਨਗਰ ਕੀਰਤਨ ਸਜਾਏ ਗਏ।ਪੰਜ ਪਿਆਰੇ, ਪੰਜ ਨਿਸ਼ਾਨਚੀ, ਨਗਾਰਾ, ਫੌਜੀ ਬੈਂਡ, ਸਕੂਲੀ ਵਿਦਿਆਰਥੀ, ਗੱਤਕਾ ਪਾਰਟੀ, ਸ਼ਬਦ ਕੀਰਤਨੀਏ ਜਥੇ ਪਾਲਕੀ ਸਾਹਿਬ ਜੀ ਨਾਲ ਚੱਲ ਰਹੇ ਸਨ। ਨਗਰ ਕੀਰਤਨ ਦੀ ਗੁਰਦੁਆਰਾ ਸਾਹਿਬ ਜੀ ਤੋਂ ਆਰੰਭ ਹੋ ਕੇ ਵੱਖ ਵੱਖ ਪੜਾਵਾਂ ਤੋਂ ਹੁੰਦੇ ਹੋਇਆਂ ਸ਼ਾਮ ਨੂੰ ਸਮਾਪਤੀ ਹੋਈ।ਵੱਖ ਵੱਖ ਮੁਹੱਲਿਆਂ ਵਿਚ ਸਵਾਗਤੀ ਗੇਟ ਲਗਾ ਕੇ, ਸੰਗਤਾਂ ਦੀ ਫੁੱਲਾਂ ਦੀ ਵਰਖਾ ਕਰਦੇ ਸ਼ਾਨਦਾਰ ਸਵਾਗਤ ਕੀਤਾ ਅਤੇ ਵੱਖ ਵੱਖ ਪ੍ਰਕਾਰ ਦੇ ਲੰਗਰ ਲਗਾਏ ਗਏ।ਨਗਰ ਕੀਰਤਨ ਦੌਰਾਨ ਭਾਈ ਸੁਖਚੈਨ ਸਿੰਘ ਹੈੱਡ ਗ੍ਰੰਥੀ, ਭਾਈ ਗੁਰਦਿਆਲ ਸਿੰਘ ਲੱਖਪੁਰ ਇੰਟਰਨੈਸ਼ਨਲ ਢਾਡੀ ਜੱਥਾ ਨਕੋਦਰ, ਪ੍ਰਭਾਤ ਫੇਰੀ ਜਥੇ ਗੁਰਬਾਣੀ, ਗੁਰਇਤਿਹਾਸ, ਢਾਡੀ ਵਾਰਾਂ ਨਾਲ ਸੰਗਤਾਂ ਨੂੰ ਨਿਹਾਲ ਕੀਤਾ।ਗੁਰਦੁਆਰਾ ਸਾਹਿਬ ਦੇ ਪ੍ਰਧਾਨ ਜਥੇਦਾਰ ਸੁਰਜੀਤ ਸਿੰਘ ਮਸੂਤਾ ਨੇ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਦੀਆਂ ਸਮੂਹ ਦੇਸ਼ ਪ੍ਰਦੇਸ਼ ਦੀਆਂ ਸੰਗਤਾਂ ਨੂੰ ਵਧਾਈਆਂ ਦਿੱਤੀਆਂ।ਇਸ ਮੌਕੇ ਬਲਵੀਰ ਸਿੰਘ ਤੰਬੜ, ਰਾਜਵੀਰ ਸਿੰਘ, ਗੁਰਪ੍ਰੀਤ ਸਿੰਘ, ਹਰਿੰਦਰ ਸਿੰਘ, ਬਲਵਿੰਦਰ ਸਿੰਘ, ਜਗਤਾਰ ਸਿੰਘ ਭੁੰਗਰਨੀ ਸਾਬਕਾ ਪੰਚ, ਪਰਮਜੀਤ ਸਿੰਘ ਮਸੂਤਾ, ਗੁਰਬਚਨ ਸਿੰਘ ਕਾਕਾ, ਹਰਜਿੰਦਰ ਸਿੰਘ ਕਾਕਾ, ਅਵਤਾਰ ਸਿੰਘ ਤਾਰੀ, ਕੁਲਵੰਤ ਸਿੰਘ, ਦਵਿੰਦਰ ਸਿੰਘ, ਭੁਪਿੰਦਰ ਸਿੰਘ ਇੰਦਰਜੀਤ ਸਿੰਘ, ਗੁਰਜੀਤ ਸਿੰਘ, ਮਨਦੀਪ ਸਿੰਘ, ਜਗਤਾਰ ਸਿੰਘ ਤਾਰੀ, ਸਤਵੰਤ ਸਿੰਘ ਸਾਬਕਾ ਪੰਚ ਆਦਿ ਹਾਜ਼ਰ ਸਨ।

# ਐੱਲ ਪੀ ਯੂ ਦੀ ਸਾਬਕਾ ਵਿਦਿਆਰਥਣ ਸੰਯੁਕਤ ਰਾਜ ਪਬਲਿਕ ਹੈੱਲਥ ਸਰਵਿਸ ਲਈ ਨਿਯੁਕਤ



**ਜਲੰਧਰ ( ਸ਼ੈਲੀ ਐਲਬਰਟ)**:- ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐੱਲ. ਪੀ. ਯੂ.) ਨੂੰ ਆਪਣੇ ਸਕੂਲ ਆਫ ਅਪਲਾਈਡ ਮੈਡੀਕਲ ਸਾਇੰਸਿਜ਼ (ਫਾਰਮੇਸੀ) ਦੀ ਸਾਬਕਾ ਵਿਦਿਆਰਥਣ , ਡਾ. ਗੁਰਪ੍ਰੀਤ ਸੈਨੀ ਦੀ ਅਸਾਧਾਰਨ ਪ੍ਰਾਪਤੀ ਦਾ ਐਲਾਨ ਕਰਦੇ ਹੋਏ ਬਹੁਤ ਖੁਸ਼ੀ ਹੋਈ ਹੈ। ਡਾ. ਸੈਨੀ ਨੂੰ ਹਾਲ ਹੀ ਵਿੱਚ ਯੂਨਾਈਟਿਡ ਸਟੇਟ ਪਬਲਿਕ ਹੈਲਥ ਸਰਵਿਸ ਵਿੱਚ ਨਿਯੁਕਤ ਕੀਤਾ ਗਿਆ ਹੈ, ਜੋ ਕਿ ਦੇਸ਼ ਭਰ ਵਿੱਚ ਜਨਤਕ ਸਿਹਤ ਦੀ ਰੱਖਿਆ ਅਤੇ ਪ੍ਰਚਾਰ ਕਰਨ ਲਈ ਸਮਰਪਿਤ ਇੱਕ ਵੱਕਾਰੀ ਸੰਸਥਾ ਹੈ। ਐਲਪੀਯੂ ਤੋਂ ਇੱਕ ਨਿਪੁੰਨ ਐਮ. ਫਾਰਮੇਸੀ ਗ੍ਰੈਜੂਏਟ ਵਜੋਂ; ਡਾ. ਸੈਨੀ ਨੇ ਸਾਊਥ ਡਕੋਟਾ ਵਿੱਚ ਫਾਰਮਾਸਿਸਟ ਸ਼੍ਰੇਣੀ ਵਿੱਚ ਲੈਫਟੀਨੈਂਟ ਦਾ ਵੱਕਾਰੀ ਰੈਂਕ ਹਾਸਿਲ ਕੀਤਾ ਹੈ, ਜੋ ਕਿ ਉਸਦੀ ਬੇਮਿਸਾਲ ਯੋਗਤਾ ਅਤੇ ਉਸਦੇ ਪੇਸ਼ੇ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਯੂਨਾਈਟਿਡ ਸਟੇਟ ਪਬਲਿਕ ਹੈਲਥ ਸਰਵਿਸ ਕਮਿਸ਼ਨਡ ਕੋਰ, ਜੋ ਕਿ ਜਨਤਕ ਸਿਹਤ ਲਈ ਆਪਣੇ ਅਟੁੱਟ ਸਮਰਪਣ ਲਈ ਮਸ਼ਹੂਰ ਹੈ, ਡਾ. ਸੈਨੀ ਵਰਗੇ ਉੱਤਮ ਪੇਸ਼ੇਵਰਾਂ ਦਾ ਸਵਾਗਤ ਕਰਦੀ ਹੈ। 200 ਸਾਲ ਪਹਿਲਾਂ ਸਥਾਪਿਤ, ਇਸਦਾ ਕਮਿਸ਼ਨਡ ਕੋਰ ਸਿਹਤ ਅਤੇ ਮਨੁੱਖੀ ਸੇਵਾਵਾਂ ਵਿਭਾਗ ਦੇ ਅਧੀਨ ਕੰਮ ਕਰਦਾ ਹੈ ਅਤੇ ਇਸ ਵਿੱਚ ਉੱਚ ਹੁਨਰਮੰਦ ਵਿਅਕਤੀ ਸ਼ਾਮਲ ਹੁੰਦੇ ਹਨ ਜੋ ਜਨਤਕ ਸਿਹਤ ਪਹਿਲਕਦਮੀਆਂ ਦਾ ਸਮਰਥਨ ਕਰਦੇ ਹਨ, ਬਿਮਾਰੀਆਂ ਨਾਲ ਨਜਿੱਠਦੇ ਹਨ, ਜ਼ਮੀਨੀ ਖੋਜ ਕਰਦੇ ਹਨ ਅਤੇ ਸੰਯੁਕਤ ਰਾਜ ਦੇ ਅੰਦਰ ਪਛੜੇ ਲੋਕਾਂ ਦੇ ਜੀਵਨ ਵਿੱਚ ਸੁਧਾਰ ਕਰਦੇ ਹਨ ਅਤੇ ਨਾਲ ਹੀ ਦੁਨੀਆ ਭਰ ਵਿੱਚ ਜ਼ਰੂਰੀ ਦੇਖਭਾਲ ਪ੍ਰਦਾਨ ਕਰਦੇ ਹਨ।

# ਸਰਬੱਤ ਦੇ ਭਲੇ ਲਈ ਸ੍ਰੀ ਗੁਰੂ ਰਵਿਦਾਸ ਪਬਲਿਕ ਸਕੂਲ ਚੂਹੜਵਾਲੀ ਵਿਖੇ ਸਮਾਗਮ ਕਰਵਾਏ



**ਹੁਸ਼ਿਆਰਪੁਰ (ਓ ਪੀ ਰਾਣਾ, ਬੀ ਐੱਸ ਸੈਨੀ )**- ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ(ਰਜਿ.) ਪੰਜਾਬ ਵਲੋਂ ਚੇਅਰਮੈਨ ਸੰਤ ਸਰਵਣ ਦਾਸ ਬੋਹਣ, ਪ੍ਰਧਾਨ ਸੰਤ ਨਿਰਮਲ ਦਾਸ ਬਾਬੇ ਜੌੜੇ ਦੀ ਅਗਵਾਈ ਹੇਠ ਨਵੇਂ ਸਾਲ ਦੀ ਸ਼ੁੱਭ ਅਰੰਭਤਾ ਤੇ ਸਰਬਤ ਦੇ ਭਲੇ ਲਈ ਸਾਧ ਸੰਗਤ ਦੀ ਚੜ੍ਹਦੀਕਲਾ ਲਈ ਸ੍ਰੀ ਗੁਰੂ ਰਵਿਦਾਸ ਪਬਲਿਕ ਸਕੂਲ (ਰਜਿ.) ਚੂਹੜਵਾਲੀ ਵਿਖੇ ਵਿਸ਼ੇਸ਼ ਧਾਰਮਿਕ ਸਮਾਗਮ ਕਰਵਾਏ ਗਏ। ਸ੍ਰੀ ਆਖੰਡ ਪਾਠ ਦੇ ਭੋਗ ਤੋਂ ਉਪਰੰਤ ਕੀਰਤਨ ਦੇ ਦੀਵਾਨ ਸਜਾਏ ਗਏ ਉਪਰੰਤ ਸੰਤਾਂ ਮਹਾਂਪੁਰਸ਼ਾਂ ਵਲੋਂ ਕਥਾ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਵਿਦੇਸ਼ਾਂ ਵਿੱਚ ਸਤਿਗੁਰਾਂ ਦੀ ਬਾਣੀ ਦਾ ਪ੍ਰਚਾਰ ਤੇ ਪ੍ਰਸਾਰ ਕਰਕੇ ਸਕੂਲ ਵਿਚ ਪਹੁੰਚੇ ਸੰਤ ਨਿਰਮਲ ਦਾਸ ਬਾਬੇ ਜੌੜੇ ਪ੍ਰਧਾਨ ਸਾਹਿਬ ਨੂੰ ਸੁਸਾਇਟੀ ਵਲੋਂ ਅਤੇ ਬਿਲਡਿੰਗ ਇੰਚਾਰਜ ਸੰਤੋਸ਼ ਕੁਮਾਰੀ ਦੀ ਅਗਵਾਈ ਹੇਠ ਸਕੂਲ ਦੇ ਸਟਾਫ ਵਲੋਂ ਵਿਸ਼ੇਸ਼ ਤੌਰ 'ਤੇ ਜੀ ਆਇਆਂ ਕਿਹਾ ਗਿਆ ਅਤੇ ਸਨਮਾਨ ਕੀਤਾ ਗਿਆ।

ਇਸ ਮੌਕੇ ਸੰਤ ਨਿਰਮਲ ਦਾਸ ਬਾਬੇ ਜੌੜੇ ਨੇ ਇਸ ਮੌਕੇ ਆਪਣੇ ਵਿਦੇਸ਼ ਦੌਰੇ ਦੀਆਂ ਪ੍ਰਾਪਤੀਆਂ ਬਾਰੇ ਸੁਸਾਇਟੀ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ੍ਰੀ ਗੁਰੂ ਰਵਿਦਾਸ ਟੈਂਪਲ ਸਾਊਥਹਾਲ ਲੰਡਨ ਆਤਮਾ ਰਾਮ ਢਾਂਡਾ ਪ੍ਰਧਾਨ, ਸ਼ਿਵ ਰਤੂ ਜਨਰਲ ਸੈਕਟਰੀ, ਨਛੱਤਰ ਕਲਸੀ ਗੀਲੀਅਸ ਜਨਰਲ ਸਕੱਤਰ ਅਤੇ ਸੰਗਤਾਂ ਵਲੋਂ ਸ੍ਰੀ ਗੁਰੂ ਰਵਿਦਾਸ ਸਦਨ ਸ੍ਰੀ ਖੁਰਾਲਗੜ ਸਾਹਿਬ ਵਿਖੇ ਕਮਰਿਆਂ ਦੀ ਉਸਾਰੀ ਦੀ ਸੇਵਾ ਲਈ ਹੈ। ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ ਵਲੋਂ ਸ੍ਰੀ ਗੁਰੂ ਰਵਿਦਾਸ ਟੈਂਪਲ ਸਾਊਥਹਾਲ ਲੰਡਨ ਅਤੇ ਸਮੂਹ ਸੰਗਤਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਸ੍ਰੀ ਗੁਰੂ ਰਵਿਦਾਸ ਪਬਲਿਕ ਸਕੂਲ (ਰਜਿ.) ਚੂਹੜਵਾਲੀ, ਵਿਦਿਆਰਥੀਆਂ ਅਤੇ ਸਟਾਫ ਦੀ ਚੜ੍ਹਦੀਕਲਾ ਲਈ ਅਰਦਾਸ ਕੀਤੀ ਗਈ।

ਇਸ ਮੌਕੇ ਸੰਤ ਸਰਵਣ ਦਾਸ ਜੀ ਬੋਹਣ ਚੇਅਰਮੈਨ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.)ਪੰਜਾਬ,ਸੰਤ ਨਿਰਮਲ ਦਾਸ ਬਾਬੇ ਜੌੜੇ ਪ੍ਰਧਾਨ,ਸੰਤ ਇੰਦਰ ਦਾਸ ਸ਼ੇਖੇ ਜਨਰਲ ਸਕੱਤਰ,ਸੰਤ ਸਰਵਣ ਦਾਸ ਸਲੇਮਟਾਵਰੀ ਸੀਨੀ.ਵਾਈਸ ਪ੍ਰਧਾਨ,ਸੰਤ ਪਰਮਜੀਤ ਦਾਸ ਨਗਰ ਕੈਸ਼ੀਅਰ,ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ (ਰਜਿ.) ਭਾਰਤ,ਸੰਤ ਬਲਵੰਤ ਸਿੰਘ ਡੀਗਰੀਆਂ ਮੀਤ ਪ੍ਰਧਾਨ, ਸੰਤ ਰਮੇਸ਼ ਦਾਸ ਸ਼ੇਰਪੁਰ ਕਲਰਾਂ,ਸੰਤ ਧਰਮਪਾਲ ਸ਼ੇਰਗੜ,ਸੰਤ ਬੀਬੀ ਕੁਲਦੀਪ ਕੌਰ ਮਹਿਨਾ,ਸੰਤੋਸ਼ ਕੁਮਾਰੀ ਬਿਲਡਿੰਗ ਇੰਚਾਰਜ, ਸੰਤ ਕਮਲੇਸ਼ ਕੌਰ ਨਾਹਲਾਂ,ਬਾਬਾ ਬਲਕਾਰ ਸਿੰਘ ਤੱਗੜ ਵਡਾਲਾ,ਸੰਤ ਸੰਤੋਖ ਦਾਸ ਭਾਰਟਾ,ਸੰਤ ਗੁਰਮੀਤ ਦਾਸ ਪਿੱਪਲਾਂਵਾਲਾ, ਸੰਤ ਜਸਵੰਤ ਦਾਸ ਰਾਵਲਪਿੰਡੀ,ਸੰਤ ਰਾਮ ਸੇਵਕ ਹਰੀਪੁਰ ਖਾਲਸਾ,ਸੰਤ ਅਮਰਜੀਤ ਬੇਗੋਵਾਲ, ਸੰਤ ਰਾਮ ਸਰੂਪ ਗਿਆਨੀ, ਸੰਤ ਰਜੇਸ਼ ਦਾਸ ਬਜਵਾੜਾ, ਸੰਤ ਸਰੂਪ ਸਿੰਘ ਬੋਹਾਨੀ, ਸੰਤ ਦਰਸ਼ਨ ਸਿੰਘ ਮਾਹਿਲਪੁਰ, ਸੰਤ ਗੁਰਮੀਤ ਸਿੰਘ ਚੂਹੜਵਾਲੀ, ਸੰਤ ਬਲਬੀਰ ਸਿੰਘ ਮੇਘੋਵਾਲ, ਜਥੇਦਾਰ ਦਲਜੀਤ ਸਿੰਘ ਸੋਢੀ,ਸੰਤ ਬਲਵਿੰਦਰ ਕੁਮਾਰ ਆਦਮਪੁਰ, ਸੰਤ ਪ੍ਰੇਮ ਦਾਸ ਬਗਾਣਾ,ਸੰਤ ਸ਼ਿਵ ਨਰਾਇਣ ਮਰਨਾਈਆਂ, ਸੰਤ ਨਰੇਸ਼ ਦਾਸ ਪਿਆਲਾਂ, ਸੰਤ ਰਵਿੰਦਰ ਕੁਮਾਰ ਲੜੋਏ, ਸੰਤ ਸੰਸਾਰ ਚੰਦ ਲੜੋਏ,ਸੰਤ ਮਨੋਹਰ ਲਾਲ ਲਿੱਧੜਾਂ,ਮਹੰਤ ਸਾਂਈ ਮਧੂ ਜਲੰਧਰ ਵਾਲੇ ਆਦਿ ਹਾਜਰ ਸਨ।

# ਅੰਤਰਰਾਸ਼ਟਰੀ ਪੰਜਾਬੀ ਬੋਲੀ ਓਲੰਪਿਆਡ 'ਚ ਭਾਗ ਲੈਣ ਵਾਲੇ ਸਕੂਲੀ ਵਿਦਿਆਰਥੀ ਸਨਮਾਨਤ





**ਐੱਸ.ਏ.ਐੱਸ.ਨਗਰ ( ਗੁਰਜੀਤ ਬਿੱਲਾ )**: ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਸੋਮਵਾਰ ਨੂੰ ਅੰਤਰਰਾਸ਼ਟਰੀ ਪੰਜਾਬੀ ਬੋਲੀ ਓਲੰਪਿਆਡ ਵਿੱਚ ਭਾਗ ਲੈਣ ਵਾਲੇ ਸਕੂਲੀ ਵਿਦਿਆਰਥੀਆਂ ਦੇ ਸਨਮਾਨ ਲਈ ਇੱਕ ਸ਼ਾਨਦਾਰ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਵਿੱਚ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵਲੋਂ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਗਈ। ਸਮਾਰੋਹ ਦੀ ਸ਼ੁਰੂਆਤ ਸਵੇਰੇ 11:15 ਵਜੇ ਬੋਰਡ ਧੁਨੀ ਨਾਲ ਕੀਤੀ ਗਈ। ਇਸ ਦੇ ਤੁਰੰਤ ਬਾਅਦ ਪ੍ਰਸਿੱਧ ਗਾਇਕ ਕਮਲਜੀਤ ਨੀਲੋਂ ਵੱਲੋਂ ਓਲੰਪਿਆਡ ਐਂਥਮ ਪੇਸ਼ ਕੀਤਾ ਗਿਆ। ਸਕੱਤਰ, ਪੰਜਾਬ ਸਕੂਲ ਸਿੱਖਿਆ ਬੋਰਡ ਅਵਿਕੇਸ਼ ਗੁਪਤਾ ਵੱਲੋਂ ਹਾਜ਼ਰ ਮਹਿਮਾਨਾ ਦਾ ਸੁਆਗਤ ਕਰਨ ਉਪਰੰਤ ਚੇਅਰਪਰਸਨ ਡਾ. ਸਤਬੀਰ ਬੇਦੀ, ਆਈ.ਏ.ਐੱਸ.(ਰਿਟਾ.) ਵੱਲੋਂ ਦੀਪਕ ਰੌਸ਼ਨ ਕਰਨ ਦੀ ਰਸਮ ਅਦਾ ਕੀਤੀ ਗਈ। ਸਿੱਖਿਆ ਬੋਰਡ ਦੀ ਆਈ.ਟੀ.ਟੀਮ ਵੱਲੋਂ ਵੀ ਸਮਾਗਮ ਦੌਰਾਨ ਅੰਤਰਰਾਸ਼ਟਰੀ ਪੰਜਾਬੀ ਬੋਲੀ ਓਲੰਪਿਆਡ ਸਬੰਧੀ ਆਪਣੀ ਸ਼ਾਨਦਾਰ ਪ੍ਰੈਜ਼ੈਂਟੇਸ਼ਨ ਕੀਤੀ ਗਈ। ਓਲੰਪਿਆਡ ਵਿੱਚ ਭਾਗ ਲੈਣ ਵਾਲੇ ਦੇਸ਼ਾਂ ਵਿੱਚੋਂ ਕੈਨੇਡਾ ਅਤੇ ਕੀਨੀਆ ਤੋਂ ਉੱਘੀਆਂ ਸਖ਼ਸ਼ੀਅਤਾਂ ਅਤੇ ਵਿਦਿਆਰਥੀਆਂ ਵਲੋਂ ਸਿੱਖਿਆ ਬੋਰਡ ਵਲੋਂ ਕਰਵਾਏ ਇਸ ਉਪਰਾਲੇ ਲਈ ਵੀਡਿਓ ਰਾਹੀਂ ਵਧਾਈ ਸੰਦੇਸ਼ ਭੇਜਿਆ ਗਿਆ। ਸਮਾਰੋਹ ਵਿੱਚ ਸ਼ਾਮਲ ਪਦਮਸ੍ਰੀ ਸ. ਸੁਰਜੀਤ ਪਾਤਰ, ਡਾ. ਸ਼ਤੀਸ਼ ਵਰਮਾ, ਅਮਰਜੀਤ ਸਿੰਘ ਗਰੇਵਾਲ ਅਤੇ ਡਾ. ਰਵੇਲ ਸਿੰਘ ਵੱਲੋਂ ਪੰਜਾਬੀ ਬੋਲੀ ਦੇ ਪ੍ਰਚਾਰ ਪ੍ਰਸਾਰ ਸਬੰਧੀ ਗਹਿਰੀ ਚਰਚਾ ਕੀਤੀ ਗਈ । ਉਨਾਂ ਵੱਲੋਂ ਪੰਜਾਬੀ ਭਾਸ਼ਾ ਦੇ ਪ੍ਰਸਾਰ ਲਈ ਹੋਰ ਯਤਨ ਕਰਨ ਦੀ ਲੋੜ ਤੇ ਜ਼ੋਰ ਦਿੱਤਾ ਤਾਂ ਜੋ ਵਿਸ਼ਵ ਭਰ ਵਿੱਚ ਫ਼ੈਲੇ ਪੰਜਾਬੀ ਭਾਈਚਾਰੇ ਨੂੰ ਆਪਣੀ ਮਾਂ ਬੋਲੀ ਦੀ ਅਹਿਮੀਅਤ ਦਾ ਅੰਦਾਜ਼ਾ ਹੋ ਸਕੇ। ਅੰਤਰਰਾਸ਼ਟਰੀ ਪੰਜਾਬੀ ਬੋਲੀ ਓਲੰਪਿਆਡ ਵਿੱਚ ਮੱਲਾਂ ਮਾਰਨ ਵਾਲੇ ਸਕੂਲੀ ਵਿਦਿਆਰਥੀਆਂ ਦਾ ਸਨਮਾਨ ਕਰਦਿਆਂ ਸਮਾਰੋਹ ਦੇ ਮੁੱਖ ਮਹਿਮਾਨ ਪੰਜਾਬ ਦੇ ਸਿੱਖਿਆ ਮੰਤਰੀ ਸ਼੍ਰੀ ਹਰਜੋਤ ਸਿੰਘ ਬੈਂਸ ਅਤੇ ਚੇਅਰਪਰਸਨ ਡਾ.ਬੇਦੀ ਵੱਲੋਂ ਉਨ੍ਹਾਂ ਨੂੰ ਸਨਮਾਨ ਸਰਟੀਫ਼ਿਕੇਟ ਭੇਂਟ ਕੀਤੇ ਗਏ। ਉਪਰੰਤ ਡਾ.ਬੇਦੀ ਵੱਲੋਂ ਸਮਾਰੋਹ ਵਿੱਚ ਹਾਜ਼ਰ ਪਤਵੰਤਿਆਂ, ਵਿਦਿਆਰਥੀਆਂ, ਅਧਿਆਪਕਾਂ ਅਤੇ ਸਿੱਖਿਆ ਬੋਰਡ ਦੇ ਅਧਿਕਾਰੀਆਂ, ਕਰਮਚਾਰੀਆਂ ਨੂੰ ਕੀਤੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸਿੱਖਿਆ ਬੋਰਡ ਸੂਬੇ ਵਿੱਚ ਸਿੱਖਿਆ ਦੇ ਮਿਆਰ ਨੂੰ ਬੁਲੰਦੀਆਂ ਤੱਕ ਪਹੁੰਚਾਉਣ ਲਈ ਹਮੇਸ਼ਾ ਯਤਨਸ਼ੀਲ ਰਹੇਗਾ ਤਾਂ ਜੋ ਪੰਜਾਬ ਦਾ ਹਰ ਵਿਦਿਆਰਥੀ ਆਪਣੀ ਸਿੱਖਿਆ ਦੇ ਬਲ ਤੇ ਦੁਨੀਆਂ ਭਰ ਵਿੱਚ ਸੂਬੇ ਦਾ ਨਾਂ ਰੌਸ਼ਨ ਕਰਨ ਯੋਗ ਹੋ ਸਕੇ। ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਵੀ ਇਸ ਅੰਤਰਰਾਸ਼ਟਰੀ ਪੰਜਾਬੀ ਬੋਲੀ ਓਲੰਪਿਆਡ ਨੂੰ ਸਿੱਖਿਆ ਬੋਰਡ ਦਾ ਪੰਜਾਬੀ ਬੋਲੀ ਦੇ ਪ੍ਰਸਾਰ ਲਈ ਇੱਕ ਅਤਿਅੰਤ ਅਹਿਮ ਸ਼ੁਰੂਆਤ ਦੱਸਦੇ ਹੋਏ ਕਿਹਾ ਕਿ ਭਵਿੱਖ ਵਿੱਚ ਸਿੱਖਿਆ ਬੋਰਡ ਵੱਲੋਂ ਪੰਜਾਬੀ ਬੋਲੀ ਤੋਂ ਇਲਾਵਾ ਹੋਰ ਵਿਸ਼ਿਆਂ ਦੇ ਵੀ ਓਲੰਪਿਆਡ ਕਰਵਾਏ ਜਾਣੇ ਚਾਹੀਦੇ ਹਨ। ਇਸ ਨਾਲ ਜਿੱਥੇ ਸੂਬੇ ਦੇ ਸਕੂਲੀ ਵਿਦਿਆਰਥੀਆਂ ਨੂੰ ਆਪਣੀ ਜਾਣਕਾਰੀ ਵਿੱਚ ਵਾਧਾ ਕਰਨ ਦਾ ਮੌਕਾ ਮਿਲੇਗਾ ਉੱਥੇ ਅਧਿਆਪਕਾਂ ਨੂੰ ਵੀ ਆਪਣੇ ਹੋਣਹਾਰ ਵਿਦਿਆਰਥੀਆਂ ਦੀ ਪ੍ਰਤਿਭਾ ਨੂੰ ਹੋਰ ਨਿਖਾਰਨ ਦਾ ਹੌਸਲਾ ਮਿਲੇਗਾ। ਸਕੂਲੀ ਵਿਦਿਆਰਥੀਆਂ ਵੱਲੋਂ ਪੰਜਾਬ ਦਾ ਪ੍ਰਸਿੱਧ ਲੋਕ ਨਾਚ ਗਿੱਧਾ ਅਤੇ ਭੰਗੜਾ ਪੇਸ਼ ਕੀਤਾ ਗਿਆ। ਸਮਾਰੋਹ ਵਿੱਚ ਹਾਜ਼ਰ ਸਰੋਤਿਆਂ ਵੱਲੋਂ ਤਾੜੀਆਂ ਦੀ ਗੂੰਜ ਨਾਲ ਗਿੱਧੇ ਅਤੇ ਭੰਗੜੇ ਦੀਆਂ ਟੀਮਾਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ। ਸਮਾਰੋਹ ਦੇ ਅੰਤ ਵਿੱਚ ਸਿੱਖਿਆ ਬੋਰਡ ਦੇ ਕੰਟਰੋਲਰ ਪ੍ਰੀਖਿਆਵਾਂ ਮਨਿੰਦਰ ਸਿੰਘ ਸਰਕਾਰੀਆ ਵੱਲੋਂ ਸਮਾਰੋਹ ਵਿੱਚ ਹਾਜਰ ਸੂਬੇ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ, ਉੱਘੀਆਂ ਸਖ਼ਸ਼ੀਅਤਾਂ, ਐਫੀਲਿਏਟਿਡ ਅਤੇ ਐਸੋਸੀਏਟਿਡ ਸਕੂਲਾਂ ਦੀਆਂ ਜੱਥੇਬੰਦੀਆਂ, ਸਕੂਲੀ ਵਿਦਿਆਰਥੀਆਂ , ਅਧਿਆਪਕ, ਮਾਪੇ ਅਤੇ ਸਿੱਖਿਆ ਬੋਰਡ ਦੇ ਅਧਿਕਾਰੀਆਂ ਕਰਮਚਾਰੀਆਂ ਦਾ ਸਮਾਰੋਹ ਵਿੱਚ ਸ਼ਾਮਲ ਹੋਣ 'ਤੇ ਧੰਨਵਾਦ ਕੀਤਾ ਗਿਆ ਅਤੇ ਭਰੋਸਾ ਦਵਾਇਆ ਗਿਆ ਕਿ ਸਿੱਖਿਆ ਬੋਰਡ ਸੂਬੇ ਵਿੱਚ ਸਿੱਖਿਆ ਦੇ ਮਿਆਰ ਨੂੰ ਹੋਰ ਉੱਚਾ ਚੁੱਕਣ ਲਈ ਹਮੇਸ਼ਾ ਯਤਨਸ਼ੀਲ ਰਹੇਗਾ।

# ਤਹਿਸੀਲ ਕੰਪਲੈਕਸ ਵਿਖੇ ਸਰਬੱਤ ਦੇ ਭਲੇ ਦੀ ਕੀਤੀ ਗਈ ਅਰਦਾਸ




**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਤਹਿਸੀਲ ਅਤੇ ਐਸ ਡੀ ਐਮ ਦਫਤਰ ਦੇ ਸਮੂਹ ਸਟਾਫ਼ ਵੱਲੋਂ ਇਥੇ ਤਹਿਸੀਲ ਕੰਪਲੈਕਸ ਵਿਖੇ ਸ੍ਰੀ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ ਗਿਆ। ਇਸ ਉਪਰੰਤ ਭਾਈ ਧਰਮਿੰਦਰ ਸਿੰਘ ਦੇ ਜਥੇ ਨੇ ਸੰਗਤਾਂ ਨੂੰ ਰਸਭਿੰਨਾ ਗੁਰਬਾਣੀ ਕੀਰਤਨ ਸਰਵਣ ਕਰਵਾਇਆ। ਇਸ ਮੌਕੇ ਮਾਲ ਮੰਤਰੀ ਪੰਜਾਬ ਬ੍ਰਮ ਸੰਕਰ ਜਿੰਪਾ ਨੇ ਹਾਜਰੀ ਭਰੀ। ਉਨ੍ਹਾਂ ਸਮੂਹ ਸਟਾਫ਼ ਨੂੰ ਨਵੇਂ ਵਰ੍ਹੇ ਦੀਆਂ ਸ਼ੁੱਭਕਾਮਨਾਵਾਂ ਦਿੰਦਿਆਂ ਸੱਦਾ ਦਿੱਤਾ ਕਿ ਜਿਸ ਤਰ੍ਹਾਂ ਸਮੂਹ ਸਟਾਫ਼ ਨੇ ਪਿਛਲੇ ਵਰ੍ਹੇ 'ਚ ਆਪਣੀ ਡਿਊਟੀ ਇਮਾਨਦਾਰੀ, ਤਨਦੇਹੀ ਤੇ ਪੂਰੀ ਲਗਨ ਨਾਲ ਨਿਭਾਈ, ਇਸ ਨਵੇਂ ਵਰ੍ਹੇ 'ਚ ਵੀ ਸਾਰੇ ਮੁਲਾਜਮ ਆਪਣੇ ਫ਼ਰਜ਼ ਅਤੇ ਸੌਂਪੀ ਗਈ ਡਿਊਟੀ ਸਮਰਪਣ ਭਾਵਨਾ ਨਾਲ ਨਿਭਾਉਣ। ਉਨ੍ਹਾਂ ਕਿਹਾ ਕਿ ਉਹ ਉਮੀਦ ਕਰਦੇ ਹਨ, ਕਿ ਵਿਭਾਗ ਦਾ ਹਰੇਕ ਅਧਿਕਾਰੀ ਤੇ ਕਰਮਚਾਰੀ, ਇਸ ਵਰ੍ਹੇ ਲੋਕ ਸੇਵਾ ਨੂੰ ਸਮਰਪਿਤ ਰਹੇਗਾ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਰਹਿਨੁਮਾਈ ਹੇਠ ਪੰਜਾਬ ਸਰਕਾਰ ਵੱਲੋਂ ਉਲੀਕੀਆਂ ਯੋਜਨਾਵਾਂ ਤੇ ਪ੍ਰੋਗਰਾਮਾਂ ਦਾ ਲਾਭ, ਲਾਭਪਾਤਰੀਆਂ ਨੂੰ ਹੇਠਲੇ ਪੱਧਰ ਤੱਕ ਪੁੱਜਦਾ ਕਰਨ ਲਈ ਆਪਣਾ ਯੋਗਦਾਨ ਪਾਵੇਗਾ। ਇਸ ਮੌਕੇ ਪੰਜਾਬ ਰਾਜ ਉਦਯੋਗ ਵਿਕਾਸ ਕਾਰਪੋਰੇਸਨ ਦੇ ਉਪ ਚੇਅਰਮੈਨ ਡਾ. ਹਰਮਿੰਦਰ ਸਿੰਘ ਬਕਸੀ, ਐਸ.ਡੀ.ਐਮ ਹੁਸ਼ਿਆਰਪੁਰ ਪ੍ਰੀਤਇੰਦਰ ਸਿੰਘ ਬੈਂਸ, ਤਹਿਸੀਲਦਾਰ ਗੁਰਸੇਵਕ ਚੰਦ, ਨਾਇਬ ਤਹਿਸੀਲਦਾਰ ਵਿਜੇ ਕੁਮਾਰ ਸਮੇਤ ਵੱਡੀ ਗਿਣਤੀ ਵਿਚ ਅਧਿਕਾਰੀਆਂ ਤੇ ਕਰਮਚਾਰੀਆਂ ਨੇ ਸ਼ਿਰਕਤ ਕੀਤੀ।


# ਰਕੇਸ਼ ਪਾਠਕ ਦੀਆਂ ਸੇਵਾਵਾਂ ਨੂੰ ਭੁਲਾਇਆ ਨਹੀਂ ਜਾ ਸਕਦਾ : ਤਿਵਾੜੀ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**-ਨੂਰਮਹਿਲ ਸ਼ਹਿਰ ਅਤੇ ਇਲਾਕੇ ਦੀ ਸਨਮਾਨਿਤ ਸ਼ਖਸ਼ੀਅਤ ਰਕੇਸ਼ ਪਾਠਕ ਦਾ ਤੜਕਸਾਰ ਦਿਹਾਂਤ ਹੋ ਗਿਆ ਜਿਸ ਲਈ ਇਲਾਕੇ ਭਰ ਵਿੱਚ ਸ਼ੋਕ ਦੀ ਲਹਿਰ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਬ੍ਰਾਹਮਣ ਸਭਾ ਨੂਰਮਹਿਲ ਦੇ ਸਮੂਹ ਅਹੁਦੇਦਾਰਾਂ ਅਤੇ ਬ੍ਰਾਹਮਣ ਸਭਾ ਦੇ ਪ੍ਰਧਾਨ ਚੇਤਨ ਤਿਵਾੜੀ ਨੇ ਦੱਸਿਆ ਕਿ ਸ੍ਰੀ ਬ੍ਰਾਹਮਣ ਸਭਾ ਨੂਰਮਹਿਲ ਲਈ ਸਭਾ ਦੇ ਮੌਜੂਦਾ ਸੀਨੀਅਰ ਵਾਈਸ ਪ੍ਰਧਾਨ ਰਹੇ ਸਵਰਗੀ ਰਕੇਸ਼ ਪਾਠਕ ਨੀਟਾ ਦਾ ਮੰਦਿਰ ਸ੍ਰੀ ਪਰਸ਼ੂਰਾਮ ਜੀ ਦੇ ਵਿਕਾਸ ਲਈ ਬਹੁਤ ਵਡਮੁੱਲਾ ਯੋਗਦਾਨ ਹੈ ਤੇ ਉਹਨਾਂ ਨੇ ਬ੍ਰਾਹਮਣ ਸਭਾ ਦੇ ਵੱਖ-ਵੱਖ ਅਹੁਦਿਆਂ 'ਤੇ ਵੀ ਆਪਣੀਆਂ ਸੇਵਾਵਾਂ ਨਿਭਾਈਆਂ ਹਨ ਜਿਨਾਂ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਉਨਾਂ ਦੀ ਮੌਤ ਨੂਰਮਹਿਲ ਨਿਵਾਸੀਆਂ ਲਈ ਕਦੀ ਵੀ ਨਾ ਪੂਰਾ ਹੋਣ ਵਾਲਾ ਘਾਟਾ ਹੈ। ਉਹਨਾਂ ਦੀ ਅਗਵਾਈ ਵਿੱਚ ਸ਼ਿਵਰਾਤਰੀ ਮੌਕੇ ਪਿਛਲੇ 20 ਸਾਲਾਂ ਤੋਂ ਲਗਾਏ ਜਾਂਦੇ ਵਿਸ਼ਾਲ ਲੰਗਰਾਂ ਅਤੇ ਕੱਢੀਆਂ ਗਈਆਂ ਅਮਰਨਾਥ ਯਾਤਰਾਵਾਂ ਲਈ ਵੀ ਸਨਾਤਨੀ ਸਮਾਜ ਉਹਨਾਂ ਨੂੰ ਹਮੇਸ਼ਾ ਯਾਦ ਰੱਖੇਗਾ। ਉਹ ਗਰੀਬਾਂ ਦੇ ਮਸੀਹਾ ਸਨ ਅਤੇ ਹਰ ਇੱਕ ਲੋੜਵੰਦ ਦੀ ਹਮੇਸ਼ਾ ਬਾਂਹ ਫੜਦੇ ਸਨ ਜਿਸ ਕਰਕੇ ਵੀ ਲੋਕ ਉਹਨਾਂ ਨੂੰ ਹਮੇਸ਼ਾ ਯਾਦ ਰੱਖਣਗੇ।



# ਭੂਰੀ ਵਾਲਿਆਂ ਦੇ ਜਨਮ ਦਿਹਾੜੇ ਸੰਬੰਧੀ ਸਮਾਗਮ ਭਲਕ ਤੋਂ





**ਨਵਾਂ ਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ)** ਸ੍ਰੀ ਸਤਿਗੁਰੂ ਭੂਰੀਵਾਲੇ ਗੁਰਗੱਦੀ ਪਰੰਪਰਾ ਗਰੀਬਦਾਸੀ ਸੰਪਰਦਾਇ ਦੇ ਮੁੱਖ ਧਾਮ ਸ੍ਰੀ ਰਾਮਸਰ ਮੋਕਸ਼ ਧਾਮ ਟੱਪਰੀਆਂ ਖੁਰਦ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਖੇ ਸ੍ਰੀ ਸਤਿਗੁਰੂ ਭੂਰੀਵਾਲੇ ਗੁਰਗੱਦੀ ਪਰੰਪਰਾ ਦੇ ਦੂਜੇ ਗੱਦੀਨਸ਼ੀਨ ਸਤਿਗੁਰੂ ਲਾਲ ਦਾਸ ਮਹਾਰਾਜ ਭੂਰੀਵਾਲਿਆਂ ਦੇ ਜਨਮ ਦਿਹਾੜੇ ਨੂੰ ਸਮਰਪਿਤ ਤਿੰਨ ਰੋਜ਼ਾ ਸੰਤ ਸਮਾਗਮ 11 ਜਨਵਰੀ ਤੋਂ 13 ਜਨਵਰੀ ਤੱਕ ਮੌਜੂਦਾ ਗੱਦੀਨਸ਼ੀਨ ਸ੍ਰੀ ਸਤਿਗੁਰੂ ਵੇਦਾਂਤ ਅਚਾਰੀਆ ਸਵਾਮੀ ਚੇਤਨਾ ਨੰਦ ਮਹਾਰਾਜ ਭੂਰੀਵਾਲਿਆਂ ਦੀ ਸਰਪ੍ਰਸਤੀ ਹੇਠ ਸ਼ਰਧਾ ਭਾਵ ਨਾਲ ਕਰਵਾਇਆ ਜਾ ਰਿਹਾ ਹੈ। ਇਹ ਜਾਣਕਾਰੀ ਸੰਜੂ ਚੌਧਰੀ ਨੇ ਦਿੱਤੀ। ਉਨ੍ਹਾਂ ਨੇ ਕਿਹਾ ਕਿ 11ਜਨਵਰੀ ਨੂੰ ਸ੍ਰੀ ਰਾਮਸਰ ਮੋਕਸ਼ ਧਾਮ ਟੱਪਰੀਆਂ ਖੁਰਦ ਵਿਖੇ ਜਗਤ ਗੁਰੂ ਅਚਾਰੀਆ ਬਾਬਾ ਗਰੀਬਦਾਸੀ ਰਚਿਤ ਬਾਣੀ ਦੇ ਆਖੰਡ ਪਾਠਾਂ ਦੇ ਪ੍ਰਕਾਸ਼ ਆਰੰਭ ਹੋਣਗੇ ਸਮਾਗਮ ਦੇ ਦੂਸਰੇ ਦਿਨ 12 ਜਨਵਰੀ ਨੂੰ ਮੱਧ ਦੀ ਬਾਣੀ ਦੇ ਭੋਗ ਪਾਉਣ ਉਪੰਰਤ ਧਾਮ ਅੰਦਰ ਮੁਫਤ ਐਲੋਪੈਥਿਕ, ਆਯੁਰਵੈਦਿਕ ਤੇ ਹੋਮਿਉਪੈਥੀ ਮੈਗਾ ਮੈਡੀਕਲ ਕੈਂਪ ਲਗਾਇਆ ਜਾਵੇਗਾ। ਅੰਤਿਮ ਦਿਨ 13 ਜਨਵਰੀ ਨੂੰ ਪਾਠ ਪ੍ਰਕਾਸ਼ਾਂ ਦੇ ਭੋਗ ਪਾਏ ਜਾਣਗੇ।

ਉਪਰੰਤ ਵੱਖ ਵੱਖ ਸੰਪਰਦਾਵਾਂ ਦੇ ਸੰਤ ਮਹਾਂਪੁਰਸ਼ ਸੰਗਤਾਂ ਨੂੰ ਆਪਣੇ ਅਨਮੋਲ ਪ੍ਰਵਚਨਾਂ ਰਾਹੀਂ ਨਿਹਾਲ ਕਰਨਗੇ ਤੇ ਰਾਜਨੀਤਿਕ ਪਾਰਟੀਆਂ ਦੇ ਆਗੂ ਸਮਾਜ ਸੇਵੀ ਸਮਾਗਮ ਦੇ ਦੌਰਾਨ ਸ਼ਿਰਕਤ ਕਰਨਗੇ।

## ਪੱਤਰਕਾਰ ਗੁਰਨਾਮ ਸਿੰਘ ਨਮਿਤ ਭੋਗ ਤੇ ਅੰਤਿਮ ਅਰਦਾਸ ਅੱਜ



ਬਹਿਰਾਮ (ਅਵਤਾਰ ਕਲੇਰ) ਪੱਤਰਕਾਰ ਗੁਰਨਾਮ ਸਿੰਘ ਚੱਕ ਮੰਡੇਰ ਜਿਨ੍ਹਾਂ ਦਾ ਪਿਛਲੇ ਦਿਨੀ ਸੜਕ ਦੁਰਘਟਨਾ 'ਚ ਦਿਹਾਂਤ ਹੋ ਗਿਆ ਸੀ, ਨਮਿਤ ਪਾਠ ਦਾ ਭੋਗ ਅਤੇ ਅੰਤਿਮ ਅਰਦਾਸ 10 ਜਨਵਰੀ ਦਿਨ ਬੁੱਧਵਾਰ ਨੂੰ ਉਨ੍ਹਾਂ ਦੇ ਪਿੰਡ ਚੱਕ-ਮੰਡੇਰ ਗੁਰਦੁਆਰਾ ਸਾਹਿਬ ਵਿਖੇ ਹੋਣਗੇ ।

## ਜਨਮ ਦਿਨ ਮੁਬਾਰਕ



ਕੁਲਦੀਪ ਸਿੰਘ (ਮੋਰਿੰਡਾ)

# ਗੁਰੂ ਨਾਨਕ ਮਿਸ਼ਨ ਸਕੂਲ ਦੇ ਵਿਦਿਆਰਥੀਆਂ ਨੇ ਖੇਡਾਂ 'ਚ ਛੱਡੀਆਂ ਅਮਿੱਟ ਪੈੜਾਂ




**ਭੋਗਪੁਰ (ਕੁਲਵੀਰ ਸਿੰਘ ਕਾਹਲੋ)** ਬੀਤੇ ਦਿਨੀ ਸਾਲ ਤੇ ਆਰੰਭ ਵਿੱਚ ਗੁਰੂ ਨਾਨਕ ਮਿਸ਼ਨ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਅਥਲੈਟਿਕ ਮੀਟ ਵਿੱਚ ਸਭ ਤੋਂ ਵੱਧ ਤਗਮੇ ਆਪਣੀ ਝੋਲੀ ਪਵਾਏ। ਜ਼ਿਕਰਯੋਗ ਹੈ ਕਿ ਗੁਰੂ ਤੇਗ ਬਹਾਦਰ ਪਬਲਿਕ ਸਕੂਲ ਹਜ਼ਾਰਾ ਵਿਖੇ ਅੰਤਰ ਸਕੂਲ ਅਥਲੈਟਿਕ ਮੀਟ 2 ਜਨਵਰੀ ਤੋਂ 4 ਜਨਵਰੀ ਤੱਕ ਕਰਵਾਈ ਗਈ ਜਿਸ ਵਿੱਚ ਗੁਰੂ ਨਾਨਕ ਮਿਸ਼ਨ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਸਾਲ ਦੀ ਸ਼ੁਰੂਆਤ ਜਿੱਤ ਦੇ ਸਿਹਰੇ ਨਾਲ ਕੀਤੀ ਇਹਨਾਂ ਖੇਡਾਂ ਵਿੱਚ ਸਕੂਲ ਦੇ ਅਥਲੀਟ ਬੰਦਨਾ ਪੂਨਰ ਨੇ ਅੰਡਰ -17 ਵਿੱਚ 200 ਮੀਟਰ ਦੌੜ ਵਿੱਚ ਪਹਿਲਾ ਸਥਾਨ ਹਾਸਲ ਕੀਤਾ। ਉਹਨਾਂ ਨਾਲ ਹੀ ਉਹਨਾਂ ਬੈਸਟ ਗਰਲ ਅਥਲੀਟ ਦੇ ਖਿਤਾਬ ਨਾਲ ਵੀ ਸਨਮਾਨਿਤ ਕੀਤਾ ਗਿਆ। ਅੰਡਰ 17 ਵਿੱਚ ਸਕੂਲ ਅਥਲੀਟ ਅਮਨੀਤ ਸਿੰਘ ਅਤੇ ਸੰਜੀਵ ਸਿੰਘ ਨੇ ਵੀ 100 ਮੀਟਰ ਅਤੇ 400 ਮੀਟਰ 'ਚ ਕਰਮਵਾਰ ਪਹਿਲਾ ਸਥਾਨ ਹਾਸਲ ਕੀਤਾ! ਅੰਡਰ 14 ਦੇ ਮੁਕਾਬਲੇ ਵਿੱਚ ਤਰਨਵੀਰ ਸਿੰਘ ਨੇ 200 ਮੀਟਰ ਵਿੱਚ ਹੋਰ ਖਿਡਾਰੀਆਂ ਨੂੰ ਪਛਾੜ ਕੇ ਗੋਲਡ ਮੈਡਲ ਆਪਣੇ ਨਾਂਅ ਕੀਤਾ! ਇਸ ਤੋਂ ਇਲਾਵਾ ਅੰਡਰ - 17 ਡਿਸਕਸ ਥਰੋ ਵਿੱਚ ਰੂਮਨਪ੍ਰੀਤ ਕੌਰ ਨੇ ਸੀਬੀਐਸਈ ਕਲਸਟਰ 2023 - 24 ਖੇਡਾਂ ਵਿੱਚ ਤੀਸਰਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ। ਇਹ ਕਹਿਣਾ ਕਿ ਗੁਰੂ ਨਾਨਕ ਮਿਸ਼ਨ ਪਬਲਿਕ ਸਕੂਲ ਪੜ੍ਹਾਈ ਦੇ ਨਾਲ ਨਾਲ਼ ਵਿਦਿਆਰਥੀਆਂ ਨੂੰ ਖੇਡਾਂ ਵਿੱਚ ਅਗਾਂਹ ਵਧਾ ਰਿਹਾ ਹੈ ਕੋਈ ਅੱਤਕਥਨੀ ਨਹੀਂ ਹੋਵੇਗੀ। ਸਕੂਲ ਪ੍ਰਿੰਸੀਪਲ ਬਿਕਰਮ ਸਿੰਘ ਸੈਣੀ ਨੇ ਸਾਰੇ ਜੇਤੂਆਂ, ਕੋਚ ਸਰਵਨ ਸਿੰਘ ਅਤੇ ਮਾਪਿਆਂ ਨੂੰ ਬੱਚਿਆਂ ਦੀ ਉਪਲਬਧੀ ਲਈ ਵਧਾਈ ਦਿੱਤੀ।

# ਮਨਾਣੇ ਦਾ ਕਬੱਡੀ ਕੱਪ ਦਿਉਰਾ ਨੇ ਸੁਰਖਪੁਰ ਦੀ ਟੀਮ ਨੂੰ ਹਰਾ ਕੇ ਜਿੱਤਿਆ



**ਮੋਹਾਲੀ : ( ਗੁਰਜੀਤ ਬਿੱਲਾ)**-ਇੱਥੋਂ ਨਜਦੀਕੀ ਪਿੰਡ ਮਨਾਣਾ ਵਿਖੇ ਗਰਾਮ ਪੰਚਾਇਤ, ਪ੍ਰਵਾਸੀ ਭਾਰਤੀ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਪਹਿਲਾ ਕਬੱਡੀ ਕੱਪ ਕਰਵਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਗੁਰਜੀਤ ਸਿੰਘ ਜੀਤੀ, ਮਨਪ੍ਰੀਤ ਸਿੰਘ ਸੋਨੂੰ, ਪਰਮਿੰਦਰ ਜੰਡਪੁਰ ਨੇ ਦੱਸਿਆ ਕਿ ਇਸ ਕਬੱਡੀ ਕੱਪ ਦੇ ਸਾਰੇ ਮੁਕਾਬਲੇ ਰੌਚਕ ਤੇ ਦਿਲਚਸਪ ਰਹੇ। ਇਸ ਕਬੱਡੀ ਕੱਪ ਵਿੱਚ 32 ਟੀਮਾਂ ਨੇ ਭਾਗ ਲਿਆ ਅਤੇ ਅਖੀਰ ਫਾਈਨਲ ਦਾ ਫਸਵਾਂ ਮੁਕਾਬਲਾ ਦਿਉਰਾ ਅਤੇ ਸੁਰਖਪੁਰ ਦੀਆਂ ਟੀਮਾਂ ਦਰਮਿਆਨ ਹੋਇਆ। ਜਿਸ ਦਾ ਦਰਸ਼ਕਾਂ ਨੇ ਖੂਬ ਅਨੰਦ ਮਾਣਿਆ। ਅਖੀਰ ਦਿਉਰਾ ਦੇ ਗੱਭਰੂਆਂ ਨੇ ਇਹ ਮੈਚ ਸੁਰਖਪੁਰ ਦੇ ਗੱਭਰੂਆਂ ਨੂੰ ਹਰਾ ਕਿ ਜਿੱਤ ਲਿਆ ਅਤੇ ਪਹਿਲਾ ਇਨਾਮ 1,00,000 ਰੁਪਏ ਅਤੇ ਦੂਜਾ ਇਨਾਮ 51000 ਰੁਪਏ ਦਿੱਤਾ ਗਿਆ। ਇਸ ਦੌਰਾਨ ਬੈਸਟ ਰੇਡਰ ਦੀਪ ਦੁਬਰਜੀ ਨੂੰ ਐਲਾਨਿਆ ਗਿਆ ਅਤੇ ਜਾਫੀ ਸਿੱਲੂ ਬਾਹੂ ਅਕਰਬਰਪੁਰ ਹਰਿਆਣਾ ਨੂੰ ਐਲਾਨਿਆ ਗਿਆ, ਜਿਨ੍ਹਾਂ ਨੂੰ ਨਵੇਂ ਮਹਿੰਦਰਾ ਟਰੈਕਟਰ ਇਨਾਮ ਵਿੱਚ ਦਿੱਤੇ ਗਏ। ਇਸ ਖੇਡ ਮੇਲੇ ਵਿੱਚ ਮੁੱਖ ਮਹਿਮਾਨ ਵਜੋਂ ਸੁਖਬੀਰ ਸਿੰਘ ਬਾਦਲ ਪ੍ਰਧਾਨ ਸ਼੍ਰੋਮਣੀ ਅਕਾਲੀ, ਪ੍ਰੋ ਪ੍ਰੇਮ ਸਿੰਘ ਚੰਦੂਮਾਜਰਾ ਸਾਬਕਾ ਮੈਂਬਰ ਪਾਰਲੀਮੈਂਟ, ਰਣਜੀਤ ਸਿੰਘ ਗਿੱਲ ਹਲਕਾ ਇੰਚਾਰਜ ਖਰੜ ਚਰਨਜੀਤ ਸਿੰਘ ਕਾਲੇਵਾਲ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਆਦਿ ਤੋਂ ਇਲਾਵਾ ਹਲਕੇ ਦੇ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਅਤੇ ਵੱਖ ਵੱਖ ਧਾਰਮਿਕ, ਸਮਾਜਿਕ ਜਥੇਬੰਦੀਆਂ ਦੇ ਆਗੂਆਂ ਨੇ ਸ਼ਿਰਕਤ ਕੀਤੀ। ਇਸ ਮੌਕੇ ਮੁੱਖ ਮਹਿਮਾਨ ਸੁਖਬੀਰ ਸਿੰਘ ਬਾਦਲ ਨੇ ਆਪਣੇ ਵੱਲੋਂ ਕਲੱਬ ਨੂੰ ਇੱਕ ਲੱਖ ਰੁਪਏ ਨਕਦ ਦਿੱਤੇ ਅਤੇ ਉਨ੍ਹਾਂ ਆਪਣੇ ਸੰਬੋਧਨ ਵਿੱਚ ਕਿਹਾ ਕਿ ਅੱਜ ਦੇ ਸਮੇਂ ਦੀਆਂ ਮੌਜੂਦਾ ਸਰਕਾਰਾਂ ਨੇ ਮਾਂ ਖੇਡ ਕਬੱਡੀ ਨੂੰ ਤਕਰੀਬਨ ਖਤਮ ਹੀ ਕਰ ਦਿੱਤਾ, ਜਦੋਂ ਸਾਡੀ ਸਰਕਾਰ ਸੀ ਤਾਂ ਉਸ ਮੌਕੇ ਵਰਲਡ ਕਬੱਡੀ ਕੱਪ ਸ਼ੁਰੂ ਕੀਤਾ ਗਿਆ ਸੀ, ਜਿਸ ਨੂੰ ਖੁਦ ਦੀ ਸਰਕਾਰ ਵੱਲੋਂ ਬੰਦ ਕਰ ਦਿੱਤਾ ਹੈ, ਪ੍ਰੰਤੂ ਜਦੋਂ ਸਾਡੀ ਸਰਕਾਰ ਮੁੜ ਆਵੇਗੀ ਤਾਂ ਅਸੀਂ ਵਰਲਡ ਕਬੱਡੀ ਕੱਪ ਦੋਬਾਰਾ ਸ਼ੁਰੂ ਕਰਾਂਗੇ। ਪੰਜਾਬ ਦੇ ਹਰੇਕ ਹਲਕੇ ਵਿੱਚ ਇੱਕ ਕਬੱਡੀ ਸਟੇਡੀਅਮ ਦੀ ਉਸਾਰੀ ਕਰਵਾਈ ਜਾਵੇਗੀ। ਪੰਜਾਬ ਦੇ ਵਿਕਾਸ ਸਬੰਧੀ ਜੋ ਕੰਮ ਹੋਏ ਹਨ, ਉਹ ਕੇਵਲ ਸਾਡੀ ਸਰਕਾਰ ਮੌਕੇ ਹੋਏ ਹਨ, ਹੁਣ ਦੀ ਸਰਕਾਰ ਕੇਵਲ ਨਾਂ ਦੀ ਸਰਕਾਰ ਹੈ, ਕੇਵਲ ਚੁਟਕਲੇ ਦੀ ਸੁਣਾਉਂਦੀ ਹੈ, ਕੰਮ ਕੋਈ ਨਹੀਂ ਕੀਤਾ ਜਾ ਰਿਹਾ। ਇਸ ਮੌਕੇ ਹਲਕਾ ਇੰਚਾਰਜ ਪਰਵਿੰਦਰ ਸਿੰਘ ਸੋਹਾਣਾ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ ਅਤੇ ਨੌਜਵਾਨਾਂ ਨੂੰ ਖੇਡਾਂ ਵੱਲ ਰੁਚਿਤ ਹੋਣ ਲਈ ਪ੍ਰੇਰਿਤ ਕੀਤਾ ਗਿਆ ਤਾਂ ਜੋ ਨੌਜਵਾਨੀ ਨਸ਼ਿਆਂ ਤੋਂ ਬਚ ਸਕੇ। ਇਸ ਖੇਡ ਮੇਲੇ ਨੂੰ ਸਫਲਤਾ ਪੂਰਵਕ ਨੇਪਰੇ ਚਾੜਨ ਵਿੱਚ ਗੁਰਜੀਤ ਸਿੰਘ ਜੀਤੀ ਮਨਾਣਾ, ਮਨਪ੍ਰੀਤ ਸਿੰਘ ਸੋਨੂ ਮਨਾਣਾ , ਦਲਵੀਰ ਸਿੰਘ ਮਨਾਣਾ, ਪਰਮਿੰਦਰ ਸਿੰਘ ਜੰਡਪੁਰ, ਵਰਿੰਦਰ ਸਿੰਘ, ਪਰਮਿੰਦਰ ਸਿੰਘ ਬੈਨੀਪਾਲ ਅਤੇ ਸਮੂਹ ਨਗਰ ਨਿਵਾਸੀਆਂ ਨੇ ਪੂਰਨ ਸਹਿਯੋਗ ਦਿੱਤਾ।